ਬੁੱਧਵਾਰ, 16 ਸਤੰਬਰ, 2026

31 ਭਾਦੋਂ { ਨਾਨਕਸ਼ਾਹੀ 558 / ਬਿਕਰਮੀ 2083

ਜਿਲਦ/VOL. : 75

ਅੰਕ/NO. : 106

ਰੋਜ਼ਾਨਾ

# ਨਵਾਂ ਜ਼ਮਾਨਾ

DAILY NAWAN ZAMANA • WEDNESDAY, 16 SEPTEMBER, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12


# ਟਰੰਪ ਹੱਸੇਗਾ ਤੇ ਆਪਾਂ ਰੋਵਾਂਗੇ : 5 ਹਜ਼ਾਰ ਦੇ ਭੁਗਤਾਨ 'ਤੇ ਲੱਗ ਸਕਦੀ 20 ਰੁਪਏ ਫੀਸ

## ਅਮਰੀਕੀ ਡਿਜੀਟਲ ਫਰਮਾਂ ਨੂੰ ਫਾਇਦਾ ਪਹੁੰਚਾਉਣ ਦੀ ਕੋਸ਼ਿਸ਼ : ਰਾਹੁਲ

**ਨਵੀਂ ਦਿੱਲੀ (ਨਵਾਂ ਜ਼ਮਾਨਾ ਸਰਵਿਸ)**

ਯੂ ਪੀ ਆਈ ਦੀ ਵਰਤੋਂ ਕਰਨ ਵਾਲੇ ਖਪਤਕਾਰਾਂ ਨੂੰ ਛੇਤੀ ਹੀ ਵੱਡੇ ਯੂ ਪੀ ਆਈ ਲੈਣ-ਦੇਣ 'ਤੇ ਚਾਰਜ ਦਾ ਸਾਹਮਣਾ ਕਰਨਾ ਪੈ ਸਕਦਾ ਹੈ, ਕਿਉਂਕਿ ਰੈਗੂਲੇਟਰ ਲਗਭਗ 0.4 ਪ੍ਰਤੀਸ਼ਤ ਦੀ ਫੀਸ 'ਤੇ ਵਿਚਾਰ ਕਰ ਰਹੇ ਹਨ। ਸੂਤਰਾਂ ਨੇ ਦੱਸਿਆ ਹੈ ਕਿ ਨੈਸ਼ਨਲ ਪੇਮੈਂਟਸ ਕਾਰਪੋਰੇਸ਼ਨ ਆਫ ਇੰਡੀਆ (ਐੱਨ ਪੀ ਸੀ ਆਈ) ਅਤੇ ਵੱਖ-ਵੱਖ ਭੁਗਤਾਨ ਰੈਗੂਲੇਟਰ ਪ੍ਰਸਤਾਵਤ ਫੀਸ ਢਾਂਚੇ, ਜਿਸ ਵਿੱਚ ਬੈਂਕਾਂ, ਭੁਗਤਾਨ ਐਪਲੀਕੇਸ਼ਨਜ਼ ਅਤੇ ਭੁਗਤਾਨ ਐਗਰੀਗੇਟਰਾਂ ਵਿੱਚ ਖਰਚਿਆਂ ਦੀ ਵੰਡ ਸ਼ਾਮਲ ਹੈ, ਬਾਰੇ ਬੈਂਕਾਂ ਅਤੇ ਭੁਗਤਾਨ ਫਰਮਾਂ ਨਾਲ ਗੱਲਬਾਤ ਕਰ ਰਹੇ ਹਨ।

ਇਹ ਸਰਗਰਮੀ ਸਰਕਾਰ ਦੇ ਇਸ ਸਪੱਸ਼ਟੀਕਰਨ ਤੋਂ ਬਾਅਦ ਸ਼ੁਰੂ ਹੋਈ ਹੈ ਕਿ 2,000 ਰੁਪਏ ਤੋਂ ਘੱਟ ਦੇ ਯੂ ਪੀ ਆਈ ਲੈਣ-ਦੇਣ 'ਤੇ ਕੋਈ ਖਰਚਾ ਨਹੀਂ ਪਏਗਾ। ਪ੍ਰਸਤਾਵਤ 0.4 ਪ੍ਰਤੀਸ਼ਤ ਦਰ ਅਜੇ ਤੈਅ ਨਹੀਂ ਹੋਈ ਹੈ ਅਤੇ ਅੰਤਮ ਫੀਸ, ਭੁਗਤਾਨ ਈਕੋ ਸਿਸਟਮ ਦੇ ਅੰਦਰ ਇਸ ਦੀ ਵੰਡ ਦੇ ਨਾਲ ਅਜੇ ਨਿਰਧਾਰਤ ਕੀਤੀ ਜਾਣੀ ਬਾਕੀ ਹੈ। ਇੱਕ ਸਰੋਤ ਮੁਤਾਬਕ ਐੱਨ ਪੀ ਸੀ ਆਈ ਅਤੇ ਭਾਰਤੀ ਰਿਜ਼ਰਵ ਬੈਂਕ (ਆਰ ਬੀ ਆਈ) ਸਮੇਤ ਰੈਗੂਲੇਟਰੀ ਸੰਸਥਾਵਾਂ ਉੱਚ-ਮੁੱਲ (ਹਾਈ-ਵੈਲਿਊ) ਵਾਲੇ ਯੂ ਪੀ ਆਈ ਲੈਣ-ਦੇਣ 'ਤੇ 0.4 ਪ੍ਰਤੀਸ਼ਤ ਫੀਸ ਦੇ ਹੱਕ ਵਿੱਚ ਹਨ। ਜੇ ਇਸ ਨੂੰ ਉਸ ਦਰ 'ਤੇ ਲਾਗੂ ਕੀਤਾ ਜਾਂਦਾ ਹੈ, ਤਾਂ 5,000 ਰੁਪਏ ਦੇ ਵਪਾਰਕ ਲੈਣ-ਦੇਣ 'ਤੇ 20 ਰੁਪਏ ਦੀ ਫੀਸ ਲੱਗੇਗੀ, ਜਦੋਂ ਕਿ 10,000 ਰੁਪਏ ਦੇ ਲੈਣ-ਦੇਣ 'ਤੇ 40 ਰੁਪਏ ਦਾ ਚਾਰਜ ਲੱਗੇਗਾ। 50,000 ਰੁਪਏ ਦੇ ਭੁਗਤਾਨ ਲਈ, ਇਹ ਚਾਰਜ 200 ਰੁਪਏ ਹੋਵੇਗਾ। ਇਹ ਗਣਨਾਵਾਂ ਸਿਰਫ ਸੰਕੇਤਕ ਹਨ ਅਤੇ ਪ੍ਰਸਤਾਵਤ



0.4 ਪ੍ਰਤੀਸ਼ਤ ਦਰ 'ਤੇ ਆਧਾਰਤ ਹਨ। ਅੰਤਮ ਦਰ ਅਜੇ ਨਿਰਧਾਰਤ ਨਹੀਂ ਕੀਤੀ ਗਈ। ਸੂਤਰਾਂ ਨੇ ਦੱਸਿਆ ਕਿ ਮੰਗਲਵਾਰ ਦੇ ਸਲਾਹ-ਮਸ਼ਵਰੇ ਦੇ ਏਜੰਡੇ ਵਿੱਚ ਵਪਾਰੀਆਂ ਨੂੰ ਭੁਗਤਾਨਾਂ 'ਤੇ ਲਈ ਜਾਣ ਵਾਲੀ ਕੁੱਲ ਫੀਸ ਅਤੇ ਬੈਂਕਾਂ, ਭੁਗਤਾਨ ਐਪਲੀਕੇਸ਼ਨਜ਼ ਅਤੇ ਐਗਰੀਗੇਟਰਾਂ ਵਿੱਚ ਇਸ ਦੀ ਵੰਡ ਸ਼ਾਮਲ ਹੈ। ਪ੍ਰਸਤਾਵਤ ਚਾਰਜ ਭੁਗਤਾਨ ਈਕੋ ਸਿਸਟਮ ਦੇ ਵੱਖ-ਵੱਖ ਹਿੱਸਿਆਂ ਲਈ ਇੱਕ ਵਾਧੂ ਮਾਲੀਆ ਧਾਰਾ ਪੈਦਾ ਕਰ ਸਕਦਾ ਹੈ। ਇੱਕ ਸਰੋਤ ਮੁਤਾਬਕ ਬੈਂਕਾਂ ਨੂੰ ਫੀਸ ਦਾ 40 ਪ੍ਰਤੀਸ਼ਤ ਪ੍ਰਾਪਤ ਹੋ ਸਕਦਾ ਹੈ, ਬਾਕੀ 60 ਪ੍ਰਤੀਸ਼ਤ ਸੰਭਾਵੀ ਤੌਰ 'ਤੇ ਭੁਗਤਾਨ ਐਪ ਅਤੇ ਵਪਾਰੀ ਭੁਗਤਾਨ ਸੇਵਾਵਾਂ ਦੇ ਪ੍ਰਦਾਤਾ ਵਿਚਕਾਰ ਬਰਾਬਰ ਵੰਡਿਆ ਜਾ ਸਕਦਾ ਹੈ। ਬੈਂਕਾਂ, ਭੁਗਤਾਨ ਐਪਲੀਕੇਸ਼ਨਾਂ ਅਤੇ ਵਪਾਰੀ ਭੁਗਤਾਨ ਸੇਵਾ ਪ੍ਰਦਾਤਾਵਾਂ ਵਿਚਕਾਰ ਸੰਭਾਵੀ 40:30:30 ਵੰਡ ਦਾ ਸੁਝਾਅ ਹੈ।

ਯੂ ਪੀ ਆਈ ਚਾਰਜਾਂ ਦੇ ਸੰਭਾਵਤ ਲਾਗੂ ਹੋਣ ਦਾ ਮਤਲਬ ਇਹ ਨਹੀਂ ਹੈ ਕਿ ਹਰੇਕ ਯੂ ਪੀ ਆਈ ਉਪਭੋਗਤਾ ਨੂੰ ਤੁਰੰਤ ਫੀਸ ਅਦਾ ਕਰਨੀ ਪਵੇਗੀ। ਸੂਤਰਾਂ ਮੁਤਾਬਕ ਮੁਦਰੀਕਰਨ ਵਿਅਕਤੀ-ਤੋਂ-ਵਪਾਰੀ (ਪੀ-2 ਐੱਮ) ਲੈਣ-ਦੇਣ ਨੂੰ ਨਿਸ਼ਾਨਾ ਬਣਾਉਂਦਾ ਹੈ। ਵਿਅਕਤੀਆਂ ਵਿਚਕਾਰ ਲੈਣ-ਦੇਣ, ਜਿਸ ਨੂੰ ਪੀਅਰ-ਟੂ-ਪੀਅਰ (ਪੀ-2 ਪੀ) ਭੁਗਤਾਨ ਕਿਹਾ ਜਾਂਦਾ ਹੈ, ਦੇ ਮੁਫਤ ਰਹਿਣ ਦੀ ਉਮੀਦ ਹੈ। ਇਸ ਦਾ ਮਤਲਬ ਹੈ ਕਿ ਦੋ ਵਿਅਕਤੀਆਂ ਵਿਚਕਾਰ ਯੂ ਪੀ ਆਈ ਲੈਣ-ਦੇਣ ਮੁਫਤ ਰਹੇਗਾ, ਜਦੋਂ ਕਿ ਇੱਕ ਗਾਹਕ ਵੱਲੋਂ ਵਪਾਰੀ ਨੂੰ ਕੀਤੀ ਜਾਣ ਵਾਲੀ ਇੱਕ ਵੱਡੀ ਅਦਾਇਗੀ ਲਈ • ਬਾਕੀ ਸਫਾ 2 'ਤੇ

## ਪਟੜੀ 'ਤੇ ਹੱਸ ਰਹੇ ਭਾਰਤੀ ਕੁੜੀ ਤੇ ਮੁੰਡਾ ਗੱਡੀ ਹੇਠਾਂ ਆਏ

**ਨਿਊਯਾਰਕ** : ਲੋਅਰ ਮੈਨਹਟਨ ਵਿੱਚ ਇੱਕ ਸਟੇਸ਼ਨ 'ਤੇ ਪਟੜੀ 'ਤੇ ਬੈਠੇ ਇੱਕ ਭਾਰਤੀ ਮੂਲ ਦੀ ਔਰਤ ਅਤੇ ਉਸ ਦੇ ਨੇਪਾਲੀ-ਅਮਰੀਕੀ ਦੋਸਤ ਦੀ ਇੱਕ ਸਬਵੇਅ ਰੇਲ ਗੱਡੀ ਦੀ ਲਪੇਟ ਵਿੱਚ ਆਉਣ ਨਾਲ ਮੌਤ ਹੋ ਗਈ। ਦੋਨਾਂ ਦੀ ਉਮਰ 24 ਸਾਲ ਸੀ। ਨਿਊਯਾਰਕ ਪੁਲਸ ਵਿਭਾਗ ਨੇ ਕਿਹਾ ਕਿ ਡੇਟਨ, ਨਿਊ ਜਰਸੀ ਦੀ ਮਲਾਇਕਾ ਚਿੱਤਰੇ ਅਤੇ ਸੋਅਰਵਿਲ ਨਿਊ ਜਰਸੀ ਦੀ ਨਵਮ ਕੌਲ, ਸਪ੍ਰਿੰਗ ਸਟਰੀਟ ਸਬਵੇਅ ਸਟੇਸ਼ਨ 'ਤੇ ਸੜਕ 'ਤੇ ਸਨ, ਜਦੋਂ ਉਨ੍ਹਾਂ ਨੂੰ ਸਵੇਰੇ 3:15 ਵਜੇ ਦੱਖਣ ਵੱਲ ਜਾਣ ਵਾਲੀ ਰੇਲ ਗੱਡੀ ਨੇ ਟੱਕਰ ਮਾਰ ਦਿੱਤੀ। ਦ ਨਿਊਯਾਰਕ ਪੋਸਟ ਦੀ ਇਕ ਰਿਪੋਰਟ ਅਨੁਸਾਰ ਟਰੇਨ ਆਪਰੇਟਰ ਨੇ ਦੱਸਿਆ ਕਿ ਚਿੱਤਰੇ ਹੱਸਦੀ ਹੋਈ ਦਿਖਾਈ ਦੇ ਰਹੀ ਸੀ, ਜਦੋਂ ਉਸ ਨੇ ਕੌਲ ਨੂੰ ਆਪਣੇ ਵੱਲ ਖਿੱਚਿਆ। ਉਸ ਸਮੇਂ ਗੱਡੀ ਨੇ ਉਨ੍ਹਾਂ ਨੂੰ ਲਪੇਟ ਵਿਚ ਲੈ ਲਿਆ। ਆਪਰੇਟਰ ਅਨੁਸਾਰ ਉਸ ਨੇ ਚਿੱਤਰੇ ਅਤੇ ਕੌਲ ਨੂੰ ਪਟੜੀ 'ਤੇ ਵੇਖ ਕੇ ਐਮਰਜੈਂਸੀ ਬ੍ਰੇਕ ਦੀ ਵਰਤੋਂ ਕਰਨ ਦੀ ਕੋਸ਼ਿਸ਼ ਕੀਤੀ, ਪਰ ਉਹ ਸਮੇਂ ਸਿਰ ਟਰੇਨ ਨੂੰ ਨਹੀਂ ਰੋਕ ਸਕੀ।

## ਰਾਸ਼ਨ ਦੀ ਘਾਟ ਦੂਰ ਕਰਨ ਲਈ ਕਦਮ ਚੁੱਕੇ : ਮੰਤਰੀ

**ਸ੍ਰੀ ਮੁਕਤਸਰ ਸਾਹਿਬ** : ਪੰਜਾਬ ਦੇ ਸਮਾਜਿਕ ਸੁਰੱਖਿਆ, ਮਹਿਲਾ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਮੰਗਲਵਾਰ ਨੂੰ ਦਾਅਵਾ ਕੀਤਾ ਹੈ ਕਿ ਸੂਬਾ ਸਰਕਾਰ ਨੇ ਆਂਗਣਵਾੜੀ ਕੇਂਦਰਾਂ ਵਿੱਚ ਰਾਸ਼ਨ ਦੀ ਘਾਟ ਨੂੰ ਦੂਰ ਕਰਨ ਲਈ ਕਈ ਅਹਿਮ ਕਦਮ ਚੁੱਕੇ ਹਨ ਅਤੇ ਲੋੜੀਂਦਾ ਰਾਸ਼ਨ ਲੱਗਭੱਗ ਇੱਕ ਹਫ਼ਤੇ ਦੇ ਅੰਦਰ ਕੇਂਦਰਾਂ ਤੱਕ ਪਹੁੰਚਣ ਦੀ ਉਮੀਦ ਹੈ। ਸੋਸ਼ਲ ਮੀਡੀਆ 'ਤੇ ਜਾਰੀ ਇੱਕ ਪੰਜ ਮਿੰਟ ਦੇ ਵੀਡੀਓ ਸੰਦੇਸ਼ ਵਿੱਚ ਡਾ. ਬਲਜੀਤ ਕੌਰ ਨੇ ਕਿਹਾ ਕਿ ਪੋਸ਼ਣ ਸਮੱਗਰੀ ਦੀ ਸਪਲਾਈ ਵਿੱਚ ਆਈ ਇਹ ਰੁਕਾਵਟ ਕੇਂਦਰਾਂ ਨੂੰ ਖੁਰਾਕ ਪਹੁੰਚਾਉਣ ਵਾਲੀ ਪ੍ਰਣਾਲੀ ਵਿੱਚ ਕੀਤੇ ਗਏ ਬਦਲਾਅ ਨਾਲ ਜੁੜੀ ਹੋਈ ਹੈ। ਜ਼ਿਕਰਯੋਗ ਹੈ ਕਿ ਮੀਡੀਆ ਵਿਚ ਆਂਗਣਵਾੜੀ ਕੇਂਦਰਾਂ 'ਚ ਰਾਸ਼ਨ ਦੀ ਘਾਟ ਸੰਬੰਧੀ ਰਿਪੋਰਟ ਛਪਣ ਤੋਂ ਬਾਅਦ ਪੰਜਾਬ ਸੂਬਾ ਤੇ ਚੰਡੀਗੜ੍ਹ ਮਨੁੱਖੀ ਅਧਿਕਾਰ ਕਮਿਸ਼ਨ ਨੇ ਨੋਟਿਸ ਲੈਂਦਿਆਂ ਸਮਾਜਿਕ, ਸੁਰੱਖਿਆ ਮਹਿਲਾ ਤੇ ਬਾਲ ਵਿਕਾਸ ਵਿਭਾਗ ਨੇ ਸਕੱਤਰ ਤੋਂ 21 ਅਕਤੂਬਰ ਦੀ ਅਗਲੀ ਸੁਣਵਾਈ ਤੋਂ ਪਹਿਲਾਂ ਰਿਪੋਰਟ ਮੰਗੀ ਹੈ।

## 1000 ਵੋਕੇਸ਼ਨਲ ਟਰੇਨਰਾਂ ਦੀ ਭਰਤੀ ਦਾ ਦਾਅਵਾ ਫਰਜ਼ੀ

**ਫਰੀਦਕੋਟ** : ਡਾਇਰੈਕਟਰ ਜਨਰਲ ਸਕੂਲ ਸਿੱਖਿਆ-ਕਮ-ਸਟੇਟ ਪ੍ਰੋਜੈਕਟ ਡਾਇਰੈਕਟਰ, ਸਿੱਖਿਆ ਭਵਨ (ਪੰਜਾਬ) ਦੇ ਦਫ਼ਤਰ ਵੱਲੋਂ ਮੰਗਲਵਾਰ ਨੂੰ ਇੱਕ ਐਡਵਾਇਜ਼ਰੀ ਜਾਰੀ ਕਰਕੇ ਆਮ ਲੋਕਾਂ ਨੂੰ ਸਰਕਾਰੀ ਸਕੂਲਾਂ ਵਿੱਚ ਵੋਕੇਸ਼ਨਲ ਟਰੇਨਰਾਂ ਦੀਆਂ ਖਾਲੀ ਅਸਾਮੀਆਂ ਦੀ ਭਰਤੀ ਸੰਬੰਧੀ ਸੋਸ਼ਲ ਮੀਡੀਆ ਪਲੇਟਫਾਰਮਾਂ ਅਤੇ ਵਟਸਐਪ 'ਤੇ ਵਾਇਰਲ ਹੋ ਰਹੇ ਝੂਠੇ ਇਸ਼ਤਿਹਾਰਾਂ ਅਤੇ ਸੂਚੀਆਂ ਤੋਂ ਸੁਚੇਤ ਕੀਤਾ ਗਿਆ ਹੈ। ਰਾਜ ਦੇ ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰਾਂ (ਸੈਕੰਡਰੀ) ਨੂੰ ਭੇਜੇ ਪੱਤਰ ਵਿੱਚ ਵਿਭਾਗ ਨੇ ਕਿਹਾ ਹੈ ਕਿ ਇਹ ਧਿਆਨ ਵਿੱਚ ਆਇਆ ਹੈ ਕਿ ਵਿਭਾਗ ਜਾਂ ਨਿੱਜੀ ਕੰਪਨੀਆਂ ਦੇ ਨਾਂਅ 'ਤੇ ਜਾਰੀ ਕੀਤੇ ਗਏ ਕਥਿਤ ਇਸ਼ਤਿਹਾਰ ਅਤੇ ਸੂਚੀਆਂ ਵੱਡੇ ਪੱਧਰ 'ਤੇ ਸਾਂਝੀਆਂ ਕੀਤੀਆਂ ਜਾ ਰਹੀਆਂ ਹਨ, ਜਿਨ੍ਹਾਂ ਵਿੱਚ ਸਰਕਾਰੀ ਸਕੂਲਾਂ ਵਿੱਚ ਵੋਕੇਸ਼ਨਲ ਟਰੇਨਰਾਂ ਦੀਆਂ 1,000 ਨੌਕਰੀਆਂ ਦੇਣ ਦਾ ਦਾਅਵਾ ਕੀਤਾ ਜਾ ਰਿਹਾ ਹੈ। ਵਿਭਾਗ ਨੇ ਸਪੱਸ਼ਟ ਕੀਤਾ ਹੈ ਕਿ ਇਹ ਇਸ਼ਤਿਹਾਰ ਅਤੇ ਸੂਚੀਆਂ ਬਿਲਕੁਲ ਫਰਜ਼ੀ ਹਨ ਅਤੇ ਇਹ ਨਾ ਤਾਂ ਵਿਭਾਗ ਵੱਲੋਂ ਅਤੇ ਨਾ ਹੀ ਇਸ ਨਾਲ ਜੁੜੀ ਕਿਸੇ ਆਊਟਸੋਰਸ ਏਜੰਸੀ ਵੱਲੋਂ ਜਾਰੀ ਕੀਤੀਆਂ ਗਈਆਂ ਹਨ। ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰਾਂ, ਆਮ ਜਨਤਾ ਅਤੇ ਹੋਰ ਸੰਬੰਧਤ ਧਿਰਾਂ ਨੂੰ ਅਜਿਹੇ ਇਸ਼ਤਿਹਾਰਾਂ ਜਾਂ ਸੂਚੀਆਂ 'ਤੇ ਭਰੋਸਾ ਨਾ ਕਰਨ ਅਤੇ ਇਹਨਾਂ ਨੂੰ ਅੱਗੇ ਸਾਂਝਾ ਜਾਂ ਪ੍ਰਚਾਰਿਤ ਨਾ ਕਰਨ ਦੀ ਹਦਾਇਤ ਕੀਤੀ ਗਈ ਹੈ।

## ਭਾਜਪਾ ਪੰਜਾਬ ਤੋਂ ਸਿੱਖ ਕੇ ਆਪਣੇ ਰਾਜਾਂ 'ਚ ਵੀ ਨਸ਼ਾ ਖ਼ਤਮ ਕਰੇ : ਕੇਜਰੀਵਾਲ

**ਨਵੀਂ ਦਿੱਲੀ** : ਆਪ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਭਾਜਪਾ ਨੂੰ ਆਪਣੇ ਸ਼ਾਸਨ ਵਾਲੇ ਰਾਜਾਂ ਵਿੱਚ ਨਸ਼ਾ ਖ਼ਤਮ ਕਰਨ ਲਈ ਪੰਜਾਬ ਦੀ 'ਆਪ' ਸਰਕਾਰ ਤੋਂ ਸਿੱਖਣ ਦੀ ਸਲਾਹ ਦਿੱਤੀ ਹੈ, ਤਾਂ ਜੋ ਪੂਰੇ ਦੇਸ਼ ਵਿੱਚ ਫੈਲ ਰਹੇ ਨਸ਼ੇ 'ਤੇ ਠੱਲ੍ਹ ਪਾਈ ਜਾ ਸਕੇ।ਉਨ੍ਹਾ ਕਿਹਾ ਕਿ ਕਿਸੇ ਸਮੇਂ ਪੰਜਾਬ ਵਿੱਚ ਪਾਕਿਸਤਾਨ ਤੋਂ 80 ਫੀਸਦੀ ਨਸ਼ਾ ਆਉਂਦਾ ਸੀ, ਜਿਸ 'ਤੇ ਪੰਜਾਬ ਸਰਕਾਰ ਨੇ ਐਂਟੀ-ਡ੍ਰੋਨ ਸਿਸਟਮ ਲਗਾ ਕੇ ਕਾਬੂ ਪਾ ਲਿਆ, ਪਰ ਹੁਣ ਭਾਜਪਾ ਸ਼ਾਸਤ ਗੁਜਰਾਤ, ਰਾਜਸਥਾਨ, ਹਰਿਆਣਾ, ਯੂ ਪੀ ਅਤੇ ਦਿੱਲੀ ਤੋਂ ਪੰਜਾਬ ਵਿੱਚ 80 ਫੀਸਦੀ ਨਸ਼ਾ ਆ ਰਿਹਾ ਹੈ।ਸਭ ਤੋਂ ਵੱਧ ਨਸ਼ਾ ਗੁਜਰਾਤ ਦੇ ਮੁੰਦਰਾ ਪੋਰਟ ਤੋਂ ਆ ਰਿਹਾ ਹੈ, ਜਿਸ ਨੂੰ ਰੋਕਣ ਦੀ ਜ਼ਿੰਮੇਵਾਰੀ ਭਾਜਪਾ ਦੀ ਕੇਂਦਰ ਸਰਕਾਰ ਦੀ ਹੈ, ਪਰ ਭਾਜਪਾ ਇਸ ਨੂੰ ਰੋਕਣ ਵਿੱਚ ਨਾਕਾਮ ਹੈ ਜਾਂ ਫਿਰ ਰੋਕਣਾ ਹੀ ਨਹੀਂ ਚਾਹੁੰਦੀ।ਗੁਜਰਾਤ ਵਿੱਚ ਤੀਹ ਸਾਲਾਂ ਤੋਂ ਇਨ੍ਹਾਂ ਦੀ ਸਰਕਾਰ ਹੈ ਅਤੇ ਨਸ਼ੇ ਦਾ ਸਭ ਤੋਂ ਵੱਧ ਧੰਦਾ ਉੱਥੇ ਹੀ ਹੈ।ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਭਾਜਪਾ ਸ਼ਾਸਤ ਗੁਜਰਾਤ ਦੇ ਮੁੰਦਰਾ ਪੋਰਟ ਤੋਂ ਨਸ਼ਾ ਭਾਰਤ ਆਉਂਦਾ ਹੈ, ਜਿਸ ਨੂੰ ਰੋਕਣ ਦੀ ਜ਼ਿੰਮੇਵਾਰੀ ਕੇਂਦਰ ਦੀ ਭਾਜਪਾ ਸਰਕਾਰ ਦੀ ਹੈ ਅਤੇ ਇਨ੍ਹਾਂ ਦੀ ਬੇਸ਼ਰਮੀ ਦੇਖੋ; ਪੰਜਾਬ ਵਿੱਚ ਇਹ ਲੋਕ ਨਸ਼ੇ ਦੇ ਖ਼ਿਲਾਫ਼ ਯਾਤਰਾ ਕੱਢ ਰਹੇ ਹਨ।ਪੰਜਾਬ ਤੋਂ ਸਿੱਖੋ।'ਆਪ' ਤੋਂ ਸਿੱਖੋ ਅਤੇ ਆਪਣੇ ਰਾਜਾਂ ਵਿੱਚ ਵੀ ਨਸ਼ਾ ਖ਼ਤਮ ਕਰੋ।ਹਰ ਗੱਲ ਵਿੱਚ ਰਾਜਨੀਤੀ ਨਾ ਕਰੋ।ਆਪ ਦੇ ਕੌਮੀ ਮੀਡੀਆ ਇੰਚਾਰਜ ਅਨੁਰਾਗ ਢਾਂਡਾ ਨੇ ਕਿਹਾ ਕਿ ਪੰਜਾਬ ਵਿੱਚ 80 ਪ੍ਰਤੀਸ਼ਤ ਡਰੱਗਜ਼ ਭਾਜਪਾ ਸ਼ਾਸਤ ਰਾਜਾਂ ਤੋਂ ਆ ਰਹੀ ਹੈ।ਕੀ ਭਾਜਪਾ ਡਰੱਗ ਤਸਕਰਾਂ ਨਾਲ ਮਿਲ ਕੇ ਦੇਸ਼ ਵਿੱਚ ਨਸ਼ੇ ਨੂੰ ਬੜ੍ਹਾਵਾ ਦੇ ਰਹੀ ਹੈ?

# ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਆਪਣੇ ਅੰਤਮ ਪੜਾਅ 'ਤੇ : ਮਾਨ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮੰਗਲਵਾਰ ਨੂੰ ਐਲਾਨ ਕੀਤਾ ਕਿ ਪੰਜਾਬ ਦੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਆਪਣੇ ਅੰਤਮ ਪੜਾਅ ਵਿੱਚ ਦਾਖਲ ਹੋ ਗਈ ਹੈ। ਉਨ੍ਹਾ ਸੂਬੇ ਵਿੱਚੋਂ ਇਸ ਅਲਾਮਤ ਨੂੰ ਜੜ੍ਹੋਂ ਪੁੱਟਣ ਲਈ ਫੈਸਲਾਕੁੰਨ ਕਦਮ ਚੁੱਕਣ ਲਈ ਕਿਹਾ। ਇਸ ਸਬੰਧੀ ਉਚ-ਪੱਧਰੀ ਮੀਟਿੰਗ ਦੌਰਾਨ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੀ ਸਮੀਖਿਆ ਕਰਦਿਆਂ ਮੁੱਖ ਮੰਤਰੀ ਨੇ ਪੁਲਸ ਨੂੰ ਹਦਾਇਤ ਕੀਤੀ ਕਿ ਉਹ ਲੋਕਾਂ ਨਾਲ ਮਿਲ ਕੇ ਨਸ਼ਾ ਵੇਚਣ ਵਾਲਿਆਂ, ਸਪਲਾਇਰਾਂ ਅਤੇ ਤਸਕਰਾਂ ਵਿਰੁੱਧ ਜ਼ਮੀਨੀ ਪੱਧਰ 'ਤੇ ਕਾਰਵਾਈ ਵਿੱਚ ਤੇਜ਼ੀ ਲਿਆਉਣ। ਉਨ੍ਹਾ ਕਿਹਾ ਕਿ ਇਹ ਲੜਾਈ ਹੁਣ ਸਿਰਫ਼ ਪੁਲਸ ਤੱਕ ਸੀਮਤ ਨਹੀਂ ਰਹੀ, ਸਗੋਂ ਲੋਕ ਲਹਿਰ ਬਣ ਗਈ ਹੈ, ਜਿਸ ਦਾ ਸਬੂਤ ਵਿਲੇਜ ਡਿਫੈਂਸ ਕਮੇਟੀਆਂ ਵੱਲੋਂ ਮਿਲਣ ਵਾਲੀ ਫੀਡਬੈਕ ਵਿੱਚ ਹੋਏ 41 ਫੀਸਦੀ ਵਾਧੇ ਤੋਂ ਮਿਲਦਾ ਹੈ, ਜੋ ਇਸ ਮੁਹਿੰਮ ਵਿੱਚ ਲੋਕਾਂ ਦੀ ਵਧ ਰਹੀ ਸ਼ਮੂਲੀਅਤ ਨੂੰ ਦਰਸਾਉਂਦਾ ਹੈ। ਉਚ-ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਨੇ ਸੂਬੇ ਭਰ ਦੇ ਡਿਪਟੀ ਕਮਿਸ਼ਨਰਾਂ, ਸੀਨੀਅਰ ਪੁਲਸ ਕਪਤਾਨਾਂ, ਪੁਲਸ ਕਮਿਸ਼ਨਰਾਂ ਅਤੇ ਆਈ ਜੀ ਪੀਜ਼/ ਡੀ ਆਈ ਜੀ ਨਾਲ ਵਰਡਚੂਅਲ ਗੱਲਬਾਤ ਕੀਤੀ।ਮੁੱਖ ਮੰਤਰੀ



ਨੇ ਕਿਹਾ ਕਿ ਅਜਿਹਾ ਪੰਜਾਬ ਸਿਰਜਣਾ ਬੇਹੱਦ ਜ਼ਰੂਰੀ ਹੈ, ਜਿੱਥੇ ਨੌਜਵਾਨ ਪੀੜ੍ਹੀ ਨਸ਼ਿਆਂ ਦੀ ਲਾਹਨਤ ਤੋਂ ਮੁਕਤ ਹੋ ਕੇ ਜੀਅ ਸਕੇ। ਉਨ੍ਹਾ ਕਿਹਾ ਕਿ ਸਾਡੀ ਸਰਕਾਰ ਉਦੋਂ ਤੱਕ ਆਰਾਮ ਨਾਲ ਨਹੀਂ ਬੈਠੇਗੀ, ਜਦੋਂ ਤੱਕ ਪੰਜਾਬ ਵਿੱਚੋਂ ਨਸ਼ਿਆਂ ਦਾ ਪੂਰੀ ਤਰ੍ਹਾਂ ਸਫ਼ਾਇਆ ਨਹੀਂ ਹੋ ਜਾਂਦਾ। ਮੁੱਖ ਮੰਤਰੀ ਨੇ ਦੱਸਿਆ ਕਿ ਇਸ ਸਮੇਂ ਪੰਜਾਬ ਵਿੱਚ 74,230 ਸਰਗਰਮ ਮੈਂਬਰਾਂ ਵਾਲੀਆਂ 14,846 ਵਿਲੇਜ ਡਿਫੈਂਸ ਕਮੇਟੀਆਂ ਕਾਰਜਸ਼ੀਲ ਹਨ। ਇਹ ਕਮੇਟੀਆਂ ਨਸ਼ਿਆਂ ਵਿਰੁੱਧ ਲੋਕਾਂ ਦੀ ਇਸ ਸਾਂਝੀ ਲੜਾਈ ਦਾ ਇੱਕ ਅਹਿਮ ਥੰਮ੍ਹ ਬਣ ਗਈਆਂ ਹਨ। ਉਨ੍ਹਾ ਦੱਸਿਆ ਕਿ ਸਰਹੱਦੀ ਖੇਤਰਾਂ ਵਿੱਚ 36,814 ਮੈਂਬਰਾਂ ਵਾਲੀਆਂ 3,808 ਵਿਲੇਜ ਡਿਫੈਂਸ ਕਮੇਟੀਆਂ ਕਾਰਜਸ਼ੀਲ ਹਨ। ਇਨ੍ਹਾਂ ਖੇਤਰਾਂ ਵਿੱਚ ਨਸ਼ਾ ਤਸਕਰੀ ਦੇ • ਬਾਕੀ ਸਫਾ 2 'ਤੇ

# ਕੈਨੇਡਾ ਤੋਂ ਡਿਪੋਰਟ ਕਰਮਵੀਰ ਪੰਜਾਬ ਪੁਲਸ ਨੇ ਲਿਆ ਹਿਰਾਸਤ 'ਚ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਡੀ ਜੀ ਪੀ ਗੌਰਵ ਯਾਦਵ ਨੇ ਮੰਗਲਵਾਰ ਨੂੰ ਦੱਸਿਆ ਕਿ ਪੰਜਾਬ ਪੁਲਸ ਦੀ ਐਂਟੀ-ਗੈਂਗਸਟਰ ਟਾਸਕ ਫੋਰਸ (ਏ ਜੀ ਟੀ ਐੱਫ) ਨੇ ਗੈਂਗਸਟਰ ਲਾਰੈਂਸ ਬਿਸ਼ਨੋਈ ਦੇ ਕਰੀਬੀ ਕਰਮਵੀਰ ਸਿੰਘ ਨੂੰ ਕੈਨੇਡਾ ਤੋਂ ਡਿਪੋਰਟ ਕੀਤੇ ਜਾਣ ਤੋਂ ਬਾਅਦ ਆਪਣੀ ਹਿਰਾਸਤ ਵਿੱਚ ਲੈ ਲਿਆ ਹੈ। ਲੁਧਿਆਣਾ ਦੇ ਪਿੰਡ ਬਹਾਦਰਕੇ ਦਾ ਰਹਿਣ ਵਾਲਾ ਕਰਮਵੀਰ ਸਿੰਘ ਉਹੀ ਵਿਅਕਤੀ ਹੈ, ਜਿਸ ਦੇ ਬੇਕਰਸਫ਼ੀਲਡ, ਕੈਲੀਫ਼ੋਰਨੀਆ ਵਿੱਚ 2023 ਦੇ ਵਿਆਹ ਸਮਾਗਮ ਦੌਰਾਨ ਭਗੌੜੇ ਅਨਮੋਲ ਬਿਸ਼ਨੋਈ ਦਾ ਪੰਜਾਬੀ ਗਾਇਕਾਂ ਕਰਨ ਔਜਲਾ ਅਤੇ ਸ਼ੈਰੀ ਮਾਨ ਨਾਲ ਨੱਚਣ ਦਾ ਵੀਡੀਓ ਵਾਇਰਲ ਹੋਇਆ ਸੀ। ਉਸ ਨੂੰ ਨਵੀਂ ਦਿੱਲੀ ਦੇ ਇੰਦਰਾ ਗਾਂਧੀ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਪਹੁੰਚਣ 'ਤੇ ਗ੍ਰਿਫ਼ਤਾਰ ਕੀਤਾ ਗਿਆ। ਉਹ ਭਾਰਤੀ ਦੰਡ ਸੰਹਿਤਾ, ਅਸਲਾ ਐਕਟ ਅਤੇ ਪਾਸਪੋਰਟ ਐਕਟ ਤਹਿਤ ਥਾਣਾ ਐੱਸ ਏ ਐੱਸ ਨਗਰ (ਮੁਹਾਲੀ) ਵਿਖੇ ਦਰਜ ਮਾਮਲੇ ਵਿੱਚ ਲੋੜੀਂਦਾ ਸੀ। ਇਸੇ ਦੌਰਾਨ ਕੈਨੇਡਾ ਬਾਰਡਰ



ਸਰਵਿਸਿਜ਼ ਏਜੰਸੀ ਨੇ ਪੰਜਾਬ ਨਾਲ ਸੰਬੰਧਤ ਚਾਰ ਭਾਰਤੀ ਨੌਜਵਾਨਾਂ ਨੂੰ ਜ਼ਬਰਦਸਤੀ ਉਗਰਾਹੀ ਅਤੇ ਸੰਗਠਿਤ ਅਪਰਾਧਿਕ ਗਤੀਵਿਧੀਆਂ ਵਿੱਚ ਸ਼ਾਮਲ ਹੋਣ ਦੇ ਦੋਸ਼ ਹੇਠ ਕੈਨੇਡਾ ਤੋਂ ਡਿਪੋਰਟ ਕਰ ਦਿੱਤਾ ਹੈ। ਏਜੰਸੀ ਅਨੁਸਾਰ ਪਲਵਿੰਦਰ ਸਿੰਘ, ਜਸਮੇਰ ਸਿੰਘ, ਅਮਿਤੋਜ਼ ਬਾਜਵਾ ਅਤੇ ਸਾਹਿਬਜੋਤ ਸਿੰਘ ਵਿਰੁੱਧ ਜ਼ਬਰਦਸਤੀ ਉਗਰਾਹੀ, ਗੋਲੀਬਾਰੀ ਅਤੇ ਹਿੰਸਕ ਵਾਰਦਾਤਾਂ ਦੇ ਮਾਮਲੇ ਦਰਜ ਸਨ। ਇਮੀਗ੍ਰੇਸ਼ਨ ਐਂਡ ਰਫਿਊਜੀ ਬੋਰਡ ਆਫ ਕੈਨੇਡਾ ਦੇ ਹੁਕਮਾਂ ਤੋਂ ਬਾਅਦ ਇਹ ਨੌਜਵਾਨ ਡਿਪੋਰਟ ਕੀਤੇ ਗਏ ਹਨ।

## ਗੋਲਡੀ ਬਰਾੜ ਦੇ ਨਾਂਅ 'ਤੇ ਮੰਗੀ 200 ਕਰੋੜ ਦੀ ਫਿਰੌਤੀ

**ਨਵੀਂ ਦਿੱਲੀ** : ਦਿੱਲੀ ਵਿੱਚ ਇੱਕ ਔਰਤ ਨੂੰ ਵਿਦੇਸ਼ੀ ਨੰਬਰ ਤੋਂ ਵਟਸਐਪ ਕਾਲ ਕਰਕੇ ਗੈਂਗਸਟਰ ਗੋਲਡੀ ਬਰਾੜ ਦੇ ਨਾਂਅ 'ਤੇ 200 ਕਰੋੜ ਰੁਪਏ ਦੀ ਫਿਰੌਤੀ ਮੰਗੀ ਗਈ ਹੈ। ਪੈਸੇ ਨਾ ਦੇਣ 'ਤੇ ਔਰਤ ਤੇ ਉਸ ਦੇ ਪਤੀ ਨੂੰ ਜਾਨੋਂ ਮਾਰਨ ਦੀ ਧਮਕੀ ਦਿੱਤੀ ਗਈ ਹੈ। ਸਿਵਲ ਲਾਈਨਜ਼ ਇਲਾਕੇ ਵਿੱਚ ਰਹਿਣ ਵਾਲੀ ਲੱਗਭੱਗ 50 ਸਾਲਾ ਔਰਤ ਕੋਲ ਜੱਦੀ ਜਾਇਦਾਦ ਹੈ। ਰਾਤ ਕਰੀਬ 10:44 ਵਜੇ ਉਸ ਨੂੰ ਵਿਦੇਸ਼ੀ ਨੰਬਰ ਤੋਂ ਵਟਸਐਪ ਕਾਲ ਆਈ। ਉਸ ਨੇ ਆਪਣੀ ਪਛਾਣ ਗੋਲਡੀ ਬਰਾੜ ਵਜੋਂ ਦੱਸੀ ਅਤੇ ਦਾਅਵਾ ਕੀਤਾ ਕਿ ਉਸ ਕੋਲ ਔਰਤ ਬਾਰੇ ਪੂਰੀ ਜਾਣਕਾਰੀ ਹੈ। ਪਹਿਲਾਂ ਔਰਤ ਨੇ ਧਮਕੀ ਨੂੰ ਨਜ਼ਰਅੰਦਾਜ਼ ਕੀਤਾ, ਪਰ ਜਦੋਂ ਉਸ ਨੂੰ ਦੁਬਾਰਾ ਫੋਨ ਆਇਆ ਤਾਂ ਉਹ ਸਿਵਲ ਲਾਈਨਜ਼ ਪੁਲਸ ਸਟੇਸ਼ਨ ਗਈ।

# ਚੀਮਾ ਦੀ ਰਿਹਾਇਸ਼ ਵੱਲ ਵਧਦੇ ਕਾਂਗਰਸੀਆਂ 'ਤੇ ਬੁਛਾੜਾਂ

**ਚੰਡੀਗੜ੍ਹ/ਪਟਿਆਲਾ (ਗੁਰਜੀਤ ਬਿੱਲਾ, ਸੁਰਜੀਤ ਸੁਮਨ/ਰਾਜਿੰਦਰ ਸਿੰਘ ਥਿੰਦ)**-ਪੰਜਾਬ ਦੇ ਨਵ-ਨਿਯੁਕਤ ਇੰਚਾਰਜ ਕੁਲ ਹਿੰਦ ਕਾਂਗਰਸ ਕਮੇਟੀ ਦੇ ਜਨਰਲ ਸਕੱਤਰ ਸਚਿਨ ਪਾਇਲਟ ਦੀ ਅਗਵਾਈ ਹੇਠ ਮੰਗਲਵਾਰ ਨੂੰ ਹਜ਼ਾਰਾਂ ਕਾਂਗਰਸੀ ਵਰਕਰਾਂ ਨੇ ਦਲਿਤ ਗੁਲਜ਼ਾਰ ਸਿੰਘ ਨੂੰ ਖ਼ੁਦਕੁਸ਼ੀ ਲਈ ਮਜਬੂਰ ਕਰਨ ਦੇ ਮਾਮਲੇ 'ਚ ਵਿੱਤ ਮੰਤਰੀ ਹਰਪਾਲ ਚੀਮਾ ਦੇ ਅਸਤੀਫ਼ੇ ਦੀ ਮੰਗ ਕਰਦਿਆਂ ਉਨ੍ਹਾਂ ਦੇ ਘਰ ਵੱਲ ਮਾਰਚ ਕੀਤਾ।ਹਾਲਾਂਕਿ ਭਾਰੀ ਪੁਲਸ ਫੋਰਸ ਨੇ ਪ੍ਰਦਰਸ਼ਨਕਾਰੀਆਂ ਨੂੰ ਚੀਮਾ ਦੇ ਘਰ ਪਹੁੰਚਣ ਤੋਂ ਰੋਕ ਦਿੱਤਾ। ਇਸ ਤੋਂ ਇਲਾਵਾ ਪ੍ਰਦਰਸ਼ਨਕਾਰੀਆਂ ਨੂੰ ਅੱਗੇ ਵਧਣ ਤੋਂ ਰੋਕਣ ਲਈ ਪੁਲਸ ਨੇ ਪਾਣੀ ਦੀਆਂ ਬੁਛਾੜਾਂ ਦੀ ਵਰਤੋਂ ਵੀ ਕੀਤੀ।ਪਾਣੀ ਦੀਆਂ ਤੇਜ਼ ਬੁਛਾੜਾਂ ਕਾਰਨ ਸੀਨੀਅਰ ਆਗੂ ਕੁਲਜੀਤ ਨਾਗਰਾ ਸਮੇਤ ਕਈ ਕਾਂਗਰਸੀ ਵਰਕਰ ਜ਼ਖ਼ਮੀ ਹੋ ਗਏ।ਇਸ ਮੌਕੇ ਸੰਬੋਧਨ ਕਰਦਿਆਂ ਸਚਿਨ ਪਾਇਲਟ ਨੇ ਕਿਹਾ ਕਿ ਕਾਂਗਰਸ ਦੀ ਵਿੱਤ ਮੰਤਰੀ ਨਾਲ ਕੋਈ ਨਿੱਜੀ ਦੁਸ਼ਮਣੀ ਨਹੀਂ ਹੈ, ਪਰ ਅਸੀਂ ਸਵਾਲ ਕਰਦੇ ਹਾਂ ਕਿ ਜਦੋਂ ਕਿਸੇ ਵਿਅਕਤੀ ਨੇ ਮਰਨ ਤੋਂ ਪਹਿਲਾਂ ਦਿੱਤੇ ਬਿਆਨ ਵਿੱਚ ਮੰਤਰੀ ਦਾ ਨਾਂਅ ਲਿਆ ਹੈ ਤਾਂ ਕੀ ਕਾਨੂੰਨ ਐੱਫ.ਆਈ.ਆਰ. ਦਰਜ ਕਰਕੇ ਵਿਸਥਾਰਪੂਰਵਕ ਜਾਂਚ ਦੀ ਮੰਗ ਨਹੀਂ ਕਰਦਾ?

ਪਾਇਲਟ ਨੇ ਕਿਹਾ ਕਿ ਗੁਲਜ਼ਾਰ ਸਿੰਘ ਦੀ ਖ਼ੁਦਕੁਸ਼ੀ ਆਮ ਆਦਮੀ ਪਾਰਟੀ ਦੇ ਦਾਅਵਿਆਂ ਦੇ ਉਲਟ ਪੰਜਾਬ ਦੇ ਅਸਲ ਹਾਲਾਤ ਨੂੰ ਦਰਸਾਉਂਦੀ ਹੈ। ਉਨ੍ਹਾਂ ਕਿਹਾ ਕਿ ਹਾਲਾਤ ਇਹ ਬਣ ਚੁੱਕੇ ਹਨ ਕਿ ਇੱਕ ਗ਼ਰੀਬ ਦਲਿਤ ਨੂੰ ਸਿਰਫ਼ ਇਸ ਲਈ ਆਪਣੀ ਜਾਨ ਦੇਣੀ ਪਈ ਕਿਉਂਕਿ ਉਸ ਨੇ ਨਸ਼ਿਆਂ ਦੀ ਸ਼ਰੇਆਮ ਵਿਕਰੀ ਵਿਰੁੱਧ ਆਵਾਜ਼ ਉਠਾਈ ਸੀ, ਜਿਸ ਦਾ ਸ਼ਿਕਾਰ ਉਸ ਦਾ ਪੁੱਤਰ ਹੋ ਚੁੱਕਾ ਸੀ।




ਉਨ੍ਹਾ ਆਮ ਆਦਮੀ ਪਾਰਟੀ ਨੂੰ ਚੇਤੇ ਕਰਵਾਇਆ ਕਿ ਉਸ ਨੇ ਦਲਿਤ ਉਪ ਮੁੱਖ ਮੰਤਰੀ ਬਣਾਉਣ ਦਾ ਐਲਾਨ ਕੀਤਾ ਸੀ। ਉਨ੍ਹਾਂ ਤਨਜ਼ ਕੱਸਦਿਆਂ ਕਿਹਾ ਕਿ ਦਲਿਤ ਉਪ ਮੁੱਖ ਮੰਤਰੀ ਬਣਾਉਣਾ ਤਾਂ ਦੂਰ ਦੀ ਗੱਲ, 'ਆਪ' ਦੇ ਰਾਜ ਵਿੱਚ ਗੁਲਜ਼ਾਰ ਸਿੰਘ ਵਰਗੇ ਦਲਿਤ ਖ਼ੁਦਕੁਸ਼ੀਆਂ ਕਰਨ ਲਈ ਮਜਬੂਰ ਹਨ।ਅਰਵਿੰਦ ਕੇਜਰੀਵਾਲ ਨੂੰ ਚੋਣਾਂ ਤੋਂ ਪਹਿਲਾਂ ਕੀਤੇ ਉਨ੍ਹਾਂ ਦਾਅਵਿਆਂ ਦੀ ਯਾਦ ਦਿਵਾਉਂਦਿਆਂ, ਜਿਨ੍ਹਾਂ ਵਿੱਚ ਉਨ੍ਹਾਂ ਸਰਕਾਰ ਬਣਨ ਦੇ ਤਿੰਨ ਮਹੀਨਿਆਂ ਅੰਦਰ ਨਸ਼ਾ ਖ਼ਤਮ ਕਰਨ ਦੀ ਗੱਲ ਕਹੀ ਸੀ, ਪਾਇਲਟ ਨੇ ਕਿਹਾ ਕਿ 'ਆਪ' ਦੇ ਲੱਗਭੱਗ ਪੰਜ ਸਾਲਾਂ ਦੇ ਸ਼ਾਸਨ ਤੋਂ ਬਾਅਦ ਹੁਣ ਚਿੱਟਾ ਆਸਾਨੀ ਨਾਲ ਮਿਲ ਰਿਹਾ ਹੈ ਕਿ ਇਸ ਦੀ ਹੋਮ ਡਿਲੀਵਰੀ ਹੋ ਰਹੀ ਹੈ।ਥੋੜ੍ਹੇ ਸਮੇਂ ਦੇ ਸੱਦੇ 'ਤੇ ਇੰਨੀ ਵੱਡੀ ਗਿਣਤੀ ਵਿੱਚ ਇਕੱਠੇ ਹੋਣ ਲਈ ਪਾਰਟੀ ਵਰਕਰਾਂ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਪਾਇਲਟ ਨੇ ਹਰੇਕ ਵਰਕਰ ਨੂੰ ਭਰੋਸਾ ਦਿੱਤਾ ਕਿ ਕਾਂਗਰਸ ਪਾਰਟੀ ਹਮੇਸ਼ਾ ਉਨ੍ਹਾਂ ਦੇ ਨਾਲ ਖੜ੍ਹੀ ਰਹੇਗੀ।ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਸੀ.ਐੱਲ.ਪੀ. ਲੀਡਰ ਪ੍ਰਤਾਪ ਸਿੰਘ ਬਾਜਵਾ ਅਤੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਸਮੇਤ ਪੰਜਾਬ ਕਾਂਗਰਸ ਦੇ ਸੀਨੀਅਰ ਆਗੂਆਂ ਨੇ ਪੰਜਾਬ ਸਰਕਾਰ 'ਤੇ ਤਿੱਖੇ ਹਮਲੇ ਕਰਦਿਆਂ ਕਿਹਾ ਕਿ ਇਹ ਸੂਬੇ ਦੀ ਹੁਣ ਤੱਕ ਦੀ ਸਭ ਤੋਂ ਮਾੜੀ ਸਰਕਾਰ ਸਾਬਤ ਹੋਈ ਹੈ। ਉਨ੍ਹਾ ਕਿਹਾ ਕਿ ਭਗਵੰਤ ਮਾਨ ਸੂਬੇ ਦੇ ਹੁਣ ਤੱਕ ਦੇ ਸਭ ਤੋਂ ਨਾਕਾਮ ਮੁੱਖ ਮੰਤਰੀ ਸਾਬਤ ਹੋਏ ਹਨ।

ਇਸ ਮੌਕੇ ਹਾਜ਼ਰ ਆਗੂਆਂ ਵਿੱਚ ਪੀ.ਸੀ.ਸੀ. ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਸੀ.ਐੱਲ.ਪੀ. ਲੀਡਰ ਪ੍ਰਤਾਪ ਸਿੰਘ ਬਾਜਵਾ, ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ, ਸੁਖਜਿੰਦਰ ਸਿੰਘ ਰੰਧਾਵਾ, ਬ੍ਰਹਮ ਮੋਹਿੰਦਰਾ, ਵਿਜੈ ਇੰਦਰ ਸਿੰਗਲਾ, ਰਾਣਾ ਕੇ.ਪੀ. ਸਿੰਘ, ਡਾ. ਅਮਰ ਸਿੰਘ, ਸੁਖਪਾਲ ਸਿੰਘ ਖਹਿਰਾ, ਰਾਣਾ ਗੁਰਜੀਤ ਸਿੰਘ, ਗੁਰਜੀਤ ਸਿੰਘ ਔਜਲਾ, ਭਾਰਤ ਭੂਸ਼ਣ ਆਸ਼ੂ, ਡਾ. ਰਾਜ ਕੁਮਾਰ ਵੇਰਕਾ, ਸੁਖਵਿੰਦਰ ਸਿੰਘ ਡੈਨੀ, ਸੰਗਤ ਸਿੰਘ ਗਿਲਜ਼ੀਆਂ, ਕੁਲਜੀਤ ਸਿੰਘ ਨਾਗਰਾ, ਅਮਰਪ੍ਰੀਤ ਲਾਲੀ, ਲਖਵੀਰ ਸਿੰਘ ਲੱਖਾ, ਬਲਬੀਰ ਸਿੰਘ ਸਿੱਧੂ, ਅਮਿਤ ਵਿਜ, ਪਵਨ ਆਦੀਆ, ਸੁਖਵਿੰਦਰ ਸਿੰਘ ਸਰਕਾਰੀਆ, ਇੰਦਰਬੀਰ ਬੁਲਾਰੀਆ, ਗੁਰਕੀਰਤ ਸਿੰਘ, ਬਲਜੀਤ ਕੌਰ ਅਤੇ ਹੋਰ ਸ਼ਾਮਲ ਸਨ। • ਬਾਕੀ ਸਫਾ 2 'ਤੇ

## ਡੁੱਬਦੀ ਬੇੜੀ ਬਚਾਉਣ ਲਈ ਪਾਇਲਟ ਭੇਜਿਆ : ਬਲਤੇਜ ਪੰਨੂ

**ਚੰਡੀਗੜ੍ਹ** : ਆਮ ਆਦਮੀ ਪਾਰਟੀ ਪੰਜਾਬ ਦੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਕਾਂਗਰਸ ਦੇ ਪੰਜਾਬ ਇੰਚਾਰਜ ਸਚਿਨ ਪਾਇਲਟ ਦੇ ਪੰਜਾਬ ਦੌਰੇ 'ਤੇ ਤਿੱਖਾ ਸ਼ਬਦੀ ਹਮਲਾ ਬੋਲਦਿਆਂ ਕਿਹਾ ਕਿ ਇਹ ਬੜੀ ਹੈਰਾਨਗੀ ਵਾਲੀ ਗੱਲ ਹੈ ਕਿ ਜਿਹੜੇ ਕਾਂਗਰਸੀ ਨੇਤਾ ਖੁਦ ਨੂੰ ਮਲਾਹ ਦੱਸ ਕੇ ਮੁੱਖ ਮੰਤਰੀ ਬਣਨ ਦੇ ਸੁਪਨੇ ਵੇਖਦੇ ਸਨ, ਉਹਨਾਂ ਕਾਂਗਰਸ ਦੀ ਬੇੜੀ ਪੂਰੀ ਤਰ੍ਹਾਂ ਡੋਬ ਦਿੱਤੀ ਹੈ। ਹੁਣ ਉਸ ਡੁੱਬਦੀ ਹੋਈ ਬੇੜੀ ਨੂੰ ਬਚਾਉਣ ਲਈ ਹਵਾਈ ਜਹਾਜ਼ ਦਾ 'ਪਾਇਲਟ' ਉਤਾਰਿਆ ਗਿਆ ਹੈ। ਪੰਨੂ ਨੇ ਕਿਹਾ ਕਿ ਸਚਿਨ ਪਾਇਲਟ ਦਾ ਪੰਜਾਬ ਆਉਣ 'ਤੇ ਜੀ ਆਇਆਂ ਨੂੰ, ਪਰ ਪੰਜਾਬ ਦੇ ਲੋਕਾਂ ਨੂੰ ਵੋਟਾਂ ਦਾ ਵਾਸਤਾ ਪਾਉਣ ਤੋਂ ਪਹਿਲਾਂ ਉਹਨਾ • ਬਾਕੀ ਸਫਾ 2 'ਤੇ

## ਵਿਧਾਇਕ ਨੇ ਟਰੱਕ ਚਾਲਕ ਨੂੰ ਜੜਿਆ ਥੱਪੜ

**ਲੁਧਿਆਣਾ** : ਹਲਕਾ ਲੁਧਿਆਣਾ ਦੱਖਣੀ ਤੋਂ ਆਪ ਵਿਧਾਇਕ ਰਜਿੰਦਰਪਾਲ ਕੌਰ ਛੀਨਾ ਚਰਚਾ ਵਿੱਚ ਹਨ। ਵਾਇਰਲ ਵੀਡੀਓ ਵਿੱਚ ਦਿਖਾਇਆ ਗਿਆ ਕਿ ਵਿਧਾਇਕ ਦੀ ਗੱਡੀ ਟਰੱਕ ਦੇ ਪਿੱਛੇ ਸੀ। ਟਰੱਕ ਚਾਲਕ ਵੱਲੋਂ ਲੰਘਣ ਲਈ ਰਾਹ ਦੇਣ ਵਿੱਚ ਦੇਰੀ ਹੋਣ 'ਤੇ ਵਿਧਾਇਕ ਕਥਿਤ ਤੌਰ 'ਤੇ ਨਰਾਜ਼ ਹੋ ਗਏ। ਇਸ ਤੋਂ ਬਾਅਦ ਟਰੱਕ ਨੂੰ ਰੁਕਵਾਇਆ ਗਿਆ ਤੇ ਵਿਧਾਇਕ ਗੱਡੀ 'ਚੋਂ ਉੱਤਰ ਕੇ ਡਰਾਈਵਰ ਵੱਲ ਜਾਂਦੀ ਦਿਖਾਈ ਦਿੰਦੀ ਹੈ। ਉਸ ਨੇ ਡਰਾਈਵਰ ਨੂੰ ਹੇਠਾਂ ਉਤਰਨ ਲਈ ਕਿਹਾ ਅਤੇ ਉਸ ਨਾਲ ਬਹਿਸ ਕਰਨ ਲੱਗੀ। ਦੇਖਦੇ ਹੀ ਦੇਖਦੇ ਵਿਧਾਇਕ ਨੇ ਡਰਾਈਵਰ ਨੂੰ ਕਥਿਤ ਤੌਰ 'ਤੇ ਥੱਪੜ ਮਾਰ ਦਿੱਤਾ। ਵਿਧਾਇਕ ਛੀਨਾ ਨੇ ਕਿਹਾ ਕਿ ਇਹ ਘਟਨਾ



ਡਾਬਾ ਰੋਡ ਦੀ ਹੈ। ਉਨ੍ਹਾਂ ਨੂੰ ਸ਼ਿਕਾਇਤ ਮਿਲੀ ਸੀ ਕਿ ਟਰੱਕ ਚਾਲਕ ਬਹੁਤ ਲਾਪਰਵਾਹੀ ਨਾਲ ਟਰੱਕ ਚਲਾ ਰਿਹਾ ਸੀ। ਉਸ ਨੂੰ ਰੋਕਿਆ ਗਿਆ ਅਤੇ ਮੈਂ ਉਸ ਤੋਂ ਵਾਹਨ ਦੀਆਂ ਚਾਬੀਆਂ ਮੰਗੀਆਂ। ਵਿਰੋਧੀ ਧਿਰ ਮੈਨੂੰ ਬਦਨਾਮ ਕਰਨ ਲਈ ਇਸ ਘਟਨਾ ਨੂੰ ਗਲਤ ਰੂਪ ਦੇ ਰਹੀ ਹੈ ਕਿ ਮੈਂ ਡਰਾਈਵਰ ਨੂੰ ਥੱਪੜ ਮਾਰਿਆ ਹੈ।

## ਮਹਿਲਾ ਬਾਈਕਰ ਨੂੰ ਟੱਕਰ ਮਾਰਨ ਵਾਲਾ ਗ੍ਰਿਫਤਾਰ

**ਗੁਰੂਗ੍ਰਾਮ** : ਔਰਤ ਬਾਈਕਰ ਨੂੰ ਟੱਕਰ ਮਾਰਨ ਵਾਲੇ ਮੁਲਜ਼ਮ ਕਾਰ ਚਾਲਕ ਕਲਿਆਣ ਬੈਂਸਲਾ ਨੂੰ ਪੁਲਸ ਨੇ ਮੰਗਲਵਾਰ ਨੂੰ ਰਾਜਸਥਾਨ ਦੇ ਰਾਜਗੜ੍ਹ ਤੋਂ ਗ੍ਰਿਫ਼ਤਾਰ ਕਰ ਲਿਆ ਹੈ। ਇਹ ਗ੍ਰਿਫ਼ਤਾਰੀ ਉਸ ਦੀ ਤੇਜ਼ ਰਫ਼ਤਾਰ ਕਾਰ ਨਾਲ ਔਰਤ ਦੀ ਬਾਈਕ ਨੂੰ ਟੱਕਰ ਮਾਰਨ ਤੋਂ ਦੋ ਦਿਨ ਬਾਅਦ ਹੋਈ ਹੈ, ਜਿਸ ਕਾਰਨ ਔਰਤ ਸੜਕ 'ਤੇ ਜਾ ਡਿੱਗੀ ਸੀ। ਬਾਈਕਰ ਸ਼ਿਵਾਨੀ ਚੌਹਾਨ, ਜੋ ਆਪਣੀ ਪਛਾਣ 'ਸੀਆ' ਵਜੋਂ ਦੱਸਦੀ ਹੈ, ਨੇ ਸੋਸ਼ਲ ਮੀਡੀਆ 'ਤੇ ਇੱਕ ਨਵੀਂ ਵੀਡੀਓ ਜਾਰੀ ਕਰਕੇ ਬੈਂਸਲਾ 'ਤੇ ਗੰਭੀਰ ਦੋਸ਼ ਲਾਏ ਸਨ। ਇਸ ਤੋਂ ਬਾਅਦ ਗੁਰੂਗ੍ਰਾਮ ਪੁਲਸ ਨੇ ਮਾਮਲੇ ਵਿੱਚ ਇਰਾਦਾ-ਏ-ਕਤਲ ਦੀ ਧਾਰਾ (ਭਾਰਤੀ ਨਿਆਂ ਸੰਹਿਤਾ ਦੀ ਧਾਰਾ 109) ਜੋੜ ਦਿੱਤੀ ਹੈ, ਜਿਸ ਵਿੱਚ 10 ਸਾਲ ਤੱਕ ਦੀ ਕੈਦ ਦੀ ਸਜ਼ਾ ਦਾ ਪ੍ਰਬੰਧ ਹੈ। ਏ ਸੀ ਪੀ (ਹੈੱਡਕੁਆਰਟਰ) ਅਭਿਲਾਖ ਜੋਸ਼ੀ ਅਨੁਸਾਰ ਮੁਲਜ਼ਮ ਚਾਲਕ ਖ਼ਿਲਾਫ਼ ਬੀ ਐੱਨ ਐੱਸ ਦੀ ਧਾਰਾ 281 (ਲਾਪਰਵਾਹੀ ਨਾਲ ਗੱਡੀ ਚਲਾਉਣਾ) ਅਤੇ ਧਾਰਾ 125 (ਸੱਟ ਪਹੁੰਚਾਉਣਾ) ਤਹਿਤ ਐੱਫ ਆਈ ਆਰ ਦਰਜ ਕੀਤੀ ਗਈ ਸੀ, ਜਿਸ ਵਿਚ ਹੁਣ ਧਾਰਾ 109 ਵੀ ਸ਼ਾਮਲ ਕਰ ਦਿੱਤੀ ਗਈ ਹੈ।

ਕਲਿਆਣ ਬੈਂਸਲਾ ਨੇ ਰਾਜਗੜ੍ਹ-ਦੌਸਾ ਰੋਡ ਤੋਂ ਫੜੇ ਜਾਣ ਉਪਰੰਤ ਪਿਸ਼ਾਬ ਕਰਨ ਦੇ ਬਹਾਨੇ ਪੁਲਸ ਹਿਰਾਸਤ ਵਿੱਚੋਂ ਭੱਜਣ ਦੀ ਕੋਸ਼ਿਸ਼ • ਬਾਕੀ ਸਫਾ 2 'ਤੇ

## ਰਵਿੰਦਰ ਸਿੰਘ ਬ੍ਰਹਮਪੁਰਾ ਨੂੰ ਅਕਾਲੀ ਦਲ 'ਚੋਂ ਕੱਢਿਆ

**ਖਡੂਰ ਸਾਹਿਬ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਹਲਕਾ ਖਡੂਰ ਸਾਹਿਬ ਤੋਂ ਮਰਹੂਮ ਸੀਨੀਅਰ ਆਗੂ ਰਣਜੀਤ ਸਿੰਘ ਬ੍ਰਹਮਪੁਰਾ ਦੇ ਸਪੁੱਤਰ ਅਤੇ ਸਾਬਕਾ ਵਿਧਾਇਕ ਰਵਿੰਦਰ ਸਿੰਘ ਬ੍ਰਹਮਪੁਰਾ ਨੂੰ ਪਾਰਟੀ ਤੋਂ ਬਾਹਰ ਦਾ ਰਸਤਾ ਦਿਖਾ ਦਿੱਤਾ ਹੈ। ਬਾਦਲ ਨੇ ਕਿਹਾ ਕਿ ਪਾਰਟੀ ਅਨੁਸ਼ਾਸਨ ਹਰ ਹੀਲੇ ਕਾਇਮ ਰੱਖਿਆ ਜਾਵੇਗਾ ਅਤੇ ਮੰਗਲਵਾਰ ਨੂੰ ਇਸ ਸਬੰਧੀ ਪਾਰਟੀ ਦੇ ਸੀਨੀਅਰ ਆਗੂਆਂ ਨਾਲ ਵਿਚਾਰ ਵਟਾਂਦਰਾ ਕਰਨ ਤੋਂ ਬਾਅਦ ਰਵਿੰਦਰ ਸਿੰਘ ਬ੍ਰਹਮਪੁਰਾ ਨੂੰ ਪਾਰਟੀ ਵਿਰੋਧੀ • ਬਾਕੀ ਸਫਾ 2 'ਤੇ

## ਅੱਜ-ਨਾਮਾ

ਕੀਤੀ ਜੋ ਅੱਤ ਬਦਮਾਸ਼ਾਂ ਦੇ ਟੋਲਿਆਂ ਨੇ,
ਸਲਾਮਤ ਦਿੱਸੇ ਨਾ ਜਾਨ ਨਾ ਮਾਲ ਬੇਲੀ।
ਵੱਡੇ ਤੇ ਛੋਟੇ ਪੰਜਾਬ ਵਿੱਚ ਸ਼ਹਿਰ ਸਾਰੇ,
ਹਰਿਆਣੇ ਤੀਕ ਦਾ ਹੈ ਇਹੋ ਹਾਲ ਬੇਲੀ।
ਜਾਂਦੇ ਪੁਲਸ ਕੋਲ ਲੋਕ ਕਈ ਡਰੀ ਜਾਂਦੇ,
ਚਾਹੀਦੇ ਪੈਸੇ ਦਰਖਾਸਤ ਦੇ ਨਾਲ ਬੇਲੀ।
ਹੁੰਦੀ ਆ ਹਾਲਤ ਗਰੀਬ ਦੀ ਬੜੀ ਮੰਦੀ,
ਕਿਹੜਾ ਬਣੇਗਾ ਉਨ੍ਹਾਂ ਲਈ ਢਾਲ ਬੇਲੀ।
ਦਿੱਲੀਉਂ-ਦੱਖਣ ਦੇ ਤੱਕ ਹੈ ਹਾਲ ਇਹੀ,
ਬਚਿਆ ਕੋਈ ਨਹੀਂ ਜਾਪਦਾ ਰਾਜ ਬੇਲੀ।
ਹੱਦ ਵਧੀਕੀ ਦੀ ਹੋਵੇ ਜਦ ਚਹੁੰ ਤਰਫੀਂ,
ਬਰਦਾਸ਼ਤ ਜਾਂਦਾ ਹੈ ਕਰੀ ਸਮਾਜ ਬੇਲੀ।

-ਤੀਸ ਮਾਰ ਖਾਂ

# ਪੰਜਾਬ ਦੇ ਦਰਿਆਵਾਂ ਦੇ ਪਾਣੀ 'ਤੇ ਹੱਕ ਸਿਰਫ ਪੰਜਾਬ ਦਾ : ਮਾੜੀਮੇਘਾ, ਬਸੰਤ ਕੋਟ

## ਭਗਤ ਸਿੰਘ ਕੌਮੀ ਰੁਜ਼ਗਾਰ ਗਰੰਟੀ ਕਾਨੂੰਨ ਪਾਰਲੀਮੈਂਟ 'ਚ ਪਾਸ ਕੀਤਾ ਜਾਵੇ : ਮਹੇਸਰੀ

**ਦੀਨਾਨਗਰ (ਨ ਜ਼ ਸ)**

ਮਹਾਨ ਟਰੇਡ ਯੂਨੀਅਨਿਸਟ ਅਤੇ ਸੀ ਪੀ ਆਈ ਦੇ ਸਿਰਮੌਰ ਆਗੂ ਕਾਮਰੇਡ ਸੰਗਤ ਸਿੰਘ ਦੀ ਬਰਸੀ ਉਨ੍ਹਾ ਦੇ ਪਿੰਡ ਆਵਾਂਖਾ ਵਿਖੇ ਮਨਾਈ ਗਈ। ਸੁਖਮਨੀ ਸਾਹਿਬ ਦੇ ਭੋਗ ਪੈਣ ਉਪਰੰਤ ਸ਼ਰਧਾਂਜਲੀ ਸਮਾਗਮ ਕੀਤਾ ਗਿਆ। ਸੰਬੋਧਨ ਦੌਰਾਨ ਸੀ ਪੀ ਆਈ ਦੇ ਸੂਬਾ ਸਕੱਤਰੇਤ ਮੈਂਬਰ ਅਤੇ 'ਨਵਾਂ ਜ਼ਮਾਨਾ' ਅਖ਼ਬਾਰ ਨੂੰ ਚਲਾਉਣ ਵਾਲੀ ਸੰਸਥਾ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ ਦੇ ਸਕੱਤਰ ਪਿਰਥੀਪਾਲ ਸਿੰਘ ਮਾੜੀਮੇਘਾ ਤੇ ਸੀ ਪੀ ਆਈ ਗੁਰਦਾਸਪੁਰ ਜ਼ਿਲ੍ਹੇ ਦੇ ਸਕੱਤਰ ਗੁਲਜ਼ਾਰ ਸਿੰਘ ਬਸੰਤ ਕੋਟ ਨੇ ਕਿਹਾ ਕਿ ਇਸ ਮਹਾਨ ਮਨੁੱਖ ਨੇ ਪੁਰਾਣੇ ਜ਼ਮਾਨੇ ਵਿੱਚ ਗਿਆਨੀ ਪਾਸ ਕੀਤੀ, ਪਰ ਮਜ਼ਦੂਰਾਂ ਦੇ ਹਿੱਤਾਂ ਨੂੰ ਧਿਆਨ ਵਿੱਚ ਰੱਖਦਿਆਂ ਹੋਇਆਂ ਨੌਕਰੀ ਨੂੰ ਤਰਜੀਹ ਨਹੀਂ ਦਿੱਤੀ ਅਤੇ ਵੂਲਨ ਮਿੱਲ ਧਾਰੀਵਾਲ ਵਿੱਚ ਕੰਮ ਕਰਨ ਲੱਗ ਪਏ। ਮਿੱਲ ਵਿੱਚ ਮਜ਼ਦੂਰਾਂ ਦੀ ਜਥੇਬੰਦੀ ਏਟਕ ਜਥੇਬੰਦ ਕਰਕੇ ਉਨ੍ਹਾਂ ਦੇ ਹੱਕਾਂ ਲਈ ਸੰਘਰਸ਼ ਕੀਤਾ। ਅਖੀਰ ਮਿੱਲ ਮਾਲਕਾਂ ਨੇ ਨੌਕਰੀ ਤੋਂ ਬਾਹਰ ਕੱਢ ਦਿੱਤਾ ਤੇ ਆਪ ਨੇ ਜ਼ਿਲ੍ਹਾ ਪੱਧਰ 'ਤੇ



ਏਟਕ ਜਥੇਬੰਦੀ ਵਿੱਚ ਕੰਮ ਕਰਨਾ ਸ਼ੁਰੂ ਕਰ ਦਿੱਤਾ। ਮਾੜੀਮੇਘਾ ਨੇ ਕਿਹਾ ਕਿ ਕਾਮਰੇਡ ਸੰਗਤ ਸਿੰਘ ਦੀਨਾਨਗਰ ਵਿਖੇ ਸਰਬ ਭਾਰਤ ਨੌਜਵਾਨ ਸਭਾ ਵਿੱਚ ਸ਼ਾਮਲ ਨੌਜਵਾਨਾਂ ਦੇ ਸਿਧਾਂਤਕ ਕਲਾਸ ਵੀ ਲੈਂਦੇ ਸਨ। ਉਹ ਕਵਿਤਾ ਦੇ ਵੀ ਧਨੀ ਸਨ। ਰਾਜਨੀਤਕ ਗੱਲ ਕਰਦਿਆਂ ਮਾੜੀਮੇਘਾ ਨੇ ਕਿਹਾ ਕਿ ਕੇਂਦਰ ਦੀ ਹਕੂਮਤ ਨੇ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਵਿੱਚੋਂ ਪੰਜਾਬ ਦੇ ਅਧਿਕਾਰੀ ਦਾ ਅਧਿਕਾਰ ਖਤਮ ਕਰ ਦਿੱਤਾ ਹੈ, ਜੋ ਬਹੁਤ ਹੀ ਨਿੰਦਣਯੋਗ ਹੈ। ਬੋਰਡ ਵਿੱਚ ਪਹਿਲਾਂ ਪੰਜਾਬ ਕੋਲ ਪਾਵਰ ਦਾ ਮਹਿਕਮਾ ਸੀ। ਪੰਜਾਬ ਦੇ ਦਰਿਆਵਾਂ ਦੇ ਪਾਣੀ ਤੇ ਸਿਰਫ ਪੰਜਾਬ ਦਾ ਹੱਕ ਹੈ, ਪਰ ਕੇਂਦਰ ਸਰਕਾਰ ਪੰਜਾਬ ਦਾ ਪਾਣੀ ਰਾਜਸਥਾਨ, ਹਰਿਆਣਾ, ਦਿੱਲੀ ਤੇ ਜੰਮੂ ਨੂੰ ਦਿੱਤੀ ਜਾ ਰਹੀ ਹੈ। ਪੰਜਾਬ ਨੂੰ ਪਾਣੀ ਸਿਰਫ 3.5 ਐੱਮ ਏ ਐੱਫ ਅਤੇ ਏਨਾ ਹੀ ਹਰਿਆਣਾ ਨੂੰ ਅਤੇ ਰਾਜਸਥਾਨ ਨੂੰ 8.0 ਐੱਮ ਏ ਐੱਫ ਦਿੱਤਾ ਜਾ ਰਿਹਾ ਹੈ। ਪੰਜਾਬ ਦੀ ਧਰਤੀ ਹੇਠਲਾ ਪਾਣੀ ਖਤਰਨਾਕ ਹੱਦ ਤੱਕ ਪਹੁੰਚ ਗਿਆ ਹੈ, ਇਸ ਲਈ ਪੰਜਾਬ ਦੇ ਦਰਿਆਵਾਂ ਦਾ ਪਾਣੀ ਪੰਜਾਬ ਨੂੰ ਦਿੱਤਾ ਜਾਵੇ। ਚੰਡੀਗੜ੍ਹ ਪੰਜਾਬ ਦੀ ਧਰਤੀ 'ਤੇ ਬਣਿਆ ਹੈ ਤੇ ਇਸ 'ਤੇ ਵੀ ਪੰਜਾਬ ਦਾ ਹੱਕ ਹੈ। ਖਰੜ ਤਹਿਸੀਲ ਦੇ 38 ਪਿੰਡ ਉਜਾੜ ਕੇ ਚੰਡੀਗੜ੍ਹ ਨੂੰ ਵਸਾ ਕੇ ਪੰਜਾਬ ਦੀ ਰਾਜਧਾਨੀ ਬਣਾਇਆ ਗਿਆ ਸੀ, ਇਸ ਲਈ ਚੰਡੀਗੜ੍ਹ 'ਤੇ ਪੰਜਾਬ ਦਾ ਹੱਕ ਹੈ ਤੇ ਪੰਜਾਬ ਨੂੰ ਦਿੱਤਾ ਜਾਵੇ। ਇਸੇ ਤਰ੍ਹਾਂ ਪਾਕਿਸਤਾਨ ਬਾਰਡਰ ਤੋਂ 50 ਕਿਲੋਮੀਟਰ ਅੰਦਰ ਨੂੰ ਸਕਿਉਰਟੀ ਦੇ ਬੀ ਐੱਸ ਐੱਫ ਨੂੰ ਜੋ ਅਧਿਕਾਰ ਦਿੱਤੇ ਹਨ, ਉਹ ਵਾਪਸ ਲਏ ਜਾਣ। ਵੋਟਾਂ ਦੀ ਵਿਸ਼ੇਸ਼ ਸੁਧਾਈ ਦੌਰਾਨ ਹੁਕਮਰਾਨ ਧਿਰ ਨੇ ਵੋਟਾਂ ਦੀ ਸ਼ਨਾਖਤ ਲਈ ਸ਼ਰਤਾਂ ਹੀ ਏਨੀਆਂ ਰੱਖ ਦਿੱਤੀਆਂ ਹਨ, ਜੋ ਸਾਧਾਰਨ ਵਿਅਕਤੀ ਪੂਰੀਆਂ ਹੀ ਨਹੀਂ ਕਰ ਸਕਦਾ। ਇਸ ਪ੍ਰਸਥਿਤੀ ਵਿੱਚ ਪੰਜਾਬ 'ਚੋਂ ਸੁਧਾਈ ਮੁਹਿੰਮ ਦੌਰਾਨ ਹੁਣ ਤੱਕ 25,0000 ਦੇ ਕਰੀਬ ਵੋਟਾਂ ਕੱਟੀਆਂ ਜਾ ਚੁੱਕੀਆਂ ਹਨ।

ਸਰਬ ਭਾਰਤ ਨੌਜਵਾਨ ਸਭਾ ਦੇ ਕੁੱਲ ਹਿੰਦ ਜਨਰਲ ਸਕੱਤਰ ਸੁਖਜਿੰਦਰ ਸਿੰਘ ਮਹੇਸਰੀ ਨੇ ਕਿਹਾ ਕਿ ਹਿੰਦੁਸਤਾਨ ਦੀ ਜੁਆਨੀ ਰੁਜ਼ਗਾਰ ਮੰਗ ਰਹੀ ਹੈ, ਪਰ ਕੇਂਦਰ ਦੀ ਹਕੂਮਤ ਜਵਾਨੀ ਨੂੰ ਰੁਜ਼ਗਾਰ ਦੇਣ ਦੀ ਥਾਂ ਉਨ੍ਹਾਂ 'ਤੇ ਜਬਰ ਢਾਹ ਰਹੀ ਹੈ। ਕੇਂਦਰ ਹਕੂਮਤ ਬੇਰੁਜ਼ਗਾਰ ਨੌਜਵਾਨਾਂ ਨੂੰ ਰੁਜ਼ਗਾਰ ਦੇਣ ਲਈ ਪਾਰਲੀਮੈਂਟ ਵਿੱਚ ਭਗਤ ਸਿੰਘ ਕੌਮੀ ਰੁਜ਼ਗਾਰ ਗਰੰਟੀ ਕਾਨੂੰਨ ਪਾਸ ਕਰੇ। ਮਹੇਸਰੀ ਨੇ ਕਿਹਾ ਕਿ ਹਿੰਦੁਸਤਾਨ ਦੇ ਹਰੇਕ ਬੱਚੇ ਨੂੰ ਵਿਦਿਆ ਮੁਫ਼ਤ ਤੇ ਲਾਜ਼ਮੀ ਦਿੱਤੀ ਜਾਵੇ। ਇਸੇ ਤਰ੍ਹਾਂ ਗਰੀਬ ਲੋਕਾਂ ਨੂੰ ਘਰ ਬਣਾ ਕੇ ਦਿੱਤੇ ਜਾਣ। ਸਿਹਤ ਦਾ ਇਲਾਜ ਏਨਾ ਜ਼ਿਆਦਾ ਮਹਿੰਗਾ ਹੋ ਗਿਆ ਹੈ ਕਿ ਗਰੀਬ ਤਾਂ ਇਲਾਜ ਕਰਾਉਣ ਤੋਂ ਹੀ ਅਸਮਰਥ ਹੈ, ਇਸ ਲਈ ਹਰੇਕ ਮਨੁੱਖ ਨੂੰ ਸਿਹਤ ਇਲਾਜ ਮੁਫ਼ਤ ਮਿਲਣਾ • ਬਾਕੀ ਸਫਾ 2 'ਤੇ

## ਗੁਰੂ ਨਾਨਕ ਕਾਲਜ ਵਿਖੇ ਧਾਰਮਿਕ ਸਮਾਗਮ



ਬੁਢਲਾਡਾ (ਅਸ਼ੋਕ ਲਾਕੜਾ)-ਗੁਰੂ ਨਾਨਕ ਕਾਲਜ ਬੁਢਲਾਡਾ ਵਿਖੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਨੂੰ ਸਮਰਪਤ ਧਾਰਮਿਕ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਪਾਵਨ ਦਿਹਾੜੇ ਦੀ ਮਹੱਤਤਾ ਨੂੰ ਮੁੱਖ ਰੱਖਦਿਆਂ ਸਮੂਹ ਸਟਾਫ ਵੱਲੋਂ ਬਾਬਾ ਬੰਦਾ ਸਿੰਘ ਬਹਾਦਰ ਇੰਜੀਨੀਅਰਿੰਗ ਕਾਲਜ ਵਿਖੇ ਸ੍ਰੀ ਸਹਜ ਪਾਠ ਸਾਹਿਬ ਜੀ ਦੇ ਸਮੂਹ ਰੂਪ ਵਿੱਚ ਪਾਠ ਕੀਤੇ ਗਏ।ਪਾਠ ਉਪਰੰਤ ਗੁਰੂ ਸਾਹਿਬ ਦੇ ਚਰਨਾਂ ਵਿੱਚ ਸਰਬੱਤ ਦੇ ਭਲੇ, ਸਦਭਾਵਨਾ, ਭਾਈਚਾਰਕ ਸਾਂਝ ਤੇ ਕਾਲਜ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ ਗਈ।ਪ੍ਰਿੰਸੀਪਲ ਡਾ. ਨਰਿੰਦਰ ਸਿੰਘ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਦੀ ਵਧਾਈ ਦਿੰਦਿਆਂ ਕਿਹਾ ਕਿ ਸਿੱਖਿਆ ਸੰਸਥਾਵਾਂ ਦਾ ਉਦੇਸ਼ ਕੇਵਲ ਵਿਦਿਆਰਥੀਆਂ ਨੂੰ ਵਿੱਦਿਅਕ ਗਿਆਨ ਪ੍ਰਦਾਨ ਕਰਨਾ ਹੀ ਨਹੀਂ, ਸਗੋਂ ਉਨ੍ਹਾਂ ਨੂੰ ਆਪਣੀ ਅਮੀਰ ਵਿਰਾਸਤ, ਨੈਤਿਕ ਕਦਰਾਂ-ਕੀਮਤਾਂ ਤੇ ਅਧਿਆਤਮਕ ਸੰਸਕਾਰਾਂ ਨਾਲ ਜੋੜਨਾ ਵੀ ਹੈ।ਅਜਿਹੇ ਸਮਾਗਮ ਸਾਨੂੰ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਤੇ ਸਮਾਜ ਪ੍ਰਤੀ ਆਪਣੀ ਜ਼ਿੰਮੇਵਾਰੀ ਨੂੰ ਸਮਝਣ ਲਈ ਪ੍ਰੇਰਿਤ ਕਰਦੇ ਹਨ।ਗੁਰੂ ਸਾਹਿਬ ਦੀਆਂ ਸਿੱਖਿਆਵਾਂ 'ਤੇ ਚੱਲਦਿਆਂ ਸਾਨੂੰ ਸਮਾਜ ਵਿੱਚ ਨਿਮਰਤਾ, ਸੇਵਾ ਤੇ ਮਨੁੱਖਤਾ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਨ ਦੀ ਲੋੜ ਹੈ।ਇਸ ਮੌਕੇ ਧਰਮ ਅਧਿਐਨ ਵਿਭਾਗ ਦੇ ਮੁਖੀ ਡਾ. ਰਜਿੰਦਰ ਕੌਰ ਨੇ ਇਸ ਦਿਨ ਦੇ ਇਤਿਹਾਸ ਸਬੰਧੀ ਜਾਣਕਾਰੀ ਸਾਂਝੀ ਕੀਤੀ।ਇਸ ਮੌਕੇ ਸਮੂਹ ਅਧਿਆਪਨ ਅਮਲਾ ਹਾਜ਼ਰ ਸੀ।

## ਫ਼ਸਲਾਂ ਦੇ ਮੁਆਵਜ਼ੇ ਲਈ ਕਿਸਾਨਾਂ ਵੱਲੋਂ ਧਰਨਾ



ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)-ਪਿਛਲੇ ਸਮੇਂ ਦੌਰਾਨ ਹੋਈ ਗੜੇਮਾਰੀ ਕਾਰਨ ਫ਼ਸਲਾਂ ਦੇ ਹੋਏ ਨੁਕਸਾਨ ਦਾ ਮੁਆਵਜ਼ਾ ਦਿਵਾਉਣ ਦੀ ਮੰਗ ਨੂੰ ਲੈ ਕੇ ਕਿਰਤੀ ਕਿਸਾਨ ਯੂਨੀਅਨ ਤੇ ਭਾਰਤੀ ਕਿਸਾਨ ਯੂਨੀਅਨ (ਉਗਰਾਹਾਂ) ਵੱਲੋਂ ਐੱਸ.ਡੀ.ਐੱਮ. ਦਫ਼ਤਰ ਨਿਹਾਲ ਸਿੰਘ ਵਾਲਾ ਵਿਖੇ ਧਰਨਾ ਲਗਾ ਕੇ ਸਰਕਾਰ ਤੇ ਪ੍ਰਸ਼ਾਸਨ ਖ਼ਿਲਾਫ਼ ਰੋਸ ਪ੍ਰਗਟਾਇਆ ਗਿਆ।ਇਸ ਮੌਕੇ ਕਿਸਾਨ ਆਗੂਆਂ ਨੇ ਕਿਹਾ ਕਿ ਗੜੇਮਾਰੀ ਕਾਰਨ ਕਿਸਾਨਾਂ ਦੀਆਂ ਫ਼ਸਲਾਂ ਦਾ ਭਾਰੀ ਨੁਕਸਾਨ ਹੋਇਆ ਹੈ, ਜਿਸ ਨਾਲ ਕਿਸਾਨਾਂ ਨੂੰ ਆਰਥਿਕ ਤੌਰ 'ਤੇ ਵੱਡੀ ਮਾਰ ਪਈ ਹੈ।ਉਨ੍ਹਾਂ ਮੰਗ ਕੀਤੀ ਕਿ ਨੁਕਸਾਨੀ ਫ਼ਸਲਾਂ ਦੀ ਤੁਰੰਤ ਗਿਰਦਾਵਰੀ ਕਰਵਾ ਕੇ ਪ੍ਰਭਾਵਿਤ ਕਿਸਾਨਾਂ ਨੂੰ ਬਣਦਾ ਮੁਆਵਜ਼ਾ ਦਿੱਤਾ ਜਾਵੇ।ਕਿਸਾਨ ਆਗੂਆਂ ਨੇ ਕਿਹਾ ਕਿ ਕਿਸਾਨਾਂ ਦੀਆਂ ਮੁਸ਼ਕਲਾਂ ਨੂੰ ਅਣਦੇਖਾ ਨਾ ਕੀਤਾ ਜਾਵੇ ਤੇ ਸਰਕਾਰ ਵੱਲੋਂ ਪ੍ਰਭਾਵਿਤ ਕਿਸਾਨਾਂ ਨੂੰ ਰਾਹਤ ਦੇਣ ਲਈ ਤੁਰੰਤ ਢੁੱਕਵੇਂ ਕਦਮ ਚੁੱਕੇ ਜਾਣ।ਧਰਨੇ ਦੌਰਾਨ ਵੱਖ-ਵੱਖ ਕਿਸਾਨ ਜਥੇਬੰਦੀਆਂ ਦੇ ਆਗੂ ਤੇ ਸਮੂਹ ਕਿਸਾਨ ਹਾਜ਼ਰ ਸਨ।

## ਪੰਜਾਬੀਆਂ ਨੇ ਸੂਬੇ ਦੀ ਵਾਗਡੋਰ ਭਾਜਪਾ ਦੇ ਹੱਥ ਸੌਂਪਣ ਦਾ ਮਨ ਬਣਾਇਆ : ਸਤਪਾਲ ਪੂਨੀਆਂ



ਸਨੌਰ (ਰਜਿੰਦਰ ਸਿੰਘ ਥਿੰਦ)-ਪੰਜਾਬ ਦੇ ਲੋਕਾਂ ਨੇ ਸੂਬੇ ਦੀ ਵਾਗਡੋਰ ਭਾਰਤੀ ਜਨਤਾ ਪਾਰਟੀ ਦੇ ਹੱਥ ਸੌਂਪਣ ਦਾ ਪੂਰਾ ਮਨ ਬਣਾ ਲਿਆ ਹੈ, ਕਿਉਂਕਿ ਲੋਕਾਂ ਨੇ ਵੇਖ ਲਿਆ ਹੈ ਕਿ ਪਿਛਲੇ ਬੀਤੇ ਸਾਲਾਂ 'ਚ ਕਾਂਗਰਸ, ਆਮ ਆਦਮੀ ਪਾਰਟੀ ਤੇ ਸ਼੍ਰੋਮਣੀ ਅਕਾਲੀ ਦਲ ਨੇ ਮਿਲ ਕੇ ਪੰਜਾਬ ਨੂੰ ਕਿਸ ਤਰ੍ਹਾਂ ਬੇਹਾਲ ਕਰ ਦਿੱਤਾ ਹੈ।ਇਹ ਪ੍ਰਗਟਾਵਾ ਭਾਰਤੀ ਜਨਤਾ ਪਾਰਟੀ ਦੇ ਹਲਕਾ ਇੰਚਾਰਜ ਸਨੌਰ ਸਤਪਾਲ ਸਿੰਘ ਪੂਨੀਆ ਨੇ ਮੰਡਲ ਸਨੌਰ ਵਿਖੇ ਭਾਜਪਾ ਦੀ ਮੀਟਿੰਗ ਦੌਰਾਨ ਕੀਤਾ।ਸਤਪਾਲ ਸਿੰਘ ਪੂਨੀਆ ਨੇ ਕਿਹਾ ਕਿ ਤਿੰਨਾਂ ਪਾਰਟੀਆਂ ਨੇ ਸਿਰਫ਼ ਤੇ ਸਿਰਫ਼ ਝੂਠ ਬੋਲ ਕੇ ਅਤੇ ਪੰਜਾਬੀਆਂ ਨੂੰ ਗੁੰਮਰਾਹ ਕਰ ਕੇ ਸੱਤਾ ਹਾਸਲ ਕੀਤੀ ਹੈ।ਉਨ੍ਹਾਂ ਚਿੰਤਾ ਪ੍ਰਗਟਾਉਂਦਿਆਂ ਕਿਹਾ ਕਿ ਅੱਜ ਸੂਬੇ 'ਚ ਹਾਲਾਤ ਇਹ ਬਣ ਗਏ ਹਨ ਕਿ ਨਸ਼ਿਆਂ ਦੇ ਪਸਾਰ ਦਾ ਵਿਰੋਧ ਕਰਨ ਵਾਲਿਆਂ ਨੂੰ ਸਲਫ਼ਾਸ ਖਾ ਕੇ ਖ਼ੁਦਕੁਸ਼ੀਆਂ ਕਰਨੀਆਂ ਪੈ ਰਹੀਆਂ ਹਨ।ਸੱਤਾਧਾਰੀਆਂ ਦੀਆਂ ਗਲਤ ਨੀਤੀਆਂ ਖ਼ਿਲਾਫ਼ ਕਾਲੇ ਝੰਡੇ ਵਿਖਾਉਣ ਵਾਲਿਆਂ 'ਤੇ ਪੁਲਸ ਦੀਆਂ ਡਾਂਗਾਂ ਵਰ੍ਹਦੀਆਂ ਜਾ ਰਹੀਆਂ ਹਨ ਤੇ ਨਸ਼ੇ ਦੀ ਓਵਰਡੋਜ਼ ਨਾਲ ਰੋਜ਼ਾਨਾ ਨੌਜਵਾਨਾਂ ਦੀਆਂ ਮੌਤਾਂ ਹੋ ਰਹੀਆਂ ਹਨ।ਉਨ੍ਹਾਂ ਕਿਹਾ ਕਿ ਪੰਜਾਬ ਦੀ ਲੀਹੋਂ ਲੱਥੀ ਗੱਡੀ ਨੂੰ ਮੁੜ ਲੀਹ 'ਤੇ ਲਿਆਉਣ ਲਈ ਪੰਜਾਬੀ ਹੁਣ ਸ਼੍ਰੀ ਨਰੇਂਦਰ ਮੋਦੀ ਜੀ ਦੀ ਅਗਵਾਈ ਵੱਲ ਦੇਖ ਰਹੇ ਹਨ। ਇਸ ਮੌਕੇ ਸਤਪਾਲ ਸਿੰਘ ਪੂਨੀਆ ਨੇ ਪਾਰਟੀ ਵਰਕਰਾਂ ਨਾਲ ਹਲਕੇ ਦੇ ਵੱਖ-ਵੱਖ ਮੁੱਦਿਆਂ ਸਬੰਧੀ ਵਿਚਾਰ-ਵਟਾਂਦਰਾ ਕੀਤਾ ਤੇ ਆਉਣ ਵਾਲੇ ਸਮੇਂ ਵਿੱਚ ਪਾਰਟੀ ਦੀਆਂ ਗਤੀਵਿਧੀਆਂ ਨੂੰ ਹੋਰ ਮਜ਼ਬੂਤ ਕਰਨ ਸਬੰਧੀ ਵਿਚਾਰ ਸਾਂਝੇ ਕੀਤੇ।ਮੀਟਿੰਗ ਵਿੱਚ ਜਗਦੀਸ਼ ਸਿੰਘ ਨੈਣਾ, ਗੁਰਪ੍ਰੀਤ ਸਿੰਘ, ਗਗਨਦੀਪ ਸਿੰਘ ਗੱਗੀ, ਹਰਜਿੰਦਰ ਸਿੰਘ, ਅੰਗਰੇਜ਼ ਸਿੰਘ ਫੌਜੀ, ਮਲਕੀਤ ਸਿੰਘ ਤੇ ਭਾਜਪਾ ਮੰਡਲ ਪ੍ਰਧਾਨ ਕੁਬੇਰ ਸ਼ਰਮਾ ਸਮੇਤ ਹੋਰ ਪਾਰਟੀ ਵਰਕਰ ਮੌਜੂਦ ਸਨ।

## ਸੇਂਟ ਥਰੇਸਾ ਕਾਨਵੈਂਟ ਸਕੂਲ ਵਿਖੇ ਹਿੰਦੀ ਦਿਵਸ ਮਨਾਇਆ



ਸਮਾਣਾ (ਇਕਬਾਲ ਸਿੰਘ ਬੱਲ)-ਸੇਂਟ ਥੈਰੇਸਾ ਕਾਨਵੈਂਟ ਸਕੂਲ, ਸਮਾਣਾ ਵਿਖੇ ਹਿੰਦੀ ਦਿਵਸ ਬੜੇ ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ ਗਿਆ।ਇਸ ਮੌਕੇ ਪਹਿਲੀ ਤੋਂ ਦਸਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਵੱਧ-ਚੜ੍ਹ ਕੇ ਭਾਗ ਲੈਂਦਿਆਂ ਹਿੰਦੀ ਭਾਸ਼ਾ ਪ੍ਰਤੀ ਆਪਣੇ ਪਿਆਰ, ਸਤਿਕਾਰ ਅਤੇ ਕਲਾਤਮਕ ਪ੍ਰਤਿਭਾ ਦਾ ਸੁੰਦਰ ਪ੍ਰਦਰਸ਼ਨ ਕੀਤਾ।ਪਹਿਲੀ ਤੋਂ ਪੰਜਵੀਂ ਜਮਾਤ ਤੱਕ ਦੇ ਬੱਚਿਆਂ ਨੇ ਵੱਖ-ਵੱਖ ਵਿਸ਼ਿਆਂ 'ਤੇ ਕਵਿਤਾਵਾਂ ਪੇਸ਼ ਕੀਤੀਆਂ।ਨੰਨ੍ਹੇ-ਮੁੰਨੇ ਬੱਚਿਆਂ ਨੇ ਆਪਣੀ ਮਿੱਠੀ ਆਵਾਜ਼ ਅਤੇ ਆਤਮ-ਵਿਸ਼ਵਾਸ ਨਾਲ ਸਭ ਦਾ ਮਨ ਮੋਹ ਲਿਆ।ਕਵਿਤਾ ਪੇਸ਼ਕਾਰੀ ਵਿੱਚ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਦੀ ਵਿਸ਼ੇਸ਼ ਸ਼ਲਾਘਾ ਕੀਤੀ ਗਈ।ਇਸ ਤੋਂ ਬਾਅਦ ਛੇਵੀਂ ਤੋਂ ਦਸਵੀਂ ਜਮਾਤ ਦੇ ਵਿਦਿਆਰਥੀਆਂ ਲਈ ਹਾਊਸ ਮੁਕਾਬਲੇ ਦੇ ਅੰਤਰਗਤ ਕਵੀ ਸੰਮੇਲਨ ਮੁਕਾਬਲਾ ਕਰਵਾਇਆ ਗਿਆ।ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਸਿਸਟਰ ਰੋਸ਼ਨੀ ਨੇ ਵਿਦਿਆਰਥੀਆਂ ਨੂੰ ਹਿੰਦੀ ਦਿਵਸ ਦੀਆਂ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਸਾਨੂੰ ਆਪਣੀ ਭਾਸ਼ਾ ਦਾ ਸਤਿਕਾਰ ਕਰਨਾ ਅਤੇ ਇਸ ਪ੍ਰਤੀ ਮਾਣ ਦੀ ਭਾਵਨਾ ਰੱਖਣੀ ਚਾਹੀਦੀ ਹੈ।

## ਅਧਿਆਪਕਾਂ ਦੀ ਦੋ ਰੋਜ਼ਾ ਧਾਰਮਿਕ ਯਾਤਰਾ ਸ਼ਰਧਾ ਨਾਲ ਸਮਾਪਤ



ਭੀਖੀ (ਗੁਰਿੰਦਰ ਸਿੰਘ ਔਲਖ)-ਸਥਾਨਕ ਸ੍ਰੀ ਤਾਰਾ ਚੰਦ ਵਿਦਿਆ ਮੰਦਰ ਸੀਨੀਅਰ ਸੈਕੰਡਰੀ ਸਕੂਲ ਦੇ ਅਧਿਆਪਕਾਂ ਵੱਲੋਂ ਦੋ ਰੋਜ਼ਾ ਧਾਰਮਿਕ ਅਤੇ ਸੱਭਿਆਚਾਰਕ ਯਾਤਰਾ ਕੀਤੀ ਗਈ।ਇਸ ਯਾਤਰਾ ਦੌਰਾਨ ਅਧਿਆਪਕਾਂ ਨੇ ਮਾਤਾ ਚਿੰਤਪੁਰਨੀ, ਮਾਤਾ ਜਵਾਲਾਜੀ ਅਤੇ ਮਾਤਾ ਚਾਮੁੰਡਾ ਦੇਵੀ ਦੇ ਪਵਿੱਤਰ ਦਰਸ਼ਨ ਕਰਕੇ ਆਸ਼ੀਰਵਾਦ ਪ੍ਰਾਪਤ ਕੀਤਾ।ਯਾਤਰਾ ਦੇ ਅੰਤ ਵਿੱਚ ਅਧਿਆਪਕਾਂ ਨੇ ਧਰਮਸ਼ਾਲਾ ਦੀਆਂ ਮਨਮੋਹਕ ਪਹਾੜੀ ਵਾਦੀਆਂ ਦਾ ਵੀ ਆਨੰਦ ਮਾਣਿਆ।ਯਾਤਰਾ ਦੀ ਰਵਾਨਗੀ ਮੌਕੇ ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬ੍ਰਿਜ ਲਾਲ ਅਤੇ ਕਮੇਟੀ ਮੈਂਬਰ ਰਾਕੇਸ਼ ਕੁਮਾਰ ਨੇ ਅਧਿਆਪਕਾਂ ਨੂੰ ਸ਼ੁਭ ਕਾਮਨਾਵਾਂ ਦਿੰਦਿਆਂ ਯਾਤਰਾ ਲਈ ਰਵਾਨਾ ਕੀਤਾ।ਯਾਤਰਾ ਦੇ ਦੂਜੇ ਦਿਨ ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬ੍ਰਿਜ ਲਾਲ ਐਡਵੋਕੇਟ ਮਨੋਜ ਕੁਮਾਰ ਅਤੇ ਸਕੂਲ ਦੇ ਪ੍ਰਿੰਸੀਪਲ ਰਪਿੰਦਰ ਪਾਟਿਆਲ ਨੇ ਵੀ ਅਧਿਆਪਕਾਂ ਨਾਲ ਯਾਤਰਾ ਵਿੱਚ ਸ਼ਮੂਲੀਅਤ ਕੀਤੀ।

## ਡਾ. ਢਿੱਲੋਂ ਵੱਲੋਂ ਗੁੱਡ ਮੋਰਨਿੰਗ ਕਲੱਬ ਦੀ ਨਵੀਂ ਕਾਰਜਕਾਰਨੀ ਦਾ ਐਲਾਨ, ਭੋਲਾ ਖੁਰਮੀ ਚੇਅਰਮੈਨ ਬਣੇ



ਕੋਟਕਪੂਰਾ (ਰਛਪਾਲ ਭੁੱਲਰ)-ਪਿਛਲੇ ਦਿਨੀਂ ਜਨਰਲ ਇਜਲਾਸ ਦੌਰਾਨ ਲਗਾਤਾਰ ਤੀਜੀ ਵਾਰ ਪ੍ਰਸਿੱਧ ਸਮਾਜਸੇਵੀ ਸੰਸਥਾ ਗੁੱਡ ਮੋਰਨਿੰਗ ਵੈਲਫੇਅਰ ਕਲੱਬ ਦੇ ਸਰਬਸੰਮਤੀ ਨਾਲ ਪ੍ਰਧਾਨ ਬਣੇ ਡਾ. ਮਨਜੀਤ ਸਿੰਘ ਢਿੱਲੋਂ ਨੂੰ ਨਵੀਂ ਕਾਰਜਕਾਰਨੀ ਦੇ ਐਲਾਨ ਕਰਨ ਦਾ ਅਧਿਕਾਰ ਦਿੱਤਾ ਗਿਆ ਸੀ ਤਾਂ ਨਵਨਿਯੁਕਤ ਪ੍ਰਧਾਨ ਡਾ. ਮਨਜੀਤ ਸਿੰਘ ਢਿੱਲੋਂ ਨੇ ਆਪਣੇ ਅਧਿਕਾਰਾਂ ਦੀ ਵਰਤੋਂ ਕਰਦਿਆਂ 14 ਮੈਂਬਰੀ ਕਾਰਜਕਾਰਨੀ ਕਮੇਟੀ ਦਾ ਐਲਾਨ ਕਰ ਦਿੱਤਾ ਹੈ।ਗੁੱਡ ਮੋਰਨਿੰਗ ਵੈਲਫੇਅਰ ਕਲੱਬ ਦੇ ਸਥਾਨਕ ਮਿਊਂਸਪਲ ਪਾਰਕ ਵਿੱਚ ਸਥਿਤ ਮੰਚ 'ਤੇ ਸਾਦੇ ਪਰ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਡਾਕਟਰ ਢਿੱਲੋਂ ਵੱਲੋਂ ਨਵੀਂ ਕਾਰਜਕਾਰਨੀ ਦੇ ਕੀਤੇ ਐਲਾਨ ਮੌਕੇ ਉਹਨਾਂ ਇਸ ਕਾਰਜਕਾਰਨੀ ਦਾ ਘੇਰਾ ਬੜਾ ਸੰਖੇਪ ਰੱਖਣ ਦੀ ਗੱਲ ਸਾਂਝੀ ਕਰਨ ਮੌਕੇ ਦੱਸਿਆ ਕਿ ਕਾਰਜਕਾਰਨੀ ਵਿੱਚ ਮੁੱਖ ਅਹੁਦੇਦਾਰਾਂ ਤੋਂ ਇਲਾਵਾ ਇੱਕ ਮੁੱਖ ਸਲਾਹਕਾਰ ਅਤੇ ਤਿੰਨ ਸਲਾਹਕਾਰ ਵੀ ਨਿਯੁਕਤ ਕੀਤੇ ਗਏ ਹਨ।ਉਹਨਾਂ ਦੱਸਿਆ ਕਿ ਚੇਅਰਮੈਨ ਮਲਕੀਤ ਸਿੰਘ ਭੋਲਾ ਖੁਰਮੀ ਨੂੰ ਬਣਾਇਆ ਗਿਆ ਹੈ ਜਦਕਿ ਮੁੱਖ ਸਰਪ੍ਰਸਤ ਗੁਰਿੰਦਰ ਸਿੰਘ ਮਹਿੰਦੀਰੱਤਾ ਬਣੇ ਹਨ।ਇਸੇ ਤਰ੍ਹਾਂ ਮੀਤ ਪ੍ਰਧਾਨ ਸੁਨੀਲ ਕੁਮਾਰ ਬਿੱਟਾ ਗਰੋਵਰ, ਉਪ ਚੇਅਰਮੈਨ ਰਵਿੰਦਰਪਾਲ ਕੋਛੜ, ਜਨਰਲ ਸਕੱਤਰ ਪ੍ਰੋਫੈਸਰ ਹਰਬੰਸ ਸਿੰਘ ਪਦਮ, ਜੁਆਇੰਟ ਸਕੱਤਰ ਮੁਖਤਿਆਰ ਸਿੰਘ ਮੱਤਾ, ਵਿੱਤ ਸਕੱਤਰ ਜਸਕਰਨ ਸਿੰਘ ਭੱਟੀ, ਉਪ ਵਿੱਤ ਸਕੱਤਰ ਸੋਮਨਾਥ ਅਰੋੜਾ ਜਦਕਿ ਗੁਰਮੀਤ ਸਿੰਘ ਮੀਤਾ ਨੂੰ ਪ੍ਰੈਸ ਸਕੱਤਰ ਨਿਯੁਕਤ ਕੀਤਾ ਗਿਆ ਹੈ।ਡਾ. ਢਿੱਲੋਂ ਨੇ ਅੱਗੇ ਦੱਸਿਆ ਕਿ ਮੁੱਖ ਸਲਾਹਕਾਰ ਵਿਨੋਦ ਕੁਮਾਰ ਬਾਂਸਲ (ਪੱਪੂ ਲਹੋਰੀਆ) ਹੋਣਗੇ ਜਦਕਿ ਡਾ. ਦੇਵਰਾਜ, ਠੇਕੇਦਾਰ ਪ੍ਰੇਮ ਮੈਣੀ ਅਤੇ ਸੁਪਰਡੈਂਟ ਸੁਰਿੰਦਰ ਸਿੰਘ ਸਦਿਉੜਾ ਨੂੰ ਸਲਾਹਕਾਰ ਬਣਾਇਆ ਗਿਆ ਹੈ।ਡਾਕਟਰ ਢਿੱਲੋ ਨੇ ਆਖਿਆ ਕਿ ਉਸ ਨੂੰ ਦੋ ਸਾਲ ਲਈ ਪ੍ਰਧਾਨ ਬਣਾਇਆ ਗਿਆ ਹੈ ਪਰ ਇਹ ਕਾਰਜਕਾਰਨੀ ਸਿਰਫ ਇਕ ਸਾਲ ਲਈ ਸਥਾਪਿਤ ਕੀਤੀ ਗਈ ਹੈ ਕਿਉਂਕਿ ਇੱਕ ਸਾਲ ਬਾਅਦ ਜੇਕਰ ਜ਼ਰੂਰਤ ਪਈ ਤਾਂ ਕਾਰਜਕਾਰਨੀ ਵਿੱਚ ਤਬਦੀਲੀ ਵੀ ਕੀਤੀ ਜਾਵੇਗੀ। ਇਸ ਤੋਂ ਇਲਾਵਾ ਅਗਲੇ ਦਿਨਾਂ ਵਿੱਚ ਇਸ ਕਾਰਜਕਾਰਨੀ ਨੂੰ ਹੋਰ ਵਿਸਥਾਰ ਦੇ ਕੇ ਨਵੇਂ ਅਹੁਦੇਦਾਰਾਂ ਦੀ ਨਿਯੁਕਤੀ ਵੀ ਸੰਭਵ ਹੈ।

# 'ਯੁੱਧ ਨਸ਼ਿਆਂ ਵਿਰੁੱਧ' ਦੇ 551 ਦਿਨ ਪੂਰੇ ਹੋਣ 'ਤੇ ਜਾਗਰੂਕਤਾ ਸੈਮੀਨਾਰ

**ਨਸ਼ਾ ਮੁਕਤ ਪੰਜਾਬ ਲਈ ਲੋਕ ਸਰਕਾਰ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੇ ਹੋਏ : ਢਿੱਲੋਂ**

**ਨਸ਼ਿਆਂ ਦੀ ਸਪਲਾਈ ਚੇਨ ਤੋੜਨ ਲਈ ਸਰਕਾਰ ਵੱਲੋਂ ਉਪਰਾਲੇ ਜਾਰੀ : ਘੁੱਲੀ**



ਧੂਰੀ/ਸੰਗਰੂਰ (ਮਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ/ਪ੍ਰਵੀਨ ਸਿੰਘ)-'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੇ 551 ਦਿਨ ਪੂਰੇ ਹੋਣ ਸਬੰਧੀ ਧੂਰੀ ਵਿਖੇ ਇੱਕ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ, ਜਿਸ ਵਿੱਚ ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ, ਚੇਅਰਮੈਨ ਮਾਰਕੀਟ ਕਮੇਟੀ ਧੂਰੀ ਰਾਜਵੰਤ ਸਿੰਘ ਘੁੱਲੀ, ਹਲਕਾ ਵਾਲੰਟੀਅਰ ਕੋਆਰਡੀਨੇਟਰ ਹਰਪ੍ਰੀਤ ਸਿੰਘ ਗਿੱਲ, ਸਰਪੰਚ ਦਵਿੰਦਰ ਸਿੰਘ ਧੂਰਾ, ਗਗਨ ਜਵੰਧਾ ਤੇ ਜਗਤਾਰ ਸਿੰਘ ਬਾਗੜੀ ਸਮੇਤ ਵੱਖ-ਵੱਖ ਪਤਵੰਤੇ ਤੇ ਇਲਾਕਾ ਵਾਸੀ ਹਾਜ਼ਰ ਹੋਏ।ਇਸ ਮੌਕੇ ਦਲਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਵਿੱਢੀ ਗਈ ਮੁਹਿੰਮ ਨੂੰ ਲੋਕਾਂ ਦਾ ਭਰਵਾਂ ਹੁੰਗਾਰਾ ਮਿਲ ਰਿਹਾ ਹੈ।ਉਨ੍ਹਾਂ ਕਿਹਾ ਕਿ ਨਸ਼ਾ ਮੁਕਤ ਪੰਜਾਬ ਦੀ ਸਿਰਜਣਾ ਲਈ ਸਰਕਾਰ, ਪੁਲਸ, ਪ੍ਰਸ਼ਾਸਨ ਤੇ ਸਮਾਜ ਦਾ ਸਾਂਝਾ ਸਹਿਯੋਗ ਜ਼ਰੂਰੀ ਹੈ ਤੇ ਲੋਕਾਂ ਦੀ ਸਰਗਰਮ ਭਾਗੀਦਾਰੀ ਨਾਲ ਇਹ ਮੁਹਿੰਮ ਇੱਕ ਮਜ਼ਬੂਤ ਲੋਕ-ਲਹਿਰ ਬਣ ਰਹੀ ਹੈ।ਉਨ੍ਹਾਂ ਕਿਹਾ ਕਿ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਨਸ਼ਾ ਤਸਕਰਾਂ ਵਿਰੁੱਧ ਸਖ਼ਤ ਕਾਰਵਾਈ ਦੇ ਨਾਲ-ਨਾਲ ਨੌਜਵਾਨਾਂ ਦੇ ਮੁੜ ਵਸੇਬੇ ਲਈ ਵੀ ਠੋਸ ਕਦਮ ਚੁੱਕੇ ਜਾ ਰਹੇ ਹਨ। ਖੇਡਾਂ, ਸਿੱਖਿਆ ਅਤੇ ਰੁਜ਼ਗਾਰ ਦੇ ਮੌਕਿਆਂ ਨਾਲ ਜੋੜਨ 'ਤੇ ਵੀ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ।ਰਾਜਵੰਤ ਸਿੰਘ ਘੁੱਲੀ ਨੇ ਕਿਹਾ ਕਿ ਨਸ਼ਿਆਂ ਦੀ ਸਪਲਾਈ ਚੇਨ ਤੋੜਨ ਦੇ ਨਾਲ ਨੌਜਵਾਨਾਂ ਨੂੰ ਉਸਾਰੂ ਗਤੀਵਿਧੀਆਂ ਨਾਲ ਜੋੜਨਾ ਸਮੇਂ ਦੀ ਮੁੱਖ ਲੋੜ ਹੈ।

ਉਨ੍ਹਾਂ ਕਿਹਾ ਕਿ ਖੇਡਾਂ ਤੇ ਸਿੱਖਿਆ ਨੌਜਵਾਨਾਂ ਨੂੰ ਸਹੀ ਦਿਸ਼ਾ ਦੇਣ ਦਾ ਪ੍ਰਭਾਵਸ਼ਾਲੀ ਸਾਧਨ ਹਨ।ਸੈਮੀਨਾਰ ਦੌਰਾਨ ਹਾਜ਼ਰੀਨ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ, ਨਸ਼ਾ ਤਸਕਰੀ ਵਿਰੁੱਧ ਕਾਨੂੰਨੀ ਕਾਰਵਾਈ ਤੇ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਵਿੱਚ ਹਰੇਕ ਨਾਗਰਿਕ ਦੀ ਭੂਮਿਕਾ ਬਾਰੇ ਜਾਗਰੂਕ ਕੀਤਾ ਗਿਆ। ਬੁਲਾਰਿਆਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਨਸ਼ਿਆਂ ਦੀ ਵਿਕਰੀ ਜਾਂ ਤਸਕਰੀ ਸਬੰਧੀ ਕੋਈ ਵੀ ਜਾਣਕਾਰੀ ਪੁਲਸ ਤੇ ਪ੍ਰਸ਼ਾਸਨ ਨਾਲ ਸਾਂਝੀ ਕੀਤੀ ਜਾਵੇ।ਇਸ ਮੌਕੇ ਹਰਪ੍ਰੀਤ ਸਿੰਘ ਗਿੱਲ, ਦਵਿੰਦਰ ਸਿੰਘ ਧੂਰਾ, ਗਗਨ ਜਵੰਧਾ ਤੇ ਜਗਤਾਰ ਸਿੰਘ ਬਾਗੜੀ ਨੇ ਵੀ 'ਯੁੱਧ ਨਸ਼ਿਆਂ ਵਿਰੁੱਧ' ਨੂੰ ਲੋਕ-ਲਹਿਰ ਬਣਾਉਣ ਲਈ ਸਾਂਝੇ ਯਤਨਾਂ ਦੀ ਲੋੜ 'ਤੇ ਜ਼ੋਰ ਦਿੱਤਾ।

## ਭਾਣਜਾ ਬਣ ਕੇ ਠੱਗੇ 14 ਲੱਖ

ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)-ਫਰੀਦਕੋਟ ਦੇ ਗੁਰੂ ਤੇਗ ਬਹਾਦਰ ਨਗਰ ਵਿੱਚ ਲਾਲ ਚੰਦ ਨਾਮੀ ਇੱਕ ਵਿਅਕਤੀ ਨਾਲ 14 ਲੱਖ ਰੁਪਏ ਦੀ ਠੱਗੀ ਵੱਜਣ ਦਾ ਸਮਾਚਾਰ ਮਿਲਿਆ ਹੈ।ਪੁਲਸ ਵੱਲੋਂ ਦਰਜ ਕੀਤੇ ਗਏ ਕੇਸ ਅਨੁਸਾਰ ਠੱਗੀ ਮਾਰਨ ਵਾਲੇ ਨੇ ਵਟਸਐਪ 'ਤੇ ਕਾਲ ਕਰਕੇ ਆਪਣੀ ਪਛਾਣ ਉਸਦੇ ਅਮਰੀਕਾ ਰਹਿੰਦੇ ਭਾਣਜੇ ਵਜੋਂ ਕਰਵਾਈ ਤੇ ਕਿਹਾ ਕਿ ਉਹ ਇੰਡੀਆ ਵਾਪਸ ਆ ਰਿਹਾ ਹੈ ਅਤੇ ਆਪਣੇ ਮਾਤਾ ਪਿਤਾ ਨੂੰ ਸਰਪ੍ਰਾਈਜ਼ ਦੇਣਾ ਚਾਹੁੰਦਾ ਹੈ।ਦਰਜ ਮੁਕਦਮੇ ਮੁਤਾਬਕ ਉਸ ਨੇ ਦੱਸਿਆ ਕਿ ਉਹ ਪੈਸੇ ਵੀ ਮਾਮੇ ਦੇ ਖਾਤੇ ਹੀ ਪਾਉਣਾ ਚਾਹੁੰਦਾ ਹੈ ਅਪਣਾ ਖਾਤਾ ਨੰਬਰ ਭੇਜੋ।ਇਸ ਉਪਰੰਤ ਉਸ ਨੇ 18 ਲੱਖ ਰੁਪਏ ਖਾਤੇ ਪਾਉਣ ਦੀ ਇੱਕ ਨਕਲੀ ਰਸੀਦ ਮਾਮੇ ਨੂੰ ਭੇਜ ਦਿੱਤੀ।ਬਾਅਦ ਵਿੱਚ ਫਿਰ ਕਾਲ ਕਰਕੇ ਕਿਹਾ ਕਿ ਉਸ ਦਾ ਪਾਸਪੋਰਟ ਅਟਕ ਗਿਆ ਹੈ ਤੇ ਹੁਣੇ 14 ਲੱਖ ਰੁਪਏ ਦੀ ਜ਼ਰੂਰਤ ਹੈ ਤੇ ਮਾਮੇ ਨੇ ਨਕਲੀ ਭਾਣਜੇ ਦੀ ਗੱਲ ਮੰਨ ਕੇ ਉਸ ਨੂੰ 14 ਲੱਖ ਰੁਪਏ ਖਾਤੇ ਵਿੱਚ ਪਾ ਦਿੱਤੇ।ਉਸ ਤੋਂ ਬਾਅਦ ਜਦੋਂ ਅਸਲੀ ਭਾਣਜੇ ਨਾਲ ਗੱਲ ਹੋਈ ਤਾਂ ਸਾਰਾ ਭੇਦ ਖੁੱਲ੍ਹਿਆ।ਫਿਰ ਲਾਲ ਚੰਦ ਨੇ 1930 ਨੰਬਰ 'ਤੇ ਕਾਲ ਕਰਕੇ ਸਾਰੀ ਜਾਣਕਾਰੀ ਦਿੱਤੀ ਤੇ ਹੁਣ ਸਾਈਬਰ ਕ੍ਰਾਈਮ ਥਾਣੇ ਵਿੱਚ ਕੇਸ ਦਰਜ ਕਰ ਲਿਆ ਹੈ।

## ਰਾਤੋ-ਰਾਤ ਦਰਜਨਾਂ ਹਰੇ-ਭਰੇ ਦਰੱਖਤ ਵੱਢੇ, ਲੋਕਾਂ ਵਿੱਚ ਰੋਸ



ਮੁਕਤਸਰ (ਰਾਜਪਾਲ ਸਿੰਗਲਾ)-ਸ਼ਹਿਰ ਦੇ ਵਿਚਕਾਰ ਪੁਰਾਣੇ ਬੱਸ ਸਟੈਂਡ ਨੇੜੇ ਟੈਂਕੀ ਵਾਲੇ ਵਾਟਰ ਵਰਕਸ ਵਿੱਚ 13 ਅਤੇ 14 ਸਤੰਬਰ ਦੀ ਦਰਮਿਆਨੀ ਰਾਤ ਨੂੰ ਦਰਜਨਾਂ ਹਰੇ-ਭਰੇ ਦਰੱਖਤ ਵੱਢੇ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ।ਦੱਸਿਆ ਜਾ ਰਿਹਾ ਹੈ ਕਿ ਕੱਟੇ ਗਏ ਦਰੱਖਤ 35 ਤੋਂ 40 ਸਾਲ ਪੁਰਾਣੇ ਸਨ।ਇਸ ਘਟਨਾ ਕਾਰਨ ਸ਼ਹਿਰ ਵਾਸੀਆਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।ਸ਼ਹਿਰ ਦੇ ਲੋਕਾਂ ਨੂੰ ਇਸ ਘਟਨਾ ਦਾ ਸਵੇਰੇ ਪਤਾ ਲੱਗਣ 'ਤੇ ਸ਼ਹਿਰ ਦੇ ਕਈ ਕੌਂਸਲਰਾਂ ਅਤੇ ਕਮੇਟੀ ਮੈਂਬਰ ਅਤੇ ਪਤਵੰਤੇ ਸੱਜਣ ਥਾਣਾ ਸਿਟੀ ਪਹੁੰਚੇ ਅਤੇ ਦੋਸ਼ੀਆਂ ਖ਼ਿਲਾਫ ਥਾਣੇ ਦੇ ਅੱਗੇ ਧਰਨਾ ਦੇ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ।ਜਿਸ ਵਿੱਚ ਧਰਨਾਕਾਰੀਆਂ ਦੀ ਮੰਗ ਸੀ ਕਿ ਦੋਸ਼ੀਆਂ ਵਿਰੁੱਧ ਤੁਰੰਤ ਐਫ਼ਆਈਆਰ ਦਰਜ ਕਰਕੇ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ।

## ਪੀ ਜੀ ਆਈ ਚੰਡੀਗੜ੍ਹ ਦੇ ਪ੍ਰੋਜੈਕਟ ਸਾਰਥੀ ਨੂੰ ਮਿਲਿਆ ਰਾਸ਼ਟਰੀ ਸਨਮਾਨ



ਸਮਰਾਲਾ (ਸੁਰਜੀਤ ਸਿੰਘ)-ਨਾਗਪੁਰ ਵਿਖੇ ਕਰਵਾਈ ਗਈ ਰਾਸ਼ਟਰੀ ਮਰੀਜ਼ ਸੁਰੱਖਿਆ ਕਾਨਫਰੰਸ ਵਿੱਚ 'ਉੱਤਮ ਸਵੈਇੱਛਾ ਪ੍ਰਥਾ' ਵਜੋਂ ਸਨਮਾਨਿਤ ਪੀ ਜੀ ਆਈ ਚੰਡੀਗੜ੍ਹ ਨੂੰ ਮਰੀਜ਼ਾਂ ਦੇ ਮਾਰਗਦਰਸ਼ਨ ਅਤੇ ਨੇਵੀਗੇਸ਼ਨ ਨਾਲ ਸਬੰਧਤ ਆਪਣੀ ਪ੍ਰਮੁੱਖ ਪਹਿਲਕਦਮੀ ਪ੍ਰੋਜੈਕਟ ਸਾਰਥੀ ਲਈ ਰਾਸ਼ਟਰੀ ਪੱਧਰ 'ਤੇ ਸਨਮਾਨ ਪ੍ਰਾਪਤ ਹੋਇਆ ਹੈ।ਇਹ ਸਨਮਾਨ ਰਾਸ਼ਟਰੀ ਮਰੀਜ਼ ਸੁਰੱਖਿਆ ਕਾਨਫਰੰਸ ਜੋ ਏਮਜ਼ ਨਾਗਪੁਰ ਵੱਲੋਂ ਰਾਸ਼ਟਰੀ ਮਰੀਜ਼ ਸੁਰੱਖਿਆ ਸਕੱਤਰੇਤ, ਸਿਹਤ ਸੇਵਾਵਾਂ ਦੇ ਡਾਇਰੈਕਟੋਰੇਟ ਜਨਰਲ, ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲਾ, ਭਾਰਤ ਸਰਕਾਰ ਦੇ ਸਹਿਯੋਗ ਨਾਲ ਕਰਵਾਈ ਗਈ, ਦੌਰਾਨ ਪ੍ਰਦਾਨ ਕੀਤਾ ਗਿਆ।ਇਸ ਪ੍ਰਾਪਤੀ 'ਤੇ ਖ਼ੁਸ਼ੀ ਪ੍ਰਗਟ ਕਰਦਿਆਂ ਪ੍ਰੋ. ਵਿਵੇਕ ਲਾਲ, ਡਾਇਰੈਕਟਰ ਪੀ ਜੀ ਆਈ ਨੇ ਕਿਹਾ, ਪ੍ਰੋਜੈਕਟ ਸਾਰਥੀ ਨੂੰ ਮਿਲਿਆ ਇਹ ਰਾਸ਼ਟਰੀ ਸਨਮਾਨ ਪੀ ਜੀ ਆਈ ਲਈ ਬਹੁਤ ਮਾਣ ਵਾਲੀ ਗੱਲ ਹੈ।ਸਾਰਥੀ ਇਹ ਦਰਸਾਉਂਦਾ ਹੈ ਕਿ ਹਮਦਰਦੀ, ਸਵੈ-ਸੇਵਾ ਅਤੇ ਜ਼ਿੰਮੇਵਾਰ ਨਾਗਰਿਕਤਾ ਦੀ ਭਾਵਨਾ ਰਾਹੀਂ ਸਿਹਤ ਸੇਵਾਵਾਂ ਨੂੰ ਹੋਰ ਸੁਖਾਲਾ ਅਤੇ ਮਨੁੱਖੀ ਬਣਾਇਆ ਜਾ ਸਕਦਾ ਹੈ।ਇਸੇ ਭਾਵਨਾ ਦਾ ਪ੍ਰਗਟਾਵਾ ਕਰਦਿਆਂ ਪੰਕਜ ਰਾਏ, ਉਪ-ਡਾਇਰੈਕਟਰ (ਪ੍ਰਸ਼ਾਸਨ), ਪੀ ਜੀ ਆਈ ਨੇ ਕਿਹਾ ਕਿ ਸਾਰਥੀ ਨੇ ਇਹ ਸਾਬਤ ਕੀਤਾ ਹੈ ਕਿ ਇੱਕ ਸੁਚੱਜਾ ਸਵੈ-ਸੇਵੀ ਪ੍ਰੋਗਰਾਮ ਮਰੀਜ਼ਾਂ ਦੇ ਤਜਰਬੇ ਅਤੇ ਹਸਪਤਾਲ ਦੀ ਕਾਰਜਕੁਸ਼ਲਤਾ 'ਤੇ ਸਾਰਥਕ ਪ੍ਰਭਾਵ ਪਾ ਸਕਦਾ ਹੈ।ਮੈਡਮ ਸਰਯੂ ਡੀ. ਮਦਰਾ, ਕੰਸਲਟੈਂਟ (ਮੀਡੀਆ) ਅਤੇ ਸਹਿ-ਜਨਸੰਪਰਕ ਅਧਿਕਾਰੀ ਪੀ ਜੀ ਆਈ ਚੰਡੀਗੜ੍ਹ ਨੇ ਰਾਸ਼ਟਰੀ ਮੰਚ 'ਤੇ ਪੀ ਜੀ ਆਈ ਦੀ ਨੁਮਾਇੰਦਗੀ ਕੀਤੀ ਅਤੇ ਪ੍ਰੋਜੈਕਟ ਸਾਰਥੀ ਬਾਰੇ ਪੇਸ਼ਕਾਰੀ ਦਿੱਤੀ।

## ਅਮਨ ਅਰੋੜਾ ਦੀ ਰਿਹਾਇਸ਼ ਬਾਹਰ ਏਕਤਾ ਆਜ਼ਾਦ ਵੱਲੋਂ ਪੱਕਾ ਮੋਰਚਾ ਸ਼ੁਰੂ



ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)-ਭਾਰਤੀ ਕਿਸਾਨ ਯੂਨੀਅਨ ਏਕਤਾ ਆਜ਼ਾਦ ਵੱਲੋਂ ਕਿਸਾਨ ਮਜ਼ਦੂਰ ਮੋਰਚਾ ਦੇ ਸੱਦੇ 'ਤੇ ਰਾਜ ਆਗੂ ਦਿਲਬਾਗ ਸਿੰਘ ਹਰੀਗੜ੍ਹ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੇ ਪੰਜਾਬ ਪ੍ਰਧਾਨ ਤੇ ਕੈਬਨਿਟ ਮੰਤਰੀ ਅਮਨ ਅਰੋੜਾ ਦੀ ਸੁਨਾਮ ਸਥਿਤ ਰਿਹਾਇਸ਼ ਦੇ ਬਾਹਰ ਪੱਕਾ ਮੋਰਚਾ ਸ਼ੁਰੂ ਕਰ ਦਿੱਤਾ ਗਿਆ ਹੈ।ਮੋਰਚੇ ਵਿੱਚ ਵੱਡੀ ਗਿਣਤੀ ਵਿੱਚ ਕਿਸਾਨਾਂ, ਨੌਜਵਾਨਾਂ ਤੇ ਔਰਤਾਂ ਨੇ ਸ਼ਮੂਲੀਅਤ ਕੀਤੀ।ਕਿਸਾਨ ਆਪਣੇ ਟਰੈਕਟਰ-ਟਰਾਲੀਆਂ, ਤਿਰਪਾਲਾਂ ਤੇ ਰਾਸ਼ਨ-ਪਾਣੀ ਸਮੇਤ ਮੋਰਚੇ ਵਾਲੀ ਥਾਂ 'ਤੇ ਪਹੁੰਚੇ।ਕਿਸਾਨ ਆਗੂਆਂ ਨੇ ਕਿਹਾ ਕਿ ਮੰਗਾਂ ਦੀ ਪੂਰਤੀ ਹੋਣ ਤੱਕ ਇਹ ਮੋਰਚਾ ਜਾਰੀ ਰਹੇਗਾ।ਕਿਸਾਨਾਂ ਨੇ ਮੰਗ ਕੀਤੀ ਕਿ ਖੇਤੀਬਾੜੀ ਮੋਟਰਾਂ ਲਈ ਨਿਰਵਿਘਨ ਬਿਜਲੀ ਸਪਲਾਈ ਯਕੀਨੀ ਬਣਾਈ ਜਾਵੇ ਤੇ ਡੀਏਪੀ ਤੇ ਯੂਰੀਆ ਖਾਦ ਦੀ ਲੋੜ ਅਨੁਸਾਰ ਉਪਲਬਧਤਾ ਕਰਵਾਈ ਜਾਵੇ।ਇਸ ਤੋਂ ਇਲਾਵਾ ਮੱਕਾ, ਮੂੰਗ, ਬਾਸਮਤੀ ਤੇ ਆਲੂ ਸਮੇਤ ਹੋਰ ਫ਼ਸਲਾਂ ਲਈ ਐੱਮ ਐੱਸ ਪੀ ਦੀ ਸਰਕਾਰੀ ਗਾਰੰਟੀ ਦਿੱਤੀ ਜਾਵੇ।ਮੋਰਚਾਕਾਰਾਂ ਨੇ ਬਿਜਲੀ ਸੋਧ ਬਿੱਲ-2025, ਬੀਜ ਬਿੱਲ-2025 ਤੇ ਲੈਂਡ ਪੂਲਿੰਗ ਪਾਲਸੀ ਨੂੰ ਤੁਰੰਤ ਰੱਦ ਕਰਨ ਦੀ ਵੀ ਮੰਗ ਕੀਤੀ।ਕਿਸਾਨ ਆਗੂਆਂ ਦਾ ਕਹਿਣਾ ਹੈ ਕਿ ਸਰਕਾਰ ਨੂੰ ਕਿਸਾਨਾਂ ਦੀਆਂ ਮੰਗਾਂ ਨੂੰ ਗੰਭੀਰਤਾ ਨਾਲ ਲੈਂਦਿਆਂ ਇਨ੍ਹਾਂ ਦਾ ਤੁਰੰਤ ਹੱਲ ਕਰਨਾ ਚਾਹੀਦਾ ਹੈ।ਇਸ ਮੌਕੇ ਦਿਲਬਾਗ ਸਿੰਘ, ਗੁਰਦੇਵ ਸਿੰਘ, ਲਖਵੀਰ ਸਿੰਘ, ਜਗਰਾਜ ਸਿੰਘ, ਕੁਲਵਿੰਦਰ ਸਿੰਘ ਸੋਨੀ, ਰਾਜ ਸਿੰਘ, ਪਰਵਿੰਦਰ ਸਿੰਘ, ਚਮਕੌਰ ਸਿੰਘ, ਜਗਦੇਵ ਸਿੰਘ, ਗੁਰਮੇਲ ਸਿੰਘ ਅਤੇ ਜਗਰਾਜ ਸਿੰਘ ਸਮੇਤ ਹੋਰ ਕਿਸਾਨ ਆਗੂ ਤੇ ਵਰਕਰ ਹਾਜ਼ਰ ਸਨ।

## ਤਾਏ ਨੇ ਗੋਲੀ ਮਾਰ ਕੇ ਭਤੀਜੇ ਦਾ ਕੀਤਾ ਕਤਲ



ਜ਼ੀਰਾ (ਨਰਿੰਦਰ ਅਨੇਜਾ)-ਜ਼ੀਰਾ ਦੇ ਨੇੜਲੇ ਪਿੰਡ ਮਨਸੂਰਵਾਲ ਕਲਾਂ ਵਿੱਚ ਆਪਣੇ ਹੀ ਭਤੀਜੇ ਨੂੰ ਕਤਲ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਮ੍ਰਿਤਕ ਦੇ ਦੂਸਰੇ ਤਾਏ ਜਸਵੰਤ ਸਿੰਘ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਮੇਰਾ ਵੱਡਾ ਭਰਾ, ਜਿਸ ਦਾ ਨਾਂਅ ਜਸਵਿੰਦਰ ਸਿੰਘ ਹੈ, ਕ੍ਰਿਮੀਨਲ ਟਾਈਪ ਦਾ ਆਦਮੀ ਹੈ, ਅੱਗੇ ਵੀ ਕੁਝ ਸਾਲ ਪਹਿਲਾਂ ਆਪਣੇ ਸਾਲੇ ਦਾ ਕਤਲ ਕਰ ਦਿੱਤਾ ਸੀ, ਮੇਰਾ ਵੀ ਘਰ ਬਾਹਰ ਸਾਰਾ ਭੰਨ ਦਿੱਤਾ ਹੋਇਆ ਅਤੇ ਮੈਂ ਇਸ ਦੇ ਡਰ ਵਜੋਂ ਛੇ ਮਹੀਨਿਆਂ ਤੋਂ ਪਾਸੇ ਪਿੰਡ ਰਹਿ ਰਿਹਾ ਹਾਂ ਤੇ ਅੱਜ ਮੇਰਾ ਭਤੀਜਾ, ਜਿਸ ਦਾ ਨਾਂਅ ਗੁਰਵਿੰਦਰ ਸਿੰਘ ਹੈ, ਆਪਣੀ ਜ਼ਮੀਨ ਵਿੱਚ ਚਬੱਚਾ ਬਣਾ ਰਿਹਾ ਸੀ, ਉਸ ਨੂੰ ਕਹਿਣ ਲੱਗਾ ਕਿ ਇਸ ਜਗ੍ਹਾ 'ਚ ਚਬੱਚਾ ਨਾ ਬਣਾ, ਜਦੋਂ ਉਹ ਚਬੱਚਾ ਬਣਾਉਣ ਤੋਂ ਨਹੀਂ ਰੁਕਿਆ ਤਾਂ ਉਸ ਦੇ ਤਾਏ ਜਸਵਿੰਦਰ ਸਿੰਘ ਨੇ ਆਪਣੇ ਹੀ ਭਤੀਜੇ ਦੇ ਗੋਲੀ ਮਾਰ ਕੇ ਉਸ ਦਾ ਕਤਲ ਕਰ ਦਿੱਤਾ।

ਇਸ ਟਾਈਮ ਗੁਰਵਿੰਦਰ ਸਿੰਘ ਦਾ ਬਾਪ ਮਨੀਲਾ ਵਿੱਚ ਹੈ। ਡੀ ਐੱਸ ਪੀ ਨੇ ਕਤਲ ਬਾਰੇ ਜਾਣਕਾਰੀ ਦਿੰਦੇ ਦੱਸਿਆ ਕਿ ਜ਼ਮੀਨ ਦੀ ਵੰਡ ਨੂੰ ਲੈ ਕੇ ਜਸਵਿੰਦਰ ਸਿੰਘ ਨੇ ਆਪਣੇ ਭਤੀਜੇ ਗੁਰਵਿੰਦਰ ਸਿੰਘ ਦਾ ਗੋਲੀ ਮਾਰ ਕੇ ਕਤਲ ਕਰ ਦਿੱਤਾ ਤੇ ਉਹ ਫਰਾਰ ਹੈ ਅਤੇ ਉਸ ਦੀ ਭਾਲ ਜਾਰੀ ਹੈ। ਜਲਦ ਹੀ ਉਸ ਨੂੰ ਗ੍ਰਿਫਤਾਰ ਕਰਕੇ ਉਸ ਦੇ ਵਿਰੁੱਧ, ਜੋ ਵੀ ਬਣਦੀ ਕਾਨੂੰਨਨ ਕਾਰਵਾਈ ਕੀਤੀ ਜਾਵੇਗੀ।

## ਵੱਖ-ਵੱਖ ਸਿਆਸੀ ਪਾਰਟੀਆਂ ਦੇ ਕਈ ਪਰਵਾਰ ਅਕਾਲੀ ਦਲ ਵਾਰਿਸ ਪੰਜਾਬ ਦੇ 'ਚ ਸ਼ਾਮਲ



ਮੱਖੂ (ਰਛਪਾਲ ਸਿੰਘ ਸੰਧੂ)-ਅਕਾਲੀ ਦਲ ਵਾਰਸ ਪੰਜਾਬ ਦੇ ਨੂੰ ਉਸ ਵਕਤ ਭਾਰੀ ਬਲ ਮਿਲਿਆ ਜਦ ਬਲਾਕ ਮੱਖੂ ਦੇ ਪਿੰਡ ਖੰਨਾ ਅਤੇ ਬੱਲ ਦੇ ਕਈ ਪਰਵਾਰ ਵੱਖ ਵੱਖ ਸਿਆਸੀ ਪਾਰਟੀਆਂ ਨੂੰ ਆਖ ਹਲਕਾ ਇੰਚਾਰਜ ਜ਼ੀਰਾ ਹਰਜਿੰਦਰ ਸਿੰਘ ਸੰਧੂ ਦੀ ਅਗਵਾਈ ਹੇਠ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸ਼ਾਮਲ ਹੋਏ। ਇਸ ਮੌਕੇ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸ਼ਾਮਲ ਹੋਏ ਪਰਵਾਰਾਂ ਦਾ ਸਵਾਗਤ ਕਰਦਿਆਂ ਹਲਕਾ ਇੰਚਾਰਜ ਹਰਜਿੰਦਰ ਸਿੰਘ ਸੰਧੂ ਨੇ ਕਿਹਾ ਕਿ ਪੰਜਾਬ ਦੇ ਪੁੱਤਰਾਂ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਕੱਢਣ ਅਤੇ ਪੰਜਾਬ ਦੇ ਭਵਿੱਖ ਨੂੰ ਬਚਾਉਣ ਲਈ ਸਾਨੂੰ ਸਾਰਿਆਂ ਨੂੰ ਇਕੱਠੇ ਹੋਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਆਓ ਇਕੱਠੇ ਹੋ ਕੇ ਭਾਈ ਅਮ੍ਰਿਤਪਾਲ ਸਿੰਘ ਖਾਲਸਾ ਦਾ ਸਾਥ ਦੇਈਏ ਅਤੇ 2027 ਵਿੱਚ ਭਾਈ ਅਮ੍ਰਿਤਪਾਲ ਸਿੰਘ ਦੀ ਅਗਵਾਈ ਵਿੱਚ ਸਰਕਾਰ ਬਣਾਈਏ ਤਾਂ ਜੋ ਪੰਜਾਬ ਦੇ ਲੋਕਾਂ ਦੇ ਮੁੱਦਿਆਂ ਦਾ ਹੱਲ ਕਰਵਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਸਮਝ ਕੇ ਇਸ ਮੌਕੇ ਨਰਿੰਦਰ ਸਿੰਘ ਸਰਕਲ ਪ੍ਰਧਾਨ ਮੱਖੂ, ਕਾਬਲ ਸਿੰਘ ਬੂਟੇ ਵਾਲਾ ਸਰਕਲ ਪ੍ਰਧਾਨ ਮੱਲਾਂਵਾਲਾ, ਰਘਵੀਰ ਸਿੰਘ ਸਨ੍ਹੇਰ ਸਰਕਲ ਪ੍ਰਧਾਨ ਜ਼ੀਰਾ, ਜ਼ਿਲ੍ਹਾ ਆਗੂ ਰਣਜੀਤ ਸਿੰਘ ਬੰਬ, ਸਰਬਜੀਤ ਸਿੰਘ ਤਲਵੰਡੀ, ਜੱਥੇਦਾਰ ਗੁਰਦੀਪ ਸਿੰਘ ਗੁਰਾਲੀ, ਕੁਲਬੀਰ ਸਿੰਘ ਪੀਰਮੁਹੰਮਦ, ਹਰਨੇਕ ਸਿੰਘ ਖੰਨਾ, ਡਾ. ਜਗਤਾਰ ਸਿੰਘ ਬੱਲ, ਗੁਰਜੰਟ ਸਿੰਘ ਖੰਨਾ, ਬਲਵਿੰਦਰ ਸਿੰਘ ਪੱਧਰੀ, ਸਾਹਿਬ ਸਿੰਘ ਰਸੂਲਪੁਰ ਜ਼ਿਲ੍ਹਾ ਆਗੂ, ਬੂਟਾ ਸਿੰਘ, ਜਸਵੰਤ ਸਿੰਘ ਅਮੀਰ ਸ਼ਾਹ ਸਮੇਤ ਹੋਰ ਪਾਰਟੀ ਆਗੂ ਅਤੇ ਵਰਕਰ ਹਾਜ਼ਰ ਸਨ।

## ਨਾਨਕਸਰ ਠਾਠ ਵਿਖੇ ਸੰਤ ਸਮਾਗਮ 'ਚ ਸੰਤਾਂ-ਮਹਾਂਪੁਰਸ਼ਾਂ ਨੇ ਭਰੀ ਹਾਜ਼ਰੀ

### ਅੱਜ ਸਜਾਇਆ ਜਾਵੇਗਾ ਵਿਸ਼ਾਲ ਨਗਰ ਕੀਰਤਨ



ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਸੰਤ ਬਾਬਾ ਨੰਦ ਸਿੰਘ ਜੀ ਅਤੇ ਸੰਤ ਬਾਬਾ ਈਸ਼ਰ ਸਿੰਘ ਜੀ ਨਾਨਕਸਰ ਕਲੇਰਾਂ ਵਾਲਿਆਂ ਦੀ ਯਾਦ ਨੂੰ ਸਮਰਪਤ ਨਾਨਕਸਰ ਠਾਠ ਮਹਿਲ ਕਲਾਂ ਵਿਖੇ 61ਵਾਂ ਸੱਤ ਰੋਜ਼ਾ ਸਾਲਾਨਾ ਸੰਤ ਸਮਾਗਮ ਸ਼ਰਧਾ-ਭਾਵਨਾ ਨਾਲ ਜਾਰੀ ਹੈ।ਚੌਥੇ ਦੀਵਾਨ ਦੌਰਾਨ ਸੰਤ ਬਾਬਾ ਚਮਕੌਰ ਸਿੰਘ ਪੰਜਗਰਾਈਆਂ, ਬਾਬਾ ਬੱਗਾ ਸਿੰਘ ਵਿਰਕਾਂ, ਬਾਬਾ ਨਾਮਦੇਵ ਜੀ ਘੱਗਾ, ਬਾਬਾ ਮੁਖ਼ਤਿਆਰ ਸਿੰਘ ਬੀੜ ਬ੍ਰਹਮਣ, ਬਾਬਾ ਹਰਭਜਨ ਸਿੰਘ ਧਨੇਰ, ਰਾਗੀ ਭੋਲਾ ਸਿੰਘ ਸਹਿਜੜਾ, ਬਾਬਾ ਸ਼ੇਰ ਸਿੰਘ ਖਾਲਸਾ ਤੇ ਬਾਬਾ ਸੁਖਵਿੰਦਰ ਸਿੰਘ ਕੱਟੂ ਨੇ ਕਥਾ-ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ।ਮੁੱਖ ਸੇਵਾਦਾਰ ਸੰਤ ਬਾਬਾ ਕੇਹਰ ਸਿੰਘ, ਬਾਬਾ ਗੁਰਦੀਪ ਸਿੰਘ ਤੇ ਮਹੰਤ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ 16 ਸਤੰਬਰ ਨੂੰ ਵਿਸ਼ਾਲ ਨਗਰ ਕੀਰਤਨ ਨਾਨਕਸਰ ਠਾਠ ਤੋਂ ਆਰੰਭ ਹੋ ਕੇ ਪੂਰੇ ਨਗਰ ਦੀ ਪਰਿਕਰਮਾ ਉਪਰੰਤ ਸ਼ਾਮ ਨੂੰ ਇੱਥੇ ਹੀ ਸਮਾਪਤ ਹੋਵੇਗਾ।ਇਸ ਮੌਕੇ ਪੰਥ ਪ੍ਰਸਿੱਧ ਰਾਗੀ, ਢਾਡੀ ਤੇ ਕਵੀਸ਼ਰੀ ਜਥੇ ਸੰਗਤਾਂ ਨੂੰ ਨਿਹਾਲ ਕਰਨਗੇ।

## ਲਾਇਨਜ਼ ਕਲੱਬ ਰਾਇਲ ਨੇ ਮਨਾਇਆ ਵਣ-ਮਹਾਂਉਤਸਵ



ਕੋਟਕਪੂਰਾ (ਰਛਪਾਲ ਭੁੱਲਰ)-ਲਾਇਨਜ਼ ਕਲੱਬ ਕੋਟਕਪੂਰਾ ਰਾਇਲ ਵੱਲੋਂ ਰੁੱਖ ਲਾਉ-ਵਾਤਾਵਰਣ ਬਚਾਉ ਦੇ ਬੈਨਰ ਹੇਠ ਚੌਥਾ ਵਣ ਮਹਾਂਉਤਸਵ ਸੇਵਾਮੁਕਤ ਇੰਜੀ. ਆਫੀਸਰ ਐਸੋਸੀਏਸ਼ਨ ਪਾਵਰਕਾਮ ਜ਼ਿਲ੍ਹਾ ਮੋਗਾ ਦੇ ਸਹਿਯੋਗ ਨਾਲ ਸੁੱਖ ਸਾਗਰ ਬ੍ਰਹਮ ਕੁਮਾਰੀਜ਼ ਮੈਡੀਟੇਸ਼ਨ ਰੀਟ ਰੀਟ ਸੈਂਟਰ ਕੋਠੇ ਰਾਮਸਰ ਬਠਿੰਡਾ ਰੋਡ ਕੋਟਕਪੂਰਾ ਵਿਖੇ ਫਲਦਾਰ, ਫੁੱਲਦਾਰ ਤੇ ਛਾਂਦਾਰ ਬੂਟੇ ਲਾ ਕੇ ਮਨਾਇਆ ਗਿਆ।ਪੀਆਰਓ ਨੰਬਰਦਾਰ ਸੁਖਵਿੰਦਰ ਸਿੰਘ ਪੱਪੂ ਤੇ ਪ੍ਰੋਜੈਕਟ ਚੇਅਰਮੈਨ ਸੰਜੀਵ ਅਹੂਜਾ ਕਿੱਟੂ ਨੇ ਦੱਸਿਆ ਕਿ 'ਲਾਇਨਜ਼ ਇੰਟਰਨੈਸ਼ਨਲ ਮਲਟੀਪਲ-321 ਦੇ ਵਾਤਾਵਰਨ ਪ੍ਰੋਜੈਕਟ ਕੋਆਰਡੀਨੇਟਰ ਯੋਗੇਸ਼ ਸੋਨੀ ਤੇ ਜ਼ਿਲ੍ਹਾ ਗਵਰਨਰ ਅਜੇ ਗੋਇਲ ਦੇ ਹੁਕਮਾਂ ਦੀ ਪਾਲਣਾ ਕੀਤੀ।ਕਲੱਬ ਦੇ ਪ੍ਰਧਾਨ ਇੰਜੀ. ਭੁਪਿੰਦਰ ਸਿੰਘ ਤੇ ਆਫੀਸਰ ਐਸੋਸੀਏਸ਼ਨ ਦੇ ਵਾਈਸ ਪ੍ਰਧਾਨ ਪਿਆਰੇ ਲਾਲ ਸ਼ਰਮਾ ਨੇ ਵਾਤਾਵਰਣ ਦੀ ਸੰਭਾਲ ਤੇ ਸ਼ੁਧਤਾ ਬਾਰੇ ਭਰਪੂਰ ਜਾਣਕਾਰੀ ਸਾਂਝੀ ਕੀਤੀ।ਇਸ ਮੌਕੇ ਬ੍ਰਹਮ ਕੁਮਾਰੀ ਭੈਣ ਪ੍ਰੇਮਾ ਦੇਵੀ, ਸੁਨੀਤਾ ਦੇਵੀ ਤੇ ਜਗਦੀਸ਼ ਕੁਮਾਰ ਨੇ ਕਲੱਬ ਦੇ ਉਕਤ ਉਪਰਾਲੇ ਦੀ ਪ੍ਰਸੰਸਾ ਕੀਤੀ।ਇਸ ਮੌਕੇ ਉਪਰੋਕਤ ਤੋਂ ਇਲਾਵਾ ਸੁਰਜੀਤ ਸਿੰਘ ਘੁਲਿਆਣੀ, ਮਨਜੀਤ ਸਿੰਘ ਲਵਲੀ, ਨਛੱਤਰ ਸਿੰਘ ਆਦਿ ਨੇ ਵੀ ਸੰਬੋਧਨ ਕੀਤਾ।

## ਬਾਬਾ ਫਰੀਦ ਲਾਅ ਕਾਲਜ ਵਿਖੇ ਗੈੱਸਟ ਲੈਕਚਰ ਕਰਵਾਇਆ



ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)-ਬਾਬਾ ਫਰੀਦ ਲਾਅ ਕਾਲਜ ਫਰੀਦਕੋਟ ਵਿੱਚ ਮਾਨਯੋਗ ਚੇਅਰਮੈਨ ਸਵ. ਇੰਦਰਜੀਤ ਸਿੰਘ ਖਾਲਸਾ ਦੀ ਅਗਾਂਹਵਧੂ ਸੋਚ ਨੂੰ ਅੱਗੇ ਵਧਾਉਂਦੇ ਹੋਏ ਸ. ਸਿਮਰਜੀਤ ਸਿੰਘ ਸੇਖੋਂ ਦੀ ਰਹਿਨੁਮਾਈ ਤੇ ਪ੍ਰਿੰਸੀਪਲ ਡਾ. ਵਰਿੰਦਰ ਕੁਮਾਰ ਕੌਸ਼ਿਕ ਦੀ ਅਗਵਾਈ ਹੇਠ 10 ਸਤੰਬ ਵੀਰਵਾਰ ਨੂੰ ਅਧਿਆਪਕ ਦਿਵਸ ਨੂੰ ਸਮਰਪਤ ਅਧਿਆਪਕ ਦੀ ਭੂਮਿਕਾ ਤੇ ਸਿੱਖਿਆ ਨੀਤੀ ਵਿਸ਼ੇ 'ਤੇ ਗੈਸਟ ਲੈਕਚਰ ਕਰਵਾਇਆ ਗਿਆ, ਜਿਸ ਵਿੱਚ ਡਾ. ਮੋਹਣ ਸਿੰਘ ਸੱਗੂ ਨੇ ਸਟੇਜ ਸੰਚਾਲਨ ਕਰਦੇ ਹੋਏ ਵਿਦਿਆਰਥੀਆਂ ਨਾਲ ਡਾ. ਰਮਿੰਦਰ ਸਿੰਘ (ਮੁਖੀ, ਪੰਜਾਬੀ ਯੂਨੀਵਰਸਿਟੀ ਰਿਜਨਲ ਸੈਂਟਰ ਬਠਿੰਡਾ ਤੇ ਡੀਨ ਫੈਕਲਟੀ ਆਫ ਐਜੂਕੇਸ਼ਨ ਤੇ ਇਨਫਰਮੇਸ਼ਨ ਸਾਇੰਸ) ਨੂੰ ਰੂ-ਬ-ਰੂ ਕਰਵਾਇਆ।ਡਾ. ਰਮਿੰਦਰ ਸਿੰਘ ਨੇ ਬੀ.ਏ. ਐੱਲ.ਐੱਲ.ਬੀ. ਭਾਗ-ਚੌਥਾ ਤੇ ਪੰਜਵਾਂ ਦੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਸਿੱਖਿਆ ਨੀਤੀ, ਅਧਿਆਪਕ ਦੀ ਭੂਮਿਕਾ, ਵਿਹਾਰ ਵਿੱਚ ਪਰਿਵਰਤਨ, ਪੜ੍ਹਨ ਦੀ ਆਦਤ ਤੇ 19 ਦੀ ਘੱਟ ਵਰਤੋਂ ਆਦਿ ਵਿਸ਼ਿਆਂ ਬਾਰੇ ਜਾਣਕਾਰੀ ਦਿੱਤੀ।ਕਾਲਜ ਦੇ ਪ੍ਰਿੰਸੀਪਲ ਡਾ. ਵਰਿੰਦਰ ਕੁਮਾਰ ਕੌਸ਼ਿਕ ਨੇ ਡਾ. ਰਮਿੰਦਰ ਸਿੰਘ ਦਾ ਕਾਲਜ ਵਿਖੇ ਪਹੁੰਚਣ 'ਤੇ ਧੰਨਵਾਦ ਕੀਤਾ।ਉਨ੍ਹਾਂ ਆਏ ਹੋਏ ਮੁੱਖ ਮਹਿਮਾਨ ਡਾ. ਰਮਿੰਦਰ ਸਿੰਘ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਵੀ ਕੀਤਾ।ਇਸ ਮੌਕੇ ਡਾ. ਨਵਜੋਤ ਕੌਰ, ਮਨਿੰਦਰ ਸਿੰਘ ਤੇ ਮਿਸ ਅਮਨਦੀਪ ਕੌਰ ਮੌਜੂਦ ਰਹੇ।

## ਦਸਮੇਸ਼ ਗਲੋਰੀਅਸ ਪਬਲਿਕ ਸਕੂਲ 'ਚ ਹਿੰਦੀ ਦਿਵਸ ਮਨਾਇਆ



ਕੋਟਕਪੂਰਾ (ਰਛਪਾਲ ਭੁੱਲਰ)-ਦਸ਼ਮੇਸ਼ ਗਲੋਰੀਅਸ ਪਬਲਿਕ ਸਕੂਲ ਵਿਖੇ ਹਿੰਦੀ ਦਿਵਸ ਬੜੇ ਉਤਸ਼ਾਹ ਤੇ ਉਮੰਗ ਨਾਲ ਮਨਾਇਆ ਗਿਆ।ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਨੇ ਹਿੰਦੀ ਭਾਸ਼ਾ ਦੀ ਮਹੱਤਤਾ ਨੂੰ ਦਰਸਾਉਂਦੇ ਹੋਏ ਵੱਖ-ਵੱਖ ਗਤੀਵਿਧੀਆਂ ਵਿੱਚ ਭਾਗ ਲਿਆ।ਵਿਦਿਆਰਥੀਆਂ ਵੱਲੋਂ ਹਿੰਦੀ ਭਾਸ਼ਾ ਨਾਲ ਸਬੰਧਤ ਕਵਿਤਾਵਾਂ, ਭਾਸ਼ਣ, ਨਾਅਰੇ ਤੇ ਸੱਭਿਆਚਾਰਕ ਪੇਸ਼ਕਾਰੀਆਂ ਪੇਸ਼ ਕੀਤੀਆਂ ਗਈਆਂ। ਸਕੂਲ ਦੇ ਅਧਿਆਪਕ ਮੈਡਮ ਬਲਜੀਤ ਕੌਰ ਤੇ ਮੈਡਮ ਰਮਨਦੀਪ ਕੌਰ ਨੇ ਵਿਦਿਆਰਥੀਆਂ ਨੂੰ ਹਿੰਦੀ ਭਾਸ਼ਾ ਦੀ ਮਹੱਤਤਾ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਭਾਸ਼ਾ ਸਾਡੇ ਵਿਚਾਰਾਂ ਤੇ ਸੱਭਿਆਚਾਰ ਨੂੰ ਪ੍ਰਗਟ ਕਰਨ ਦਾ ਮਹੱਤਵਪੂਰਨ ਸਾਧਨ ਹੈ।ਸਮਾਗਮ ਦੇ ਅੰਤ ਵਿੱਚ ਸਕੂਲ ਦੇ ਐੱਮ ਡੀ ਸ੍ਰ. ਬਲਜੀਤ ਸਿੰਘ, ਡਾਇਰੈਕਟਰ ਪ੍ਰਿੰਸੀਪਲ ਮੈਡਮ ਸੁਰਿੰਦਰ ਕੌਰ ਤੇ ਸਕੂਲ ਦੇ ਪ੍ਰਿੰਸੀਪਲ ਮੈਡਮ ਰੁਬੀਨਾ ਧੀਰ ਨੇ ਮਾਤ ਭਾਸ਼ਾ ਤੇ ਹੋਰ ਭਾਸ਼ਾਵਾਂ ਦਾ ਸਤਿਕਾਰ ਕਰਨ ਲਈ ਪ੍ਰੇਰਿਤ ਕੀਤਾ।ਇਸ ਤਰ੍ਹਾਂ ਹਿੰਦੀ ਦਿਵਸ ਦਾ ਇਹ ਸਮਾਗਮ ਵਿਦਿਆਰਥੀਆਂ ਲਈ ਗਿਆਨਵਰਧਕ ਤੇ ਯਾਦਗਾਰ ਰਿਹਾ।

# ਸਫਾ 1 ਦੇ ਬਾਕੀ...

## ਟਰੰਪ ਹੱਸੇਗਾ ਤੇ ਆਪਾਂ...

ਇੱਕ ਫੀਸ ਲੱਗ ਸਕਦੀ ਹੈ। ਸਰਕਾਰ ਪਹਿਲਾਂ ਹੀ ਕਹਿ ਚੁੱਕੀ ਹੈ ਕਿ ਯੂ ਪੀ ਆਈ 'ਤੇ ਲਾਗੂ ਹੋਣ ਵਾਲੀ ਕੋਈ ਵੀ ਵਪਾਰੀ ਛੋਟ ਦਰ (ਮਰਚੈਂਟ ਡਿਸਕਾਊਂਟ ਰੇਟ-ਐੱਮ ਡੀ ਆਰ) ਘੱਟੋ-ਘੱਟ ਹੋਵੇਗੀ ਅਤੇ ਸਿਰਫ ਸੀਮਤ ਸ਼੍ਰੇਣੀ ਦੇ ਵਪਾਰਕ ਲੈਣ-ਦੇਣ ਨੂੰ ਪ੍ਰਭਾਵਤ ਕਰੇਗੀ। ਮਰਚੈਂਟ ਡਿਸਕਾਊਂਟ ਰੇਟ (ਐੱਮ ਡੀ ਆਰ) ਉਹ ਫੀਸ ਹੈ ਜੋ ਵਪਾਰੀਆਂ ਤੋਂ ਡਿਜੀਟਲ ਭੁਗਤਾਨਾਂ ਦੀ ਪ੍ਰਕਿਰਿਆ ਲਈ ਵਸੂਲੀ ਜਾਂਦੀ ਹੈ, ਅਤੇ ਆਮ ਤੌਰ 'ਤੇ ਬੈਂਕਾਂ ਅਤੇ ਲੈਣ-ਦੇਣ ਦੀ ਪ੍ਰਕਿਰਿਆ ਵਿੱਚ ਸ਼ਾਮਲ ਹੋਰ ਸੰਸਥਾਵਾਂ ਵਿਚਕਾਰ ਸਾਂਝੀ ਕੀਤੀ ਜਾਂਦੀ ਹੈ। ਉਦਾਹਰਣ ਵਜੋਂ, ਕ੍ਰੈਡਿਟ ਕਾਰਡਾਂ 'ਤੇ ਲੈਣ-ਦੇਣ ਮੁੱਲ ਦੇ 1-3 ਪ੍ਰਤੀਸ਼ਤ ਦੇ ਬਰਾਬਰ ਐੱਮ ਡੀ ਆਰ ਲਗਦਾ ਹੈ, ਜਦੋਂ ਕਿ ਡੈਬਿਟ ਕਾਰਡਾਂ ਲਈ ਇਹ 0.9 ਫੀਸਦੀ ਤੱਕ ਹੁੰਦਾ ਹੈ। 2025-26 ਵਿੱਚ 2000 ਰੁਪਏ ਤੋਂ ਵੱਧ ਦਾ ਲੈਣ-ਦੇਣ ਵਿਅਕਤੀ ਤੋਂ ਵਪਾਰੀ (ਪੀ-2 ਐੱਮ) ਯੂ ਪੀ ਆਈ ਭੁਗਤਾਨਾਂ ਦਾ ਸਿਰਫ 4 ਫੀਸਦੀ ਸੀ, ਇਹ ਮੁੱਲ ਦੇ ਹਿਸਾਬ ਨਾਲ ਯੂ ਪੀ ਆਈ ਭੁਗਤਾਨਾਂ ਦਾ ਲਗਭਗ ਦੋ-ਤਿਹਾਈ ਹਿੱਸਾ ਬਣਦੇ ਸਨ। 2025-26 ਵਿੱਚ, 314 ਲੱਖ ਕਰੋੜ ਰੁਪਏ ਦੇ 24,000 ਕਰੋੜ ਤੋਂ ਵੱਧ ਯੂ ਪੀ ਆਈ ਲੈਣ-ਦੇਣ ਕੀਤੇ ਗਏ ਸਨ।

ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਮੰਗਲਵਾਰ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਸਰਕਾਰ ਨੇ ਚੁੱਪਚਾਪ ਯੂ ਪੀ ਆਈ 'ਤੇ ਫੀਸ ਲਗਾਉਣ ਦਾ ਦਰਵਾਜ਼ਾ ਖੋਲ੍ਹ ਦਿੱਤਾ ਹੈ, ਜਦੋਂਕਿ ਕਾਂਗਰਸ ਨੇ ਪੁੱਛਿਆ ਹੈ ਕਿ ਕੀ ਇਹ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੂੰ ਖੁਸ਼ ਕਰਨ ਲਈ ਅਮਰੀਕੀ ਫਰਮਾਂ ਲਈ ਡਿਜੀਟਲ ਭੁਗਤਾਨ ਖੋਲ੍ਹਣ ਲਈ ਕੀਤਾ ਜਾ ਰਿਹਾ ਹੈ।

ਇਹ ਪ੍ਰਤੀਕਿਰਿਆ ਵਿੱਤ ਮੰਤਰਾਲੇ ਦੇ ਇੱਕ ਨੋਟੀਫਿਕੇਸ਼ਨ ਤੋਂ ਇੱਕ ਦਿਨ ਬਾਅਦ ਆਈ ਹੈ, ਜਿਸ ਵਿੱਚ ਬੈਂਕਾਂ ਅਤੇ ਭੁਗਤਾਨ ਪ੍ਰਣਾਲੀ ਪ੍ਰਦਾਤਾਵਾਂ ਨੂੰ 2,000 ਰੁਪਏ ਤੱਕ ਦੇ ਯੂਨੀਫਾਈਡ ਪੇਮੈਂਟਸ ਇੰਟਰਫੇਸ (ਯੂ ਪੀ ਆਈ) ਲੈਣ-ਦੇਣ ਜਾਂ ਰੁਪਏ ਡੈਬਿਟ ਕਾਰਡਾਂ ਰਾਹੀਂ ਕੀਤੇ ਗਏ ਭੁਗਤਾਨਾਂ 'ਤੇ ਚਾਰਜ ਨਾ ਲਗਾਉਣ ਦਾ ਨਿਰਦੇਸ਼ ਦਿੱਤਾ ਗਿਆ ਹੈ। ਸਰਕਾਰ ਨੇ ਇਹ ਸਪੱਸ਼ਟ ਨਹੀਂ ਕੀਤਾ ਹੈ ਕਿ ਕੀ 2,000 ਰੁਪਏ ਤੋਂ ਵੱਧ ਦੇ ਲੈਣ-ਦੇਣ 'ਤੇ ਚਾਰਜ ਲਾਗੂ ਹੋਣਗੇ, ਜੋ ਵਪਾਰੀਆਂ ਦੁਆਰਾ ਅਦਾ ਕੀਤੇ ਜਾਣੇ ਹਨ। ਹੁਣ ਤੱਕ ਯੂ ਪੀ ਆਈ ਲੈਣ-ਦੇਣ 'ਤੇ ਕੋਈ ਚਾਰਜ ਨਹੀਂ ਲਗਾਇਆ ਗਿਆ ਹੈ, ਭਾਵੇਂ ਰਕਮ ਕੋਈ ਵੀ ਹੋਵੇ।

ਰਾਹੁਲ ਨੇ ਐੱਕਸ 'ਤੇ ਪਾਈ ਪੋਸਟ ਵਿੱਚ ਕਿਹਾ ਹੈ, "ਮੋਦੀ ਸਰਕਾਰ ਨੇ ਚੁੱਪਚਾਪ ਯੂ ਪੀ ਆਈ 'ਤੇ ਫੀਸ ਲਗਾਉਣ ਦਾ ਦਰਵਾਜ਼ਾ ਖੋਲ੍ਹ ਦਿੱਤਾ ਹੈ। ਹੁਣ 2,000 ਰੁਪਏ ਤੋਂ ਵੱਧ ਦੇ ਵਪਾਰੀ ਯੂ ਪੀ ਆਈ ਲੈਣ-ਦੇਣ 'ਤੇ ਐੱਮ ਡੀ ਆਰ ਲਗਾਇਆ ਜਾ ਸਕਦਾ ਹੈ। ਭਾਵੇਂ ਇਹ ਲੈਣ-ਦੇਣ ਵਾਲੀਅਮ ਦਾ ਸਿਰਫ਼ 5 ਫੀਸਦੀ ਹੀ ਹੋਣ, ਇਹ ਯੂ ਪੀ ਆਈ ਦੇ ਕੁੱਲ ਲੈਣ-ਦੇਣ ਮੁੱਲ ਦਾ ਲੱਗਭੱਗ 65 ਫੀਸਦੀ ਬਣਦੇ ਹਨ। ਸਰਕਾਰ ਕਹਿੰਦੀ ਹੈ ਕਿ ਗਾਹਕਾਂ ਤੋਂ ਕੋਈ ਫੀਸ ਨਹੀਂ ਲਈ ਜਾਵੇਗੀ, ਪਰ ਦੁਕਾਨਦਾਰਾਂ 'ਤੇ ਲਗਾਈ ਗਈ ਫੀਸ ਆਖਰਕਾਰ ਕਿੱਥੋਂ ਆਵੇਗੀ ? ਕੀਮਤਾਂ ਵਿੱਚ ਜੋੜੀ ਜਾਵੇਗੀ, ਜਾਏਗੀ ਸਿੱਧੀ ਗਾਹਕ ਦੀ ਜੇਬ ਵਿੱਚੋਂ। ਅਮਰੀਕੀ ਭੁਗਤਾਨ ਕੰਪਨੀਆਂ ਲੰਬੇ ਸਮੇਂ ਤੋਂ ਭਾਰਤ ਦੀ ਜ਼ੀਰੋ-ਐੱਮ ਡੀ ਆਰ ਨੀਤੀ ਦਾ ਵਿਰੋਧ ਕਰ ਰਹੀਆਂ ਹਨ। ਹੁਣ ਮੋਦੀ ਸਰਕਾਰ ਨੇ ਨੀਤੀ ਨੂੰ ਬਿਲਕੁਲ ਉਸੇ ਦਿਸ਼ਾ ਵਿੱਚ ਬਦਲਣ ਦਾ ਰਾਹ ਖੋਲ੍ਹ ਦਿੱਤਾ ਹੈ। ਅਮਰੀਕਾ ਦੇ ਵਪਾਰ ਸਮਝੌਤੇ ਵਾਂਗ, ਸਮਝੌਤਾ ਕਰਨ ਵਾਲੇ ਪ੍ਰਧਾਨ ਮੰਤਰੀ ਮੋਦੀ ਇੱਕ ਵਾਰ ਫਿਰ ਅਮਰੀਕੀ ਦਬਾਅ ਅੱਗੇ ਸਮਰਪਣ ਕਰ ਰਹੇ ਹਨ।"

ਇਸੇ ਦੌਰਾਨ ਕਾਂਗਰਸ ਨੇ ਦੋਸ਼ ਲਾਇਆ ਹੈ ਕਿ ਸਰਕਾਰ ਨੇ ਫਿਰ ਤੋਂ ਇਮਾਨਦਾਰੀ ਅਤੇ ਪਾਰਦਰਸ਼ਤਾ ਦੀ ਪੂਰੀ ਘਾਟ ਦਿਖਾਈ ਹੈ ਅਤੇ ਉਪਭੋਗਤਾਵਾਂ ਦਾ ਵਿਸ਼ਵਾਸ ਤੋੜਿਆ ਹੈ। ਕਾਂਗਰਸ ਦੇ ਜਨਰਲ ਸਕੱਤਰ ਜੈਰਾਮ ਰਮੇਸ਼ ਨੇ ਕਿਹਾ ਹੈ, "ਜਿਵੇਂ ਅਸੀਂ 6 ਅਗਸਤ, 2026 ਨੂੰ ਚੇਤਾਵਨੀ ਦਿੱਤੀ ਸੀ, ਜਿਸ ਦਾ ਮਾਣਯੋਗ ਵਿੱਤ ਮੰਤਰੀ ਨੇ ਖੁਦ ਜਵਾਬ ਦੇਣਾ ਠੀਕ ਸਮਝਿਆ ਸੀ, ਮੋਦੀ ਸਰਕਾਰ ਹੁਣ ਯੂ ਪੀ ਆਈ ਲਈ ਚਾਰਜਿੰਗ ਦੀ ਪ੍ਰਕਿਰਿਆ ਸ਼ੁਰੂ ਕਰਨ ਲਈ ਸੰਸਦ ਵਿੱਚ ਧੱਕੇ ਨਾਲ ਪਾਸ ਕੀਤੇ ਗਏ ਨਵੇਂ ਕਾਨੂੰਨਾਂ ਦੀ ਵਰਤੋਂ ਕਰ ਰਹੀ ਹੈ। ਸੋਧੇ ਹੋਏ ਭੁਗਤਾਨ ਅਤੇ ਬੰਦੋਬਸਤ ਪ੍ਰਣਾਲੀ ਐਕਟ, 2007 ਦੇ ਤਹਿਤ ਇੱਕ ਨੋਟੀਫਿਕੇਸ਼ਨ ਹੁਣੇ ਜਾਰੀ ਕੀਤਾ ਗਿਆ ਹੈ, ਜੋ ਬੈਂਕਾਂ ਅਤੇ ਪ੍ਰਦਾਤਾਵਾਂ ਨੂੰ ਸਿਰਫ 2000 ਰੁਪਏ ਤੋਂ ਘੱਟ ਦੇ ਯੂ ਪੀ ਆਈ ਲੈਣ-ਦੇਣ ਲਈ ਚਾਰਜ ਲੈਣ ਤੋਂ ਵਰਜਦਾ ਹੈ, ਪਰ ਇਸ ਸੀਮਾ ਤੋਂ ਉੱਪਰ ਕਿਸੇ ਵੀ ਲੈਣ-ਦੇਣ ਲਈ ਕੋਈ ਸਪੱਸ਼ਟ ਸੁਰੱਖਿਆ ਨਹੀਂ ਹੈ।"

ਉਨ੍ਹਾ ਦਾਅਵਾ ਕੀਤਾ, "ਸਾਡੇ ਸਾਰਿਆਂ ਲਈ ਯੂ ਪੀ ਆਈ ਲੈਣ-ਦੇਣ ਲਈ ਫੀਸ ਦਾ ਭੁਗਤਾਨ ਕਰਨ ਦਾ ਪੜਾਅ ਸਪੱਸ਼ਟ ਤੌਰ 'ਤੇ ਤਿਆਰ ਕੀਤਾ ਜਾ ਰਿਹਾ ਹੈ। ਕੱਲ੍ਹ ਨੂੰ ਇਸ ਤਰ੍ਹਾਂ ਦੇ ਇੱਕ ਹੋਰ ਨੋਟੀਫਿਕੇਸ਼ਨ ਨਾਲ ਸੀਮਾ ਨੂੰ ਬਦਲਿਆ ਜਾ ਸਕਦਾ ਹੈ-ਕਾਨੂੰਨ ਵਿੱਚ ਹੁਣ ਇਸ ਦੀ ਕੋਈ ਗਰੰਟੀ ਨਹੀਂ ਹੈ। ਅਸੀਂ ਸਾਰੇ ਜਾਣਦੇ ਹਾਂ ਕਿ ਸਰਕਾਰ ਰੋਜ਼ਾਨਾ ਵਿਅਕਤੀ-ਤੋਂ-ਵਿਅਕਤੀ ਲੈਣ-ਦੇਣ ਲਈ ਵੀ ਇੱਕ ਚਾਰਜ ਲਗਾ ਸਕਦੀ ਹੈ। ਮੋਦੀ ਸਰਕਾਰ ਨੇ ਫਿਰ ਤੋਂ ਇਮਾਨਦਾਰੀ ਅਤੇ ਪਾਰਦਰਸ਼ਤਾ ਦੀ ਪੂਰੀ ਘਾਟ ਦਿਖਾਈ ਹੈ ਅਤੇ ਉਪਭੋਗਤਾਵਾਂ ਦਾ ਵਿਸ਼ਵਾਸ ਤੋੜ ਦਿੱਤਾ ਹੈ। ਕੀ ਇਹ ਸਭ ਅਮਰੀਕੀ ਕੰਪਨੀਆਂ ਲਈ ਰਾਸ਼ਟਰਪਤੀ ਟਰੰਪ ਨੂੰ ਖੁਸ਼ ਕਰਨ ਲਈ ਡਿਜੀਟਲ ਭੁਗਤਾਨ ਖੋਲ੍ਹਣ ਲਈ ਕੀਤਾ ਜਾ ਰਿਹਾ ਹੈ ?"

## ਮਹਿਲਾ ਬਾਈਕਰ ਨੂੰ ਟੱਕਰ...

ਕੀਤੀ। ਇਸ ਕੋਸ਼ਿਸ਼ ਦੌਰਾਨ ਡਿੱਗਣ ਕਾਰਨ ਉਸ ਨੂੰ ਮਾਮੂਲੀ ਸੱਟਾਂ ਲੱਗੀਆਂ ਅਤੇ ਪੁਲਸ ਵੱਲੋਂ ਗ੍ਰਿਫ਼ਤਾਰ ਕਰਨ ਤੋਂ ਪਹਿਲਾਂ ਉਸ ਨੂੰ ਹਸਪਤਾਲ ਵਿੱਚ ਮੁੱਢਲੀ ਸਹਾਇਤਾ ਦਿੱਤੀ ਗਈ। ਘਟਨਾ ਵਿੱਚ ਵਰਤੀ ਗਈ ਕਾਰ, ਜੋ ਕਿ ਦੋਸ਼ੀ ਦੇ ਇੱਕ ਜਾਣਕਾਰ ਦੇ ਨਾਂਅ 'ਤੇ ਰਜਿਸਟਰਡ ਹੈ, ਮੁਲਜ਼ਮ ਦੇ ਕਬਜ਼ੇ ਵਿੱਚੋਂ ਬਰਾਮਦ ਕਰ ਲਈ ਗਈ ਹੈ। ਪੁਲਸ ਨੇ ਬੈਂਸਲਾ ਦੇ ਇੱਕ ਦੋਸਤ ਨੂੰ ਵੀ ਹਿਰਾਸਤ ਵਿੱਚ ਲਿਆ ਹੈ, ਜਿਸ ਦੀ ਪਛਾਣ ਲਵਨੀਸ਼ ਵਜੋਂ ਹੋਈ ਹੈ, ਜੋ ਘਟਨਾ ਸਮੇਂ ਬੈਂਸਲਾ ਦੇ ਨਾਲ ਸੀ। ਉਹ ਬੈਂਸਲਾ ਦਾ ਦੂਰ ਦਾ ਚਚੇਰਾ ਭਰਾ ਹੈ ਅਤੇ ਪੁਲਸ ਪੂਰੀ ਘਟਨਾ ਵਿੱਚ ਲਵਨੀਸ਼ ਦੀ ਭੂਮਿਕਾ ਦੀ ਜਾਂਚ ਕਰ ਰਹੀ ਹੈ। ਪੁਲਸ ਅਨੁਸਾਰ ਕਲਿਆਣ ਬੈਂਸਲਾ (33) ਜੋ ਪਲਵਲ ਜ਼ਿਲ੍ਹੇ ਦੇ ਚੰਦਹਾਟ ਦਾ ਰਹਿਣ ਵਾਲਾ ਹੈ, ਇੱਕ ਜਿੰਮ ਸੰਚਾਲਕ ਹੈ ਅਤੇ ਪ੍ਰਾਪਰਟੀ ਦਾ ਕਾਰੋਬਾਰੀ ਹੈ।

## ਡੁੱਬਦੀ ਬੇੜੀ ਬਚਾਉਣ...

ਨੂੰ ਕਾਂਗਰਸ ਦੇ ਗੁਨਾਹਾਂ ਦੇ ਜਵਾਬ ਦੇਣੇ ਪੈਣਗੇ। ਬਲਤੇਜ ਪੰਨੂ ਨੇ ਸਚਿਨ ਪਾਇਲਟ ਨੂੰ ਸਿੱਧੇ ਸਵਾਲ ਕਰਦਿਆਂ ਪੁੱਛਿਆ ਕਿ ਕਾਂਗਰਸ ਨੇ ਹਮੇਸ਼ਾ ਘੱਟ ਗਿਣਤੀਆਂ ਨਾਲ ਧੱਕਾ ਕਿਉਂ ਕੀਤਾ ਅਤੇ 1984 ਦੇ ਸ਼ਰੇਆਮ ਹੋਏ ਸਿੱਖ ਕਤਲੇਆਮ ਦੇ ਦੋਸ਼ੀਆਂ ਨੂੰ ਅੱਜ ਤੱਕ ਆਪਣੀ ਹਿੱਕ ਨਾਲ ਲਾ ਕੇ ਕਿਉਂ ਰੱਖਿਆ? ਉਹਨਾ ਕਿਹਾ ਕਿ 1984 ਦੇ ਕਤਲੇਆਮ ਦੇ ਮੁੱਖ ਦੋਸ਼ੀ ਸੱਜਣ ਕੁਮਾਰ ਅਤੇ ਕਮਲਨਾਥ ਵਰਗੇ ਨੇਤਾਵਾਂ ਨੂੰ ਕਾਂਗਰਸ ਨੇ ਹਮੇਸ਼ਾ ਪੂਰੀ ਸੁਰੱਖਿਆ ਅਤੇ ਸਰਪ੍ਰਸਤੀ ਦਿੱਤੀ। ਅੱਜ ਵੀ ਕਾਂਗਰਸੀ ਆਗੂ ਇਹਨਾਂ ਕਾਤਲਾਂ ਨੂੰ ਆਪਣੇ ਆਦਰਸ਼ ਨੇਤਾ ਕਿਉਂ ਮੰਨਦੇ ਹਨ ? ਪੰਨੂ ਨੇ ਕਿਹਾ ਕਿ ਦਿੱਲੀ ਦੀਆਂ ਸੜਕਾਂ 'ਤੇ ਸਿੱਖਾਂ ਦਾ ਲਹੂ ਵਹਾਉਣ ਵਾਲੀ ਕਾਂਗਰਸ ਪਾਰਟੀ ਕਿਸ ਨੈਤਿਕਤਾ ਨਾਲ ਅੱਜ ਪੰਜਾਬੀਆਂ ਤੋਂ ਵੋਟਾਂ ਮੰਗ ਰਹੀ ਹੈ ? 1984 ਵਿੱਚ ਜੋ ਹਸ਼ਰ ਕਾਂਗਰਸ ਨੇ ਸਿੱਖਾਂ ਦਾ ਕੀਤਾ, ਉਸ ਦਾ ਦਾਗ ਕਦੇ ਧੋਤਾ ਨਹੀਂ ਜਾ ਸਕਦਾ। ਸਚਿਨ ਪਾਇਲਟ ਪੰਜਾਬ ਵਿੱਚ ਪ੍ਰਚਾਰ ਕਰਨ ਤੋਂ ਪਹਿਲਾਂ ਦੇਸ਼ ਨੂੰ ਇਹ ਸਪੱਸ਼ਟ ਕਰਨ ਕਿ 1984 ਦੇ ਕਤਲੇਆਮ ਦੇ ਪਿੱਛੇ ਕਿਹੜੇ-ਕਿਹੜੇ ਕਾਂਗਰਸੀ ਨੇਤਾ ਸ਼ਾਮਲ ਸਨ, ਉਹਨਾਂ ਨੂੰ ਅੱਜ ਤੱਕ ਬਚਾਇਆ ਕਿਉਂ ਗਿਆ ਅਤੇ ਕਾਂਗਰਸ ਉਹਨਾਂ ਨੂੰ ਆਪਣੇ ਆਈਡੀਅਲ ਨੇਤਾ ਮੰਨਣਾ ਕਦੋਂ ਬੰਦ ਕਰੇਗੀ ?

## ਪੰਜਾਬ ਦੇ ਦਰਿਆਵਾਂ ...

ਚਾਹੀਦਾ ਹੈ। ਮਹੇਸਰੀ ਨੇ ਕਿਹਾ ਕਿ ਭਗਤ ਸਿੰਘ ਦਾ ਜਨਮ ਦਿਹਾੜਾ ਪੰਜਾਬ ਪੱਧਰ 'ਤੇ ਹੁੰਮ-ਹੁਮਾ ਕੇ ਮੋਗਾ ਵਿਖੇ ਮਨਾਇਆ ਜਾ ਰਿਹਾ ਹੈ, ਇਸ ਵਿੱਚ ਗੁਰਦਾਸਪੁਰ ਜ਼ਿਲ੍ਹੇ ਵਿੱਚੋਂ ਵੀ ਭਰਵੀਂ ਸ਼ਮੂਲੀਅਤ ਕੀਤੀ ਜਾਵੇ। ਸਮਾਗਮ ਨੂੰ ਸੀ ਪੀ ਆਈ ਐੱਮ ਐੱਲ ਲਿਬਰੇਸ਼ਨ ਦੇ ਸੂਬਾ ਸਕੱਤਰ ਗੁਰਮੀਤ ਸਿੰਘ ਬਖਤਪੁਰਾ ਤੇ ਸੀ ਪੀ ਆਈ ਬਲਾਕ ਦੀਨਾਨਗਰ ਦੇ ਸਕੱਤਰ ਬਲਬੀਰ ਸਿੰਘ ਕੱਤੋਵਾਲ ਨੇ ਸੰਬੋਧਨ ਕਰਦਿਆਂ ਕਿਹਾ ਕਿ ਮੋਦੀ ਸਰਕਾਰ ਦੀ ਫਾਸ਼ੀਵਾਦੀ ਨੀਤੀ ਨੇ ਲੋਕਾਂ ਦੀ ਜ਼ਬਾਨ ਬੰਦ ਕੀਤੀ ਹੋਈ ਹੈ। ਜਿਹੜਾ ਵੀ ਕੋਈ ਸਰਕਾਰ ਵਿਰੁੱਧ ਬੋਲਦਾ ਜਾਂ ਲਿਖਦਾ ਹੈ, ਉਸ ਨੂੰ ਜੇਲ੍ਹ ਵਿੱਚ ਕੈਦ ਕਰ ਦਿੱਤਾ ਜਾਂਦਾ।ਕਈ ਬੁੱਧੀਜੀਵੀ, ਪੱਤਰਕਾਰ ਤੇ ਚੈਨਲਾਂ ਦੇ ਕਰਤਿਆਂ ਨੂੰ ਕਈ ਸਾਲਾਂ ਤੋਂ ਜੇਲ੍ਹਾਂ ਵਿੱਚ ਡੱਕਿਆ ਹੋਇਆ ਹੈ। ਉਨ੍ਹਾਂ ਨੂੰ ਫੌਰੀ ਤੌਰ 'ਤੇ ਰਿਹਾਅ ਕਰਨਾ ਚਾਹੀਦਾ ਹੈ।ਪੰਜਾਬ ਕਿਸਾਨ ਮਜ਼ਦੂਰ ਯੂਨੀਅਨ ਦੇ ਬਲਬੀਰ ਸਿੰਘ ਰੰਧਾਵਾ, ਸੁਭਾਸ਼ ਕੈਰੇ, ਹਰਚਰਨ ਸਿੰਘ ਔਜਲਾ, ਸੁਰਜੀਤ ਸਿੰਘ ਆਵਾਂਖਾ, ਜਗਜੀਤ ਸਿੰਘ ਅਲੂਣਾ, ਅਮਨਦੀਪ ਸਿੰਘ ਗੋਲਡੀ ਔਜਲਾ, ਬਲਵਿੰਦਰ ਸਿੰਘ ਉਦੀਪੁਰ, ਪੰਜਾਬ ਖੇਤ ਮਜ਼ਦੂਰ ਸਭਾ ਦੇ ਆਗੂ ਬਲਬੀਰ ਸਿੰਘ ਮੱਲ੍ਹੀ, ਸਾਬਕਾ ਸਰਪੰਚ ਆਵਾਂਖਾ ਸ਼ਾਮ ਲਾਲ ਨੇ ਵੀ ਸੰਬੋਧਨ ਕੀਤਾ। ਕਾਮਰੇਡ ਸੰਗਤ ਸਿੰਘ ਦੇ ਲੜਕੇ ਸੁਖਦੇਵ ਸਿੰਘ ਕਾਹਲੋਂ ਨੇ ਆਈ ਹੋਈ ਸੰਗਤ ਦਾ ਧੰਨਵਾਦ ਕੀਤਾ। ਪਰਵਾਰ ਵੱਲੋਂ ਲੰਗਰ ਦੀ ਭਰਪੂਰ ਸੇਵਾ ਕੀਤੀ ਗਈ।

## ਯੁੱਧ ਨਸ਼ਿਆਂ...

ਨੈੱਟਵਰਕਾਂ ਦੀ ਪਛਾਣ ਕਰਨ ਅਤੇ ਉਨ੍ਹਾਂ ਨੂੰ ਤੋੜਨ ਲਈ ਭਾਈਚਾਰਕ ਸ਼ਮੂਲੀਅਤ ਬੇਹੱਦ ਅਹਿਮ ਹੈ। ਮਾਨ ਨੇ ਦੱਸਿਆ ਕਿ ਇਸ ਸਾਲ ਜਨਵਰੀ ਤੋਂ ਲੈ ਕੇ ਹੁਣ ਤੱਕ ਵੀ ਡੀ ਸੀਜ਼ ਤੋਂ ਪ੍ਰਾਪਤ ਸ਼ਿਕਾਇਤਾਂ ਦੇ ਆਧਾਰ 'ਤੇ 4,129 ਐੱਫ ਆਰ ਆਰਜ਼ ਦਰਜ ਕੀਤੀਆਂ ਗਈਆਂ ਹਨ ਅਤੇ 5,589 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ।ਮੁੱਖ ਮੰਤਰੀ ਨੇ ਕਿਹਾ ਕਿ ਸੇਫ ਪੰਜਾਬ ਐਪ ਨਸ਼ਿਆਂ ਨਾਲ ਸੰਬੰਧਤ ਗਤੀਵਿਧੀਆਂ ਦੀ ਸੂਚਨਾ ਦੇਣ ਲਈ ਨਾਗਰਿਕਾਂ ਵਾਸਤੇ ਅਹਿਮ ਸਾਧਨ ਵਜੋਂ ਉਭਰੀ ਹੈ। ਉਨ੍ਹਾਂ ਦੱਸਿਆ ਕਿ ਪਿਛਲੇ ਇੱਕ ਸਾਲ ਤੋਂ ਵੱਧ ਸਮੇਂ ਦੌਰਾਨ ਇਸ ਐਪ ਰਾਹੀਂ ਪ੍ਰਾਪਤ ਸ਼ਿਕਾਇਤਾਂ ਦੇ ਆਧਾਰ 'ਤੇ ਲਗਭਗ 19,310 ਐੱਫ ਆਰ ਆਰਜ਼ ਦਰਜ ਕੀਤੀਆਂ ਗਈਆਂ ਹਨ ਅਤੇ 25,138 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ।ਇਸ ਮੌਕੇ ਕੈਬਨਿਟ ਮੰਤਰੀ ਅਮਨ ਅਰੋੜਾ, ਹਰਪਾਲ ਸਿੰਘ ਚੀਮਾ, ਡਾ. ਬਲਬੀਰ ਸਿੰਘ, ਹਰਭਜਨ ਸਿੰਘ ਈ ਟੀ ਓ, ਗੁਰਮੀਤ ਸਿੰਘ ਖੁੱਡੀਆਂ, ਹਰਦੀਪ ਸਿੰਘ ਮੁੰਡੀਆਂ ਅਤੇ ਬਰਿੰਦਰ ਗੋਇਲ ਤੋਂ ਇਲਾਵਾ ਮੁੱਖ ਸਕੱਤਰ ਕੇ ਏ ਪੀ ਸਿਨਹਾ, ਡੀ ਜੀ ਪੀ ਗੌਰਵ ਯਾਦਵ ਅਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ।

## ਰਵਿੰਦਰ ਸਿੰਘ ...

ਕਾਰਵਾਈਆਂ ਕਰਨ ਕਰਕੇ ਪਾਰਟੀ ਦੀ ਮੁਢਲੀ ਮੈਂਬਰਸ਼ਿੱਪ ਤੋਂ ਖਾਰਜ ਕਰ ਦਿੱਤਾ। ਬ੍ਰਹਮਪੁਰਾ ਨੇ ਕਿਹਾ ਕਿ ਮੈਨੂੰ ਪਾਰਟੀ ਦੀ ਮੁੱਢਲੀ ਮੈਂਬਰਸ਼ਿਪ ਤੋਂ ਖਾਰਜ ਕਰਨ ਦਾ ਜਾਰੀ ਕੀਤਾ ਗਿਆ ਫ਼ੁਰਮਾਨ ਮੇਰੇ ਖ਼ਿਲਾਫ਼ ਕੋਈ ਕਾਰਵਾਈ ਨਹੀਂ ਹੈ, ਸਗੋਂ ਇਹ ਮੌਜੂਦਾ ਲੀਡਰਸ਼ਿਪ ਵੱਲੋਂ ਨਸ਼ਾ ਤਸਕਰਾਂ ਅਤੇ ਅਪਰਾਧਕ ਮਾਫੀਏ ਅੱਗੇ ਕੀਤੇ ਗਏ 'ਸਿਧਾਂਤਕ ਆਤਮ-ਸਮਰਪਣ' ਦਾ ਅਧਿਕਾਰਤ ਐਲਾਨਨਾਮਾ ਹੈ। ਉਨ੍ਹਾਂ ਕਿਹਾ ਕਿ ਜਦੋਂ ਕੋਈ ਆਗੂ ਆਪਣੇ ਸਿਧਾਂਤਕ ਥੰਮ੍ਹਾਂ ਨੂੰ ਸੁਟ ਕੇ, ਅਪਰਾਧੀਆਂ ਅਤੇ ਦਾਗ਼ੀ ਅਨਸਰਾਂ ਨੂੰ ਆਪਣੀ ਢਾਲ ਬਣਾਉਣ ਲੱਗ ਪਵੇ, ਤਾਂ ਸਮਝ ਲੈਣਾ ਚਾਹੀਦਾ ਹੈ ਕਿ ਉਸ ਦੀ ਸਰਦਾਰੀ ਦਾ ਅੰਤ ਨਿਸ਼ਚਿਤ ਹੋ ਚੁੱਕਾ ਹੈ। ਮੇਰੇ ਖ਼ਿਲਾਫ਼ ਵਰਤਿਆ ਗਿਆ ਕਥਿਤ 'ਅਨੁਸ਼ਾਸਨ' ਦਾ ਹਥਿਆਰ ਅਸਲ ਵਿੱਚ ਉਸ ਆਵਾਜ਼ ਨੂੰ ਦਬਾਉਣ ਦੀ ਇੱਕ ਰਾਜਨੀਤਿਕ ਅਸਫ਼ਲ ਕੋਸ਼ਿਸ਼ ਹੈ, ਜੋ ਥਾਣਿਆਂ ਦੇ ਰੋਜ਼ਨਾਮਚਿਆਂ ਵਿੱਚ ਦਰਜ ਤਿੰਨ ਪੀੜ੍ਹੀਆਂ ਦੇ ਕਾਲੇ ਚਿੱਠੇ ਜਨਤਕ ਕਰ ਰਹੀ ਹੈ।

## ਚੀਮਾ ਦੀ ਰਿਹਾਇਸ਼...

ਪਟਿਆਲਾ ਦੇ ਸਾਬਕਾ ਮੇਅਰ ਅਤੇ ਸੀਨੀਅਰ ਕਾਂਗਰਸ ਆਗੂ ਸੰਜੀਵ ਬਿੱਟੂ ਆਪਣੇ ਸੈਕੜੇ ਸਾਥੀਆ ਸਮੇਤ ਕਾਫਲੇ ਸਮੇਤ ਸ਼ਾਮਿਲ ਹੋਏ! ਇਸ ਮੌਕੇ ਉਹਨਾਂ ਨੇ ਪੰਜਾਬ ਵਿਚ ਲੱਗ ਰਹੇ ਲੰਬੇ ਬਿਜਲੀ ਕੱਟਾਂ ਅਤੇ ਬਿਜਲੀ ਪ੍ਰਬੰਧਨ ਦੀ ਨਾਕਾਮੀ ਨੂੰ ਲੈ ਕੇ ਆਪ ਸਰਕਾਰ ਖਿਲਾਫ ਜ਼ੋਰਦਾਰ ਹੱਲਾ ਬੋਲਿਆ।ਉਹਨਾਂ ਕਿਹਾ ਕਿ ਪੰਜਾਬ ਦੇ ਬਿਜਲੀ ਸੰਕਟ ਲਈ ਪੀ ਐਸ ਸੀ ਪੀ ਐਲ ਵਿੱਚ ਕਥਿਤ ਭ੍ਰਿਸ਼ਟਾਚਾਰ ਜ਼ਿੰਮੇਵਾਰ ਹੈ। ਰੈਲੀ 'ਚ ਕਾਂਗਰਸ ਆਗੂਆਂ ਨੇ ਐਲਾਨ ਕੀਤਾ ਕਿ ਪੰਜਾਬ ਦੇ ਲੋਕਾਂ ਦੀ ਆਵਾਜ਼ ਨੂੰ ਨਾ ਲਾਠੀਆਂ ਦਬਾ ਸਕਦੀਆਂ ਹਨ, ਨਾ ਪਾਣੀ ਦੀਆਂ ਬੁਛਾੜਾਂ ਅਤੇ ਨਾ ਹੀ ਗ੍ਰਿਫ਼ਤਾਰੀਆਂ।ਬਿਜਲੀ ਸੰਕਟ, ਕਥਿਤ ਭ੍ਰਿਸ਼ਟਾਚਾਰ, ਨਸ਼ਿਆਂ, ਗੈਂਗਸਟਰਵਾਦ ਅਤੇ ਪੰਜਾਬ ਦੀ ਵਿਗੜਦੀ ਕਾਨੂੰਨ ਵਿਵਸਥਾ ਦੇ ਮੁੱਦੇ 'ਤੇ ਕਾਂਗਰਸ ਦਾ ਸੰਘਰਸ਼ ਜਾਰੀ ਰਹੇਗਾ

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।

**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

## ਵਿਧਾਇਕ ਗੁਰਦੀਪ ਸਿੰਘ ਰੰਧਾਵਾ ਵੱਲੋਂ ਹਰੂਵਾਲ ਤੱਕ ਬਣਾਈ ਨਵੀਂ ਲਿੰਕ ਸੜਕ ਦਾ ਉਦਘਾਟਨ

**ਡੇਰਾ ਬਾਬਾ ਨਾਨਕ, (ਰਮੇਸ਼ ਸ਼ਰਮਾ)**- ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਵਲੋਂ ਡੇਰਾ ਬਾਬਾ ਨਾਨਕ ਤੋਂ ਪੱਖੋਂਕੇ ਟਾਹਲੀ ਸਾਹਿਬ ਹੁੰਦੇ ਹੋਏ ਹਰੂਵਾਲ ਤੱਕ ਬਣਾਈ ਗਈ ਨਵੀਂ ਸੜਕ ਦਾ ਉਦਘਾਟਨ ਕੀਤਾ



ਗਿਆ।ਪੰਜਾਬ ਮੰਡੀ ਬੋਰਡ ਵੱਲੋਂ 1 ਕਰੋੜ 88 ਲੱਖ ਰੁਪਏ ਦੀ ਲਾਗਤ ਨਾਲ ਬਣਾਈ ਗਈ ਇਸ ਸੜਕ ਦੀ ਲੰਬਾਈ 2.75 ਕਿਲੋਮੀਟਰ ਹੈ। ਗੱਲਬਾਤ ਕਰਦਿਆਂ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਇਸ ਸੜਕ ਦੇ ਬਣਨ ਨਾਲ ਇਲਾਕੇ ਦੇ ਪਿੰਡਾਂ ਦੇ ਲੋਕਾਂ ਨੂੰ ਆਵਾਜਾਈ ਵਿੱਚ ਵੱਡੀ ਸਹੂਲਤ ਮਿਲੇਗੀ ਅਤੇ ਰੋਜ਼ਾਨਾ ਆਉਣ-ਜਾਣ ਵਾਲੇ ਲੋਕਾਂ ਦੀਆਂ ਮੁਸ਼ਕਿਲਾਂ ਘੱਟ ਹੋਣਗੀਆਂ। ਉਨ੍ਹਾਂ ਅੱਗੇ ਕਿਹਾ ਕਿ ਧਾਰਮਿਕ ਅਤੇ ਇਤਿਹਾਸਕ ਕਸਬੇ ਡੇਰਾ ਬਾਬਾ ਨਾਨਕ ਨੂੰ ਆਉਂਦੀਆਂ ਸਾਰੀਆਂ ਸੜਕਾਂ ਬਣਾਈਆਂ ਜਾ ਰਹੀਆਂ ਹਨ ਤਾਂ ਜੋ ਹਲਕਾ ਵਾਸੀਆਂ ਅਤੇ ਦੇਸ਼-ਵਿਦੇਸ਼ ਵਿਚੋਂ ਆਉਂਦੀਆਂ ਸੰਗਤਾਂ ਨੂੰ ਕੋਈ ਪਰੇਸ਼ਾਨੀ ਨਾ ਆਵੇ।ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿੰਡਾਂ ਅਤੇ ਸ਼ਹਿਰਾਂ ਨੂੰ ਬਿਹਤਰ ਸੜਕੀ ਸਹੂਲਤਾਂ ਨਾਲ ਜੋੜਨ ਲਈ ਕੀਤੇ ਜਾ ਰਹੇ ਵਿਕਾਸ ਕਾਰਜਾਂ ਤਹਿਤ ਇਹ ਵੀ ਇੱਕ ਅਹਿਮ ਕਦਮ ਹੈ।ਉਨ੍ਹਾਂ ਅੱਗੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸਰਕਾਰ ਨੇ ਲੋਕਹਿਤ ਵਿੱਚ ਵੱਡੇ ਫੈਸਲੇ ਲਏ ਹਨ ਅਤੇ ਲੋਕਾਂ ਨਾਲ ਕੀਤੀਆਂ ਗਰੰਟੀਆਂ ਪੂਰੀਆਂ ਕੀਤੀਆਂ ਗਈਆਂ ਹਨ।ਸੂਬੇ ਵਿੱਚ 45000 ਕਿਲੋਮੀਟਰ ਸੜਕਾਂ ਦਾ ਨਿਰਮਾਣ ਚੱਲ ਰਿਹਾ ਹੈ।

ਉਨ੍ਹਾਂ ਦੱਸਿਆ ਕਿ ਨਹਿਰੀ ਪਾਣੀ ਖੇਤਾਂ ਤੱਕ ਪੁਜਦਾ ਕੀਤਾ ਗਿਆ।600 ਯੂਨਿਟ ਬਿਜਲੀ ਮੁਫਤ ਤੇ 90 ਫੀਸਦੀ ਘਰਾਂ ਦੇ ਬਿੱਲ ਜ਼ੀਰੋ ਆ ਰਹੇ ਹਨ। ਸਿੱਖਿਆ ਕਰਾਂਤੀ ਤਹਿਤ ਸਕੂਲਾਂ ਦੀ ਵਿਕਾਸ ਪੱਖੋਂ ਨੁਹਾਰ ਬਦਲੀ ਗਈ ਹੈ ਤੇ ਸਿੱਖਿਆ ਦੇ ਖੇਤਰ ਵਿੱਚ ਪੰਜਾਬ ਦੇਸ਼ ਭਰ ਵਿੱਚ ਪਹਿਲੇ ਨੰਬਰ ਤੇ ਹੈ।ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਲਾਗੂ ਕੀਤੀ ਗਈ ਹੈ।10 ਲੱਖ ਰੁਪਏ ਤੱਕ ਦੀ ਸਿਹਤ ਬੀਮਾ ਯੋਜਨਾ ਲਾਗੂ ਕੀਤੀ ਹੈ।ਇਸ ਮੌਕੇ ਪ੍ਰਧਾਨ ਰਾਜੇਸ਼ ਗੁਪਤਾ,ਪੀ ਏ ਲਵਪ੍ਰੀਤ ਸਿੰਘ, ਕੌਂਸਲਰ ਰਜਤ ਮਰਵਾਹਾ, ਕੌਂਸਲਰ ਸੁਖਵਿੰਦਰ ਸਿੰਘ ਪੱਖੋਕੇ, ਕੌਂਸਲਰ ਬਲਕਾਰ ਸਿੰਘ ਫੌਜੀ, ਕੌਂਸਲਰ ਬਲਦੇਵ ਰਾਜ ਡਾਇਮੰਡ, ਜਸਵਿੰਦਰ ਸਿੰਘ ਜੇ ਈ ਮੰਡੀਕਰਨ ਬੋਰਡ, ਸੋਹਣ ਸਿੰਘ ਰੰਧਾਵਾ ਆਦਿ ਹਾਜ਼ਰ ਸਨ ।

## ਡਿਪਟੀ ਕਮਿਸ਼ਨਰ ਅਦਿੱਤਿਆ ਉੱਪਲ ਨੇ ਪੀ ਡਬਲਿਊ ਡੀ ਦੇ ਐਕਸੀਅਨ ਨੂੰ ਐਸਟੀਮੇਟ ਤਿਆਰ ਕਰਨ ਦੇ ਦਿੱਤੇ ਨਿਰਦੇਸ਼

**ਗੁਰਦਾਸਪੁਰ, (ਜਨਕ ਮਹਾਜਨ)**- ਸ਼ਹੀਦ ਲੈਫਟੀਨੈਂਟ ਨਵਦੀਪ ਸਿੰਘ (ਅਸ਼ੋਕ ਚੱਕਰ) ਸਰਕਾਰੀ ਕਾਲਜ ਗੁਰਦਾਸਪੁਰ ਦੇ ਖੇਡ ਮੈਦਾਨਾਂ ਨੂੰ ਹੋਰ ਵਿਕਸਤ ਕਰਨ ਅਤੇ ਵਿਦਿਆਰਥੀਆਂ ਨੂੰ ਆਧੁਨਿਕ ਖੇਡ ਸਹੂਲਤਾਂ ਮੁਹੱਈਆ ਕਰਵਾਉਣ ਲਈ ਡਿਪਟੀ ਕਮਿਸ਼ਨਰ ਅਦਿਤਿਆ ਉਪਲ ਆਈ.ਏ.ਐਸ. ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਕਾਲਜ ਦੇ ਐਥਲੈਟਿਕ ਗਰਾਊਂਡ ਦੀ ਲੈਵਲਿੰਗ, ਮੀਂਹ ਦੇ ਪਾਣੀ ਦੀ ਨਿਕਾਸੀ ਲਈ ਢੁੱਕਵੇਂ ਡਰੇਨੇਜ ਸਿਸਟਮ, ਜਿਮ ਦੀਆਂ ਸਹੂਲਤਾਂ ਵਿੱਚ ਵਾਧਾ, ਕਾਲਜ ਦੀ ਬਾਊਂਡਰੀ ਨੂੰ ਪੱਕਾ ਕਰਨ ਤੋਂ ਇਲਾਵਾ ਵਿਦਿਆਰਥੀਆਂ ਲਈ ਹੋਰ ਲੋੜੀਂਦੀਆਂ ਖੇਡ ਅਤੇ ਬੁਨਿਆਦੀ ਸਹੂਲਤਾਂ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਰਮਨ ਬਹਿਲ, ਸਾਬਕਾ ਚੇਅਰਮੈਨ, ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਨੇ ਕਾਲਜ ਦੇ ਵਿਕਾਸ ਨਾਲ ਸਬੰਧਤ ਇਨ੍ਹਾਂ ਮਾਮਲਿਆਂ ਨੂੰ ਅੱਗੇ ਵਧਾਉਣ ਵਿੱਚ ਅਹਿਮ ਭੂਮਿਕਾ ਨਿਭਾਈ। ਉਨ੍ਹਾਂ ਵੱਲੋਂ ਕਾਲਜ ਦੇ ਖੇਡ ਮੈਦਾਨਾਂ ਦੇ ਵਿਕਾਸ ਅਤੇ ਵਿਦਿਆਰਥੀਆਂ



ਲਈ ਬਿਹਤਰ ਸਹੂਲਤਾਂ ਦੀ ਲੋੜ ਸਬੰਧੀ ਵਿਸ਼ੇਸ਼ ਯਤਨ ਕੀਤੇ ਗਏ। ਮਾਨਯੋਗ ਡਿਪਟੀ ਕਮਿਸ਼ਨਰ ਅਦਿਤੇ ਉੱਪਲ ਨੇ ਕਾਲਜ ਦੀਆਂ ਲੋੜਾਂ ਨੂੰ ਗੰਭੀਰਤਾ ਨਾਲ ਲੈਂਦਿਆਂ ਮੌਕੇ 'ਤੇ ਹੀ ਐਕਸੀਅਨ, ਪੀ.ਡਬਲਿਊ.ਡੀ. ਨੂੰ ਲੋੜੀਂਦਾ ਐਸਟੀਮੇਟ ਤਿਆਰ ਕਰਨ ਦੇ ਨਿਰਦੇਸ਼ ਦਿੱਤੇ। ਕਾਲਜ ਦੇ ਪ੍ਰਿੰਸੀਪਲ ਪ੍ਰੋ. (ਡਾ.) ਅਸ਼ਵਨੀ ਕੁਮਾਰ ਭੱਲਾ ਨੇ ਕਿਹਾ ਕਿ ਕਾਲਜ ਵਿੱਚ ਵੱਡੀ ਗਿਣਤੀ ਵਿੱਚ ਵਿਦਿਆਰਥੀ ਖੇਡ ਗਤੀਵਿਧੀਆਂ ਵਿੱਚ ਭਾਗ ਲੈਂਦੇ ਹਨ ਅਤੇ ਬਿਹਤਰ ਖੇਡ ਬੁਨਿਆਦੀ ਢਾਂਚਾ ਉਨ੍ਹਾਂ ਦੀ ਪ੍ਰਤਿਭਾ ਨੂੰ ਨਿਖਾਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗਾ।

ਪ੍ਰਿੰਸੀਪਲ ਪ੍ਰੋ. (ਡਾ.) ਅਸ਼ਵਨੀ ਕੁਮਾਰ ਭੱਲਾ ਨੇ ਮਾਨਯੋਗ ਡਿਪਟੀ ਕਮਿਸ਼ਨਰ ਉੱਪਲ ਦਾ ਕਾਲਜ ਦੇ ਵਿਕਾਸ ਲਈ ਵਿਸ਼ੇਸ਼ ਧਿਆਨ ਦੇਣ ਅਤੇ ਤੁਰੰਤ ਕਾਰਵਾਈ ਲਈ ਦਿਸ਼ਾ-ਨਿਰਦੇਸ਼ ਜਾਰੀ ਕਰਨ ਵਾਸਤੇ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਆਸ ਪ੍ਰਗਟ ਕੀਤੀ ਕਿ ਇਨ੍ਹਾਂ ਵਿਕਾਸ ਕਾਰਜਾਂ ਦੇ ਸਿਰੇ ਚੜ੍ਹਨ ਨਾਲ ਕਾਲਜ ਦੇ ਖੇਡ ਬੁਨਿਆਦੀ ਢਾਂਚੇ ਵਿੱਚ ਮਹੱਤਵਪੂਰਨ ਸੁਧਾਰ ਹੋਵੇਗਾ ਅਤੇ ਵਿਦਿਆਰਥੀਆਂ ਨੂੰ ਆਪਣੀ ਖੇਡ ਪ੍ਰਤਿਭਾ ਨੂੰ ਜ਼ਿਲ੍ਹਾ, ਰਾਜ ਅਤੇ ਰਾਸ਼ਟਰੀ ਪੱਧਰ ਤੱਕ ਲਿਜਾਣ ਲਈ ਹੋਰ ਬਿਹਤਰ ਮੌਕੇ ਪ੍ਰਾਪਤ ਹੋਣਗੇ।

## 'ਆਪ' ਨੂੰ ਛੱਡ ਕੇ 14 ਪਰਿਵਾਰ ਕਾਂਗਰਸ 'ਚ ਸ਼ਾਮਲ

**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**- ਹਲਕਾ ਖੇਮਕਰਨ ਤੋਂ ਆਮ ਆਦਮੀ ਪਾਰਟੀ ਨਾਲ ਸੰਬੰਧਿਤ 14 ਪਰਿਵਾਰ ਭੈਣੀ ਮੱਸਾ ਸਿੰਘ ਤੋਂ ਸਾਬਕਾ ਸਰਪੰਚ ਸਿਮਰਜੀਤ ਸਿੰਘ ਭੈਣੀ ਤੇ ਨਿਰਮਲਜੀਤ ਸਿੰਘ ਦੀ ਅਗਵਾਈ ਹੇਠ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋ ਗਏ। ਹਲਕਾ ਖੇਮਕਰਨ ਤੋਂ



ਸਾਬਕਾ ਵਿਧਾਇਕ ਸੁਖਪਾਲ ਸਿੰਘ ਭੁੱਲਰ ਨੇ ਗੁਰਸਾਹਿਬ ਸਿੰਘ ਪੋਲਟਰੀ ਫਾਰਮ ਵਾਲੇ, ਵਰਿੰਦਰਜੀਤ ਸਿੰਘ ਲਾਲੀ, ਗੁਰਸੇਵਕ ਸਿੰਘ, ਸ਼ਮਸ਼ੇਰ ਸਿੰਘ,ਅਮਰਿੰਦਰ ਸਿੰਘ, ਨਿਸ਼ਾਨ ਸਿੰਘ, ਗੁਰਜਿੰਦਰ ਸਿੰਘ, ਅੰਗਰੇਜ਼ ਸਿੰਘ, ਮਨਿੰਦਰ ਸਿੰਘ, ਅਮਰਜੀਤ ਸਿੰਘ, ਅਕਾਸ਼ ਸਿੰਘ, ਪਰਮਜੀਤ ਸਿੰਘ, ਮੰਨ੍ਹਾ ਸਿੰਘ, ਗੁਰਵਿੰਦਰ ਸਿੰਘ ਦਾ ਪਾਰਟੀ ਵਿੱਚ ਸ਼ਾਮਲ ਹੋਣ 'ਤੇ ਸਵਾਗਤ ਕੀਤਾ।

ਇਸ ਮੌਕੇ ਸੁਖਪਾਲ ਸਿੰਘ ਭੁੱਲਰ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਝੂਠੇ ਲਾਰਿਆਂ ਤੋਂ ਤੰਗ ਲੋਕਾਂ ਨੇ 2027 ਵਿੱਚ ਕਾਂਗਰਸ ਦੀ ਸਰਕਾਰ ਬਣਾਉਣ ਦਾ ਮਨ ਬਣਾ ਲਿਆ ਹੈ।ਭੁੱਲਰ ਨੇ ਕਿਹਾ ਕਿ ਅੱਜ ਸੂਬੇ ਦੀ ਸਥਿਤੀ ਹਰ ਪਾਸਿਓਂ ਡਾਵਾਂਡੋਲ ਨਜ਼ਰ ਆ ਰਹੀ ਹੈ। ਸਰਕਾਰ ਦੀ ਰੀੜ੍ਹ ਦੀ ਹੱਡੀ ਮੰਨੇ ਜਾਂਦੇ ਮੁਲਾਜ਼ਮ ਆਪਣੀਆਂ ਮੰਗਾਂ ਦੀ ਪੂਰਤੀ ਲਈ ਸੜਕਾਂ ਤੇ ਸਰਕਾਰ ਖ਼ਿਲਾਫ਼ ਪ੍ਰਦਰਸ਼ਨ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਝੂਠੇ ਲਾਰਿਆਂ ਦੀ ਪੋਲ ਖੁੱਲ੍ਹ ਚੁੱਕੀ ਹੈ ਤੇ ਹੁਣ ਸੂਬਾ ਵਾਸੀ ਆਪਣੇ ਆਪ ਨੂੰ ਆਮ ਆਦਮੀ ਕਹਿਣ ਵਾਲਿਆਂ ਦੇ ਝੂਠੇ ਲਾਰਿਆਂ ਤੇ ਯਕੀਨ ਨਹੀਂ ਕਰਨਗੇ। ਇਸ ਮੌਕੇ ਨਿਰਮਲਜੀਤ ਸਿੰਘ, ਗੁਰਸ਼ਰਨ ਸਿੰਘ, ਸੁਰਿੰਦਰਪਾਲ ਸਿੰਘ, ਚੇਅਰਮੈਨ ਸਿਮਰਜੀਤ ਸਿੰਘ ਭੈਣੀ, ਇੰਦਰਬੀਰ ਸਿੰਘ ਪਹੂਵਿੰਡ, ਕਾਊਂਸਲਰ ਨੀਰਜ ਧਵਨ, ਬੀਸੀ ਵਿੰਗ ਦੇ ਪ੍ਰਧਾਨ ਜਗਜੀਤ ਸਿੰਘ, ਐੱਸਸੀ ਵਿੰਗ ਦੇ ਪ੍ਰਧਾਨ ਨਿਸ਼ਾਨ ਸਿੰਘ ਨਾਰਲਾ, ਬੀਸੀ ਵਿੰਗ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਨਾਰਲਾ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਹਾਜ਼ਰ ਸਨ।

## ਨਸ਼ਿਆਂ ਖਿਲਾਫ਼ ਜੰਗ ਫੈਸਲਾਕੁੰਨ ਦੌਰ 'ਚ ਦਾਖ਼ਲ : ਡਾ. ਅਰਸ਼ਦੀਪ ਸਿੰਘ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)** ਡਾ. ਅਰਸ਼ਦੀਪ ਸਿੰਘ ਜ਼ਿਲ੍ਹਾ ਕੁਆਰਡੀਨੇਟਰ ਨਸ਼ਾ ਮੁਕਤੀ ਮੋਰਚਾ ਗੁਰਦਾਸਪੁਰ ਨੇ ਦੱਸਿਆ ਕਿ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਨਸ਼ਿਆਂ ਖਿਲਾਫ ਇਕ ਫੈਸਲਾਕੁੰਨ ਜੰਗ ਕਰਾਰ ਦਿੰਦਿਆਂ ਕਿਹਾ ਕਿ ਇਸ ਮੁਹਿੰਮ ਤਹਿਤ 550 ਦਿਨਾਂ ਦੌਰਾਨ 76 ਹਜ਼ਾਰ ਤੋਂ ਵੱਧ ਗ੍ਰਿਫ਼ਤਾਰੀਆਂ ਕੀਤੀਆਂ ਗਈਆਂ ਹਨ ਅਤੇ 10 ਗੈਂਗਸਟਰਾਂ ਨੂੰ ਵਿਦੇਸ਼ ਤੋਂ ਪੰਜਾਬ ਵਾਪਸ ਫੜ ਕੇ ਲਿਆਂਦਾ ਗਿਆ ਹੈ।ਉਨ੍ਹਾਂ ਅੱਗੇ ਕਿਹਾ ਕਿ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਹੁਣ ਆਪਣੇ ਆਖਰੀ ਪੜਾਅ ਵਿੱਚ ਦਾਖਲ ਹੋ ਰਹੀ ਹੈ।ਅਗਲੇ ਇਕ ਮਹੀਨੇ ਦੌਰਾਨ ਹਰੇਕ ਹਲਕੇ ਵਿੱਚ ਨਸ਼ਾ ਮੁਕਤੀ ਮੋਰਚਾ ਪ੍ਰਧਾਨ ਤੇ ਕਨਵੀਨਰ ਹਰੇਕ ਪਿੰਡ ਅਤੇ ਵਾਰਡ ਵਿੱਚ ਜਾ ਕੇ ਨਿਵਾਸੀਆਂ ਨੂੰ ਮਿਲਣਗੇ ਅਤੇ ਨਸ਼ਿਆਂ ਦੀ ਸਮੱਸਿਆ ਵਿਰੁੱਧ ਲੜਾਈ ਵਿੱਚ ਹੋਈ ਪ੍ਰਗਤੀ ਬਾਰੇ ਚਰਚਾ ਕਰਨਗੇ।ਉਨ੍ਹਾਂ ਨੇ ਕਿਹਾ ਕਿ ਇਸ ਮੁਹਿੰਮ ਨੇ ਸੂਬੇ ਵਿੱਚ ਨਸ਼ਿਆਂ ਦੇ ਨੈੱਟਵਰਕ ਦੀ ਕਮਰ ਤੋੜ ਕੇ ਨਸ਼ਿਆਂ ਦੀ ਸਮੱਸਿਆ ਨਾਲ ਨਜਿੱਠਣ ਵਿੱਚ ਸ਼ਾਨਦਾਰ ਭੂਮਿਕਾ ਨਿਭਾਈ ਹੈ।ਉਨ੍ਹਾਂ ਕਿਹਾ ਕਿ [illegible] ਸੀ।ਉਨ੍ਹਾਂ ਅੱਗੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਨਸ਼ਿਆਂ ਦੀ ਸਮੱਸਿਆ ਨਾਲ ਨਜਿੱਠਣ ਦਾ ਆਪਣਾ ਦ੍ਰਿੜ੍ਹ ਸੰਕਲਪ ਦਿਖਾਇਆ ਹੈ।ਉਨ੍ਹਾਂ ਨੇ ਲੋਕਾਂ ਨੂੰ ਇਸ ਮੁਹਿੰਮ ਵਿੱਚ ਵੱਧ ਤੋਂ ਵੱਧ ਸਾਥ ਦੇਣ ਦੀ ਅਪੀਲ ਕੀਤੀ।ਉਨ੍ਹਾਂ ਕਿਹਾ ਕਿ ਸਮੂਹਿਕ ਸਹਿਯੋਗ ਨਾਲ ਨਸ਼ਿਆਂ ਨੂੰ ਜੜ੍ਹੋਂ ਖਤਮ ਕੀਤਾ ਜਾਵੇਗਾ।



## ਮੀਰੀ-ਪੀਰੀ ਖ਼ਾਲਸਾ ਮਾਰਚ ਦੇ ਤੀਜੇ ਪੜਾਅ ਦੀ ਆਰੰਭਤਾ ਭਲਕੇ : ਜਥੇਦਾਰ ਗੜਗੱਜ

**ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਪ੍ਰਸਤੀ ਹੇਠ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਰੰਭ ਹੋਏ 'ਮੀਰੀ-ਪੀਰੀ ਖ਼ਾਲਸਾ ਮਾਰਚ' ਦੇ ਤੀਜੇ ਪੜਾਅ ਦੀ ਆਰੰਭਤਾ 17 ਸਤੰਬਰ ਨੂੰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਤੋਂ ਸ੍ਰੀ ਅਕਾਲ ਤਖ਼ਤ ਸਾਹਿਬ ਸ੍ਰੀ ਅੰਮ੍ਰਿਤਸਰ ਲਈ ਪੰਥਕ ਰਵਾਇਤਾਂ ਅਤੇ ਖ਼ਾਲਸਾਈ ਜਾਹੋ-ਜਲਾਲ ਨਾਲ ਹੋਵੇਗੀ। ਤੀਜੇ ਪੜਾਅ ਤਹਿਤ ਖ਼ਾਲਸਾ ਮਾਰਚ ਦੁਆਬਾ ਅਤੇ ਮਾਝਾ ਖੇਤਰ ਦੇ ਇਲਾਕਿਆਂ ਵਿੱਚ ਵੱਖ-ਵੱਖ ਪਿੰਡਾਂ, ਕਸਬਿਆਂ ਅਤੇ ਸ਼ਹਿਰਾਂ ਵਿੱਚੋਂ ਹੁੰਦਾ ਹੋਇਆ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸੰਪੂਰਨ ਹੋਵੇਗਾ। ਇਸ ਤੋਂ ਪਹਿਲਾਂ 24 ਜੁਲਾਈ ਤੋਂ 4 ਸਤੰਬਰ ਤੱਕ ਦੋ ਪੜਾਵਾਂ ਵਿੱਚ ਮੀਰੀ-ਪੀਰੀ ਖ਼ਾਲਸਾ ਮਾਰਚ ਪੰਜਾਬ ਅੰਦਰ ਮਾਝਾ, ਮਾਲਵਾ ਅਤੇ ਪੁਆਧ ਇਲਾਕਿਆਂ ਦੇ ਲਗਭਗ 650 ਪਿੰਡਾਂ ਵਿੱਚ ਮੀਰੀ ਪੀਰੀ ਦੇ ਸਿਧਾਂਤ ਦੇ ਨਾਲ-ਨਾਲ ਸਿੱਖੀ ਪ੍ਰਚਾਰ ਪ੍ਰਸਾਰ ਕਰ ਚੁੱਕਾ ਹੈ, ਜਿਸ ਤਹਿਤ ਲੋਕਾਂ ਪੰਜ ਸਿਧਾਂਤਾਂ ਸੰਬੰਧੀ - ਗੁਰਬਾਣੀ ਨਾਲ ਜੁੜਣ, ਅੰਮ੍ਰਿਤ ਛਕਣ, ਸਾਬਤ ਸੂਰਤ ਹੋਣ, ਨਸ਼ੇ ਤਿਆਗਣ, ਪੰਜਾਬ ਅੰਦਰ ਹੀ ਸੱਚੀ ਸੁੱਚੀ ਕਿਰਤ ਕਰਨ, ਪੰਜਾਬ ਅੰਦਰ ਆਪਣੀਆਂ ਜ਼ਮੀਨਾਂ ਨਾ ਵੇਚਣ, ਗੁਰਮੁਖੀ ਪੰਜਾਬੀ ਪੜ੍ਹਨ ਤੇ ਸਿੱਖਣ ਅਤੇ ਪੰਥ ਵਿਰੋਧੀ ਤਾਕਤਾਂ ਤੋਂ ਸੁਚੇਤ ਰਹਿਣ - ਦਾ ਸੁਨੇਹਾ ਦਿੱਤਾ ਗਿਆ। ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਪਿਛਲੇ ਦੋ ਪੜਾਵਾਂ ਵਿੱਚ ਮੀਰੀ ਪੀਰੀ ਖ਼ਾਲਸਾ ਮਾਰਚ ਨੂੰ ਸਿੱਖ ਸੰਗਤ ਵੱਲੋਂ ਭਰਵਾਂ ਹੁੰਗਾਰਾ ਮਿਲਿਆ ਹੈ ਅਤੇ ਖ਼ਾਸਕਰ ਵੱਡੀ ਗਿਣਤੀ ਵਿੱਚ ਨੌਜਵਾਨਾਂ ਅਤੇ ਬੱਚਿਆਂ ਦੀ ਸ਼ਮੂਲੀਅਤ ਨੇ ਦਰਸਾਇਆ ਹੈ ਕਿ ਉਹ ਗੁਰੂ ਸਾਹਿਬਾਨ ਦੀ ਸਿੱਖੀ ਅਤੇ ਸੰਕਲਪ ਨਾਲ ਜੁੜਨਾ ਚਾਹੁੰਦੇ ਹਨ। [illegible] ਪੰਜਾਬ ਦੇ ਨੌਜਵਾਨਾਂ ਅੰਦਰ ਅੱਜ ਵੀ ਸਿੱਖੀ ਦਾ ਪੂਰਾ ਜਜ਼ਬਾ ਕਾਇਮ ਹੈ [illegible] ਉਨ੍ਹਾਂ ਕਿਹਾ ਕਿ ਤੀਜੇ ਪੜਾਅ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਮੁੱਚੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ। ਉਨ੍ਹਾਂ ਸਮੂਹ ਸਿੱਖ ਸੰਗਤ ਨੂੰ ਅਪੀਲ ਕੀਤੀ ਕਿ ਉਹ ਮੀਰੀ ਪੀਰੀ ਖ਼ਾਲਸਾ ਮਾਰਚ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਕਰਕੇ ਸਿੱਖੀ ਦਾ ਸੁਨੇਹਾ ਪ੍ਰਾਪਤ ਕਰਨ ਅਤੇ ਗੁਰਮਤਿ ਅਨੁਸਾਰ ਆਪਣਾ ਜੀਵਨ ਜੀਣ।ਉਨ੍ਹਾਂ ਕਿਹਾ ਕਿ ਤੀਜੇ ਪੜਾਅ ਦੀ ਆਰੰਭਤਾ ਮੌਕੇ ਖ਼ਾਲਸਾ ਪੰਥ ਦੀਆਂ ਪ੍ਰਮੁੱਖ ਸ਼ਖ਼ਸ਼ੀਅਤਾਂ ਵੀ ਸ਼ਮੂਲੀਅਤ ਕਰਨਗੀਆਂ।





## ਨਕਲੀ ਦੁੱਧ ਦੀ ਵਿਕਰੀ 'ਤੇ ਕਾਨੂੰਨੀ ਸ਼ਿਕੰਜਾ ਕੱਸਣ ਦੀ ਮੰਗ

**ਚਵਿੰਡਾ ਦੇਵੀ, (ਖ਼ੁਸ਼ਹਾਲ ਸੁੰਦਰ)**: ਪੰਜਾਬ ਵਿੱਚ ਨਕਲੀ ਦੁੱਧ ਅਤੇ ਦੁੱਧ ਤੋਂ ਬਣੇ ਮਿਲਾਵਟੀ ਪਦਾਰਥਾਂ ਦੀ ਵਿਕਰੀ ਨੂੰ ਰੋਕਣ ਲਈ [illegible] ਯੂਨੀਅਨ ਵੱਲੋਂ ਪ੍ਰਧਾਨ ਭੁਪਿੰਦਰ ਸਿੰਘ ਦੀ ਪ੍ਰਧਾਨਗੀ ਹੇਠ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਨੂੰ ਮੰਗ ਪੱਤਰ ਦਿੱਤਾ ਗਿਆ। ਯੂਨੀਅਨ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਨਕਲੀ ਦੁੱਧ ਤਿਆਰ ਕਰਨ ਅਤੇ ਵੇਚਣ ਵਾਲਿਆਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ।ਯੂਨੀਅਨ ਆਗੂਆਂ ਨੇ ਕਿਹਾ ਕਿ ਨਕਲੀ ਦੁੱਧ ਦੀ ਵਿਕਰੀ ਨਾਲ ਲੋਕਾਂ ਦੀ ਸਿਹਤ ਨਾਲ ਖਿਲਵਾੜ ਹੋ ਰਿਹਾ ਹੈ ਅਤੇ ਨਾਲ-ਨਾਲ ਅਸਲ ਦੁੱਧ ਪੈਦਾ ਕਰਨ ਵਾਲੇ ਡੇਅਰੀ ਕਿਸਾਨਾਂ ਨੂੰ ਵੀ ਆਰਥਿਕ ਨੁਕਸਾਨ ਹੋ ਰਿਹਾ ਹੈ।ਉਨ੍ਹਾਂ ਮੰਗ ਕੀਤੀ ਕਿ ਦੁੱਧ ਅਤੇ ਦੁੱਧ ਤੋਂ ਬਣੇ ਪਦਾਰਥਾਂ ਦੀ ਨਿਯਮਤ ਜਾਂਚ ਕਰਵਾਈ ਜਾਵੇ ਅਤੇ ਮਿਲਾਵਟਖੋਰੀ ਕਰਨ ਵਾਲਿਆਂ 'ਤੇ ਸਖ਼ਤ ਕਾਰਵਾਈ ਕੀਤੀ ਜਾਵੇ।ਇਸ ਮੌਕੇ ਪ੍ਰਧਾਨ ਗੁਰਸਾਗਰਪ੍ਰੀਤ ਸਿੰਘ, ਜ਼ੋਨ ਪ੍ਰਧਾਨ ਲਖਵਿੰਦਰ ਸਿੰਘ, ਜ਼ੋਨ ਪ੍ਰਧਾਨ ਸਤਿੰਦਰ ਸਿੰਘ, ਦਿਲਜੀਤ ਸਿੰਘ, ਭੁਪਿੰਦਰ ਸਿੰਘ ਫੌਜੀ, ਮਨਪ੍ਰੀਤ ਸਿੰਘ, ਗੁਰਸਾਹਬ ਸਿੰਘ, ਪਰਦੀਪ ਸਿੰਘ ਅਤੇ ਬਲਤੇਜ ਸਿੰਘ ਸਮੇਤ ਹੋਰ ਯੂਨੀਅਨ ਆਗੂ ਹਾਜ਼ਰ ਸਨ।

## ਬਿਜਲੀ ਕੱਟਾਂ ਵਿਰੁੱਧ ਕਿਸਾਨਾਂ ਨੇ ਐੱਸ ਈ ਪਾਵਰਕਾਮ ਗੁਰਦਾਸਪੁਰ ਦੇ ਦਫਤਰ ਅੱਗੇ ਦਿੱਤਾ ਧਰਨਾ

**ਧਾਰੀਵਾਲ, (ਮਨਦੀਪ ਵਿੱਕੀ)**- ਐੱਸ ਈ ਪਾਵਰ /ਕਾਮ ਗੁਰਦਾਸਪੁਰ ਦੇ ਦਫਤਰ ਅੱਗੇ ਮਜ਼ਦੂਰਾਂ, ਕਿਸਾਨਾਂ ਨੇ ਸੰਯੁਕਤ ਕਿਸਾਨ ਮੋਰਚੇ ਗੁਰਦਾਸਪੁਰ ਦੀ ਅਗਵਾਈ ਵਿੱਚ ਵਿਸ਼ਾਲ ਧਰਨਾ ਦਿੱਤਾ ਅਤੇ ਮੰਗ ਕੀਤੀ ਕਿ ਬਿਜਲੀ ਦੇ ਲੱਗ ਰਹੇ ਲੰਬੇ ਕੱਟਾਂ ਵਿੱਚ ਫੌਰੀ ਸੁਧਾਰ ਕੀਤਾ ਜਾਵੇ ਅਤੇ ਬਿਜਲੀ ਦੀ ਸਪਲਾਈ ਯਕੀਨੀ ਬਣਾਈ ਜਾਵੇ ਕਿਉਂਕਿ ਝੋਨੇ ਬਰਬਾਦ ਹੋ ਰਹੇ ਹਨ ਅਤੇ ਆਮ ਲੋਕਾਂ ਦਾ ਬੁਰਾ ਹਾਲ ਹੈ।ਧਰਨੇ ਦੀ ਅਗਵਾਈ ਸਾਂਝੇ ਤੌਰ ਤੇ ਤਰਲੋਕ ਸਿੰਘ ਬਹਿਰਾਮਪੁਰ, ਗੁਰਮੀਤ ਸਿੰਘ ਮਗਰਾਲਾ, ਮੰਗਤ ਸਿੰਘ ਜੀਵਨ ਚੱਕ, ਬਚਨ ਸਿੰਘ ਭੁੰਬਲੀ, ਰਘਬੀਰ ਸਿੰਘ ਚਾਹਲ, ਹਰਵਿੰਦਰ ਸਿੰਘ ਖਜਾਲਾ, ਕਰਨੈਲ ਸਿੰਘ ਸ਼ੇਰਪੁਰ, ਗੁਰਪ੍ਰਤਾਪ ਸਿੰਘ, ਬਲਬੀਰ ਸਿੰਘ ਉੱਚਾ ਧਕਾਲਾ ਆਦਿ ਨੇ ਸਾਂਝੇ ਤੌਰ 'ਤੇ ਕੀਤੀ।ਇਸ ਮੌਕੇ ਬੁਲਾਰਿਆਂ ਮੱਖਣ ਸਿੰਘ ਕੁਹਾੜ, ਸਤਬੀਰ ਸਿੰਘ ਸੁਲਤਾਨੀ, ਰਾਜ ਗੁਰਵਿੰਦਰ ਸਿੰਘ ਲਾਡੀ ਅਜੀਤ ਸਿੰਘ ਹੁੰਦਲ, ਅਸ਼ਵਨੀ ਕੁਮਾਰ ਲਖਣ ਕਲਾਂ, ਗੁਰਵਿੰਦਰ ਸਿੰਘ ਜੀਵਨ ਚੱਕ, ਪਲਵਿੰਦਰ ਸਿੰਘ ਮਠੋਲਾ, ਗੁਰਦੀਪ ਸਿੰਘ ਮੁਸਤਫਾਬਾਦ ਆਦਿ ਨੇ ਪੰਜਾਬ ਦੀ ਮਾਨ ਸਰਕਾਰ ਅਤੇ ਪਾਵਰਕਾਮ ਦੇ ਉੱਚ ਅਧਿਕਾਰੀਆਂ ਦੀ ਸਖਤ ਆਲੋਚਨਾ ਕੀਤੀ ਕਿ ਵਾਅਦਾ ਘੱਟੋ-ਘੱਟ ਅੱਠ ਘੰਟੇ ਬਿਜਲੀ ਦੇਣ ਦਾ ਕਰਕੇ ਸਿਰਫ ਦੋ ਦੋ ਘੰਟੇ ਹੀ ਬਿਜਲੀ ਦਿੱਤੀ ਜਾ ਰਹੀ ਹੈ।

ਬੁਲਾਰਿਆਂ ਨੇ ਨਵੇਂ ਪਿੰਡ ਦੀਨਾਨਗਰ ਫੀਡਰ ਅਤੇ ਕਈ ਹੋਰ ਖੇਤਰ 20-20 ਦਿਨ ਤੋਂ ਬਿਜਲੀ ਬੰਦ ਹੋਣ ਬਾਰੇ ਦੱਸਿਆ ਪਰ ਅੱਜ ਤੱਕ ਕੋਈ ਇੰਤਜ਼ਾਮ ਨਹੀਂ ਕੀਤਾ ਜਾ ਰਿਹਾ।ਅਧਿਕਾਰੀਆਂ ਵੱਲੋਂ ਸ਼ਿਕਾਇਤ ਲਈ ਫੋਨ ਨਾ




ਉਠਾਉਣ ਦੀ ਵੀ ਤਿੱਖੀ ਆਲੋਚਨਾ ਕੀਤੀ। ਟਰਾਂਸਫਾਰਮਰ ਸੜ ਜਾਣ ਜਾਂ ਤੇਲ ਚੋਰੀ ਹੋਣ 'ਤੇ ਖਪਤਕਾਰ ਤੋਂ ਪੈਸੇ ਵਸੂਲੇ ਜਾਣ ਦੀ ਵੀ ਸ਼ਿਕਾਇਤ ਕੀਤੀ ਗਈ।

ਬੁਲਾਰਿਆਂ ਐੱਸ ਈ ਗੁਰਦਾਸਪੁਰ ਨੂੰ ਚਿਤਾਵਨੀ ਦਿੱਤੀ ਕਿ ਅਗਰ ਇੱਕ ਦੋ ਦਿਨ ਤੱਕ ਉਪਰੋਕਤ ਮਸਲਿਆਂ ਦਾ ਸੁਧਾਰ ਨਾ ਹੋਇਆ, ਬਿਜਲੀ ਦੀ ਸਪਲਾਈ ਨਾ ਠੀਕ ਹੋਈ ਤਾਂ ਐੱਸੀ ਦਫਤਰ ਅੱਗੇ ਰਾਤ ਦਿਨ ਦਾ ਪੱਕਾ ਧਰਨਾ ਲਾ ਦਿੱਤਾ ਜਾਵੇਗਾ ।

## ਜਹਾਂਗੀਰ 'ਚ ਚੈਰੀਟੇਬਲ ਲੈਬਾਰਟਰੀ ਦਾ ਮੁਫ਼ਤ ਜਾਂਚ ਕੈਂਪ ਲਾਇਆ



**ਬਿਆਸ (ਪਰਮਜੀਤ ਸਿੰਘ ਰੱਖੜਾ)** ਡਾਕਟਰ ਅਜੈਬ ਸਿੰਘ ਜਹਾਂਗੀਰ ਦੀ ਮਿੱਠੀ ਯਾਦ ਵਿੱਚ ਉਹਨਾ ਦੇ ਸਮੂਹ ਸੰਧਾ ਪਰਵਾਰ ਦੇ ਸਹਿਯੋਗ ਨਾਲ ਗੁਰਦੁਆਰਾ ਮਾਤਾ ਨਿਹਾਲ ਕੌਰ ਵਿਖੇ ਮਿਸ਼ਨ ਸਿਹਤਮੰਦ ਪੰਜਾਬ ਤਹਿਤ ਲਾਈਫ ਕੇਅਰ ਫਾਊਂਡੇਸ਼ਨ ਵੱਲੋਂ 673ਵਾਂ ਕੈਂਪ ਲਗਾਇਆ ਗਿਆ, ਜਿਸ ਦੌਰਾਨ ਮਰੀਜ਼ਾਂ ਦੇ ਮੁਫ਼ਤ ਟੈਸਟ ਕੀਤੇ ਗਏ। ਲਾਈਫ ਕੇਅਰ ਫਾਊਂਡੇਸ਼ਨ ਦੇ ਮੈਨੇਜਰ ਪਰਮਜੀਤ ਸਿੰਘ ਰੱਖੜਾ ਨੇ ਦੱਸਿਆ ਕਿ ਲਾਈਫ ਕੇਅਰ ਫਾਊਂਡੇਸ਼ਨ ਚੈਰੀਟੇਬਲ ਲੈਬਾਰਟਰੀ ਵੱਲੋਂ ਸੰਗਤਾਂ ਦੇ ਬਲੱਡ ਟੈਸਟ ਕੀਤੇ ਗਏ ਸੰਸਥਾ ਵੱਲੋਂ ਮਾਰਕੀਟ ਨਾਲੋਂ 75 ਫੀਸਦੀ ਘੱਟ ਰੇਟਾਂ 'ਤੇ ਟੈਸਟ ਕੀਤੇ ਜਾਂਦੇ ਹਨ । ਅੱਜ ਦੇ ਲਾਈਫ ਕੇਅਰ ਫਾਊਂਡੇਸ਼ਨ ਕੈਂਪ ਵਿੱਚ 100 ਦੇ ਕਰੀਬ ਲੋਕਾਂ ਦੇ ਬਲੱਡ ਟੈਸਟ, ਯੂਰਨ ਟੈਸਟ, ਫੁੱਲ ਬਾਡੀ ਟੈਸਟ ਕੀਤੇ ਗਏ।

ਇਸ ਮੌਕੇ ਹਰਭਜਨ ਕੌਰ ਸੰਧਾ, ਰਮਿੰਦਰਜੀਤ ਕੌਰ ਸੰਧਾ, ਸੁਖਜਿੰਦਰ ਸਿੰਘ ਹੈਰੀ ਸੰਧਾ, ਜਤਿੰਦਰ ਸਿੰਘ ਥਿੰਦ, ਡਾਕਟਰ ਮਨਿੰਦਰਜੀਤ ਕੌਰ, ਡਾਕਟਰ ਰਵਨੀਤ ਕੌਰ, ਮੈਂਬਰ ਪੰਚਾਇਤ ਸੁਬੇਗ ਸਿੰਘ, ਜਤਿੰਦਰ ਸਿੰਘ, ਅਰਪਨਦੀਪ ਕੌਰ, ਰਾਜਪਾਲ ਸਿੰਘ, ਕਸ਼ਮੀਰ ਕੌਰ, (ਸਾਰੇ ਲੈਬ ਟੈਕਨੀਸ਼ੀਅਨ) , ਇੰਚਾਰਜ ਵਰਿੰਦਰ ਸਿੰਘ, ਚੈਂਚਲ ਸਿੰਘ, ਗੁਰਦੇਵ ਸਿੰਘ, ਲੈਬ ਟੈਕਨੀਸ਼ੀਅਨ ਜਤਿੰਦਰ ਸਿੰਘ, ਸਮੂਹ ਸੰਧਾ ਪਰਵਾਰ ਅਤੇ ਹੋਰ ਪਤਵੰਤੇ ਹਾਜ਼ਰ ਸਨ।

## ਅਧਿਆਪਕ ਦਿਵਸ 'ਤੇ ਰੋਟਰੀ ਕਲੱਬ ਅੰਮ੍ਰਿਤਸਰ ਵੈਸਟ ਨੇ ਅਧਿਆਪਕਾਂ ਨੂੰ ਕੀਤਾ ਸਨਮਾਨਿਤ

**ਅੰਮ੍ਰਿਤਸਰ (ਅਰੋੜਾ)**: ਰੋਟਰੀ ਕਲੱਬ ਅੰਮ੍ਰਿਤਸਰ ਵੈਸਟ ਨੇ ਸਿੱਖਿਆ ਦੇ ਖੇਤਰ ਵਿੱਚ ਉਨ੍ਹਾਂ ਦੇ ਸਮਰਪਿਤ ਯੋਗਦਾਨ ਅਤੇ ਵਿਦਿਆਰਥੀਆਂ ਦੇ ਭਵਿੱਖ ਨੂੰ ਸੰਵਾਰਨ ਦੀ ਵਚਨਬੱਧਤਾ ਲਈ ਛੇ ਪ੍ਰਮੁੱਖ ਅਧਿਆਪਕਾਂ ਨੂੰ ਸਨਮਾਨਿਤ ਕਰਕੇ ਵੱਡੇ ਉਤਸ਼ਾਹ ਨਾਲ ਅਧਿਆਪਕ ਦਿਵਸ ਮਨਾਇਆ।

ਪ੍ਰੋਗਰਾਮ ਦੀ ਮੁੱਖ ਮਹਿਮਾਨ ਐੱਸ. ਜੀ. ਆਰ. ਡੀ. ਆਈ. ਐੱਮ. ਐੱਸ. ਦੀ ਪ੍ਰਿੰਸੀਪਲ ਡਾ. ਅਨੁਪਮਾ ਗੁਪਤਾ ਸਨ। ਆਪਣੇ ਸੰਬੋਧਨ ਵਿੱਚ ਡਾ. ਗੁਪਤਾ ਨੇ ਰੋਟਾਰੀ ਕਲੱਬ ਅੰਮ੍ਰਿਤਸਰ ਵੈਸਟ ਦੀ ਇਸ ਪਹਿਲਕਦਮੀ ਦੀ ਸ਼ਲਾਘਾ ਕੀਤੀ ਅਤੇ ਸਮਾਜ ਵਿੱਚ ਅਮੂਲ ਯੋਗਦਾਨ ਲਈ ਅਧਿਆਪਕਾਂ ਦੀ ਸ਼ਲਾਘਾ ਕੀਤੀ। ਸਨਮਾਨਿਤ ਅਧਿਆਪਕਾਂ ਨੂੰ ਉਨ੍ਹਾਂ ਦੀਆਂ ਮਿਸਾਲੀ ਸੇਵਾਵਾਂ, ਸਮਰਪਣ ਅਤੇ ਸਿੱਖਿਆ ਪ੍ਰਤੀ ਵਚਨਬੱਧਤਾ ਲਈ ਸਨਮਾਨਿਤ ਕੀਤਾ ਗਿਆ।ਇਸ ਸਮਾਗਮ ਨੇ ਨੌਜਵਾਨ ਮਨਾਂ ਨੂੰ ਤਰਾਸ਼ਣ ਅਤੇ ਇੱਕ ਜ਼ਿੰਮੇਵਾਰ ਤੇ ਪ੍ਰਗਤੀਸ਼ੀਲ ਸਮਾਜ ਦੇ ਨਿਰਮਾਣ ਵਿੱਚ ਅਧਿਆਪਕਾਂ ਦੁਆਰਾ ਨਿਭਾਈ ਜਾਣ ਵਾਲੀ ਮਹੱਤਵਪੂਰਨ ਭੂਮਿਕਾ 'ਤੇ ਚਾਨਣਾ ਪਾਇਆ।ਇਸ ਮੌਕੇ ਜ਼ੋਨਲ ਚੇਅਰਮੈਨ ਡਾ. ਜਸਪ੍ਰੀਤ ਸਿੰਘ ਗ੍ਰੋਵਰ, ਸਕੱਤਰ ਰਿਸ਼ਭ, ਸਾਵਨ ਅਰੋੜਾ, ਅਤੇ ਅਸਿਸਟੈਂਟ ਗਵਰਨਰ ਰਵੀ ਹਾਂਡਾ ਦੇ ਨਾਲ-ਨਾਲ ਰੋਟਾਰੀ ਕਲੱਬ ਅੰਮ੍ਰਿਤਸਰ ਵੈਸਟ ਦੇ ਮੈਂਬਰ ਹਾਜ਼ਰ ਸਨ, ਜਿਨ੍ਹਾਂ ਵਿੱਚ ਡਾ. ਸਾਰਿਕਾ, ਰਮਿੰਦਰ ਗ੍ਰੋਵਰ, ਡਾ. ਸ਼ਾਲੂ,



ਨੀਰੂ ਈਸਰ, ਰਾਜੇਸ਼ ਖੰਨਾ, ਡਾ. ਵਿਕਰਮ, ਅਨੰਤ ਚਾਵਲਾ, ਨਿੰਪੀ ਭਸੀਨ, ਰਵਿੰਦਰ ਪਠਾਨੀਆਂ ਅਤੇ ਡਾ. ਸੰਦੀਪ ਸ਼ਾਮਲ ਸਨ।ਰੋਟਾਰੀ ਕਲੱਬ ਨੇ ਸਮਾਜ ਵਿੱਚ ਸਾਰਥਕ ਯੋਗਦਾਨ ਪਾਉਣ ਵਾਲੇ ਵਿਅਕਤੀਆਂ, ਵਿਸ਼ੇਸ਼ ਤੌਰ ਤੇ ਸਿੱਖਿਆ ਦੇ ਖੇਤਰ ਵਿੱਚ ਕੰਮ ਕਰਨ ਵਾਲਿਆਂ ਦੀ ਪਛਾਣ ਕਰਨ ਅਤੇ ਉਨ੍ਹਾਂ ਦਾ ਸਮਰਥਨ ਕਰਨ ਦੀ ਆਪਣੀ ਵਚਨਬੱਧਤਾ ਨੂੰ ਦੁਹਰਾਇਆ।ਪ੍ਰੋਗਰਾਮ ਦਾ ਸਮਾਪਨ ਮੁੱਖ ਮਹਿਮਾਨ, ਸਨਮਾਨਿਤ ਅਧਿਆਪਕਾਂ ਅਤੇ ਪ੍ਰੋਗਰਾਮ ਨੂੰ ਯਾਦਗਾਰੀ ਬਣਾਉਣ ਵਿੱਚ ਯੋਗਦਾਨ ਪਾਉਣ ਵਾਲੇ ਸਾਰੇ ਮੈਂਬਰਾਂ ਨੂੰ ਧੰਨਵਾਦ ਦੇ ਮਤੇ ਨਾਲ ਹੋਇਆ।

## ਐੱਨ ਸੀ ਸੀ ਕੈਡੇਟ ਖੁਸ਼ੀ ਨੇ ਚਾਂਦੀ ਦਾ ਤਮਗਾ ਜਿੱਤਿਆ

**ਆਦਮਪੁਰ (ਪਰਮਜੀਤ ਸਿੰਘ)**- ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਦੀ ਐੱਨ ਸੀ ਸੀ ਕੈਡੇਟ ਐੱਲ/ਸੀ ਪੀ ਐੱਲ ਖੁਸ਼ੀ ਨੇ ਥਲ ਸੈਨਿਕ ਕੈਂਪ ਦੌਰਾਨ ਚਾਂਦੀ ਦਾ ਤਗਮਾ (ਸਿਲਵਰ ਮੈਡਲ) ਹਾਸਲ ਕਰਕੇ ਯੂਨੀਵਰਸਿਟੀ ਦਾ ਨਾਂਅ ਰੋਸ਼ਨ ਕੀਤਾ ਹੈ। ਕੈਂਪ ਨੂੰ ਸਫਲਤਾਪੂਰਵਕ ਪੂਰਾ ਕਰਨ ਤੋਂ ਬਾਅਦ ਖੁਸ਼ੀ ਯੂਨੀਵਰਸਿਟੀ ਵਾਪਸ ਪਰਤੀ, ਜਿੱਥੇ ਉਸ ਦਾ



ਨਿੱਘਾ ਸਵਾਗਤ ਕੀਤਾ ਗਿਆ ਅਤੇ ਉਸ ਦੀ ਇਸ ਪ੍ਰਾਪਤੀ ਲਈ ਉਸ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਯੂਨੀਵਰਸਿਟੀ ਦੇ ਉਪ-ਕੁਲਪਤੀ ਪ੍ਰੋ. (ਡਾ) ਪਲਵਿੰਦਰ ਸਿੰਘ ਨੇ ਕੈਡੇਟ. ਖੁਸ਼ੀ ਨੂੰ ਉਸ ਦੀ ਇਸ ਸ਼ਾਨਦਾਰ ਪ੍ਰਾਪਤੀ 'ਤੇ ਵਧਾਈ ਦਿੱਤੀ ਅਤੇ ਉਸ ਦੀ ਲਗਨ, ਅਨੁਸ਼ਾਸਨ ਅਤੇ ਕੜੀ ਮਿਹਨਤ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਭਵਿੱਖ ਦੇ ਯਤਨਾਂ ਲਈ ਸ਼ੁਭਕਾਮਨਾਵਾਂ ਵੀ ਦਿੱਤੀਆਂ ਅਤੇ ਕਿਹਾ ਕਿ ਉਸ ਦੀ ਇਹ ਪ੍ਰਾਪਤੀ ਹੋਰਨਾਂ ਕੈਡੇਟਾਂ ਨੂੰ ਉੱਤਮਤਾ ਪ੍ਰਾਪਤ ਕਰਨ ਲਈ ਪ੍ਰੇਰਿਤ ਕਰੇਗੀ। ਐੱਨ ਸੀ ਸੀ ਸੀ ਟੀ ਓ ਡਾ. ਮੋਹਨ ਲਾਲ ਨੇ ਵੀ ਖੁਸ਼ੀ ਨੂੰ ਵਧਾਈ ਦਿੱਤੀ ਅਤੇ ਕੈਂਪ ਦੌਰਾਨ ਉਸ ਦੀ ਵਚਨਬੱਧਤਾ ਅਤੇ ਸੱਚੇ ਯਤਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਟੀ ਐੱਸ ਸੀ ਵਿੱਚ ਚਾਂਦੀ ਦਾ ਤਗਮਾ ਜਿੱਤਣਾ ਇੱਕ ਮਾਣ ਵਾਲੀ ਪ੍ਰਾਪਤੀ ਹੈ ਜੋ ਕੈਡੇਟ ਦੇ ਸਮਰਪਣ, ਅਨੁਸ਼ਾਸਨ, ਦ੍ਰਿੜਤਾ ਅਤੇ ਨਿਰੰਤਰ ਅਭਿਆਸ ਨੂੰ ਦਰਸਾਉਂਦੀ ਹੈ।ਥਲ ਸੈਨਿਕ ਕੈਂਪ ਐੱਨ ਸੀ ਸੀ ਕੈਡੇਟਾਂ ਨੂੰ ਵੱਖ-ਵੱਖ ਕਿਸਮਾਂ ਦੀਆਂ ਸੈਨਿਕ ਸਿਖਲਾਈਆਂ, ਸਰੀਰਕ ਫਿੱਟਨੈੱਸ, ਲੀਡਰਸ਼ਿਪ ਵਿਕਾਸ ਅਤੇ ਮੁਕਾਬਲੇਬਾਜ਼ੀ ਵਾਲੀਆਂ ਗਤੀਵਿਧੀਆਂ ਵਿੱਚ ਹਿੱਸਾ ਲੈਣ ਦਾ ਮੌਕਾ ਪ੍ਰਦਾਨ ਕਰਦਾ ਹੈ।

## ਬੰਜਾਰੇ ਨੇ 'ਬਰਸਾਤ' ਦਾ ਅਧਿਕਾਰਤ ਸੰਗੀਤ ਵੀਡੀਓ ਕੀਤਾ ਰਿਲੀਜ਼

**ਲੁਧਿਆਣਾ** : ਹਰਿਆਣਵੀ ਸੰਗੀਤ ਜੋੜੀ ਸੁਮਿਤ ਅਤੇ ਅਨੁਜ 'ਬੰਜਾਰੇ' ਨੇ ਆਪਣੇ ਚਰਚਿਤ ਗੀਤ 'ਬਰਸਾਤ' ਦਾ ਅਧਿਕਾਰਤ ਸੰਗੀਤ ਵੀਡੀਓ ਰਿਲੀਜ਼ ਕੀਤਾ ਹੈ।ਵੀਡੀਓ ਵਿੱਚ ਪਿਆਰ, ਉਡੀਕ ਅਤੇ ਵਿਛੋੜੇ ਤੋਂ ਬਾਅਦ ਦੀਆਂ ਭਾਵਨਾਵਾਂ ਨੂੰ ਲੜਕੀ ਦੇ ਨਜ਼ਰੀਏ ਤੋਂ ਪੇਸ਼ ਕੀਤਾ ਗਿਆ ਹੈ।ਪੰਜਾਬੀ ਅਦਾਕਾਰਾ ਅਕਾਈਸ਼ਾ ਵਤਸ ਨੇ ਮੁੱਖ ਭੂਮਿਕਾ ਨਿਭਾਈ ਹੈ, ਜਦਕਿ ਵੀਡੀਓ ਦਾ ਨਿਰਦੇਸ਼ਨ ਤੇਜੀ ਸੰਧੂ ਨੇ ਕੀਤਾ ਹੈ।ਰੈਟਰੋ ਅੰਦਾਜ਼ ਵਿੱਚ ਫ਼ਿਲਮਾਇਆ ਵੀਡੀਓ 'ਬੈਰਨ' ਨਾਲ ਸ਼ੁਰੂ ਹੋਈ ਕਹਾਣੀ ਨੂੰ ਅੱਗੇ ਵਧਾਉਂਦਾ ਹੈ।ਬੰਜਾਰੇ ਹਰਿਆਣਵੀ ਸੰਗੀਤ ਨੂੰ ਵਿਸ਼ਵ ਪੱਧਰ ਤੱਕ ਪਹੁੰਚਾਉਣ 'ਤੇ ਜ਼ੋਰ ਦੇ ਰਹੇ ਹਨ।'ਬੈਰਨ' ਅਤੇ 'ਬਰਸਾਤ' ਦੀ ਸਫਲਤਾ ਤੋਂ ਬਾਅਦ ਉਹ 'ਸਪਾਈਡਰ-ਮੈਨ: ਬ੍ਰਾਂਡ ਨਿਊ ਡੇ' ਦੇ ਭਾਰਤ ਅਭਿਆਨ ਨਾਲ ਵੀ ਜੁੜੇ ਹਨ।

## ਹਾਕੀ ਖਿਡਾਰੀ ਲਵਨੂਰ ਸਿੰਘ ਨੇ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਵਿਖੇ ਮੱਥਾ ਟੇਕਿਆ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**-ਜੂਨੀਅਰ ਏਸ਼ੀਅਨ ਹਾਕੀ ਕੱਪ ਜੋ ਕਿ ਚਾਈਨਾ ਵਿੱਚ ਖੇਡਿਆ ਗਿਆ, ਉਸ ਵਿੱਚ ਕਲੇਰ ਪਿੰਡ ਦੇ ਲਵਨੂਰ ਸਿੰਘ ਪੁੱਤਰ ਇੰਸਪੈਕਟਰ ਬਲਜੀਤ ਸਿੰਘ ਨੇ



ਵੀ ਭਾਗ ਲਿਆ। ਏਸ਼ੀਅਨ ਕੱਪ ਜਿੱਤਣ ਉਪਰੰਤ ਪਰਿਵਾਰ ਸਮੇਤ ਲਵਨੂਰ ਸਿੰਘ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਪਾਤਸ਼ਾਹੀ ਛੇਵੀਂ ਵਿਖੇ ਸ਼ੁਕਰਾਨੇ ਵਜੋਂ ਨਤਮਸਤਕ ਹੋਇਆ।

ਇਸ ਮੌਕੇ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਮੱਤੇਵਾਲ ਪਾਤਸ਼ਾਹੀ ਛੇਵੀਂ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਵੱਲੋਂ ਉਨ੍ਹਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਉਨ੍ਹਾਂ ਦੇ ਨਾਲ ਤਾਇਆ ਹਰਦੀਪ ਸਿੰਘ,ਚਾਚਾ ਗੁਰਜੀਤ ਸਿੰਘ, ਭਰਾ ਬਿਕਰਮਜੀਤ ਸਿੰਘ, ਮਾਤਾ ਬਲਜੀਤ ਕੌਰ, ਜਗਰੂਪ ਸਿੰਘ, ਅਵਤਾਰ ਸਿੰਘ, ਗੁਰਪ੍ਰੀਤ ਸਿੰਘ ਗੋਪੀ, ਮੇਜਰ ਸਿੰਘ, ਰਾਣਾ ਬਾਬੋਵਾਲ, ਬਾਬਾ ਜੱਸਾ ਸਿੰਘ ਬਾਬਾ ਰਾਜਾ ਸਿੰਘ, ਬਾਬਾ ਸੁੱਖਾ ਸਿੰਘ, ਬਲਿਹਾਰ ਸਿੰਘ ਤੇ ਪ੍ਰਿੰਸੀਪਲ ਗੁਰਸੇਵਕ ਸਿੰਘ ਹਾਜ਼ਰ ਸਨ।

## ਵਡਾਲਾ ਗ੍ਰੰਥੀਆਂ ਤੇ ਉਮਰਪੁਰਾ ਸਕੂਲ ਵਿਖੇ ਗਾਈਡੈਂਸ ਤੇ ਜਾਗਰੂਕਤਾ ਗਤੀਵਿਧੀਆਂ ਦੀ ਸਮੀਖਿਆ

**ਬਟਾਲਾ, (ਡਾ. ਮਲਵਿੰਦਰ ਸਿੰਘ)**- ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਡਾਲਾ ਗ੍ਰੰਥੀਆਂ ਅਤੇ ਸਰਕਾਰੀ ਹਾਈ ਸਕੂਲ ਉਮਰਪੁਰਾ ਵਿਖੇ ਗਾਈਡੈਂਸ ਅਤੇ ਜਾਗਰੂਕਤਾ



ਗਤੀਵਿਧੀਆਂ ਦੀ ਸਮੀਖਿਆ ਕੀਤੀ ਗਈ।ਵਿਜ਼ਿਟ ਦੌਰਾਨ ਮੁਕੇਸ਼ ਵਰਮਾ ਜ਼ਿਲ੍ਹਾ ਗਾਈਡੈਂਸ ਕੌਂਸਲਰ ਨੇ ਦੋਵੇਂ ਸਕੂਲਾਂ ਵਿੱਚ ਗਾਈਡੈਂਸ ਕੌਂਸਲਰ ਸੋਮ ਸਿੰਘ ਅਤੇ ਸ੍ਰੀਮਤੀ ਨੈਨਸੀ ਸ਼ਰਮਾ ਵੱਲੋਂ ਤਿਆਰ ਕੀਤੇ ਗਏ ਗਤੀਵਿਧੀਆਂ ਰਜਿਸਟਰਾਂ ਦੀ ਬਾਰੀਕੀ ਨਾਲ ਸਮੀਖਿਆ ਕੀਤੀ। ਉਨ੍ਹਾਂ ਨੇ ਵਿਦਿਆਰਥੀਆਂ ਲਈ ਕਰਵਾਈਆਂ ਜਾ ਰਹੀਆਂ ਕਰੀਅਰ ਗਾਈਡੈਂਸ, ਨਸ਼ਾ ਵਿਰੋਧੀ ਜਾਗਰੂਕਤਾ ਅਤੇ ਹੋਰ ਗਤੀਵਿਧੀਆਂ ਨੂੰ ਹੋਰ ਸੁਚੱਜੇ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਸਬੰਧੀ ਜ਼ਰੂਰੀ ਦਿਸ਼ਾ-ਨਿਰਦੇਸ਼ ਵੀ ਦਿੱਤੇ। ਇਸ ਮੌਕੇ 'ਯੁੱਧ ਨਸ਼ਿਆਂ ਵਿਰੁੱਧ' ਅਤੇ ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਦੋਵੇਂ ਸਕੂਲਾਂ ਵਿੱਚ ਵੱਖ-ਵੱਖ ਜਾਗਰੂਕਤਾ ਮੁਕਾਬਲੇ ਵੀ ਕਰਵਾਏ ਗਏ।ਇਨ੍ਹਾਂ ਮੁਕਾਬਲਿਆਂ ਵਿੱਚ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲੈਂਦਿਆਂ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਵਿਰੁੱਧ ਆਪਣੀ ਆਵਾਜ਼ ਬੁਲੰਦ ਕੀਤੀ।ਵਧੀਆ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫਸਰ ਵੱਲੋਂ ਜਾਰੀ ਕੀਤੇ ਗਏ ਪ੍ਰਸ਼ੰਸਾ ਪੱਤਰ ਅਤੇ ਗਿਫਟ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਤੋਂ ਇਲਾਵਾ ਸਕੂਲਾਂ ਵਿੱਚ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕਰਵਾਈਆਂ ਜਾ ਰਹੀਆਂ ਗਤੀਵਿਧੀਆਂ ਦਾ ਵੀ ਜਾਇਜ਼ਾ ਲਿਆ ਗਿਆ।ਮੁਕੇਸ਼ ਵਰਮਾ ਨੇ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਵਿਦਿਆਰਥੀਆਂ ਵਿੱਚ ਸਮਾਜਿਕ ਚੇਤਨਾ, ਨੈਤਿਕ ਕਦਰਾਂ-ਕੀਮਤਾਂ ਅਤੇ ਮਨੁੱਖਤਾ ਪ੍ਰਤੀ ਸਤਿਕਾਰ ਦੀ ਭਾਵਨਾ ਪੈਦਾ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ।ਪ੍ਰਿੰਸੀਪਲ-ਕਮ-ਬੀ.ਐੱਨ.ਓ. ਰਾਮ ਲਾਲ ਨੇ ਜ਼ਿਲ੍ਹਾ ਸਿੱਖਿਆ ਅਫਸਰ ਰਜੇਸ਼ ਕੁਮਾਰ ਸ਼ਰਮਾ ਦੀ ਅਗਵਾਈ ਹੇਠ ਜ਼ਿਲ੍ਹਾ ਗਾਈਡੈਂਸ ਕੰਸਲਰ ਮੁਕੇਸ਼ ਵਰਮਾ ਵੱਲੋਂ ਸਕੂਲਾਂ ਵਿੱਚ ਕਰੀਅਰ ਗਾਈਡੈਂਸ ਨੂੰ ਜ਼ਮੀਨੀ ਪੱਧਰ 'ਤੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕੀਤੀ।ਮੁਕੇਸ਼ ਵਰਮਾ ਨੇ ਕਿਹਾ ਕਿ ਸਕੂਲ ਸਿਰਫ਼ ਵਿਦਿਆਰਥੀਆਂ ਨੂੰ ਅਕਾਦਮਿਕ ਸਿੱਖਿਆ ਦੇਣ ਦਾ ਕੇਂਦਰ ਨਹੀਂ, ਸਗੋਂ ਉਨ੍ਹਾਂ ਦੇ ਭਵਿੱਖ, ਸ਼ਖ਼ਸੀਅਤ ਅਤੇ ਸੋਚ ਨੂੰ ਸਹੀ ਦਿਸ਼ਾ ਦੇਣ ਦਾ ਮਹੱਤਵਪੂਰਨ ਮੰਚ ਹਨ।ਉਨ੍ਹਾਂ ਕਿਹਾ ਕਿ ਕਰੀਅਰ ਗਾਈਡੈਂਸ ਦੇ ਨਾਲ-ਨਾਲ ਨਸ਼ਿਆਂ ਵਿਰੁੱਧ ਜਾਗਰੂਕਤਾ ਅਤੇ ਮਹਾਨ ਗੁਰੂਆਂ ਤੇ ਸੰਤਾਂ ਦੀਆਂ ਸਿੱਖਿਆਵਾਂ ਨਾਲ ਵਿਦਿਆਰਥੀਆਂ ਨੂੰ ਜੋੜਨਾ ਸਮੇਂ ਦੀ ਮੁੱਖ ਲੋੜ ਹੈ।

## ਵਿਆਹ ਪੁਰਬ ਸਮਾਗਮ ਦੇ ਸਬੰਧ 'ਚ ਤਿਆਰੀਆਂ ਨੂੰ ਦਿੱਤੀਆਂ ਅੰਤਿਮ ਛੋਹਾਂ

**ਬਟਾਲਾ (ਡਾ. ਮਲਵਿੰਦਰ ਸਿੰਘ)** ਜਗਤ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਮਾਤਾ ਸੁਲੱਖਣੀ ਜੀ ਦੇ ਵਿਆਹ ਪੁਰਬ ਦੇ ਸਬੰਧ ਵਿੱਚ ਤਿਆਰੀਆਂ ਨੂੰ ਅੰਤਿਮ ਛੂਹਾਂ ਦਿੱਤੀਆਂ ਗਈਆਂ ਹਨ ਅਤੇ ਸਬੰਧਤ ਵਿਭਾਗਾਂ ਵਲੋਂ ਨਗਰ ਕੀਰਤਨ ਰੂਟ ਸਮੇਤ ਸ਼ਹਿਰ ਵਿੱਚ ਸੰਗਤ ਦੀ ਸਹੂਲਤ ਪ੍ਰਬੰਧ ਕੀਤੇ ਗਏ ਹਨ।ਇਸ ਮੌਕੇ ਗੱਲ ਕਰਦਿਆਂ ਨਗਰ ਨਿਗਮ ਬਟਾਲਾ ਦੇ ਮੇਅਰ ਭੁਪਿੰਦਰ ਸਿੰਘ ਬਾਜਵਾ ਅਤੇ ਅੰਮ੍ਰਿਤ ਕਲਸੀ ਨੇ ਕਿਹਾ ਕਿ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਹੇਠ ਸੁਚਾਰੂ ਢੰਗ ਨਾਲ ਵਿਆਹ ਪੁਰਬ ਸਮਾਗਮ ਦੀਆਂ ਤਿਆਰੀਆਂ ਕੀਤੀਆਂ ਗਈਆਂ ਹਨ।ਉਨ੍ਹਾਂ ਨੇ ਕਿਹਾ ਕਿ ਵਿਆਹ ਪੁਰਬ ਦੇ ਸਮਾਗਮ ਵਿੱਚ ਬਟਾਲਾ ਵਿਖੇ ਵੱਡੀ ਗਿਣਤੀ ਵਿੱਚ ਦੇਸ਼-ਵਿਦੇਸ਼ ਤੋਂ ਸੰਗਤਾਂ ਆਉਂਦੀਆਂ ਹਨ ਅਤੇ ਉਨ੍ਹਾਂ ਦੀਆਂ ਸਹੂਲਤ ਅਤੇ ਆਵਾਜਾਈ ਆਦਿ ਨੂੰ ਮੁੱਖ ਰੱਖਦਿਆਂ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਵਿਆਹ ਪੁਰਬ ਦੇ ਸਮਾਗਮ ਪੂਰੇ ਉਤਸ਼ਾਹ ਤੇ ਜਾਹੋ ਜਲਾਲ ਨਾਲ ਮਨਾਏ ਜਾਣਗੇ।ਨਗਰ ਕੀਰਤਨ ਦੇ ਰੂਟਾਂ ਸਮੇਤ ਸਮੁੱਚੇ ਬਟਾਲਾ ਸ਼ਹਿਰ ਨੂੰ ਸ਼ਾਨਦਾਰ ਤਰੀਕੇ ਨਾਲ ਸਜਾਇਆ ਗਿਆ ਹੈ।ਸ਼ਹਿਰ ਵਿੱਚ ਸੜਕਾਂ ਦੇ ਕਿਨਾਰਿਆਂ ਤੋਂ ਦਰੱਖਤਾਂ ਦੀ ਟਾਹਣੀਆਂ ਛਾਂਗੀਆਂ ਗਈਆਂ ਹਨ।ਸਾਫ-ਸਫਾਈ ਤੇ ਸੀਵਰੇਜ ਦੀ ਸਫਾਈ ਲਈ ਗਠਿਤ ਟੀਮਾਂ ਵੱਲੋਂ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ ਅਤੇ ਇਸ ਤੋਂ ਇਲਾਵਾ ਪਾਵਰਕਾਮ, ਕਾਰਪੋਰੇਸ਼ਨ, ਪੀ. ਡਬਲਿਊ. ਡੀ. ਤੇ ਸਿਹਤ ਵਿਭਾਗਾਂ ਵੱਲੋਂ ਸੰਬਧਤ ਕੰਮ ਕੀਤੇ ਗਏ ਹਨ।ਉਨ੍ਹਾਂ ਨੇ ਸ਼ਹਿਰ ਵਾਸੀਆਂ ਤੇ ਲੰਗਰ ਲਗਾਉਣ ਵਾਲੇ ਸ਼ਰਧਾਲੂਆਂ ਨੂੰ ਅਪੀਲ ਕੀਤੀ ਕਿ ਉਹ ਜਿਸ ਜਗ੍ਹਾ 'ਤੇ ਲੰਗਰ ਲਗਾ ਰਹੇ ਹਨ।



ਉਸ ਜਗ੍ਹਾ ਨੂੰ ਸਾਫ ਸੁਥਰਾ ਰੱਖਣ।ਵੇਸਟੇਜ ਡਸਟਬੀਨ ਵਿੱਚ ਹੀ ਸੁੱਟੀ ਜਾਵੇ ਅਤੇ ਨਾਲ ਦੀ ਨਾਲ ਇਕੱਠੀ ਕਰਨ ਨੂੰ ਯਕੀਨੀ ਬਣਾਇਆ ਜਾਵੇ।ਉਨ੍ਹਾਂ ਕਿਹਾ ਕਿ ਸਾਡੀ ਸਾਰਿਆਂ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਅਸੀਂ ਪਵਿੱਤਰ ਨਗਰੀ ਬਟਾਲਾ ਨੂੰ ਸਾਫ਼-ਸੁਥਰਾ ਰੱਖੀਏ।

## ਭਾਜਪਾ ਦੀ ਨਸ਼ਾ ਵਿਰੋਧੀ ਮੁਹਿੰਮ ਸਿਆਸੀ ਡਰਾਮੇਬਾਜ਼ੀ : ਕਰੀਮਪੁਰੀ

**ਹੁਸ਼ਿਆਰਪੁਰ (ਓ ਪੀ ਰਾਣਾ, ਬਲਵੀਰ ਸਿੰਘ ਸੈਣੀ)**- ਬਹੁਜਨ ਸਮਾਜ ਪਾਰਟੀ ਪੰਜਾਬ ਵਲੋਂ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਮੁੱਖ ਰੱਖਦਿਆਂ ਪਾਰਟੀ ਸੰਗਠਨ ਨੂੰ ਬੂਥ ਪੱਧਰ ਤੱਕ ਮਜਬੂਤ ਕਰਨ ਲਈ ਬਸਪਾ ਅੰਦਰ ਨਵੀਆਂ ਨਿਯੁਕਤੀਆਂ ਕੀਤੀਆਂ ਜਾ ਰਹੀਆਂ



ਹਨ ਜਿਸ ਦੇ ਤਹਿਤ ਬਸਪਾ ਦੇ ਨੌਜਵਾਨ ਆਗੂ ਰਮਨ ਕੁਮਾਰ ਰੱਲ ਨੂੰ ਲੋਕ ਸਭਾ ਹਲਕਾ ਹੁਸ਼ਿਆਰਪੁਰ ਦਾ ਇੰਚਾਰਜ ਨਿਯੁਕਤ ਕੀਤਾ ਗਿਆ। ਬਸਪਾ ਪੰਜਾਬ ਦੇ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ ਸਾਬਕਾ ਮੈਂਬਰ ਰਾਜ ਸਭਾ ਨੇ ਪਾਰਟੀ ਦਾ ਮਫਲਰ ਸ੍ਰੀ ਰੱਲ ਨੂੰ ਭੇਟ ਕਰਕੇ ਨਿਯੁਕਤੀ ਦਾ ਐਲਾਨ ਕੀਤਾ।

ਇਸ ਮੌਕੇ ਬਸਪਾ ਲੋਕ ਸਭਾ ਹੁਸ਼ਿਆਰਪੁਰ ਦੇ ਇੰਚਾਰਜ ਠੇਕੇਦਾਰ ਭਗਵਾਨ ਦਾਸ ਸਿੱਧੂ, ਜੋਨ ਇੰਚਾਰਜ ਪੰਜਾਬ ਚੌਧਰੀ ਗੁਰਨਾਮ ਸਿੰਘ, ਮਨਿੰਦਰ ਸ਼ੇਰਪੁਰੀ ਸਕੱਤਰ ਪੰਜਾਬ, ਦਲਜੀਤ ਰਾਏ ਜ਼ਿਲਾ ਪ੍ਰਧਾਨ, ਐਡਵੋਕੇਟ ਪਲਵਿੰਦਰ ਮਾਨਾ ਇੰਚਾਰਜ ਹਲਕਾ ਚੱਬੇਵਾਲ, ਸੋਮ ਨਾਥ ਬੈਂਸ ਉੱਪ ਪ੍ਰਧਾਨ ਵੀ ਹਾਜ਼ਰ ਸਨ। ਇਸ ਮੌਕੇ ਕਰੀਮਪੁਰੀ ਵਲੋਂ ਨਵ ਨਿਯੁਕਤ ਆਗੂਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਬਸਪਾ ਸੰਗਠਨ ਨੂੰ ਬੂਥ ਪੱਧਰ ਤੇ ਮਜਬੂਤ ਕਰਕੇ 2027 ਦੀਆਂ ਚੋਣਾਂ ਵਿੱਚ ਵੱਡੀ ਜਿੱਤ ਪ੍ਰਾਪਤ ਕਰੇਗੀ ਅਤੇ ਆਪਣੀ ਸਰਕਾਰ ਬਣਾਏਗੀ। ਡਾ.ਕਰੀਮਪੁਰੀ ਨੇ ਕਿ ਭਾਰਤੀ ਜਨਤਾ ਪਾਰਟੀ ਵਲੋਂ ਪੰਜਾਬ ਵਿੱਚ ਨਸ਼ਿਆਂ ਵਿਰੁੱਧ ਚਲਾਈਆਂ ਜਾ ਰਹੀਆਂ ਗਤੀਵਿਧੀਆਂ 'ਤੇ ਤਿੱਖਾ ਹਮਲਾ ਬੋਲਦਿਆਂ ਇਸਨੂੰ ਮਹਿਜ਼ ਇੱਕ ਸਿਆਸੀ ਡਰਾਮੇਬਾਜ਼ੀ ਦੱਸਿਆ ਹੈ।

ਉਨ੍ਹਾਂ ਕਿਹਾ ਕਿ ਜਿਹੜੀ ਭਾਜਪਾ ਅੱਜ ਨਸ਼ਾ ਮੁਕਤੀ ਦਾ ਰਾਗ ਅਲਾਪ ਰਹੀ ਹੈ, ਉਹ ਖ਼ੁਦ ਆਪਣੀ ਅਕਾਲੀ ਭਾਜਪਾ ਸਰਕਾਰ ਸਮੇਂ ਸੂਬੇ ਵਿੱਚ ਨਸ਼ਿਆਂ ਦਾ ਖਾਤਮਾ ਨਹੀਂ ਕਰ ਸਕੇ।

ਉਨ੍ਹਾਂ ਕਿਹਾ ਕਿ ਚਾਹੇ ਕਾਂਗਰਸ ਹੋਵੇ, ਅਕਾਲੀ-ਭਾਜਪਾ ਹੋਵੇ ਸਾਰੀਆਂ ਰਾਜਨੀਤਿਕ ਧਿਰਾਂ ਦੀਆਂ ਸਰਕਾਰਾਂ ਨੇ ਡਰੱਗ ਮਾਫ਼ੀਆ ਨੂੰ ਖੁੱਲ ਦੇ ਕੇ ਪੰਜਾਬ ਦੀ ਜਵਾਨੀ ਨੂੰ ਤਬਾਹੀ ਦੇ ਕੰਢੇ ਪਹੁੰਚਾਇਆ ਹੈ। ਡਾ. ਕਰੀਮਪੁਰੀ ਨੇ ਦੱਸਿਆ ਕਿ ਬਹੁਜਨ ਸਮਾਜ ਪਾਰਟੀ ਵੱਲੋਂ ਸ਼ੁਰੂ ਕੀਤੀ ਗਈ 'ਪੰਜਾਬ ਸੰਭਾਲੋ ਮੁਹਿੰਮ' ਦਾ ਮੁੱਖ ਮਕਸਦ ਸੂਬੇ ਨੂੰ ਭ੍ਰਿਸ਼ਟਾਚਾਰ, ਮਾਫ਼ੀਆ ਰਾਜ ਅਤੇ ਨਸ਼ਿਆਂ ਦੇ ਦੈਤ ਤੋਂ ਮੁਕਤ ਕਰਵਾ ਕੇ ਪੰਜਾਬ ਨੂੰ ਮੁੜ ਲੀਹ 'ਤੇ ਲਿਆਉਣਾ ਹੈ।

## ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ੋਨ ਬਾਬਾ ਰਾਇਆ ਜੀ (ਇਕਾਈ ਲਾਲਪੁਰਾ) ਦੀ ਹੰਗਾਮੀ ਮੀਟਿੰਗ



**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**- ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ੋਨ ਬਾਬਾ ਰਾਇਆ ਜੀ (ਇਕਾਈ ਲਾਲਪੁਰਾ) ਵੱਲੋਂ ਗੁਰੂਦਵਾਰਾ ਬਾਬਾ ਰਾਇਆ ਜੀ ਦੇ ਸਥਾਨ ਤੇ ਪ੍ਰਧਾਨ ਪਾਖਰ ਸਿੰਘ ਦੀ ਅਗਵਾਈ ਵਿੱਚ ਹੇਠ ਵੱਖ ਵੱਖ ਮੁੱਦਿਆਂ ਨੂੰ ਲੈ ਕੇ ਅਹਿਮ ਮੀਟਿੰਗ ਕੀਤੀ ਗਈ ਜਿਸ ਵਿੱਚ ਲੋਕ ਮੁੱਦਿਆਂ ਨੂੰ ਲੈਅ ਕੇ ਖੁੱਲ੍ਹ ਕੇ ਵਿਚਾਰ ਚਰਚਾ ਕੀਤੀ ਗਈ। ਜ਼ੋਨ ਆਗੂ ਰਣਜੀਤ ਸਿੰਘ ਨੇ ਕਿਹਾ ਕਿ 14 ਸਤੰਬਰ ਨੂੰ ਮੰਤਰੀਆਂ ਦੇ ਘਰਾਂ ਅੱਗੇ ਪੰਜ ਰੋਜ਼ਾ ਮੋਰਚੇ ਚੱਲ ਰਹੇ ਹਨ ਜਿਸ ਵਿੱਚ ਸਾਨੂੰ ਵੱਧ-ਚੜ੍ਹ ਕਿ ਸਾਥ ਦੇਣ ਦੀ ਜ਼ਰੂਰਤ ਹੈ। ਵਲੰਟੀਅਰ ਹਰਪਾਲ ਸਿੰਘ ਰੰਧਾਵਾ ਨੇ ਕਿਹਾ ਕਿ ਸੈਂਟਰ ਅਤੇ ਕਾਰਪੋਰੇਟ ਘਰਾਣਿਆਂ ਦੀਆਂ ਲੋਕ ਮਾਰੂ ਨੀਤੀਆਂ ਸਾਡੇ ਪੰਜਾਬ ਦੀਆਂ ਖੇਤੀ ਯੋਗ ਜਮੀਨਾਂ ਖੋਹ ਕੇ ਅਡਾਨੀ ਅੰਬਾਨੀ ਵਰਗੇ ਸੈਂਟਰ ਦੇ ਦਲਾਲਾ ਨੂੰ ਦੇਣਾ ਦੀ ਸਾਜਿਸ਼ ਕੀਤੀ ਜਾ ਰਹੀ ਹੈ। ਕਿਸਾਨ ਆਗੂ ਹਰਜਿੰਦਰ ਸਿੰਘ ਰੰਧਾਵਾ ਨੇ ਕਿਹਾ ਕਿ ਅੱਜ ਸਾਡੇ ਪੰਜਾਬ ਵਿੱਚ ਡੀਜ਼ਲ ਅਤੇ ਪੈਟਰੋਲ ਦੀਆਂ ਕੀਮਤਾਂ ਲਗਾਤਾਰ ਵਧਾ ਕੇ ਪੰਜਾਬ ਦੇ ਕਿਰਤੀ ਕਿਸਾਨਾਂ ਤੇ ਮਜ਼ਦੂਰਾਂ ਉਪਰ ਮਹਿੰਗਾਈ ਦਾ ਵੱਡਾ ਬੋਝ ਪਾਇਆ ਜਾ ਰਿਹਾ ਹੈ ਜਦ ਕਿ ਪੰਜਾਬ ਦਾ ਕਿਸਾਨ ਪਹਿਲਾਂ ਹੀ ਕਰਜ਼ੇ ਦੀ ਮਾਰ ਹੇਠ ਦੱਬਿਆ ਪਿਆ ਹੈ।

ਝੋਨੇ ਦੇ ਸੀਜ਼ਨ ਵਿੱਚ ਡੀਜ਼ਲ ਅਤੇ ਪੈਟਰੋਲ ਦੀਆਂ ਲਗਾਤਾਰ ਵਧ ਰਹੀਆਂ। ਇ, ਮੌਕੇ ਪ੍ਰੈੱਸ ਸਕੱਤਰ ਗੁਰਸ਼ਰਨ ਸਿੰਘ, ਸੁਰਜੀਤ ਸਿੰਘ, ਸੰਦੀਪ ਸਿੰਘ, ਕੁਲਦੀਪ ਸਿੰਘ, ਰਛਪਾਲ ਸਿੰਘ ਦੁਰਗਾ ਸਿੰਘ, ਬੀਚਾ ਸਿੰਘ ਚਰਨਜੀਤ ਸਿੰਘ ਦਲਬੀਰ ਸਿੰਘ, ਲੱਖਾ ਸਿੰਘ, ਮਿੱਠੂ ਬਾਈ, ਕੁਲਵੰਤ ਸਿੰਘ, ਹਰਦੇਵ ਸਿੰਘ, ਪਰਮਜੀਤ ਸਿੰਘ, ਗੁਰਦੇਵ ਸਿੰਘ ਡੀ ਜੇ ਤੇ ਕਸ਼ਮੀਰ ਸਿੰਘ ਆਦਿ ਆਗੂ ਹਾਜ਼ਰ ਸਨ।

## ਸਿਲਵਰ ਓਕ ਸਕੂਲ 'ਚ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਖਿਲਾਫ ਕੀਤਾ ਜਾਗਰੂਕ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਪੰਡਿਤ ਮਿਥਲੇਸ਼)**- ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਸ਼ਾਹਬਾਜ਼ਪੁਰ ਵਿਖੇ ਬ੍ਰਹਮ ਕੁਮਾਰੀ ਪ੍ਰਜਾ ਪਿਤਾ ਈਸ਼ਵਰ ਵਿਸ਼ਵ ਵਿਦਿਆਲਿਆ ਵੱਲੋਂ ਨਸ਼ਿਆਂ ਦੇ ਖਿਲਾਫ ਪ੍ਰੋਗਰਾਮ ਦੇ ਤਹਿਤ ਬੱਚਿਆਂ ਨੂੰ ਸਮਾਜ ਵਿੱਚ ਫੈਲੀ ਹੋਈ ਇਸ ਬਿਮਾਰੀ ਦੇ ਲਈ ਜਾਗਰੂਕ ਕੀਤਾ ਗਿਆ।ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਤੇ ਦਿਸ਼ਾ ਨਿਰਦੇਸ਼ਾਂ ਹੇਠ



ਪ੍ਰਿੰਸੀਪਲ ਮੁਨੀਸ਼ਾ ਸੰਗਰ ਦੀ ਅਗਵਾਈ ਵਿੱਚ ਬ੍ਰਹਮ ਕੁਮਾਰੀ ਸੰਸਥਾ ਦੇ ਨੁਮਾਇੰਦਿਆਂ ਪੂਜਾ ਦੀਦੀ ਅਤੇ ਦੀਪਤੀ ਦੀਦੀ ਨੇ ਬੱਚਿਆਂ ਨੂੰ ਨਸ਼ੇ ਦੇ ਖਿਲਾਫ ਜਾਗਰੂਕ ਕਰਦੇ ਹੋਏ ਦੱਸਿਆ ਕਿ ਨਸ਼ਾ ਕੇਵਲ ਡਰੱਗਸ, ਸ਼ਰਾਬ, ਸਿਗਰਟ, ਤੰਬਾਕੂ ਦਾ ਹੀ ਨਹੀਂ ਹੁੰਦਾ ਸੋ ਅਜੋਕੇ ਸਮਾਜ ਦੇ ਵਿੱਚ ਹੋਰ ਬਹੁਤ ਸਾਰੇ ਭਾਂਤ ਭਾਂਤ ਦੇ ਨਸ਼ਿਆਂ ਨੇ ਆਪਣੀ ਜਗ੍ਹਾ ਬਣਾ ਲਈ ਹੈ। ਉਹਨਾਂ ਦੱਸਿਆ ਕਿ ਅੱਜ ਦੇ ਸਮੇਂ ਵਿੱਚ ਮੋਬਾਇਲ, ਸੋਸ਼ਲ ਨੈਟਵਰਕਿੰਗ ਆਦੀ ਅਜਿਹੇ ਨਸ਼ੇ ਹਨ ਜਿਹੜੇ ਬਿਲਕੁਲ ਉਨਾ ਹੀ ਜਿਆਦਾ ਬੱਚਿਆਂ ਦਾ ਨੁਕਸਾਨ ਕਰ ਰਹੇ ਹਨ ਜਿੰਨਾਂ ਕਿ ਬਾਕੀ ਮੁਢਲੇ ਚੱਲੇ ਆਉਂਦੇ ਨੇ ਨਸ਼ੇ ਨੁਕਸਾਨ ਕਰ ਰਹੇ ਹਨ। ਇਸ ਮੌਕੇ ਤੇ ਪ੍ਰਿੰਸੀਪਲ ਸੰਗਰ ਨੇ ਆਪਣੇ ਵਿਚਾਰ ਪ੍ਰਗਟਾਉਂਦੇ ਹੋਏ ਦੱਸਿਆ ਕਿ ਬੱਚੇ ਹੌਲੀ ਹੌਲੀ ਇਨਾ ਆਦਤ ਦੇ ਨਾਲ ਆਪਣੇ ਮੁੱਖ ਉਦੇਸ਼ਾਂ ਤੋਂ ਦੂਰ ਹੁੰਦੇ ਜਾ ਰਹੇ ਹਨ ਅਤੇ ਜ਼ਰੂਰੀ ਹੈ ਕਿ ਅਸੀਂ ਇਹਨਾਂ ਨੂੰ ਸਮੇਂ ਸਮੇਂ ਤੇ ਜਾਗਰੂਕ ਕਰਦੇ ਰਹੀਏ ਤਾਂ ਕਿ ਇਹਨਾਂ ਨੂੰ ਮੁੜ ਸਹੀ ਰਾਹ ਤੇ ਲਿਆਂਦਾ ਜਾ ਸਕੇ। ਉਹਨਾਂ ਨੇ ਬ੍ਰਹਮ ਕੁਮਾਰੀ ਸੰਸਥਾ ਦੇ ਨੁਮਾਇੰਦਿਆਂ ਦਾ ਦਿਲੋਂ ਧੰਨਵਾਦ ਕੀਤਾ ਕਿ ਉਹਨਾਂ ਨੇ ਬੱਚਿਆਂ ਨੂੰ ਅਜਿਹੀਆਂ ਸਮਾਜਿਕ ਲਾਹਨਤਾਂ ਪ੍ਰਤੀ ਜਾਗਰੂਕ ਕੀਤਾ। ਇਸ ਮੌਕੇ ਤੇ ਮੈਨੇਜਰ ਗਜਿੰਦਰ ਪਾਲ ਸਿੰਘ, ਤਰਨ ਸੈਣੀ, ਬਿਕਰਮਜੀਤ ਸਿੰਘ ਭੇਲਾ, ਗੁਰਪ੍ਰੀਤ ਕੌਰ, ਸੁਮਿਤ ਕੌਰ, ਕੰਚਨ, ਬਲਜੀਤ, ਹਰਨਾਮ, ਸ਼ਿਲਪਾ, ਵਿਨੇ, ਅਰਚਨਾ, ਗੀਤੀਕਾ, ਜਗਬੰਧਨ, ਅਮਰਜੀਤ ਕੌਰ ਸੈਣੀ, ਪੰਕਜ, ਰੁਪਿੰਦਰ, ਪੂਜਾ, ਆਸ਼ਾ ਅਤੇ ਹੋਰ ਸਟਾਫ ਮੌਜੂਦ ਸੀ।

## ਗੁ. ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਤੋਂ ਆਰੰਭ ਮਹਾਨ ਨਗਰ ਕੀਰਤਨ ਬਟਾਲਾ ਵਿਖੇ ਭਲਕੇ ਪਹੁੰਚੇਗਾ : ਜਥੇਦਾਰ ਗੋਰਾ

**ਧਾਰੀਵਾਲ, (ਮਨਦੀਪ ਵਿੱਕੀ)**- ਜਗਤ ਗੁਰੂ ਪਹਿਲੇ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਤੇ ਜਗਤ ਮਾਤਾ ਸੁਲੱਖਣੀ ਜੀ ਦਾ 539ਵਾਂ ਵਿਆਹ ਪੁਰਬ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਇਤਹਾਸਿਕ ਗੁਰਦੁਆਰਾ ਸ੍ਰੀ ਕੰਧ ਸਾਹਿਬ ਬਟਾਲਾ, ਗੁਰਦੁਆਰਾ ਡੇਹਰਾ ਸਾਹਿਬ ਅਤੇ ਗੁਰਦੁਆਰਾ ਸਤਿਕਰਤਾਰੀਆਂ ਸਾਹਿਬ ਵਿਖੇ ਬਹੁਤ ਸ਼ਰਧਾ ਸਤਿਕਾਰ ਨਾਲ ਮਨਾਇਆ ਜਾਵੇਗਾ।ਉਕਤ ਜਾਣਕਾਰੀ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਮੈਂਬਰ



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਦਿੰਦਿਆਂ ਦੱਸਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵਿਆਹ ਪੁਰਬ ਨੂੰ ਸਮਰਪਿਤ ਧੰਨ ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛੱਤਰ ਛਾਇਆ ਹੇਠ ਪੰਜਾ ਪਿਆਰਿਆਂ ਦੀ ਅਗਵਾਈ ਵਿੱਚ ਮਹਾਨ ਨਗਰ ਕੀਰਤਨ ਅੱਜ ਸਵੇਰੇ 9 ਵਜੇ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਤੋਂ ਆਰੰਭ ਹੋ ਕੇ ਮੁੰਡੀ ਮੋੜ, ਉੱਚਾ ਪਿੰਡ, ਢਿੱਲਵਾਂ, ਬਿਆਸ ਤੋਂ ਹੁੰਦਾ ਹੋਇਆ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਪਾਤਸ਼ਾਹੀ ਨੌਵੀਂ ਬਾਬਾ ਬਕਾਲਾ ਸਾਹਿਬ ਵਿਖੇ ਸ਼ਾਮ ਨੂੰ ਪਹੁੰਚ ਕੇ ਰਾਤ ਦਾ ਵਿਸ਼ਰਾਮ ਕਰਨ ਉਪਰੰਤ ਅਗਲੇ ਦਿਨ 17 ਸਤੰਬਰ ਦਿਨ ਵੀਰਵਾਰ ਨੂੰ ਸਵੇਰੇ 7 ਵਜੇ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਪਾਤਸ਼ਾਹੀ ਨੌਵੀਂ ਬਾਬਾ ਬਕਾਲਾ ਸਾਹਿਬ ਤੋਂ ਮਹਾਨ ਨਗਰ ਕੀਰਤਨ ਆਰੰਭ ਹੋ ਕੇ ਸ਼ਾਮ ਨੂੰ ਬਟਾਲਾ ਸ਼ਹਿਰ ਵਿਖੇ ਪਹੁੰਚ ਕੇ ਗੁਰਦੁਆਰਾ ਸਤਿਕਰਤਾਰੀਆਂ ਸਾਹਿਬ ਵਿਖੇ ਨਗਰ ਕੀਰਤਨ ਦੀ ਸੰਪੂਰਨਤਾ ਹੋਵੇਗੀ।

16 ਸਤੰਬਰ ਦਿਨ ਵੀਰਵਾਰ ਨੂੰ ਗੁਰਦੁਆਰਾ ਸ੍ਰੀ ਕੰਧ ਸਾਹਿਬ ਬਟਾਲਾ, ਗੁਰਦੁਆਰਾ ਡੇਹਰਾ ਸਾਹਿਬ ਅਤੇ ਗੁਰਦੁਆਰਾ ਸਤਿਕਰਤਾਰੀਆਂ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਆਰੰਭ ਹੋਣਗੇ ਜਿਨ੍ਹਾਂ ਦੇ ਭੋਗ ਵਿਆਹ ਪੁਰਬ ਵਾਲੇ ਦਿਨ 18 ਸਤੰਬਰ ਦਿਨ ਸ਼ੁੱਕਰਵਾਰ ਨੂੰ ਪਾਏ ਜਾਣਗੇ।ਉਨ੍ਹਾਂ ਸੰਗਤਾਂ ਨੂੰ ਬੇਨਤੀ ਕਰਦਿਆਂ ਦੱਸਿਆ ਕਿ ਇਸ ਵਾਰ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਤੋਂ ਬਟਾਲਾ ਵਿਖੇ ਆਉਣ ਵਾਲਾ ਮਹਾਨ ਨਗਰ ਕੀਰਤਨ 2 ਦਿਨ ਦਾ ਹੋਵੇਗਾ।

# ਵਿਸ਼ਵ ਗੁਰੂ ਦਾ ਰਿਪੋਰਟ ਕਾਰਡ

*ਭਾਰਤ ਸਮੇਤ ਘੱਟੋ-ਘੱਟ ਪੰਜ ਦੇਸ਼ਾਂ ਵਿੱਚ ਵਿਦਿਆਰਥੀਆਂ ਦੇ ਪ੍ਰਗਟਾਵੇ ’ਤੇ ਹਿੰਸਕ ਪੁਲਸ ਅਤੇ ਫੌਜੀ ਕਾਰਵਾਈਆਂ ਦਰਜ ਕੀਤੀਆਂ ਗਈਆਂ ਹਨ। ਇਹ ਘਟਨਾਵਾਂ ਦੁਨੀਆ-ਭਰ ਦੇ 59 ਦੇਸ਼ਾਂ ਅਤੇ ਖੇਤਰਾਂ ਵਿੱਚ ਉੱਚ ਸਿੱਖਿਆ ਨਾਲ ਜੁੜੇ ਭਾਈਚਾਰਿਆਂ ’ਤੇ ਹੋਏ 382 ਹਮਲਿਆਂ ਦਾ ਹਿੱਸਾ ਹਨ। ਇਹ ਘਟਨਾਵਾਂ 1 ਜੁਲਾਈ, 2025 ਤੋਂ 30 ਜੂਨ, 2026 ਦੇ ਵਿਚਕਾਰ ਵਾਪਰੀਆਂ। ਇਹ ਜਾਣਕਾਰੀ ਸਕਾਲਰਜ਼ ਐਟ ਰਿਸਕ (ਐੱਸ ਏ ਆਰ) ਦੀ ਅਕਾਦਮਿਕ ਆਜ਼ਾਦੀ ਨਿਗਰਾਨੀ ਪ੍ਰੋਜੈਕਟ ਦੀ ਸਾਲਾਨਾ ਰਿਪੋਰਟ ‘ਫ੍ਰੀ ਟੂ ਥਿੰਕ-2026’ ਵਿੱਚ ਸਾਹਮਣੇ ਆਈ ਹੈ। ਰਿਪੋਰਟ ਮੁਤਾਬਕ ਸਰਕਾਰੀ ਦਮਨ ਅਤੇ ਯੂਨੀਵਰਸਿਟੀਆਂ ਦੀ ਖੁਦਮੁਖਤਿਆਰੀ ਵਿੱਚ ਵਧ ਰਹੀ ਦਖਲਅੰਦਾਜ਼ੀ ਦੁਨੀਆ-ਭਰ ਵਿੱਚ ਅਕਾਦਮਿਕ ਆਜ਼ਾਦੀ ਵਿੱਚ ਗਿਰਾਵਟ ਦੇ ਪ੍ਰਮੁੱਖ ਕਾਰਨ ਹਨ।*

*ਸੰਯੁਕਤ ਰਾਸ਼ਟਰ ਮਨੁੱਖੀ ਅਧਿਕਾਰ ਪ੍ਰੀਸ਼ਦ ਅਕਾਦਮਿਕ ਆਜ਼ਾਦੀ ਨੂੰ ਖੋਜ, ਸਿੱਖਿਆ, ਸਿੱਖਣ ਅਤੇ ਚਰਚਾ ਰਾਹੀਂ ਵਿਭਿੰਨ ਗਿਆਨ ਅਤੇ ਵਿਚਾਰਾਂ ਨੂੰ ਪ੍ਰਾਪਤ ਕਰਨ, ਵਿਕਸਤ ਕਰਨ, ਸਾਂਝਾ ਕਰਨ ਅਤੇ ਕਾਰਜ ਕਰਨ ਦੇ ਅਧਿਕਾਰ ਵਜੋਂ ਪ੍ਰੀਭਾਸ਼ਤ ਕਰਦੀ ਹੈ। ਇਸ ਨੇ ਪਿਛਲੇ ਸਾਲ 7 ਜੁਲਾਈ ਨੂੰ ਸਿੱਖਿਆ ਦੇ ਅਧਿਕਾਰ ’ਤੇ ਇੱਕ ਮਤਾ ਵੀ ਅਪਣਾਇਆ ਸੀ, ਜਿਸ ਵਿੱਚ ਕਿਹਾ ਗਿਆ ਸੀ ਕਿ ਦੇਸ਼ਾਂ, ਵਿੱਦਿਅਕ ਸੰਸਥਾਵਾਂ, ਅਧਿਆਪਕਾਂ ਅਤੇ ਸਟਾਫ ਦੀ ਜ਼ਿੰਮੇਵਾਰੀ ਹੈ ਕਿ ਉਹ ਖੋਜ, ਬਹਿਸ ਅਤੇ ਚਰਚਾ ਲਈ ਇੱਕ ਸੁਰੱਖਿਅਤ ਅਤੇ ਸਮਾਵੇਸ਼ੀ ਵਾਤਾਵਰਣ ਮੁਹੱਈਆ ਕਰਾਉਣ। ਹਾਲਾਂਕਿ ਐੱਸ ਏ ਆਰ ਦੇ ਅੰਕੜਿਆਂ ਮੁਤਾਬਕ ਇੱਕ ਦਰਜਨ ਤੋਂ ਵੱਧ ਦੇਸ਼ਾਂ ਵਿੱਚ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਅਕਾਦਮਿਕ ਆਜ਼ਾਦੀ, ਪ੍ਰਗਟਾਵੇ ਦੀ ਆਜ਼ਾਦੀ ਅਤੇ ਸੰਗਠਨ ਦੇ ਆਪਣੇ ਅਧਿਕਾਰਾਂ ਦੀ ਵਰਤੋਂ ਕਰਨ ਲਈ ਹਿੰਸਾ ਅਤੇ ਦਮਨ ਦਾ ਸਾਹਮਣਾ ਕਰਨਾ ਪਿਆ ਹੈ। 16 ਦੇਸ਼ਾਂ ਦੇ ਯੂਨੀਵਰਸਿਟੀ ਕੈਂਪਸਾਂ ਨੂੰ ਹਿੰਸਕ ਹਮਲਿਆਂ, ਜਬਰੀ ਦਾਖਲੇ, ਕਬਜ਼ੇ ਜਾਂ ਹਿੰਸਕ ਹਮਲਿਆਂ ਦੀਆਂ ਧਮਕੀਆਂ ਦਾ ਸਾਹਮਣਾ ਕਰਨਾ ਪਿਆ ਹੈ। ਇਸ ਨਾਲ ਕੈਂਪਸ ਸੁਰੱਖਿਆ ਅਤੇ ਖੁਦਮੁਖਤਿਆਰੀ ਪ੍ਰਭਾਵਤ ਹੋਈ ਹੈ। ਇਸ ਦੌਰਾਨ, ਅੱਠ ਦੇਸ਼ਾਂ ਦੀਆਂ ਯੂਨੀਵਰਸਿਟੀਆਂ ਦੀ ਸੰਸਥਾਗਤ ਖੁਦਮੁਖਤਿਆਰੀ ਵਿੱਚ ਗਿਰਾਵਟ ਦਰਜ ਕੀਤੀ ਗਈ, ਜਿਸ ਵਿੱਚ ਪ੍ਰਸ਼ਾਸਨ, ਪਾਠਕ੍ਰਮ, ਨਿਯੁਕਤੀਆਂ ਅਤੇ ਦਾਖਲਿਆਂ ਵਰਗੀਆਂ ਪ੍ਰਕਿਰਿਆਵਾਂ ਵਿੱਚ ਬਾਹਰੀ ਦਖਲਅੰਦਾਜ਼ੀ ਸ਼ਾਮਲ ਹੈ। ਰਿਪੋਰਟ ਵਿੱਚ ਭਾਰਤ, ਈਰਾਨ, ਸਰਬੀਆ ਅਤੇ ਸੈਨੇਗਲ ਵਿੱਚ ਸਿੱਧੇ ਸਰਕਾਰੀ ਦਮਨ ਦੇ ਕਈ ਮਾਮਲਿਆਂ ਦੇ ਨਾਲ-ਨਾਲ ਚੀਨ, ਰੂਸ ਅਤੇ ਅਫਗਾਨਿਸਤਾਨ ਵਿੱਚ ਸਿੱਖਿਆ ਸ਼ਾਸਤਰੀਆਂ ਦੀ ਗ੍ਰਿਫਤਾਰੀ, ਮੁਕੱਦਮਾ ਤੇ ਕੈਦ ਅਤੇ ਪਾਕਿਸਤਾਨ ਵਿੱਚ ਬਲੋਚ ਵਿਦਿਆਰਥੀ ਕਾਰਕੁੰਨਾਂ ਦੇ ਜ਼ਬਰਦਸਤੀ ਲਾਪਤਾ ਹੋਣ ਦਾ ਹਵਾਲਾ ਦਿੱਤਾ ਗਿਆ ਹੈ। ਰਿਪੋਰਟ ਮੁਤਾਬਕ ਯੂਨੀਵਰਸਿਟੀਆਂ ਦੀ ਖੁਦਮੁਖਤਿਆਰੀ ਅਤੇ ਕੰਮਕਾਜ ਵਿੱਚ ਦਖਲਅੰਦਾਜ਼ੀ ਵੀ ਵਧੀ ਹੈ। ਇਸ ਵਿੱਚ ਨਿਯੁਕਤੀਆਂ, ਪਾਠਕ੍ਰਮ, ਪ੍ਰਸ਼ਾਸਨ ਅਤੇ ਕੈਂਪਸਾਂ ਨਾਲ ਸੰਬੰਧਤ ਫੈਸਲਿਆਂ ਵਿੱਚ ਬਾਹਰੀ ਦਖਲਅੰਦਾਜ਼ੀ ਸ਼ਾਮਲ ਹੈ। ਅਜਿਹੇ ਮਾਮਲੇ ਅਮਰੀਕਾ, ਅਫਗਾਨਿਸਤਾਨ ਅਤੇ ਭਾਰਤ ਵਿੱਚ ਸਾਹਮਣੇ ਆਏ ਹਨ।*

*ਰਿਪੋਰਟ ਵਿੱਚ ਸ਼ਾਮਲ ਦੇਸ਼ਾਂ ਦਾ ਮੁਲਾਂਕਣ ਅਕਾਦਮਿਕ ਫ੍ਰੀਡਮ ਇੰਡੈਕਸ (ਏ ਐੱਫ ਆਈ) ਦੇ ਆਧਾਰ ’ਤੇ ਕੀਤਾ ਗਿਆ ਹੈ, ਜੋ ਕਿ ਗਲੋਬਲ ਪਬਲਿਕ ਪਾਲਿਸੀ ਇੰਸਟੀਚਿਊਟ (ਜੀ ਪੀ ਪੀ ਆਈ), ਫ੍ਰੈਡਰਿਕ-ਅਲੈਗਜ਼ੈਂਡਰ-ਯੂਨੀਵਰਸਿਟੇਟ ਐਰਲੈਂਗੇਨ-ਨਿਊਰੇਮਬਰਗ (ਐੱਫ ਏ ਯੂ), ਵੀ-ਡੈਮ ਇੰਸਟੀਚਿਊਟ ਅਤੇ ਐੱਸ ਏ ਆਰ ਨੇ ਮਿਲ ਕੇ ਤਿਆਰ ਕੀਤਾ ਹੈ। ਰਿਪੋਰਟ ਮੁਤਾਬਕ ਭਾਰਤ ਵਿੱਚ ਕੇਂਦਰ ਸਰਕਾਰ ਉੱਚ ਸਿੱਖਿਆ ’ਤੇ ਆਪਣਾ ਪ੍ਰਭਾਵ ਵਧਾ ਰਹੀ ਹੈ। ਪ੍ਰਮੁੱਖ ਸੰਸਥਾਨਾਂ ਵਿੱਚ ਯੂਨੀਵਰਸਿਟੀ ਪ੍ਰਸ਼ਾਸਨ, ਲੀਡਰਸ਼ਿਪ ਨਿਯੁਕਤੀਆਂ ਅਤੇ ਅਕਾਦਮਿਕ ਤਰਜੀਹਾਂ ਨੂੰ ਪ੍ਰਭਾਵਤ ਕਰਨ ਦੀਆਂ ਕੋਸ਼ਿਸ਼ਾਂ ਦੇ ਵਿਚਕਾਰ 2026 ਵਿੱਚ ਭਾਰਤ ਦਾ ਅਕਾਦਮਿਕ ਆਜ਼ਾਦੀ ਸੂਚਕ ਅੰਕ ਸਕੋਰ 0.14 ਹੈ, ਜੋ ਇਸ ਨੂੰ ‘ਗੰਭੀਰ ਤੌਰ ’ਤੇ ਪ੍ਰਤੀਬੰਧਤ’ ਸ਼੍ਰੇਣੀ ਵਿੱਚ ਰੱਖਦਾ ਹੈ। 2024 ਵਿੱਚ ਭਾਰਤ ਦਾ ਸਕੋਰ 0.16 ਸੀ। ਰਿਪੋਰਟ ਮੁਤਾਬਕ ਯੂਨੀਵਰਸਿਟੀ ਪ੍ਰਸ਼ਾਸਨ ਨੇ ਕੈਂਪਸਾਂ ਵਿੱਚ ਬਹਿਸ ਅਤੇ ਚਰਚਾ ਨੂੰ ਸੀਮਤ ਕਰਨ ਵਾਲੇ ਕਈ ਕਦਮ ਚੁੱਕੇ, ਜਿਸ ਵਿੱਚ ਅਧਿਆਪਕਾਂ ਨੂੰ ਬਰਖਾਸਤ ਕਰਨਾ, ਅਕਾਦਮਿਕ ਪ੍ਰੋਗਰਾਮਾਂ ਨੂੰ ਰੱਦ ਕਰਨਾ ਅਤੇ ਵਿਦਿਆਰਥੀਆਂ ਦੇ ਪ੍ਰਗਟਾਵੇ ’ਤੇ ਰੋਕ ਲਾਉਣ ਵਾਲੀਆਂ ਨਵੀਆਂ ਨੀਤੀਆਂ ਲਾਗੂ ਕਰਨਾ ਸ਼ਾਮਲ ਹਨ। ਕੈਂਪਸਾਂ ਵਿੱਚ ਹੋਏ ਵਿਰੋਧ ਪ੍ਰਦਰਸ਼ਨਾਂ ਅਤੇ ਹੋਰ ਸਮਾਗਮਾਂ ਦੌਰਾਨ ਹਿੰਸਕ ਘਟਨਾਵਾਂ ਵਾਪਰੀਆਂ। ਐੱਸ ਏ ਆਰ ਨੇ ਯੂਨੀਵਰਸਿਟੀ ਗ੍ਰਾਂਟਸ ਕਮਿਸ਼ਨ (ਯੂ ਜੀ ਸੀ) ਨੂੰ ਉੱਚ ਸਿੱਖਿਆ ’ਤੇ ਸਰਕਾਰੀ ਪ੍ਰਭਾਵ ਦੇ ਇੱਕ ਮੁੱਖ ਸਾਧਨ ਵਜੋਂ ਪਛਾਣਿਆ ਹੈ। ਰਿਪੋਰਟ ਮੁਤਾਬਕ ਯੂ ਜੀ ਸੀ ਦੀਆਂ ਕਈ ਨੀਤੀਆਂ ਦੀ ਅਲੋਚਨਾ ਇਸ ਆਧਾਰ ’ਤੇ ਹੋਈ ਹੈ ਕਿ ਇਨ੍ਹਾਂ ਰਾਹੀਂ ਉੱਚ ਸਿੱਖਿਆ ਉੱਤੇ ਸਰਕਾਰੀ ਨਿਯੰਤਰਣ ਵਧ ਸਕਦਾ ਹੈ।*

*ਖੁਦ ਨੂੰ ਵਿਸ਼ਵ ਗੁਰੂ ਬਣਾਉਣ ਨਿਕਲੇ ਭਾਰਤ ਦੇ ਹਾਕਮਾਂ ਨੂੰ ਇਹ ਰਿਪੋਰਟ ਸ਼ੀਸ਼ਾ ਦਿਖਾਉਣ ਵਾਲੀ ਹੈ। ਉਨ੍ਹਾਂ ਨੂੰ ਸਮਝਣਾ ਚਾਹੀਦਾ ਹੈ ਕਿ ਆਲੋਚਨਾਤਮਕ ਵਿਚਾਰ ਰੱਖਣਾ ‘ਦੇਸ਼ ਧ੍ਰੋਹ’ ਨਹੀਂ ਹੈ, ਵਿਚਾਰ ਅਪਰਾਧ ਨਹੀਂ ਹਨ ਅਤੇ ਹਰੇਕ ਵਿਅਕਤੀ ਨੂੰ ਸੋਚਣ, ਸਵਾਲ ਕਰਨ ਅਤੇ ਆਪਣੇ ਵਿਚਾਰ ਸਾਂਝੇ ਕਰਨ ਦੀ ਆਜ਼ਾਦੀ ਹੋਣੀ ਚਾਹੀਦੀ ਹੈ।*

## ਕੇਸ ਬੇਅਦਬੀਆਂ ਦਾ

*ਹਰ ਸਰਕਾਰ ਨੇ ਇਹੋ ਹੀ ਕੰਮ ਕੀਤਾ,*
*‘ਸਿਟ’ ਨਵੀਂ ਤੋਂ ਨਵੀਂ ਬਣਾਈ ਗਏ।*
*ਬਣੀ ਟੀਮ ਦਾ ਬਦਲ ਕੇ ‘ਰੂਪ’ ਥੋੜ੍ਹਾ,*
*ਮੈਂਬਰ ਨਵਾਂ ਕੋਈ ਹੋਰ ਫਸਾਈ ਗਏ।*
*‘ਸਜ਼ਾ ਦਿਆਂਗੇ’ ਆਖ ਕੇ ਲਈ ਸੱਤਾ,*
*ਵਾਂਗ ਪਹਿਲਿਆਂ ਕੇਸ ਲਮਕਾਈ ਗਏ।*
*ਸਮਾਂ ਆ ਗਿਆ ‘ਲੋਕ’ ’ਚ ਜਾਣ ਵਾਲਾ,*
*ਉਹ ਪੁੱਛਣਗੇ ਕਾਹਤੋਂ ‘ਟਰਕਾਈ’ ਗਏ।*
*‘ਫੂਕ ਨਿਕਲੀ’ ਜਨਤਾ ਇਹ ਆਖਦੀ ਏ,*
*ਮੁੱਖ ਮੰਤਰੀ ਵਾਲੀਆਂ ‘ਪਦਵੀਆਂ’ ਦੀ।*
*ਸੰਮਨ ਭੇਜ ਕੇ ਕਈਆਂ ਨੂੰ ਸਵਾਲ ਕਰਨੇ,*
*ਏਹੀ ਸਮਝੀਏ ‘ਸਜ਼ਾ’ ਬੇਅਦਬੀਆਂ ਦੀ?*

*-ਤਰਲੋਚਨ ਸਿੰਘ ਦੁਪਾਲਪੁਰ, 001-408-905-5517*

# ਲੰਮੀ ਹੋ ਰਹੀ ਗਰਮੀ ਦੀ ਰੁੱਤ


ਗੁਰਚਰਨ ਸਿੰਘ ਨੂਰਪੁਰ

ਅਸੀਂ ਧਰਤੀ ਵਾਸੀ ਵਾਤਾਵਰਨ ਦੀ ਤਬਾਹੀ ਕਰਕੇ ਆਪਣੀ ਮਨਪਸੰਦ ਦੁਨੀਆ ਸਿਰਜਣ ਦੀ ਕੋਸ਼ਿਸ਼ ਵਿੱਚ ਹਾਂ। ਅਸੀਂ ਸਹਿਜ, ਸਬਰ, ਸ਼ੁਕਰ ਨੂੰ ਆਪਣੇ ਅੰਦਰੋਂ ਮਨਫੀ ਕਰ ਦਿੱਤਾ ਹੈ। ਮਨੁੱਖ ਧਰਤੀ ਦੇ ਹਰ ਕੋਨੇ ਤੱਕ ਜਾ ਕੇ ਕਾਬਜ਼ ਹੋਣ ਲਈ ਬਜਿਦ ਹੈ। ਬਰਫੀਲੀਆਂ ਥਾਵਾਂ, ਉੱਚੀਆਂ ਚੋਟੀਆਂ, ਡੂੰਘੇ ਸਮੁੰਦਰਾਂ, ਪਹਾੜਾਂ, ਮੈਦਾਨਾਂ ਸਭ ਪਾਸੇ ਕਾਬਜ਼ ਹੋਣ ਦੀ ਮਨੁੱਖ ਦੀ ਮਨੋਬਿਰਤੀ ਨੇ ਸੜਕਾਂ, ਰੇਲਾਂ, ਹਵਾਈ ਅੱਡਿਆਂ, ਗੈਸ ਪਾਈਪਾਂ ਦਾ ਨਿਰਮਾਣ ਕਰਕੇ ਆਪਣੇ ਮਨ ਪਸੰਦ ਦੁਨੀਆ ਬਣਾਉਣ ਲਈ ਬਜਿਦ ਹੈ। ਅਜਿਹਾ ਕਰਨ ਲਈ ਬਹੁਤ ਸਾਰਾ ਪਾਣੀ, ਲੋਹਾ, ਕੋਲਾ, ਪੱਥਰ, ਲੁੱਕ, ਸੀਮੈਂਟ, ਰਬੜ, ਤੇਲ, ਬਿਜਲੀ, ਲੱਕੜ ਤੇ ਹੋਰ ਕਿੰਨਾ ਕੁਝ ਚਾਹੀਦਾ ਹੈ। ਇਸ ਸਭ ਕੁਝ ਨੂੰ ਹਾਸਲ ਕਰਨ ਲਈ ਜੰਗਲਾਂ, ਪਹਾੜਾਂ, ਪਾਣੀਆਂ ਦੀ ਤਬਾਹੀ ਹੋਣੀ ਕੁਦਰਤੀ ਗੱਲ ਹੈ। ਜਿਵੇਂ ਮਨੁੱਖ ਦੀ ਕੋਸ਼ਿਸ਼ ਹੈ ਕਿ ਦਿਨਾਂ ਦੀ ਦੂਰੀ ਨੂੰ ਘੰਟਿਆਂ ਅਤੇ ਘੰਟਿਆ ਦੇ ਸਫਰ ਨੂੰ ਮਿੰਟਾਂ ਵਿੱਚ ਤਬਦੀਲ ਕਰ ਦਿੱਤਾ ਜਾਵੇ, ਉਵੇਂ ਕੋਸ਼ਿਸ਼ ਇਹ ਵੀ ਹੈ ਕਿ ਕੁਦਰਤੀ ਸਾਧਨਾਂ ਨੂੰ ਕਾਹਲੀ ਨਾਲ ਲੁੱਟ ਲਿਆ ਜਾਵੇ। ਬੇਲੋੜੇ ਨੂੰ ਨਿਪਟਾਉਣ ਦੀ ਬਜਾਏ ਅੱਗ ਹਵਾਲੇ ਕੀਤਾ ਜਾਵੇ, ਹਰ ਅੜਿੱਕੇ ਨੂੰ ਤੇਜ਼ੀ ਨਾਲ ਦੂਰ ਕਰਨ ਲਈ ਜੰਗਲ ਤਬਾਹ ਕਰ ਦਿੱਤੇ ਜਾਣ, ਧਰਤੀ ਹੇਠਲੇ ਖਣਿਜਾਂ ਨੂੰ ਕੱਢਣ ਲਈ ਸ਼ਕਤੀਸ਼ਾਲੀ ਮਸ਼ੀਨਾਂ ਵਰਤੀਆਂ ਜਾਣ, ਪਹਾੜਾਂ ਨੂੰ ਪੱਧਰੇ ਕਰਨ ਲਈ ਬੰਬਾਂ, ਬਰੂਦਾਂ ਨਾਲ ਇਹਨਾਂ ਨੂੰ ਉਡਾ ਦਿੱਤਾ ਜਾਵੇ। ਅੱਜ ਦੇ ਦੌਰ ਵਿੱਚ ਮਨੁੱਖ ਇਹ ਸਭ ਕੁਝ ਇੰਨਾ ਬੇਲਿਹਾਜ਼ ਹੋ ਕੇ ਕਰ ਰਿਹਾ ਹੈ ਕਿ ਜਿਵੇਂ ਇਹ ਧਰਤੀ ਉਸ ਦੀ ਮਾਲਕੀ ਹੈ ਅਤੇ ਇਸ ’ਤੇ ਰਹਿਣ ਦਾ ਦੂਜੇ ਜੀਵਾਂ, ਪਸ਼ੂਆਂ, ਪੰਛੀਆਂ, ਪਰਿੰਦਿਆਂ ਦਾ ਕੋਈ ਹੱਕ ਨਹੀਂ। ਪੰਜਾਬ ਦਾ ਔਸਤ ਤਾਪਮਾਨ ਮਈ ਵਿੱਚ ਵੱਧ ਤੋਂ ਵੱਧ 38-42 ਡਿਗਰੀ ਸੈਲਸੀਅਸ ਹੁੰਦਾ ਹੈ। ਇਸੇ ਤਰ੍ਹਾਂ ਜੂਨ ਵਿੱਚ ਤਾਪਮਾਨ 40-43 ਡਿਗਰੀ ਸੈਲਸੀਅਸ ਤੋਂ ਹੁਣ ਤੱਕ ਕਦੇ ਨਹੀਂ ਵਧਿਆ, ਪਰ ਪਿਛਲੇ ਕੁਝ ਸਾਲਾਂ ਵਿੱਚ ਰਿਕਾਰਡ ਤੋੜ ਗਰਮੀ ਦਾ ਵਾਧਾ ਹੋਇਆ। ਇਸ ਵਾਰ ਲੁਧਿਆਣਾ ਦਾ ਤਾਪਮਾਨ 45 ਡਿਗਰੀ ਸੈਲਸੀਅਸ ਅਤੇ ਬਠਿੰਡਾ ਦਾ ਤਾਪਮਾਨ 46.9 ਡਿਗਰੀ ਸੈਲਸੀਅਸ ਹੋ ਗਿਆ। ਕੁਦਰਤ ਦੇ ਕੰਮਾਂ ਵਿੱਚ ਹੱਦੋਂ ਵੱਧ ਦਖਲ-ਅੰਦਾਜ਼ੀ ਕੁਦਰਤ ਨੂੰ ਬਰਦਾਸ਼ਤ ਨਹੀਂ। ਇਸ ਦਾ ਖਮਿਆਜ਼ਾ ਮਨੁੱਖ ਸਮੇਤ ਧਰਤੀ ’ਤੇ ਰਹਿਣ ਵਾਲੀਆਂ ਸਭ ਜੀਵ-ਜਾਤੀਆਂ ਨੂੰ ਭੁਗਤਣਾ ਪੈ ਰਿਹਾ ਹੈ। ਸਾਡਾ ਵਾਤਾਵਰਨ ਗਰਮ ਹੋ ਰਿਹਾ ਹੈ। ਵਾਤਾਵਰਨ ਵਿੱਚ ਵਧੀ ਗਰਮੀ ਕਾਰਨ ਧਰਤੀ ’ਤੇ ਹੀਟ ਵੇਵਜ਼ ਦਾ ਸਮਾਂ ਵਧ ਰਿਹਾ ਹੈ। ਵਧੀ ਹੀਟ ਵੇਵ ਅਤੇ ਵਾਤਾਵਰਨ ਵਿੱਚ ਮਾਨਵ ਜਾਤ ਵੱਲੋਂ ਪਾਏ ਖੱਲਲ ਕਾਰਨ ਹੁਣ ਗਰਮੀ ਦੀ ਰੁੱਤ ਲੰਮੀ ਹੋ ਰਹੀ ਹੈ ਅਤੇ ਸਰਦੀਆਂ ਦਾ ਸਮਾਂ ਸੁੰਘੜ ਰਿਹਾ ਹੈ। ਵਧੀ ਗਰਮੀ ਨਾਲ ਮਨੁੱਖਾਂ ਵਿੱਚ ਗੁਰਦਿਆਂ, ਹਾਰਟ ਅਟੈਕ, ਹਾਈ ਬਲੱਡ ਪ੍ਰੈਸ਼ਰ, ਬ੍ਰੇਨ ਸਟਰੋਕ, ਹੀਟ ਸਟਰੋਕ, ਡੀਹਾਈਡ੍ਰੇਸ਼ਨ ਵਰਗੀਆਂ ਬਿਮਾਰੀਆਂ ਵਿੱਚ ਵਾਧਾ ਹੋਣਾ ਸ਼ੁਰੂ ਹੋ ਰਿਹਾ ਹੈ। ਬੱਚਿਆਂ ਅਤੇ ਬਜ਼ੁਰਗਾਂ ਵਿੱਚ ਡੀਹਾਈਡਰੇਸ਼ਨ ਦੀ ਸਮੱਸਿਆ ਵਧਦੀ ਹੈ। ਜਲਵਾਯੂ ਪਰਿਵਰਨਾਂ ਨਾਲ ਗਰਮ ਮੌਸਮ ਵਿੱਚ ਕਿਟਾਣੂਆਂ, ਵਿਸ਼ਾਣੂਆਂ ਦੀਆਂ ਫੌਜਾਂ ਨਿਰੰਤਰ ਵਧਦੀਆਂ ਹਨ ਅਤੇ ਇਸ ਨਾਲ ਸਿੱਧੇ ਤੌਰ ਤੇ ਡੇਂਗੂ, ਮਲੇਰੀਆ ਵਰਗੀਆਂ ਹੋਰ ਕਈ ਬਿਮਾਰੀਆਂ ਵਿੱਚ ਨਿਰੰਤਰ ਵਾਧਾ ਹੋਣ ਲੱਗਾ ਹੈ। ਵਿਸ਼ਵ ਭਰ ਵਿੱਚ ਗਰਮੀ ਨਾਲ ਹੋਣ ਵਾਲੀਆਂ ਬਿਮਾਰੀਆਂ ਅਤੇ ਮੌਤ ਦੀ ਦਰ ਹਰ ਸਾਲ ਵਧਣੀ ਸ਼ੁਰੂ ਹੋ ਗਈ ਹੈ। ਨਵੰਬਰ ਦੇ ਮਹੀਨੇ ਦੌਰਾਨ ਜਦੋਂ ਪੰਜਾਬ ਦੀ ਧਰਤੀ ਇੱਕ ਗੈਸ ਚੈਂਬਰ ਵਿੱਚ ਤਬਦੀਲ ਹੋ ਜਾਂਦੀ ਹੈ ਤਾਂ ਇਹਨਾਂ ਦਿਨਾਂ ਦੌਰਾਨ ਹਰ ਜਵਾਨ, ਬੱਚਾ, ਬੁੱਢਾ ਔਰਤਾਂ ਤਕਰੀਬਨ 25 ਸਿਗਰਟਾਂ ਜਿੰਨਾ ਧੂੰਆਂ ਆਪਣੇ ਅੰਦਰ ਜਜ਼ਬ ਕਰਦੇ ਹਨ। ਇਸ ਨਾਲ ਅਗਲੇ ਦਿਨਾਂ ਦੌਰਾਨ ਹਾਰਟ ਅਟੈਕ, ਦਮੇ ਅਤੇ ਛਾਤੀ ਦੇ ਹੋਰ ਰੋਗਾਂ ਦੇ ਮਰੀਜ਼ਾਂ ਦੀ ਗਿਣਤੀ ਵਧ ਜਾਂਦੀ ਹੈ ਇਹ ਵੇਖਿਆ ਗਿਆ ਹੈ ਕਿ ਨਵੰਬਰ ਤੋਂ ਅਗਲੇ ਸਮੇਂ ਦਸੰਬਰ-ਜਨਵਰੀ ਵਿੱਚ ਪੰਜਾਬ ਵਿੱਚ ਹਾਰਟ ਅਟੈਕ ਅਤੇ ਛਾਤੀ ਦੇ ਰੋਗਾਂ ਨਾਲ ਵੱਡੀ ਗਿਣਤੀ ਵਿੱਚ ਲੋਕ ਮਰਨ ਲੱਗਦੇ ਹਨ। ਇਸ ਤਰ੍ਹਾਂ ਜਲਵਾਯੂ ਪ੍ਰੀਵਰਤਨ ਅਤੇ ਪ੍ਰਦੂਸ਼ਣ ਹੁਣ ਸਾਡੀ ਜਾਨ ਦਾ ਖੌਅ ਬਣਨ ਲੱਗ ਪਿਆ ਹੈ। ਤਾਪਮਾਨ ਦੇ ਵਧਣ ਨਾਲ ਜਿੱਥੇ ਫਸਲੀ ਵਿਭਿੰਨਤਾ ਪ੍ਰਭਾਵਿਤ ਹੋਈ ਹੈ, ਉੱਥੇ ਸਾਡੀਆਂ ਫਸਲਾਂ ਦਾ ਝਾੜ 15× ਤੋਂ 30× ਘਟਣਾ ਸ਼ੁਰੂ ਹੋ ਗਿਆ ਹੈ। ਜਦੋਂ ਮੌਸਮੀ ਪੈਟਰਨ ਵਿੱਚ ਤਬਦੀਲੀ ਆਉਂਦੀ ਹੈ ਤਾਂ ਫਸਲ ਨੂੰ ਜਦੋਂ ਬਾਰਸ਼ ਦੀ ਲੋੜ ਹੁੰਦੀ ਹੈ ਤਾਂ ਬਾਰਿਸ਼ ਨਹੀਂ ਹੁੰਦੀ। ਜੇਕਰ ਬਾਰਸ਼ ਹੁੰਦੀ ਹੈ ਤਾਂ ਬੇਹਿਸਾਬੀ ਹੋ ਜਾਂਦੀ ਹੈ, ਜਦੋਂ ਫਸਲਾਂ ਨੂੰ ਨਮੀ ਦੀ ਲੋੜ ਹੁੰਦੀ ਹੈ ਤਾਂ ਮੌਸਮ ਖੁਸ਼ਕ ਹੋ ਜਾਂਦਾ ਹੈ।

ਇਹ ਸਾਰੀਆਂ ਮੌਸਮੀ ਤਬਦੀਲੀਆਂ ਫਸਲਾਂ ਦੀ ਪੈਦਾਵਾਰ ਨੂੰ ਘੱਟ ਕਰ ਰਹੀਆਂ ਹਨ, ਜਿਸ ਨਾਲ ਭਵਿੱਖ ਵਿੱਚ ਅਨਾਜ ਸਬੰਧੀ ਵੱਡੀਆਂ ਸਮੱਸਿਆਵਾਂ ਪੈਦਾ ਹੋ ਸਕਦੀਆਂ ਹਨ। ਵਧ ਰਿਹਾ ਅਤੇ ਹਰ ਸਾਲ ਲੰਮਾ ਹੋ ਰਿਹਾ ਤਾਪਮਾਨ ਜੰਗਲੀ ਜੀਵਾਂ, ਪਸ਼ੂਆਂ ਲਈ ਬੇਹੱਦ ਭਿਆਨਕ ਸਾਬਤ ਹੋ ਰਿਹਾ ਹੈ। ਪੰਛੀਆਂ ਵਿੱਚ ਪ੍ਰਜਨਣ ਦੀ ਪ੍ਰੀਕਿਆ ਇਸ ਨਾਲ ਪ੍ਰਭਾਵਤ ਹੋਈ ਹੈ। ਮੌਸਮੀ ਤਬਦੀਲੀਆਂ ਨਾਲ ਬਹੁਤ ਸਾਰੀਆਂ ਜੀਵ ਜਾਤੀਆਂ ਧਰਤੀ ਤੋਂ ਲੁਪਤ ਹੋ ਰਹੀਆਂ ਹਨ ਜਾਂ ਲੁਪਤ ਹੋਣ ਦੀ ਕਾਗਾਰ ’ਤੇ ਹਨ। ਤੇਜ਼ੀ ਨਾਲ ਬਦਲ ਰਹੀਆਂ ਮੌਸਮੀ ਤਬਦੀਲੀਆਂ ਮਨੁੱਖ ਦੀ ਆਰਥਕ ਹਾਲਤ ਨੂੰ ਬੜੀ ਬੁਰੀ ਤਰ੍ਹਾਂ ਪ੍ਰਭਾਵਤ ਕਰਦੀਆਂ ਹਨ। ਜਿੱਥੇ ਹਰ ਸਾਲ ਊਰਜਾ ਦੀ ਮੰਗ ਵਧਦੀ ਹੈ, ਉੱਥੇ ਊਰਜਾ ਨੂੰ ਪੈਦਾ ਕਰਨ ਅਤੇ ਊਰਜਾ ਨੂੰ ਖਰਚ ਕਰਨ ਵਾਲੇ ਸਾਧਨਾਂ ਦੀ ਮੰਗ ਵੀ ਵਧ ਜਾਂਦੀ ਹੈ। ਮਿਸਾਲ ਵਜੋਂ ਵਧੀ ਗਰਮੀ ਨਾਲ ਸਾਨੂੰ ਵੱਧ ਬਿਜਲੀ ਦੀ ਲੋੜ ਪੈਂਦੀ ਹੈ। ਵੱਧ ਬਿਜਲੀ ਪੈਦਾ ਕਰਨ ਲਈ ਵੱਧ ਪਾਣੀ ਅਤੇ ਵੱਧ ਕੋਲੇ ਦੀ ਖਪਤ ਹੁੰਦੀ ਹੈ। ਗਰਮੀ ਤੋਂ ਰਾਹਤ ਲਈ ਪਾਣੀ ਦੀ ਮੰਗ ਵਧਦੀ ਹੈ। ਏਸੀ ਕਾਰਾਂ, ਬੱਸਾਂ, ਘਰੇਲੂ ਦਫਤਰਾਂ, ਦੁਕਾਨਾਂ ਦੇ ਏ ਸੀ, ਪੱਖਿਆਂ, ਫਰਿਜਾਂ ਦੀ ਮੰਗ ਵਧ ਜਾਂਦੀ ਹੈ, ਇਸ ਨਾਲ ਬਿਜਲੀ ਦੀ ਖਪਤ ਹਰ ਸਾਲ ਵਧ ਰਹੀ ਹੈ। ਖਰਚ ਹੁੰਦੀ ਊਰਜਾ ਨਾਲ ਤਾਪਮਾਨ ਵਿੱਚ ਹੋਰ ਵਾਧਾ ਹੁੰਦਾ ਹੈ। ਆਮ ਮਨੁੱਖ ਨੂੰ ਵੱਧ ਸਾਧਨਾਂ ਦੀ ਲੰਮਾ ਸਮਾਂ ਵਰਤੋਂ ਕਰਨੀ ਪੈਂਦੀ ਹੈ। ਵਧੀ ਗਰਮੀ ਮਨੁੱਖਾਂ, ਖਾਸ ਤੌਰ ’ਤੇ ਮਜ਼ਦੂਰਾਂ, ਕਾਰੀਗਰਾਂ ਦੇ ਕੰਮ ਕਰਨ ਦੀ ਸਮਰੱਥਾ ਨੂੰ ਘੱਟ ਕਰਦੀ ਹੈ, ਜਿਸ ਨਾਲ ਇਹਨਾਂ ਦੀ ਆਰਥਕ ਹਾਲਤ ਹੋਰ ਪਤਲੀ ਹੁੰਦੀ ਹੈ।

ਹੀਟ ਵੇਵਜ਼ ਤੋਂ ਭਾਵ ਹੈ ਗਰਮੀ ਦੀਆਂ ਲਹਿਰਾਂ, ਇਹ ਇੱਕ ਅਜਿਹੀ ਸਥਿਤੀ ਹੁੰਦੀ ਹੈ, ਜਦੋਂ ਜਦੋਂ ਗਰਮੀ ਦੀ ਲੂ ਵਾਲੀਆਂ ਹਵਾਵਾਂ ਵਗਦੀਆਂ ਹਨ, ਇਹਨਾਂ ਦਾ ਸਮਾਂ ਹੁਣ ਤੱਕ ਔਸਤ ਦਸ ਤੋਂ ਪੰਦਰਾਂ ਦਿਨ ਰਿਹਾ ਹੈ, ਪਰ ਤਿੰਨ-ਚਾਰ ਸਾਲਾਂ ’ਚ ਇਹਨਾਂ ਦਿਨਾਂ ਦੀ ਗਿਣਤੀ 54 ਦਿਨ ਤੱਕ ਪਹੁੰਚ ਗਈ ਹੈ। ਵਿਸ਼ਵ ਭਰ ਵਿੱਚ ਤਾਪਮਾਨ 1.5 ਡਿਗਰੀ ਸੈਲਸੀਅਸ ਵਧ ਗਿਆ ਹੈ, ਜਿਸ ਦਾ ਨਾਲ ਹੀਟ ਵੇਵਜ਼ ਦੇ ਦਿਨ ਕਈ ਗੁਣਾਂ ਵਧ ਗਏ ਹਨ। ਇਸ ਨਾਲ ਦੁਨੀਆਂ ਭਰ ਵਿੱਚ ਅੱਗਾਂ ਲੱਗਣ ਦੇ ਪ੍ਰਕੋਪ ਨੂੰ ਵਧਾਇਆ ਹੈ। ਕਈ ਸਾਲਾਂ ਤੋਂ ਉੱਚੇ ਪਹਾੜੀ ਸਥਾਨਾਂ ’ਤੇ ਪਏ ਬਰਫ ਦੇ ਗਲੇਸ਼ੀਅਰ ਪਿਘਲਣੇ ਸ਼ੁਰੂ ਹੋ ਗਏ ਹਨ। ਇਸ ਨਾਲ ਹੜ੍ਹ, ਗਰਮੀ, ਬੇਮੌਸਮੀ ਵਰਖਾ ਭਾਵ ਕੁਦਰਤੀ ਮੌਸਮੀ ਚੱਕਰ ਵਿੱਚ ਇੱਕ ਅੱਥਰਾ ਵੇਗ ਲੈ ਆਂਦਾ ਹੈ। ਇਹਨਾਂ ਮੌਸਮੀ ਤਬਦੀਲੀਆਂ ਨਾਲ ਧਰਤੀ ਦਾ ਜਨ-ਜੀਵਨ ਬੜੀ ਬੁਰੀ ਤਰ੍ਹਾਂ ਪ੍ਰਭਾਵਿਤ ਹੋਣ ਲੱਗ ਪਿਆ ਹੈ। ਸਾਨੂੰ ਸਭ ਨੂੰ ਬੜੀ ਸ਼ਿੱਦਤ ਨਾਲ ਇਹ ਸਮਝਣ ਦੀ ਲੋੜ ਹੈ ਕਿ ਇਹ ਧਰਤੀ ਮਨੁੱਖ ਦੀ ਮਾਲਕੀ ਨਹੀਂ, ਇੱਥੇ ਰਹਿਣ-ਸਹਿਣ ਵਧਣ ਫੁੱਲਣ ਵਿਗਸਣ ਦਾ ਹੋਰ ਜੀਵ ਜਾਤੀਆਂ ਪਸ਼ੂਆਂ, ਪਰਿੰਦਿਆਂ ਰੁੱਖਾਂ, ਜੰਗਲਾਂ, ਵਣਾਂ ਬਨਸਪਤੀਆਂ ਨੂੰ ਵੀ ਹੱਕ ਹੈ। ਇਹ ਧਰਤੀ ਸਾਡੇ ਵੱਡੇ-ਵਡੇਰਿਆਂ ਵੱਲੋਂ ਸਾਡੀਆਂ ਆਉਣ ਵਾਲੀਆਂ ਨਸਲਾਂ ਲਈ ਬਖਸ਼ੀ ਗਈ ਅਮਾਨਤ ਹੈ, ਜਿਸ ’ਤੇ ਅਸੀਂ ਕੁਝ ਸਮਾਂ ਰਹਿਣਾ ਹੈ ਤੇ ਫਿਰ ਚਲੇ ਜਾਣਾ ਹੈ। ਅਜਿਹਾ ਵਿਕਾਸ ਜਿਸ ਨਾਲ ਸਾਡੀਆਂ ਜਿਊਣ ਹਾਲਤਾਂ ਹੀ ਸਾਜਗਾਰ ਨਾ ਰਹਿਣ, ਉਸ ਵਿਕਾਸ ਤੋਂ ਸਾਨੂੰ ਤੌਬਾ ਕਰਨ ਦੀ ਲੋੜ ਹੈ। ਮਨੁੱਖ ਦੀ ਵਿਕਾਸ ਅਤੇ ਤਰੱਕੀ ਲਈ ਕੀਤੀ ਜਾਣ ਵਾਲੀ ਹਰ ਸਰਗਰਮੀ ਧਰਤੀ ਦੇ ਜਲਵਾਯੂ ਨੂੰ ਧਿਆਨ ਵਿੱਚ ਰੱਖ ਕੇ ਹੋਣੀ ਚਾਹੀਦੀ ਹੈ। ਵਾਤਾਵਰਣ ਨੂੰ ਤਬਾਹ ਕਰਕੇ ਕੀਤਾ ਵਿਕਾਸ, ਸਾਡੇ ਲਈ ਵਿਕਾਸ ਘੱਟ ਅਤੇ ਵਿਨਾਸ਼ ਵੱਧ ਸਾਬਤ ਹੋਣ ਲੱਗਿਆ ਹੈ। ਸਾਨੂੰ ਕੋਸ਼ਿਸ਼ ਕਰਨੀ ਚਾਹੀਦੀ ਹੈ ਕਿ ਅਸੀਂ ਧਰਤੀ ਦੇ ਅਨਮੁੱਲੇ ਸਾਧਨਾਂ ਦੀ ਸੋਚ-ਸਮਝ ਕੇ ਵਰਤੋਂ ਕਰੀਏ। ਵਿਸ਼ਵ ਭਰ ਦੀਆਂ ਸਰਕਾਰਾਂ ਨੂੰ ਧਰਤੀ ਦੇ ਵਧ ਰਹੇ ਤਾਪਮਾਨ ਪ੍ਰਤੀ ਚਿੰਤਤ ਹੋਣ ਦੀ ਲੋੜ ਹੈ ਅਤੇ ਇਸ ਲਈ ਸਰਗਰਮੀ ਨਾਲ ਕੰਮ ਕੀਤੇ ਜਾਣ ਦੀ ਲੋੜ ਹੈ। ਊਰਜਾ ਲਈ ਕੋਲੇ ਅਤੇ ਪੈਟਰੋਲ, ਡੀਜ਼ਲ ਦੀ ਵਰਤੋਂ ਘੱਟ ਹੋਣੀ ਚਾਹੀਦੀ ਹੈ। ਇਸ ਲਈ ਜਿੱਥੇ-ਜਿੱਥੇ ਸੰਭਵ ਹੋ ਸਕੇ ਸੋਲਰ ਅਤੇ ਵਿੰਡ ਊਰਜਾ ਦੇ ਸਾਧਨਾਂ ਨੂੰ ਵਧਾਏ ਜਾਣ ਦੀ ਲੋੜ ਹੈ। ਵਰਖਾ ਦੇ ਪਾਣੀ ਨੂੰ ਸੰਭਾਲਣ ਦੇ ਵੱਡੇ ਉਪਰਾਲੇ ਕੀਤੇ ਜਾਣੇ ਚਾਹੀਦੇ ਹਨ। ਵੱਧ ਤੋਂ ਵੱਧ ਰੁੱਖ ਲਗਾ ਕੇ ਗਰਮੀ ਦੇ ਪ੍ਰਕੋਪ ਨੂੰ ਘੱਟ ਕੀਤਾ ਜਾ ਸਕਦਾ ਹੈ। ਘੱਟ ਪਾਣੀ ਲੈਣ ਵਾਲੀਆਂ ਫਸਲਾਂ ਬੀਜੇ ਜਾਣ ਅਤੇ ਡਰਿਪ ਸਿਸਟਮ ਉਤਸ਼ਾਹਿਤ ਕਰਨ ਲਈ ਯਤਨ ਹੋਣੇ ਚਾਹੀਦੇ ਹਨ। ਸਾਡਾ ਸਭ ਦਾ ਭਲਾ ਇਸ ਵਿੱਚ ਹੈ ਕਿ ਅਸੀਂ ਕੇਵਲ ਆਪਣਾ ਨਹੀਂ, ਬਲਕਿ ਦੂਜਿਆਂ ਦਾ ਵੀ ਭਲਾ ਮੰਗੀਏ ਅਤੇ ਇਸ ਲਈ ਯਤਨਸ਼ੀਲ ਹੋਈਏ।

**# ਸੰਪਰਕ : 98550-51099**

# ਪੁਲਾੜ ਦੀ ਖੋਜ ਤਾਂ ਪੈਸੇ ਤੇ ਊਰਜਾ ਦੀ ਬਰਬਾਦੀ ਹੀ ਜਾਪਦੀ


ਸੰਜੀਵ ਝਾਂਜੀ

ਪੁਲਾੜ ਵਿੱਚ ਸ਼ੁਰੂ ਤੋਂ ਹੀ ਮਨੁੱਖ ਦੀ ਦਿਲਚਸਪੀ ਰਹੀ ਹੈ। ਮਨੁੱਖ ਗਾਹੇ-ਬੇਗਾਹੇ ਪੁਲਾੜ ਦੀ ਖੋਜ ਖਬਰ ਲਈ ਯਤਨਸ਼ੀਲ ਰਿਹਾ ਹੈ। ਇਸੇ ਮਕਸਦ ਦੀ ਪੂਰਤੀ ਲਈ ਉਸ ਵੇਲੇ ਦੇ ਯੂ ਐੱਸ ਐੱਸ ਆਰ ਨੇ 1959 ਤੋਂ 1968 ਤੱਕ ਚੰਦਰਮਾ ਵੱਲ ਮਿਸ਼ਨ ਭੇਜੇ ਸਨ, ਤਾਂ ਕਿ ਬੱਚਿਆਂ ਦੇ ਚੰਦਾ ਮਾਮਾ ਦੀ ਕੋਈ ਖੋਜ ਖਬਰ ਸਹੀ ਤਰੀਕੇ ਨਾਲ ਲੱਗ ਸਕੇ। ਅਮਰੀਕਾ ਨੇ 1968 ਤੋਂ 1972 ਤੱਕ ਚੰਦਰਮਾ ਵੱਲ ਕਈ ਮਿਸ਼ਨ ਭੇਜੇ। ਨੀਲ ਆਰਮ ਸਟਰਾਂਗ ਅਤੇ ਬੱਜ ਐਲਡਰਿਨ ਸਮੇਤ ਕਈ ਮਨੁੱਖਾਂ ਨੂੰ ਇਸ ਸਮੇਂ ਦੌਰਾਨ ਚੰਦਰਮਾ ਦੀ ਧਰਤੀ ’ਤੇ ਕਦਮ ਰੱਖਣ ਦਾ ਮੌਕਾ ਮਿਲਿਆ। ਭਾਰਤ ਨੇ ਵੀ ਪਿੱਛੇ ਜਿਹੇ ਚੰਦਰਯਾਨ-3 ਰਾਹੀਂ ਉਥੇ ਪੁੱਜਣ ਵਿੱਚ ਸਫਲਤਾ ਪ੍ਰਾਪਤ ਕੀਤੀ ਹੈ। ਕੁਝ ਹੋਰ ਦੇਸ਼ ਵੀ ਹਨ, ਜਿਹੜੇ ਚੰਦਰਮਾ ਵੱਲ ਨੂੰ ਵਹੀਰਾਂ ਘੱਤ ਰਹੇ ਹਨ ਜਾਂ ਘੱਤਣ ਵਾਲੇ ਹਨ। ਕਹਿੰਦੇ ਨੇੜ ਭਵਿੱਖ ਵਿੱਚ ਉਥੇ ਮਨੁੱਖੀ ਬਸਤੀ ਵਸਾਉਣੀ ਹੈ, ਪਰ ਸਵਾਲ ਇਹ ਉੱਠਦਾ ਹੈ ਕਿ ਜਿੱਥੇ ਚੱਜ ਨਾਲ ਸਾਹ ਵੀ ਨਹੀਂ ਲਿਆ ਜਾ ਸਕਦਾ, ਚੱਜ ਨਾਲ ਕੀ, ਲਿਆ ਹੀ ਨਹੀਂ ਜਾ ਸਕਦਾ, ਕਿਉਂਕਿ ਉਥੇ ਵਾਤਾਵਰਨ ਹੈ ਹੀ ਨਹੀਂ, ਤਾਂ ਫਿਰ ਉਥੇ ਮਨੁੱਖੀ ਬਸਤੀ ਬਣਾਉਣ ਦੀ ਤੁੱਕ ਕੀ ਹੈ? ਚੰਦਰਯਾਨ-2 ਨੂੰ ਚੰਦ ’ਤੇ ਪਹੁੰਚਣ ਲਈ 48 ਦਿਨ ਅਤੇ ਚੰਦਰਯਾਨ-3 ਨੂੰ ਉਥੇ ਪਹੁੰਚਣ ਲਈ 40 ਦਿਨ ਦਾ ਸਮਾਂ ਲੱਗਿਆ ਸੀ।

ਹੁਣ ਕਈ ਦੇਸ਼ਾਂ ਦਾ ਧਿਆਨ ਮੰਗਲ ਵੱਲ ਨੂੰ ਹੈ। ਉਹ ਮੰਗਲ ਵੱਲ ਨੂੰ ਖੋਜ ਖਬਰ ਲਈ ਪੁੱਜਣ ਲਈ ਯਤਨਸ਼ੀਲ ਹਨ। ਭਾਰਤ ਵੀ ਮੰਗਲਯਾਨ ਦੀ ਤਿਆਰੀ ਕਰ ਰਿਹਾ ਹੈ। ਕਈ ਹੋਰ ਦੇਸ਼ ਵੀ ਇਸ ਲਾਈਨ ’ਚ ਹਨ।

ਨਾਸਾ ਨੇ ਵਾਈਜ਼ਰ-1 ਅਤੇ ਵਾਈਜ਼ਰ-2, 1977 ਵਿੱਚ ਲਾਂਚ ਕੀਤੇ ਸਨ। ਜਿਨ੍ਹਾਂ ਨੇ ਸੋਲਰ ਮੰਡਲ ਬਾਰੇ ਜਾਣਕਾਰੀ ਇਕੱਠੀ ਕਰਨੀ ਸੀ। ਹੁਣ ਉਹ 50 ਸਾਲ ਲਗਾਤਾਰ ਸਫਰ ਕਰਕੇ ਅਤੇ ਜਾਣਕਾਰੀ ਦਿੰਦੇ ਹੋਏ ਧਰਤੀ ਤੋਂ ਕਰਮਵਾਰ 25 ਅਰਬ 70 ਲੱਖ ਕਿਲੋਮੀਟਰ ਅਤੇ 21 ਲੱਖ 50 ਹਜ਼ਾਰ ਕਿਲੋਮੀਟਰ ਦੂਰ ਹਨ। ਵਾਈਜ਼ਰ-1 ਦੀ ਇਹ ਦੂਰੀ ਲਗਭਗ ਇਕ ਪ੍ਰਕਾਸ਼ ਸਾਲ ਬਣਦੀ ਹੈ। ਇਕ ਪ੍ਰਕਾਸ਼ ਸਾਲ ਦਾ ਮਤਲਬ ਹੈ ਕਿ ਪ੍ਰਕਾਸ਼ ਦੁਆਰਾ ਇੱਕ ਸਾਲ ਵਿੱਚ ਤੈਅ ਕੀਤੀ ਗਈ ਦੂਰੀ। ਭਾਵ ਪ੍ਰਕਾਸ਼, ਜੋ ਤਿੰਨ ਲੱਖ ਕਿਲੋਮੀਟਰ ਪ੍ਰਤੀ ਸੈਕਿੰਡ ਦੀ ਰਫਤਾਰ ਨਾਲ ਚਲਦਾ ਹੈ, ਇਕ ਸਾਲ ਵਿੱਚ ਉਸ ਥਾਂ ’ਤੇ ਪਹੁੰਚ ਸਕਦਾ ਹੈ, ਜਿਸ ਥਾਂ ’ਤੇ ਵਾਈਜ਼ਰ ਵਨ ਨੂੰ ਪਹੁੰਚਣ ਲਈ 49-50 ਸਾਲ ਦਾ ਸਮਾਂ ਲੱਗਿਆ ਹੈ।

ਵਿਗਿਆਨੀ ਸੂਰਜੀ ਪਰਵਾਰ ਤੋਂ ਬਾਹਰ ਕਈ ਗ੍ਰਹਿ ਲੱਭਣ ਵਿੱਚ ਕਾਮਯਾਬ ਹੋਏ ਹਨ। ਇਹ ਗ੍ਰਹਿ ਸਾਡੇ ਤੋਂ ਕਈ-ਕਈ ਪ੍ਰਕਾਸ਼ ਵਰੇ ਦੂਰ ਹਨ। ਇਹਨਾਂ ਦੀ ਖੋਜ ਜਾਂ ਤਾਂ ਦੂਰਬੀਨਾਂ ਨਾਲ ਕੀਤੀ ਗਈ ਹੈ ਜਾਂ ਉਥੋਂ ਜਿਹੜੀ ਲਾਈਟ ਧਰਤੀ ’ਤੇ ਪੁੱਜੀ ਹੈ, ਉਸ ਦਾ ਪੋਸਟਮਾਰਟਮ ਕਰਕੇ ਪਤਾ ਲੱਗਿਆ ਹੈ, ਪਰ ਸਵਾਲ ਇਹ ਉੱਠਦਾ ਹੈ ਕਿ ਮੌਜੂਦਾ ਸੰਸਾਧਨਾਂ ਨਾਲ ਜਦੋਂ ਸਾਨੂੰ ਸੂਰਜੀ ਪਰਵਾਰ ਤੋਂ ਬਾਹਰ ਨੇੜਲੇ ਗ੍ਰਹਿ ’ਤੇ ਪਹੁੰਚਣ ਲਈ ਕਈ ਸਦੀਆਂ ਲੱਗ ਸਕਦੀਆਂ ਹਨ ਤੇ ਉਥੇ ਹਾਲਾਤ ਵੀ ਸਾਡੇ ਵਰਗੇ ਨਹੀਂ ਹਨ। ਮੰਨ ਲਓ ਹੋਣ ਵੀ, ਤਾਂ ਵੀ ਕਈ ਸਦੀਆਂ ਦਾ ਸਫਰ ਕਰਕੇ ਉਥੇ ਪਹੁੰਚਣਾ ਲਗਭੱਗ ਨਾ-ਮੁਮਕਿਨ ਹੈ।

ਇਸ ਲਈ ਦੂਰ-ਦੁਰੇਡੇ ਦੇ ਬ੍ਰਹਿਮੰਡ ਦੀ ਖੋਜ ਵਿੱਚ ਸਮਾਂ ਤੇ ਊਰਜਾ ਖਪਤ ਕਰਨੀ ਬਰਬਾਦ ਕਰਨ ਦੇ ਬਰਾਬਰ ਹੀ ਜਾਪ ਰਹੀ ਹੈ। ਹਾਂ ਅਸੀਂ ਸੂਰਜੀ ਪਰਵਾਰ, ਇਸ ਦੇ ਗ੍ਰਹਿਆਂ, ਉਹਨਾਂ ਦਾ ਸਾਡੇ ਵਾਤਾਵਰਨ, ਆਲੇ-ਦੁਆਲੇ ਜਾਂ ਧਰਤੀ ’ਤੇ ਕੀ ਅਸਰ ਪੈਂਦਾ ਹੈ ਇਹੀ ਅਸੀਂ ਖੋਜ ਕਰ ਲਈਏ ਤਾਂ ਬਹੁਤ ਹੈ। ਚੰਦਰਯਾਨ ਨਾਲ ਅਸੀਂ ਜਾਂ ਹੋਰ ਮਿਸ਼ਨਾਂ ਨਾਲ ਰੂਸ, ਅਮਰੀਕਾ, ਚੀਨ ਆਦਿ ਨੂੰ ਕੁਝ ਮਿਲਿਆ ਹੋਵੇ ਤਾਂ ਦੱਸਣਾ? ਸਿਵਾਏ ਪੁਲਾੜ ਤਕਨੀਕ ਵਿੱਚ ਧੌਣ ਉਚੀ ਹੋਣ ਤੋਂ? ਵਾਈਜ਼ਰ ਨੂੰ ਇੱਕ ਪ੍ਰਕਾਸ਼ ਸਾਲ ਦੀ ਦੂਰੀ ਤੈਅ ਕਰਨ ਲਈ 50 ਸਾਲ ਲੱਗ ਗਏ ਹਨ ਤੇ 43, 74 ਜਾਂ 223 ਪ੍ਰਕਾਸ਼ ਵਰ੍ਹੇ ਦੂਰ ਸਥਿਤ ਗ੍ਰਹਿ, ਜਿਨ੍ਹਾਂ ਨੂੰ ਅਸੀਂ ਧਰਤੀ ਵਰਗੇ ਗ੍ਰਹਿ ਕਹਿ ਰਹੇ ਹਾਂ, ਤੱਕ ਪਹੁੰਚਣ ’ਤੇ ਕਿੰਨਾ ਸਮਾਂ ਲੱਗੇਗਾ? ਇਸ ਦਾ ਅੰਦਾਜ਼ਾ ਤੁਸੀਂ ਖੁਦ ਹੀ ਲਾ ਸਕਦੇ ਹੋ। ਇਹ ਸਿਰਫ ਉਥੇ ਪਹੁੰਚਣ ਦਾ ਸਮਾਂ ਹੈ। ਉਥੋਂ ਵਾਪਸ ਆਉਣ ’ਤੇ ਵੀ ਏਨਾ ਹੀ ਸਮਾਂ ਲੱਗਣਾ ਹੈ। ਭਾਵ ਜੇਕਰ ਅਸੀਂ ਅੱਜ ਵੀ 100 ਪ੍ਰਕਾਸ਼ ਵਰ੍ਹੇ ਦੂਰ ਸਥਿਤ ਕਿਸੇ ਧਰਤੀ ਵਰਗੇ ਗ੍ਰਹਿ ਤੋਂ ਜਾਣਕਾਰੀ ਲੈਣ ਲਈ ਕੋਈ ਪੁਲਾੜ ਗੱਡੀ ਭੇਜੀਏ, ਜਿਹੜੀ ਵਾਈਜ਼ਰ ਦੀ ਸਪੀਡ ਨਾਲ ਚੱਲੇ ਤਾਂ ਉਥੇ ਪਹੁੰਚਣ ਨੂੰ 5 ਹਜ਼ਾਰ ਸਾਲ ਲੱਗ ਜਾਣਗੇ ਉਥੋਂ ਜਾਣਕਾਰੀ ਇਕੱਠੀ ਕਰਕੇ ਵਾਪਸ ਆਉਣ ਨੂੰ ਵੀ 5 ਹਜ਼ਾਰ ਸਾਲ ਲੱਗ ਜਾਣਗੇ। ਭਾਵ ਅੱਜ ਭੇਜੀ ਗੱਡੀ ਤੋਂ ਸੂਚਨਾ 10 ਹਜ਼ਾਰ ਸਾਲ ਬਾਅਦ ਸਾਨੂੰ ਪ੍ਰਾਪਤ ਹੋਵੇਗੀ। ਕੋਈ ਤੁੱਕ ਬਣਦਾ ਹੈ? ਪਹਿਲੀ ਨਜ਼ਰੇ ਤਾਂ ਇਹੀ ਜਾਪਦਾ ਹੈ। ਕੋਈ ਡੂੰਘੇ ਜਾਂ ਲੁਕੇ ਵਿਗਿਆਨਕ ਮਕਸਦ ਹੋਣ ਤਾਂ ਪਤਾ ਨਹੀ?

**ਸੰਪਰਕ : 80049-10000**

# ਸੜਕ ਸੁਰੱਖਿਆ ਪ੍ਰਤੀ ਗੰਭੀਰ ਹੋਣ ਦੀ ਲੋੜ


ਨਰਿੰਦਰ ਸਿੰਘ

ਸੜਕ ਸੁਰੱਖਿਆ ਪ੍ਰਤੀ ਸਰਕਾਰਾਂ ਤੇ ਲੋਕਾਂ ਦੇ ਗੰਭੀਰ ਨਾ ਹੋਣ ਕਾਰਨ ਹਾਦਸਿਆਂ ਦੀ ਗਿਣਤੀ ਲਗਾਤਾਰ ਵਧ ਰਹੀ ਹੈ। ਤੇਜ਼ੀ ਨਾਲ ਵਧਦੀ ਮਸ਼ੀਨਰੀ, ਟੁੱਟੀਆਂ ਸੜਕਾਂ, ਤੰਗ ਪੁਲ, ਅਵਾਰਾ ਪਸ਼ੂ, ਬੇਕਾਬੂ ਰਫ਼ਤਾਰ, ਨਸ਼ਾ, ਮੋਬਾਈਲ ਫੋਨ ’ਤੇ ਗੱਲਾਂ, ਓਵਰਲੋਡਿੰਗ, ਗਲਤ ਸਾਈਡ ਡਰਾਈਵਿੰਗ, ਬੇਤਰਤੀਬੀ ਟ੍ਰੈਫਿਕ, ਮਾੜਾ ਡਰੇਨੇਜ਼ ਸਿਸਟਮ, ਰਾਤ ਵੇਲੇ ਰੋਸ਼ਨੀ ਦੀ ਘਾਟ, ਓਵਰ ਟੇਕ ਧਿਆਨ ਨਾਲ ਨਾ ਕਰਨਾ, ਨਾਬਾਲਗਾਂ ਦਾ ਵਾਹਨ ਚਲਾਉਣਾ, ਮਿਆਦ ਪੁਗਾ ਚੁੱਕੀਆਂ ਗੱਡੀਆਂ ਦੀ ਵਰਤੋਂ ਕਰਨਾ ਅਤੇ ਟ੍ਰੈਫਿਕ ਨਿਯਮਾਂ ਦੀ ਕਮੀ ਸੜਕ ਹਾਦਸਿਆਂ ਦੇ ਵੱਡੇ ਕਾਰਨ ਹਨ। ਭਾਰਤ ਵਿਚ ਸੜਕ ਹਾਦਸਿਆਂ ਕਾਰਨ ਦੁਨੀਆ ਭਰ ਵਿਚ ਸਭ ਤੋਂ ਵੱਧ ਮੌਤਾਂ ਹੁੰਦੀਆਂ ਹਨ। ਭਾਰਤ ਵਿੱਚ ਜ਼ਿਆਦਾਤਰ ਲੋਕ ਪੈਦਲ ਯਾਤਰੀ, ਸਾਈਕਲ ਸਵਾਰ ਜਾਂ ਦੋ ਪਹੀਆ ਸਵਾਰ ਹਨ, ਪਰ ਸੜਕਾਂ ਦਾ ਡਿਜ਼ਾਇਨ ਉਨ੍ਹਾਂ ਦੀ ਸੁਰੱਖਿਆ ਨੂੰ ਅਣਦੇਖਾ ਕਰਦਾ ਹੈ। ਫੁੱਟਪਾਥਾਂ ਦੀ ਘਾਟ, ਪੈਦਲ ਪਾਰ ਕਰਨ ਲਈ ਪੁਲਾਂ ਦੀ ਕਮੀ ਤੇ ਟ੍ਰੈਫਿਕ ਸਿਗਨਲਾਂ ਦੀ ਬੇਤਰਤੀਬੀ, ਇਹ ਸਭ ਵਿਕਾਸ ਦੇ ਨਾਂਅ ’ਤੇ ਜਾਨਾਂ ਲੈ ਰਹੇ ਹਨ। ਸੜਕ ਹਾਦਸੇ ਸਿਰਫ਼ ਜਾਨਾਂ ਹੀ ਨਹੀਂ ਲੈ ਰਹੇ, ਸਗੋਂ ਪਰਵਾਰਾਂ ਨੂੰ ਆਰਥਿਕ ਤਬਾਹੀ ਦੀ ਖੱਡ ਵਿਚ ਧੱਕ ਦਿੰਦੇ ਹਨ। ਹਾਦਸਿਆਂ ਨਾਲ ਘਰਾਂ ਦੇ ਕਮਾਉਣ ਵਾਲੇ ਖੁੱਸ ਜਾਂ ਨਕਾਰਾ ਹੋ ਜਾਂਦੇ ਹਨ। ਬੱਚਿਆਂ ਦੀ ਪੜ੍ਹਾਈ-ਲਿਖਾਈ ਰੁਕ ਜਾਂਦੀ ਹੈ ਅਤੇ ਪਰਵਾਰ ਮਾਨਸਿਕ ਤੌਰ ’ਤੇ ਸਾਲਾਂ ਤੱਕ ਟੁੱਟੇ ਰਹਿੰਦੇ ਹਨ। ਭਾਰਤ ਨੂੰ ਸੜਕ ਹਾਦਸਿਆਂ ਕਾਰਨ ਆਪਣੀ ਜੀ.ਡੀ. ਪੀ ਦਾ ਲੱਗਭੱਗ ਤਿੰਨ ਫ਼ੀਸਦੀ ਨੁਕਸਾਨ ਸਹਿਣਾ ਪੈਂਦਾ ਹੈ। ਸੜਕ ਹਾਦਸਿਆਂ ਵਿਚ ਵਧਦੀ ਗਿਣਤੀ ਦੇਸ਼ ਨੂੰ ਆਰਥਿਕ ਅਤੇ ਸਮਾਜਿਕ ਤੌਰ ’ਤੇ ਕਮਜ਼ੋਰ ਕਰਦੀ ਹੈ। ਹਾਦਸੇ ਤੋਂ ਬਾਅਦ ਐਂਬੂਲੈਂਸ ਦਾ ਸਮੇਂ ਸਿਰ ਨਾ ਪਹੁੰਚਣਾ ਵੀ ਕਈ ਵਾਰ ਜਾਨਾਂ ਲੈ ਜਾਂਦਾ ਹੈ। ਭਾਰਤ ਵਿਚ ਤੇਰਾਂ ਹਜ਼ਾਰ ਤੋਂ ਵੱਧ ਬਲੈਕ ਸਪੌਟ ਪਛਾਣੇ ਗਏ ਹਨ, ਜਿੱਥੇ ਹਾਦਸੇ ਮੁੜ-ਮੁੜ ਵਾਪਰਦੇ ਹਨ, ਪਰ ਉਨ੍ਹਾਂ ਵਿੱਚੋਂ ਸਿਰਫ ਪੰਜ ਹਜ਼ਾਰ ਹੀ ਸੁਧਾਰੇ ਗਏ ਹਨ। ਅੱਧ ਤੋਂ ਵੱਧ ਸੜਕਾਂ ਅੱਜ ਵੀ ਮੌਤ ਦੇ ਫੰਦੇ ਬਣੀਆਂ ਹੋਈਆਂ ਹਨ। ਸੱਤਰ ਫ਼ੀਸਦੀ ਮੌਤਾਂ ਖਰਾਬ ਸੜਕਾਂ ਕਾਰਨ ਹੁੰਦੀਆਂ ਹਨ। ਸੜਕ ਹਾਦਸਿਆਂ ਦੌਰਾਨ ਦੁਨੀਆ ਭਰ ਵਿੱਚ ਹੁੰਦੀਆਂ ਕੁੱਲ ਮੌਤਾਂ ਦਾ 11 ਫ਼ੀਸਦੀ ਮੌਤਾਂ ਭਾਰਤ ਵਿੱਚ ਹੁੰਦੀਆਂ ਹਨ। ਭਾਰਤ ਵਿੱਚ ਸਾਲ 2025 ਵਿੱਚ 4.5 ਲੱਖ ਦੇ ਕਰੀਬ ਸੜਕ ਹਾਦਸੇ ਹੋਏ, ਜੋ ਸਾਲ 2024 ਨਾਲੋਂ 4.3 ਪ੍ਰਤੀਸ਼ਤ ਵੱਧ ਹਨ। ਭਾਰਤ ਵਿੱਚ 10 ਮਿੰਟਾਂ ਵਿਚ ਸੜਕ ਹਾਦਸਿਆਂ ਵਿਚ 3 ਵਿਅਕਤੀਆਂ ਦੀ ਮੌਤ ਹੁੰਦੀ ਹੈ ਅਤੇ ਇਕ ਘੰਟੇ ਵਿੱਚ 18 ਲੋਕ ਜਾਨ ਗੁਆ ਲੈਂਦੇ ਹਨ। ਸਾਲ ਭਰ ਵਿੱਚ 1.50 ਲੱਖ ਤੋਂ ਵੱਧ ਲੋਕ ਸੜਕ ਹਾਦਸਿਆਂ ਵਿੱਚ ਜਾਨਾਂ ਗੁਆ ਲੈਂਦੇ ਹਨ। ਪੰਜਾਬ ਵਿੱਚ ਹਰ ਵਰ੍ਹੇ ਕਰੀਬ ਪੰਤਾਲੀ ਸੌ ਤੋਂ ਲੈ ਕੇ ਪੰਜ ਹਜ਼ਾਰ ਤੱਕ ਲੋਕ ਸੜਕ ਹਾਦਸਿਆਂ ਵਿਚ ਜਾਨ ਗੁਆ ਲੈਂਦੇ ਹਨ, ਜਿਨ੍ਹਾਂ ਵਿੱਚ ਬਹੁਗਿਣਤੀ 15 ਤੋਂ 40 ਸਾਲ ਦੇ ਉਮਰ ਵਰਗ ਦੇ ਲੋਕਾਂ ਦੀ ਹੁੰਦੀ ਹੈ, ਜਦਕਿ ਦਸ ਹਜ਼ਾਰ ਤੋਂ ਵੱਧ ਲੋਕ ਜ਼ਖ਼ਮੀ ਹੋ ਜਾਂਦੇ ਹਨ। ਪੰਜਾਬ ਵਿੱਚ ਪਿਛਲੇ ਸਾਲ 4791 ਲੋਕ ਸੜਕ ਹਾਦਸਿਆਂ ਵਿੱਚ ਆਪਣੀ ਜਾਨ ਤੋਂ ਹੱਥ ਧੋ ਬੈਠੇ ਹਨ। ਪੰਜਾਬ ਵਿੱਚ ਹੋਣ ਵਾਲੀਆਂ ਕੁੱਲ ਮੌਤਾਂ ਵਿੱਚੋਂ ਕਰੀਬ ਚਾਲੀ ਤੋਂ ਪੰਤਾਲੀ ਫ਼ੀਸਦੀ ਮੌਤਾਂ ਦੋ ਪਹੀਆ ਵਾਹਨ ਚਲਾਉਣ ਵਾਲਿਆਂ ਦੀਆਂ ਹੁੰਦੀਆਂ ਹਨ। ਇਨ੍ਹਾਂ ਵਿੱਚ ਵੱਡੀ ਗਿਣਤੀ ਬਿਨਾਂ ਹੈਲਮਟ ਵਾਹਨ ਚਲਾਉਣ ਵਾਲੇ ਹੁੰਦੇ ਹਨ। ਜੇਕਰ ਵਾਹਨ ਚਾਲਕ ਦੋ ਪਹੀਆ ਵਾਹਨ ਚਲਾਉਣ ਸਮੇਂ ਹੈਲਮਟ ਦੀ ਵਰਤੋਂ ਕਰਨ ਤਾਂ ਅੱਧੀਆਂ ਜਾਨਾਂ ਬਚਾਈਆਂ ਜਾ ਸਕਦੀਆਂ ਹਨ।

ਕੇਂਦਰ ਅਤੇ ਰਾਜ ਸਰਕਾਰਾਂ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਸੜਕਾਂ ਦੀ ਸਮੇਂ-ਸਮੇਂ ਮੁਰੰਮਤ ਕਰੇ, ਖੱਡੇ-ਖੁੱਡੇ, ਟੁੱਟੀਆਂ ਸੜਕਾਂ ਅਤੇ ਅਧੂਰੇ ਨਿਰਮਾਣ ਕਾਰਜ ਦੂਰ ਕਰੇ। ਸੜਕਾਂ ’ਤੇ ਸਾਈਨ ਬੋਰਡ, ਜ਼ੈਬਰਾ-ਕ੍ਰਾਸਿੰਗ, ਸਪੀਡ ਬ੍ਰੇਕਰ ਅਤੇ ਰੋਸ਼ਨੀ ਦੀ ਯੋਗ ਵਿਵਸਥਾ ਕਰੇ। ਟ੍ਰੈਫਿਕ ਨਿਯਮ ਮਨੁੱਖੀ ਜੀਵਨ ਦੀ ਰੱਖਿਆ ਲਈ ਬਣਾਏ ਗਏ ਹਨ। ਅਕਸਰ ਲੋਕ ਨਿਯਮਾਂ ਨੂੰ ਹਲਕੇ ਵਿਚ ਲੈਂਦੇ ਹਨ, ਜਿਸ ਦਾ ਨਤੀਜਾ ਭਿਆਨਕ ਹਾਦਸਿਆਂ ਦੇ ਰੂਪ ਵਿੱਚ ਸਾਹਮਣੇ ਆਉਂਦਾ ਹੈ। ਸੜਕ ਹਾਦਸਿਆਂ ਨੂੰ ਰੋਕਣਾ ਕੇਵਲ ਸਰਕਾਰ ਦਾ ਹੀ ਕੰਮ ਨਹੀਂ, ਸਗੋਂ ਲੋਕਾਂ ਨੂੰ ਵੀ ਆਪਣੀ ਜ਼ਿੰਮੇਵਾਰੀ ਸਮਝਣੀ ਚਾਹੀਦੀ ਹੈ, ਪਰ ਲੋਕ ਜ਼ਿੰਮੇਵਾਰੀ ਨੂੰ ਸਮਝਣ ਨੂੰ ਤਿਆਰ ਨਹੀਂ। ਸੜਕ ਹਾਦਸਿਆਂ ਨੂੰ ਘਟਾਉਣ ਲਈ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨੀ ਚਾਹੀਦੀ ਹੈ। ਵਾਹਨ ਚਾਲਕਾਂ ਨੂੰ ਵਾਹਨ ਚਲਾਉਂਦੇ ਸਮੇਂ ਕਦੇ ਵੀ ਕਾਹਲੀ ਨਹੀਂ ਕਰਨੀ ਚਾਹੀਦੀ। ਗਲਤ ਪਾਸੇ ਵਾਹਨ ਚਲਾਉਣ ਤੋਂ ਸੰਕੋਚ ਕਰਨਾ ਚਾਹੀਦਾ ਹੈ। ਵਾਹਨ ਚਲਾਉਂਦੇ ਸਮੇਂ ਮੋਬਾਈਲ ’ਤੇ ਗੱਲਾਂ ਨਾ ਕਰਨ ਦੇ ਨਾਲ-ਨਾਲ ਨਸ਼ੇ ਦਾ ਸੇਵਨ ਕਰਕੇ ਵਾਹਨ ਚਲਾਉਣ ਤੋਂ ਗੁਰੇਜ਼ ਕਰਨਾ ਚਾਹੀਦਾ ਹੈ। ਹੈਲਮਟ, ਸਪੀਡ ਲਿਸਟ, ਸੀਟ ਬੈਲਟ, ਲਾਲ ਬੱਤੀ ਦਾ ਸਨਮਾਨ, ਨਾਬਾਲਗਾਂ ਦਾ ਵਾਹਨ ਨਾ ਚਲਾਉਣਾ, ਮਿਆਦ ਪੁਗਾ ਚੁੱਕੀਆਂ ਗੱਡੀਆਂ ਦੀ ਵਰਤੋਂ ਨਾ ਕਰਨਾ ਆਦਿ ਸਾਰੇ ਨਿਯਮ ਸਾਡੇ ਆਪਣੇ ਜੀਵਨ ਅਤੇ ਦੂਜਿਆਂ ਦੇ ਜੀਵਨ ਨਾਲ ਜੁੜੇ ਹੋਏ ਹਨ। ਨਿਯਮਾਂ ਦੀ ਪਾਲਣਾ ਕਰਨਾ ਹਰ ਨਾਗਰਿਕ ਦਾ ਫ਼ਰਜ਼ ਹੈ। ਸੁਰੱਖਿਅਤ ਸੜਕਾਂ ਬਣਾਉਣਾ ਸਰਕਾਰਾਂ ਦੀ ਜ਼ਿੰਮੇਵਾਰੀ ਹੈ, ਪਰ ਹਾਲੇ ਤੱਕ ਨਾ ਤਾਂ ਸੜਕਾਂ ਦੀ ਬਨਾਵਟ ਬਿਹਤਰ ਹੋਈ ਹੈ ਅਤੇ ਨਾ ਹੀ ਡਰਾਈਵਿੰਗ ਸਿੱਖਿਆ ਵਿਚ ਸੁਧਾਰ ਆਇਆ ਹੈ ਤੇ ਹਾਦਸੇ ਤੋਂ ਬਾਅਦ ਐਂਬੂਲੈਂਸ ਦਾ ਸਮੇਂ ਸਿਰ ਨਾ ਪਹੁੰਚਣਾ ਵੀ ਕਈ ਜਾਨਾਂ ਲੈ ਜਾਂਦਾ ਹੈ। ਵਾਹਨਾਂ ਦੀ ਗਿਣਤੀ 41.3 ਕਰੋੜ ਤੋਂ ਵੱਧ ਹੋ ਗਈ ਹੈ। ਸਾਲ 2006 ਵਿੱਚ ਲੱਗਭੱਗ ਭਾਰਤ ਵਿੱਚ 9 ਕਰੋੜ ਵਾਹਨ ਰਜਿਸਟਰਡ ਸਨ, ਜੋ ਸਾਲ 2021 ਤੱਕ ਵਧ ਕੇ 41.3 ਕਰੋੜ ਤੋਂ ਵਧ ਗਈ ਹੈ। ਬੀਤੇ ਦੋ ਦਹਾਕਿਆਂ ਵਿੱਚ ਲੱਗਭੱਗ 32 ਕਰੋੜ ਨਵੇਂ ਵਾਹਨ ਸੜਕਾਂ ’ਤੇ ਆਏ ਹਨ। ਵਾਹਨਾਂ ਮੁਤਾਬਿਕ ਸੜਕਾਂ ਨਾ ਤਾਂ ਜ਼ਿਆਦਾ ਚੰਗੀ ਹਾਲਤ ਵਿਚ ਹਨ ਅਤੇ ਨਾ ਹੀ ਵਾਹਨਾਂ ਮੁਤਾਬਿਕ ਪੂਰੀਆਂ ਹਨ। ਸੜਕਾਂ ’ਤੇ ਖੱਬੇ ਪਾਸੇ ਨਹੀਂ, ਸਗੋਂ ਸੱਜੇ ਪਾਸੇ ਤੁਰਨਾ ਜ਼ਿਆਦਾ ਸੁਰੱਖਿਅਤ ਹੈ। ਬੱਚਿਆਂ ਨੂੰ ਇਹ ਸਮਝਾਉਣਾ ਜ਼ਰੂਰੀ ਹੈ ਕਿ ਪੈਦਲ ਤੁਰਨ ਵਾਲਾ ਹਮੇਸ਼ਾ ਟ੍ਰੈਫਿਕ ਦੀ ਉਲਟ ਦਿਸ਼ਾ ਵਿੱਚ ਤੁਰੇ। ਭਾਵ ਜੇਕਰ ਟ੍ਰੈਫਿਕ ਖੱਬੇ ਪਾਸੇ ਵੱਲ ਚੱਲ ਰਿਹਾ ਹੈ ਤਾਂ ਸੱਜੇ ਪਾਸੇ ਤੁਰੋ, ਤਾਂ ਕਿ ਡਰਾਈਵਰ ਨੂੰ ਤੁਸੀਂ ਸਾਫ ਤੌਰ ’ਤੇ ਦਿਖਾਈ ਦੇ ਸਕੋ। ਸਹੀ ਦਿਸ਼ਾ ਅਪਣਾ ਕੇ ਹੀ ਪੈਦਲ ਯਾਤਰੀ ਸੜਕ ਹਾਦਸਿਆਂ ਤੋਂ ਆਪਣੀ ਜਾਨ ਬਚਾਅ ਸਕਦੇ ਹਨ। ਦੁਨੀਆ ਭਰ ਵਿੱਚ ਪੈਦਲ ਯਾਤਰੀਆਂ ਲਈ ਇਕੋ ਹੀ ਮੂਲ ਨਿਯਮ ਮੰਨਿਆ ਜਾਂਦਾ ਹੈ ਫੇਸ, ਦਿ ਟ੍ਰੈਫਿਕ। ਭਾਵ ਜਿਸ ਪਾਸੋਂ ਵਾਹਨ ਆ ਰਹੇ ਹੋਣ, ਉਸ ਪਾਸੇ ਵੱਲ ਮੂੰਹ ਕਰਕੇ ਤੁਰੋ। ਭਾਰਤ ਤੇ ਬਰਤਾਨੀਆ ਵਰਗੇ ਦੇਸ਼ਾਂ ਵਿੱਚ ਇਸ ਦਾ ਮਤਲਬ ਸੱਜੇ ਪਾਸੇ ਤੁਰਨਾ ਹੈ, ਜਦਕਿ ਅਮਰੀਕਾ ਤੇ ਯੂਰਪ ਵਿੱਚ ਸੱਜੇ ਪਾਸੇ ਤੁਰਨਾ ਹੈ। ਸੜਕ ਸੁਰੱਖਿਆ ਮਾਹਿਰਾਂ ਮੁਤਾਬਿਕ ਪੈਦਲ ਯਾਤਰੀਆਂ ਦੀ ਮੌਤ ਦਾ ਸਭ ਤੋਂ ਵੱਡਾ ਕਾਰਨ ਬਲਾਈਂਡ ਐਂਗਲ ਹੈ। ਜਦੋਂ ਕੋਈ ਵਾਹਨ ਖੱਬੇ ਪਾਸੇ ਚੱਲ ਰਿਹਾ ਹੁੰਦਾ ਹੈ ਤਾਂ ਡਰਾਈਵਰ ਲਈ ਖੱਬੇ ਪਾਸੇ ਦੇਖਣਾ ਔਖਾ ਹੋ ਜਾਂਦਾ ਹੈ। ਇਸ ਹਾਲਤ ਵਿੱਚ ਖੱਬੇ ਪਾਸੇ ਤੁਰ ਰਿਹਾ ਪੈਦਲ ਯਾਤਰੀ ਕਈ ਵਾਰ ਵਾਹਨ ਦੀ ਲਪੇਟ ਵਿਚ ਆ ਜਾਂਦਾ ਹੈ। ਇਸ ਦੇ ਉਲਟ ਸੱਜੇ ਪਾਸੇ ਤੁਰ ਰਿਹਾ ਆਦਮੀ ਡਰਾਈਵਰ ਨੂੰ ਸਾਫ ਦਿਖਾਈ ਦਿੰਦਾ ਹੈ। ਇਸ ਲਈ ਹਾਦਸੇ ਦੀ ਸੰਭਾਵਨਾ ਵੀ ਘਟ ਜਾਂਦੀ ਹੈ। ਭਾਰਤ ਵਿੱਚ ਸਾਲ 2023 ਵਿੱਚ ਸੜਕ ਹਾਦਸਿਆਂ ਵਿੱਚ 35 ਹਜ਼ਾਰ ਤੋਂ ਵੱਧ ਪੈਦਲ ਯਾਤਰੀਆਂ ਦੀ ਮੌਤ ਹੋਈ ਸੀ। ਇਸ ਲਈ ਹਮੇਸ਼ਾ ਸੱਜੇ ਪਾਸੇ ਤੁਰੋ, ਤਾਂ ਕਿ ਹਾਦਸਾ ਹੋਣ ਤੋਂ ਬਚਾਅ ਹੋ ਸਕੇ। ਸੰਯੁਕਤ ਰਾਸ਼ਟਰ ਵੱਲੋਂ ਸੜਕ ਸੁਰੱਖਿਆ ਸੰਬੰਧੀ ਮਨਾਏ ਜਾ ਰਹੇ ਸਾਲ 2021 ਤੋਂ 2030 ਹੇਠ ਪੰਜਾਹ ਫ਼ੀਸਦੀ ਮੌਤਾਂ ਘਟਾਉਣ ਦਾ ਟੀਚਾ ਰੱਖਿਆ ਗਿਆ ਹੈ, ਪਰ ਸਮੁੱਚੇ ਦੇਸ਼ਾਂ ਦੀ ਸ਼ਮੂਲੀਅਤ ਤੋਂ ਬਿਨਾਂ ਇਹ ਅਸੰਭਵ ਜਾਪਦਾ ਹੈ। ਵਿਸ਼ਵ ਸਿਹਤ ਸੰਸਥਾ ਦੀ ਰਿਪੋਰਟ ਅਨੁਸਾਰ 40 ਫੀਸਦੀ ਸੜਕ ਹਾਦਸੇ ਲਾਪਰਵਾਹੀ ਕਾਰਨ ਵਾਪਰਦੇ ਹਨ। 5 ਫ਼ੀਸਦੀ ਹਾਦਸੇ ਮਿਆਦ ਪੁਗਾ ਚੁੱਕੇ ਵਾਹਨਾਂ ਦੀ ਵਰਤੋਂ ਕਾਰਨ ਹੁੰਦੇ ਹਨ। ਸੜਕ ਹਾਦਸਿਆਂ ਵਿਚ 28.8 ਫ਼ੀਸਦੀ ਮੌਤਾਂ ਦੋ ਪਹੀਆ ਵਾਹਨ ਤੇ ਹੈਲਮਟ ਨਾ ਪਾਉਣ, 16.2 ਫ਼ੀਸਦੀ ਕਾਰ ’ਤੇ ਸੀਟ ਬੈਲਟ ਨਾ ਲਾਉਣ, 44 ਫ਼ੀਸਦੀ ਤੇਜ਼ ਰਫਤਾਰ, 2.4 ਫ਼ੀਸਦੀ ਮੋਬਾਈਲ ’ਤੇ ਗੱਲਾਂ, 2.8 ਫ਼ੀਸਦੀ ਨਸ਼ੇ ਦਾ ਸੇਵਨ ਅਤੇ 5.8 ਫ਼ੀਸਦੀ ਮੌਤਾਂ ਗਲਤ ਪਾਸੇ ਵਾਹਨ ਚਲਾਉਣ ਕਾਰਨ ਹੁੰਦੀਆਂ ਹਨ। ਸੰਸਦ ਵਿੱਚ ਪੇਸ਼ ਅੰਕੜਿਆਂ ਅਨੁਸਾਰ ਸਾਲ 2025 ਵਿੱਚ ਮੁਲਕ ਭਰ ’ਚ 4.5 ਲੱਖ ਤੋਂ ਵੱਧ ਸੜਕ ਹਾਦਸੇ ਵਾਪਰੇ, ਜਿਨ੍ਹਾਂ ਵਿਚ 1.60 ਲੱਖ ਤੋਂ 1.77 ਲੱਖ ਦੇ ਵਿਚਕਾਰ ਲੋਕਾਂ ਦੀ ਮੌਤ ਹੋਈ। ਇਸ ਤੋਂ ਸਪੱਸ਼ਟ ਹੈ ਕਿ ਦੇਸ਼ ਵਿੱਚ ਔਸਤਨ ਹਰ ਰੋਜ਼ 1230 ਤੋਂ ਵੱਧ ਸੜਕ ਹਾਦਸੇ ਵਾਪਰਦੇ ਹਨ, ਜਿਨ੍ਹਾਂ ’ਚ 450 ਤੋਂ 546 ਲੋਕਾਂ ਦੀ ਮੌਤ ਅਤੇ ਇਕ ਹਜ਼ਾਰ ਤੋਂ ਵੱਧ ਲੋਕ ਜ਼ਖ਼ਮੀ ਹੋ ਜਾਂਦੇ ਹਨ। ਹਰ ਰੋਜ਼ ਕਰੀਬ ਪੰਜ ਸੌ ਲੋਕਾਂ ਦੀ ਸੜਕ ਹਾਦਸਿਆਂ ’ਚ ਮੌਤ ਹੋ ਰਹੀ ਹੈ। ਇਨ੍ਹਾਂ ਹਾਦਸਿਆਂ ਵਿਚ 18 ਤੋਂ 45 ਸਾਲ ਉਮਰ ਵਰਗ ਦੇ ਨੌਜਵਾਨ ਅਤੇ ਕੰਮਕਾਜੀ ਲੋਕ ਸਭ ਤੋਂ ਵੱਧ ਪ੍ਰਭਾਵਿਤ ਹੋ ਰਹੇ ਹਨ। ਸੜਕ ਹਾਦਸਿਆਂ ਕਾਰਨ ਸਿਰਫ਼ ਜਾਨੀ ਨੁਕਸਾਨ ਹੀ ਨਹੀਂ ਹੁੰਦਾ, ਸਗੋਂ ਇਨ੍ਹਾਂ ਨਾਲ ਬਹੁਤ ਵੱਡਾ ਮਾਲੀ ਨੁਕਸਾਨ ਵੀ ਹੁੰਦਾ ਹੈ।

ਸੜਕ ਹਾਦਸਿਆਂ ਵਿਚ ਵਾਧੇ ਕਾਰਨ ਹੋਣ ਵਾਲੀਆਂ ਮੌਤਾਂ ਨਾਲ ਪਰਵਾਰ ਉਜੜ ਰਹੇ ਹਨ। ਜਦੋਂ ਤੱਕ ਪ੍ਰਸ਼ਾਸਨ ਵੱਲੋਂ ਸੜਕ ਹਾਦਸਿਆਂ ਨੂੰ ਰੋਕਣ ਲਈ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਨਾ ਕਰਨ ਵਾਲਿਆਂ ਵਿਰੁੱਧ ਸਖ਼ਤ ਕਦਮ ਨਹੀਂ ਚੁੱਕੇ ਜਾਣਗੇ, ਇਸੇ ਤਰ੍ਹਾਂ ਹੋਣ ਵਾਲੇ ਸੜਕ ਹਾਦਸਿਆਂ ਨਾਲ ਪਰਵਾਰ ਉਜੜਦੇ ਰਹਿਣਗੇ। ਇਨ੍ਹਾਂ ਨੂੰ ਰੋਕਣ ਲਈ ਲੋਕਾਂ ਨੂੰ ਟ੍ਰੈਫਿਕ ਨਿਯਮਾਂ ਪ੍ਰਤੀ ਜਾਗਰੂਕ ਕਰਨ ਤੋਂ ਇਲਾਵਾ ਸੜਕਾਂ ਅਤੇ ਪੁਲਾਂ ਨੂੰ ਸੁਰੱਖਿਅਤ ਬਣਾਉਣਾ ਜ਼ਰੂਰੀ ਹੈ ਅਤੇ ਲਾਪਰਵਾਹੀ ਨਾਲ ਵਾਹਨ ਚਲਾਉਣ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਹੋਣੀ ਵੀ ਜ਼ਰੂਰੀ ਹੈ। ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ’ਤੇ ਟ੍ਰੈਫਿਕ ਪੁਲਸ ਵੱਲੋਂ ਚਲਾਨ ਕੱਟੇ ਜਾਂਦੇ ਹਨ। ਸਮੇਂ-ਸਮੇਂ ’ਤੇ ਸਮਾਜ ਸੇਵੀ ਸੰਸਥਾਵਾਂ ਦੇ ਸਹਿਯੋਗ ਨਾਲ ਟ੍ਰੈਫਿਕ ਪੁਲਸ ਵੱਲੋਂ ਸੈਮੀਨਾਰ ਵੀ ਕਰਵਾਏ ਜਾਂਦੇ ਹਨ। ਇਸ ਦੇ ਬਾਵਜੂਦ ਆਮ ਲੋਕ ਟ੍ਰੈਫਿਕ ਦੇ ਨਿਯਮਾਂ ਦੀ ਪਾਲਣਾ ਨਹੀਂ ਕਰਦੇ। ਟ੍ਰੈਫਿਕ ਨਿਯਮਾਂ ਦੀ ਅਣਦੇਖੀ ਕਾਰਨ ਰੋਜ਼ਾਨਾ ਬੇਸ਼ਕੀਮਤੀ ਜਾਨਾਂ ਜਾ ਰਹੀਆਂ ਹਨ। ਸੜਕ ਹਾਦਸਿਆਂ ਨੂੰ ਘਟਾਉਣ ਲਈ ਸਰਕਾਰਾਂ ਤੇ ਲੋਕਾਂ ਨੂੰ ਗੰਭੀਰ ਹੋਣ ਦੀ ਲੋੜ ਹੈ। ਟ੍ਰੈਫਿਕ ਨਿਯਮਾਂ ਨੂੰ ਸਾਨੂੰ ਸਾਰਿਆਂ ਨੂੰ ਜੀਵਨ ਦਾ ਅਨਿੱਖੜਵਾਂ ਅੰਗ ਬਣਾ ਲੈਣਾ ਚਾਹੀਦਾ ਹੈ। ਆਓ ਸਾਰੇ ਦੇਸ਼ ਦੇ ਜ਼ਿੰਮੇਵਾਰ ਨਾਗਰਿਕ ਹੁੰਦੇ ਹੋਏ ਸੜਕ ਸੁਰੱਖਿਆ ਦੇ ਨਿਯਮਾਂ ਨੂੰ ਅਪਣਾਈਏ ਅਤੇ ਆਪਣੀ ਅਤੇ ਦੂਸਰੇ ਲੋਕਾਂ ਦੀ ਜ਼ਿੰਦਗੀ ਨੂੰ ਦੁਰਘਟਨਾਵਾਂ ਤੋਂ ਬਚਾਈਏ।

**# ਸੰਪਰਕ : 98146-62260**

# ਉਸਾਰੀ ਕਿਰਤੀ ਲਾਭਪਾਤਰੀਆਂ ਵੱਲੋਂ ਲੇਬਰ ਦਫ਼ਤਰ ਅੱਗੇ ਧਰਨਾ

- ਲੋਕ ਪੱਖੀ ਕਾਨੂੰਨਾਂ ਨੂੰ ਪਾਸ ਤੇ ਲਾਗੂ ਕਰਵਾਉਣ 'ਚ ਕਮਿਊਨਿਸਟਾਂ ਦੀ ਮੋਹਰੀ ਭੂਮਿਕਾ : ਗੋਲਡਨ, ਢਾਬਾਂ
- ਕਿਰਤੀਆਂ ਦੀ ਦਫਤਰਾਂ 'ਚ ਖੱਜਲ-ਖੁਆਰੀ ਤੇ ਆਰਥਿਕ ਲੁੱਟ ਨਹੀਂ ਹੋਣ ਦਿਆਂਗੇ : ਸਰੋਜ ਛੱਪੜੀ ਵਾਲਾ, ਧੂੰਨਕੀਆ




**ਜਲਾਲਾਬਾਦ (ਬਲਵਿੰਦਰ ਸਿੰਘ, ਜੀਤ ਕੁਮਾਰ, ਜੰਗੀਰ ਕੌਰ)**-ਕੰਸਟਰਕਸ਼ਨ ਵਰਕਰ ਐਂਡ ਲੇਬਰ ਯੂਨੀਅਨ (ਰਜਿ:) ਏਟਕ ਜ਼ਿਲ੍ਹਾ ਫ਼ਾਜ਼ਿਲਕਾ ਵੱਲੋਂ ਉਸਾਰੀ ਕਿਰਤੀਆਂ ਦੀਆਂ ਮੰਗਾਂ ਨੂੰ ਲੈ ਕੇ ਲੇਬਰ ਇੰਸਪੈਕਟਰ ਦਫਤਰ ਜਲਾਲਾਬਾਦ ਸਾਹਮਣੇ ਧਰਨਾ ਦਿੱਤਾ ਗਿਆ।ਇਸ ਧਰਨੇ ਦੀ ਅਗਵਾਈ ਯੂਨੀਅਨ ਦੇ ਬਲਾਕ ਪ੍ਰਧਾਨ ਹਰਚਰਨ ਪਾਲੀ ਵਾਲਾ ਜ਼ਿਲ੍ਹਾ ਸਕੱਤਰ ਸੋਨਾ ਧੂੰਨਕੀਆਂ, ਬਲਵੀਰ ਕਾਠਗੜ੍ਹ ਤੇ ਧਰਮਿੰਦਰ ਮੁਰਕਵਾਲਾ ਨੇ ਕੀਤੀ।

ਇਸ ਧਰਨੇ ਨੂੰ ਭਾਰਤੀ ਕਮਿਊਨਿਸਟ ਪਾਰਟੀ (ਸੀਪੀਆਈ) ਦੇ ਸੂਬਾਈ ਆਗੂ ਕਾਮਰੇਡ ਹੰਸ ਰਾਜ ਗੋਲਡਨ ਨੇ ਕਿਹਾ ਕਿ ਦੇਸ਼ ਦੀ ਪਾਰਲੀਮੈਂਟ ਵਿੱਚ ਲੋਕ ਪੱਖੀ ਕਾਨੂੰਨ ਬਣਵਾਉਣ ਲਈ ਜਿੱਥੇ ਕਮਿਊਨਿਸਟ ਧਿਰਾਂ ਨੇ ਅਗਵਾਈ ਕੀਤੀ ਹੈ, ਉੱਥੇ ਹੀ ਇਨ੍ਹਾਂ ਕਾਨੂੰਨਾਂ ਨੂੰ ਪਾਰਦਰਸ਼ਤਾ ਨਾਲ ਲਾਗੂ ਕਰਵਾਉਣ ਲਈ ਵੀ ਇਨ੍ਹਾਂ ਧਿਰਾਂ ਨੂੰ ਹੀ ਅਗਵਾਈ ਕਰਨੀ ਪੈਂਦੀ ਹੈ।ਉਨ੍ਹਾਂ ਕਿਹਾ ਕਿ ਉਸਾਰੀ ਕਿਰਤੀਆਂ ਦੀਆਂ ਮੰਗਾਂ ਜਾਇਜ਼ ਹਨ ਤੇ ਅਧਿਕਾਰੀਆਂ ਨੂੰ ਇਸ 'ਤੇ ਗੌਰ ਕਰਦਿਆਂ ਤੁਰੰਤ ਹੱਲ ਕਰਨਾ ਚਾਹੀਦਾ ਹੈ।ਇਸ ਮੌਕੇ ਆਪਣੇ ਸੰਬੋਧਨ ਵਿੱਚ ਹੇਠ ਏਟਕ ਦੀ ਸੂਬਾਈ ਮੀਤ ਪ੍ਰਧਾਨ ਸ੍ਰੀਮਤੀ ਸਰੋਜ ਛੱਪੜੀ ਵਾਲਾ ਨੇ ਕਿਹਾ ਕਿ ਏਟਕ ਦੀ ਅਗਵਾਈ ਵਿੱਚ ਲੜੇ ਜਾ ਰਹੇ ਸੰਘਰਸ਼ ਹਮੇਸ਼ਾ ਜਿੱਤਾ ਪ੍ਰਾਪਤ ਕਰਦੇ ਹਨ।ਉਨ੍ਹਾਂ ਕਿਹਾ ਕਿ ਮੁਲਾਜ਼ਮਾਂ/ਮਜ਼ਦੂਰਾਂ ਦੇ ਹੱਕਾਂ ਦੀ ਰਾਖੀ ਲਈ ਹਮੇਸ਼ਾ ਯੂਨੀਅਨ ਨੇ ਮੋਹਰੀ ਰੋਲ ਅਦਾ ਕੀਤਾ।ਕੰਸਟਰਕਸ਼ਨ ਵਰਕਰ ਐਂਡ ਲੇਬਰ ਯੂਨੀਅਨ ਵੱਲੋਂ ਪੰਜਾਬ ਭਰ ਵਿੱਚ ਉਸਾਰੀ ਕਿਰਤੀਆਂ ਨੂੰ ਜਾਗ੍ਰਿਤ ਕਰਨ ਦਾ ਕੀਤਾ ਜਾ ਰਿਹਾ ਕਾਰਜ ਸ਼ਲਾਘਾਯੋਗ ਕਦਮ ਹੈ।

ਇਸ ਮੌਕੇ ਆਪਣੇ ਸੰਬੋਧਨ ਵਿੱਚ ਕੰਸਟਰਕਸ਼ਨ ਵਰਕਰ ਐਂਡ ਲੇਬਰ ਯੂਨੀਅਨ (ਰਜਿ:) ਏਟਕ ਦੇ ਸੂਬਾਈ ਡਿਪਟੀ ਜਨਰਲ ਸੈਕਟਰੀ ਐਡਵੋਕੇਟ ਪਰਮਜੀਤ ਢਾਬਾਂ ਤੇ ਜ਼ਿਲ੍ਹਾ ਫ਼ਾਜ਼ਿਲਕਾ ਇਸ ਸਕੱਤਰ ਸੋਨਾ ਸਿੰਘ ਧੂੰਨਕੀਆਂ ਨੇ ਕਿਰਤ ਵਿਭਾਗ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਅਤੇ ਸਿੱਧੇ ਦੋਸ਼ ਲਾਉਂਦਿਆਂ ਕਿਹਾ ਕਿ ਸਥਾਨਕ ਕਿਰਤ ਦਫ਼ਤਰ ਵਿੱਚ ਕੰਮ ਕਾਜ ਕਰਾਉਣ ਲਈ ਆਉਂਦੇ ਉਸਾਰੀ ਕਿਰਤੀ ਲਾਭਪਾਤਰੀਆਂ ਦੀ ਲਗਾਤਾਰ ਖੱਜਲ ਖੁਆਰੀ ਹੋ ਰਹੀ ਹੈ।ਇਸ ਖੱਜਲ ਖੁਆਰੀ ਕਾਰਨ ਉਨ੍ਹਾਂ ਨੂੰ ਮਜਬੂਰੀ ਵੱਸ ਬਾਹਰ ਜਾ ਕੇ ਪ੍ਰਾਈਵੇਟ ਲੋਕਾਂ ਕੋਲੋਂ ਪੈਸੇ ਦੇ ਕੇ ਕੰਮ ਕਰਵਾਉਣੇ ਪੈ ਰਹੇ ਹਨ।ਆਗੂਆਂ ਨੇ ਮੰਗਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਕਾਨੂੰਨ ਅਨੁਸਾਰ 14 ਦਿਨਾਂ ਵਿੱਚ ਉਸਾਰੀ ਕਿਰਤੀ ਲਾਭਪਾਤਰੀ ਦੀ ਕਾਪੀ ਨਵੀਂ ਤੇ ਰੀਨਿਊ ਕੀਤੀ ਜਾਵੇ।ਵਾਰ-ਵਾਰ ਗੈਰ ਵਾਜਬ ਇਤਰਾਜ਼ ਨਾ ਲਗਾਏ ਜਾਣ।ਵਜ਼ੀਫੇ ਤੇ ਬਾਕੀ ਸਕੀਮਾਂ ਕਾਨੂੰਨ ਮੁਤਾਬਕ 60 ਦਿਨਾਂ ਵਿੱਚ ਪਾਸ ਕੀਤੇ ਜਾਣ।ਬੈਂਕ ਖਾਤਾ ਲੇਬਰ ਇੰਸਪੈਕਟਰ/ਏ ਐੱਲ ਸੀ ਪੱਧਰ ਤੱਕ ਹੀ ਦਰੁਸਤ ਕੀਤਾ ਜਾਵੇ।ਲੰਬਿਤ ਪਏ ਜਨਰਲ ਸਰਜਰੀ ਦੇ ਕੇਸਾਂ ਦਾ ਸਮੇਂ ਸਿਰ ਤੁਰੰਤ ਨਿਪਟਾਰਾ ਕੀਤਾ ਜਾਵੇ।

ਗਰੇਸ ਪੀਰੀਅਡ ਵਿੱਚ ਕਿਰਤੀ ਦੀ ਮੌਤ ਤੇ ਐਕਸਗ੍ਰੇਸ਼ੀਆ ਕੇਸਾਂ ਵਿੱਚ ਕਿਰਤੀ ਦੀ ਕਾਪੀ ਬਣਨ ਸਮੇਂ ਦਾ ਫਾਰਮ ਨੰਬਰ 27 ਪ੍ਰਵਾਨ ਕੀਤਾ ਜਾਵੇ, ਕਿਉਂਕਿ ਇਨ੍ਹਾਂ ਕੇਸਾਂ ਵਿੱਚ ਵਿਭਾਗ ਵੱਲੋਂ ਨਵੇਂ 27 ਨੰਬਰ ਫਾਰਮ ਦੀ ਮੰਗ ਕੀਤੀ ਜਾਂਦੀ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਕੁੱਲ ਹਿੰਦ ਖੇਤ ਮਜ਼ਦੂਰ ਸਭਾ ਦੇ ਜ਼ਿਲ੍ਹਾ ਪ੍ਰਧਾਨ ਸਾਥੀ ਬਲਵੀਰ ਕਾਠਗੜ੍ਹ, ਸਰਬ ਭਾਰਤ ਨੌਜਵਾਨ ਸਭਾ ਦੇ ਜ਼ਿਲ੍ਹਾ ਮੀਤ ਪ੍ਰਧਾਨ ਬਲਵਿੰਦਰ ਘੁਬਾਇਆ, ਬਲਾਕ ਜਲਾਲਾਬਾਦ ਦੇ ਪ੍ਰਧਾਨ ਅਸ਼ੋਕ ਢਾਬਾਂ, ਏ ਆਈ ਐੱਸ ਐੱਫ ਗਰਲਜ਼ ਕਾਲਜ ਦੀ ਆਗੂ ਅਜ਼ੀਜ਼ ਕੌਰ ਤੇ ਨੀਲਮ ਰਾਣੀ ਨੇ ਸੰਬੋਧਨ ਕੀਤਾ।ਹਾਜ਼ਰੀਨ ਆਗੂਆਂ 'ਚ ਸੀਪੀਆਈ ਬਲਾਕ ਗੁਰੂ ਹਰਸਹਾਏ ਦੇ ਸਕੱਤਰ ਕਾਮਰੇਡ ਰਮੇਸ਼ ਪੀਰ ਮੁਹੰਮਦ, ਕਰਨੈਲ ਬੱਗੇ ਕੇ, ਅਰਵੀਨ ਢਾਬਾਂ, ਤੇਜਾ ਅਮੀਰ ਖਾਸ, ਮਨਦੀਪ ਕੌਰ ਭੰਬਾ ਵੱਟੂ, ਹਰਭਜਨ ਕਾਲੂ ਵਾਲਾ, ਬਲਵਿੰਦਰ ਘੁਗੀ, ਜਸਵੰਤ ਭੰਬਾ ਵੱਟੂ, ਸੰਦੀਪ ਕਾਸਮ ਕੇ, ਗੁਰਪਿੰਦਰ ਠਠੇਰਾਂ, ਕੁਲਵਿੰਦਰ ਲਮੋਚੜ, ਅਸ਼ੋਕ ਸਿੰਘ ਸ਼ਾਮਲ ਸਨ।

## ਡੀਪੂ ਹੋਲਡਰਾਂ ਵੱਲੋਂ ਰਾਸ਼ਨ ਕਿੱਟਾਂ ਵੰਡਣ ਦਾ ਬਾਈਕਾਟ




**ਫਿਰੋਜ਼ਪੁਰ (ਗੁਰਬਚਨ ਸਿੰਘ)**-ਰਾਸ਼ਨ ਡਿੱਪੂ ਹੋਲਡਰ ਫੈਡਰੇਸ਼ਨ 118 ਦੇ ਜ਼ਿਲ੍ਹਾ ਪ੍ਰਧਾਨ ਰਜਿੰਦਰ ਸਿੰਘ ਫੁੱਲਰ ਵਨ ਦੀ ਅਗਵਾਈ ਵਿੱਚ ਇੱਕ ਹੰਗਾਮੀ ਮੀਟਿੰਗ ਕੀਤੀ ਗਈ, ਜਿਸ ਵਿੱਚ ਡੀਪੂ ਹੋਲਡਰਾਂ ਨੂੰ ਪੇਸ਼ ਆ ਰਹੀਆਂ ਸਮੱਸਿਆਵਾਂ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ, ਕਿਉਂਕਿ ਇਸ ਵਾਰ ਪਰਚੀ ਕੱਟਣ ਸਮੇਂ ਇੱਕ ਵਾਰ ਦੀ ਬਜਾਏ ਚਾਰ ਵਾਰ ਅੰਗੂਠਾ ਲਾਉਣਾ ਪੈ ਰਿਹਾ ਹੈ ਅਤੇ ਸਰਵਰ ਡਾਊਨ ਹੋਣ ਕਾਰਨ ਬਹੁਤ ਸਮਾਂ ਲੱਗ ਰਿਹਾ ਹੈ, ਜਿਸ ਨਾਲ ਲਾਭਪਾਤਰੀ ਅਤੇ ਡੀਪੂ ਹੋਲਡਰ ਵਿਚਕਾਰ ਆਪਸੀ ਮੱਤਭੇਦ ਪੈਦਾ ਹੁੰਦੇ ਹਨ। ਇਸ ਮੌਕੇ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਦਲਵਿੰਦਰ ਸਿੰਘ ਬਿੱਟੂ ਬਾਠ ਨੇ ਕਿਹਾ ਕਿ ਜਿੰਨਾ ਚਿਰ ਸਰਕਾਰ ਸਾਡੀਆਂ ਮੰਗਾਂ ਨਹੀਂ ਮੰਨਦੀ, ਉਨਾ ਚਿਰ ਅਸੀਂ ਰਾਸ਼ਨ ਕਿੱਟਾਂ ਦੀ ਵੰਡ ਨਹੀਂ ਕਰਾਂਗੇ। ਉਨ੍ਹਾਂ ਆਪਣੀਆਂ ਮੰਗਾਂ ਬਾਰੇ ਦੱਸਦੇ ਹੋਏ ਕਿਹਾ ਕਿ ਜੋ 2020, 21 ਵਾਲੇ ਡੀਪੂ ਕੈਂਸਲ ਕੀਤੇ ਗਏ ਹਨ, ਉਨ੍ਹਾਂ ਨੂੰ ਮੁੜ ਬਹਾਲ ਕੀਤਾ ਜਾਵੇ, ਚਾਰ ਪਰਚੀਆਂ ਦੀ ਬਜਾਏ ਇੱਕ ਪਰਚੀ ਕੱਢਣਾ, ਦਿੱਲੀ ਹਰਿਆਣਾ ਦੀ ਤਰਜ 'ਤੇ ਕਮਿਸ਼ਨ ਵਿੱਚ ਵਾਧਾ ਕਰਨਾ, ਲੋਡਿੰਗ ਤੇ ਅਨਲੋਡਿੰਗ ਦਾ ਕੰਮ ਠੇਕੇਦਾਰ ਦੀ ਬਜਾਏ ਡੀਪੂ ਹੋਲਡਰਾਂ ਨੂੰ ਦੇਣਾ, ਸਿਆਸੀ ਦਖਲ ਅੰਦਾਜ਼ੀ ਬੰਦ ਕਰਨਾ ਆਦਿ ਮੰਗਾਂ ਸ਼ਾਮਲ ਹਨ। ਇਸ ਮੌਕੇ ਜ਼ਿਲ੍ਹਾ ਜਨਰਲ ਸਕੱਤਰ ਬਲਕਰਨਜੀਤ ਸਿੰਘ ਹਾਜੀਵਾਲਾ ਨੇ ਕਿਹਾ ਕਿ ਜੇਕਰ ਸਰਕਾਰ ਨੇ ਸਾਡੀਆਂ ਮੰਗਾਂ ਵੱਲ ਧਿਆਨ ਨਾ ਦਿੱਤਾ ਤਾਂ ਅਸੀਂ ਥੋੜ੍ਹੇ ਦਿਨਾਂ ਤੱਕ ਪੰਜਾਬ ਪ੍ਰਧਾਨ ਸੁਖਵਿੰਦਰ ਸਿੰਘ ਕਾਂਜਲਾ ਦੀ ਅਗਵਾਈ ਹੇਠ ਮੰਤਰੀਆਂ ਦੇ ਘਰਾਂ ਅੱਗੇ ਵੱਡੇ ਇਕੱਠ ਕਰਕੇ ਧਰਨੇ ਦਿੱਤੇ ਜਾਣਗੇ। ਇਸ ਮੀਟਿੰਗ ਵਿੱਚ ਬਲਾਕ ਪ੍ਰਧਾਨ ਬਲਵਿੰਦਰ ਸਿੰਘ ਸਿਆਲ, ਸੀਨੀਅਰ ਆਗੂ ਜਗਤਾਰ ਸਿੰਘ ਭੁੱਲਰ, ਹੁਸ਼ਿਆਰ ਮਮਦੋਟ, ਬਖਸ਼ੀਸ਼ ਮਹਿਮਾ, ਤਲਵਿੰਦਰ ਉੱਪਲ, ਜ਼ਿਲ੍ਹਾ ਖਜ਼ਾਨਚੀ ਰਜਿੰਦਰ ਅਰੋੜਾ, ਬਲਕਾਰ ਢਿੱਲੋਂ, ਬਲਜਿੰਦਰ ਬਰਾੜ, ਸੁਖਚੈਨ ਘੱਲ ਖੁਰਦ, ਗੁਰਮੀਤ ਸਾਈਆਂ ਵਾਲਾ, ਅਤੁਲ ਕੁਮਾਰ, ਡਾਕਟਰ ਸਤਨਾਮ ਗੁਰੂ ਹਰ ਸਹਾਇ, ਬਲਜੀਤ ਸਿੰਘ ਮਿਹਰ ਸਿੰਘ ਵਾਲਾ ਆਦਿ ਆਗੂ ਹਾਜ਼ਰ ਸਨ।

# ਵਿਦਿਆਰਥੀ ਅੰਦੋਲਨ ਨੇ ਦਿਖਾ ਦਿੱਤਾ ਕਿ ਮੋਦੀ ਢਾਹਿਆ ਜਾ ਸਕਦੈ : ਡਾ. ਮਿੱਤਰਾ



**ਮਾਛੀਵਾੜਾ ਸਾਹਿਬ (ਜਗਦੀਸ਼ ਰਾਏ, ਸ਼ੈਂਕੀ ਸ਼ਰਮਾ)**-ਮਾਛੀਵਾੜਾ ਸਾਹਿਬ ਵਿਖੇ ਆਲ ਇੰਡੀਆ ਸਟੂਡੈਂਟ ਫੈਡਰੇਸ਼ਨ ਤੇ ਆਲ ਇੰਡੀਆ ਯੂਥ ਫੈਡਰੇਸ਼ਨ ਦੇ ਵੱਲੋਂ ਇੱਕ ਵਿਚਾਰਧਾਰਕ ਸਕੂਲ ਦਾ ਆਯੋਜਨ ਕੀਤਾ ਗਿਆ।ਇਸ ਸਕੂਲ ਵਿੱਚ ਪ੍ਰਮੁੱਖ ਬੁਲਾਰੇ ਡਾਕਟਰ ਅਰੁਣ ਮਿੱਤਰਾ ਸਾਬਕਾ ਵਿਦਿਆਰਥੀ ਆਗੂ ਤੇ ਭਾਰਤੀ ਕਮਿਊਨਿਸਟ ਪਾਰਟੀ ਦੇ ਕੌਮੀ ਕੌਂਸਲ ਦੇ ਸਾਬਕਾ ਮੈਂਬਰ ਨੇ ਕਿਹਾ ਕਿ ਬੜੇ ਚਿਰ ਬਾਅਦ ਵਿਦਿਆਰਥੀ ਲਹਿਰ ਉੱਠੀ ਹੈ, ਜਿਸ ਕਿਸਮ ਦਾ ਪ੍ਰਗਟਾਵਾ ਨੌਜਵਾਨਾਂ ਨੇ ਜੰਤਰ ਮੰਤਰ ਵਿਖੇ ਕੀਤਾ, ਉਹ ਇੱਕ ਵੱਡੀ ਮਿਸਾਲ ਹੈ।ਅਥਰੂ ਗੈਸ, ਕਰੰਟ ਵਾਲੀਆਂ ਬੈਂਤਾਂ ਨਾਲ ਲਾਠੀਚਾਰਜ ਤੇ ਛਰਿਆਂ ਦੇ ਨਾਲ ਪੁਲਸ ਵੱਲੋਂ ਦਮਨ ਦੇ ਬਾਵਜੂਦ ਲੱਖਾਂ ਦੀ ਗਿਣਤੀ ਵਿੱਚ ਵਿਦਿਆਰਥੀ ਤੇ ਨੌਜਵਾਨ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਡਟੇ ਰਹੇ।ਇਸ ਘਟਨਾ ਨੇ ਜਿੱਥੇ ਇੱਕ ਪਾਸੇ ਮੋਦੀ ਸਰਕਾਰ ਦੀ ਨੀਂਹ ਹਿਲਾ ਦਿੱਤੀ, ਉੱਥੇ ਦੂਜੇ ਪਾਸੇ ਲੋਕਾਂ ਵਿੱਚ ਹੌਸਲਾ ਦਿੱਤਾ ਕਿ ਮੋਦੀ ਕੋਈ ਅਮਰ ਨਹੀਂ ਹੈ।ਅੱਜ ਲੋਕਾਂ ਨੂੰ ਸਮਝ ਆ ਗਈ ਹੈ ਕਿ ਭਾਵੇਂ ਉਹ ਆਪਣੇ ਆਪ ਨੂੰ 'ਨਾਨ-ਬਾਇਲੋਜੀਕਲ' ਆਖਦੇ ਹਨ, ਪਰ ਉਹ ਕਿਸੇ ਮਨੁੱਖ ਤੋਂ ਉੱਪਰ ਕਤਈ ਨਹੀਂ ਹੈ।ਨੌਜਵਾਨਾਂ ਤੇ ਵਿਦਿਆਰਥੀਆਂ ਦੀ ਇਸ ਲਹਿਰ ਨੇ ਇਹ ਦਿਖਾ ਦਿੱਤਾ ਕਿ ਮੋਦੀ ਨੂੰ ਢਾਇਆ ਜਾ ਸਕਦਾ ਹੈ।ਅੱਜ ਦੇਸ਼ ਭਰ ਵਿੱਚ ਮੋਦੀ ਖਿਲਾਫ ਥਾਂ ਥਾਂ ਮੁਜ਼ਾਹਰੇ ਪ੍ਰਦਰਸ਼ਨ ਹੁੰਦੇ ਹਨ ਤੇ ਮੋਦੀ ਦਾ ਡਰ ਦੂਰ ਹੋ ਗਿਆ ਹੈ।ਡਾਕਟਰ ਮਿੱਤਰਾ ਨੇ ਕਿਹਾ ਕਿ ਇਹ ਵਰਗ ਸੰਘਰਸ਼ ਹਨ, ਜਿਨ੍ਹਾਂ ਦੇ ਕਾਰਨ ਦੁਨੀਆਂ ਵਿੱਚ ਊਚ ਨੀਚ ਹੈ ਤੇ ਮਨੁੱਖ ਦੁਆਰਾ ਮਨੁੱਖ ਦੀ ਲੁੱਟ ਕੀਤੀ ਜਾ ਰਹੀ ਹੈ।ਇਹ ਲੋਕਾਂ ਦੇ ਇਕੱਤਰ ਹੋ ਕੇ ਚਲਾਏ ਗਏ ਇਕੱਠ ਤੋਂ ਹੀ ਦੂਰ ਹੋ ਸਕਦਾ ਹੈ।ਇਸ ਲਈ ਇੱਕ ਮੁੱਠ ਹੋ ਕੇ ਆਵਾਜ਼ ਬੁਲੰਦ ਕਰਨ ਦੀ ਲੋੜ ਹੈ।ਸਰਮਾਏਦਾਰੀ ਰਾਜ ਪ੍ਰਬੰਧ ਦੇ ਵਿੱਚ ਬੇਰੋਜ਼ਗਾਰੀ ਵਧਣਾ ਸੁਭਾਵਿਕ ਹੈ, ਕਿਉਂਕਿ ਬੇਰੁਜ਼ਗਾਰੀ ਕਾਰਨ ਸਰਮਾਏਦਾਰਾਂ ਨੂੰ ਸਸਤੀ ਲੇਬਰ ਮਿਲਦੀ ਹੈ।ਇਸੇ ਤਰੀਕੇ ਨਾਲ ਹੀ ਵਿੱਦਿਆ ਵੀ ਆਮ ਸ਼ਹਿਰੀ ਦੀ ਪਹੁੰਚ ਤੋਂ ਬਾਹਰ ਕਰ ਦਿੱਤੀ ਜਾਂਦੀ ਹੈ।ਇਸ ਲਈ ਚੇਤਨ ਹੋ ਕੇ ਨੌਜਵਾਨ ਪੀੜ੍ਹੀ ਨੂੰ ਸਰਮਾਏਦਾਰੀ ਰਾਜ ਪ੍ਰਬੰਧ ਖਿਲਾਫ ਸੰਘਰਸ਼ ਕਰਕੇ ਸਮਾਜਵਾਦੀ ਲੋਕਪੱਖੀ ਰਾਜ ਪ੍ਰਬੰਧ ਬਣਾਉਣਾ ਪਏਗਾ।

ਮਾਛੀਵਾੜਾ ਸਾਹਿਬ ਇਲਾਕੇ ਦੇ ਸਿਰ ਕੱਢ ਸੀ ਪੀ ਆਈ ਆਗੂ ਕਾਮਰੇਡ ਜਗਦੀਸ਼ ਰਾਏ ਬੌਬੀ ਨੇ ਨੌਜਵਾਨਾਂ ਨੂੰ ਲੋਕਾਂ ਦੇ ਨਾਲ ਜੁੜਨ ਤੇ ਉਨ੍ਹਾਂ ਦੇ ਕੰਮਾਂ ਵਿੱਚ ਹਿੱਸੇਦਾਰੀ ਪਾਉਣ ਤੇ ਮੁਸੀਬਤ ਵੇਲੇ ਮਦਦ ਕਰਨ ਦਾ ਸੱਦਾ ਦਿੱਤਾ।ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੇ ਲੁਧਿਆਣਾ ਦੇ ਜਨਰਲ ਸਕੱਤਰ ਦੀਪਕ ਕੁਮਾਰ ਨੇ ਵਿਦਿਆਰਥੀ ਲਹਿਰ ਦੇ ਇਤਿਹਾਸ ਬਾਰੇ ਚਾਨਣ ਪਾਇਆ ਅਤੇ ਵਿਦਿਆਰਥੀਆਂ ਤੇ ਨੌਜਵਾਨਾਂ ਨੂੰ ਸਮਾਜ ਦੇ ਲਈ ਕੰਮ ਕਰਨ ਦੇ ਲਈ ਪ੍ਰੇਰਤ ਕੀਤਾ।ਲੁਧਿਆਣਾ ਤੋਂ ਆਏ ਹੋਏ ਅਰਸ਼ੀ ਝੱਜ ਨੇ ਵਿਦਿਆਰਥੀਆਂ ਤੇ ਨੌਜਵਾਨਾਂ ਦੇ ਅੰਦੋਲਨ ਨੂੰ ਮਜ਼ਬੂਤ ਕਰਨ ਲਈ ਸੱਦਾ ਦਿੰਦੇ ਹੋਏ ਲੜਕੀਆਂ ਨੂੰ ਖਾਸ ਤੌਰ 'ਤੇ ਅੱਗੇ ਆਉਣ ਲਈ ਕਿਹਾ।ਸਟੂਡੈਂਟ ਫੈਡਰੇਸ਼ਨ ਦੇ ਬਲਾਕ ਪ੍ਰਧਾਨ ਰਾਜੀਵ ਕੁਮਾਰ ਤੇ ਅਰਸ਼ਦੀਪ ਨੇ ਵੀ ਸੰਬੋਧਨ ਕੀਤਾ।ਇਸ ਮੌਕੇ ਪੰਜਾਬ ਇਸਤਰੀ ਸਭਾ ਬਲਾਕ ਮਾਛੀਵਾੜਾ ਸਾਹਿਬ ਦੇ ਚੇਅਰਪਰਸਨ ਮੈਡਮ ਸਰਬਜੀਤ ਕੌਰ ਗਿੱਲ, ਸਰਵ ਭਾਰਤ ਨੌਜਵਾਨ ਸਭਾ ਦੇ ਬਲਾਕ ਪ੍ਰਧਾਨ ਅਰਵਿੰਦ ਕੁਮਾਰ ਸੋਨੂੰ, ਭਾਵਿਸ਼ ਮਾਹਤੋ, ਸੋਨੂੰ ਕੁਮਾਰ, ਸੁਨੀਲ ਕੁਮਾਰ, ਰੋਸ਼ਨ ਕੁਮਾਰ, ਸੁਮੀਤ ਕੁਮਾਰ, ਰਵੀ ਕੁਮਾਰ, ਸਤੀਸ਼ ਕੁਮਾਰ, ਪ੍ਰਿੰਸ ਕੁਮਾਰ ਤੇ ਹੋਰ ਸ਼ਾਮਲ ਸਨ।

## ਕਾਤਰਾਂ

### ਦਲੇਰ ਸਿੰਘ ਡੋਡ ਨੂੰ ਫਰੀਦਕੋਟ ਤੋਂ ਵਾਰਿਸ ਪੰਜਾਬ ਦਾ ਉਮੀਦਵਾਰ ਐਲਾਨਿਆ



**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਵਾਰਿਸ ਪੰਜਾਬ ਦੇ ਅਕਾਲੀ ਦਲ ਨੇ ਫਰੀਦਕੋਟ ਵਿਖੇ ਆਪਣੀ ਜ਼ਿਲ੍ਹਾ ਪੱਧਰੀ ਕੀਤੀ ਗਈ ਰੈਲੀ ਹੋਂਦ ਦੀ ਲੜਾਈ ਦੌਰਾਨ ਵਿਧਾਨ ਸਭਾ ਹਲਕੇ ਲਈ ਪਹਿਲੇ ਉਮੀਦਵਾਰ ਵਜੋਂ ਭਾਈ ਦਲੇਰ ਸਿੰਘ ਡੋਡ ਦਾ ਨਾਂਅ ਐਲਾਨ ਦਿੱਤਾ ਹੈ।ਇਹ ਐਲਾਨ ਰੈਲੀ ਦੌਰਾਨ ਭਾਈ ਸਰਬਜੀਤ ਸਿੰਘ ਖਾਲਸਾ ਨੇ ਜੈਕਾਰਾ ਨਾਲ ਕੀਤਾ।ਜ਼ਿਕਰਯੋਗ ਹੈ ਕਿ ਪ੍ਰਮੁੱਖ ਪਾਰਟੀਆਂ ਵਿੱਚੋਂ ਚਾਹੇ ਉਹ ਆਮ ਆਦਮੀ ਪਾਰਟੀ ਹੋਵੇ, ਅਕਾਲੀ ਦਲ ਬਾਦਲ, ਕਾਂਗਰਸ, ਭਾਜਪਾ ਜਾਂ ਫਿਰ ਕੋਈ ਹੋਰ, ਹਾਲੇ ਤੱਕ ਕਿਸੇ ਵੀ ਪਾਰਟੀ ਨੇ ਵਿਧਾਨ ਸਭਾ ਹਲਕਾ ਫਰੀਦਕੋਟ ਲਈ ਆਪਣਾ ਉਮੀਦਵਾਰ ਨਹੀਂ ਐਲਾਨਿਆ।ਵਾਰਸ ਪੰਜਾਬ ਦੇ ਨੇ ਭਾਈ ਡੋਡ ਦਾ ਐਲਾਨ ਕਰਕੇ ਪਹਿਲ ਕੀਤੀ ਹੈ।

### ਕਰੰਟ ਲੱਗਣ ਕਾਰਨ ਲੜਕੀ ਦੀ ਮੌਤ

**ਮਲੋਟ (ਰਜਿੰਦਰ ਜੁਨੇਜਾ)**-ਨੇੜਲੇ ਪਿੰਡ ਮੱਲਵਾਲਾ ਵਿਖੇ ਇਕ ਬੇਹੱਦ ਮੰਦਭਾਗੀ ਘਟਨਾ ਸਾਹਮਣੇ ਆਈ ਹੈ, ਜਿੱਥੇ ਪਾਣੀ ਦੀ ਮੋਟਰ ਤੋਂ ਕਰੰਟ ਲੱਗਣ ਨਾਲ 14 ਸਾਲਾ ਲੜਕੀ ਦੀ ਮੌਤ ਹੋ ਗਈ।ਇਸ ਹਾਦਸੇ ਕਾਰਨ ਪੂਰੇ ਪਿੰਡ ਵਿੱਚ ਸੋਗ ਦੀ ਲਹਿਰ ਫੈਲ ਗਈ ਹੈ।ਜਾਣਕਾਰੀ ਮੁਤਾਬਕ ਬੀਤੇ ਦਿਨ ਸਿੰਮੀ ਕੌਰ ਆਪਣੇ ਘਰ ਵਿੱਚ ਪਾਣੀ ਦੀ ਮੋਟਰ ਚਲਾ ਕੇ ਪਾਣੀ ਭਰ ਰਹੀ ਸੀ।ਇਸ ਦੌਰਾਨ ਅਚਾਨਕ ਉਸ ਨੂੰ ਬਿਜਲੀ ਦਾ ਜ਼ਬਰਦਸਤ ਕਰੰਟ ਲੱਗ ਗਿਆ, ਜਿਸ ਥਾਂ 'ਤੇ ਮੋਟਰ ਲੱਗੀ ਹੋਈ ਸੀ, ਉੱਥੇ ਘਟਨਾ ਸਮੇਂ ਪਰਿਵਾਰ ਦਾ ਕੋਈ ਹੋਰ ਜੀਅ ਮੌਜੂਦ ਨਹੀਂ ਸੀ, ਜਿਸ ਕਾਰਨ ਪਰਿਵਾਰ ਨੂੰ ਹਾਦਸੇ ਦਾ ਤੁਰੰਤ ਪਤਾ ਨਾ ਲੱਗ ਸਕਿਆ ਤੇ ਬੱਚੀ ਕਾਫ਼ੀ ਦੇਰ ਕਰੰਟ ਦੀ ਲਪੇਟ ਵਿੱਚ ਹੀ ਰਹੀ।ਜਦੋਂ ਪਰਿਵਾਰਕ ਮੈਂਬਰਾਂ ਨੂੰ ਘਟਨਾ ਬਾਰੇ ਪਤਾ ਲੱਗਿਆ ਤਾਂ ਉਹ ਤੁਰੰਤ ਉਸ ਨੂੰ ਸਿਵਲ ਹਸਪਤਾਲ ਮਲੋਟ ਲੈ ਕੇ ਪਹੁੰਚੇ, ਜਿੱਥੇ ਡਾਕਟਰਾਂ ਨੇ ਜਾਂਚ ਉਪਰੰਤ ਉਸ ਨੂੰ ਮ੍ਰਿਤਕ ਐਲਾਨ ਦਿੱਤਾ।ਗੁਰਪਾਲ ਸਿੰਘ ਮਿਹਨਤ ਮਜ਼ਦੂਰੀ ਕਰਕੇ ਆਪਣੀਆਂ ਤਿੰਨੇ ਧੀਆਂ ਨੂੰ ਪੜ੍ਹਾ ਰਿਹਾ ਸੀ ਤੇ ਸਭ ਤੋਂ ਛੋਟੀ ਸਿੰਮੀ ਦੀ ਪੜ੍ਹਾਈ ਤੋਂ ਇਲਾਵਾ ਖੇਡਾਂ ਵਿੱਚ ਵੀ ਰੁਚੀ ਸੀ।

### ਡਾ. ਦੇਵਿੰਦਰ ਸੈਫ਼ੀ ਦਾ ਬਨਾਰਸ ਹਿੰਦੂ ਯੂਨੀਵਰਸਿਟੀ 'ਚ ਰੂ-ਬ-ਰੂ

**ਕੋਟਕਪੂਰਾ (ਰਛਪਾਲ ਭੁੱਲਰ)**-ਫ਼ਰੀਦਕੋਟ ਜ਼ਿਲ੍ਹੇ ਦੇ ਪਿੰਡ ਮੋਰਾਂਵਾਲੀ ਦੇ ਬਸ਼ਿੰਦੇ ਉੱਘੇ ਸਾਹਿਤਕਾਰ ਡਾ. ਦੇਵਿੰਦਰ ਸੈਫ਼ੀ ਬਨਾਰਸ ਹਿੰਦੂ ਯੂਨੀਵਰਸਿਟੀ ਦੇ ਜਰਨਲਿਜ਼ਮ ਤੇ ਮਾਸ ਕਮਿਊਨੀਕੇਸ਼ਨ ਵਿਭਾਗ ਵਿਖੇ ਖੋਜ ਵਿਦਿਆਰਥੀਆਂ ਦੇ ਰੂ-ਬ-ਰੂ ਹੋਏ।ਇਸ ਦੌਰਾਨ ਉਨ੍ਹਾਂ ਪੰਜਾਬੀ ਪੱਤਰਕਾਰਤਾ ਬਾਰੇ ਖੁੱਲ੍ਹ ਕੇ ਗੱਲਾਂ ਕੀਤੀਆਂ, ਫਰੀਦਕੋਟ ਇਲਾਕੇ ਦੇ ਨਿਰਪੱਖ ਪੱਤਰਕਾਰਾਂ, ਪੰਜਾਬ ਦੇ ਨਿਧੜਕ ਅਖ਼ਬਾਰਾਂ ਬਾਰੇ ਵੀ ਚਰਚਾ ਕੀਤੀ।ਇਸ ਮੌਕੇ ਉਨ੍ਹਾਂ ਆਪਣੀ ਚਰਚਿਤ ਨਵੀਂ ਪੁਸਤਕ 'ਮੁਹੱਬਤ ਨੇ ਕਿਹਾ' ਦੀਆਂ ਕੁਝ ਕਵਿਤਾਵਾਂ ਪੰਜਾਬੀ ਮੂਲ ਤੇ ਹਿੰਦੀ ਵਿੱਚ ਉਲਥਾ ਕੇ ਸੁਣਾਈਆਂ।ਵਿਦਿਆਰਥੀ ਤੇ ਪ੍ਰੋਫ਼ੈਸਰ ਸਾਹਿਬਾਨ ਕਾਵਿ ਪੇਸ਼ਕਾਰੀ ਦੀ ਨਿਰੰਤਰ ਫ਼ਰਮਾਇਸ਼ ਕਰਦੇ ਹੋਏ ਭਰਪੂਰ ਦਾਦ ਦਿੰਦੇ ਰਹੇ।ਡਾ. ਸੈਫ਼ੀ ਨੇ ਦੱਸਿਆ ਕਿ ਇਸ ਸਮੇਂ 'ਜੋ ਮੁਹੱਬਤ ਨਹੀਂ ਕਰਦੇ' ਨਾਮੀ ਲੰਬੀ ਕਵਿਤਾ ਸੁਣਾਈ ਤਾਂ ਇਸ ਦੀ ਹਰ ਸਤਰ ਉੱਪਰ ਤਾੜੀਆਂ ਦੀ ਗੂੰਜ ਸੁਣਦੀ ਰਹੀ ਅਤੇ ਅਜੀਬ ਤਰ੍ਹਾਂ ਉਤਸੁਕਤਾ ਨਜ਼ਰ ਆਉਂਦੀ ਰਹੀ।ਵਿਭਾਗ ਦੇ ਮੁਖੀ ਡਾ. ਗਿਆਨ ਪ੍ਰਕਾਸ਼ ਨੇ ਡਾ. ਸੈਫ਼ੀ ਦੀ ਨਵੇਂ ਢੰਗ ਦੀ ਕਵਿਤਾ ਦੀ ਮਹਿਮਾ ਕਰਦਿਆਂ ਇਸ ਕਵਿਤਾ ਨੂੰ ਭਾਰਤੀ ਗਿਆਨ ਪ੍ਰੰਪਰਾ, ਦਾਰਸ਼ਨਿਕਤਾ, ਇਤਿਹਾਸ ਮਿਥਿਹਾਸ, ਸਾਂਝੀਵਾਲਤਾ, ਸੰਸਕ੍ਰਿਤੀ, ਮਾਨਵੀ ਮੁਹੱਬਤ ਤੇ ਕ੍ਰਾਂਤੀ ਦਾ ਅਜੀਬ ਸੰਗਮ ਕਿਹਾ।ਪ੍ਰੋਫ਼ੈਸਰ ਸ਼ੋਭਨਾ ਨਾਰਲੀਕਰ, ਪ੍ਰੋਫ਼ੈਸਰ ਬਾਲਾ ਲਖੇਂਦਰੂ, ਅਸਿ. ਪ੍ਰੋਫ਼ੈਸਰ ਸ਼ਵੇਤਾਂਕ ਮਿਸ਼ਰਾ ਨੇ ਡਾ. ਸੈਫ਼ੀ ਦਾ ਵਿਸ਼ੇਸ਼ ਅਭਿਨੰਦਨ ਤੇ ਸਨਮਾਨ ਕੀਤਾ।

# ਉਮਰ ਖਾਲਿਦ, ਸ਼ਰਜੀਲ ਇਮਾਮ ਨੂੰ ਬਿਨਾਂ ਦੋਸ਼ ਛੇ ਸਾਲ ਜੇਲ੍ਹੀਂ ਡੱਕਣਾ ਗੈਰ-ਸੰਵਿਧਾਨਕ : ਤਰਕਸ਼ੀਲ ਸੁਸਾਇਟੀ

## ਉੱਚ ਨਿਆਂਪਾਲਿਕਾ ਤੋਂ ਬਿਨਾਂ ਸ਼ਰਤ ਤੁਰੰਤ ਰਿਹਾਈ ਦੀ ਕੀਤੀ ਮੰਗ



**ਬਰਨਾਲਾ (ਨ ਜ਼ ਸ)**

ਤਰਕਸ਼ੀਲ ਸੁਸਾਇਟੀ ਪੰਜਾਬ ਨੇ ਮੋਦੀ ਸਰਕਾਰ ਵੱਲੋਂ ਸਾਬਕਾ ਵਿਦਿਆਰਥੀ ਨੇਤਾ ਉਮਰ ਖ਼ਾਲਿਦ ਤੇ ਸ਼ਰਜੀਲ ਇਮਾਮ ਨੂੰ ਪਿਛਲੇ ਛੇ ਸਾਲਾਂ ਤੋਂ ਬਿਨਾਂ ਕਿਸੇ ਸਬੂਤਾਂ ਤੇ ਬਿਨਾਂ ਮੁਕੱਦਮੇ ਦੀ ਸੁਣਵਾਈ ਦੇ ਜੇਲ੍ਹੀਂ ਡੱਕਣ ਦੀ ਤਾਨਾਸ਼ਾਹੀ ਅਤੇ ਰਾਜਸੀ ਬਦਲਾਖੋਰੀ ਦੀ ਕਾਰਵਾਈ ਦਾ ਸਖ਼ਤ ਵਿਰੋਧ ਕਰਦਿਆਂ ਭਾਰਤੀ ਉੱਚ ਨਿਆਂਪਾਲਿਕਾ ਤੋਂ ਇਨ੍ਹਾਂ ਦੋਵਾਂ ਸਮੇਤ ਹੋਰਨਾਂ ਜਮਹੂਰੀ ਕਾਰਕੁਨਾਂ ਨੂੰ ਬਿਨਾਂ ਸ਼ਰਤ ਤੁਰੰਤ ਰਿਹਾਅ ਕਰਨ ਦੀ ਜ਼ੋਰਦਾਰ ਮੰਗ ਕੀਤੀ ਹੈ।ਤਰਕਸ਼ੀਲ ਸੁਸਾਇਟੀ ਦੇ ਸੂਬਾ ਕਮੇਟੀ ਆਗੂਆਂ ਮਾਸਟਰ ਰਾਜਿੰਦਰ ਭਦੌੜ, ਹੇਮ ਰਾਜ ਸਟੈਨੋਂ, ਰਾਮ ਸਵਰਨ ਲੱਖੇਵਾਲੀ ਤੇ ਸੁਮੀਤ ਅੰਮ੍ਰਿਤਸਰ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਉਮਰ ਖ਼ਾਲਿਦ, ਸ਼ਰਜੀਲ ਇਮਾਮ ਤੇ ਹੋਰਨਾਂ ਸਮਾਜਿਕ ਕਾਰਕੁਨਾਂ ਨੂੰ ਪੱਖਪਾਤੀ ਤੇ ਫਿਰਕੂ ਨਾਗਰਿਕਤਾ ਸੋਧ ਕਾਨੂੰਨ (ਸੀਏਏ) ਦੇ ਖਿਲਾਫ਼ ਜਮਹੂਰੀ ਅੰਦੋਲਨ ਦੇ ਦੌਰਾਨ ਹਿੰਸਾ ਭੜਕਾਉਣ ਦੇ ਝੂਠੇ ਇਲਜ਼ਾਮਾਂ ਵਿੱਚ ਫਸਾਇਆ ਗਿਆ ਹੈ।ਜੇਕਰ ਦਿੱਲੀ ਹਿੰਸਾ ਵਿੱਚ ਇਨ੍ਹਾਂ ਦੋਵਾਂ ਦੀ ਕੋਈ ਸ਼ਮੂਲੀਅਤ ਹੁੰਦੀ ਤਾਂ ਫਿਰ ਕੇਂਦਰੀ ਜਾਂਚ ਏਜੰਸੀਆਂ ਪਿਛਲੇ ਛੇ ਸਾਲਾਂ ਵਿੱਚ ਅਦਾਲਤ ਦੇ ਸਾਹਮਣੇ ਉਨ੍ਹਾਂ ਨੂੰ ਦੋਸ਼ੀ ਸਾਬਿਤ ਕਿਉਂ ਨਹੀਂ ਕਰ ਸਕੀਆਂ ? ਤਰਕਸ਼ੀਲ ਆਗੂਆਂ ਨੇ ਦੋਸ਼ ਲਾਇਆ ਕਿ ਉਮਰ ਖ਼ਾਲਿਦ ਸ਼ਰਜੀਲ ਇਮਾਮ ਤੇ ਹੋਰ ਕਾਰਕੁਨ ਪਿਛਲੇ ਛੇ ਸਾਲਾਂ ਤੋਂ ਬਿਨਾਂ ਜ਼ਮਾਨਤ, ਬਿਨਾਂ ਮੁਕੱਦਮਾ ਚਲਾਏ ਜੇਲ੍ਹਾਂ ਵਿੱਚ ਸੜ ਰਹੇ ਹਨ, ਜਦਕਿ ਇਸਦੇ ਉਲਟ ਦਿੱਲੀ ਹਿੰਸਾ ਦੇ ਅਸਲੀ ਦੋਸ਼ੀ ਭਾਜਪਾ ਦੇ ਭਗਵਾਂ ਆਗੂ, ਜਿਨ੍ਹਾਂ ਨੇ ਸ਼ਰੇਆਮ ਫਿਰਕੂ ਨਫ਼ਰਤ ਅਤੇ ਹਿੰਸਾ ਫੈਲਾਈ, ਉਨ੍ਹਾਂ ਉਤੇ ਦਿੱਲੀ ਪੁਲਸ ਤੇ ਅਦਾਲਤ ਵੱਲੋਂ ਹਕੂਮਤੀ ਦਬਾਅ ਹੇਠ ਅਪਰਾਧਿਕ ਕੇਸ ਦਰਜ ਕਰਨ ਤੋਂ ਵੀ ਇਨਕਾਰ ਕੀਤਾ ਗਿਆ।

ਉਨ੍ਹਾਂ ਕਿਹਾ ਕਿ ਹਰ ਪੱਧਰ ਦੀਆਂ ਅਦਾਲਤਾਂ ਨੂੰ ਨਿਆਂ ਪ੍ਰਣਾਲੀ ਦੀ ਭਰੋਸੇਯੋਗਤਾ ਬਰਕਰਾਰ ਰੱਖਣ ਲਈ ਸੰਵਿਧਾਨਕ, ਜਮਹੂਰੀ ਤੇ ਨਾਗਰਿਕ ਹੱਕਾਂ ਦੀ ਰੱਖਿਆ ਕਰਨੀ ਚਾਹੀਦੀ ਹੈ ਤੇ ਕਿਸੇ ਵੀ ਤਰਾਂ ਦੇ ਦਬਾਅ ਹੇਠ ਪੱਖਪਾਤੀ ਫ਼ੈਸਲੇ ਨਹੀਂ ਦੇਣੇ ਚਾਹੀਦੇ।ਉਨ੍ਹਾਂ ਮੰਗ ਕੀਤੀ ਕਿ ਉਮਰ ਖ਼ਾਲਿਦ, ਸ਼ਰਜੀਲ ਇਮਾਮ ਸਹਿਤ ਸਾਰੇ ਜਮਹੂਰੀ ਕਾਰਕੁਨਾਂ ਤੇ ਰਾਜਨੀਤਕ ਕੈਦੀਆਂ ਨੂੰ ਬਿਨਾਂ ਸ਼ਰਤ ਤੁਰੰਤ ਰਿਹਾਅ ਕੀਤਾ ਜਾਵੇ ਅਤੇ ਸੱਤਾ ਨਾਲ ਅਸਹਿਮਤ ਆਵਾਜ਼ਾਂ ਨੂੰ ਦਬਾਉਣ ਲਈ ਬਣਾਏ ਗਏ ਸਾਰੇ ਝੂਠੇ ਕੇਸ ਤੇ ਕਾਲੇ ਕਾਨੂੰਨ ਤੁਰੰਤ ਰੱਦ ਕੀਤੇ ਜਾਣ।

# 2 ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀ ਮਿਲੀ ਧਮਕੀ

## ਸਕੂਲ ਪ੍ਰਬੰਧਕਾਂ ਨੇ ਬੱਚਿਆਂ ਨੂੰ ਕੀਤੀ ਛੁੱਟੀ



**ਜਲਾਲਾਬਾਦ (ਜੀਤ ਕੁਮਾਰ)**-ਜਲਾਲਾਬਾਦ ਸ਼ਹਿਰ ਦੇ ਮੰਗਲਵਾਰ 2 ਪ੍ਰਾਈਵੇਟ ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀ ਈਮੇਲ ਰਾਹੀਂ ਮਿਲੀ ਧਮਕੀ ਮਿਲਣ ਦੇ ਬਾਅਦ ਤੁਰੰਤ ਸਕੂਲਾਂ ਵਿੱਚ ਬੱਚਿਆਂ ਨੂੰ ਛੁੱਟੀ ਕਰ ਦਿੱਤੀ ਗਈ ਅਤੇ ਸਕੂਲਾਂ ਦੇ ਪ੍ਰਬੰਧਕਾਂ ਵੱਲੋਂ ਪੁਲਸ ਪ੍ਰਸ਼ਾਸਨ ਨੂੰ ਇਹ ਜਾਣਕਾਰੀ ਦਿੱਤੀ ਗਈ।

ਇਥੇ ਦੱਸ ਦੇਈਏ ਕਿ ਬੀਤੇ ਦਿਨ ਸ਼ਨੀਵਾਰ ਤੇ ਐਤਵਾਰ ਨੂੰ ਦਰਮਿਆਨੀ ਰਾਤ ਨੂੰ ਜਲਾਲਾਬਾਦ ਦੇ ਥਾਣਾ ਸਿਟੀ 'ਤੇ ਗ੍ਰਨੇਡ ਨਾਲ ਹਮਲਾ ਹੋਇਆ ਸੀ, ਜਿਸ ਸਬੰਧੀ 2 ਵਿਅਕਤੀਆਂ ਨੂੰ ਜ਼ਿਲ੍ਹਾ ਪੁਲਸ ਵੱਲੋਂ 24 ਘੰਟਿਆਂ ਅੰਦਰ ਹੀ ਗ੍ਰਿਫਤਾਰ ਕਰ ਲਿਆ ਗਿਆ ਸੀ। ਮੰਗਲਵਾਰ ਸਵੇਰੇ ਸੈਕਰੇਡ ਸਕੂਲ ਤੇ ਡੀ.ਏ.ਵੀ. ਸਕੂਲ ਨੂੰ ਏ. ਮੇਲ ਰਾਹੀਂ ਸ਼ਰਾਰਤੀ ਅਨਸਰਾਂ ਵੱਲੋਂ ਬੰਬ ਨਾਲ ਉਡਾਉਣ ਦੀ ਧਮਕੀ ਦਿੱਤੀ ਗਈ। ਇਸ ਬਾਰੇ ਜਿਵੇਂ ਹੀ ਸਕੂਲ ਦੇ ਪ੍ਰਬੰਧਕਾਂ ਨੂੰ ਪਤਾ ਚੱਲਿਆ ਤਾਂ ਫੌਰੀ ਤੌਰ 'ਤੇ ਸਕੂਲਾਂ 'ਚ ਬੱਚਿਆਂ ਨੂੰ ਛੁੱਟੀ ਕਰਕੇ ਸੁਰੱਖਿਅਤ ਘਰਾਂ ਵਿੱਚ ਭੇਜ ਦਿੱਤਾ ਗਿਆ, ਜਿਸਦੇ ਚਲਦੇ ਜਿਵੇਂ ਹੀ ਬੱਚਿਆਂ ਨੂੰ ਪਤਾ ਚੱਲਣ 'ਤੇ ਆਪਣੇ ਆਪਣੇ ਬੱਚਿਆਂ ਨੂੰ ਲੈਣ ਲਈ ਦੇਖੇ ਗਏ। ਇਸ ਦੇ ਨਾਲ ਹੀ ਦੂਜੇ ਸਕੂਲਾਂ ਦੇ ਪ੍ਰਬੰਧਕਾਂ ਵੱਲੋਂ ਵੀ ਬੱਚਿਆਂ ਨੂੰ ਛੁੱਟੀ ਕਰ ਦਿੱਤੀ ਗਈ। ਥਾਣਾ ਸਿਟੀ ਤੇ ਗ੍ਰਨੇਡ ਹਮਲੇ ਤੋਂ ਬਾਅਦ ਹੁਣ ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਮਿਲਣ ਤੋਂ ਬਾਅਦ ਸ਼ਹਿਰ ਵਾਸੀਆਂ ਤੇ ਬੱਚਿਆਂ ਦੇ ਮਾਪਿਆਂ, ਅਧਿਆਪਕਾਂ ਵਿੱਚ ਡਰ ਦਾ ਮਾਹੌਲ ਬਣ ਗਿਆ। ਉਧਰ, ਸਕੂਲ ਪ੍ਰਬੰਧਕਾਂ ਦਾ ਕਹਿਣਾ ਹੈ ਕਿ ਸਕੂਲਾਂ ਨੂੰ ਬੰਬ ਨਾਲ ਉਡਾਉਣ ਲਈ ਈਮੇਲ ਰਾਹੀ ਮਿਲਣੀ ਧਮਕੀ ਦੇ ਬਾਅਦ ਪੁਲਸ ਪ੍ਰਸ਼ਾਸਨ ਨੂੰ ਜਾਣਕਾਰੀ ਦੇ ਦਿੱਤੀ ਗਈ ਹੈ। ਥਾਣਾ ਸਿਟੀ ਜਲਾਲਾਬਾਦ ਦੇ ਐਸ.ਐਚ.ਓ. ਮੋਹਿਤ ਧਵਨ ਨੇ ਕਿਹਾ ਕਿ ਪੁਲਸ ਵੱਲੋਂ ਇਸ ਮਸਲੇ ਨੂੰ ਲੈ ਕੇ ਪੜਤਾਲ ਕੀਤੀ ਜਾ ਰਹੀ ਹੈ ਤੇ ਸਕੂਲਾਂ ਵਿੱਚ ਆਈ ਮੇਲ ਦੀ ਪੜਤਾਲ ਕੀਤੀ ਜਾ ਰਹੀ ਹੈ, ਜਿਸ ਦੇ ਬਾਅਦ ਬਣਦੀ ਕਾਰਵਾਈ ਕੀਤੀ ਜਾਵੇਗੀ।

### ਸਮਾਜ ਵਿਰੋਧੀ ਅਨਸਰਾਂ ਵਿਰੁੱਧ ਸਖਤੀ ਨਾਲ ਨਿਪਟਿਆ ਜਾਵੇਗਾ : ਐੱਸ ਐੱਸ ਪੀ

ਇਸ ਸਬੰਧ ਵਿੱਚ ਜ਼ਿਲ੍ਹਾ ਫਾਜ਼ਿਲਕਾ ਦੇ ਐੱਸ.ਐੱਸ.ਪੀ. ਗਗਨ ਅਜੀਤ ਸਿੰਘ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਦੱਸਿਆ ਕਿ ਇਥੇ ਜਲਾਲਾਬਾਦ ਦੇ ਸਕੂਲਾਂ ਨੂੰ ਬੰਬ ਉਡਾਉਣ ਦੀ ਮਿਲਣੀ ਧਮਕੀ ਦੇ ਬਾਅਦ ਡੀ.ਐੱਸ.ਪੀ. ਲਵਪ੍ਰੀਤ ਸਿੰਘ ਤੇ ਥਾਣਾ ਸਿਟੀ ਜਲਾਲਾਬਾਦ ਦੇ ਐੱਸ.ਐੱਚ.ਓ. ਮੋਹਿਤ ਧਵਨ ਦੀ ਅਗੁਵਾਈ ਹੇਠ ਪੁਲਸ ਟੀਮਾਂ ਵੱਲੋਂ ਤਫਤੀਸ਼ ਕਰਨ ਦੀ ਡਿਊਟੀ ਲਗਾ ਦਿੱਤੀ ਗਈ ਹੈ। ਉਨ੍ਹਾਂ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਭੈਅ ਮੁਕਤ ਹੋਣ ਤੇ ਸ਼ਾਂਤੀ ਵਾਲੀ ਮਾਹੌਲ ਬਣਾਈ ਰੱਖਣ, ਕਿਉਂਕਿ ਪੁਲਸ ਲੋਕਾਂ ਦੀ ਸੁਰੱਖਿਆ ਲਈ ਵਚਨਬੱਧ ਹੈ ਤੇ ਸਮਾਜ ਵਿਰੋਧੀ ਅਨਸਰਾਂ ਵਿਰੁੱਧ ਸਖਤੀ ਨਾਲ ਨਿਪਟਿਆ ਜਾਵੇਗਾ। ਮਾਹੌਲ ਨੂੰ ਖਰਾਬ ਕਰਨ ਵਾਲਿਆਂ ਨੂੰ ਕਿਸੇ ਵੀ ਕੀਮਤ 'ਤੇ ਨਹੀਂ ਬਖਸ਼ਿਆ ਜਾਵੇਗਾ।

## ਨੌਜਵਾਨ 'ਤੇ ਤਲਵਾਰਾਂ ਨਾਲ ਹਮਲਾ, ਹੋਈ ਮੌਤ

**ਮਲੋਟ (ਰਜਿੰਦਰ ਜੁਨੇਜਾ)**-ਮਲੋਟ ਤੋਂ ਕੱਪੜੇ ਖ਼ਰੀਦ ਕੇ ਮੋਟਰਸਾਈਕਲ 'ਤੇ ਆਪਣੇ ਪਿੰਡ ਸ਼ੇਰਗੜ੍ਹ ਗਿਆਨ ਸਿੰਘ ਵਾਲਾ ਪਰਤ ਰਹੇ ਨੌਜਵਾਨ ਦਾ ਪਿੱਛਾ ਕਰ ਕੇ ਕਾਰ ਸਵਾਰਾਂ ਨੇ ਟੱਕਰ ਮਾਰਨ ਤੋਂ ਬਾਅਦ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰ ਦਿੱਤਾ।ਹਮਲੇ ਵਿੱਚ ਗੰਭੀਰ ਜ਼ਖ਼ਮੀ ਨੌਜਵਾਨ ਦੀ ਏਮਜ਼ ਹਸਪਤਾਲ ਬਠਿੰਡਾ ਵਿਖੇ ਇਲਾਜ ਦੌਰਾਨ ਮੌਤ ਹੋ ਗਈ।ਉਸ ਦਾ ਸਾਥੀ ਵੀ ਹਮਲੇ ਵਿੱਚ ਗੰਭੀਰ ਜ਼ਖ਼ਮੀ ਹੋਇਆ ਹੈ।ਮ੍ਰਿਤਕ ਨੌਜਵਾਨ ਦੀ ਪਛਾਣ ਗੁਰਚੇਤ ਸਿੰਘ ਉਰਫ਼ ਗਾਂਧੀ ਵਜੋਂ ਹੋਈ ਹੈ। ਸ਼ਿਕਾਇਤਕਰਤਾ ਅਨੁਸਾਰ ਗੁਰਚੇਤ ਨੇ ਦੱਸਿਆ ਕਿ ਸ਼ਾਮ ਕਰੀਬ 7:30 ਵਜੇ ਉਹ ਕੱਪੜੇ ਖ਼ਰੀਦ ਕੇ ਪਿੰਡ ਪਰਤ ਰਹੇ ਸਨ ਤੇ ਕਰਮਗੜ੍ਹ ਦੇ ਪੁਲ ਕੋਲ ਚਿੱਟੇ ਰੰਗ ਦੀ ਵਰਨਾ ਕਾਰ (ਪੀ ਬੀ 53 ਡੀ-8934) ਖੜ੍ਹੀ ਸੀ।ਕਾਰ ਕੋਲ ਗੁਰਬਖ਼ਸ਼ ਸਿੰਘ, ਗੁਰਪ੍ਰੀਤ ਸਿੰਘ ਉਰਫ਼ ਗੋਪੀ, ਗੁਰਪਿਆਰ ਸਿੰਘ, ਸਰਪੰਚ ਅਕਾਸ਼ਦੀਪ ਸਿੰਘ ਉਰਫ਼ ਅਕਾਸ਼, ਸੁਮਿਤ ਤੇ 3-4 ਅਣਪਛਾਤੇ ਨੌਜਵਾਨ ਖੜ੍ਹੇ ਸਨ।ਦੋਸ਼ ਹੈ ਕਿ ਇਨ੍ਹਾਂ ਲੋਕਾਂ ਨੇ ਉਨ੍ਹਾਂ ਦਾ ਪਿੱਛਾ ਕੀਤਾ।ਗੁਰਚੇਤ ਨੇ ਮੋਟਰਸਾਈਕਲ ਪਿੰਡ ਵਿਰਕ ਖੇੜਾ ਤੋਂ ਪਿੰਡ ਸਰਾਵਾਂ ਬੋਦਲਾ ਵਾਲੀ ਲਿੰਕ ਸੜਕ ਵੱਲ ਮੋੜ ਲਿਆ, ਜਿੱਥੇ ਕਾਰ ਸਵਾਰਾਂ ਨੇ ਮੋਟਰਸਾਈਕਲ ਦੇ ਪਿੱਛੇ ਟੱਕਰ ਮਾਰ ਦਿੱਤੀ।ਸੰਤੁਲਨ ਵਿਗੜਨ ਕਾਰਨ ਉਹ ਸੜਕ ਕਿਨਾਰੇ ਡਿੱਗ ਪਏ।ਇਸ ਤੋਂ ਬਾਅਦ ਕਾਰ ਸਵਾਰਾਂ ਨੇ ਤਲਵਾਰਾਂ, ਕਾਪਿਆਂ, ਬੇਸਬਾਲ ਬੈਟ ਤੇ ਡੰਡਿਆਂ ਨਾਲ ਹਮਲਾ ਕਰ ਦਿੱਤਾ।ਪੁਲਸ ਨੇ ਇਸ ਮਾਮਲੇ ਵਿੱਚ ਗੁਰਬਖ਼ਸ਼ ਸਿੰਘ ਸਮੇਤ ਪੰਜ ਜਣਿਆਂ ਤੇ 3-4 ਅਣਪਛਾਤਿਆਂ 'ਤੇ ਕੇਸ ਦਰਜ ਕਰ ਕੇ ਪੜਤਾਲ ਸ਼ੁਰੂ ਕਰ ਦਿੱਤੀ ਹੈ।

# ਵਰਲਡ ਯੂਨੀਵਰਸਿਟੀ ਵੱਲੋਂ ਅੰਤਰ-ਵਿਭਾਗੀ ਮੂਟ ਕੋਰਟ ਮੁਕਾਬਲਾ



**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫ਼ਤਿਹਗੜ੍ਹ ਸਾਹਿਬ ਦੇ ਯੂਨੀਵਰਸਿਟੀ ਸਕੂਲ ਆਫ਼ ਲਾਅ ਵੱਲੋਂ ਅੰਤਰ-ਵਿਭਾਗੀ ਮੂਟ ਕੋਰਟ ਮੁਕਾਬਲਾ-2026 ਕਰਵਾਇਆ ਗਿਆ।ਇਸ ਮੁਕਾਬਲੇ ਦਾ ਉਦੇਸ਼ ਵਿਦਿਆਰਥੀਆਂ ਦੇ ਕਾਨੂੰਨੀ ਗਿਆਨ, ਖੋਜ, ਵਿਸ਼ਲੇਸ਼ਣੀ ਤੇ ਵਕਾਲਤੀ ਹੁਨਰਾਂ ਦੇ ਨਾਲ-ਨਾਲ ਅਦਾਲਤੀ ਕਾਰਵਾਈਆਂ ਦੀ ਸਮਝ ਨੂੰ ਵਿਕਸਿਤ ਕਰਨਾ ਸੀ।ਇਸ ਮੁਕਾਬਲੇ ਦਾ ਉਦਘਾਟਨ ਪ੍ਰੋ. (ਡਾ.) ਅਮਿਤਾ ਕੌਸ਼ਲ ਤੇ ਡਾ. ਨਵਨੀਤ ਕੌਰ ਨੇ ਕੀਤਾ।ਮੁਕਾਬਲੇ ਵਿੱਚ 14 ਟੀਮਾਂ ਨੇ ਭਾਗ ਲਿਆ।ਪ੍ਰੋ. ਕੌਸ਼ਲ ਨੇ ਵਿਦਿਆਰਥੀਆਂ ਨੂੰ ਕਾਨੂੰਨੀ ਖੋਜ ਕਰਨ ਤੇ ਕਾਨੂੰਨੀ ਦਲੀਲਾਂ ਪੇਸ਼ ਕਰਨ ਵਿੱਚ ਆਤਮ-ਵਿਸ਼ਵਾਸ ਵਧਾਉਣ ਲਈ ਪ੍ਰੇਰਿਤ ਕੀਤਾ, ਜਦਕਿ ਡਾ. ਨਵਨੀਤ ਕੌਰ ਨੇ ਕਾਰਵਾਈ ਦਾ ਸੰਚਾਲਨ ਕੀਤਾ।ਸ਼ੁਰੂਆਤੀ ਦੌਰ ਦੌਰਾਨ ਭਾਗੀਦਾਰਾਂ ਨੇ ਦਿੱਤੇ ਗਏ ਕਾਨੂੰਨੀ ਵਿਸ਼ੇ 'ਤੇ ਕਾਨੂੰਨੀ ਧਾਰਾਵਾਂ, ਨਿਆਂਇਕ ਨਜ਼ੀਰਾਂ, ਖੋਜ ਤੇ ਤੱਥਾਂ ਦੇ ਵਿਸ਼ਲੇਸ਼ਣ ਦੇ ਆਧਾਰ 'ਤੇ ਦਲੀਲਾਂ ਪੇਸ਼ ਕੀਤੀਆਂ।ਇਸ ਦੌਰ ਦਾ ਨਿਰਣਾ ਸ਼ਰਨਪ੍ਰੀਤ ਕੌਰ, ਅਮਨਦੀਪ ਕੌਰ ਤੇ ਸਾਬੀਆ ਨੇ ਕੀਤਾ।ਭਾਗੀਦਾਰਾਂ ਦੇ ਕਾਨੂੰਨੀ ਖੋਜ ਹੁਨਰਾਂ ਦਾ ਮੁਲਾਂਕਣ ਕਰਨ ਲਈ ਖੋਜਕਰਤਾ ਪਰਖ ਵੀ ਕਰਵਾਈ ਗਈ।ਚਾਰ ਟੀਮਾਂ ਨੇ ਅਰਧ-ਅੰਤਿਮ ਦੌਰ ਲਈ ਯੋਗਤਾ ਹਾਸਲ ਕੀਤੀ, ਜਿਸ ਦਾ ਨਿਰਣਾ ਡਾ. ਮੋਹਲੀਨ ਕੌਰ ਤੇ ਸੁਰਭੀ ਵਰਮਾ ਨੇ ਕੀਤਾ। ਟੀਮ ਯੂਐਸਓਐਲ 2, ਜਿਸ ਵਿੱਚ ਪਰਨੀਤ ਕੌਰ, ਮਨਮੀਤ ਕੌਰ ਅਤੇ ਅਨਮੋਲਦੀਪ ਕੌਰ ਸ਼ਾਮਲ ਸਨ, ਨੇ ਜੇਤੂ ਦਾ ਖ਼ਿਤਾਬ ਹਾਸਲ ਕੀਤਾ।ਟੀਮ ਯੂਐਸਓਐਲ 19, ਜਿਸ ਵਿੱਚ ਹਰਸਿਮਰ ਕੌਰ, ਹੁਸਨਪ੍ਰੀਤ ਕੌਰ ਤੇ ਜਸਪ੍ਰੀਤ ਕੌਰ ਸ਼ਾਮਲ ਸਨ, ਨੂੰ ਉਪ-ਜੇਤੂ ਐਲਾਨਿਆ ਗਿਆ।ਟੀਮ ਯੂਐਸਓਐਲ 14, ਜਿਸ ਵਿੱਚ ਗੁਰਲੀਨ ਕੌਰ, ਲਵਜੋਤ ਤੇ ਅਰਸ਼ਪ੍ਰੀਤ ਕੌਰ ਸ਼ਾਮਲ ਸਨ, ਨੇ ਸਰਵੋਤਮ ਮੂਟ ਯਾਦਗਾਰੀ ਲਿਖਤ ਦਾ ਇਨਾਮ ਜਿੱਤਿਆ।ਹਰਸਿਮਰ ਕੌਰ (ਯੂਐਸਓਐਲ 19) ਨੂੰ ਸਰਵੋਤਮ ਬੁਲਾਰਾ, ਜਦਕਿ ਨਵਨੀਤ ਕੌਰ (ਯੂਐਸਓਐਲ 9) ਨੂੰ ਸਰਵੋਤਮ ਖੋਜਕਰਤਾ ਐਲਾਨਿਆ ਗਿਆ।ਸਮਾਪਤੀ ਸਮਾਰੋਹ ਵਿੱਚ ਉੱਪ-ਕੁਲਪਤੀ ਪ੍ਰੋ. (ਡਾ.) ਪਰਿਤ ਪਾਲ ਸਿੰਘ ਵਿਸ਼ੇਸ਼ ਮਹਿਮਾਨ ਵਕੀਲ ਹਰਸ਼ਿਤਾ ਸ਼ਰਮਾ, ਰਜਿਸਟਰਾਰ ਪ੍ਰੋ. (ਡਾ.) ਤੇਜਬੀਰ ਸਿੰਘ, ਯੂਨੀਵਰਸਿਟੀ ਸਕੂਲ ਆਫ਼ ਲਾਅ ਦੇ ਮੁਖੀ ਤੇ ਡੀਨ ਪ੍ਰੋ. ਕੌਸ਼ਲ, ਮੂਟ ਕੋਰਟ ਪ੍ਰਬੰਧਕ ਡਾ. ਨਵਨੀਤ ਕੌਰ, ਜੱਜ ਸਾਹਿਬਾਨ, ਅਧਿਆਪਕ ਤੇ ਵਿਦਿਆਰਥੀ ਹਾਜ਼ਰ ਸਨ।

## ਨਸ਼ੇ ਤੇ ਗੈਂਗਸਟਰਵਾਦ ਨੇ ਪੰਜਾਬ ਦੀ ਸ਼ਾਂਤੀ ਨੂੰ ਲਾਈ ਸੰਨ੍ਹ : ਕਮਲਜੀਤ ਚੱਕਾ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਕਾਂਗਰਸ ਦੇ ਸੀਨੀਅਰ ਆਗੂ ਕਮਲਜੀਤ ਸਿੰਘ ਚੱਕਾ ਨੇ ਪੰਜਾਬ ਦੀ 'ਆਪ' ਸਰਕਾਰ 'ਤੇ ਤਿੱਖੇ ਹਮਲੇ ਕਰਦਿਆਂ ਦੋਸ਼ ਲਾਇਆ ਕਿ ਸੂਬੇ ਅੰਦਰ ਅਮਨ-ਕਾਨੂੰਨ ਦੀ ਸਥਿਤੀ ਲਗਾਤਾਰ ਵਿਗੜ ਰਹੀ ਹੈ।ਉਨ੍ਹਾਂ ਕਿਹਾ ਕਿ ਨਸ਼ਾ, ਗੈਂਗਸਟਰਵਾਦ ਅਤੇ ਫਿਰੌਤੀਆਂ ਮੰਗਣ ਦੀਆਂ ਘਟਨਾਵਾਂ ਕਾਰਨ ਆਮ ਲੋਕਾਂ ਵਿੱਚ ਡਰ ਦਾ ਮਾਹੌਲ ਬਣਿਆ ਹੋਇਆ ਹੈ। ਚੱਕਾ ਨੇ ਕਿਹਾ ਕਿ ਸਰਕਾਰ ਬਣਨ ਸਮੇਂ 'ਆਪ' ਆਗੂਆਂ ਵੱਲੋਂ ਪੰਜਾਬ ਵਿੱਚੋਂ ਨਸ਼ਾ ਖ਼ਤਮ ਕਰਨ ਦੇ ਵੱਡੇ ਦਾਅਵੇ ਕੀਤੇ ਗਏ ਸਨ, ਪਰ ਅੱਜ ਵੀ ਨਸ਼ੇ ਦੀ ਸਮੱਸਿਆ ਗੰਭੀਰ ਬਣੀ ਹੋਈ ਹੈ। ਉਨ੍ਹਾਂ ਦੋਸ਼ ਲਾਇਆ ਕਿ ਨਸ਼ਾ ਘਰ-ਘਰ ਤੱਕ ਪਹੁੰਚਣ ਕਾਰਨ ਨੌਜਵਾਨ ਪੀੜ੍ਹੀ ਪ੍ਰਭਾਵਿਤ ਹੋ ਰਹੀ ਹੈ ਅਤੇ ਪਰਿਵਾਰ ਚਿੰਤਤ ਹਨ।ਉਨ੍ਹਾਂ ਕਿਹਾ ਕਿ ਅਮਨ-ਕਾਨੂੰਨ ਦੀ ਸਥਿਤੀ ਦਾ ਅੰਦਾਜ਼ਾ ਇਸ ਗੱਲ ਤੋਂ ਲਗਾਇਆ ਜਾ ਸਕਦਾ ਹੈ ਕਿ ਲੋਕ ਆਪਣੇ ਘਰਾਂ ਵਿੱਚ ਵੀ ਆਪਣੇ ਆਪ ਨੂੰ ਸੁਰੱਖਿਅਤ ਮਹਿਸੂਸ ਨਹੀਂ ਕਰ ਰਹੇ।ਉਨ੍ਹਾਂ ਬੀਤੇ ਦਿਨੀਂ ਪਿੰਡ ਫਰਵਾਹੀ ਵਿਖੇ ਪੰਜਾਬੀ ਗਾਇਕ ਗੁਲਾਬ ਸਿੱਧੂ ਦੇ ਘਰ 'ਤੇ ਹੋਈ ਗੋਲੀਬਾਰੀ ਦੀ ਘਟਨਾ ਦਾ ਜ਼ਿਕਰ ਕਰਦਿਆਂ ਕਿਹਾ ਕਿ ਅਜਿਹੀਆਂ ਘਟਨਾਵਾਂ ਲੋਕਾਂ ਵਿੱਚ ਡਰ ਅਤੇ ਸਹਿਮ ਪੈਦਾ ਕਰਦੀਆਂ ਹਨ।ਕਾਂਗਰਸੀ ਆਗੂ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਵਿੱਚ ਅਮਨ-ਸ਼ਾਂਤੀ ਬਰਕਰਾਰ ਰੱਖਣ ਵਿੱਚ ਅਸਫਲ ਰਹੀ ਹੈ।

ਉਨ੍ਹਾਂ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਪਾਰਟੀ ਆਪਣੇ ਦਮ 'ਤੇ ਸਰਕਾਰ ਬਣਾਏਗੀ ਅਤੇ ਮੌਜੂਦਾ ਸਰਕਾਰ ਦੀਆਂ ਕਥਿਤ ਵਧੀਕੀਆਂ ਦਾ ਹਿਸਾਬ ਲਿਆ ਜਾਵੇਗਾ।

# ਕਈ ਪਰਵਾਰ ਕਾਂਗਰਸ ਤੇ ਆਪ ਛੱਡ ਕੇ ਹੋਏ ਅਕਾਲੀ ਦਲ 'ਚ ਸ਼ਾਮਲ



**ਮੋਗਾ (ਇਕਬਾਲ ਸਿੰਘ ਖਹਿਰਾ)**-ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਹਲਕਾ ਮੋਗਾ ਦੇ ਇੰਚਾਰਜ ਸੰਜੀਤ ਸਿੰਘ ਸੰਨੀ ਗਿੱਲ ਨੇ ਪਿੰਡ ਮਹੇਸਰੀ ਸੰਧੂਆਂ ਵਿਖੇ ਵਰਕਰਾਂ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ।ਇਸ ਮੌਕੇ ਉਨ੍ਹਾਂ ਨਾਲ ਸਰਕਲ ਪ੍ਰਧਾਨ ਮਾਸਟਰ ਗੁਰਦੀਪ ਸਿੰਘ ਮਹੇਸਰੀ, ਸੀਨੀਅਰ ਆਗੂ ਬੂਟਾ ਸਿੰਘ ਦੌਲਤਪੁਰਾ, ਕੁਲਦੀਪ ਸਿੰਘ ਜੋਗੇਵਾਲਾ ਸੀਨੀਅਰ ਆਗੂ, ਬਲਜੀਤ ਸਿੰਘ ਡਰੋਲੀ ਭਾਈ ਹਲਕਾ ਇੰਚਾਰਜ ਐੱਸ ਸੀ ਵਿੰਗ, ਬਲਜਿੰਦਰ ਸਿੰਘ ਥੰਮਣ ਵਾਲਾ ਤੇ ਸੁਖਜੀਵਨ ਸਿੰਘ ਖਾਲਸਾ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਮੀਟਿੰਗ ਦੌਰਾਨ ਪਿੰਡ ਦੇ ਵੱਖ ਵੱਖ ਪਰਵਾਰ ਕਾਂਗਰਸ ਤੇ ਆਪ ਪਾਰਟੀ ਛੱਡ ਕੇ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋ ਗਏ।ਉਨ੍ਹਾਂ ਨੂੰ ਪਾਰਟੀ ਵਿੱਚ ਸ਼ਾਮਲ ਕਰਨ ਸਮੇਂ ਸੰਨੀ ਗਿੱਲ ਨੇ ਜਿੱਥੇ ਉਨ੍ਹਾਂ ਦਾ ਸਵਾਗਤ ਕੀਤਾ, ਉੱਥੇ ਉਨ੍ਹਾਂ ਕਿਹਾ ਕਿ ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ ਨੂੰ ਬਣਦਾ ਮਾਣ ਸਤਿਕਾਰ ਦਿੱਤਾ ਜਾਵੇਗਾ।

ਇਸ ਮੌਕੇ ਸੰਜੀਤ ਸਿੰਘ ਸੰਨੀ ਗਿੱਲ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਪਰਵਾਰ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ ਅਤੇ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਸਮੇਂ ਹੋਏ ਵਿਕਾਸ ਤੇ ਹਰ ਵਰਗ ਨੂੰ ਦਿੱਤੀਆਂ ਸਹੂਲਤਾਂ ਸਦਕਾ ਹੁਣ ਲੋਕ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋ ਰਹੇ ਹਨ।ਉਨ੍ਹਾਂ ਕਿਹਾ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣੇਗੀ ਤੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਪੰਜਾਬ ਦੇ ਮੁੱਖ ਮੰਤਰੀ ਹੋਣਗੇ।ਉਨ੍ਹਾਂ ਆਗੂਆਂ ਤੇ ਵਰਕਰਾਂ ਨੂੰ ਅਪੀਲ ਕੀਤੀ ਕਿ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਨ ਦਾ ਬਿਗਲ ਵੱਜ ਚੁੱਕਿਆ ਹੈ ਤੇ ਸਾਲ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਹੁਣੇ ਤੋਂ ਹੀ ਕਮਰਕੱਸੇ ਕੀਤੇ ਜਾਣ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਰਛਪਾਲ ਸਿੰਘ ਨੰਬਰਦਾਰ, ਕੇਵਲ ਸਿੰਘ ਨੰਬਰਦਾਰ, ਬਲਵਿੰਦਰ ਸਿੰਘ ਨੰਬਰਦਾਰ, ਅੰਗਰੇਜ਼ ਸਿੰਘ ਭੋਲਾ ਮੈਂਬਰ, ਨਾਇਬ ਸਿੰਘ ਸਾਬਕਾ ਪੰਚ, ਜਗਤਾਰ ਸਿੰਘ ਸਾਬਕਾ ਪੰਚ, ਜੋਗਿੰਦਰ ਸਿੰਘ ਸਾਬਕਾ ਪੰਚ, ਅਮਰਜੀਤ ਸਿੰਘ ਪ੍ਰਧਾਨ, ਆਤਮਾ ਸਿੰਘ ਪ੍ਰਧਾਨ, ਸਮਸੇਰ ਸਿੰਘ ਪੱਪਾ, ਟਹਿਲ ਸਿੰਘ, ਯੂਥ ਵਿੰਗ ਤੋਂ ਸੋਨੂੰ ਸੰਘਾ, ਦਿਆਲ ਸਿੰਘ ਤੇ ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ ਵਿੱਚ ਗੁਰਜੰਟ ਸਿੰਘ, ਗੁਰਨਾਮ ਸਿੰਘ, ਦਰਸ਼ਨ ਸਿੰਘ, ਕੇਵਲ ਸਿੰਘ ਤੇ ਪਰਵਾਰ, ਅਜਾਇਬ ਸਿੰਘ ਤੇ ਪਰਿਵਾਰ, ਕੇਵਲ ਸਿੰਘ ਭਾਊ, ਕੁਲਦੀਪ ਕੌਰ ਆਦਿ ਹਾਜ਼ਰ ਸਨ।

# ਸਨੌਰ ਤੋਂ ਸੈਂਕੜੇ ਵਰਕਰ ਚੰਡੀਗੜ੍ਹ ਧਰਨੇ 'ਚ ਹੋਏ ਸ਼ਾਮਲ



**ਪਟਿਆਲਾ/ਸਨੌਰ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਕਾਂਗਰਸ ਵੱਲੋਂ ਪੰਜਾਬ ਕਾਂਗਰਸ ਦੇ ਇੰਚਾਰਜ ਸਚਿਨ ਪਾਇਲਟ ਦੀ ਅਗਵਾਈ ਹੇਠ ਗੁਲਜ਼ਾਰ ਦੀ ਮੌਤ ਲਈ ਜ਼ਿਮੇਵਾਰ ਮੰਤਰੀ ਹਰਪਾਲ ਚੀਮਾ ਵਿਰੁੱਧ ਐੱਫ ਆਈ ਆਰ ਦਰਜ ਕਰਨ ਕਰਨ ਲਈ ਕੀਤੇ ਗਏ ਰੋਸ ਪ੍ਰਦਰਸ਼ਨ 'ਚ ਸ਼ਾਮਲ ਹੋਣ ਲਈ ਸੀਨੀਅਰ ਕਾਂਗਰਸ ਦੇ ਸੀਨੀਅਰ ਆਗੂ ਬਲਿਹਾਰ ਸਿੰਘ ਸਮਸਪੁਰ ਤੇ ਯੂਥ ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਅਰਸ਼ਦੀਪ ਸਿੰਘ ਦੀ ਅਗਵਾਈ ਹੇਠ ਸਨੌਰ ਵਿਧਾਨ ਸਭਾ ਹਲਕੇ ਤੋਂ ਸੈਂਕੜੇ ਸਾਥੀਆਂ ਸਮੇਤ ਕਾਫਲੇ ਸਮੇਤ ਸ਼ਾਮਲ ਹੋਏ। ਇਸ ਮੌਕੇ ਉਨ੍ਹਾਂ ਕਿਹਾ ਕਿ ਪੰਜਾਬ 'ਚ ਲੱਗ ਰਹੇ ਲੰਬੇ ਬਿਜਲੀ ਕੱਟਾਂ ਤੇ ਬਿਜਲੀ ਪ੍ਰਬੰਧਨ ਦੀ ਕਥਿਤ ਨਾਕਾਮੀ ਨੂੰ ਲੈ ਕੇ ਪੰਜਾਬ ਕਾਂਗਰਸ ਨੇ ਅੱਜ 'ਆਪ' ਸਰਕਾਰ ਖਿਲਾਫ ਜ਼ੋਰਦਾਰ ਹੱਲਾ ਬੋਲਿਆ।ਉਨ੍ਹਾਂ ਕਿਹਾ ਪੰਜਾਬ ਦੇ ਬਿਜਲੀ ਸੰਕਟ ਲਈ ਪੀ ਐੱਸ ਸੀ ਪੀ ਐੱਲ ਵਿੱਚ ਕਥਿਤ ਭ੍ਰਿਸ਼ਟਾਚਾਰ ਤੇ ਮਾੜੇ ਪ੍ਰਬੰਧਨ ਨੂੰ ਜ਼ਿੰਮੇਵਾਰ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਤੋਂ 7,000 ਕਰੋੜ ਰੁਪਏ ਦੀ ਸਬਸਿਡੀ ਰਾਸ਼ੀ ਦੇ ਹਿਸਾਬ ਬਾਰੇ ਵੀ ਸਵਾਲ ਕੀਤਾ ਤੇ ਕਿਹਾ ਕਿ ਪੰਜਾਬ ਦੇ ਲੋਕਾਂ ਨੂੰ ਇਹ ਜਾਣਨ ਦਾ ਪੂਰਾ ਹੱਕ ਹੈ ਕਿ ਇਹ ਵੱਡੀ ਰਕਮ ਕਿੱਥੇ ਤੇ ਕਿਸ ਤਰ੍ਹਾਂ ਖਰਚ ਕੀਤੀ ਗਈ।ਇਸ ਮੌਕੇ ਪੰਜਾਬ ਵਿੱਚ ਦਿਨੋਂ-ਦਿਨ ਵੱਧ ਰਹੇ ਗੈਂਗਸਟਰਵਾਦ, ਫਿਰੌਤੀਆਂ ਤੇ ਨਸ਼ਿਆਂ ਦੇ ਫੈਲਾਅ ਦਾ ਮੁੱਦਾ ਵੀ ਜ਼ੋਰਦਾਰ ਢੰਗ ਨਾਲ ਉਠਾਇਆ ਗਿਆ।

# ਕਾਮਰੇਡ ਨਾਹਰ ਸਿੰਘ ਦੀ ਯਾਦ 'ਚ ਵਿਚਾਰਧਾਰਕ ਸ਼ਰਧਾਂਜਲੀ ਸਮਾਗਮ

- ਵਿਗਿਆਨਕ ਯੁੱਗ 'ਚ ਅਗਾਂਹਵਧੂ ਸੋਚ ਅਪਣਾਉਣ ਦੀ ਲੋੜ : ਡਾ. ਸਿਰਸਾ



**ਮਾਨਸਾ (ਆਤਮਾ ਸਿੰਘ ਪਮਾਰ)**

ਸਾਰੀ ਉਮਰ ਇਨਕਲਾਬੀ, ਲੋਕ-ਪੱਖੀ ਤੇ ਵਿਗਿਆਨਕ ਵਿਚਾਰਧਾਰਾ ਨੂੰ ਸਮਰਪਿਤ ਰਹੇ ਕਾਮਰੇਡ ਨਾਹਰ ਸਿੰਘ ਦੀ ਯਾਦ 'ਚ ਉਨ੍ਹਾਂ ਦੇ ਪਰਿਵਾਰ ਵੱਲੋਂ ਰਵਾਇਤੀ ਭੋਗ ਦੀ ਥਾਂ ਇੱਕ ਵਿਚਾਰਧਾਰਕ ਸ਼ਰਧਾਂਜਲੀ ਸਮਾਗਮ ਕਰਵਾਇਆ ਗਿਆ।ਕਾਮਰੇਡ ਨਾਹਰ ਸਿੰਘ ਨੇ ਨਾ ਸਿਰਫ਼ ਖ਼ੁਦ ਅਗਾਂਹਵਧੂ ਵਿਚਾਰਾਂ ਨੂੰ ਆਪਣੇ ਜੀਵਨ ਦਾ ਆਧਾਰ ਬਣਾਇਆ,ਸਗੋਂ ਆਪਣੇ ਪਰਿਵਾਰ ਅੰਦਰ ਵੀ ਤਰਕਸ਼ੀਲਤਾ, ਜਮਹੂਰੀਅਤ, ਸਾਹਿਤ ਤੇ ਵਿਗਿਆਨਕ ਸੋਚ ਦਾ ਮਾਹੌਲ ਸਿਰਜਿਆ।ਪਰਿਵਾਰ ਵੱਲੋਂ ਉਨ੍ਹਾਂ ਦੀ ਸੋਚ 'ਤੇ ਪਹਿਰਾ ਦਿੰਦਿਆਂ ਸਮਾਜਿਕ ਰੂੜ੍ਹੀਆਂ ਤੇ ਰਵਾਇਤੀ ਰਸਮਾਂ ਤੋਂ ਹਟ ਕੇ ਕਰਵਾਇਆ ਗਿਆ ਇਹ ਸਮਾਗਮ ਆਪਣੇ-ਆਪ 'ਚ ਨਿਵੇਕਲੀ ਮਿਸਾਲ ਬਣ ਗਿਆ ਸਮਾਗਮ ਦੌਰਾਨ ਵੱਖ-ਵੱਖ ਜਨਤਕ, ਸਾਹਿਤਕ, ਤਰਕਸ਼ੀਲ ਤੇ ਜਮਹੂਰੀ ਜਥੇਬੰਦੀਆਂ ਦੇ ਆਗੂਆਂ ਨੇ ਕਾਮਰੇਡ ਨਾਹਰ ਸਿੰਘ ਦੇ ਸੰਘਰਸ਼ਮਈ ਜੀਵਨ, ਮਿਲਾਪੜੇ ਸੁਭਾਅ ਅਤੇ ਸਮਾਜ ਪ੍ਰਤੀ ਉਨ੍ਹਾਂ ਦੀ ਵਚਨਬੱਧਤਾ ਨੂੰ ਯਾਦ ਕੀਤਾ।ਬੁਲਾਰਿਆਂ ਨੇ ਕਿਹਾ ਕਿ ਨਾਹਰ ਸਿੰਘ ਨੂੰ ਸੱਚੀ ਸ਼ਰਧਾਂਜਲੀ ਉਨ੍ਹਾਂ ਦੀ ਇਨਕਲਾਬੀ ਅਤੇ ਲੋਕ-ਪੱਖੀ ਵਿਚਾਰਧਾਰਾ ਨੂੰ ਅੱਗੇ ਵਧਾਉਣਾ ਤੇ ਸਮਾਜ 'ਚ ਤਰਕਸ਼ੀਲ ਤੇ ਵਿਗਿਆਨਕ ਸੋਚ ਦਾ ਪਸਾਰ ਕਰਨਾ ਹੋਵੇਗੀ। ਤਰਕਸ਼ੀਲ ਸੁਸਾਇਟੀ ਦੇ ਆਗੂ ਬਲਰਾਜ ਸਿੰਘ ਮੌੜ ਨੇ ਕਿਹਾ ਕਿ ਕਾਮਰੇਡ ਨਾਹਰ ਸਿੰਘ ਨੇ ਆਪਣੇ ਪਰਿਵਾਰ ਨੂੰ ਤਰਕਸ਼ੀਲਤਾ ਤੇ ਵਿਗਿਆਨਕ ਵਿਚਾਰਾਂ ਦੇ ਰਾਹ ਤੋਰਿਆ।ਸੀਪੀਆਈ ਦੇ ਜ਼ਿਲ੍ਹਾ ਜਨਰਲ ਸਕੱਤਰ ਕ੍ਰਿਸ਼ਨ ਚੌਹਾਨ ਨੇ ਕਾਮਰੇਡ ਕਿਹਾ ਕਿ ਨਾਹਰ ਸਿੰਘ ਦੁਆਰਾ ਸੀਪੀਆਈ ਦੇ ਵਰਕਰ ਵਜੋਂ ਨਿਭਾਈ ਭੂਮਿਕਾ ਤੇ ਓਹਨਾਂ ਦੇ ਜੀਵਨ ਤੋਂ ਪ੍ਰੇਰਨਾ ਲੈ ਕੇ ਲੋਕ-ਪੱਖੀ ਸਿਆਸਤ ਨੂੰ ਅੱਗੇ ਤੋਰਨ ਦੀ ਗੱਲ ਕੀਤੀ।ਪੁੱਤਰ ਅਮਰਿੰਦਰ ਤੇ ਨੂੰਹ ਰਮਨਦੀਪ ਵੱਲੋਂ ਪਿਤਾ ਪ੍ਰਤੀ ਆਪਣੀਆਂ ਭਾਵਨਾਵਾਂ ਦਾ ਇਜ਼ਹਾਰ ਕੀਤਾ ਗਿਆ ਤੇ ਪਰਿਵਾਰ ਅੰਦਰ ਜਮਹੂਰੀ ਮਾਹੌਲ ਸਿਰਜਣ 'ਚ ਉਨ੍ਹਾਂ ਦੀ ਭੂਮਿਕਾ ਬਾਰੇ ਗੱਲ ਰੱਖੀ ਗਈ।ਕਹਾਣੀਕਾਰ ਦਰਸ਼ਨ ਜੋਗਾ ਨੇ ਕਿਹਾ ਕਿ ਕਾ. ਨਾਹਰ ਸਿੰਘ ਦੀ ਬਦੌਲਤ ਹੀ ਸਮੁੱਚਾ ਪਰਿਵਾਰ ਸਾਹਿਤ ਸੱਭਿਆਚਾਰ ਨਾਲ ਜੁੜ ਕੇ ਉਨ੍ਹਾਂ ਦੇ ਵਿਚਾਰ ਨੂੰ ਅੱਗੇ ਲੈ ਕੇ ਗਿਆ।ਕਾਮਰੇਡ ਅਵਤਾਰ ਸਿੰਘ ਵੱਲੋਂ ਮੌਜੂਦਾ ਸਮਾਜਿਕ ਪਰਿਪੇਖ ਅੰਦਰ ਇਨਕਲਾਬੀ ਖੇਮੇ ਦੇ ਬੈਕਫੁੱਟ 'ਤੇ ਜਾਣ ਤੇ ਲੋਕ-ਵਿਰੋਧੀ ਤਾਕਤਾਂ ਦੁਆਰਾ ਕਮਿਊਨਿਸਟਾਂ ਦੇ ਢੰਗ-ਤਰੀਕਿਆਂ ਨੂੰ ਆਪਣਾ ਕੇ ਸਮਾਜ ਅੰਦਰ ਆਪਣੀ ਸਥਿਤੀ ਨੂੰ ਮਜ਼ਬੂਤ ਬਣਾਉਣ ਦੀ ਗੱਲ ਕੀਤੀ।ਜਗਦੇਵ ਸਿੰਘ ਚਕੇਰੀਆਂ ਵੱਲੋਂ ਕਾਮਰੇਡ ਨਾਲ਼ ਮਿੱਤਰਤਾ, ਉਨ੍ਹਾਂ ਦੇ ਜੀਵਨ ਤੇ ਮਿਲਾਪੜੇ ਸੁਭਾਅ ਬਾਰੇ ਆਪਣੇ ਅਨੁਭਵ ਸਾਂਝੇ ਕੀਤੇ ਗਏ।

ਸੀਪੀਆਈ ਲਿਬਰੇਸ਼ਨ ਵੱਲੋਂ ਕਾਮਰੇਡ ਸੁਖਦਰਸ਼ਨ ਨੱਤ ਨੇ ਕਿਹਾ ਕਿ ਅੱਜ ਸਮਾਜ ਅੰਦਰ ਫਾਸਿਸਟ ਤਾਕਤਾਂ ਬਹੁਤ ਤੇਜ਼ੀ ਨਾਲ ਉੱਭਰ ਰਹੀਆਂ ਹਨ।ਉਨ੍ਹਾਂ ਖ਼ਿਲਾਫ਼ ਇਨਸਾਫ ਦੀ ਲੜਾਈ ਲੜਨ ਲਈ ਕਾ. ਨਾਹਰ ਸਿੰਘ ਵਰਗੀਆਂ ਸ਼ਖ਼ਸੀਅਤਾਂ ਤੋਂ ਰੌਸ਼ਨੀ ਲੈਣ ਦੀ ਲੋੜ ਹੈ।'ਤਰਕਸ਼' ਮੈਗਜ਼ੀਨ ਦੇ ਸੰਪਾਦਕ ਇਨਜਿੰਦਰ ਨੇ ਕਾਮਰੇਡ ਦੇ ਕਹਿਣੀ ਤੇ ਕਰਨੀ 'ਚ ਇੱਕ ਹੋਣ, ਪਰਿਵਾਰ ਅੰਦਰ ਇੱਕ ਸੁਖਾਵਾਂ ਡੈਮੋਕ੍ਰੇਟਿਕ ਮਾਹੌਲ ਸਿਰਜਣ 'ਚ ਉਨ੍ਹਾਂ ਦੀ ਭੂਮਿਕਾ ਤੇ ਉਨ੍ਹਾਂ ਦੇ ਸਿਰੜ ਤੋਂ ਸੇਧ ਲੈ ਕੇ ਮੌਜੂਦਾ ਸਰਮਾਏਦਾਰਾ ਪ੍ਰਬੰਧ ਵਿਰੁੱਧ ਤਿੱਖੀ ਲੜਾਈ ਲੜਨ ਦਾ ਅਹਿਦ ਲੈਣ ਦੀ ਗੱਲ ਕੀਤੀ। ਡਾਕਟਰ ਚੇਤ ਸਿੰਘ ਨੇ ਪਰਿਵਾਰ ਨਾਲ਼ ਆਪਣੇ ਲੰਮੇ ਸਮੇਂ ਦੇ ਤਜਰਬੇ ਨੂੰ ਸਾਂਝਾ ਕੀਤਾ।

ਕੁੱਲ ਹਿੰਦ ਪ੍ਰਗਤੀਸ਼ੀਲ ਸਭਾ ਦੇ ਕੌਮੀ ਪ੍ਰਧਾਨ ਸੁਖਦੇਵ ਸਿੰਘ ਸਿਰਸਾ ਨੇ ਇਸ ਤਰ੍ਹਾਂ ਦੇ ਸ਼ਰਧਾਂਜਲੀ ਸਮਾਗਮਾਂ ਤੋਂ ਪ੍ਰੇਰਨਾ ਲੈਣ ਦੀ ਗੱਲ ਕਰਦਿਆਂ ਕਿਹਾ ਕਿ ਅਜਿਹੇ ਵਿਗਿਆਨਕ ਸਮਾਗਮਾਂ ਦੀ ਵਿਆਪਕ ਪੱਧਰ 'ਤੇ ਲੋੜ ਹੈ ਤਾਂ ਜੋ ਸਮਾਜ ਅੰਦਰ ਜੜ੍ਹਾਂ ਫੈਲਾਈ ਬੈਠੀ ਗ਼ੈਰ-ਵਿਗਿਆਨਿਕਤਾ ਦੇ ਜਮੂਦ ਨੂੰ ਤੋੜਿਆ ਜਾ ਸਕੇ।ਸਮਾਗਮ ਦੇ ਅਖੀਰ 'ਚ ਧੀ ਕਵਿੱਤਰੀ ਨਰਿੰਦਰਪਾਲ ਕੌਰ ਨੇ ਪਿਤਾ ਪ੍ਰਤੀ ਆਪਣੇ ਵਲਵਲਿਆਂ ਨੂੰ ਕਵਿਤਾ ਜਿਹੇ ਸ਼ਬਦਾਂ 'ਚ ਬਿਆਨ ਕੀਤਾ ਤੇ ਆਏ ਹੋਏ ਦੋਸਤਾਂ-ਮਿੱਤਰਾਂ, ਰਿਸ਼ਤੇਦਾਰਾਂ ਅਤੇ ਜੱਥੇਬੰਦਕ ਆਗੂਆਂ ਦਾ ਧੰਨਵਾਦ ਕੀਤਾ।ਮੰਚ ਸੰਚਾਲਨ ਦੀ ਜ਼ਿੰਮੇਵਾਰੀ ਕਵੀ ਰਾਜਵਿੰਦਰ ਮੀਰ ਵੱਲੋਂ ਨਿਭਾਈ ਗਈ।

## ਮਿਮਿਟ 'ਚ ਬੀ ਸੀ ਏ, ਬੀ ਬੀ ਏ ਤੇ ਐੱਮ ਬੀ ਏ ਵਿਭਾਗ ਵੱਲੋਂ ਫਰੈਸ਼ਰ ਪਾਰਟੀ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)**-ਪੰਜਾਬ ਸਰਕਾਰ ਦੁਆਰਾ ਸਥਾਪਤ ਸੰਸਥਾ ਮਲੋਟ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਇਨਫਰਮੇਸ਼ਨ ਟੈਕਨੋਲਜੀ ਮਿਮਿਟ ਮਲੋਟ ਵਿਖੇ ਬੀ ਬੀ ਏ, ਬੀ ਸੀ ਏ, ਐੱਮ ਬੀ ਏ ਵਿਭਾਗਾਂ ਦੇ ਦੂਜੇ ਸਾਲ ਦੇ ਵਿਦਿਆਰਥੀਆਂ ਵੱਲੋਂ ਨਵੇਂ ਦਾਖਲ ਹੋਏ ਵਿਦਿਆਰਥੀਆਂ ਦੇ ਸਵਾਗਤ ਲਈ ਇਕ ਫਰੈਸ਼ਰ ਪਾਰਟੀ ਦਾ ਆਯੋਜਨ ਕੀਤਾ ਗਿਆ। ਇਸ ਫਰੈਸ਼ਰ ਪਾਰਟੀ ਬਾਰੇ ਜਾਣਕਾਰੀ ਦਿੰਦੇ ਹੋਏ ਐੱਮਬੀਏ ਵਿਭਾਗ ਮੁਖੀ ਡਾ. ਜੀਵਨ ਜੋਤੀ ਮੈਣੀ ਤੇ ਬੀਬੀ ਵਿਭਾਗ ਮੁਖੀ ਡਾ. ਰਜਿੰਦਰ ਕੌਰ ਨੇ ਦੱਸਿਆ ਕਿ ਇਸ ਫਰੈਸ਼ਰ ਪਾਰਟੀ ਦਾ ਨਾਮ ਮੌਸਿਕ ਰੱਖਿਆ ਗਿਆ। ਸਮਾਗਮ ਵਿੱਚ ਦੂਜੇ ਸਾਲ ਦੇ ਵਿਦਿਆਰਥੀਆਂ ਨੇ ਵੱਖ-ਵੱਖ ਸੱਭਿਆਚਾਰਕ ਵੰਨਗੀਆਂ ਤੇ ਮਨੋਰੰਜਕ ਗਤੀਵਿਧੀਆਂ ਰਾਹੀਂ ਵਿਦਿਆਰਥੀਆਂ ਨੂੰ ਆਪਣੇ ਸੱਭਿਆਚਾਰ ਨਾਲ ਜੋੜਿਆ। ਇੱਥੇ ਇਹ ਵਿਸ਼ੇਸ਼ ਹੈ ਕਿ ਨਵੇਂ ਵਿਦਿਆਰਥੀ ਨੂੰ ਆਪਣੇ ਸੀਨੀਅਰ ਤੇ ਸਹਿਯੋਗੀਆਂ ਨਾਲ ਜਾਣ ਪਹਿਚਾਣ ਕਰਨ ਦਾ ਇੱਕ ਸੁਹਾਵਣਾ ਤੇ ਮਿਲਵਰਤਨ ਵਾਲਾ ਮੌਕਾ ਦਿੱਤਾ ਗਿਆ। ਇਸ ਪ੍ਰੋਗਰਾਮ ਵਿੱਚ ਸੰਸਥਾ ਦੇ ਡਾਇਰੈਕਟਰ ਡਾ. ਅਸ਼ਵਨੀ ਕੁਮਾਰ ਬਾਂਸਲ ਵਿਸ਼ੇਸ਼ ਮਹਿਮਾਨ ਦੇ ਰੂਪ ਵਿੱਚ ਸ਼ਾਮਲ ਹੋਏ। ਉਨ੍ਹਾਂ ਨੇ ਨਵੇਂ ਦਾਖਲ ਹੋਏ ਵਿਦਿਆਰਥੀਆਂ ਦਾ ਭਰਵਾਂ ਸਵਾਗਤ ਕੀਤਾ ਤੇ ਵਿਦਿਆਰਥੀਆਂ ਨੂੰ ਅਕੈਡਮਿਕ ਸਫਲਤਾ ਦੇ ਨਾਲ ਨਾਲ ਸਰਬਪੱਖੀ ਵਿਕਾਸ ਲਈ ਸ਼ੁੱਭ-ਕਾਮਨਾਵਾਂ ਤੇ ਆਸ਼ੀਰਵਾਦ ਦਿੱਤਾ।

ਵਿਦਿਆਰਥੀਆਂ ਨੂੰ ਵੱਖ ਵੱਖ ਪਹਿਲੂਆਂ ਤੋਂ ਪਰਖਦੇ ਹੋਏ ਮਿਸਟਰ ਫਰੈਸ਼ਰ ਤੇ ਮਿਸ ਫਰੈਸ਼ਰ ਦੇ ਖਿਤਾਬ ਕ੍ਰਮਵਾਰ ਬੀਸੀਏ ਵਿਭਾਗ ਤੋਂ ਖੁਸ਼ਾਂਤ ਕੁਮਾਰ ਤੇ ਹਰਸਿਮਰਨ ਕੌਰ, ਬੀ ਬੀ ਏ ਵਿਭਾਗ ਤੋਂ ਸ਼ਰਨ ਚਰਾਇਆ ਤੇ ਡੋਲੀ ਬਾਈ ਅਤੇ ਐੱਮਬੀਏ ਵਿਭਾਗ ਤੋਂ ਸਹਿਜ ਸੱਚਦੇਵਾ ਤੇ ਰੀਆ ਨੇ ਜਿੱਤੇ। ਮਿਸਟਰ ਕੋਨਫੀਡੈਂਟ ਤੇ ਮਿਸ ਕੋਨਫੀਡੈਂਟ ਦੇ ਖਿਤਾਬ ਕ੍ਰਮਵਾਰ ਅੰਕੁਸ਼ ਤੇ ਪਰਮ ਪਾਲ ਕੌਰ ਨੇ ਜਿੱਤੇ, ਜਦਕਿ ਲਵਪ੍ਰੀਤ ਸਿੰਘ ਤੇ ਯਸ਼ਕਾ ਨੂੰ ਕ੍ਰਮਵਾਰ ਮਿਸਟਰ ਹੈਂਡਸਮ ਤੇ ਮਿਸਚਾਰਿੰਗ ਦੇ ਕਿਤਾਬਾਂ ਨਾਲ ਸਨਮਾਨਤ ਕੀਤਾ ਗਿਆ। ਇਸ ਪ੍ਰੋਗਰਾਮ ਵਿੱਚ ਵੱਖ ਵੱਖ ਵਿਭਾਗਾਂ ਦੇ ਮੁਖੀਆਂ ਨੇ ਵੀ ਸ਼ਿਰਕਤ ਕੀਤੀ।

## ਬਾਰਸ਼ਾਂ ਨਾਲ ਨੁਕਸਾਨੇ ਮਕਾਨਾਂ ਦੀ ਮੁਰੰਮਤ ਲਈ ਚੈੱਕ ਵੰਡੇ



**ਗਿੱਦੜਬਾਹਾ (ਜਸਵੰਤ ਗਿੱਲ ਛੋਟਿਆਨਾ)**-ਹਲਕਾ ਗਿੱਦੜਬਾਹਾ ਦੇ ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਦੀ ਅਗਵਾਈ ਹੇਠ ਬਲਾਕ ਵਿਕਾਸ ਤੇ ਪੰਚਾਇਤ ਅਫਸਰ (ਬੀ.ਡੀ.ਪੀ.ਓ.) ਦਫ਼ਤਰ ਗਿੱਦੜਬਾਹਾ ਵਿਖੇ ਇੱਕ ਸਮਾਗਮ ਦੌਰਾਨ ਆਮ ਆਦਮੀ ਪਾਰਟੀ ਦੇ ਆਗੂ ਸੰਦੀਪ ਸਿੰਘ ਸਨੀ ਢਿੱਲੋਂ ਵੱਲੋਂ ਬਾਰਿਸ਼ਾਂ ਦੌਰਾਨ ਨੁਕਸਾਨੇ ਗਏ ਮਕਾਨਾਂ ਦੀ ਮੁਰੰਮਤ ਲਈ ਲਾਭਪਾਤਰੀਆਂ ਨੂੰ ਕਰੀਬ 37 ਲੱਖ ਰੁਪਏ ਦੇ ਚੈੱਕ ਤਕਸੀਮ ਕੀਤੇ ਗਏ।ਇਸ ਮੌਕੇ ਸਨੀ ਢਿੱਲੋਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕੁਦਰਤੀ ਆਫ਼ਤਾਂ ਤੇ ਬਾਰਿਸ਼ਾਂ ਕਾਰਨ ਪ੍ਰਭਾਵਿਤ ਹੋਏ ਲੋਕਾਂ ਦੀ ਮਦਦ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਨੁਕਸਾਨੇ ਮਕਾਨਾਂ ਦੀ ਮੁਰੰਮਤ ਲਈ ਦਿੱਤੀ ਜਾ ਰਹੀ ਇਹ ਸਹਾਇਤਾ ਪ੍ਰਭਾਵਿਤ ਪਰਿਵਾਰਾਂ ਲਈ ਵੱਡੀ ਰਾਹਤ ਹੈ।ਉਨ੍ਹਾਂ ਇਸ ਸਹਾਇਤਾ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਪੰਜਾਬ ਸਰਕਾਰ ਦਾ ਧੰਨਵਾਦ ਵੀ ਕੀਤਾ।ਉਨ੍ਹਾਂ ਕਿਹਾ ਕਿ ਸਰਕਾਰ ਦੀ ਕੋਸ਼ਿਸ਼ ਹੈ ਕਿ ਲੋਕਾਂ ਨੂੰ ਕਿਸੇ ਵੀ ਮੁਸ਼ਕਲ ਸਮੇਂ ਵਿੱਚ ਇਕੱਲਾ ਨਾ ਛੱਡਿਆ ਜਾਵੇ ਤੇ ਲੋੜਵੰਦ ਪਰਵਾਰਾਂ ਤੱਕ ਸਰਕਾਰੀ ਸਹਾਇਤਾ ਪਹੁੰਚਾਈ ਜਾਵੇ।ਚੈੱਕ ਪ੍ਰਾਪਤ ਕਰਨ ਵਾਲੇ ਲਾਭਪਾਤਰੀਆਂ ਨੇ ਵੀ ਸਰਕਾਰ ਤੇ ਹਲਕਾ ਵਿਧਾਇਕ ਦਾ ਧੰਨਵਾਦ ਕੀਤਾ।

# ਹਰਿਆਣਾ ਸਾਹਿਤ ਤੇ ਸੰਸਕ੍ਰਿਤੀ ਅਕਾਦਮੀ ਵੱਲੋਂ ਹਰਭਜਨ ਸੇਲਬਰਾਹ ਦਾ ਸਨਮਾਨ ਭਲਕੇ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**- ਪਿੰਡ ਸੇਲਬਰਾਹ ਦੇ ਜੰਮਪਲ ਤੇ ਰਾਮਪੁਰਾ ਫੂਲ ਵਿਖੇ ਰਹਿ ਰਹੇ ਪ੍ਰਸਿੱਧ ਇਤਿਹਾਸਕਾਰ ਹਰਭਜਨ ਸਿੰਘ ਸੇਲਬਰਾਹ ਨੂੰ ਹਰਿਆਣਾ ਸਰਕਾਰ ਦੇ 'ਹਰਿਆਣਾ ਸਾਹਿਤ ਤੇ ਸੰਸਕ੍ਰਿਤੀ ਅਕਾਦਮੀ', ਜੋ ਕਿ ਹਰਿਆਣਾ ਸਰਕਾਰ ਦੁਆਰਾ ਸਥਾਪਤ ਇੱਕ ਖ਼ੁਦ ਮੁਖਤਿਆਰ ਸੰਸਥਾ ਹੈ, ਵੱਲੋਂ ਹਰਭਜਨ ਸਿੰਘ ਸੇਲਬਰਾਹ ਦਾ ਸਤਿਕਾਰ ਕਰਦੇ ਹੋਏ ਉਨ੍ਹਾਂ ਦੀਆਂ ਸਾਰੀਆਂ ਲਿਖਤਾਂ ਉੱਤੇ ਇਕ ਰਾਜ ਪੱਧਰੀ ਸਨਮਾਨ ਸਮਾਰੋਹ 17 ਸਤੰਬਰ ਵੀਰਵਾਰ ਨੂੰ ਪੰਚਕੂਲਾ ਵਿਖੇ ਕਰਵਾਇਆ ਜਾ ਰਿਹਾ ਹੈ, ਜਿਸ ਵਿੱਚ ਸਾਹਿਤ ਜਗਤ ਦੀਆਂ ਮਹਾਨ ਸ਼ਖਸੀਅਤਾਂ ਆਪਣੇ ਵਿਚਾਰ ਰੱਖਣਗੀਆਂ।ਵਿਦਵਾਨ ਡਾਕਟਰ ਜਸਵੰਤ ਸਿੰਘ ਤੇ ਡਾਕਟਰ ਜਗਪਾਲ ਸਿੰਘ ਉਨ੍ਹਾਂ ਉੱਤੇ ਪਰਚੇ ਪੜ੍ਹਨਗੇ, ਜਿਸ ਵਿਚ ਉਨ੍ਹਾਂ ਦੀ ਇਤਿਹਾਸਕਾਰੀ ਨੂੰ ਖਾਸ ਤੌਰ 'ਤੇ ਮਾਲਵਾ ਤੇ ਪੁਆਧ ਦੇ ਖੇਤਰਾਂ ਦੇ ਸੰਦਰਭ ਵਿੱਚ ਰੱਖ ਕੇ ਉਨ੍ਹਾਂ ਦੇ ਪਾਏ ਯੋਗਦਾਨ 'ਤੇ ਚਰਚਾ ਕੀਤੀ ਜਾਵੇਗੀ।ਉਨ੍ਹਾਂ ਨੂੰ ਇਸ ਤਰ੍ਹਾਂ ਦਾ ਰਾਜ ਪੱਧਰੀ ਸਨਮਾਨ ਮਿਲਣਾ ਇਲਾਕਾ ਨਿਵਾਸੀਆਂ ਲਈ ਬਹੁਤ ਹੀ ਮਾਣ ਵਾਲੀ ਗੱਲ ਹੈ।

14 ਦਸੰਬਰ 1952 ਨੂੰ ਪਿਤਾ ਸ੍ਰ.ਮਲਕੀਤ ਸਿੰਘ ਤੇ ਮਾਤਾ ਸ਼੍ਰੀਮਤੀ ਕਰਤਾਰ ਕੌਰ ਦੇ ਘਰ ਜਨਮੇ ਸ੍ਰ. ਹਰਭਜਨ ਸਿੰਘ ਆਪਣੇ ਤਿੰਨ ਭੈਣਾਂ ਤੇ ਤਿੰਨ ਭਰਾਵਾਂ ਵਿੱਚੋਂ ਦੂਜੇ ਨੰਬਰ 'ਤੇ ਸਨ।ਦਸਵੀਂ ਤੱਕ ਦੀ ਪੜ੍ਹਾਈ ਉਨ੍ਹਾਂ ਨੇ ਪਿੰਡ ਸੇਲਬਰਾਹ ਦੇ ਹਾਈ ਸਕੂਲ ਤੋਂ ਹੀ ਕੀਤੀ।ਫਿਰ 1969 ਤੋਂ ਲੈ ਕੇ 1973 ਤੱਕ 4 ਸਾਲ ਟੀ. ਪੀ. ਡੀ. ਮਾਲਵਾ ਕਾਲਜ ਰਾਮਪੁਰਾ ਫੂਲ ਵਿੱਚੋਂ ਬੀ ਏ ਕੀਤੀ।ਉਸ ਸਮੇਂ ਹੀ ਉਹ ਸਾਹਿਤਕ ਸਰਗਰਮੀਆਂ ਵਿੱਚ ਸਰਗਰਮ ਰਹੇ।ਖ਼ਾਸ ਤੌਰ 'ਤੇ ਕਾਲਜ ਦੀ ਜ਼ਿੰਦਗੀ ਸਮੇਂ ਉਨ੍ਹਾਂ ਦੀਆਂ ਕਾਵਿ ਰਚਨਾਵਾਂ ਤੇ ਕਹਾਣੀਆਂ ਅਕਸਰ ਉਨ੍ਹਾਂ ਸਮਿਆਂ ਦੇ ਰਸਾਲਿਆਂ ਨਾਗਮਣੀ, ਪ੍ਰੀਤਲੜੀ ਆਦਿ ਵਿੱਚ ਛਪਦੀਆਂ ਰਹੀਆਂ ਸਨ।ਉਪਰੰਤ ਉਹ ਐੱਡ. ਕਰਨ ਲਈ ਸਰਕਾਰੀ ਬੀ. ਐੱਡ. ਕਾਲਜ ਫਰੀਦਕੋਟ ਵਿੱਚ ਦਾਖਲ ਹੋ ਗਏ।ਸੰਨ 1975 ਤੋਂ 1978 ਤੱਕ ਬਿਜਲੀ ਬੋਰਡ ਵਿੱਚ ਉਹ ਦਰਜਾ ਕਲਰਕ ਦੀ ਸੇਵਾ ਨਿਭਾਈ।1978 ਵਿੱਚ ਪੱਕੇ ਤੌਰ 'ਤੇ ਸਮਾਜਿਕ ਸਿੱਖਿਆ ਅਧਿਆਪਕ ਬਣ ਗਏ ਤੇ ਵੱਖ-ਵੱਖ ਸਕੂਲਾਂ ਦੇ ਵਿੱਚ ਲਗਭਗ 32 ਸਾਲ 6 ਮਹੀਨੇ ਅਧਿਆਪਨ ਦਾ ਕਾਰਜ



ਕੀਤਾ।ਭਾਵੇਂ ਕਾਲਜ ਸਮੇਂ ਕੁੱਝ ਕਾਵਿ ਰਚਨਾਵਾਂ ਤੇ ਕਹਾਣੀਆਂ ਲਿਖਦੇ ਰਹੇ, ਪਰ ਇਤਿਹਾਸਕਾਰ ਦਾ ਬਕਾਇਦਾ ਤੌਰ 'ਤੇ ਸਫ਼ਰ ਉਨ੍ਹਾਂ ਨੇ 2006 ਤੋਂ ਸ਼ੁਰੂ ਕੀਤਾ।ਸੰਨ 2010 ਵਿੱਚ ਉਨ੍ਹਾਂ ਨੇ ਮਾਲਵਾ ਇਲਾਕੇ ਦੇ ਪ੍ਰਸਿੱਧ ਇਤਿਹਾਸਕਾਰ ਸਵਰਗੀ ਸ੍. ਜਗਜੀਤ ਸਿੰਘ ਗੁਰਨੇ ਕਲਾਂ ਨੂੰ ਗੁਰੂ ਧਾਰਨ ਕੀਤਾ ਤੇ ਬਕਾਇਦਾ ਤੌਰ 'ਤੇ ਇਤਿਹਾਸ ਲਿਖਣ ਦੇ ਚਾਰ-ਪੰਜ ਸਾਲ ਲਾ ਕੇ ਗੁਣ ਗ੍ਰਹਿਣ ਕੀਤੇ।ਸੰਨ 2014 ਤੋਂ ਉਹ ਪੰਜਾਬੀ ਦੇ ਵੱਖ-ਵੱਖ ਅਖਬਾਰਾਂ ਵਿੱਚ ਲਗਾਤਾਰ ਛਪਦੇ ਰਹੇ।ਸੰਨ 2020 ਤੋਂ ਲੈ ਕੇ ਹੁਣ ਤੱਕ ਉਨ੍ਹਾਂ ਦੀਆਂ ਨੌਂ ਇਤਿਹਾਸਕ ਪੁਸਤਕਾਂ, ਜੈਤੋ ਮੋਰਚੇ ਦੇ ਬਾਨੀ ਗਿਆਨੀ ਇੰਦਰ ਸਿੰਘ ਮੌੜ, ਪਿੰਡ ਸੇਲਬਰਾਹ ਦੀ ਇਤਿਹਾਸ ਗਾਥਾ, ਭੱਟੀ ਭਾਈਚਾਰਾ (ਭੱਟੀਆਂ ਦਾ ਇਤਿਹਾਸ), ਜੀਵਨ ਗਾਥਾ ਬਾਬਾ ਮੂਲ (ਭਾਈ ਮੂਲ ਚੰਦ ਜੀ), 19ਵੀਂ ਸਦੀ ਦਾ ਮਹਾਨ ਅਣਗੌਲਿਆ ਇਤਿਹਾਸਕਾਰ ਭਾਈ ਪੰਜਾਬ ਸਿੰਘ ਬਹਿਲੋਕਾ, ਜੀਵਨ ਗਾਥਾ ਬਾਬਾ ਕਾਲੂ ਨਾਥ ਜੀ, ਸਿੱਧੂਆਂ ਦਾ ਵਡੇਰਾ ਸਿੱਧ ਤਿਲਕਰਾ ਤੇ ਹੋਰ ਲੇਖ, ਜ਼ਿਲ੍ਹਾ ਬਠਿੰਡਾ ਦੇ ਪਿੰਡਾਂ ਦਾ ਇਤਿਹਾਸ, ਅਜੇ ਸਵੇਰਾ ਦੂਰ ਹੈ (ਨਾਵਲ) ਸੰਪਾਦਕੀ ਛਪ ਚੁੱਕੀਆਂ ਹਨ।ਉਨ੍ਹਾਂ ਨੇ ਮਾਲਵੇ ਦੀ ਪੱਛਮੀ ਧੁੰਨੀ ਮੰਨੇ ਜਾਂਦੇ ਬਠਿੰਡਾ ਜ਼ਿਲ੍ਹੇ ਦੇ ਪਿੰਡਾਂ, ਵੰਸ਼ਾਂ, ਮਹਾਨ ਸ਼ਖਸੀਅਤਾਂ, ਇਤਿਹਾਸਿਕ ਘਟਨਾਵਾਂ ਨੂੰ ਦਸਤਾਵੇਜ਼ੀ ਰੂਪ ਦੇਣ ਲਈ ਲੰਮਾ ਸਮਾਂ ਅਕਾਦਮਿਕ ਖੋਜ ਕਾਰਜ ਕੀਤਾ।

ਕਮਿਊਨਿਸਟ ਵਿਚਾਰਧਾਰਾ ਦੇ ਧਾਰਨੀ ਹੋਣ ਕਰਕੇ ਉਹ ਹਰ ਗੱਲ ਨੂੰ ਤਰਕ ਦੇ ਅਧਾਰ 'ਤੇ ਪੂਰੀ ਕਸਵੱਟੀ ਲਾ ਕੇ ਪਰਖਦੇ ਹਨ ਤੇ ਫਿਰ ਹੀ ਉਸ ਬਾਰੇ ਲਿਖਦੇ ਹਨ।ਰਵਾਇਤੀ ਇਤਿਹਾਸਕਾਰੀ ਵੱਲੋਂ ਹਟ ਕੇ ਉਹ ਕਿਰਤੀਆਂ, ਮੁਜ਼ਾਰਿਆਂ, ਔਰਤਾਂ ਦੇ ਸੰਘਰਸ਼ਾਂ ਨੂੰ ਆਪਣੇ ਇਤਿਹਾਸ ਦਾ ਹਿੱਸਾ ਬਣਾਉਂਦੇ ਹਨ।ਉਹ ਖੋਜ ਕਰਦੇ ਸਮੇਂ ਬਜ਼ੁਰਗਾਂ ਦੇ ਸੀਨੇ ਵਿੱਚ ਦੱਬੀਆਂ ਯਾਦਾਂ ਤੇ ਮੌਖਿਕ ਰਵਾਇਤਾਂ ਨੂੰ ਵੀ ਇਤਿਹਾਸ ਦਾ ਸਾਧਨ ਬਣਾਉਂਦੇ ਹਨ।ਇਸ ਤਰ੍ਹਾਂ ਉਹ ਲੋਕਾਂ ਦੀਆਂ ਭਾਵਨਾਵਾਂ ਤੇ ਜੀਵਨ ਜਾਂਚ ਦੀ ਸਹੀ ਪੇਸ਼ਕਾਰੀ ਕਰਦੇ ਹਨ।ਉਹ ਇਤਿਹਾਸ ਨੂੰ ਪੇਸ਼ਕਾਰੀਆਂ ਰਾਜਘਰਾਣਿਆਂ ਤੋਂ ਬਾਹਰ ਲਿਜਾ ਕੇ ਪਿੰਡਾਂ, ਦਰਿਆਵਾਂ, ਛੱਪੜਾਂ, ਟਿੱਬਿਆਂ, ਪੁਰਾਣੇ ਰਾਹਾਂ, ਲੋਕ ਗਾਥਾਵਾਂ ਤੇ ਪੀੜ੍ਹੀ ਦਰ ਪੀੜ੍ਹੀ ਚੱਲਦੀਆਂ ਯਾਦਾਂ ਤੱਕ ਲੈ ਜਾਂਦੇ ਹਨ, ਇਹੀ ਉਨ੍ਹਾਂ ਦੀ ਵਿਲੱਖਣਤਾ ਹੈ।

## ਜੈ ਨਗਰ ਦੇ ਵਸਨੀਕ ਅੱਜ ਵੀ ਬੁਨਿਆਦੀ ਸਹੂਲਤਾਂ ਤੋਂ ਵਾਂਝੇ

**ਦੇਵੀਗੜ੍ਹ/ਸਨੌਰ (ਰਜਿੰਦਰ ਸਿੰਘ ਥਿੰਦ)**-ਹਲਕਾ ਸਨੌਰ ਦੇ ਕਸਬਾ ਦੇਵੀਗੜ੍ਹ 'ਚ ਪੈਂਦੇ ਜੈ ਨਗਰ ਦੇ ਵਸਨੀਕ ਅੱਜ ਵੀ ਕਈ ਬੁਨਿਆਦੀ ਸਹੂਲਤਾਂ ਤੋਂ ਵਾਂਝੇ ਹੋਣ ਕਾਰਨ ਮੁਸ਼ਕਲਾਂ ਦਾ ਸਾਹਮਣਾ ਕਰ ਰਹੇ ਹਨ।ਇਲਾਕੇ ਵਿੱਚ ਕੱਚੇ ਮਕਾਨਾਂ ਵਿੱਚ ਰਹਿ ਰਹੇ ਪਰਿਵਾਰਾਂ ਨੂੰ ਮਕਾਨ ਪੱਕੇ ਕਰਨ ਸਬੰਧੀ ਕੋਈ ਵੀ ਢੁੱਕਵੀਂ ਸਹੂਲਤ ਨਹੀਂ ਮਿਲ ਰਹੀ, ਜਦਕਿ ਸੀਵਰੇਜ ਸਮੱਸਿਆ ਤੇ ਪੀਣ ਵਾਲੇ ਸਾਫ਼ ਪਾਣੀ ਦੀ ਸਮੱਸਿਆ ਵੀ ਲੰਮੇ ਸਮੇਂ ਤੋਂ ਬਣੀ ਹੋਈ ਹੈ।ਇਨ੍ਹਾਂ ਸਮੱਸਿਆਵਾਂ ਨੂੰ ਲੈ ਕੇ ਰਾਕੇਸ਼ ਬੱਗਾ ਤੇ ਉਨ੍ਹਾਂ ਨਾਲ ਪਹੁੰਚੇ ਸਤਪਾਲ ਸਿੰਘ, ਪ੍ਰੀਤਮ ਦਾਸ, ਸਵਰਨ ਸਿੰਘ, ਕੁਲਦੀਪ ਸਿੰਘ ਭੁੱਬੂਆ ਵੱਲੋਂ ਜੈ ਨਗਰ ਵਿਖੇ ਪਹੁੰਚ ਕੇ ਲੋਕਾਂ ਨਾਲ ਮੁਲਾਕਾਤ ਕੀਤੀ ਗਈ ਤੇ ਉਨ੍ਹਾਂ ਦਾ ਦੁੱਖ-ਦਰਦ ਸੁਣਿਆ ਗਿਆ।ਇਸ ਮੌਕੇ ਇਲਾਕਾ ਵਾਸੀਆਂ ਨੇ ਆਪਣੀਆਂ ਸਮੱਸਿਆਵਾਂ ਸਾਂਝੀਆਂ ਕਰਦਿਆਂ ਦੱਸਿਆ ਕਿ ਉਹ ਲੰਮੇ ਸਮੇਂ ਤੋਂ ਕੱਚੇ ਮਕਾਨਾਂ ਵਿੱਚ ਰਹਿਣ ਲਈ ਮਜਬੂਰ ਹਨ, ਪਰ ਉਨ੍ਹਾਂ ਨੂੰ ਪੱਕੇ ਮਕਾਨਾਂ ਲਈ ਬਣਦੀਆਂ ਸਰਕਾਰੀ ਸਹੂਲਤਾਂ ਦਾ ਲਾਭ ਨਹੀਂ ਮਿਲ ਰਿਹਾ।ਇਸੇ ਤਰ੍ਹਾਂ ਸੀਵਰੇਜ ਦੀ ਢੁੱਕਵੀਂ ਵਿਵਸਥਾ ਨਾ ਹੋਣ ਕਰਕੇ ਲੋਕਾਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਪੀਣ ਵਾਲੇ ਪਾਣੀ ਦੀ ਬੁਨਿਆਦੀ ਸਹੂਲਤ ਵੀ ਲੋਕਾਂ ਤੱਕ ਸੁਚੱਜੇ ਢੰਗ ਨਾਲ ਨਹੀਂ ਪਹੁੰਚ ਰਹੀ, ਜਿਸ ਕਾਰਨ ਰੋਜ਼ਾਨਾ ਜੀਵਨ ਪ੍ਰਭਾਵਿਤ ਹੋ ਰਿਹਾ ਹੈ।ਰਾਕੇਸ਼ ਬੱਗਾ ਨੇ ਲੋਕਾਂ ਦੀਆਂ ਮੁਸ਼ਕਲਾਂ ਨੂੰ ਧਿਆਨ ਨਾਲ ਸੁਣਦਿਆਂ ਕਿਹਾ ਕਿ ਲੋਕਾਂ ਦੀਆਂ ਬੁਨਿਆਦੀ ਲੋੜਾਂ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾਣਾ ਚਾਹੀਦਾ।ਉਨ੍ਹਾਂ ਕਿਹਾ ਕਿ ਕੱਚੇ ਮਕਾਨਾਂ ਵਿੱਚ ਰਹਿ ਰਹੇ ਪਰਿਵਾਰਾਂ ਨੂੰ ਪੱਕੀ ਛੱਤ ਸੀਵਰੇਜ ਤੇ ਪੀਣ ਵਾਲੇ ਪਾਣੀ ਵਰਗੀਆਂ ਸਹੂਲਤਾਂ ਮਿਲਣਾ ਬਹੁਤ ਜ਼ਰੂਰੀ ਹੈ।ਉਨ੍ਹਾਂ ਲੋਕਾਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਉੱਚ ਪੱਧਰ 'ਤੇ ਉਠਾ ਕੇ ਹੱਲ ਕਰਵਾਉਣ ਲਈ ਯਤਨ ਕੀਤੇ ਜਾਣਗੇ।

## ਨੇਕੀ ਫਾਊਂਡੇਸ਼ਨ ਵੱਲੋਂ ਮੁਫ਼ਤ ਮੈਡੀਕਲ ਕੈਂਪ 'ਚ 550 ਮਰੀਜ਼ਾਂ ਦੀ ਜਾਂਚ

### 40 ਮਰੀਜ਼ਾਂ ਨੂੰ ਮੁਫ਼ਤ ਅੱਖਾਂ ਦੇ ਅਪ੍ਰੇਸ਼ਨ ਲਈ ਭੇਜਿਆ



**ਬੁਢਲਾਡਾ (ਅਸ਼ੋਕ ਲਾਕੜਾ)**-ਨੇਕੀ ਫਾਊਂਡੇਸ਼ਨ ਬੁਢਲਾਡਾ ਵੱਲੋਂ ਸਵ. ਸ਼੍ਰੀਮਤੀ ਬੇਨਤੀ ਦੇਵੀ ਜੀ ਤੇ ਸਵ. ਸ਼੍ਰੀ ਜਗਦੀਸ਼ ਚੰਦਰ ਅਰੋੜਾ ਦੀ ਯਾਦ ਨੂੰ ਸਮਰਪਿਤ ਮੁਫ਼ਤ ਮੈਡੀਕਲ ਕੈਂਪ ਤੇ ਅੱਖਾਂ ਦਾ ਮੁਫ਼ਤ ਜਾਂਚ ਤੇ ਅਪ੍ਰੇਸ਼ਨ ਕੈਂਪ ਲਗਾਇਆ ਗਿਆ।ਇਹ ਸੇਵਾ ਕਾਰਜ ਦੋਵਾਂ ਪਰਵਾਰਾਂ ਦੇ ਸਹਿਯੋਗ ਨਾਲ ਕਰਵਾਇਆ ਗਿਆ, ਜਿਸ ਵਿੱਚ ਇਲਾਕੇ ਦੇ ਵੱਡੀ ਗਿਣਤੀ ਵਿੱਚ ਲੋਕਾਂ ਨੇ ਪਹੁੰਚ ਕੇ ਮੁਫ਼ਤ ਸਿਹਤ ਸਹੂਲਤਾਂ ਦਾ ਲਾਭ ਲਿਆ।ਸ਼੍ਰੀ ਨਵ ਦੁਰਗਾ ਨੇਕੀ ਚੈਰੀਟੇਬਲ ਹਸਪਤਾਲ (ਸਾਈਟ) ਵਿਖੇ ਲਗਾਏ ਗਏ ਇਸ ਕੈਂਪ ਵਿੱਚ ਮੈਡੀਕਲ ਜਾਂਚ ਲਈ ਸਿਵਲ ਹਸਪਤਾਲ ਮਾਨਸਾ ਤੋਂ ਹੱਡੀਆਂ ਦੇ ਮਾਹਰ ਡਾ. ਅਜੈ ਸਿੰਗਲਾ ਤੇ ਅੱਖਾਂ ਦੇ ਰੋਗਾਂ ਦੀ ਮਾਹਰ ਡਾ. ਲਿਜ਼ਾ ਗੁਪਤਾ ਵੱਲੋਂ ਮਰੀਜ਼ਾਂ ਦੀ ਜਾਂਚ ਕੀਤੀ ਗਈ।ਸੰਤ ਤ੍ਰਿਵੇਣੀ ਗਿਰੀ ਪ੍ਰਰਜੋਤੀ ਆਈ ਹਸਪਤਾਲ ਰਾਮਪੁਰਾ ਫੂਲ ਦੀ ਡਾਕਟਰਾਂ ਦੀ ਟੀਮ ਵੱਲੋਂ ਅੱਖਾਂ ਦੀ ਜਾਂਚ ਕੀਤੀ ਗਈ। ਕੈਂਪ ਦੌਰਾਨ ਲਗਭਗ 550 ਮਰੀਜ਼ਾਂ ਦਾ ਮੁਫ਼ਤ ਚੈੱਕਅੱਪ ਕੀਤਾ ਗਿਆ ਤੇ ਸਾਰੇ ਮਰੀਜ਼ਾਂ ਨੂੰ ਲੋੜ ਅਨੁਸਾਰ ਮੁਫ਼ਤ ਦਵਾਈਆਂ ਵੀ ਦਿੱਤੀਆਂ ਗਈਆਂ।ਜਾਂਚ ਦੌਰਾਨ ਮੋਤੀਆਬਿੰਦ ਦੇ 40 ਮਰੀਜ਼ਾਂ ਨੂੰ ਮੁਫ਼ਤ ਅੱਖਾਂ ਦੇ ਅਪ੍ਰੇਸ਼ਨ ਲਈ ਰਾਮਪੁਰਾ ਫੂਲ ਹਸਪਤਾਲ ਭੇਜਿਆ ਗਿਆ।ਜਿਨ੍ਹਾਂ ਮਰੀਜ਼ਾਂ ਦੇ ਅਪ੍ਰੇਸ਼ਨ ਵੀ ਮੁਫ਼ਤ ਕੀਤੇ ਜਾਣਗੇ।ਇਸ ਮੌਕੇ ਸ਼੍ਰੀਮਤੀ ਬੇਨਤੀ ਦੇਵੀ ਦੇ ਪਰਵਾਰ ਵੱਲੋਂ ਉਨ੍ਹਾਂ ਦੇ ਪੁੱਤਰ ਸ਼੍ਰੀ ਹਰਬਲਾਸ ਸ਼ਰਮਾ (ਰਿਟਾਇਰਡ ਜੇ.ਈ.) ਤੇ ਸ਼੍ਰੀ ਜਗਦੀਸ਼ ਚੰਦਰ ਅਰੋੜਾ ਦੇ ਪਰਵਾਰ ਵੱਲੋਂ ਉਨ੍ਹਾਂ ਦੇ ਪੁੱਤਰ ਮਨੋਜ ਅਰੋੜਾ ਵੱਲੋਂ ਕੈਂਪ ਵਿੱਚ ਪਹੁੰਚੇ ਡਾਕਟਰਾਂ ਤੇ ਸਹਿਯੋਗੀ ਟੀਮ ਨੂੰ ਸਨਮਾਨਤ ਕੀਤਾ ਗਿਆ।

## 'ਖੇਤੀਬਾੜੀ ਕਾਰੋਬਾਰ ਰਾਹੀਂ ਨੌਜਵਾਨਾਂ ਨੂੰ ਸ਼ਸ਼ਕਤ ਬਣਾਉਣਾ' ਵਿਸ਼ੇ 'ਤੇ ਸੈਮੀਨਾਰ



**ਲੁਧਿਆਣਾ (ਐਮ ਐਸ ਭਾਟੀਆ)**-ਖੇਤੀ ਨੂੰ ਲਾਹੇਵੰਦਾ ਬਣਾਉਣ ਲਈ ਇਸ ਨੂੰ ਨਵੀਨਤਮ ਤੇ ਆਧੁਨਿਕ ਤਕਨੀਕਾਂ ਤੇ ਕਾਰੋਬਾਰੀ ਸੋਚ ਨਾਲ ਜੋੜ ਕੇ ਪੰਜਾਬ ਦੇ ਨੌਜਵਾਨ ਕਿਸਾਨਾਂ ਨੂੰ ਖੇਤੀ ਵਪਾਰ ਲਈ ਉਦਮੀ ਬਣਾਉਣਾ ਪਵੇਗਾ।ਇਸ ਮੰਤਵ ਲਈ ਕੀਮੋ ਜ਼ੋਰਦਾਰ ਲਹਿਰ ਚਲਾਉਣ ਦੀ ਲੋੜ ਹੈ ਜਿਸ ਦੀ ਗੂੰਜ ਹਰ ਪਿੰਡ ਤੱਕ ਪਹੁੰਚੇ।ਇਹ ਪ੍ਰਗਟਾਵਾ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੇ ਹਾਲ ਹੀ ਵਿੱਚ ਸੇਵਾ ਮੁਕਤ ਹੋਏ ਵਾਈਸ ਚਾਂਸਲਰ ਡਾਕਟਰ ਸਤਬੀਰ ਸਿੰਘ ਗੋਸਲ ਨੇ ਕੀਤਾ। ਉਹ ਇਥੇ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਦੇ ਪ੍ਰਾਜੈਕਟ ਗੁਰੂ ਰਾਮਦਾਸ ਸੈਂਟਰ ਫਾਰ ਇਕਨਾਮਿਕ ਗਰੋਥ ਵੱਲੋਂ ਸਟੱਡੀ ਸਰਕਲ ਦੇ ਕੇਂਦਰੀ ਦਫ਼ਤਰ ਵਿਖੇ 'ਖੇਤੀ ਕਾਰੋਬਾਰ ਰਾਹੀਂ ਨੌਜਵਾਨਾਂ ਨੂੰ ਸ਼ਸ਼ਕਤ ਬਣਾਉਣਾ' ਦੇ ਵਿਸ਼ੇ 'ਤੇ ਆਯੋਜਿਤ ਇਕ ਉਚੇਚੇ ਸੈਮੀਨਾਰ ਨੂੰ ਸੰਬੋਧਨ ਕਰ ਰਹੇ ਸਨ।ਇਸ ਸੈਮੀਨਾਰ ਵਿੱਚ ਵੱਡੀ ਗਿਣਤੀ ਵਿੱਚ, ਵਿਦਿਆਰਥੀ, ਖੇਤੀ ਵਿਗਿਆਨੀ ਤੇ ਵਿਦਵਾਨਾ ਨੇ ਸ਼ਮੂਲੀਅਤ ਕੀਤੀ।ਗੋਸਲ ਨੇ ਕਿਹਾ ਕਿ ਪੰਜਾਬ ਦੇ ਨੌਜਵਾਨਾਂ ਨੂੰ ਖੇਤੀ ਅਧਾਰਤ ਕਿੱਤੇ ਅਪਨਾਉਣੇ ਚਾਹੀਦੇ ਹਨ।

ਉਨ੍ਹਾਂ ਦੱਸਿਆ ਕਿ ਇਸ ਮਾਮਲੇ ਵਿਚ ਪੀ.ਏ.ਯੂ. ਨੌਜਵਾਨਾਂ ਲਈ ਵੱਖ-ਵੱਖ ਖੇਤੀ ਕਿੱਤਿਆਂ ਲਈ ਟ੍ਰੇਨਿੰਗ ਅਤੇ ਸੇਧ ਦੇ ਰਹੀ ਹੈ।ਉਹ ਕਾਮਯਾਬ ਪਰਵਾਸੀ ਖੇਤੀ ਉਦਮੀਆਂ ਨੂੰ ਪੰਜਾਬ ਦੇ ਖੇਤੀ ਵਪਾਰ ਵਿਚ ਸਹਿਯੋਗ ਕਰਨ ਦੀ ਅਪੀਲ ਕੀਤੀ।ਸੈਮੀਨਾਰ ਦੀ ਆਰੰਭਤਾ 'ਮਨੁ ਹਾਲੀ ਕਿਰਸਾਣੀ ਕਰਣੀ ਸਰਮੁ ਪਾਣੀ ਤਨੁ ਖੇਤੁ॥' ਗੁਰਬਾਣੀ ਸ਼ਬਦ ਦੇ ਗਾਇਣ ਨਾਲ ਕੀਤੀ ਗਈ।ਇਸ ਸੈਂਟਰ ਦੇ ਡਾਇਰੈਕਟਰ ਸਰਦਾਰ ਖ਼ੁਸ਼ਵਿੰਦਰ ਸ਼ੀਰ ਸਿੰਘ ਨੇ ਕਿਹਾ ਕਿ ਖੇਤੀ ਤੇ ਕਿਸਾਨੀ ਇੱਕ ਉੱਤਮ ਕਿੱਤਾ ਹੈ, ਲੋੜ ਹੈ ਕਿ ਪੰਜਾਬ ਦੀ ਖ਼ੁਸ਼ਹਾਲੀ ਲਈ ਉਪਜਾਊ ਜ਼ਮੀਨ ਨੂੰ ਬਚਾਇਆ ਜਾਵੇ।ਸ. ਪ੍ਰਤਾਪ ਸਿੰਘ, ਡਾਇਰੈਕਟਰ, ਡਾ. ਇੰਦਰਜੀਤ ਸਿੰਘ ਐਗਰੀਕਲਚਰ ਅਤੇ ਰੂਰਲ ਡਿਵੈਲਪਮੈਂਟ ਸੈਂਟਰ ਨੇ ਸੈਮੀਨਾਰ ਦੀ ਅਰੰਭਤਾ ਕਰਦਿਆਂ ਕਿਹਾ ਕਿ ਕਿਸਾਨਾਂ ਨੂੰ ਮਹਿੰਗੀਆਂ ਮਸ਼ੀਨਾਂ ਤੇ ਟਰੈਕਟਰਾਂ ਦੀ ਬਜਾਏ ਸਿਆਣਪ ਨਾਲ ਸਾਂਝੀ ਖੇਤੀ ਅਤੇ ਘੱਟ ਖਰਚੇ ਵਾਲੀ ਨਵੀਂ ਤਕਨੀਕ ਦੀ ਵਰਤੋਂ ਕਰਨੀ ਚਾਹੀਦੀ ਹੈ। ਇਸ ਸੈਮੀਨਾਰ ਵਿੱਚ ਡਾ. ਸਰਦਾਰਾ ਸਿੰਘ ਜੌਹਲ, ਸਾਬਕਾ ਚਾਂਸਲਰ, ਸੈਂਟਰਲ ਯੂਨੀਵਰਸਿਟੀ ਆਫ ਪੰਜਾਬ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਉਨ੍ਹਾਂ ਕਿਹਾ ਕਿ ਸਰਕਾਰ ਨੂੰ ਚਾਹੀਦਾ ਹੈ ਕਿ ਦੇਸ਼ ਦੀ ਖੇਤੀਬਾੜੀ ਨੀਤੀ ਨੂੰ ਜਨਤਕ ਭਲੇ ਦੇ ਅਨਕੂਲ ਬਣਾਵੇ ਅਤੇ ਪਿੰਡਾਂ ਵਿੱਚ ਖੇਤੀ ਅਧਾਰਤ ਰੁਜ਼ਗਾਰ ਦੇ ਸਾਧਨ ਵਧਾਏ ਜਾਣ। ਡਾ. ਨਿਰਮਲ ਸਿੰਘ ਜੌੜਾ, ਸਾਬਕਾ ਡਾਇਰੈਕਟਰ, ਵਿਦਿਆਰਥੀ ਭਲਾਈ, ਪੀ.ਏ.ਯੂ. ਨੇ ਸਤਿਕਾਰਤ ਮਹਿਮਾਨ ਵਜੋਂ ਸੈਮੀਨਾਰ ਦੀ ਸ਼ੋਭਾ ਵਧਾਈ।ਡਾ. ਕਮਲਜੀਤ ਸਿੰਘ ਸੂਰੀ, ਡਾਇਰੈਕਟਰ, ਵਿਦਿਆਰਥੀ ਭਲਾਈ, ਪੀ ਏ ਯੂ ਅਤੇ ਡਾ. ਜਸਪਾਲ ਸਿੰਘ ਹੁੰਦਲ, ਡਾਇਰੈਕਟਰ, ਵਿਦਿਆਰਥੀ ਭਲਾਈ, ਗੁਰੂ ਅੰਗਦ ਦੇਵ ਵੈਟਨਰੀ ਯੂਨੀਵਰਸਿਟੀ ਨੇ ਵਿਸ਼ੇਸ਼ ਮਹਿਮਾਨਾਂ ਵਜੋਂ ਸ਼ਿਰਕਤ ਕੀਤੀ।ਆਪਣੇ ਪ੍ਰੇਰਨਾਦਾਇਕ ਅਤੇ ਸੂਝਵਾਨ ਭਾਸ਼ਣ ਵਿੱਚ ਡਾ. ਰਮਨਦੀਪ ਸਿੰਘ ਨੇ ਜ਼ੋਰ ਦੇ ਕੇ ਕਿਹਾ ਕਿ ਖੇਤੀਬਾੜੀ ਹੁਣ ਸਿਰਫ਼ ਖੇਤੀ ਦਾ ਇੱਕ ਤਰੀਕਾ ਨਹੀਂ ਹੈ, ਸਗੋਂ ਇੱਕ ਬਹੁ-ਅਰਬ ਡਾਲਰ ਦਾ ਖੇਤੀਬਾੜੀ ਕਾਰੋਬਾਰੀ ਮੌਕਾ ਹੈ।

## ਸ੍ਰੀ ਤਾਰਾ ਚੰਦ ਵਿੱਦਿਆ ਮੰਦਰ ਦੇ ਅਧਿਆਪਕਾਂ ਵੱਲੋਂ ਧਾਰਮਿਕ ਯਾਤਰਾ



**ਭੀਖੀ (ਧਰਮਵੀਰ ਸ਼ਰਮਾ)**-ਸ੍ਰੀ ਤਾਰਾ ਚੰਦ ਵਿੱਦਿਆ ਮੰਦਰ ਸੀਨੀਅਰ ਸੈਕੰਡਰੀ ਸਕੂਲ ਭੀਖੀ ਦੇ ਅਧਿਆਪਕਾਂ ਵੱਲੋਂ ਦੋ ਰੋਜ਼ਾ ਧਾਰਮਿਕ ਤੇ ਸੱਭਿਆਚਾਰਕ ਯਾਤਰਾ ਕੀਤੀ ਗਈ। ਇਸ ਯਾਤਰਾ ਦੌਰਾਨ ਅਧਿਆਪਕਾਂ ਨੇ ਮਾਤਾ ਚਿੰਤਪੁਰਨੀ, ਮਾਤਾ ਜਵਾਲਾਜੀ ਤੇ ਮਾਤਾ ਚਾਮੁੰਡਾ ਦੇਵੀ ਦੇ ਪਵਿੱਤਰ ਦਰਸ਼ਨ ਕਰਕੇ ਆਸ਼ੀਰਵਾਦ ਪ੍ਰਾਪਤ ਕੀਤਾ।ਯਾਤਰਾ ਦੇ ਅੰਤ ਵਿੱਚ ਅਧਿਆਪਕਾਂ ਨੇ ਧਰਮਸ਼ਾਲਾ ਦੀਆਂ ਮਨਮੋਹਕ ਪਹਾੜੀ ਵਾਦੀਆਂ ਦਾ ਵੀ ਆਨੰਦ ਮਾਣਿਆ। ਯਾਤਰਾ ਦੀ ਰਵਾਨਗੀ ਮੌਕੇ ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬ੍ਰਿਜ ਲਾਲ ਤੇ ਕਮੇਟੀ ਮੈਂਬਰ ਰਾਕੇਸ਼ ਕੁਮਾਰ ਨੇ ਅਧਿਆਪਕਾਂ ਨੂੰ ਸ਼ੁੱਭ-ਕਾਮਨਾਵਾਂ ਦਿੰਦਿਆਂ ਯਾਤਰਾ ਲਈ ਰਵਾਨਾ ਕੀਤਾ। ਯਾਤਰਾ ਦੇ ਦੂਜੇ ਦਿਨ ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬ੍ਰਿਜ ਲਾਲ, ਐਡਵੋਕੇਟ ਮਨੋਜ ਕੁਮਾਰ ਤੇ ਸਕੂਲ ਪ੍ਰਿੰਸੀਪਲ ਰਪਿੰਦਰ ਪਟਿਆਲ ਨੇ ਵੀ ਅਧਿਆਪਕਾਂ ਨਾਲ ਯਾਤਰਾ ਵਿੱਚ ਸ਼ਮੂਲੀਅਤ ਕੀਤੀ। ਸਾਰੇ ਅਧਿਆਪਕਾਂ ਸਮੇਤ ਮਾਤਾ ਚਿੰਤਪੁਰਨੀ ਦੇ ਦਰਬਾਰ ਵਿੱਚ ਛੱਤਰ ਚੜ੍ਹਾ ਕੇ ਸ਼ੁਕਰਾਨਾ ਕੀਤਾ ਗਿਆ ਤੇ ਸਕੂਲ, ਵਿਦਿਆਰਥੀਆਂ, ਸਟਾਫ਼ ਤੇ ਸਮੁੱਚੇ ਪਰਵਾਰ ਦੀ ਚੜ੍ਹਦੀ ਕਲਾ ਤੇ ਖ਼ੁਸ਼ਹਾਲੀ ਲਈ ਅਰਦਾਸ ਕੀਤੀ ਗਈ। ਸਕੂਲ ਪ੍ਰਬੰਧਕ ਕਮੇਟੀ ਵੱਲੋਂ ਅਜਿਹੀਆਂ ਯਾਤਰਾਵਾਂ ਕਰਵਾਉਣ ਲਈ ਅਧਿਆਪਕਾਂ ਨੇ ਧੰਨਵਾਦ ਪ੍ਰਗਟ ਕਰਦਿਆਂ ਕਿਹਾ ਕਿ ਅਜਿਹੇ ਉਪਰਾਲੇ ਸਟਾਫ਼ ਵਿੱਚ ਟੀਮ ਭਾਵਨਾ, ਆਪਸੀ ਸਦਭਾਵਨਾ ਤੇ ਪਰਿਵਾਰਕ ਸਾਂਝ ਨੂੰ ਹੋਰ ਮਜ਼ਬੂਤ ਕਰਦੇ ਹਨ।

## ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਧੂਰੀ ਦੀ ਮਹੀਨਾਵਾਰ ਮੀਟਿੰਗ



**ਧੂਰੀ (ਸੁਖਦੇਵ ਧੂਰੀ)**-ਪੈਨਸ਼ਨਰ ਵੈੱਲਫੇਅਰ ਐਸੋਸੀਏਸ਼ਨ ਧੂਰੀ ਦੀ ਮਹੀਨਾਵਾਰ ਮੀਟਿੰਗ ਪ੍ਰਧਾਨ ਸੁਖਦੇਵ ਸ਼ਰਮਾ ਦੀ ਅਗਵਾਈ ਹੇਠ ਸਥਾਨਕ ਮਾਲਵਾ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਦੇ ਹਾਲ ਵਿੱਚ ਹੋਈ।ਪ੍ਰਧਾਨਗੀ ਮੰਡਲ ਵਿੱਚ ਸੁਖਦੇਵ ਸ਼ਰਮਾ ਦੇ ਨਾਲ ਕਾਰਜਕਾਰੀ ਪ੍ਰਧਾਨ ਜਸਦੇਵ ਸਿੰਘ, ਜਨਰਲ ਸਕੱਤਰ ਡਾਕਟਰ ਅਮਰਜੀਤ ਸਿੰਘ, ਵਿੱਤ ਸਕੱਤਰ ਰਤਨ ਸਿੰਘ ਭੰਡਾਰੀ ਹਾਜ਼ਰ ਸਨ।ਮੀਟਿੰਗ ਦੀ ਸ਼ੁਰੂਆਤ ਮੌਕੇ ਪਿਛਲੇ ਮਹੀਨੇ ਸਦੀਵੀ ਵਿਛੋੜਾ ਦੇ ਗਏ ਪੈਨਸ਼ਨਰਾਂ, ਉਨ੍ਹਾਂ ਦੇ ਸਕੇ ਸਬੰਧੀਆਂ ਨੂੰ ਸ਼ਰਧਾਂਜਲੀ ਵਜੋਂ ਦੋ ਮਿੰਟ ਦਾ ਮੋਨ ਰੱਖਿਆ ਗਿਆ।ਉਪਰੰਤ ਕਾਰਜਕਾਰੀ ਪ੍ਰਧਾਨ ਜਸਦੇਵ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਡੀ ਏ ਤੇ ਹੋਰ ਭੱਤੇ ਰੋਕ ਕੇ ਸਰਕਾਰ ਨੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨਾਲ ਮਤਰੇਈ ਮਾਂ ਵਾਲਾ ਸਲੂਕ ਕਰ ਰਹੀ ਹੈ।ਸੀਨੀਅਰ ਆਗੂ ਚਰਨਜੀਤ ਸਿੰਘ ਕੈਂਥ ਨੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਇੱਕਜੁੱਟ ਹੋ ਕੇ ਸੰਘਰਸ਼ ਕਰਨ ਦੀ ਅਪੀਲ ਕੀਤੀ।ਮੀਟਿੰਗ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਸੁਖਦੇਵ ਸ਼ਰਮਾ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਭਾਵੇਂ ਤਨਖਾਹਾਂ ਤੇ ਪੈਨਸ਼ਨਾਂ ਬਾਰੇ ਗ਼ਲਤ ਜਾਣਕਾਰੀ ਦਿੰਦਿਆਂ ਲੋਕਾਂ ਨੂੰ ਗੁੰਮਰਾਹ ਕਰਨ ਦੀ ਮਾੜੀ ਚਾਲ ਚੱਲੀ ਹੈ, ਪਰ ਮੁਲਾਜ਼ਮ ਤੇ ਪੈਨਸ਼ਨਰ ਸਰਕਾਰ ਦੇ ਹਰ ਹੱਲੇ ਦਾ ਮੂੰਹ ਤੋੜ ਜਵਾਬ ਦੇਣ ਲਈ ਤਿਆਰ ਹਨ।ਮੀਟਿੰਗ ਨੂੰ ਰਾਮ ਚੰਦ ਸ਼ਰਮਾ ਤੇ ਪ੍ਰਿੰਸੀਪਲ ਮੇਜਰ ਸਿੰਘ, ਮਨਿਸਟੀਰੀਅਲ ਸਰਵਿਸਿਜ਼ ਦੇ ਸੀਨੀਅਰ ਆਗੂ ਗੁਰਪ੍ਰੀਤ ਸਿੰਘ ਤੇ ਰਾਜ ਸਿੰਘ ਨੇ ਵੀ ਸੰਬੋਧਨ ਕੀਤਾ ਤੇ ਜਨਮ ਦਿਨ ਵਾਲੇ ਸਾਥੀਆਂ ਨੂੰ ਕਵਿਤਾ ਰਾਹੀਂ ਮੁਬਾਰਕਾਂ ਭੇਟ ਕੀਤੀਆਂ। ਕਰਮਜੀਤ ਸਿੰਘ ਨੇ ਵੀ ਪੰਜਾਬੀ ਸੱਭਿਆਚਾਰ ਦੀ ਤਰਜਮਾਨੀ ਕਰਦੇ ਗੀਤ ਪੇਸ਼ ਕਰਕੇ ਵਾਹ ਵਾਹ ਖੱਟੀ।ਜਨਮ ਦਿਨ ਵਾਲੇ ਸਾਥੀਆਂ ਨੇ ਐਸੋਸੀਏਸ਼ਨ ਦੀ ਮਾਇਕ ਸਹਾਇਤਾ ਲਈ ਦਿਲ ਖੋਲ੍ਹ ਕੇ ਸਹਾਇਤਾ ਰਾਸ਼ੀ ਪ੍ਰਦਾਨ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਬਜੀਤ ਸਿੰਘ, ਗੁਰਮੇਲ ਸਿੰਘ, ਜਗਦੀਸ਼ ਸ਼ਰਮਾ, ਫ਼ਕੀਰ ਸਿੰਘ ਅਵਤਾਰ ਸਿੰਘ ਮੁੱਕਰ, ਜਾਗਰ ਸਿੰਘ, ਨਿਰਮਲ ਸਿੰਘ, ਭਜਨ ਸਿੰਘ ਰੰਗੀਆਂ, ਸ਼ੇਰ ਸਿੰਘ, ਤਰਲੋਚਨ ਸਿੰਘ, ਸੁਖਦੇਵ ਸਿੰਘ, ਸਮੇਤ ਅਨੇਕਾਂ ਪੈਨਸ਼ਨਰ ਹਾਜ਼ਰ ਸਨ।

## ਸਖੀ ਸਨਮਾਨ ਸਮਾਰੋਹ 'ਚ ਮਹਿਲਾਵਾਂ ਨੇ ਸਿਰਜਿਆ ਇਤਿਹਾਸ : ਡਾ. ਅਰੋੜਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਹਲਕਾ ਮੋਗਾ ਵਿੱਚ ਸਖੀ ਸਨਮਾਨ ਸਮਾਰੋਹ ਵਿੱਚ ਵੱਡੀ ਗਿਣਤੀ ਵਿੱਚ ਮੁਟਿਆਰਾਂ ਤੇ ਮਹਿਲਾਵਾਂ ਨੇ ਪਹੁੰਚ ਕੇ ਮਹਿਲਾ ਸ਼ਕਤੀ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਸਮਾਰੋਹ ਦੌਰਾਨ ਮਹਿਲਾਵਾਂ ਦੇ ਜੋਸ਼, ਜਜ਼ਬੇ ਤੇ ਉਤਸ਼ਾਹ ਨੇ ਪੂਰੇ ਮਾਹੌਲ ਨੂੰ ਉਤਸ਼ਾਹਪੂਰਨ ਬਣਾ ਦਿੱਤਾ।ਇਸ ਮੌਕੇ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਮੋਗਾ ਵਿੱਚ ਇਹ ਸਖੀ ਸਨਮਾਨ ਸਮਾਰੋਹ ਮਹਿਲਾ ਸ਼ਕਤੀ ਦੀ ਏਕਤਾ, ਹੌਸਲੇ ਤੇ ਸਮਰੱਥਾ ਦਾ ਪ੍ਰਤੀਕ ਬਣ ਕੇ ਸਾਹਮਣੇ ਆਇਆ ਹੈ। ਉਨ੍ਹਾਂ ਕਿਹਾ ਕਿ ਵੱਡੀ ਗਿਣਤੀ ਵਿੱਚ ਮਹਿਲਾਵਾਂ ਦੀ ਸ਼ਮੂਲੀਅਤ ਨੇ ਸਾਬਿਤ ਕਰ ਦਿੱਤਾ ਹੈ ਕਿ ਪੰਜਾਬ ਦੀਆਂ ਮਹਿਲਾਵਾਂ ਅੱਜ ਹਰ ਖੇਤਰ ਵਿੱਚ ਆਪਣੀ ਮਜ਼ਬੂਤ ਮੌਜੂਦਗੀ ਦਰਜ ਕਰਵਾ ਰਹੀਆਂ ਹਨ।ਡਾ. ਅਰੋੜਾ ਨੇ ਕਿਹਾ ਕਿ ਇਹ ਸਿਰਫ਼ ਸਨਮਾਨ ਸਮਾਰੋਹ ਨਹੀਂ, ਸਗੋਂ ਮੋਗਾ ਦੀਆਂ ਮਹਿਲਾਵਾਂ ਦੀ ਏਕਜੁੱਟਤਾ ਤੇ ਉਨ੍ਹਾਂ ਦੇ ਆਤਮ-ਵਿਸ਼ਵਾਸ ਦਾ ਵਿਸ਼ਾਲ ਪ੍ਰਦਰਸ਼ਨ ਹੈ।ਉਨ੍ਹਾਂ ਸਮਾਰੋਹ ਨੂੰ ਸਫਲ ਬਣਾਉਣ ਲਈ ਹਲਕਾ ਮੋਗਾ ਦੀਆਂ ਸਾਰੀਆਂ ਸਖੀਆਂ, ਮਹਿਲਾ ਵਿੰਗ ਦੀਆਂ ਭੈਣਾਂ ਤੇ ਸਮੂਹ ਪਾਰਟੀ ਵਰਕਰਾਂ ਤੇ ਸਹਿਯੋਗੀਆਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਜਦੋਂ ਮਹਿਲਾਵਾਂ ਇਕਜੁੱਟ ਹੋ ਕੇ ਅੱਗੇ ਵਧਦੀਆਂ ਹਨ ਤਾਂ ਇਤਿਹਾਸ ਬਣਦਾ ਹੈ।ਮਹਿਲਾ ਸ਼ਕਤੀ ਪੰਜਾਬ ਦੀ ਤਾਕਤ ਹੈ ਤੇ ਮਹਿਲਾਵਾਂ ਦੀ ਭਾਗੀਦਾਰੀ ਨਾਲ ਸਮਾਜ ਤੇ ਸੂਬੇ ਦੇ ਵਿਕਾਸ ਨੂੰ ਨਵੀਂ ਦਿਸ਼ਾ ਮਿਲਦੀ ਹੈ।ਡਾ. ਅਰੋੜਾ ਨੇ ਕਿਹਾ ਕਿ ਪੰਜਾਬ ਦਾ ਇੱਕੋ ਨਾਅਰਾ ਹੈ ਭਗਵੰਤ ਮਾਨ ਸਰਕਾਰ ਦੁਬਾਰਾ ਉਨ੍ਹਾਂ ਕਿਹਾ ਕਿ ਹਰ ਵਰਗ ਅੱਜ ਮਾਨ ਸਰਕਾਰ ਦੀਆਂ ਵਿਕਾਸ ਪੱਖੀ ਨੀਤੀਆਂ ਨਾਲ ਜੁੜ ਰਿਹਾ ਹੈ।ਇਸ ਮੌਕੇ ਨਗਰ ਨਿਗਮ ਦੀ ਮੇਅਰ ਵਿਨੈਪਾਲ ਕੌਰ ਦੌਧਰੀਆ, ਜ਼ਿਲ੍ਹਾ ਪ੍ਰਧਾਨ ਵਰਿੰਦਰਪਾਲ ਸਿੰਘ ਮਧੇਕੇ, ਮਾਰਕੀਟ ਕਮੇਟੀ ਦੇ ਚੇਅਰਮੈਨ ਹਰਜਿੰਦਰ ਸਿੰਘ ਰੋਡੇ, ਸੁਖਵਿੰਦਰ ਕੌਰ ਤੋਂ ਇਲਾਵਾ ਆਮ ਆਦਮੀ ਪਾਰਟੀ ਦੇ ਮਹਿਲਾ ਵਿੰਗ ਦੀਆਂ ਵੱਡੀ ਗਿਣਤੀ ਵਿੱਚ ਅਹੁਦੇਦਾਰ ਤੇ ਵਰਕਰ ਹਾਜ਼ਰ ਸਨ।

# 'ਖੇਡਾਂ ਵਤਨ ਪੰਜਾਬ ਦੀਆਂ' ਦੇ ਤੀਜੇ ਦਿਨ ਕ੍ਰਿਕਟ ਦੇ ਸੈਮੀਫਾਈਨਲ ਮੁਕਾਬਲੇ

### 70 ਸਾਲ ਤੋਂ ਵੱਧ ਉਮਰ ਦੇ ਖਿਡਾਰੀਆਂ ਨੇ ਵੀ ਦੌੜਾਂ 'ਚ ਦਿਖਾਇਆ ਦਮ



**ਭਵਾਨੀਗੜ੍ਹ (ਰਾਜ ਖੁਰਮੀ)**- ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਦੇ ਮਕਸਦ ਨਾਲ ਕਰਵਾਈਆਂ ਜਾ ਰਹੀਆਂ 'ਖੇਡਾਂ ਵਤਨ ਪੰਜਾਬ ਦੀਆਂ-2026' ਸੀਜ਼ਨ-4 ਤਹਿਤ ਜ਼ਿਲ੍ਹਾ ਸੰਗਰੂਰ ਵਿੱਚ ਬਲਾਕ ਪੱਧਰੀ ਖੇਡ ਮੁਕਾਬਲੇ ਪੂਰੇ ਉਤਸ਼ਾਹ ਨਾਲ ਜਾਰੀ ਹਨ। ਬਲਾਕ ਭਵਾਨੀਗੜ੍ਹ ਵਿਖੇ ਅੱਜ ਖੇਡ ਮੁਕਾਬਲਿਆਂ ਦਾ ਤੀਜਾ ਦਿਨ ਰਿਹਾ, ਜਿਸ ਦੌਰਾਨ ਕ੍ਰਿਕਟ ਦੇ ਸੈਮੀਫਾਈਨਲ ਮੁਕਾਬਲੇ ਕਰਵਾਏ ਗਏ।ਇਸ ਦੇ ਨਾਲ ਹੀ ਵੱਖ-ਵੱਖ ਉਮਰ ਵਰਗਾਂ ਦੇ ਐਥਲੈਟਿਕਸ ਮੁਕਾਬਲਿਆਂ ਵਿੱਚ ਖਿਡਾਰੀਆਂ ਨੇ ਆਪਣੀ ਖੇਡ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।

ਜ਼ਿਲ੍ਹਾ ਖੇਡ ਅਫ਼ਸਰ ਸੰਗਰੂਰ ਨਵਦੀਪ ਸਿੰਘ ਨੇ ਦੱਸਿਆ ਕਿ ਬਲਾਕ ਸੁਨਾਮ ਦੀਆਂ ਬਲਾਕ ਪੱਧਰੀ ਖੇਡਾਂ ਵੀ ਅੱਜ ਸ਼ੁਰੂ ਹੋ ਗਈਆਂ ਹਨ।ਸੁਨਾਮ ਬਲਾਕ ਦੇ ਮੁਕਾਬਲੇ ਸ਼ਹੀਦ ਦਲੇਲ ਸਿੰਘ ਖੇਡ ਸਟੇਡੀਅਮ, ਛਾਹੜ ਤੇ ਸ਼ਹੀਦ ਊਧਮ ਸਿੰਘ ਓਲੰਪਿਕ ਕਾਲਜ, ਸੁਨਾਮ ਵਿਖੇ ਕਰਵਾਏ ਜਾ ਰਹੇ ਹਨ।ਸ਼ਹੀਦ ਦਲੇਲ ਸਿੰਘ ਖੇਡ ਸਟੇਡੀਅਮ ਵਿਖੇ ਫੁੱਟਬਾਲ, ਖੋ-ਖੋ, ਵਾਲੀਬਾਲ ਸ਼ੂਟਿੰਗ ਤੇ ਵਾਲੀਬਾਲ ਸਮੈਸ਼ਿੰਗ ਦੇ ਮੁਕਾਬਲੇ ਹੋ ਰਹੇ ਹਨ, ਜਦਕਿ ਸ਼ਹੀਦ ਊਧਮ ਸਿੰਘ ਓਲੰਪਿਕ ਕਾਲਜ ਵਿਖੇ ਕਬੱਡੀ ਸਰਕਲ ਸਟਾਈਲ, ਐਥਲੈਟਿਕਸ ਤੇ ਕਬੱਡੀ ਨੈਸ਼ਨਲ ਸਟਾਈਲ ਦੇ ਮੁਕਾਬਲੇ ਕਰਵਾਏ ਜਾ ਰਹੇ ਹਨ।ਉਨ੍ਹਾਂ ਦੱਸਿਆ ਕਿ ਬਲਾਕ ਭਵਾਨੀਗੜ੍ਹ ਵਿਖੇ ਤੀਜੇ ਦਿਨ ਕ੍ਰਿਕਟ ਦੇ ਸੈਮੀਫਾਈਨਲ ਮੁਕਾਬਲੇ ਖਿੱਚ ਦਾ ਕੇਂਦਰ ਰਹੇ।ਇਸ ਤੋਂ ਇਲਾਵਾ 60 ਸਾਲ ਤੋਂ ਵੱਧ ਉਮਰ ਵਰਗ ਦੇ ਖਿਡਾਰੀਆਂ ਨੇ ਵੀ ਐਥਲੈਟਿਕਸ ਮੁਕਾਬਲਿਆਂ ਵਿੱਚ ਜੋਸ਼ ਨਾਲ ਹਿੱਸਾ ਲਿਆ।ਖਾਸ ਤੌਰ 'ਤੇ 70 ਸਾਲ ਤੋਂ ਵੱਧ ਉਮਰ ਦੇ ਖਿਡਾਰੀਆਂ ਵੱਲੋਂ ਦੌੜ ਮੁਕਾਬਲੇ ਵਿੱਚ ਕੀਤੀ ਗਈ ਸ਼ਮੂਲੀਅਤ ਨੇ ਮੈਦਾਨ ਵਿੱਚ ਮੌਜੂਦ ਲੋਕਾਂ ਦਾ ਧਿਆਨ ਖਿੱਚਿਆ।

## ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਹਿੰਦੀ ਦਿਵਸ ਮਨਾਇਆ



**ਅਜੀਤਵਾਲ (ਨਛੱਤਰ ਸੰਧੂ)**-ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਹਿੰਦੀ ਦਿਵਸ ਬੜੇ ਉਤਸ਼ਾਹ ਅਤੇ ਉਤਸਾਹਪੂਰਵਕ ਢੰਗ ਨਾਲ ਮਨਾਇਆ ਗਿਆ।ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਨੂੰ ਹਿੰਦੀ ਭਾਸ਼ਾ ਦੀ ਮਹੱਤਤਾ, ਇਤਿਹਾਸ ਅਤੇ ਸਾਡੇ ਜੀਵਨ ਵਿੱਚ ਇਸ ਦੀ ਭੂਮਿਕਾ ਬਾਰੇ ਜਾਣਕਾਰੀ ਦਿੱਤੀ।ਅਧਿਆਪਕਾਂ ਨੇ ਬੱਚਿਆਂ ਨੂੰ ਦੱਸਿਆ ਕਿ ਭਾਸ਼ਾ ਸਿਰਫ਼ ਵਿਚਾਰ ਪ੍ਰਗਟ ਕਰਨ ਦਾ ਸਾਧਨ ਹੀ ਨਹੀਂ, ਸਗੋਂ ਸਾਡੀ ਸੱਭਿਆਚਾਰਕ ਵਿਰਾਸਤ ਅਤੇ ਏਕਤਾ ਦਾ ਪ੍ਰਤੀਕ ਵੀ ਹੈ।ਇਸ ਮੌਕੇ ਵਿਦਿਆਰਥੀਆਂ ਨੇ ਹਿੰਦੀ ਭਾਸ਼ਾ ਨਾਲ ਸਬੰਧਤ ਕਵਿਤਾਵਾਂ, ਭਾਸ਼ਣ ਅਤੇ ਹੋਰ ਗਤੀਵਿਧੀਆਂ ਵਿੱਚ ਭਾਗ ਲਿਆ।ਬੱਚਿਆਂ ਨੇ ਹਿੰਦੀ ਦੇ ਮਹਾਨ ਸਾਹਿਤਕਾਰਾਂ ਅਤੇ ਉਨ੍ਹਾਂ ਦੀਆਂ ਰਚਨਾਵਾਂ ਬਾਰੇ ਵੀ ਜਾਣਕਾਰੀ ਹਾਸਲ ਕੀਤੀ। ਅਧਿਆਪਕਾਂ ਨੇ ਵਿਦਿਆਰਥੀਆਂ ਨੂੰ ਹਿੰਦੀ ਦੇ ਨਾਲ-ਨਾਲ ਸਾਰੀਆਂ ਭਾਸ਼ਾਵਾਂ ਦਾ ਸਤਿਕਾਰ ਕਰਨ ਅਤੇ ਭਾਸ਼ਾਈ ਵਿਭਿੰਨਤਾ ਨੂੰ ਅਪਣਾਉਣ ਲਈ ਪ੍ਰੇਰਿਤ ਕੀਤਾ।ਸਕੂਲ ਦੇ ਚੇਅਰਮੈਨ ਸੁਭਾਸ਼ ਪਲਤਾ ਅਤੇ ਪ੍ਰਿੰਸੀਪਲ ਸ਼ਾਕਸ਼ੀ ਗੁਲੇਰੀਆ ਨੇ ਹਿੰਦੀ ਦਿਵਸ ਦੀ ਵਧਾਈ ਦਿੰਦਿਆਂ ਕਿਹਾ ਕਿ ਭਾਸ਼ਾਵਾਂ ਸਾਨੂੰ ਇੱਕ-ਦੂਜੇ ਨਾਲ ਜੋੜਦੀਆਂ ਹਨ ਅਤੇ ਸਾਨੂੰ ਆਪਣੀ ਸੱਭਿਆਚਾਰਕ ਵਿਰਾਸਤ ਨਾਲ ਜੋੜ ਕੇ ਰੱਖਦੀਆਂ ਹਨ।ਸਕੂਲ ਦੇ ਡਾਇਰੈਕਟਰ ਅਮਿਤ ਪਲਤਾ, ਸ੍ਰੈਆ ਪਲਤਾ ਅਤੇ ਸ਼ਿਵਾਨੀ ਅਰੋੜਾ, ਰਮਨ ਅਰੋੜਾ ਨੇ ਵਿਦਿਆਰਥੀਆਂ ਨੂੰ ਭਾਸ਼ਾ ਪ੍ਰਤੀ ਸਤਿਕਾਰ ਅਤੇ ਇਸ ਦੀ ਮਹੱਤਤਾ ਨੂੰ ਸਮਝਣ ਦਾ ਸੰਦੇਸ਼ ਦਿੱਤਾ।

## ਰੱਬ ਦਾ ਅਹਿਸਾਸ ਮਨ ਨੂੰ ਭਗਤੀ ਤੇ ਪਿਆਰ ਨਾਲ ਸਰਾਬੋਰ ਕਰਦਾ ਹੈ : ਨਿਰੰਕਾਰੀ ਰਮਿਤ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਿਆਰ ਸਿੰਘ ਬੱਲ)**-ਸੰਤ ਨਿਰੰਕਾਰੀ ਮਿਸ਼ਨ ਪਟਿਆਲਾ ਜੋਨ ਤੇ ਜੋਨਲ ਇੰਚਾਰਜ ਵੀ ਸੀ ਲੂਥਰਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਤਿਗੁਰੂ ਮਾਤਾ ਸੁਦੀਕਸ਼ਾ ਮਹਾਰਾਜ ਦੇ ਪਾਵਨ ਆਸ਼ੀਰਵਾਦ ਨਾਲ ਚੰਡੀਗੜ੍ਹ ਦੇ ਸੈਕਟਰ-34 ਸਥਿਤ ਮੇਲਾ ਗਰਾਊਂਡ ਵਿੱਚ ਵਿਸ਼ਾਲ ਨਿਰੰਕਾਰੀ ਸੰਤ ਸਮਾਗਮ ਕਰਵਾਇਆ ਗਿਆ।ਸ਼ਰਧਾਲੂਆਂ ਨੇ ਨਿਰੰਕਾਰੀ ਰਾਜਪਿਤਾ ਰਮਿਤ ਦੇ ਪਾਵਨ ਵਚਨਾਂ ਦਾ ਆਨੰਦ ਮਾਣਿਆ। ਸਮਾਗਮ ਦੌਰਾਨ ਸੰਤਾਂ ਨੇ ਗੀਤਾਂ, ਭਜਨਾਂ ਅਤੇ ਵਿਚਾਰਾਂ ਰਾਹੀਂ ਸਤਿਗੁਰੂ ਦੀਆਂ ਸਿੱਖਿਆਵਾਂ ਸਾਂਝੀਆਂ ਕੀਤੀਆਂ, ਜਿਸ ਨਾਲ ਸਾਰਾ ਵਾਤਾਵਰਨ ਪਿਆਰ, ਭਗਤੀ ਅਤੇ ਸ਼ਰਧਾ ਦੇ ਭਾਵ ਨਾਲ ਸਰਾਬੋਰ ਹੋ ਗਿਆ।ਰਮਿਤ ਨੇ ਕਿਹਾ ਕਿ ਮਨੁੱਖੀ ਜੀਵਨ ਦਾ ਅਸਲ ਉਦੇਸ਼ ਮਾਇਆ, ਧਨ-ਦੌਲਤ ਅਤੇ ਸ਼ੋਹਰਤ ਦੀ ਚਮਕ-ਦਮਕ ਵਿੱਚ ਗੁਆਚ ਜਾਣਾ ਨਹੀਂ, ਸਗੋਂ ਪਰਮਾਤਮਾ ਦੀ ਪਹਿਚਾਣ ਕਰਨਾ ਹੈ। ਸਤਿਗੁਰੂ ਵੱਲੋਂ ਪ੍ਰਦਾਨ ਕੀਤਾ ਗਿਆ ਬ੍ਰਹਮਗਿਆਨ ਮਨੁੱਖ ਨੂੰ ਉਸ ਦੇ ਅਸਲ ਸਰੂਪ ਨਾਲ ਜਾਣੂ ਕਰਵਾਉਂਦਾ ਹੈ ਅਤੇ ਪਰਮਾਤਮਾ ਨਾਲ ਉਸ ਦੇ ਰਿਸ਼ਤੇ ਦਾ ਅਹਿਸਾਸ ਕਰਵਾਉਂਦਾ ਹੈ।

## ਆਸ਼ਾ ਵਰਕਰਾਂ ਵੱਲੋਂ 18 ਤੱਕ ਕੰਮ ਦਾ ਬਾਈਕਾਟ, ਸਰਕਾਰ ਖ਼ਿਲਾਫ਼ ਰੋਸ



**ਭਵਾਨੀਗੜ੍ਹ (ਰਾਜ ਖੁਰਮੀ)**-ਆਸ਼ਾ ਵਰਕਰ ਤੇ ਫੈਸਿਲੀਟੇਟਰ ਯੂਨੀਅਨ ਪੰਜਾਬ ਦੇ ਸੱਦੇ 'ਤੇ ਬਰਨਾਲਾ ਜ਼ਿਲ੍ਹੇ ਦੀਆਂ ਸਮੂਹ ਆਸ਼ਾ ਵਰਕਰਾਂ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ 8 ਸਤੰਬਰ ਤੋਂ 18 ਸਤੰਬਰ ਤੱਕ ਕੰਮ ਦਾ ਬਾਈਕਾਟ ਕੀਤਾ ਜਾ ਰਿਹਾ ਹੈ। ਇਸ ਦੌਰਾਨ ਵਰਕਰਾਂ ਨੇ ਪੰਜਾਬ ਸਰਕਾਰ ਖ਼ਿਲਾਫ਼ ਰੋਸ ਪ੍ਰਗਟ ਕਰਦਿਆਂ ਆਪਣੀਆਂ ਮੰਗਾਂ ਨੂੰ ਤੁਰੰਤ ਲਾਗੂ ਕਰਨ ਦੀ ਮੰਗ ਕੀਤੀ।ਆਸ਼ਾ ਵਰਕਰਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਰਾਣੋ ਖੇੜੀ ਗਿੱਲਾ ਤੇ ਜਨਰਲ ਸਕੱਤਰ ਕਮਲਜੀਤ ਕੌਰ ਭੱਟੀਵਾਲ ਖੁਰਦ ਨੇ ਕਿਹਾ ਕਿ ਆਸ਼ਾ ਵਰਕਰਾਂ ਲੰਬੇ ਸਮੇਂ ਤੋਂ ਸਿਹਤ ਵਿਭਾਗ ਨਾਲ ਸਬੰਧਤ ਜ਼ਿੰਮੇਵਾਰੀਆਂ ਤਨਦੇਹੀ ਨਾਲ ਨਿਭਾਅ ਰਹੀਆਂ ਹਨ, ਪਰ ਇਸ ਦੇ ਬਾਵਜੂਦ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ ਲਗਾਤਾਰ ਅਣਗੌਲਿਆ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਆਸ਼ਾ ਵਰਕਰਾਂ 'ਤੇ ਘੱਟੋ-ਘੱਟ ਉਜ਼ਰਤ ਕਾਨੂੰਨ ਲਾਗੂ ਕੀਤਾ ਜਾਣਾ ਚਾਹੀਦਾ ਹੈ ਤੇ ਕੱਟੇ ਗਏ ਇਨਸੈਂਟਿਵ ਤੁਰੰਤ ਬਹਾਲ ਕੀਤੇ ਜਾਣੇ ਚਾਹੀਦੇ ਹਨ।ਇਸ ਤੋਂ ਇਲਾਵਾ ਵਰਕਰਾਂ ਨੂੰ ਮੁਫ਼ਤ ਸਿਹਤ ਸਹੂਲਤਾਂ ਦੇਣ, ਸੇਵਾ ਮੁਕਤੀ ਸਮੇਂ 5 ਲੱਖ ਰੁਪਏ ਦੀ ਸਹਾਇਤਾ ਦੇਣ ਤੇ 5 ਹਜ਼ਾਰ ਰੁਪਏ ਪ੍ਰਤੀ ਮਹੀਨਾ ਪੈਨਸ਼ਨ ਦੇਣ ਦੀ ਮੰਗ ਵੀ ਕੀਤੀ ਗਈ।ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਆਸ਼ਾ ਵਰਕਰਾਂ ਦੀਆਂ ਸਮੂਹ ਜਾਇਜ਼ ਮੰਗਾਂ ਨੂੰ ਤੁਰੰਤ ਪ੍ਰਵਾਨ ਕਰਕੇ ਲਾਗੂ ਕੀਤਾ ਜਾਵੇ, ਨਹੀਂ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕਰਨ ਲਈ ਮਜਬੂਰ ਹੋਣਾ ਪਵੇਗਾ।

## ਸ਼ਿਵਾਲਿਕ ਸਕੂਲ ਵਿਖੇ ਗਣੇਸ਼ ਚਤੁਰਥੀ ਮੌਕੇ ਬੱਚਿਆਂ ਵੱਲੋਂ ਖ਼ੂਬਸੂਰਤ ਪੇਸ਼ਕਾਰੀਆਂ



**ਜਗਰਾਉਂ (ਅਮਿਤ ਖੰਨਾ)**-ਗਣੇਸ਼ ਚਤੁਰਥੀ ਦੇ ਸ਼ੁਭ ਅਵਸਰ 'ਤੇ ਸ਼ਿਵਾਲਿਕ ਸਕੂਲ ਵਿਖੇ ਬੱਚਿਆਂ ਵੱਲੋਂ ਛੋਟੀਆਂ ਤੇ ਬਹੁਤ ਹੀ ਸੁੰਦਰ ਪੇਸ਼ਕਾਰੀਆਂ ਦਿੱਤੀਆਂ ਗਈਆਂ।ਐਲ.ਕੇ.ਜੀ. ਦੇ ਬੱਚਿਆਂ ਨੇ 'ਓ ਮੇਰੇ ਦੋਸਤ ਗਣੇਸ਼ਾ' ਗੀਤ 'ਤੇ ਨਾਚ ਪੇਸ਼ ਕੀਤਾ ਅਤੇ ਯੂ.ਕੇ.ਜੀ. ਦੇ ਬੱਚਿਆਂ ਨੇ 'ਮੋਰਿਆ ਰੇ ਬੱਪਾ ਮੋਰਿਆ ਰੇ' ਗੀਤ 'ਤੇ ਨਾਚ ਪੇਸ਼ ਕੀਤਾ।ਇਸ ਤੋਂ ਬਾਅਦ ਬੱਚਿਆਂ ਨੇ 'ਕੈਲਾਸ਼ ਪਰਿਵਾਰ' 'ਤੇ ਇੱਕ ਸਕਿੱਟ ਪੇਸ਼ ਕੀਤੀ, ਜਿਸ ਵਿੱਚ ਉਨ੍ਹਾਂ ਨੇ ਭਗਵਾਨ ਸ਼ਿਵ, ਦੇਵੀ ਪਾਰਵਤੀ, ਭਗਵਾਨ ਗਣੇਸ਼, ਕਾਰਤਿਕੇਅ, ਮੂਸ਼ਕ ਜੀ, ਨਾਰਦ ਮੁਨੀ ਤੇ ਹੋਰ ਪਾਤਰਾਂ ਦੀਆਂ ਭੂਮਿਕਾਵਾਂ ਨਿਭਾਈਆਂ।ਇਸ ਮੌਕੇ ਪ੍ਰਿੰਸੀਪਲ ਸ੍ਰੀਮਤੀ ਨੀਲਮ ਸ਼ਰਮਾ ਨੇ ਛੋਟੇ ਬੱਚਿਆਂ ਨੂੰ ਬਹੁਤ ਹੀ ਸਰਲ ਤੇ ਸਹਿਜ ਸ਼ਬਦਾਂ ਵਿੱਚ ਸਮਝਾਇਆ ਕਿ ਭਗਵਾਨ ਗਣੇਸ਼ ਦੀ ਪੂਜਾ ਸਭ ਤੋਂ ਪਹਿਲਾਂ ਕੀਤੀ ਜਾਂਦੀ ਹੈ।ਉਨ੍ਹਾਂ ਕਿਹਾ ਕਿ ਅਸੀਂ ਕੋਈ ਵੀ ਸ਼ੁਭ ਕੰਮ ਸ਼ੁਰੂ ਕਰਨ ਤੋਂ ਪਹਿਲਾਂ ਭਗਵਾਨ ਗਣੇਸ਼ ਦਾ ਨਾਮ ਲੈਂਦੇ ਹਾਂ, ਕਿਉਂਕਿ ਉਹ ਸਾਨੂੰ ਚੰਗੀ ਬੁੱਧੀ ਤੇ ਗਿਆਨ ਦਾ ਅਸ਼ੀਰਵਾਦ ਦਿੰਦੇ ਹਨ।ਅੰਤ ਵਿੱਚ ਉਨ੍ਹਾਂ ਨੇ ਸਾਰੇ ਬੱਚਿਆਂ ਨੂੰ ਸਰਟੀਫਿਕੇਟ ਦੇ ਕੇ ਉਨ੍ਹਾਂ ਦਾ ਹੌਸਲਾ ਵਧਾਇਆ ਤੇ ਪ੍ਰੋਗਰਾਮ 'ਗਣਪਤੀ ਬੱਪਾ ਮੋਰਿਆ' ਦੇ ਜੈਕਾਰਿਆਂ ਨਾਲ ਸਮਾਪਤ ਹੋਇਆ।

**PUBLIC NOTICE**

This is to inform and seek objections, if any, from general public that our client is intending to purchase from Goldust Infra a partnership firm through its partner and Mr. Charatvir Singh ('Owners') of total land admeasuring 12 Kanal 18 Marla i.e. 7804.5 sq. yards i.e. 70,240.5 sq. ft. comprised in Khasra Nos. 34//9 (2-8), 34//11/2/2/1 (0-5), 34//18(8-0), 34//19 (8-0), 34//12 (7-14), 32//13/1 (7-8), 39//5 (8-0), 40//2 (8-0), 40//10 (8-0), 34//11/2/1 (0-4), 34//11/2/2/2 (1-7), 39//15/2 (1-19), 40//11/2 (1-7), 34//23/2 (4-4), 40//3 (8-0), 40/8/3 (1-4), 40//11/1 (4-13), 40//12/2 (2-9), 40//9 (8-0), 34//27 (0-18), 34//17/3 (0-16), 34//21 (8-0), 34//22 (8-0), 34//23/1 (3-16), 35//24 (0-13), 35//25 (8-0), 34//20/2/1 (0-12), 34//20/2/2/1 (0-4), 34//20/1 (0-17), 34//8/2 (0-9), 39//6/1 (4-18), 39//4/2 (3-14), 40//1 (8-0), 34//20/2/2/2 (5-16), 39//15/1/2 (1-3), 39//16/2/1 (1-8) and 39//15/1/1 (0-16) however exclusive possession shall be handed over by the Owners to our client to the extent of land admeasuring 12 Kanal 9.94 Marla i..e 68040 Sq. ft. approximately comprised in the Khasra nos. 34//9 (2-8), 34//11/2/2/2 (1-7), 34//18(8-0), 34//19 (8-0), 34//12 (7-14), 32//13/1 (7-8) situated in Hadbast No.270, village Sarinh, Gill road, Dist. Ludhiana, Punjab 141006 ("Property") butted and bounded as follows:

On the East : by part of khasra no. of 34//13/1, 34//12 and 34//9:
On the West : by part of khasra no. 34//11/2, 34//12 and 34//19;
On the North : by main road of 80 ft wide;
On the South : by part of khasra no. 34//18, 34//13/1 and 34//19;

Any person(s) or any legal entity(ies) including any Government/ Public Department, Bank or Financial Institution, etc., is having or claiming to have any share, right, title, claim, benefit, demand and/ or interest in respect of the said Property or any part thereof, of any nature whatsoever and/ or any claim by way of, under, or in the nature of any agreement, sale, transfer, assignment, will, release, relinquishment, lis-pendens, family arrangement, settlement, lease, sub-lease, leave and license, exchange, tenancy, sub-tenancy, license, mortgage, inheritance, bequest, gift, lien, charge, outgoings, maintenance, easement, options, trust, possession, development rights, right of way, undivided share, reservation, covenant or condition, encumbrance of whatsoever nature, occupation, right of first refusal or pre-emption, decree or order of any court of law, partnership, acquisition by the government or any entity, prohibition or any impediment in respect of Property, or otherwise of whatsoever nature over the said Property, or part thereof and/ or having any objection(s) of any manner whatsoever is hereby required to make the same known in writing along with the supporting documents to the undersigned within 14 (Fourteen) days from the date of publication of this notice, failing which it will be presumed that the title of the said Property is clear, valid and marketable and no one has any right, title or interest in the said Property . Any claim / demand not made in writing as hereby required shall be deemed as waived or abandoned and not binding to undersigned or their successors/nominee/assignees in any manner whatsoever to purchase the said Property and any sort of claim from any person thereafter will not be entertained and/ or taken into consideration.

**Mr. Jatin Kumar, Advocate**
For Rajesh Goel and Co
SCO 833, Level 1, Sector 13,
NAC Manimajra, Madhya Marg
U.T. Chandigarh
Pin Code-160101.

Dated this 10th day of September 2026

## ਨਸ਼ਾ ਮੁਕਤ ਪੰਜਾਬ ਯਾਤਰਾ ਨਸ਼ਿਆਂ ਖ਼ਿਲਾਫ਼ ਇੱਕ ਜਨ ਅੰਦੋਲਨ ਖੜ੍ਹਾ ਕਰੇਗੀ : ਉਂਕਾਰ ਸਿੰਘ, ਪਰਦੀਪ ਗਰਗ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ)**-ਪੰਜਾਬ ਭਾਜਪਾ ਦੇ ਸੀਨੀਅਰ ਆਗੂ ਅਤੇ ਹਲਕਾ ਧੂਰੀ ਤੋਂ ਪ੍ਰਮੁੱਖ ਆਗੂ ਅਤੇ ਸਾਬਕਾ ਓ.ਐੱਸ.ਡੀ. ਉਂਕਾਰ ਸਿੰਘ ਸਿੱਧੂ ਅਤੇ ਭਾਜਪਾ ਦੇ ਸੂਬਾਈ ਆਗੂ ਪਰਦੀਪ ਗਰਗ ਧੂਰੀ ਨੇ ਗੱਲਬਾਤ ਕਰਦਿਆਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਵੱਲੋਂ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਦੀ ਅਗਵਾਈ ਹੇਠ 18 ਸਤੰਬਰ ਤੋਂ ਪੰਜਾਬ ਵਿੱਚ 'ਨਸ਼ਾ ਮੁਕਤ ਪੰਜਾਬ ਯਾਤਰਾ' ਦੀ ਸ਼ੁਰੂਆਤ ਕੀਤੀ ਜਾਵੇਗੀ।ਪੰਜਾਬ ਦੇ ਚਾਰ ਵੱਖ-ਵੱਖ ਧਾਰਮਿਕ/ ਇਤਿਹਾਸਕ ਥਾਵਾਂ ਤੋਂ ਸ਼ੁਰੂ ਹੋਣ ਵਾਲੀ ਇਸ ਯਾਤਰਾ ਵਿੱਚ ਸਭ ਤੋਂ ਅੱਗੇ ਚਾਰ ਵੱਡੇ ਰਥ ਚੱਲਣਗੇ।ਭਾਜਪਾ ਦੇ ਕੌਮੀ ਪ੍ਰਧਾਨ 18 ਸਤੰਬਰ ਨੂੰ ਪਠਾਨਕੋਟ ਦੇ ਏਕਤਾ ਸਥਲ ਤੋਂ ਯਾਤਰਾ ਦੇ ਮੁੱਖ ਰਥ ਨੂੰ ਹਰੀ ਝੰਡੀ ਦਿਖਾਉਣਗੇ।ਯਾਤਰਾ ਦੀ ਸਮਾਪਤੀ ਜਲੰਧਰ ਵਿਖੇ ਹੋਵੇਗੀ ਅਤੇ ਸਮਾਪਤੀ ਸਮਾਗਮਾਂ ਵਿੱਚ 30 ਸਤੰਬਰ ਨੂੰ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਸ਼ਾਮਲ ਹੋਣਗੇ। ਉਨ੍ਹਾਂ ਦੱਸਿਆ ਕਿ ਭਾਜਪਾ ਵੱਲੋਂ ਨਸ਼ਿਆਂ ਵਿਰੁੱਧ ਯਾਤਰਾ ਦਾ 'ਭਾਜਪਾ ਦਾ ਨਾਅਰਾ, ਨਸ਼ਾ ਮੁਕਾਉਣਾ ਸਾਰਾ' ਨਾਅਰਾ ਦਿੱਤਾ ਗਿਆ ਹੈ।ਸ੍ਰੀ ਫ਼ਤਿਹਗੜ੍ਹ ਸਾਹਿਬ ਤੋਂ ਇੱਕ ਯਾਤਰਾ 19 ਸਤੰਬਰ ਨੂੰ ਸ਼ੁਰੂ ਹੋਵੇਗੀ।ਇਸੇ ਤਰ੍ਹਾਂ ਸਾਦਕੀ ਬਾਰਡਰ (ਫ਼ਾਜ਼ਿਲਕਾ) ਤੋਂ 20 ਸਤੰਬਰ ਨੂੰ ਯਾਤਰਾ ਚੱਲੇਗੀ ਅਤੇ 21 ਸਤੰਬਰ ਨੂੰ ਤਖ਼ਤ ਦਮਦਮਾ ਸਾਹਿਬ ਤੋਂ ਯਾਤਰਾ ਰਵਾਨਾ ਹੋਵੇਗੀ।ਚਾਰ ਯਾਤਰਾਵਾਂ ਅਲੱਗ-ਅਲੱਗ ਥਾਵਾਂ ਤੋਂ ਸ਼ੁਰੂ ਹੋਣਗੀਆਂ ਅਤੇ ਇਨ੍ਹਾਂ ਦੀ ਸਮਾਪਤੀ 30 ਸਤੰਬਰ ਨੂੰ ਜਲੰਧਰ ਵਿਖੇ ਹੋਵੇਗੀ।

# ਮਾਤਾ ਗੁਜਰੀ ਕਾਲਜ ਵਿਖੇ ਇਨਵੈਸਟੀਚਰ ਸਮਾਰੋਹ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮਾਤਾ ਗੁਜਰੀ ਕਾਲਜ ਦੇ ਪੋਸਟ ਗ੍ਰੈਜੂਏਟ ਅੰਗਰੇਜ਼ੀ ਵਿਭਾਗ ਦੀ ਇੰਗਲਿਸ਼ ਲਿਟਰੇਰੀ ਸੁਸਾਇਟੀ ਵੱਲੋਂ ਸੈਸ਼ਨ 2026-27 ਲਈ ਨਵੇਂ ਵਿਦਿਆਰਥੀ ਅਹੁਦੇਦਾਰਾਂ ਤੇ ਕਾਰਜਕਾਰੀ ਮੈਂਬਰਾਂ ਦੀ ਚੋਣ ਕਰਨ ਲਈ ਇਨਵੈਸਟੀਚਰ ਸਮਾਰੋਹ ਕਰਵਾਇਆ ਗਿਆ।ਕਾਲਜ ਦੇ ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ ਨੇ ਇੰਗਲਿਸ਼ ਲਿਟਰੇਰੀ ਸੁਸਾਇਟੀ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਤੇ ਵਿਦਿਆਰਥੀ ਅਹੁਦੇਦਾਰਾਂ ਨੂੰ ਵਧਾਈ ਦਿੰਦਿਆਂ ਆਪਣੀਆਂ ਜ਼ਿੰਮੇਵਾਰੀਆਂ ਨੂੰ ਪੂਰਨ ਸਮਰਪਣ ਤੇ ਵਚਨਬੱਧਤਾ ਨਾਲ ਨਿਭਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਇੰਗਲਿਸ਼ ਲਿਟਰੇਰੀ ਸੁਸਾਇਟੀ ਦੀਆਂ ਪਹਿਲਕਦਮੀਆਂ ਦੀ ਵੀ ਸ਼ਲਾਘਾ ਕੀਤੀ।

ਸੁਸਾਇਟੀ ਦੀ ਚੋਣ ਦੌਰਾਨ ਬੀ.ਏ. ਆਨਰਜ਼ ਅੰਗਰੇਜ਼ੀ ਭਾਗ ਤੀਸਰਾ ਦੀ ਵਿਦਿਆਰਥਣ ਖ਼ੁਸ਼ਸੀਰਤ ਕੌਰ ਨੂੰ ਪ੍ਰਧਾਨ, ਐਮ.ਏ. ਅੰਗਰੇਜ਼ੀ ਭਾਗ ਪਹਿਲਾ ਦੀ ਜਸ਼ਨਪ੍ਰੀਤ ਕੌਰ ਨੂੰ ਉਪ ਪ੍ਰਧਾਨ ਅਤੇ ਐਮ.ਏ. ਅੰਗਰੇਜ਼ੀ ਭਾਗ ਦੂਸਰਾ ਦੀ ਪ੍ਰਭਜੋਤ ਕੌਰ ਨੂੰ ਸਕੱਤਰ ਨਿਯੁਕਤ ਕੀਤਾ ਗਿਆ।ਇਸੇ ਤਰ੍ਹਾਂ ਐੱਮ.ਏ. ਅੰਗਰੇਜ਼ੀ ਭਾਗ ਦੂਸਰਾ ਦੀ ਜਸਪ੍ਰੀਤ ਕੌਰ ਤੇ ਬੀ.ਏ. ਆਨਰਜ਼ ਅੰਗਰੇਜ਼ੀ ਭਾਗ ਦੂਸਰਾ ਦੀ ਹਿਮਾਨੀ ਨੂੰ ਸੰਯੁਕਤ ਸਕੱਤਰ ਚੁਣਿਆ ਗਿਆ।ਇਸ ਦੇ ਨਾਲ ਹੀ ਐੱਮ.ਏ. ਅੰਗਰੇਜ਼ੀ ਭਾਗ ਦੂਸਰਾ ਦੀਆਂ ਵਿਦਿਆਰਥਣਾਂ ਸੁਖਮਨਪ੍ਰੀਤ ਕੌਰ ਤੇ ਤਵਲੀਨ ਕੌਰ ਨੂੰ ਮੀਡੀਆ ਸਕੱਤਰ ਦੀ ਜ਼ਿੰਮੇਵਾਰੀ ਸੌਂਪੀ ਗਈ।

ਇਸੇ ਪ੍ਰਕਾਰ ਐੱਮ.ਏ. ਅੰਗਰੇਜ਼ੀ ਭਾਗ ਦੂਸਰਾ ਦੀ ਮਨਪ੍ਰੀਤ ਕੌਰ ਤੇ ਬੀ.ਏ. ਆਨਰਜ਼ ਮਲਟੀਡਿਸਪਲਿਨਰੀ ਭਾਗ ਤੀਸਰਾ ਦੀ ਨੋਬਲਪ੍ਰੀਤ ਕੌਰ ਨੂੰ ਖਜ਼ਾਨਚੀ ਚੁਣਿਆ ਗਿਆ।ਸਭਾ ਦੇ ਕਾਰਜਕਾਰੀ ਮੈਂਬਰਾਂ ਵਜੋਂ ਐਮ.ਏ. ਅੰਗਰੇਜ਼ੀ ਭਾਗ ਪਹਿਲਾ ਦੀ ਰਾਜਬੀਰ ਕੌਰ, ਬੀ.ਏ. ਆਨਰਜ਼ ਅੰਗਰੇਜ਼ੀ ਭਾਗ ਪਹਿਲਾ ਦੀਆਂ ਵਿਦਿਆਰਥਣਾਂ ਮੁਸਕਾਨ, ਰੋਜ਼, ਗੁਰਨੂਰ ਕੌਰ ਤੇ ਰੀਆ, ਬੀ.ਏ. ਆਨਰਜ਼ ਮਲਟੀਡਿਸੀਪਲਿਨਰੀ ਭਾਗ ਪਹਿਲਾ ਦੀਆਂ ਜਸ਼ਨਪ੍ਰੀਤ ਕੌਰ, ਇਸ਼ਪ੍ਰੀਤ ਕੌਰ, ਵਨਸ਼ਿਕਾ, ਜੋਬਨਪ੍ਰੀਤ ਸਿੰਘ ਤੇ ਸੋਨਮਪ੍ਰੀਤ ਸਿੰਘ ਦੀ ਚੋਣ ਕੀਤੀ ਗਈ।

**ਉੱਤਰ ਰੇਲਵੇ**

**ਈ-ਨਿਵਿਦਾ ਸੂਚਨਾ**

ਮੰਡਲ ਇੰਜੀਨੀਅਰ-ਹੈਡਕੁਆਟਰ ਫਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਹੇਠਾਂ ਲਿਖਤ ਕੰਮਾਂ ਦੇ ਲਈ ਖੁਲੀਆਂ ਈ-ਨਿਵਿਦਾਵਾਂ ਦੀ ਮੰਗ ਕਰਦੇ ਹਨ, ਜੋ www.ireps.gov.in'ਤੇ ਉਪਲਬਧ ਹਨ ਅਤੇ ਜਿਨ੍ਹਾਂ ਦੇ ਬੰਦ ਹੋਣ ਦੀ ਮਿਤੀ 05.10.2026 ਸਮਾਂ 15.00 ਵਜੇ ਤਕ ਹੈ।ਨਿਵਿਦਾਕਰਤਾ ਆਪਣੇ ਮੂਲ/ਸੰਸ਼ੋਧਿਤ ਟੈਂਡਰ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ।ਮੈਨੂੰਅਲ ਨਿਵਿਦਾ ਮਾਨਯ ਨਹੀਂ ਹੈ ਅਤੇ ਐਸੇ ਕਿਸੇ ਵੀ ਮੈਨੂੰਅਲ ਪ੍ਰਾਪਤ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ।ਠੇਕੇਦਾਰ ਨਿਵਿਦਾ ਫਾਰਮ ਦੀ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਉਤੇ ਉਪਲਬਧ ਆਨ ਲਾਈਨ ਸਾਧਨਾ ਦੇ ਮਾਧਿਅਮ ਨਾਲ ਜਿਵੇਂ ਨੈਟ ਬੈਕਿੰਗ, ਡੇਬਿਟ ਕਾਰਡ, ਤੇ ਕਰੈਡਿਟ ਕਾਰਡ ਆਦਿ ਲਾਲ ਭੁਗਤਾਨ ਕਰ ਸਕਦੇ ਹਨ। ਡਿਮਾਂਡ ਡ੍ਰਾਫਟ, ਬੈਂਕਰਸ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਮਾਧਿਅਮ ਨਾਲ ਭੁਗਤਾਨ ਦੀ ਇਜਾਜਤ ਨਹੀਂ ਹੈ। ਵਧੇਰੇ ਜਾਣਕਾਰੀ ਦੇ ਲਈ www.ireps.gov.in 'ਤੇ ਲਾਗ ਆਨ ਕਰੋ।

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਬੋਲੀ ਪ੍ਰਣਾਲੀ |
|---|---|---|
| ਖੁਲ੍ਹਾ | ਕੰਮ | ਸਿੰਗਲ ਪੈਕੇਟ ਪ੍ਰਣਾਲੀ |
| **ਨਿਵਿਦਾ ਅਪਲੋਡ ਕਰਨ ਦੀ ਮਿਤੀ** | **ਬੋਲੀ ਸ਼ੁਰੂ ਦੀ ਮਿਤੀ** | **ਨਿਵਿਦਾ ਸਮਾਪਨ ਦੀ ਮਿਤੀ ਅਤੇ ਸਮਾਂ** |
| 11.09.2026 | 21.09.2026 | 05.10.2026 15:00 ਵਜੇ |

| ਲੜੀ ਨੰਬਰ | ਨਿਵਿਦਾ ਨੰ. ਮਿਤੀ | ਨਿਵਿਦਾ ਦਾ ਵੇਰਵਾ | | |
|---|---|---|---|---|
| 1. | 123-2026-27-ADEN-2-FZR | ਸਹਾਇਕ ਮੰਡਲ ਇੰਜੀਨੀਅਰ-ਸੈਕਿੰਡ/ਫਿਰੋਜ਼ਪੁਰ ਦੇ ਤਹਿਤ ਸੀਨੀਅਰ ਸੈਕਸ਼ਨ ਇੰਜੀਨੀਅਰ/ਪਥ/ਫਿਰੋਜ਼ਪੁਰ ਦੇ ਸੈਕਸ਼ਨ ਵਿਚ ਟ੍ਰੈਕ ਰਖਰਖਾਅ ਦੇ ਲਈ ਵਖ-ਵਖ ਪੀ-ਵੇ (ਵਿਵਿਧ ਰੇਲ ਪਥ) ਕੰਮ।'' | | |
| | **ਵਿਗਿਆਪਨ ਮੁੱਲ (ਰੁ.)** | **ਬਿਆਨਾ ਰਾਸ਼ੀ** | **ਆਫਰ ਦੀ ਵੈਲੇਡਿਟੀ** | **ਸਮਾਪਨ ਦੀ ਅਵਧੀ** |
| | 4998675.33 | 100000.00 | 60 ਦਿਨ | 12 ਮਹੀਨੇ |
| | **ਸਮਾਨ ਨੇਚਰ ਦਾ ਕੰਮ:** ''ਕੋਈ ਨਹੀਂ।'' | | | |
| 2. | 140-2026-27-ADEN-1-FZR | ਸਹਾਇਕ ਮੰਡਲ ਇੰਜੀਨੀਅਰ-ਫਸਟ/ ਫਿਰੋਜ਼ਪੁਰ ਦੇ ਤਹਿਤ ਸੀਨੀਅਰ ਸੈਕਸ਼ਨ ਇੰਜੀਨੀਅਰ/ਕੰਮ/ਫਿਰੋਜ਼ਪੁਰ ਦੇ ਸੈਕਸ਼ਨ ਵਿਚ ਫਿਰੋਜ਼ਪੁਰ ਦੀ ਕਾਲੋਨੀ ਨੰਬਰ 3 ਅਤੇ 4 (ਜੋਨ ਨੰਬਰ-2) ਵਿਚ ਮੌਜੂਦਾ ਸੰਰਚਨਾਵਾਂ ਦੀ ਸਾਧਾਰਨ ਮੁਰੰਮਤ ਅਤੇ ਰਖਰਖਾਅ ਦੇ ਨਾਲ-ਨਾਲ ਨਵੇਂ ਕੰਮ, ਪਰਿਵਰਧਨ ਅਤੇ ਪਰਿਵਰਤਨ ਅਤੇ ਐਮਰਜੈਂਸੀ ਕੰਮ (2026-2027) | | |
| | **ਵਿਗਿਆਪਨ ਮੁੱਲ (ਰੁ.)** | **ਬਿਆਨਾ ਰਾਸ਼ੀ** | **ਆਫਰ ਦੀ ਵੈਲੇਡਿਟੀ** | **ਸਮਾਪਨ ਦੀ ਅਵਧੀ** |
| | 8995514.01 | 179900.00 | 60 ਦਿਨ | 12 ਮਹੀਨੇ |
| | **ਸਮਾਨ ਨੇਚਰ ਦਾ ਕੰਮ:** ''ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।'' | | | |

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜ਼ੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜ਼ੀ ਵਰਜਨ ਹੀ ਮਾਨਯ ਹੋਣਗੇ। ਨਿਵਿਦਾ ਨੰਬਰ:-123-2026-27-ADEN-2-FZR & 140-2026-27-ADEN-1-FZR ਤਾਰੀਕ 14.09.2026

3176/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

# ਵਿੱਤ ਮੰਤਰੀ ਨੇ 12 ਨਵੇਂ ਕਲਰਕਾਂ ਨੂੰ ਸੌਂਪੇ ਨਿਯੁਕਤੀ ਪੱਤਰ



ਚੰਡੀਗੜ੍ਹ (ਗੁਰਜੀਤ ਬਿੱਲਾ)-ਸੂਬੇ ਦੇ ਵਿੱਤੀ ਪ੍ਰਸ਼ਾਸਨ ਨੂੰ ਹੋਰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਇਥੇ ਨਵੇਂ ਭਰਤੀ ਹੋਏ 12 ਕਲਰਕਾਂ ਨੂੰ ਨਿਯੁਕਤੀ ਪੱਤਰ ਸੌਂਪੇ, ਜੋ ਕਿ ਸੂਬੇ ਭਰ ਦੇ ਵੱਖ-ਵੱਖ ਖ਼ਜ਼ਾਨਾ ਦਫ਼ਤਰਾਂ ਵਿੱਚ ਤਾਇਨਾਤ ਕੀਤੇ ਜਾਣਗੇ।ਪੰਜਾਬ ਸਰਕਾਰ ਵਿੱਚ ਨਵੇਂ ਹੁਨਰ ਦਾ ਸਵਾਗਤ ਕਰਦਿਆਂ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਨਵ-ਨਿਯੁਕਤ ਮੁਲਾਜ਼ਮਾਂ ਨੂੰ ਉਨ੍ਹਾਂ ਦੇ ਜੀਵਨ ਦੇ ਨਵੇਂ ਸਫ਼ਰ ਦੀ ਸ਼ੁਰੂਆਤ ਲਈ ਨਿੱਘੀ ਮੁਬਾਰਕਬਾਦ ਦਿੱਤੀ। ਨਿਯੁਕਤੀ ਪੱਤਰ ਸੌਂਪਦਿਆਂ ਉਨ੍ਹਾਂ ਨੇ ਕਰਮਚਾਰੀਆਂ ਦੇ ਸੁਨਹਿਰੇ, ਸੰਤੁਸ਼ਟੀਜਨਕ ਅਤੇ ਸਫ਼ਲ ਕਰੀਅਰ ਦੀ ਕਾਮਨਾ ਕੀਤੀ।ਨਵ-ਨਿਯੁਕਤ ਮੁਲਾਜ਼ਮਾਂ ਨੂੰ ਸੰਬੋਧਨ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, 'ਸਰਕਾਰੀ ਸੇਵਾ ਵਿੱਚ ਆਉਣਾ ਸਿਰਫ਼ ਰੋਜ਼ੀ-ਰੋਟੀ ਕਮਾਉਣ ਦਾ ਸਾਧਨ ਨਹੀਂ ਹੈ, ਸਗੋਂ ਇਹ ਆਪਣੇ ਨਾਲ ਵੱਡੀ ਜ਼ਿੰਮੇਵਾਰੀ ਵੀ ਲੈ ਕੇ ਆਉਂਦਾ ਹੈ। ਮੈਂ ਤੁਹਾਨੂੰ ਪੂਰੀ ਇਮਾਨਦਾਰੀ, ਲਗਨ ਅਤੇ ਲੋਕ ਸੇਵਾ ਦੀ ਭਾਵਨਾ ਨਾਲ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣ ਦਾ ਸੱਦਾ ਦਿੰਦਾ ਹਾਂ।' ਇਨ੍ਹਾਂ ਨਿਯੁਕਤੀਆਂ ਦੇ ਤੁਰੰਤ ਪ੍ਰਭਾਵ ਨੂੰ ਉਜਾਗਰ ਕਰਦਿਆਂ ਹਰਪਾਲ ਸਿੰਘ ਚੀਮਾ ਨੇ ਕਿਹਾ, 'ਇਹ ਨਵੀਂ ਭਰਤੀ ਸੂਬੇ ਦੇ ਖ਼ਜ਼ਾਨਾ ਦਫ਼ਤਰਾਂ ਦੇ ਕੰਮਕਾਜ ਵਿੱਚ ਤੇਜ਼ੀ ਲਿਆਵੇਗੀ। ਕਰਮਚਾਰੀਆਂ ਦੀ ਗਿਣਤੀ ਵਧਾ ਕੇ ਸਰਕਾਰ ਦਾ ਟੀਚਾ ਖ਼ਜ਼ਾਨਾ ਦਫ਼ਤਰਾਂ ਦੇ ਕੰਮ ਨੂੰ ਹੋਰ ਸੁਚਾਰੂ ਬਣਾਉਣਾ ਹੈ, ਜਿਸ ਨਾਲ ਆਮ ਲੋਕਾਂ ਨੂੰ ਜ਼ਰੂਰੀ ਜਨਤਕ ਸੇਵਾਵਾਂ ਸਮੇਂ ਸਿਰ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਮਿਲ ਸਕਣਗੀਆਂ।'

## ਇਕੱਲੇਪਣ ਤੋਂ ਆਪਣੀ ਪਛਾਣ ਤੱਕ ਪਹੁੰਚਿਆ ਸ਼੍ਰੀਸਾਈਂ

ਚੰਡੀਗੜ੍ਹ: ਆਂਧਰਾ ਪ੍ਰਦੇਸ਼ ਦੇ ਬਾਪਟਲਾ ਦੇ 22 ਸਾਲਾ ਸ਼੍ਰੀਸਾਈਂ ਨੇ ਡਿਜੀਟਲ ਪਲੇਟਫਾਰਮ ਫਰੈਂਡ 'ਤੇ ਇਕੱਲੇਪਣ ਤੋਂ ਆਪਣੀ ਪਛਾਣ ਬਣਾਉਣ ਤੱਕ ਦਾ ਸਫ਼ਰ ਤੈਅ ਕੀਤਾ ਹੈ। ਬਚਪਨ ਵਿੱਚ ਮਾਂ ਨੂੰ ਗੁਆਉਣ ਤੋਂ ਬਾਅਦ ਦਾਦਾ-ਦਾਦੀ ਕੋਲ ਪਲੇ ਸ਼੍ਰੀਸਾਈਂ ਨੂੰ ਫਰੈਂਡ 'ਤੇ ਇੱਕ ਅਜਿਹਾ ਭਾਈਚਾਰਾ ਮਿਲਿਆ, ਜਿੱਥੇ ਉਸ ਦੀ ਗੱਲ ਸੁਣੀ ਗਈ। ਆਪਣੀ ਮਿਮਿਕਰੀ ਦੀ ਕਲਾ ਰਾਹੀਂ ਉਹ ਫਰੈਂਡ ਆਰਜੇ ਬਣਿਆ ਅਤੇ ਡੋਰੇਮੋਨ ਦੀ ਆਵਾਜ਼ ਵਿੱਚ 'ਟਾਕ ਵਿਦ ਡੋਰੇਮੋਨ' ਤੇ 'ਡਾਂਸ ਵਿਦ ਡੋਰੇਮੋਨ' ਵਰਗੇ ਲਾਈਵ ਸ਼ੋਅ ਸ਼ੁਰੂ ਕੀਤੇ। ਪਿਛਲੇ ਤਿੰਨ ਮਹੀਨਿਆਂ ਵਿੱਚ ਉਹ ਕਰੀਬ 7,000 ਵਿਲੱਖਣ ਸਰੋਤਿਆਂ ਤੱਕ ਪਹੁੰਚ ਚੁੱਕਾ ਹੈ। ਉਸ ਦਾ ਉਦੇਸ਼ ਲੋਕਾਂ ਨੂੰ ਆਪਣੀ ਗੱਲ ਸਾਂਝੀ ਕਰਨ ਅਤੇ ਘੱਟ ਇਕੱਲਾ ਮਹਿਸੂਸ ਕਰਨ ਲਈ ਸੁਰੱਖਿਅਤ ਮਾਹੌਲ ਦੇਣਾ ਹੈ।

# 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਨਸ਼ਿਆਂ ਦੇ ਖ਼ਾਤਮੇ ਲਈ ਬਣਾਈ ਰਣਨੀਤੀ



ਗੁਰਾਇਆ (ਬਿੰਦਰ ਸੁੰਮਨ)-ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖਾਤਮੇ ਲਈ ਚਲਾਈ ਜਾ ਰਹੀ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ" ਤਹਿਤ ਹਲਕਾ ਫਿਲੌਰ ਵਿੱਚ ਇੱਕ ਅਹਿਮ ਮੀਟਿੰਗ ਹਲਕਾ ਇੰਚਾਰਜ ਹਰਜੋਤ ਕੌਰ ਲੋਹਟੀਆ ਦੀ ਅਗਵਾਈ ਹੇਠ ਸਥਾਨਕ ਹੋਟਲ ਵਿੱਚ ਕੀਤੀ ਗਈ। ਮੀਟਿੰਗ ਦੌਰਾਨ ਨਸ਼ਿਆਂ ਦੀ ਸਮੱਸਿਆ ਨੂੰ ਜੜ੍ਹ ਤੋਂ ਖਤਮ ਕਰਨ, ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਅਤੇ ਪਿੰਡਾਂ ਤੇ ਸ਼ਹਿਰਾਂ ਵਿੱਚ ਜਾਗਰੂਕਤਾ ਮੁਹਿੰਮ ਨੂੰ ਹੋਰ ਮਜ਼ਬੂਤ ਕਰਨ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਲਈ ਸਾਂਝੇ ਤੌਰ 'ਤੇ ਯਤਨ ਕਰਨ ਅਤੇ ਲੋਕਾਂ ਨੂੰ ਇਸ ਮੁਹਿੰਮ ਨਾਲ ਜੋੜਨ 'ਤੇ ਵੀ ਜ਼ੋਰ ਦਿੱਤਾ ਗਿਆ। ਹਰਜੋਤ ਕੌਰ ਲੋਹਟੀਆ ਨੇ ਕਿਹਾ ਕਿ ਨੌਜਵਾਨ ਸਾਡੇ ਸਮਾਜ ਦੀ ਤਾਕਤ ਹਨ ਅਤੇ ਉਨ੍ਹਾਂ ਨੂੰ ਨਸ਼ਿਆਂ ਤੋਂ ਬਚਾਉਣਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ "ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਨੂੰ ਹਲਕਾ ਫਿਲੌਰ ਵਿੱਚ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਅੱਗੇ ਵਧਾਇਆ ਜਾਵੇਗਾ। ਮੀਟਿੰਗ ਵਿੱਚ ਹਾਜ਼ਰ ਆਗੂਆਂ ਅਤੇ ਪਿੰਡਾ-ਸ਼ਹਿਰਾਂ ਦੀਆਂ ਕਮੇਟੀਆਂ ਨੇ ਨਸ਼ਿਆਂ ਦੇ ਖਾਤਮੇ ਲਈ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਵਾਇਆ। ਇਸ ਮੌਕੇ ਦੀਪਕ ਭਾਟੀਆ ਐਸ ਡੀ ਐਮ ਫਿਲੌਰ, ਭਾਰਤ ਮਸੀਹ ਡੀ ਐਸ ਪੀ ਫਿਲੌਰ, ਜ਼ਿਲਾ ਪ੍ਰਧਾਨ ਅਜੇ ਭੀਲ, ਜ਼ਿਲਾ ਵਾਇਸ ਪ੍ਰਧਾਨ ਦਲਜੀਤ ਸਿੰਘ ਮਨਹਾਸ, ਬੀ ਡੀ ਪੀ ਓ ਰਾਮਪਾਲ ਸਿੰਘ ਰਾਣਾ, ਐੱਸ ਐੱਚ ਓ ਗੁਰਾਇਆ ਪਰਮਿੰਦਰ ਸਿੰਘ ਥਿੰਦ, ਯੁੱਧ ਨਸ਼ਿਆਂ ਵਿਰੁੱਧ ਹਲਕਾ ਕੋਆਰਡੀਨੇਟਰ ਪੰਕਜ ਰਾਏ, ਵਾਇਸ ਕੋਆਰਡੀਨੇਟਰ ਜਗਜੀਤ ਰਾਮਾ, ਵਾਇਸ ਕੋਆਰਡੀਨੇਟਰ ਗੁਰਪ੍ਰੀਤ ਸਿੰਘ, ਚੇਅਰਮੈਨ ਵੀਨਾ ਬਸਰਾ ਬਲਾਕ ਰੁੜਕਾਂ ਕਲਾ, ਰੋਸ਼ਨ ਲਾਲ ਰੋਸ਼ੀ ਚੇਅਰਮੈਨ ਮਾਰਕੀਟ ਕਮੇਟੀ ਫਿਲੌਰ, ਹਰਮੇਸ਼ ਲਾਲ ਚੌਹਾਨ ਪ੍ਰਧਾਨ ਨਗਰ ਕੌਂਸਲ ਗੁਰਾਇਆ, ਸੰਗਠਨ ਇੰਚਾਰਜ ਵਰਿੰਦਰ ਸੈਣੀ, ਪਲਵਿੰਦਰ ਸਿੰਘ ਨੌਰਾ ਪ੍ਰਧਾਨ ਟ੍ਰੇਡ ਕਮਿਸ਼ਨ, ਸਰਪੰਚ ਹਰਕਮਲ ਸਿੰਘ ਬੇਗਮਪੁਰ, ਚੇਅਰਮੈਨ ਗੌਰਵ ਬਾਵਾ ਬੈਰਾਗੀ ਵੈਲਫੇਅਰ ਬੋਰਡ ਤੇ ਮੀਡੀਆ ਵਾਇਸ ਕੋਆਰਡੀਨੇਟਰ ਹਲਕਾ ਫਿਲੌਰ, ਐੱਸ ਸੀ ਕੋਆਰਡੀਨੇਟਰ ਕਮਲੇਸ਼ ਮੰਡੀ, ਬਲਾਕ ਪ੍ਰਧਾਨ ਲੇਖਰਾਜ ਅਨੀਹਰ, ਸੰਤੋਖ ਸਿੰਘ ਬੰਡਾਲਾ, ਮਨਦੀਪ ਮੱਲਣ, ਜਗਦੇਵ ਸਿੰਘ, ਪਰਮਜੀਤ ਭਾਰਤੀ, ਹਰਦੀਪ ਕੁਮਾਰ ਬੜਾ ਪਿੰਡ, ਮਨਜੀਤ ਪੁਆਰੀ, ਬਲਵੀਰ ਛੋਕਰ, ਕੁਲਵੀਰ ਸਿੰਘ, ਸੁੱਖਾ ਕੋਟ ਗਰੇਵਾਲ, ਜਤਿੰਦਰ ਕਾਲਾ ਮੰਡੀ, ਹੋਰ ਪਿੰਡਾ ਦੇ ਪੰਚ ਸਰਪੰਚ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

## ਕਿਸ਼ਾਊ ਪ੍ਰੋਜੈਕਟ 'ਤੇ ਸਮਝੌਤਾ ਹਰਿਆਣਾ ਲਈ ਇਤਿਹਾਸਕ ਪ੍ਰਾਪਤੀ : ਨਾਇਬ ਸਿੰਘ ਸੈਣੀ

ਚੰਡੀਗੜ੍ਹ (ਕ੍ਰਿਸ਼ਨ ਗਰਗ)-ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਅੱਜ ਦਾ ਦਿਨ ਹਰਿਆਣਾ ਲਈ ਇਤਿਹਾਸਕ ਹੈ। ਕਿਸ਼ਾਊ ਬਹੁ-ਉਦੇਸ਼ੀ ਪ੍ਰੋਜੈਕਟ ਨੂੰ ਲੈ ਕੇ ਛੇ ਰਾਜਾਂ ਵਿਚਾਲੇ ਐੱਮ ਓ ਯੂ 'ਤੇ ਦਸਤਖਤ ਹੋਣਾ ਸਾਲਾਂ ਤੋਂ ਲਟਕਦੇ ਇਸ ਪ੍ਰੋਜੈਕਟ ਨੂੰ ਅੱਗੇ ਵਧਾਉਣ ਦੀ ਦਿਸ਼ਾ ਵਿੱਚ ਮਹੱਤਵਪੂਰਨ ਕਦਮ ਹੈ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਮੰਗਲਵਾਰ ਨੂੰ ਨਵੀਂ ਦਿੱਲੀ ਵਿੱਚ ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ ਅਮਿਤ ਸ਼ਾਹ ਦੀ ਪ੍ਰਧਾਨਗੀ ਹੇਠ ਕਿਸ਼ਾਊ ਬਹੁ-ਉਦੇਸ਼ੀ ਪ੍ਰੋਜੈਕਟ ਨੂੰ ਲੈ ਕੇ ਹੋਈ ਮੀਟਿੰਗ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰ ਰਹੇ ਸਨ। ਮੀਟਿੰਗ ਵਿੱਚ ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਸ਼੍ਰੀ ਯੋਗੀ ਆਦਿੱਤਿਆਨਾਥ, ਉੱਤਰਾਖੰਡ ਦੇ ਮੁੱਖ ਮੰਤਰੀ ਪੁਸ਼ਕਰ ਸਿੰਘ ਧਾਮੀ, ਹਿਮਾਚਲ ਪ੍ਰਦੇਸ਼ ਦੇ ਮੁੱਖ ਮੰਤਰੀ ਸ਼੍ਰੀ ਸੁਖਵਿੰਦਰ ਸਿੰਘ ਸੁੱਖੂ ਅਤੇ ਦਿੱਲੀ ਦੀ ਮੁੱਖ ਮੰਤਰੀ ਰੇਖਾ ਗੁਪਤਾ ਸਮੇਤ ਸਬੰਧਤ ਰਾਜਾਂ ਦੇ ਉੱਚ ਅਧਿਕਾਰੀ ਮੌਜੂਦ ਸਨ। ਮੀਟਿੰਗ ਵਿੱਚ ਕੇਂਦਰੀ ਜਲ ਸ਼ਕਤੀ ਮੰਤਰੀ ਸੀ ਆਰ ਪਾਟਿਲ ਵੀ ਮੌਜੂਦ ਸਨ।

# ਕਲਾਸੀਫਾਈਡ ਇਸ਼ਤਿਹਾਰ

## Change of Name

I Harpreet Singh S/O Inderjit Singh R/O H.No.818 Sanjay Gandhi Colony Fatehgarh Churian Road Amritsar Have Changed My Name To Harpreet Singh Tung.

I Ravinder Kaur W/o Gurdeep Singh Resident of H No. 78, Ward No. 20, Golden Avenue, Amritsar-I, Amritsar. I have changed my name from Ravinder Kaur to Rabinder Kaur. All concerned please note.

I, Kuldip Singh S/o Parmjit Singh R/o 4847 Guru Arjan Dev Nagar, Po Khalsa College Amritsar have changed my name from Kuldip Singh to Kuldip Singh Bal.

I, Jorawar Singh S/o Mukhtar Singh R/o Village Chak Misri Khan, Preet Nagar, Tehsil Ajnala District Amritsar have declare that Jorawar is my given name and Singh is my Surname.

I, Sahilpreet Singh S/o Gurpritam Singh R/o Village Dudhala, PO Kathu Nangal District Amritsar have declare that Sahilpreet is my given name and Singh is my Surname.

I, Gurmeet Kaur Sandhu W/o Harjit Singh Sandhu R/o H.No.648, Guru Arjan Dev Nagar, Opp Ganga Building PO Khalsa College Amritsar have changed my name from Gurmeet Kaur Sandhu to Gurmit Kaur Sandhu.

I, Kaashvi D/O Amit Sharma R/O H.No.16-A, Gali No. 6, Near Surinder Singh Depot, Tehsilpura, Amritsar, Punjab have changed my name from Kaashvi to Kaashvi Sharma. Concerned note.

I, Payal D/o Krishan Pal Residence of Village - Faridpur, Post office - Rahimpur , District - Jalandhar - 144801 Punjab (India) have changed my name from Payal to Kaur Payal. Kaur is my surname. Please note.

I, Harpreet D/o Harbinder Kumar R/o Vill Thabalke, PO: Jandiala, Teh. Nakodar, Distt. Jalandhar. I have changed my name from Harpreet to Harpreet Harpreet. And Declare that Harpreet is my given name and Harpreet is my surname. Please concerned note.

I, Gursharan Singh S/O Dilbag Singh R/O Village Ghugat Wind Hinduan,PO Udho Nangal,Tehsil Baba Bakala Distt. Amritsar,Punjab have changed my name from Gursharan Singh to Gursharan as my Given Name and Singh as my Surname.

I, Kajal W/o Pardeep Singh R/o 297/3, Milap Nagar, Hoshiarpur have changed my name Kajal to Kajal Devi. Concerned note.

I, Jaskaran Singh S/o Jarnail Singh R/o Village Lutera Kalan P.O. Kalra Distt. Jalandhar have changed my name to Singh Jaskaran. Singh is my Surname & Jaskaran is my Given Name. Concerned Note.

I, RanjitSingh Sidhu S/o Gurpal Singh Sidhu R/o V. Lambri, Po. Lambra, Distt. Jalandhar, Punjab have changed my name Spelling from RanjitSingh Sidhu to Ranjit Singh Sidhu. All please note.

I, hitherto known as Nirmal Sadana W/o Gurdarshan Lal Grover R/o H. No 15/135, Mahavir Marg, New Vijay Nagar. Distt. Jalandhar , Punjab-144001, have changed my name and shall hereafter be known as Nirmal Grover.

I Manjit Singh Sondh S/o Malkit Singh of Vill. Jalalpur Kalan,Tehsil Shahkot, Distt. Jalandhar (Punjab), Have Changed My Name Manjit Singh Sondh to Manjit Singh Concerned May Note.

I, Sunil Kumar Arora S/o Sita Ram Arora R/o 8-A, Dasonda Singh Road, Amritsar have changed my name from Sunil Kumar Arora to Sunil Arora.

I, Harpreet Kaur Makhija D/o Kulwant Singh Makhija R/o F7/527, Ward No.11, Mata Kaulan Marg Kashmir Avenue, Batala Road, Amritsar have changed my name from Harpreet Kaur Makhija to Harpreet Kaur.

I, Harjit Kaur W/o Narinder Singh R/o 55, Sultanwind Road, New Gobind Nagar, Amritsar have changed my name from Harjit Kaur to Harjit Kaur.

I, Gurbaj Singh S/o Sukhwinder Singh R/o Patti Maisoor Ki, VPO Bundala, Distt Amritsar, Punjab - 143413 have declared that Singh is my surname and Gurbaj is my given name. Concerned Note.

I, Sonia Rani wife of Ravinder Singh R/o Khuh Guru Arjan Dev, Verowal Road, Jandiala Guru, Distt. Amritsar, Punjab-143115, India have changed my name from Sonia Rani to Sonia Kundra Concerned Note.

I Rajni Dhir W/O Vikas Verma R/O H No 14512, Street No.3, Ajit Singh Nagar ,Tibba Road,Near Vaishno Mandir, Basti Jodhewal,PO. Basti Jodhewal Dist Ludhiana Have Changed My Name To Preeti Verma After Marriage.

I Lakhwinder Singh S/O Pritam Kumar R/O Village Bhikhe shah Awan PO Begowal tehsil bholath district Kapurthala declare that have changed my name from Lakhwinder Singh to Singh as surname and Lakhwinder as given name.

## Change of Name

I, Supreet Kaur W/O Lovepreet Singh R/O V.P.O. Kotli Gazran, Tehsil Shahkot, District Jalandhar, Punjab-144702, India have changed my name after marriage Supreet Kaur to Kaur Supreet. Kaur considers as Surname and Supreet considers as Given name. Note Please.

I Jatin Bhalla S/o Ashok Kumar R/o H.no 55, Gurdev Nagar, Jalandhar have changed my name from Jatin Bhalla to Jatin.

I, Sharandeep Kaur w/o Naresh Kumar Sharma r/o 58, Aman Nagar, Sodal Road, Jalandhar have changed my name from Sharandeep Kaur to Given as Sharandeep & Surname as Kaur. All Please Note.

I, Jatin s/o Lehmber Singh r/o 30, Street No. 5, National Avenue, Po. Dakoha, Distt. Jalandhar have changed my name from Jatin to Bhatoa Jatin (Surname as Bhatoa) All Please Note.

I, Lacchmi w/o Harbinder Kumar r/o 308/6-A, W.No. 30, Central Town, Jalandhar have changed my name from Lacchmi to Lakshmi. All Please Note.

I, Balwinder Kumar s/o Gurmail Lal r/o VPO. Dayalpur, Distt. Jalandhar, Punjab have changed my name to Balwinder Singh (Surname as Singh). All Please Note.

I, Rakesh Kumar Mali s/o Surti Lal r/o 38, Kotla Road, Near Lamba Pind Chowk, Star Paradise Colony, Jalandhar have changed my name to Rakesh Kumar. All Please Note.

I, Jaswinder Singh s/o Gurbax Singh, Employed as Inspector/Local Rank No. 251/Jal. CP r/o VPO. Udhowal, Mehatpur, Tehsil Nakodar, Distt. Jalandhar have changed my name to Jaswinder Singh Bhullar. All Please Note.

I, Anterpreet Kaur W/o Uttam Singh R/o H.No. 4062, Mohalla Gainda Gali, Kartarpur, District Jalandhar, Punjab have changed my name from Anterpreet Kaur to Antarpreet Kaur. All Please Note.

I, Gurkirat Kaur D/o Sukhwinder Singh R/o 243, Gram Wa Post Office Jaura, Distt. Hoshiarpur. I declare that name of my Father has been wrongly written as Jaswinder Singh in my all Documents. The actual my Father name is Sukhwinder Singh respectively.

I, Kanvir Kaur D/o Sh. Davinder Singh R/o H.No. E-1/C, Punjab Avenue, Subhana, Jalandhar-144022, Punjab, India have changed my name from Kanvir Kaur to Kannie Kaur. All Please Note.

I, Pakiza Bhagat W/o Aman R/o H.No. 180, New Amar Nagar, Po. Nagra, Distt. Jalandhar, Punjab have changed my minor son name from Vansh to Vansh Bhagat. All Please Note.

I, Daniel S/o Parkash Masih R/o Village Chaudharpur, PO. Zaffarwal, Distt. Gurdaspur, Punjab have changed my name from Daniel to Daniel Daniel. Concerned Note.

I, Tajinder Singh S/o Jagjit Singh R/o Village Mamrai, Tehsil Batala, District Gurdaspur, Punjab-143506 have changed my name from Tajinder Singh to Singh Tajinder. That Singh is my Surname & Tajinder is my Given Name. Concerned Note.

I, Babli W/o Paramjit R/o Village Bashesherpur, District Jalandhar-144026, Punjab have changed my name from Babli to Baljit Kaur. All concerned please note.

I, hitherto known as KUSHBA RANI Wife of NISHAN SINGH esident of H NO. 9 G PUNJAB AVENUE DIVISION NO 7 URBAN STATE Jalandhar Punjab -144022 Have changed my name and shall hereafter be known as PUSHPA RANI.

I, Sohan Singh S/O Kehar Singh, R/o Nakodar, Talwandi Bharo, PO: Talwandi Bhairon, DIST: Jalandhar, Punjab- 144630, have changed my name and shall hereafter be Known as Mohan Singh.

I, Neelam Kumari wife of Manohar Kohli resident of 224, Green Park, Jalandhar-144001, Punjab have changed my name from Neelam Kumari to Neelam Kohli. All concerned please note.

I, Manohar Alias Madan Manohar Kohli son of Sh. Ved Parkash Kohli resident of H.No. 224, Green Park, Jalandhar-144001 have changed my name from Manohar Alias Madan Manohar Kohli to Madan Manohar Kohli. All concerned please note.

I Jasvinder Singh S/O Mohinder Singh R/O Vpo Kishangarh District Jalandhar Declare That I Have Changed My Name From Jasvinder Singh To Jasvender Singh. Please Note.

I , Sanjeev Kumar S/o Brij Mohan Sharma R/o Flat No.32, Karol Bagh, Near Rail Vihar, Chugitti Bye Pass, P.O. Chogitti, Jalandhar, Punjab-144009 changed my name to Sanjeev Kumar Sharma.

## ਬੇਦਖਲੀ ਨੋਟਿਸ

ਮੈ ਚਮਕੌਰ ਸਿੰਘ ਪੁੱਤਰ ਕਸ਼ਮੀਰ ਸਿੰਘ ਵਾਸੀ ਪਿੰਡ ਚੀਮਾ ਖੁਰਦ ਤਹਿਸੀਲ ਪੱਟੀ ਜਿਲਾ ਤਰਨਤਾਰਨ ਦੇ ਰਹਿਣ ਵਾਲਾ ਹਾਂ ਮੈ ਤਸਦੀਕ ਕਰਦਾ ਹਾਂ ਕਿ ਮੇਰਾ ਲੜਕਾ ਪਾਰਸ ਸਿੰਘ ਬੁਰੀ ਸੰਗਤ ਵਿੱਚ ਪੈ ਗਿਆ ਹੈ। ਮੇਰੇ ਕਹਿਣੇ ਤੋਂ ਬਾਹਰ ਹੈ।ਮੈ ਇਸ ਨੂੰ ਆਪਣੀ ਚਲ ਅਤੇ ਅਚਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ.ਇਸ ਨਾਲ ਲੈਨ-ਦੇਨ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ।

ਮੈਂ, ਅੰਗਰੇਜ਼ ਕੌਰ ਪਤਨੀ ਤਿਲਕ ਰਾਜ ਵਾਸੀ ਵਾਰਡ ਨੰਬਰ 01, ਕ੍ਰਿਸ਼ਨਾ ਮੰਦਰ ਵਾਲੀ ਗਲੀ, ਨਿਹਾਲ ਸਿੰਘ ਵਾਲਾ, ਤਹਿ. ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਕਮਲਜੀਤ ਸਿੰਘ ਅਤੇ ਮੇਰੀ ਨੂੰਹ ਰਜਨੀ ਕੌਰ ਪਤਨੀ ਕਮਲਜੀਤ ਸਿੰਘ ਜੋ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਪਰਮਜੀਤ ਕੌਰ ਪਤਨੀ ਮੁਖਤਿਆਰ ਸਿੰਘ ਵਾਸੀ ਬੱਛੋਆਣਾ, ਤਹਿਸੀਲ ਬੁਢਲਾਡਾ, ਜ਼ਿਲ੍ਹਾ ਮਾਨਸਾ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਰਾਜਵਿੰਦਰ ਸਿੰਘ ਅਤੇ ਮੇਰੀ ਨੂੰਹ ਰਾਣੀ ਕੌਰ, ਜੋ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਮੈਨੂੰ ਤੰਗ-ਪ੍ਰੇਸ਼ਾਨ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਤੇ ਮੇਰੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਮੈਂ, ਵਿਰਸਾ ਰਾਮ ਪੁੱਤਰ ਨਾਨਕ ਚੰਦ ਮੁਹੱਲਾ ਕ੍ਰਿਸ਼ਨ ਨਗਰ ਕਾਦੀਆਂ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਕਾਜਲ ਪੁੱਤਰੀ ਵਿਰਸਾ ਰਾਮ ਜੋ ਕਿ ਮੇਰੇ ਕਹਿਣੇ-ਸੁਣਨੇ ਤੋਂ ਬਾਹਰ ਚਲਦੀ ਹੈ। ਮੈਂ ਆਪਣੀ ਲੜਕੀ ਕਾਜਲ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਅੱਜ ਤੋਂ ਬਾਅਦ ਮੇਰਾ ਅਤੇ ਮੇਰੇ ਪਰਵਾਰ ਦਾ ਇਸ ਨਾਲ ਕੋਈ ਸੰਬੰਧ ਨਹੀਂ ਹੋਵੇਗਾ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਕੁਲਦੀਪ ਸਿੰਘ ਪੁੱਤਰ ਮੰਗਲ ਸਿੰਘ ਵਾਸੀ ਪਿੰਡ ਧੱਤਲ, ਖਾਪੜ ਖੇੜੀ, ਤਹਿ. ਵਾ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਗੁਰਜੰਟ ਸਿੰਘ, ਜੋ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਅਸੀਂ, ਅਮਰੀਕ ਸਿੰਘ ਪੁੱਤਰ ਹਿੰਮਤ ਸਿੰਘ ਅਤੇ ਰੂਪ ਕੌਰ ਪਤਨੀ ਅਮਰੀਕ ਸਿੰਘ ਵਾਸੀ ਮਕਾਨ ਨੰਬਰ 159, ਨਿਊ ਗੁਰਨਾਮ ਨਗਰ, ਪੀਰਾਂ ਵਾਲਾ ਬਾਜ਼ਾਰ, ਸੁਲਤਾਨਵਿੰਡ ਰੋਡ, ਤਹਿਸੀਲ ਵਾ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਸਤਪ੍ਰੀਤ ਸਿੰਘ ਅਤੇ ਉਸ ਦੀ ਪਤਨੀ ਸੁਮਨ ਅਤੇ ਉਨ੍ਹਾਂ ਦੀ ਬੇਟੀ ਅਸੀਸ ਕੌਰ, ਜੋ ਸਾਡੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਇਸ ਲਈ ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਰਣਜੀਤ ਸਿੰਘ ਪੁੱਤਰ ਕਰਨੈਲ ਸਿੰਘ ਵਾਸੀ ਪਿੰਡ ਨਾਗ ਖੁਰਦ, ਤਹਿਸੀਲ ਮਜੀਠਾ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਪਵਨਦੀਪ ਸਿੰਘ, ਜੋ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਅਸੀਂ, ਭੱਲਾ ਰਾਮ ਅਤੇ ਸ਼ਮਾ ਪਤਨੀ ਭੱਲਾ ਰਾਮ ਵਾਸੀ 1314, ਗਲੀ ਖਰਾਸ ਵਾਲੀ, ਇਨਸਾਈਡ ਮਹਾਂ ਸਿੰਘ ਗੇਟ ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਰਾਹੁਲ ਅਤੇ ਇਸ ਦੀ ਪਤਨੀ ਸਿਮਰਨ, ਜੋ ਕਿ ਸਾਡੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਇਸ ਲਈ ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਸਰਬਜੀਤ ਸਿੰਘ ਪੁੱਤਰ ਗੁਰਨਾਮ ਸਿੰਘ ਵਾਸੀ ਪਿੰਡ ਕਸੇਲ, ਤਹਿ. ਵਾ ਜ਼ਿਲ੍ਹਾ ਤਰਨ ਤਾਰਨ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਲਵਜੀਤ ਸਿੰਘ, ਜੋ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਗੁਰਦੇਵ ਸਿੰਘ ਪੁੱਤਰ ਸ੍ਰੀ ਕਰਮ ਚੰਦ, ਵਾਸੀ ਮਕਾਨ ਨੰ. 534, ਸੰਧੂ ਕਾਲੋਨੀ, ਬਟਾਲਾ ਰੋਡ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਦੀਪਕ, ਜੋ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਮੈਂ ਮੋਹਨ ਲਾਲ ਪੁੱਤਰ ਬਿਹਾਰੀ ਲਾਲ ਵਾਸੀ ਮਕਾਨ ਨੰਬਰ 1418, ਗੁਰੂ ਨਾਨਕਪੁਰਾ ਡਾਕਖਾਨਾ ਖਾਲਸਾ ਕਾਲਜ ਜਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾ ਕਿ ਮੇਰਾ ਪੋਤਰਾ ਸੋਰਵ ਸ਼ਰਮਾ ਮੇਰੇ ਕਹਿਣੇ ਤੋਂ ਬਾਹਰ ਹੈ ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਤੇ ਮੇਰੇ ਪਰਿਵਾਰ ਦਾ ਇਸ ਨਾਲ ਖੂਨੀ ਰਿਸ਼ਤਾ ਖਤਮ ਹੋ ਗਿਆ ਹੈ।

ਮੈਂ ਰਾਣੋ ਪਤਨੀ ਲੇਟ ਸ਼੍ਰੀ ਸਤਨਾਮ ਰਾਮ ਵਾਸੀ ਮਕਾਨ ਨੰਬਰ 261, ਲੁਹਾਰ ਨੰਗਲ, ਡਾਕਖਾਨਾ ਮਿੱਠਾਪੁਰ, ਜਲੰਧਰ ਬਿਆਨ ਕਰਦੀ ਹਾਂ ਕਿ ਮੇਰੀ ਬੇਟੀ ਸੁਖਵਿੰਦਰ ਕੌਰ ਪਤਨੀ ਸੁਰਿੰਦਰ ਪਾਲ ਅਤੇ ਇਸਦੇ ਬੱਚੇ ਅਕਸ਼ਰਾ ਅਤੇ ਅਕਸ਼ ਵਾ ਮੇਰੀ ਦੂਜੀ ਬੇਟੀ ਜਸਵਿੰਦਰ ਪਤਨੀ ਰੋਹਿਤ ਅਤੇ ਇਸਦਾ ਬੇਟਾ ਭਾਵਿਕ ਮੇਰੇ ਕਹਿਣੇ 'ਚੋਂ ਬਾਹਰ ਹਨ ਜਿਸ ਕਰਨ ਮੈਂ ਇਹਨਾਂ ਨੂੰ ਆਪਣੀ ਸਾਰੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖ਼ਲ ਕਰਦੀ ਹਾਂ। ਜੋ ਕੋਈ ਵੀ ਇਹਨਾਂ ਨਾਲ ਕਿਸੇ ਵੀ ਕਿਸਮ ਦਾ ਲੈਣ-ਦੇਣ ਕਰਦਾ ਹੈ, ਉਹ ਖੁਦ ਜਿੰਮੇਵਾਰ ਹੋਵੇਗਾ।

ਅਸੀਂ, ਬੂਟਾ ਰਾਮ ਪੁੱਤਰ ਗੁਰਮੀਤ ਸਿੰਘ ਅਤੇ ਰਣਜੀਤ ਕੌਰ ਪਤਨੀ ਬੂਟਾ ਰਾਮ ਵਾਸੀਆਨ ਪਿੰਡ ਸਿਧਵਾ ਸ਼ਟੇਸ਼ਨ, ਤਹਿਸੀਲ ਨਕੋਦਰ, ਜਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਦਲਜੀਤ ਅਤੇ ਉਸਦੀ ਪਤਨੀ ਗਰੇਸੀ, ਜੋ ਕਿ ਸਾਡੇ ਕਹਿਣੇ ਤੋਂ ਬਾਹਰ ਹਨ। ਅਸੀਂ ਇਹਨਾਂ ਦੋਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖ਼ਲ ਕਰਦੇ ਹਾਂ। ਸਾਡਾ ਅਤੇ ਸਾਡੇ ਪਰਿਵਾਰ ਦਾ ਇਹਨਾਂ ਦੋਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਹਨਾਂ ਦੋਨਾਂ ਨਾਲ ਲੈਣ ਦੇਣ ਕਰੇਗਾ ਉਹ ਆਪਣੇ ਨਫ਼ੇ ਨੁਕਸਾਨ ਦਾ ਆਪ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਨਰਿੰਦਰ ਕੌਰ ਪਤਨੀ ਸਾਹਿਬ ਸਿੰਘ ਵਾਸੀ ਮਕਾਨ ਨੰ: ਡਬਲਯੂ ਆਰ 409, ਬਾਨੀਆਂ ਮੁੱਹਲਾ, ਬਸਤੀ ਸ਼ੇਖ, ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਸੁਖਵੰਤ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

## ਨਾਂਅ ਦੀ ਬਦਲੀ

ਮੈਂ, ਸਤਵੀਰ ਖਰਬੰਦਾ ਪੁੱਤਰ ਕੁਲਦੀਪ ਖਰਬੰਦਾ ਵਾਸੀ 4770, ਗੁਰੂ ਨਾਨਕ ਵਾੜਾ, ਖਾਲਸਾ ਕਾਲਜ ਦੇ ਨੇੜੇ, ਅੰਮ੍ਰਿਤਸਰ, ਪੰਜਾਬ ਨੇ ਆਪਣਾ ਨਾਂਅ ਸਤਵੀਰ ਖਰਬੰਦਾ ਤੋਂ ਬਦਲ ਕੇ ਸਤਵੀਰ ਸਿੰਘ ਖਰਬੰਦਾ ਰੱਖ ਲਿਆ ਹੈ। ਸੰਬੰਧਤ ਨੋਟ ਕਰਨ।

ਮੈਂ, ਹਰਦੀਪ ਕੌਰ ਪਤਨੀ ਗੁਰਜੀਤ ਸਿੰਘ ਵਾਸੀ ਬਾਬਾ ਮੋਹਨ ਦਾਸ ਨਗਰ, ਜਿਲਾ ਜਲੰਧਰ -144008, ਪੰਜਾਬ, ਮੈਂ ਆਪਣਾ ਨਾਮ ਹਰਦੀਪ ਕੌਰ ਤੋਂ ਬਦਲ ਕੇ ਹਰਦੀਪ ਕੌਰ (ਸਰਨੇਮ ਵਜੋਂ ਕੌਰ) ਰੱਖ ਲਿਆ ਹੈ।

## ਆਮ ਸੂਚਨਾ

ਮੈਂ, ਗੁਰਪ੍ਰੀਤ ਕੌਰ ਪੁੱਤਰੀ ਲੇਟ ਇੰਦਰਜੀਤ ਸਿੰਘ ਵਾਸੀ ਮਕਾਨ ਨੰਬਰ ਬੀ-27 ਦੱਤਾ ਇਨਕਲੇਵ 27 ਫੁੱਟ ਰੋਡ ਮਜੀਠਾ ਰੋਡ ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੈਂ ਆਪਣੇ ਮਾਤਾ-ਪਿਤਾ ਦੀ ਜਾਇਦਾਦ ਵਿਚੋਂ ਮੇਰੇ ਭਰਾ ਮਨਜੀਤ ਸਿੰਘ ਦਾ ਜੋ ਉਸ ਦਾ ਹਿੱਸਾ ਸੀ, ਉਸ ਨੂੰ ਦੇ ਦਿੱਤਾ ਹੈ। ਹੁਣ ਮੇਰਾ ਮੇਰੇ ਭਰਾ ਅਤੇ ਉਸ ਦੇ ਪਰਵਾਰ ਨਾਲ ਕੋਈ ਲੈਣ-ਦੇਣ ਨਹੀਂ ਹੈ। ਜੇ ਮੇਰਾ ਭਰਾ ਕਿਸੇ ਨਾਲ ਲੈਣ-ਦੇਣ ਜਾਂ ਲੜਾਈ-ਝਗੜਾ ਕਰਦਾ ਹੈ, ਉਸ ਦਾ ਉਹ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ ਹੋਵੇਗਾ।

ਮੈਂ, ਮੀਰਾ ਰਾਣੀ ਪਤਨੀ ਲੇਟ ਕਾਲਾ ਵਾਸੀ ਮਕਾਨ ਨੰਬਰ 045 ਬੀ, ਗਲੀ ਨੰ. 4, ਏਕਤਾ ਨਗਰ ਚਮਰੰਗ ਰੋਡ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੈਂ ਆਪਣੇ ਲੜਕੇ ਗਗਨ ਅਤੇ ਉਸ ਦੀ ਪਤਨੀ ਵੰਦਨਾ ਅਤੇ ਪੋਤਰੀਆਂ ਜੋਇਆ ਅਤੇ ਜੈਸਮੀਨ ਨੂੰ 30.10.2018 ਨੂੰ ਮੇਰੇ ਕਹਿਣੇ ਤੋਂ ਬਾਹਰ ਹੋਣ ਕਰਕੇ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖ਼ਲ ਕਰ ਦਿੱਤਾ ਸੀ। ਹੁਣ ਇਹ ਮੇਰੇ ਕਹਿਣੇਕਾਰ ਹਨ ਅਤੇ ਮੇਰੀ ਸੇਵਾ-ਸੰਭਾਲ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਦੀ ਬੇਦਖ਼ਲੀ ਰੱਦ ਕਰਦੀ ਹਾਂ।

ਮੈਂ, ਕਾਜਲ ਢਿੱਲੋਂ ਪਤਨੀ ਲਖਵਿੰਦਰ ਕੁਮਾਰ ਵਾਸੀ ਵਾਰਡ ਨੰਬਰ 2, ਮੁੱਹਲਾ ਅਮਰ ਦਾਸ, ਡੇਰਾ ਬਾਬਾ ਨਾਨਕ, ਤਹਿਸੀਲ ਡੇਰਾ ਬਾਬਾ ਨਾਨਕ, ਜ਼ਿਲ੍ਹਾ ਗੁਰਦਾਸਪੁਰ, ਪੰਜਾਬ ਬਿਆਨ ਕਰਦੀ ਹਾਂ ਕਿ ਇੱਕ ਬੈਗ ਜਿਸ ਵਿੱਚ ਕੁਝ ਜਰੂਰੀ ਦਸਤਾਵੇਜ ਅਤੇ ਮੇਰੀ ਰਜਿਸਟਰੀਆਂ ਮਿਤੀ 20-02-2006 ਵਸੀਕਾ ਨੰਬਰ 2525, ਮਿਤੀ 20-02-2006 ਵਸੀਕਾ ਨੰਬਰ 2026, ਮਿਤੀ 01-08-2014 ਵਸੀਕਾ ਨੰਬਰ 782, ਮਿਤੀ 21-11-2003 ਵਸੀਕਾ ਨੰਬਰ 1547 ਅਤੇ ਰਜਿਸਟਰੀ ਮਿਤੀ 14-11-2013 ਵਸੀਕਾ ਨੰਬਰ 1462 ਇਹ ਉਕਤ ਦਸਤਾਵੇਜ ਮੇਰੇ ਕੋਲੋਂ 13-08-2026 ਨੂੰ ਕਿਧਰੇ ਗੁੰਮ ਹੋ ਗਏ ਹਨ। ਜੇਕਰ ਕਿਸੇ ਨੂੰ ਇਹ ਦਸਤਾਵੇਜ ਮਿਲਣ ਤਾਂ ਉਕਤ ਪਤੇ ਤੇ ਸੰਪਰਕ ਕਰੋ।

ਮੋਟਰ ਕੁਨੈਕਸ਼ਨ ਖਾਤਾ ਨੰਬਰ 3004062539 ਇੰਦਰ ਸਿੰਘ ਉਰਫ ਇੰਦਰਜੀਤ ਸਿੰਘ ਪੁੱਤਰ ਠਾਕਰ ਸਿੰਘ ਨੂੰ ਆਪਣੇ ਨਾਂਅ ਕਰਨ ਲਈ ਮੇਜਰ ਸਿੰਘ ਪੁੱਤਰ ਇੰਦਰਜੀਤ ਸਿੰਘ ਰਕਬਾ ਢੋਲੇ ਵਾਲਾ, ਤਹਿ. ਫਿਰੋਜ਼ਪੁਰ ਨੇ ਇਸ ਦਫ਼ਤਰ ਨੂੰ ਬੇਨਤੀ ਕੀਤੀ ਹੈ। ਇਤਰਾਜ਼ਯੋਗ ਵਿਅਕਤੀ 10 ਦਿਨਾਂ ਦੇ ਵਿਚ ਐੱਸ ਡੀ ਓ ਵੰਡ ਮੱਲਾਂਵਾਲਾ ਨਾਲ ਸੰਪਰਕ ਕਰੇ।

ਤਸਦੀਕ ਕੀਤਾ ਜਾਂਦਾ ਹੈ ਕਿ ਸ੍ਰੀ ਹਰਿੰਦਰ ਸਿੰਘ ਪੁੱਤਰ ਸ੍ਰੀ ਕ੍ਰਿਪਾਲ ਸਿੰਘ ਪਿੰਡ ਸ਼ਾਮਨਗਰ ਦੇ ਨਾਂਅ ਉੱਪਰ ਟਿਊਬਵੈੱਲ ਕੁਨੈਕਸ਼ਨ ਚਲਦਾ ਹੈ। ਇਸ ਦਾ ਖਾਤਾ ਨੰ: ਏ ਪੀ 25/2274-ਐੱਫ, 7.5 ਐੱਚ ਪੀ ਇਹ ਕੁਨੈਕਸ਼ਨ ਸ੍ਰੀਮਤੀ ਕਲਵੰਤ ਕੌਰ ਪਤਨੀ ਸ੍ਰੀ ਸਿੰਗਾਰਾ ਸਿੰਘ ਮਜੀਠਾ ਰੋਡ ਅੰਮ੍ਰਿਤਸਰ ਦੇ ਨਾਂਅ ਉੱਪਰ ਕੀਤਾ ਜਾਣਾ ਹੈ। ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੈ ਤਾਂ ਦਫ਼ਤਰ ਮਜੀਠਾ ਵਿਖੇ ਸੰਪਰਕ ਕਰ ਸਕਦਾ ਹੈ।

## PUBLIC NOTICE

It is hereby notified that I, Jasmeet Kaur, daughter of Sh. Jaswinder Singh / Jasbeer Kaur, resident of H.No. 4888-B, Mohan Nagar, Sultanwind Road, Amritsar have lost my original Punjab School Education Board (Marksheet/ Passing Certificate) of Class X, Roll No. 683082, Year of Passing 2004, issued by the Punjab School Education Board (PSEB).If anyone find the same, kindly contact me at Mobile No. +91-7009728345/ Email – jasmeet3458@gmail.com or return to my above address.I am applying to PSEB for the second copy of certificate.

## Lost and Found

I Narinder Pal S/o Makhan Ram R/o Prempura, Phagwara, Tehsil Phagwara, District Kapurthala, do hereby inform that Original Registered Sale Deed Dated:-24-04-2024, Document No.2024-25/32/1/422 was lost / misplaced by me on 07-09-2026. In case this Title Deed is found, I may be contacted.

## ਬੇਦਖਲੀ ਨੋਟਿਸ

ਮੈਂ, ਰਾਜਵਿੰਦਰ ਕੌਰ ਪਤਨੀ ਜਗਦੀਸ਼ ਸਿੰਘ ਵਾਸੀ ਮਕਾਨ ਨੰਬਰ 70, ਫੇਸ. 3, ਗੁਰੂ ਰਾਮ ਦਾਸ ਨਗਰ, ਜਲੰਧਰ, ਪੰਜਾਬ ਐਲਾਨ ਕਰਦੀ ਹਾਂ ਕਿ ਮੇਰਾ ਪੁੱਤਰ ਮਲਕੀਤ ਸਿੰਘ ਅਤੇ ਮੇਰੀ ਨੂੰਹ ਸ਼ੀਤਲ ਕੋਰ ਅਤੇ ਮੇਰਾ ਪੋਤਾ ਗੁਰਪ੍ਰੀਤ ਸਿੰਘ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਆਪਣੇ ਪੁੱਤਰ ਅਤੇ ਆਪਣੀ ਨੂੰਹ ਅਤੇ ਆਪਣੇ ਪੋਤੇ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਹਨਾਂ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ ਮੇਰਾ ਇਹਨਾਂ ਨਾਲ ਕੋਈ ਤਲਕ ਵਾਸਤਾ ਨਹੀਂ ਹੈ।

ਅਸੀਂ ਬੀਰਾ ਸਿੰਘ ਪੁੱਤਰ ਦੀਵਾਨ ਸਿੰਘ ਅਤੇ ਬਲਵਿੰਦਰ ਕੌਰ ਪਤਨੀ ਬੀਰਾ ਸਿੰਘ ਵਾਸੀਆਨ 41 , ਨਿਊ ਦਿਉਲ ਨਗਰ , ਰਾਜੂ ਕਲੋਨੀ, ਡਾਕਖਾਨਾ ਮਾਡਲ ਟਾਊਨ , ਜ਼ਿਲਾ ਜਲੰਧਰ ਇਹ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਮਨਦੀਪ ਸਿੰਘ ਉਸਦੀ ਪਤਨੀ ਰਵਨੀਤ ਸੁੰਦ ਅਤੇ ਇਹਨਾਂ ਦੇ ਬੱਚੇ ਅਵੀਤਾਜ ਸਿੰਘ ਅਤੇ ਅਵਲੀਨ ਕੌਰ ਸਾਡੇ ਕਹਿਣੇ ਤੋਂ ਬਾਹਰ ਹਨ । ਇਸ ਲਈ ਅਸੀਂ ਇਹਨਾ ਨੂੰ ਆਪਣੀ ਚੱਲ - ਅੱਚਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਹਨਾ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ । ਸੰਬੰਧਿਤ ਨੋਟ ਕਰਨ।

ਮੈਂ, ਸੁਸ਼ਮਾ ਪਤਨੀ ਜਗੀਰ ਸਿੰਘ ਵਾਸੀ ਪਿੰਡ ਜਮਸ਼ੇਰ ਖਾਸ ਨਿੰਮਾ ਵਾਲਾ ਮੁਹੱਲਾ, ਜਲੰਧਰ-2, ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਸੁਨੀਲ ਕੁਮਾਰ ਅਤੇ ਉਸਦੀ ਪਤਨੀ ਮਨਪ੍ਰੀਤ ਕੌਰ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਹਨਾਂ ਦੋਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖ਼ਲ ਕਰਦੀ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਹਨਾਂ ਦੋਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ, ਜੋ ਕੋਈ ਵੀ ਇਹਨਾਂ ਦੋਨਾਂ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਅਸੀਂ, ਕਸ਼ਮੀਰ ਸਿੰਘ ਪੁੱਤਰ ਗੁਰਮੇਜ ਸਿੰਘ ਅਤੇ ਪਲਵਿੰਦਰ ਕੌਰ ਪਤਨੀ ਕਸ਼ਮੀਰ ਸਿੰਘ ਵਾਸੀ ਪਿੰਡ ਜੀਵਨ ਚੱਕ, ਡਾਕਖਾਨਾ ਦੋਰਾਂਗਲਾ, ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ। ਸਾਡਾ ਲੜਕਾ ਮਨਦੀਪ ਸਿੰਘ ਅਤੇ ਉਸ ਦੀ ਪਤਨੀ ਨਵਜੋਤ ਕੌਰ, ਜੋ ਸਾਡੇ ਅਤੇ ਸਾਡੇ ਪਰਵਾਰ ਦੇ ਕਹਿਣੇ ਤੋਂ ਬਾਹਰ ਹੋਣ ਕਰਕੇ ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖ਼ਲ ਕਰਦੇ ਹਾਂ। ਜੋ ਇਨ੍ਹਾਂ ਨਾਲ ਲੈਣ-ਦੇਣ ਕਰੇਗਾ, ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਮਲਕੀਤ ਸਿੰਘ ਪੁੱਤਰ ਸ਼੍ਰੀ ਸੁਰਜੀਤ ਸਿੰਘ ਵਾਸੀ ਪਿੰਡ ਢੱਡਾ ਡਾਕਖਾਨਾ ਸਨੌਰਾ ਤਹਿਸੀਲ ਆਦਮਪੁਰ (ਭੋਗਪੁਰ) ਜਿਲ੍ਹਾਂ ਜਲੰਧਰ, ਬਿਆਨੀ ਹਾਂ ਕਿ ਮੇਰਾ ਲੜਕਾ ਸੁਖਜਿੰਦਰ ਸਿੰਘ ਮੇਰੇ ਕਹਿਣੇਂ ਤੋਂ ਬਾਹਰ ਹੋਣ ਕਾਰਨ ਮੈਂ ਉਸ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਹੈ। ਉਸ ਨਾਲ ਲੈਣ ਦੇਣ ਕਰਨ ਵਾਲਾ ਖੁੱਦ ਜਿੰਮੇਵਾਰ ਹੋਵੇਗਾ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

# ਵਿਕਰਮਜੀਤ ਵਿੱਕੀ ਦੀ ਅਣਅਧਿਕਾਰਤ ਉਸਾਰੀ ਢਾਹੀ

ਜਲੰਧਰ, (ਸੁਰਿੰਦਰ ਕੁਮਾਰ)-ਸਥਾਨਕ ਜਲੰਧਰ 'ਚ ਸੂਬਾ ਸਰਕਾਰ ਦੀ ਨਸ਼ਾ ਵਿਰੋਧੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਨਸ਼ਿਆਂ ਅਤੇ ਗੈਰ-ਕਾਨੂੰਨੀ ਗਤੀਵਿਧੀਆਂ ਵਿਰੁੱਧ ਕਮਿਸ਼ਨਰੇਟ ਪੁਲਸ ਜਲੰਧਰ ਵੱਲੋਂ ਲਗਾਤਾਰ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ। ਇਸੇ ਤਹਿਤ ਨਗਰ ਨਿਗਮ ਜਲੰਧਰ ਅਤੇ ਕਮਿਸ਼ਨਰੇਟ ਪੁਲਸ ਜਲੰਧਰ ਵੱਲੋਂ ਸਾਂਝੀ ਕਾਰਵਾਈ ਕਰਦਿਆਂ ਥਾਣਾ ਬਸਤੀ ਬਾਵਾ ਖੇਲ ਦੇ ਇਲਾਕੇ ਵਿੱਚ ਵਿਕਰਮਜੀਤ ਵਿੱਕੀ ਦੀ ਅਣਅਧਿਕਾਰਤ ਉਸਾਰੀ ਨੂੰ ਢਾਹਿਆ ਗਿਆ। ਏ.ਸੀ.ਪੀ. ਵੈਸਟ ਆਤਿਸ਼ ਭਾਟੀਆ ਨੇ ਦੱਸਿਆ ਕਿ ਵਿਕਰਮਜੀਤ ਵਿੱਕੀ ਵਿਰੁੱਧ ਕੁੱਲ 12 ਮੁਕੱਦਮੇ ਦਰਜ ਹਨ, ਜਿਨ੍ਹਾਂ ਵਿੱਚੋਂ ਕਈ ਮੁਕੱਦਮਿਆਂ ਵਿੱਚ ਉਸ ਨੂੰ ਸਜ਼ਾ ਵੀ ਹੋ ਚੁੱਕੀ ਹੈ। ਉਨ੍ਹਾਂ ਨੇ ਦੱਸਿਆ ਕਿ ਉਸ ਵਿਰੁੱਧ ਆਖ਼ਰੀ ਮੁਕੱਦਮਾ ਜੁਲਾਈ 2026 ਵਿੱਚ ਦਰਜ ਹੋਇਆ ਸੀ। ਉਕਤ ਮਾਮਲੇ ਵਿੱਚ ਵਿਕਰਮਜੀਤ ਵਿੱਕੀ ਮਾਣਯੋਗ ਅਦਾਲਤ ਤੋਂ ਜ਼ਮਾਨਤ ਪ੍ਰਾਪਤ ਕਰਕੇ ਇਸ ਸਮੇਂ ਜ਼ਮਾਨਤ 'ਤੇ ਬਾਹਰ ਹੈ। ਉਨ੍ਹਾਂ ਦੱਸਿਆ ਕਿ ਮੰਗਲਵਾਰ ਅਣਅਧਿਕਾਰਤ ਉਸਾਰੀ ਨੂੰ ਢਾਹੁਣ ਦੀ ਕਾਰਵਾਈ ਦੌਰਾਨ ਕਿਸੇ ਵੀ ਤਰ੍ਹਾਂ ਦੀ ਕਾਨੂੰਨ-ਵਿਵਸਥਾ ਦੀ ਸਥਿਤੀ ਜਾਂ ਅਣਸੁਖਾਵੀਂ ਘਟਨਾ ਤੋਂ ਬਚਾਅ ਲਈ ਵਿਕਰਮਜੀਤ ਵਿੱਕੀ ਨੂੰ ਸੁਰੱਖਿਆ ਦੇ ਮੱਦੇਨਜ਼ਰ ਕੁਝ ਸਮੇਂ ਲਈ ਪੁਲਸ ਦੀ ਨਿਗਰਾਨੀ ਵਿੱਚ ਰੱਖਿਆ ਗਿਆ ਸੀ।ਕਮਿਸ਼ਨਰੇਟ ਪੁਲਸ ਜਲੰਧਰ ਵੱਲੋਂ ਆਮ ਲੋਕਾਂ ਨੂੰ ਅਪੀਲ ਕੀਤੀ ਗਈ ਹੈ ਕਿ ਇਸ ਮਾਮਲੇ ਸਬੰਧੀ ਸੋਸ਼ਲ ਮੀਡੀਆ 'ਤੇ ਚੱਲ ਰਹੀਆਂ ਅਪੁਸ਼ਟ ਖ਼ਬਰਾਂ, ਅਫ਼ਵਾਹਾਂ ਜਾਂ ਗਲਤ ਜਾਣਕਾਰੀ 'ਤੇ ਵਿਸ਼ਵਾਸ ਨਾ ਕੀਤਾ ਜਾਵੇ। ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਜਾਂ ਸਪਸ਼ਟੀਕਰਨ ਲਈ ਕੇਵਲ ਕਮਿਸ਼ਨਰੇਟ ਪੁਲਸ ਜਲੰਧਰ ਜਾਂ ਸੰਬੰਧਤ ਸਰਕਾਰੀ ਵਿਭਾਗਾਂ ਦੇ ਅਧਿਕਾਰਤ ਸਰੋਤਾਂ ਤੋਂ ਹੀ ਪੁਸ਼ਟੀ ਕੀਤੀ ਜਾਵੇ।

## ਨਿਲਾਮੀ ਨੋਟਿਸ

ਦੀ ਲਾਂਬੜਾ ਕਾਂਗੜੀ ਮਲਟੀਪਰਪਜ਼ ਕੋਆਪਰੇਟਿਵ ਸਰਵਿਸ ਸੋਸਾਇਟੀ ਲਿਮਟਿਡ ਵੱਲੋਂ 2018 ਮਾਡਲ Hyundal Verna 1.6 CRDi SX (O), Polar White, PB07BM0643 ਦੀ ਖੁੱਲ੍ਹੀ ਬੋਲੀ 16-09-2026 ਨੂੰ ਦੁਪਹਿਰ 1:00 ਵਜੇ ਸੋਸਾਇਟੀ ਦਫ਼ਤਰ ਵਿਖੇ ਹੋਵੇਗੀ। ਵਾਹਨ 'ਜਿੱਥੇ ਹੈ, ਜਿਵੇਂ ਹੈ' ਦੇ ਆਧਾਰ 'ਤੇ ਹੋਵੇਗਾ। ਸੋਸਾਇਟੀ ਨੂੰ ਬੋਲੀ ਮਨਜ਼ੂਰ/ਰੱਦ ਕਰਨ ਜਾਂ ਨਿਲਾਮੀ ਰੱਦ ਕਰਨ ਦੇ ਸਾਰੇ ਅਧਿਕਾਰ ਰਾਖਵੇਂ ਹਨ। Contact No 8725018123, ਪ੍ਰਧਾਨ ਦੀ ਲਾਂਬੜਾ ਕਾਂਗੜੀ ਮਲਟੀਪਰਪਜ਼ ਕੋਆਪਰੇਟਿਵ ਸਰਵਿਸ ਸੁਸਾਇਟੀ ਲਿਮਟਿਡ।

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸਹਾਇਕ ਕੁਲੈਕਟਰ ਦਰਜਾ ਅੱਵਲ (ਨਾਇਬ ਤਹਿਸੀਲਦਾਰ), ਬੁਢਲਾਡਾ (ਇਸ਼ਤਿਹਾਰ ਤਲਬੀ)

ਮਿਸਲ ਨੰ: 265/ਰੀਡਰ ਰਜੂਆ 16-09-2025

1. ਜਸਵੀਰ ਕੌਰ ਪੁੱਤਰੀ ਬੰਤ ਸਿੰਘ ਪੁੱਤਰ ਹੀਰਾ ਸਿੰਘ ਪਿੰਡ ਗੁਰਨੇ ਕਲਾਂ

ਬਨਾਮ

ਜਰਨੈਲ ਕੌਰ ਪੁੱਤਰੀ ਬੰਤ ਸਿੰਘ ਪੁੱਤਰ ਹੀਰਾ ਸਿੰਘ (13 ਮੁਸੂਲਇਲਮ) ਪਿੰਡ ਗੁਰਨੇ ਕਲਾਂ

ਮੁਸੂਲਇਲਮ ਨੰ: 11 ਹਰਮਨਪ੍ਰੀਤ ਕੌਰ ਪਤਨੀ ਜਰਨੈਲ ਸਿੰਘ ਪੁੱਤਰ ਹਰਮੰਦਰ ਸਿੰਘ, 10. ਗੁਰਚਰਨ ਸਿੰਘ ਮੁਤਵਫੀ ਦੇ ਵਾਰਸ ਓ-ਜਸਵਿੰਦਰ ਕੌਰ ਵਿਧਵਾ ਵਾ ਅ-ਜਗਦੀਪ ਸਿੰਘ ਏ-ਹਰਪ੍ਰੀਤ ਕੌਰ ਸੰਤਾਨ ਗੁਰਚਰਨ ਸਿੰਘ ਪੁੱਤਰ ਕੌਰ ਸਿੰਘ, ਮੁੰ: ਨੰ: 12. ਸੁਰਜੀਤ ਸਿੰਘ ਦੇ ਵਾਰਸ ਸ- ਬਾਦਲ ਸਿੰਘ ਪੁੱਤਰ ਸੁਰਜੀਤ ਸਿੰਘ ਵਾਸੀਆਨ ਗੁਰਨੇ ਕਲਾਂ, ਤਹਿਸੀਲ ਬੁਢਲਾਡਾ।

ਉਕਤ ਅਨੁਵਾਨ ਕੇਸ ਵਿੱਚ ਤਾਰੀਖ ਪੇਸ਼ੀ 12-10-2026 ਦੀ ਨੀਯਤ ਕੀਤੀ ਗਈ ਹੈ। ਇਸ ਲਈ ਇਸ ਇਸ਼ਤਿਹਾਰ ਰਾਹੀਂ ਆਪ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਆਪ ਆਪਣਾ ਪੱਖ ਪੇਸ਼ ਕਰਨ ਲਈ ਅਸਾਲਤਨ ਜਾਂ ਵਕਾਲਤਨ ਪੇਸ਼ ਹੋਵੋ। ਨੀਯਤ ਮਿਤੀ 'ਤੇ ਹਾਜ਼ਰ ਨਾ ਆਉਣ ਕਾਰਨ ਕੇਸ ਵਿੱਚ ਅਗਲੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ ।

ਸਹੀ/-ਸਹਾਇਕ ਕੁਲੈਕਟਰ ਦਰਜਾ ਅੱਵਲ, (ਨਾਇਬ ਤਹਿਸੀਲਦਾਰ), ਬੁਢਲਾਡਾ

## ਪਬਲਿਕ ਨੋਟਿਸ

ਆਮ ਜਨਤਾ ਨੂੰ ਇਸ ਨੋਟਿਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਅਸਲ ਬੈਅ ਨਾਮਾ ਨੰਬਰ 805 ਮਿਤੀ 27.05.2009, ਜੋ ਕਿ ਸਬ-ਰਜਿਸਟਰਾਰ, ਨਾਭਾ ਦੇ ਦਫ਼ਤਰ ਵਿਖੇ ਰਜਿਸਟਰਡ ਹੈ ਅਤੇ ਛੱਜੂ ਸਿੰਘ ਪੁੱਤਰ ਬਾਬੂ ਰਾਮ ਵੱਲੋਂ ਗੁਰਮੀਤ ਸਿੰਘ ਪੁੱਤਰ ਹਰੀ ਸਿੰਘ ਦੇ ਹੱਕ ਵਿੱਚ ਲਿਖਿਆ ਗਿਆ ਸੀ, ਅਤੇ ਤਬਦੀਲ ਮਲਕੀਅਤ ਨਾਮਾ ਨੰਬਰ 517 ਮਿਤੀ 19.05.2008, ਜੋ ਕਿ ਸਬ-ਰਜਿਸਟਰਾਰ, ਨਾਭਾ ਦੇ ਦਫ਼ਤਰ ਵਿਖੇ ਰਜਿਸਟਰਡ ਹੈ ਅਤੇ ਜੋਰਾ ਸਿੰਘ ਪੁੱਤਰ ਸਦਾ ਸਿੰਘ ਵੱਲੋਂ ਗੁਰਸੇਵਕ ਸਿੰਘ, ਰਣਜੀਤ ਸਿੰਘ ਅਤੇ ਹਰਦੀਪ ਸਿੰਘ ਪੁੱਤਰਾਨ ਜਸਵੰਤ ਸਿੰਘ ਦੇ ਹੱਕ ਵਿੱਚ ਲਿਖਿਆ ਗਿਆ ਸੀ, ਮਿਤੀ 10.03.2026 ਅਤੇ 20.03.2026 ਨੂੰ ਗੁੰਮ ਹੋ ਗਏ ਹਨ। ਗੁਰਮੁਖ ਸਿੰਘ ਪੁੱਤਰ ਗੁਰਮੀਤ ਸਿੰਘ ਅਤੇ ਗੁਰਪਿਆਰ ਸਿੰਘ ਪੁੱਤਰ ਗੁਰਮੀਤ ਸਿੰਘ, ਲੱਧਾਹੇੜੀ, ਨਾਭਾ ਵਿਖੇ ਸਥਿਤ ਉਕਤ ਜਾਇਦਾਦ ਦੇ ਮੌਜੂਦਾ ਮਾਲਕ ਹਨ। ਇਸ ਸਬੰਧ ਵਿੱਚ, ਲੌਸਟ ਇਨਫਰਮੇਸ਼ਨ ਰਿਪੋਰਟ (ਗੁੰਮਸ਼ੁਦਗੀ ਰਿਪੋਰਟ) ਨੰਬਰ LAR-2026-PTL-778296 ਮਿਤੀ 22.08.2026 ਅਤੇ ਨੰਬਰ LAR-2026-PTL-778282 ਮਿਤੀ 22.08.2026 ਕਮਿਊਨਿਟੀ ਪੁਲਿਸਿੰਗ ਵਿੰਗ, ਪੰਜਾਬ ਵਿਖੇ ਦਰਜ ਕਰਵਾਈ ਗਈ ਹੈ। ਅੱਗੇ, ਗੁਰਮੁਖ ਸਿੰਘ ਪੁੱਤਰ ਗੁਰਮੀਤ ਸਿੰਘ ਅਤੇ ਗੁਰਪਿਆਰ ਸਿੰਘ ਪੁੱਤਰ ਗੁਰਮੀਤ ਸਿੰਘ ਉਕਤ ਜਾਇਦਾਦ ਦੇ ਮਾਲਕ ਹੋਣ ਦੇ ਨਾਤੇ, ਐਚ.ਡੀ.ਐਫ.ਸੀ. ਬੈਂਕ ਸ਼ਾਖਾ ਧੂਰੀ (ਸੰਗਰੂਰ) ਦੇ ਹੱਕ ਵਿੱਚ ਕਰਜ਼ੇ ਦੇ ਕੇਸ ਲਈ ਉਕਤ ਜਾਇਦਾਦ ਦਾ ਇਕੁਇਟੇਬਲ ਮਾਰਟਗੇਜ ਕਰ ਰਹੇ ਹਨ। ਇਸ ਲਈ, ਜੇਕਰ ਕਿਸੇ ਵੀ ਵਿਅਕਤੀ ਨੂੰ ਉਕਤ ਜਾਇਦਾਦ ਦੇ ਸਬੰਧ ਵਿੱਚ ਕੋਈ ਇਤਰਾਜ਼, ਦਾਅਵਾ, ਜਾਂ ਹਿੱਤ ਹੋਵੇ, ਤਾਂ ਉਹ ਇਸ ਨੋਟਿਸ ਦੇ ਪ੍ਰਕਾਸ਼ਿਤ ਹੋਣ ਦੇ 15 ਦਿਨਾਂ ਦੇ ਅੰਦਰ-ਅੰਦਰ ਲਿਖਤੀ ਰੂਪ ਵਿੱਚ ਜ਼ਰੂਰੀ ਦਸਤਾਵੇਜ਼ਾਂ ਸਮੇਤ ਹੇਠ ਦਸਤਖਤਕਰਤਾ ਨਾਲ ਸੰਪਰਕ ਕਰੇ। ਜੇਕਰ ਮਿਥੇ ਸਮੇਂ ਅੰਦਰ ਕੋਈ ਦਾਅਵਾ ਪ੍ਰਾਪਤ ਨਹੀਂ ਹੁੰਦਾ, ਤਾਂ ਇਹ ਮੰਨ ਲਿਆ ਜਾਵੇਗਾ ਕਿ ਉਕਤ ਜਾਇਦਾਦ ਦੇ ਸਬੰਧ ਵਿੱਚ ਕਿਸੇ ਵੀ ਵਿਅਕਤੀ ਦਾ ਕਿਸੇ ਵੀ ਕਿਸਮ ਦਾ ਕੋਈ ਦਾਅਵਾ ਨਹੀਂ ਹੈ, ਅਤੇ ਬਾਅਦ ਵਿੱਚ ਕੀਤਾ ਗਿਆ ਕੋਈ ਵੀ ਦਾਅਵਾ ਸਾਡੇ ਮੁਵੱਕਿਲ @ਤੇ ਲਾਗੂ/ਬਾਧਕਾਰੀ ਨਹੀਂ ਹੋਵੇਗਾ। ਸਹੀ/- ਸਚਿਨ ਚੌਧਰੀ, ਐਡਵੋਕੇਟ ਚੈਂਬਰ ਨੰਬਰ 126, ਜ਼ਿਲ੍ਹਾ ਅਦਾਲਤਾਂ, ਮਲੇਰਕੋਟਲਾ ਮੋਬਾਈਲ: 98883-53262

## ਅਦਾਲਤੀ ਇਸ਼ਤਿਹਾਰ

ਦਫਤਰ ਤਹਿਸੀਲਦਾਰ ਸ੍ਰੀ ਗੁਰਸੇਵਕ ਸਿੰਘ, ਨਾਇਬ ਤਹਿਸੀਲਦਾਰ ਜ਼ਿਲ੍ਹਾ ਮੋਗਾ

ਬਲਰਾਜ ਸਿੰਘ ਪੁੱਤਰ ਲੇਟ ਤੇਜਾ ਸਿੰਘ ਪੁੱਤਰ ਨਿੱਕਾ ਸਿੰਘ ਵਾਸੀ ਦੁਸਾਂਝ, ਤਹਿਸੀਲ ਵਾ ਜ਼ਿਲ੍ਹਾ ਮੋਗਾ।

ਜਨਰਲ ਪਬਲਿਕ ....... ਫਰੀਕਸਾਨੀ

ਬਨਾਮ

ਦਰਖਾਸਤ ਬਾਬਤ ਰਿਕਾਰਡ ਵਿੱਚ ਮੇਰੀ ਮ੍ਰਿਤਕ ਮਾਤਾ ਦਾ ਨਾਂਅ ਛਿੰਦਰਪਾਲ ਕੌਰ ਪਤਨੀ ਤੇਜਾ ਸਿੰਘ ਤੋਂ ਬਦਲ ਕੇ ਛਿੰਦਰਪਾਲ ਕੌਰ ਉਰਫ ਜਸਵਿੰਦਰ ਕੌਰ ਪਤਨੀ ਤੇਜਾ ਸਿੰਘ ਦਰਜ ਕੀਤਾ ਜਾਵੇ, ਵਾਸੀ ਪਿੰਡ ਦੁਸਾਂਝ, ਤਹਿ. ਵਾ ਜ਼ਿਲ੍ਹਾ ਮੋਗਾ

ਪੰਜਾਬ ਲੈਂਡ ਰਿਕਾਰਡ ਮੈਨੂਅਲ ਦੇ ਪੈਰਾ ਨੰਬਰ 7.28 ਅਧੀਨ ਪੰਜਾਬ ਸਰਕਾਰ ਦੇ ਮੀਮੋ ਨੰ. 25/78/2012 ਭ ਮ 2/12445-71, ਚੰਡੀਗੜ੍ਹ : ਮਿਤੀ 26/07/2013 ਅਧੀਨ ਦਰਖਾਸਤੀ ਬਲਰਾਜ ਸਿੰਘ ਪੁੱਤਰ ਲੇਟ ਤੇਜਾ ਸਿੰਘ ਪੁੱਤਰ ਨਿੱਕਾ ਸਿੰਘ ਵਾਸੀ ਦੁਸਾਂਝ, ਤਹਿਸੀਲ ਵਾ ਜ਼ਿਲ੍ਹਾ ਮੋਗਾ ਵੱਲੋਂ ਦਰਖਾਸਤ ਨਿਮਨਹਸਤਾਖਰ ਦੇ ਦਫ਼ਤਰ ਦਿੱਤੀ ਗਈ ਕਿ ਉਸ ਦੀ ਮ੍ਰਿਤਕ ਮਾਤਾ ਜੀ ਦੀ ਜ਼ਮੀਨ ਖੇਵਟ ਨੰਬਰ 1016 ਖਤੌਨੀ ਨੰਬਰ 1169 ਜਮ੍ਹਾਂਬੰਦੀ ਸਾਲ 2012-13 ਵਾਕਿਆ ਰਕਬਾ ਮੋਗਾ ਮਹਿਲਾ ਸਿੰਘ-2 ਵਿਖੇ ਹੈ। ਜਿਸ ਵਿੱਚ ਮ੍ਰਿਤਕ ਮਾਤਾ ਦਾ ਨਾਂਅ ਛਿੰਦਰਪਾਲ ਕੌਰ ਪਤਨੀ ਤੇਜਾ ਸਿੰਘ ਦਰਜ ਹੈ। ਜਦਕਿ ਮੇਰੇ ਮਾਤਾ ਦਾ ਨਾਂਅ ਛਿੰਦਰਪਾਲ ਕੌਰ ਉਰਫ ਜਸਵਿੰਦਰ ਕੌਰ ਪਤਨੀ ਤੇਜਾ ਸਿੰਘ ਹੈ। ਛਿੰਦਰਪਾਲ ਕੌਰ ਅਤੇ ਜਸਵਿੰਦਰ ਕੌਰ ਇੱਕ ਹੀ ਵਿਅਕਤੀ ਹੈ । ਕੋਈ ਵੱਖ ਇਨਸਾਨ ਨਹੀਂ ਹੈ । ਇਸ ਲਈ ਉਕਤ ਮਾਲ ਰਿਕਾਰਡ ਵਿੱਚ ਮੇਰੇ ਮਾਤਾ ਜੀ ਦਾ ਨਾਂਅ ਛਿੰਦਰਪਾਲ ਕੌਰ ਉਰਫ ਜਸਵਿੰਦਰ ਕੌਰ ਦਰਜ ਕੀਤਾ ਜਾਵੇ। ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੈ ਤਾਂ ਨਿਮਨ ਹਸਤਾਖਰ ਦੇ ਦਫਤਰ ਵਿਖੇ ਨੋਟਿਸ ਦੀ ਮਿਤੀ ਤੋਂ 10 ਦਿਨਾਂ ਦੇ ਅੰਦਰ-ਅੰਦਰ ਇਤਰਾਜ਼ ਪੇਸ਼ ਕਰ ਸਕਦਾ ਹੈ। ਨਿਸ਼ਚਿਤ ਮਿਤੀ ਦੇ ਅੰਦਰ ਉਜ਼ਰ/ਇਤਰਾਜ਼ ਪੇਸ਼ ਨਾ ਹੋਣ ਦੀ ਸੂਰਤ ਵਿੱਚ ਬਦਲਿਆ ਨਾਂਅ ਦਰਜ ਕਰਨ ਸੰਬੰਧੀ ਹੁਕਮ ਜਾਰੀ ਕਰ ਦਿੱਤੇ ਜਾਣਗੇ।

ਅੱਜ ਮਿਤੀ 11/09/2026 ਨੂੰ ਮੇਰੇ ਦਸਤਖਤ ਅਤੇ ਮੋਹਰ ਤਹਿਸੀਲਦਾਰ ਮੋਗਾ ਨਾਲ ਇਹ ਨੋਟਿਸ ਜਾਰੀ ਕੀਤਾ ਗਿਆ।

ਪੱਤਰ ਨੰਬਰ 896/212 ਮਿਤੀ 11.09.2026

ਸਹੀ/-ਦਸਤਖਤ ਅਤੇ ਮੋਹਰ ਤਹਿਸੀਲਦਾਰ ਮੋਗਾ

## ਸੂਚਨਾ

ਪੀ ਐਮ ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਬਰੇਟਾ ਵਿਖੇ ਸਕੂਲ ਦੀ ਪੁਰਾਣੀ ਇਮਾਰਤ ਦੇ ਲਗਭਗ 2000 ਵਰਗ ਫੁੱਟ ਬਰਾਂਡੇ ਅਤੇ ਕਮਰੇ ਦੀ ਛੱਤ ਨੂੰ ਢਾਹੁਣ/ਡਿਸਮੈਂਟਲ ਕਰਨ ਦਾ ਕੰਮ ਕਰਵਾਇਆ ਜਾਣਾ ਹੈ। ਇਸ ਸੰਬੰਧੀ ਯੋਗ ਅਤੇ ਤਜਰਬੇਕਾਰ ਠੇਕੇਦਾਰ ਤਿੰਨ ਦਿਨ ਦੇ ਅੰਦਰ-ਅੰਦਰ ਸੰਪਰਕ ਕਰਨ

ਵੱਲੋਂ ਪ੍ਰਿੰਸੀਪਲ, ਪੀ ਐਮ ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਬਰੇਟਾ

## ਕੋਰਟ ਨੋਟਿਸ

ਜ਼ਿਲ੍ਹਾ ਮੈਰਿਜ ਅਫਸਰ, ਤਰਨ ਤਾਰਨ

V/S

ਆਮ ਜਨਤਾ



ਵਿਸ਼ਾ: ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਬਾਰੇ।

ਬਿਨੈਕਾਰ ਦਾ ਨਾਮ: ਚੰਚਲ ਸਿੰਘ, ਪਿਤਾ/ਪਤੀ ਦਾ ਨਾਮ: ਹਰਬੰਸ ਸਿੰਘ, ਪਤਾ: Gali Kartar Singh Wali Mohalla Nanaksar Jandiala Road Tarn Taran, Tehsil - Sub Tehsil, Tarn Taran / District - Tarn Taran, Punjab

ਉਪਰੋਕਤ ਪ੍ਰਾਰਥੀ ਨੇ ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਲਈ ਸੇਵਾ ਕੇਂਦਰ ਵਿੱਚ ਆਪਣਾ ਪ੍ਰਾਰਥਨਾ ਪੱਤਰ ਲਈ ਬਿਨੈ ਪੱਤਰ ਦਿੱਤਾ ਹੈ। ਜਿਸ ਦੇ ਵੇਰਵੇ ਹੇਠ ਲਿਖੇ ਦਿੱਤੇ ਗਏ ਹਨ:- ਨਾਮ: ਕਰਨਦੀਪ ਸਿੰਘ, ਪੱਕਾ ਪਤਾ: Gali Kartar Singh Wali Mohalla Nanaksar Jandiala Road Tarn Taran, Sub Tehsil, Tarn Taran, Punjab, ਉਮਰ/ਜਨਮ ਮਿਤੀ: 25-(09/10/2000)

ਬਿਨੈਕਾਰ ਨੇ ਕਿਹਾ ਹੈ ਕਿ ਉਸ ਦਾ ਭਾਰਤ ਵਿੱਚ ਕੋਈ ਵਿਵਾਹਤਾ ਸੰਬੰਧ ਨਹੀਂ ਹੈ। ਆਮ ਲੋਕਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਜੇ ਉਪਰੋਕਤ ਸਰਟੀਫਿਕੇਟ ਜਾਰੀ ਕਰਨ ਬਾਰੇ ਕਿਸੇ ਵੀ ਵਿਅਕਤੀ ਨੂੰ ਕੋਈ ਇਤਰਾਜ਼ ਹੈ ਤਾਂ ਉਹ ਵਿਅਕਤੀ ਜਾਂ ਉਸਦੇ ਨਾਮਜ਼ਦ ਇਸ ਨੋਟਿਸ ਦੇ ਜਾਰੀ ਹੋਣ ਤੋਂ 30 ਦਿਨ ਦੇ ਅੰਦਰ-ਅੰਦਰ ਆਪਣਾ ਇਤਰਾਜ਼ (ਲਿਖਤੀ) ਪੇਸ਼ ਕਰ ਸਕਦੇ ਹਨ। ਉਸ ਤੋਂ ਬਾਅਦ ਕੋਈ ਇਤਰਾਜ਼ ਨਹੀਂ ਮੰਨਿਆ ਜਾਵੇਗਾ।

ਇਹ ਇਸ਼ਤਿਹਾਰ ਮੇਰੇ ਦਸਤਖ਼ਤਾਂ ਹੇਠ ਅੱਜ ਮਿਤੀ 15-09-2026 ਨੂੰ ਜਾਰੀ ਕੀਤਾ ਗਿਆ।

ਸਹੀ/- ਜ਼ਿਲ੍ਹਾ ਮੈਰਿਜ ਅਫਸਰ, ਤਰਨ ਤਾਰਨ

ਨੰਬਰ ਐਮ.ਏ./ਐਮ.ਸੀ.-1/330-332 ਮਿਤੀ 15/09/26

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਸਹਾਇਕ ਕੁਲੈਕਟਰ ਦਰਜਾ ਅੱਵਲ ( ਨਾਇਬ ਤਹਿਸੀਲਦਾਰ), ਬੁਢਲਾਡਾ (ਇਸ਼ਤਿਹਾਰ ਤਲਬੀ)

ਮਿਸਲ ਨੰ: 250/ਰੀਡਰ ਰਜੂਆ 19-07-2025

1. ਜਸਵੀਰ ਕੌਰ ਪੁੱਤਰੀ ਬੰਤ ਸਿੰਘ ਪੁੱਤਰ ਹੀਰਾ ਸਿੰਘ ਪਿੰਡ ਗੁਰਨੇ ਕਲਾਂ

ਬਨਾਮ

ਜਰਨੈਲ ਕੌਰ ਪੁੱਤਰੀ ਬੰਤ ਸਿੰਘ ਪੁੱਤਰ ਹੀਰਾ ਸਿੰਘ (13 ਮੁਸੂਲਇਲਮ) ਪਿੰਡ ਗੁਰਨੇ ਕਲਾਂ

ਮੁਸੂਲਇਲਮ ਨੰ: 14- ਹਰਮਨਪ੍ਰੀਤ ਕੌਰ ਪਤਨੀ ਜਰਨੈਲ ਸਿੰਘ ਪੁੱਤਰ ਹਰਮੰਦਰ ਸਿੰਘ ਵਾਸੀਆਨ ਗੁਰਨੇ ਕਲਾਂ, ਤਹਿਸੀਲ ਬੁਢਲਾਡਾ, ਜ਼ਿਲ੍ਹਾ ਮਾਨਸਾ ।

ਉਕਤ ਅਨੁਵਾਨ ਕੇਸ ਵਿੱਚ ਤਾਰੀਖ ਪੇਸ਼ੀ 12-10-2026 ਦੀ ਨੀਯਤ ਕੀਤੀ ਗਈ ਹੈ, ਇਸ ਲਈ ਇਸ ਇਸ਼ਤਿਹਾਰ ਰਾਹੀਂ ਆਪ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਆਪ ਆਪਣਾ ਪੱਖ ਪੇਸ਼ ਕਰਨ ਲਈ ਅਸਾਲਤਨ ਜਾਂ ਵਕਾਲਤਨ ਪੇਸ਼ ਹੋਵੇ। ਨੀਯਤ ਮਿਤੀ 'ਤੇ ਹਾਜ਼ਰ ਨਾ ਆਉਣ ਕਾਰਨ ਕੇਸ ਵਿੱਚ ਅਗਲੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ ।

ਸਹੀ/-ਸਹਾਇਕ ਕੁਲੈਕਟਰ ਦਰਜਾ ਅੱਵਲ, (ਨਾਇਬ ਤਹਿਸੀਲਦਾਰ), ਬੁਢਲਾਡਾ

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਸਹਾਇਕ ਕੁਲੈਕਟਰ ਦਰਜਾ ਪਹਿਲਾ (ਨਾਇਬ ਤਹਿਸੀਲਦਾਰ) ਲੋਹੀਆਂ ਜ਼ਿਲ੍ਹਾ ਜਲੰਧਰ

ਕੇਸ ਨੰ. 29 ਐਨ.ਟੀ. 2026 ਕੇਸ ਦੀ ਕਿਸਮ : ਤਕਸੀਮ

ਕੇਸ ਅਨੁਵਾਨ : ਸੰਤੋਖ ਸਿੰਘ ਪੁੱਤਰ ਗੁਰਚਰਨ ਸਿੰਘ ਪਿੰਡ ਘੁਦੂਵਾਲ, ਸਬ ਤਹਿਸੀਲ ਲੋਹੀਆਂ, ਜ਼ਿਲ੍ਹਾ ਜਲੰਧਰ।

(ਦਰਖਾਸਤ ਕਰਤਾ)

ਬਨਾਮ

1. ਬਲਦੇਵ ਸਿੰਘ ਪੁੱਤਰ ਗੁਰਬਚਨ ਸਿੰਘ 2. ਬਰਿਜ ਰਾਣੀ ਵਿਧਵਾ ਬਾਬੂ ਰਾਮ ਪੁੱਤਰ ਸੰਤ ਰਾਮ 3. ਨਰੇਸ਼ ਕੁਮਾਰ ਪੁੱਤਰ ਬਾਬੂ ਰਾਮ ਪੁੱਤਰ ਸੰਤ ਰਾਮ 4. ਰਖਸ਼ਾ ਕੁਮਾਰੀ ਪੁੱਤਰੀ ਬਾਬੂ ਰਾਮ ਪੁੱਤਰ ਸੰਤ ਰਾਮ 5. ਊਸ਼ਾ ਕੁਮਾਰੀ ਪੁੱਤਰੀ ਬਾਬੂ ਰਾਮ ਪੁੱਤਰ ਸੰਤ ਰਾਮ 6. ਚੈਂਚਲ ਪੁੱਤਰੀ ਬਾਬੂ ਰਾਮ ਪੁੱਤਰ ਸੰਤ ਰਾਮ 7. ਕਮਲਾ ਪੁੱਤਰੀ ਬਾਬੂ ਰਾਮ ਪੁੱਤਰ ਸੰਤ ਰਾਮ 8. ਅਨੀਤਾ ਪੁੱਤਰੀ ਬਾਬੂ ਰਾਮ ਪੁੱਤਰ ਸੰਤ ਰਾਮ 9. ਸੰਤੋਖ ਕੁਮਾਰੀ ਪੁੱਤਰੀ ਬਾਬੂ ਰਾਮ ਪੁੱਤਰ ਸੰਤ ਰਾਮ 10. ਕੇਵਲ ਕ੍ਰਿਸ਼ਨ ਪੁੱਤਰ ਗੁਰਦਾਸ ਪੁੱਤਰ ਸੰਤ ਰਾਮ 11. ਵਿਮਲ ਕੁਮਾਰ ਪੁੱਤਰ ਹਰਚੰਦਰ ਕ੍ਰਿਸ਼ਨ ਪੁੱਤਰ ਸੰਤ ਰਾਮ 12. ਸੁਨੀਲ ਕੁਮਾਰ ਪੁੱਤਰ ਹਰਚੰਦਰ ਕ੍ਰਿਸ਼ਨ ਪੁੱਤਰ ਸੰਤ ਰਾਮ 13. ਵਿਨੋਦ ਕੁਮਾਰ ਪੁੱਤਰ ਹਰਚੰਦਰ ਕ੍ਰਿਸ਼ਨ ਪੁੱਤਰ ਸੰਤ ਰਾਮ 14. ਸੁਖਵੰਤ ਸਿੰਘ ਪੁੱਤਰ ਬਲਦੇਵ ਸਿੰਘ ਪੁੱਤਰ ਬਚਨ ਸਿੰਘ 15. ਸੁਰਜੀਤ ਕੌਰ ਵਿਧਵਾ ਸਾਧੂ ਸਿੰਘ ਵਾਸੀਆਨ ਪਿੰਡ ਘੁੱਦੂਵਾਲ, ਤਹਿਸੀਲ ਸ਼ਾਹਕੋਟ, ਸਬ-ਤਹਿਸੀਲ ਲੋਹੀਆਂ, ਜਲੰਧਰ।

(ਉੱਤਰਵਾਦੀਆਨ)

ਉਕਤ ਅਨੁਵਾਨ ਕੇਸ ਇਸ ਅਦਾਲਤ ਵਿੱਚ ਮਿਤੀ 01/10/2026 ਨੂੰ ਸੁਣਵਾਈ ਲਈ ਨਿਯਤ ਹੈ। ਇਸ ਲਈ ਉਪਰੋਕਤ ਉੱਤਰਵਾਦੀਆਨ ਦੀ ਤਾਮੀਲ ਲਈ ਨੋਟਿਸ ਅਖਬਾਰ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਉਕਤ ਅਨੁਵਾਨ ਕੇਸ ਦੀ ਪੈਰਵਾਈ ਕਰਨ ਲਈ ਮਿਤੀ 01/10/2026 ਸਵੇਰੇ 10-00 ਵਜੇ ਇਸ ਅਦਾਲਤ ਵਿੱਚ ਅਸਾਲਤਨ ਜਾਂ ਵਕਾਲਤਨ ਹਾਜ਼ਰ ਹੋਣ। ਇਸ ਕੇਸ ਵਿਚ ਇਤਰਾਜ਼ ਨਾ ਆਉਣ ਦੀ ਸੂਰਤ ਵਿੱਚ ਨਿਯਮਾਂ ਅਨੁਸਾਰ ਰਿਕਾਰਡ ਮਾਲ ਵਿੱਚ ਸਾਂਝਾ ਖਾਤਾ ਹੋਣ ਕਰਕੇ ਪਹਿਲੀ ਧਿਰ ਦੀ ਤਕਸੀਮ ਕੀਤੀ ਜਾਵੇਗੀ ਅਤੇ ਬਾਅਦ ਗੁਜ਼ਰਨੇ ਮਿਆਦ ਕੋਈ ਉਜ਼ਰ ਸੁਣਵਾਈ ਯੋਗ ਨਹੀਂ ਹੋਵੇਗਾ।

ਸਹੀ/-ਸਹਾਇਕ ਕੁਲੈਕਟਰ ਦਰਜਾ ਅੱਵਲ ਲੋਹੀਆਂ।

# ਬੈਡਮਿੰਟਨ ਕੋਰਟ ਵਿਧਾਇਕ ਨੇ ਲੋਕਾਂ ਨੂੰ ਕੀਤਾ ਸਮਰਪਤ



ਮੁਹਾਲੀ (ਗੁਰਜੀਤ ਬਿੱਲਾ)-ਗੁਰਜੀਤ ਬਿੱਲਾ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਖੇਡਾਂ ਨੂੰ ਉਤਸ਼ਾਹਿਤ ਕਰਨ ਅਤੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਵੱਡੇ ਪੱਧਰ 'ਤੇ ਖੇਡ ਬੁਨਿਆਦੀ ਢਾਂਚਾ ਵਿਕਸਿਤ ਕੀਤਾ ਜਾ ਰਿਹਾ ਹੈ। ਇਸੇ ਲੜੀ ਤਹਿਤ ਸੂਬੇ ਵਿੱਚ 3100 ਦੇ ਕਰੀਬ ਖੇਡ ਸਟੇਡੀਅਮ ਬਣਾਏ ਜਾ ਰਹੇ ਹਨ, ਜਦਕਿ ਵਿਧਾਨ ਸਭਾ ਹਲਕਾ ਐੱਸ ਏ ਐੱਸ ਨਗਰ ਵਿੱਚ 32 ਖੇਡ ਸਟੇਡੀਅਮ ਨਿਰਮਾਣ ਅਧੀਨ ਹਨ, ਜਿਨ੍ਹਾਂ ਵਿੱਚੋਂ ਕਈ ਮੁਕੰਮਲ ਹੋ ਚੁੱਕੇ ਹਨ। ਇਹ ਪ੍ਰਗਟਾਵਾ ਵਿਧਾਇਕ ਸ. ਕੁਲਵੰਤ ਸਿੰਘ ਨੇ ਵਾਰਡ ਨੰਬਰ 6 ਵਿਖੇ ਮੋਹਾਲੀ ਨਗਰ ਨਿਗਮ ਵੱਲੋਂ ਲਗਭਗ 13 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਬੈਡਮਿੰਟਨ ਕੋਰਟ ਦਾ ਉਦਘਾਟਨ ਕਰਕੇ ਲੋਕਾਂ ਨੂੰ ਸਮਰਪਿਤ ਕਰਨ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਇਹ ਪ੍ਰਾਜੈਕਟ ਵਾਰਡ ਵਾਸੀਆਂ ਦੀ ਮੰਗ ਤੇ ਪੰਜਾਬ ਜਲ ਸਪਲਾਈ ਤੇ ਸੀਵਰੇਜ ਬੋਰਡ ਦੇ ਚੇਅਰਮੈਨ ਤੇ ਕੌਂਸਲਰ ਡਾ. ਸਨੀ ਆਹਲੂਵਾਲੀਆ ਦੇ ਯਤਨਾਂ ਸਦਕਾ ਨੇਪਰੇ ਚੜ੍ਹਿਆ ਹੈ। ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਸਰਕਾਰ ਦਾ ਮੁੱਖ ਉਦੇਸ਼ ਨੌਜਵਾਨਾਂ ਨੂੰ ਖੇਡਾਂ ਨਾਲ ਜੋੜ ਕੇ ਉਨ੍ਹਾਂ ਦੀ ਊਰਜਾ ਨੂੰ ਉਸਾਰੂ ਦਿਸ਼ਾ ਵੱਲ ਲੈ ਕੇ ਜਾਣਾ ਹੈ। ਉਨ੍ਹਾਂ ਕਿਹਾ ਕਿ ਖੇਡ ਸਹੂਲਤਾਂ ਵਿੱਚ ਵਾਧੇ ਨਾਲ ਨੌਜਵਾਨ ਨਾ ਸਿਰਫ਼ ਤੰਦਰੁਸਤ ਰਹਿਣਗੇ, ਸਗੋਂ ਖੇਡਾਂ ਦੇ ਖੇਤਰ ਵਿੱਚ ਵੀ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰ ਸਕਣਗੇ।

## ਸਰਕਾਰ ਕੋਲੋਂ ਬਾਬਾ ਸਾਹਿਬ ਦੇ ਸਟੈਚੂ ਦੀ ਸੁਰੱਖਿਆ ਨਹੀਂ ਹੋ ਰਹੀ : ਮਲਕੀਤ ਚੁੰਬਰ



ਨੂਰਮਹਿਲ ( ਬਾਲ ਕ੍ਰਿਸ਼ਨ ਬਾਲੀ )-ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਕਾਨੂੰਨ ਵਿਵਸਥਾ ਵਿੱਚ ਪੂਰੀ ਤਰ੍ਹਾਂ ਫੇਲ੍ਹ ਹੈ। ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦੀ ਤਸਵੀਰ ਦਫ਼ਤਰਾਂ ਵਿੱਚ ਲਾਉਣ ਦਾ ਡਰਾਮਾ ਕਰਨ ਵਾਲੀ ਸਰਕਾਰ ਕੋਲੋਂ ਬਾਬਾ ਸਾਹਿਬ ਦੇ ਸਟੈਚੂ ਦੀ ਸੁਰੱਖਿਆ ਨਹੀਂ ਹੋ ਪਾ ਰਹੀ। ਇਸ ਸਰਕਾਰ ਵਿੱਚ ਹੁਣ ਤੱਕ 12 ਵਾਰ ਬਾਬਾ ਸਾਹਿਬ ਦੇ ਸਟੈਚੂ ਦੀ ਬੇਅਦਬੀ ਹੋਣ ਦੇ ਬਾਵਜੂਦ ਮੁੱਖ ਮੰਤਰੀ ਤੋਂ ਲੈ ਕੇ ਇਹਨਾਂ ਦੇ ਮੰਤਰੀ, ਐਮ ਐਲ ਏ, ਸੀਨੀਅਰ ਲੀਡਰਸ਼ਿਪ ਦੇ ਮੂੰਹ ਵਿੱਚੋਂ ਦੋਸ਼ੀਆਂ ਖਿਲਾਫ ਦੋ ਸ਼ਬਦ ਤੱਕ ਨਹੀਂ ਨਿਕਲੇ। ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦੀ ਬੇਅਦਬੀ 'ਤੇ ਸਰਕਾਰ ਦੀ ਖਾਮੋਸ਼ੀ ਕਈ ਤਰ੍ਹਾਂ ਦੇ ਸੁਆਲ ਖੜ੍ਹੇ ਕਰਦੀ ਹੈ। ਲੁਧਿਆਣਾ ਬਾਈਪਾਸ 'ਤੇ ਸਟੈਚੂ ਦੀ ਦੋ ਵਾਰ ਦੋ ਮਹੀਨੇ ਵਿੱਚ ਬੇਅਦਬੀ ਹੋ ਗਈ ਸਰਕਾਰ ਦੇ ਕੰਨ 'ਤੇ ਜੂੰ ਤੱਕ ਨਹੀਂ ਸਰਕੀ।

## SHORT TENDER

ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੀਆਂ ਮਾਹਿਲਪੁਰ, ਜ਼ਿਲ੍ਹਾ ਹੁਸ਼ਿਆਰਪੁਰ

Ph. No. 9814463422

Email: hsp.gsssmahilpurgirls@punjabeducation.gov.in

ਵਿਸ਼ਾ- ਟੈਂਡਰ ਨੋਟਿਸ

ਪੰਜਾਬ ਸਰਕਾਰ ਦੇ ਸਿੱਖਿਆ ਵਿਭਾਗ ਵੱਲੋਂ ਪੀ.ਐਮ. ਸ੍ਰੀ ਸ.ਸ.ਸ.ਸ. ਲੜਕੀਆਂ ਮਾਹਿਲਪੁਰ ਦੇ 50 ਵਿਦਿਆਰਥੀਆਂ ਅਤੇ 2 ਅਧਿਆਪਕਾਂ ਦਾ ਐਕਸਪੋਜ਼ਰ ਟੂਰ ਦਿੱਲੀ ਅਤੇ ਆਗਰਾ ਵਿਖੇ ਲਿਜਾਣ ਦੀ ਪ੍ਰਵਾਨਗੀ ਮਿਲੀ ਹੈ। ਇਸ ਵਿੱਚ ਸਕੂਲ ਤੋਂ ਲੈ ਕੇ ਦਿੱਲੀ ਅਤੇ ਆਗਰਾ ਲਿਜਾਣ, ਉੱਥੇ ਵੱਖ-ਵੱਖ ਥਾਵਾਂ 'ਤੇ ਘੁਮਾਉਣ, ਦਿਖਾਉਣ, ਪੰਜ ਦਿਨ ਦਾ ਖਾਣ-ਪੀਣ, ਰਹਿਣ-ਸਹਿਣ, ਉੱਥੇ ਲੱਗਣ ਵਾਲੀਆਂ ਟੂਰਿਸਟ ਥਾਵਾਂ ਦੀਆਂ ਟਿਕਟਾਂ ਦਾ ਖਰਚਾ ਅਤੇ ਵਾਪਸੀ ਸਕੂਲ ਤੱਕ ਛੱਡਣ ਦਾ ਪੂਰਨ ਤੌਰ 'ਤੇ ਖਰਚਾ (GST ਸਮੇਤ) ਸ਼ਾਮਿਲ ਹੈ। ਦਿਲਚਸਪੀ ਰੱਖਦੀਆਂ ਵਪਾਰਕ ਸੰਸਥਾਵਾਂ ਨੂੰ ਮਿਤੀ 25-09-2026 ਨੂੰ ਸਕੂਲ ਵਿੱਚ ਸਵੇਰੇ 10:00 ਵਜੇ ਪਹੁੰਚਣ ਦਾ ਸੱਦਾ ਦਿੱਤਾ ਜਾਂਦਾ ਹੈ।

ਪ੍ਰਿੰਸੀਪਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੀਆਂ ਮਾਹਿਲਪੁਰ (ਹੁਸ਼ਿਆਰਪੁਰ)

## AUTHORITY PAYMENT OF WAGES ACT, 1936 & ASSISTANT LABOUR COMMISSIONER, 3rd FLOOR, ROOM NO. 312, D.A COMPLEX, JALANDHAR

Application no.PWA/20/2023

Satya Narayan Yadav & Ors.

V/s

1. Sh. Love Karan Singh S/o Sukhchain Singh, resident of Singh Colony. backside Shiv Mandir, Dhina P.S.Sadar. Jalandhar,
2. Sh. Sukhchain S/o unknown, resident of Ishar colony, backside Shiv Mandir, Dhina P.S. Sadar, Jalandhar.

**PUBLIC NOTICE**

Whereas a claim application under the Payment of Wages Act, 1936 has been filed by the claimant(s) against the respondent(s).

And whereas it has been proved to the satisfaction of the court that the respondent (1) Sh. Love Karan Singh S/o Sukhchain Singh, resident of singh colony, backside Shiv Mandir, Dhina P.S. Sadar. Jalandhar. (2) Sh. Sukhchain S/o unknown, resident of Ishar colony, backside Shiv Mandir, Dhina P.S.Sadar, Jalandhar cannot be served in an ordinary way of service.

Now, therefor e a notice a under section 5 rules 20 of the code of civil Procedure, 1908 is hereby issued requiring the above stated respondent(s) to appear in this court on 29/09/2026 at Assistant Labour Commissioner. Jalandhar, D.A Complex, Room no 312. 3rd floor at 11:00 A.M. personally or through counsel of authorized agent failing which ex-party proceedings will be taken against them.

Given under my hand and seal of this court on this 21/08/2026.

---sd---- Authority

UNDER THE PAYMENT OF WAGES ACT, 1936-CUM-ASSISTANT LABOUR COMMISSIONER, JALANDHAR-1

## YES BANK

Registered and Corporate Office: Yes Bank House, Off Western Express Highway, Santacruz East, Mumbai – 400055 India. Yes Bank Ltd., B-XX/2427/928 GF-FF Gobind Nagar Main Ferozepur Road. Ludhiana Email: comminications@yesbank.in, Website: www.yesbank.in CIN: L65190MH2003PLC143249

**[ਰੂਲ-8 (1)] ਕਬਜ਼ਾ ਨੋਟਿਸ**

**ਕਰਜ਼ਾ ਖਾਤਾ ਨੰਬਰ : ਏ ਐੱਫ ਐੱਚ 002301696912 ਅਤੇ 0001006040000298966**

ਜਦੋਂ ਕਿ ਨਿਮਨਹਸਤਾਖਰੀ ਨੇ ਯੈੱਸ ਬੈਂਕ ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਓਰਿਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਓਰਟੀ ਇੰਟਰੈੱਸਟ ਐਕਟ 2002 (2002 ਦਾ 54) ਅਤੇ ਸਕਿਓਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ (1) ਜਗਮੀਤ ਸਿੰਘ ਗਰੇਵਾਲ (ਕਰਜ਼ਦਾਰ ਅਤੇ ਰਹਿਣਕਾਰ) ਪੁੱਤਰ ਜਸਵੀਰ ਸਿੰਘ ਪਤਾ : ਗਲੀ ਨੰ. 3, ਸਤਲੁਜ ਨਗਰ, ਸਿੱਧਵਾਂ ਬੇਟ ਰੋਡ, ਨੇੜੇ ਕਮਲ ਡੇਅਰੀ ਜਗਰਾਓਂ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ-142026, ਨਾਲ ਹੀ : ਜਗਮੀਤ ਸਿੰਘ ਗਰੇਵਾਲ ਵਾਸੀ ਸਿੱਧਵਾਂ ਬੇਟ ਰੋਡ ਜਗਰਾਓਂ-142033, ਨਾਲ ਹੀ : ਜਗਮੀਤ ਸਿੰਘ ਗਰੇਵਾਲ ਵਾਸੀ ਪਿੰਡ ਤੇ ਡਾਕਖਾਨਾ ਮਦਾਰਪੁਰਾ, ਸਾਹਮਣੇ ਪ੍ਰਾਇਮਰੀ ਸਕੂਲ ਜਗਰਾਓਂ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ-142033 (2) ਬਲਬੀਰ ਕੌਰ (ਸਹਿ-ਕਰਜ਼ਦਾਰ) ਪਤਨੀ ਜਸਵੀਰ ਸਿੰਘ ਪਤਾ : ਮਦਾਰਪੁਰਾ, ਨੇੜੇ ਕਮਲ ਡੇਅਰੀ ਜਗਰਾਓਂ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ-142033 ਨੂੰ ਮਿਤੀ 9.10.2025 ਨੂੰ ਨੋਟਿਸ 'ਚ ਦਰਸਾਈ ਰਕਮ ਰੁਪਏ 12,99,380.67 (ਬਾਰਾਂ ਲੱਖ ਨੜਿਨਵੇਂ ਹਜ਼ਾਰ ਤਿੰਨ ਸੌ ਅੱਸੀ ਰੁਪਏ ਅਤੇ ਸਤਾਹਠ ਪੈਸੇ ਕੇਵਲ) ਸਮੇਤ 11-09-2026 ਤੋਂ ਅਗਲਾ ਵਿਆਜ ਅਤੇ ਹੋਰ ਚਾਰਜਿਜ਼ ਨੋਟਿਸ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਅਦਾ ਕਰਨ ਲਈ ਮਿਤੀ 24 ਅਕਤੂਬਰ 2025 ਨੂੰ ਡਿਮਾਂਡ ਨੋਟਿਸ ਜਾਰੀ ਕੀਤਾ ਸੀ।

ਕਰਜ਼ਦਾਰ ਅਤੇ ਗਰੰਟਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ। ਕਰਜ਼ਦਾਰ, ਗਰੰਟਰ ਅਤੇ ਆਮ ਜਨਤਾ ਨੂੰ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਕਤ ਰੂਲਜ਼ ਦੇ ਰੂਲ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਜਾਇਦਾਦ ਦਾ 11.09.2026 ਨੂੰ ਕਬਜ਼ਾ ਲੈ ਲਿਆ ਹੈ।

ਕਰਜ਼ਦਾਰ, ਗਰੰਟਰ ਨੂੰ ਖਾਸ ਤੌਰ 'ਤੇ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਜਾਂਦਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦਾ ਲੈਣ-ਦੇਣ ਯੈੱਸ ਬੈਂਕ ਲਿਮਟਿਡ ਨੂੰ 09.10.2025 ਨੂੰ ਬਕਾਇਆ ਰਕਮ ਰੁਪਏ 12,99,380.67/- (ਬਾਰਾਂ ਲੱਖ ਨੜਿਨਵੇਂ ਹਜ਼ਾਰ ਤਿੰਨ ਸੌ ਅੱਸੀ ਰੁਪਏ ਅਤੇ ਸਤਾਹਠ ਪੈਸੇ ਕੇਵਲ) ਅਤੇ ਇਸ 'ਤੇ ਵਿਆਜ ਅਤੇ ਲਾਗਤਾਂ ਦੇਣਦਾਰੀ ਦਾ ਵਿਸ਼ਾ ਹੋਵੇਗਾ।

ਕਰਜ਼ਦਾਰ ਦਾ ਧਿਆਨ ਸਕਿਉਰਡ ਐੱਸਟ ਦੇ ਪੁਨਰਗ੍ਰਹਿਣ ਲਈ ਉਪਲੱਬਧ ਸਮੇਂ ਦੇ ਸੰਬੰਧ 'ਚ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਪ੍ਰਤੀ ਦਿਵਾਇਆ ਜਾਂਦਾ ਹੈ।

**ਅਚੱਲ ਜਾਇਦਾਦ ਦਾ ਵੇਰਵਾ**

| ਰਹਿਣ ਕੀਤੀ ਜਾਇਦਾਦ ਦਾ ਵੇਰਵਾ | ਹੱਦਾਂ ਹੇਠ ਅਨੁਸਾਰ | ਰਹਿਣਕਾਰ |
|---|---|---|
| ਅਚੱਲ ਜਾਇਦਾਦ ਜ਼ਮੀਨ 0 ਕਨਾਲ 13 ਮਰਲੇ, ਜ਼ਮੀਨ 3 ਕਨਾਲ 16 ਮਰਲੇ 13/76 ਹਿੱਸਾ 'ਚੋਂ, ਖਾਤਾ ਨੰ. 227/230 ਮੁਸਤਿਲ ਨੰਬਰ 28, ਫੋਰਟ ਨੰ. 16/1 (3-16) ਜਮ੍ਹਾਂਬੰਦੀ ਸਾਲ 2016-2017, ਪਿੰਡ ਬੋਦਲਵਾਲਾ, ਤਹਿਸੀਲ ਜਗਰਾਓਂ, ਜ਼ਿਲ੍ਹਾ ਲੁਧਿਆਣਾ, ਜਗਮੀਤ ਸਿੰਘ ਪੁੱਤਰ ਜਸਵੀਰ ਸਿੰਘ ਦੀ ਮਲਕੀਅਤ ਨਾਲ ਸੰਬੰਧਤ ਸਭ ਕੁਝ। | ਪੂਰਬ : 90 ਫੁੱਟ, ਟੈਂਪਲ, ਪੱਛਮ : 90 ਫੁੱਟ 0 ਇੰਚ, ਖਾਲੀ ਪਲਾਟ , ਉੱਤਰ : 40 ਫੁੱਟ 4 ਇੰਚ, ਦਰਸ਼ਨ ਸਿੰਘ , ਦੱਖਣ : 40 ਫੁੱਟ 4 ਇੰਚ ਰੋਡ | ਜਗਮੀਤ ਸਿੰਘ ਪੁੱਤਰ ਜਸਵੀਰ ਸਿੰਘ |

ਮਿਤੀ : 16.09.2026 , ਸਥਾਨ : ਜਗਰਾਓਂ (ਅਧਿਕਾਰਤ ਅਫਸਰ) ਯੈੱਸ ਬੈਂਕ ਲਿਮਟਿਡ

## ਉੱਤਰ ਰੇਲਵੇ

**ਈ-ਟੈਂਡਰ ਸੂਚਨਾ**

ਸੀਨੀ. ਮੰਡਲ ਵਿਯੁਤ ਇੰਜੀਨੀਅਰ/ਸਮਾਨਯ, ਉੱਤਰ ਰੇਲਵੇ/ਫ਼ਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਈ ਟੈਂਡਰਾ www.ireps.gov.in ਮੰਗ ਕੀਤੀ ਜਾਂਦੀ ਹੈ । ਟੈਂਡਰਕਾਰ ਅਪਨੇ ਮੂਲ/ਸੰਸ਼ੋਧਿਤ ਟੈਂਡਰਾ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ ।

| ਟੈਂਡਰ ਨੰਬਰ | ਕੰਮਾਂ ਦਾ ਵੇਰਵਾ | ਅਨੁਮਾਨਿਤ ਲਾਗਤ (ਰੁ:) | ਬਿਆਨਾ ਰਾਸ਼ੀ (ਰੁ:) | ਕੰਮ ਦਾ ਸਮਾਂ | ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ | ਵੇਬਸਾਈਟ |
|---|---|---|---|---|---|---|
| 251-Elect-T-07-2026-27 | ਰਾਮਦਾਸ (RDS) ਸਟੇਸ਼ਨ ਉਤੇ ਮੌਜੂਦਾ ਪਲੇਟਫਾਰਮ ਨੂੰ ਉਚਾ ਕਰਨਾ ਅਤੇ ਵਧਾਣ ਦੇ ਲਈ ਇਲੈਕਿਟ੍ਰਕਲ ਕੰਮ ਅਤੇ ਸਟੇਸ਼ਨ ਬਿਲਡਿੰਗ ਦੇ ਬਾਹਰੀ ਹਿੱਸਸੇ ਵਿਚ ਸੁਧਾਰ ਸਮੇਤ ਦੂਸਰੇ ਪੈਸੇਂਜਰ ਸੁਵਿਧਾਵਾਂ ਦਾ ਕੰਮ । | Rs 21,78,442.2p | Rs. 43,600.00 | 06 ਮਹੀਨੇ | 05.10.2026 15:00 ਵਜੇ ਦੇ ਬਾਦ | www.ireps.gov.in |

ਨੰਬਰ 251-ਵਿਯੁਤ-ਟੈਂਡਰ ਨੋਟਿਸ ਨੰ: 07-ਵਿਯੁਤ/2026-27 ਮਿਤੀ : 14.09.2026 3170/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

# ਭਗਵੰਤ ਮਾਨ ਸਰਕਾਰ ਦੀ ਨਸ਼ਿਆਂ ਤੇ ਗੈਂਗਸਟਰਾਂ ਵਿਰੁੱਧ ਸਖ਼ਤ ਮੁਹਿੰਮ

## ਦੁਨੀਆ ਭਰ ਤੋਂ ਅਪਰਾਧੀਆਂ ਨੂੰ ਵਾਪਸ ਲਿਆਂਦਾ ਜਾ ਰਿਹਾ : ਬਲਤੇਜ ਪੰਨੂ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਮੰਗਲਵਾਰ ਨੂੰ ਕਿਹਾ ਕਿ ਭਗਵੰਤ ਮਾਨ ਸਰਕਾਰ ਦੀ ਨਸ਼ਿਆਂ ਅਤੇ ਗੈਂਗਸਟਰਾਂ ਵਿਰੁੱਧ ਸਖ਼ਤ ਮੁਹਿੰਮ ਨੇ ਇਸ ਲੜਾਈ ਨੂੰ ਪੰਜਾਬ ਦੀਆਂ ਸਰਹੱਦਾਂ ਤੋਂ ਪਾਰ ਪਹੁੰਚਾ ਦਿੱਤਾ ਹੈ।

ਪੰਜਾਬ ਪੁਲਿਸ ਦੁਨੀਆ ਭਰ ਤੋਂ ਇੱਕ ਦਰਜਨ ਤੋਂ ਵੱਧ ਗੈਂਗਸਟਰਾਂ ਨੂੰ ਵਾਪਸ ਲੈ ਕੇ ਆਈ ਹੈ, ਜਿਸ ਵਿੱਚ ਲਾਰੈਂਸ ਬਿਸ਼ਨੋਈ ਦੇ ਕਰੀਬੀ ਸਾਥੀ ਕਰਮਵੀਰ ਦਿਓ ਦੀ ਤਾਜ਼ਾ ਗ੍ਰਿਫ਼ਤਾਰੀ ਵੀ ਸ਼ਾਮਲ ਹੈ, ਜਿਸ ਨੂੰ ਕੈਨੇਡਾ ਤੋਂ ਡਿਪੋਰਟ ਕੀਤੇ ਜਾਣ ਤੋਂ ਬਾਅਦ ਦਿੱਲੀ ਏਅਰਪੋਰਟ ਤੋਂ ਕਾਬੂ ਕੀਤਾ ਗਿਆ ਸੀ। ਬਲਤੇਜ ਪੰਨੂ ਨੇ ਕਿਹਾ ਕਿ ਅਮਰੀਕਾ, ਦੁਬਈ, ਮਲੇਸ਼ੀਆ ਤੋਂ ਲੈ ਕੇ ਮੋਲਡੋਵਾ ਤੱਕ, ਮਾਨ ਸਰਕਾਰ ਨੇ ਪੰਜਾਬ ਪੁਲਸ ਨੂੰ ਹਾਈ-ਟੈਕ ਬਣਾਇਆ ਹੈ ਤੇ ਅਪਰਾਧ ਰੋਕਣ ਤੇ ਗੈਂਗਸਟਰਾਂ ਦਾ ਪਿੱਛਾ ਕਰਨ ਲਈ ਬਿਹਤਰ ਸਾਜ਼ੋ-ਸਾਮਾਨ ਨਾਲ ਲੈਸ ਕੀਤਾ ਹੈ, ਜਿਸ ਨਾਲ ਇਹ ਸਪੱਸ਼ਟ ਸੁਨੇਹਾ ਜਾਂਦਾ ਹੈ ਕਿ ਪੰਜਾਬ ਵਿੱਚ ਅਪਰਾਧ ਵਿੱਚ ਸ਼ਾਮਲ ਕੋਈ ਵੀ



ਗੈਂਗਸਟਰ ਦੁਨੀਆ ਦੇ ਕਿਸੇ ਵੀ ਕੋਨੇ ਨੂੰ ਸੁਰੱਖਿਅਤ ਥਾਂ ਨਹੀਂ ਸਮਝ ਸਕਦਾ। ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਆਪ ਪੰਜਾਬ ਦੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਕਿਹਾ, 'ਸੱਤਾ 'ਚ ਆਉਣ ਤੋਂ ਬਾਅਦ ਭਗਵੰਤ ਮਾਨ ਸਰਕਾਰ ਨੇ ਨਸ਼ਿਆਂ ਅਤੇ ਗੈਂਗਸਟਰਾਂ ਵਿਰੁੱਧ ਲੜਾਈ ਨੂੰ ਪਹਿਲ ਦਿੱਤੀ ਹੈ। ਅਸੀਂ ਪੰਜਾਬ 'ਚ ਸਰਗਰਮ ਅਪਰਾਧਿਕ ਨੈੱਟਵਰਕਾਂ ਨੂੰ ਖ਼ਤਮ ਕਰਨ ਲਈ ਨਿਰਣਾਇਕ ਕਾਰਵਾਈ ਕੀਤੀ ਹੈ ਅਤੇ ਵਿਦੇਸ਼ ਭੱਜ ਗਏ ਗੈਂਗਸਟਰਾਂ ਦਾ ਵੀ ਪਿੱਛਾ ਕੀਤਾ ਹੈ।'

ਵਿਰੋਧੀ ਧਿਰ 'ਤੇ ਨਿਸ਼ਾਨਾ ਸਾਧਦਿਆਂ ਆਪ ਪੰਜਾਬ ਦੇ ਮੀਡੀਆ ਇੰਚਾਰਜ ਨੇ ਕਿਹਾ, ਨੂੰਵਿਰੋਧੀ ਧਿਰ ਕੋਲ ਪੰਜਾਬ ਦੇ ਲੋਕਾਂ ਨੂੰ ਦੇਣ ਲਈ ਕੁਝ ਨਹੀਂ ਹੈ, ਇਸ ਲਈ ਉਹ ਸੰਗਠਿਤ ਅਪਰਾਧ ਵਿਰੁੱਧ ਕੀਤੀ ਜਾ ਰਹੀ ਕਾਰਵਾਈ ਨੂੰ ਅੱਖੋਂ-ਪਰੋਖੇ ਕਰਕੇ ਵਾਰ-ਵਾਰ ਮੁੱਦੇ ਚੁੱਕ ਕੇ ਪੰਜਾਬ ਸਰਕਾਰ ਨੂੰ ਬਦਨਾਮ ਕਰਨ ਦੀ ਕੋਸ਼ਿਸ਼ ਕਰ ਰਹੀ ਹੈ।' ਬਲਤੇਜ ਪੰਨੂ ਨੇ ਕਿਹਾ ਕਿ ਪੰਜਾਬ ਦਾ ਇਤਿਹਾਸ ਦਰਸਾਉਂਦਾ ਹੈ ਕਿ 2007-2017 ਦੇ ਸਮੇਂ ਦੌਰਾਨ ਗੈਂਗਸਟਰਵਾਦ ਵਿੱਚ ਭਾਰੀ ਵਾਧਾ ਹੋਇਆ ਸੀ। ਉਨ੍ਹਾਂ ਕਿਹਾ, 'ਜੇਕਰ ਅਸੀਂ ਪੰਜਾਬ ਦੇ ਗੈਂਗਸਟਰਵਾਦ ਦੇ ਇਤਿਹਾਸ ਨੂੰ ਦੇਖੀਏ ਤਾਂ ਇਹ ਘਟਨਾਕ੍ਰਮ 2007-2017 ਦੇ ਸਮੇਂ ਦੌਰਾਨ ਕਾਫ਼ੀ ਵਧਿਆ ਸੀ। ਇਹ ਉਹੀ ਸਮਾਂ ਸੀ ਜਦੋਂ 'ਗੈਂਗਸਟਰ' ਸ਼ਬਦ ਪੰਜਾਬ ਦੇ ਲੱਛਣਾਂ ਅਤੇ ਜਨਤਕ ਬਹਿਸ ਦਾ ਹਿੱਸਾ ਬਣ ਗਿਆ ਸੀ।' ਉਨ੍ਹਾਂ ਕਿਹਾ ਕਿ 2017-2022 ਦੀ ਕਾਂਗਰਸ ਸਰਕਾਰ ਦੌਰਾਨ ਵੀ ਇਹੋ ਸਥਿਤੀ ਬਣੀ ਰਹੀ।

# ਰਾਧਾ ਜਨਮ ਅਸ਼ਟਮੀ ਦੀ ਸ਼ੋਭਾ ਯਾਤਰਾ 19 ਨੂੰ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਰਾਧਾ ਜਨਮ ਅਸ਼ਟਮੀ ਦੇ ਸੰਬੰਧ ਵਿੱਚ 19 ਤਾਰੀਕ ਨੂੰ ਰਾਮਲੀਲਾ ਗਰਾਊਂਡ ਸਥਿਤ ਮੰਦਰ ਸੰਤੋਸ਼ੀ ਮਾਤਾ ਤੋਂ ਸ਼ੋਭਾ ਯਾਤਰਾ ਕੱਢੀ ਜਾਵੇਗੀ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਉੱਘੇ ਸਮਾਜ ਸੇਵੀ ਅਤੇ ਗੁੱਜਰ ਮਹਾਂ ਸਭਾ ਭਾਰਤ ਦੇ ਜਨਰਲ ਸਕੱਤਰ ਰਤਨ ਕੁਮਾਰ ਧਨੇੜਾ ਨੇ ਦੱਸਿਆ ਕਿ ਸ਼ੋਭਾ ਯਾਤਰਾ ਸ਼ਾਮ 4 ਵਜੇ ਮੰਦਰ ਸੰਤੋਸ਼ੀ ਮਾਤਾ ਤੋਂ ਆਰੰਭ ਹੋਵੇਗੀ।ਉਨ੍ਹਾਂ ਦੱਸਿਆ ਕਿ ਇਹ ਸ਼ੋਭਾ ਯਾਤਰਾ ਸ਼ਹਿਰ ਦੇ ਵੱਖ-ਵੱਖ ਬਾਜ਼ਾਰਾਂ ਵਿੱਚੋਂ ਹੁੰਦੀ ਹੋਈ ਮੁੜ ਮੰਦਰ ਸੰਤੋਸ਼ੀ ਮਾਤਾ ਵਿਖੇ ਪਹੁੰਚ ਕੇ ਸਮਾਪਤ ਹੋਵੇਗੀ। ਸ਼ੋਭਾ ਯਾਤਰਾ ਦੌਰਾਨ ਸੰਗਤ ਵੱਲੋਂ ਧਾਰਮਿਕ ਉਤਸ਼ਾਹ ਨਾਲ ਭਾਗ ਲੈਣ ਦੀ ਉਮੀਦ ਹੈ।ਇਸ ਮੌਕੇ ਮੁੱਖ ਸੇਵਾਦਾਰ ਪੰਡਿਤ ਅਸ਼ਵਨੀ ਗੋਤਮ ਟੀਟੂ, ਉੱਘੇ ਸਮਾਜ ਸੇਵੀ ਤੇ ਯੂਥ ਆਗੂ ਅਮਰ ਸੋਢੀ, ਅੰਮ੍ਰਿਤ ਲਾਲ ਘੋਗਾ ਬਾਵਾ, ਪ੍ਰਿੰਸ ਮਹਿਤਾ, ਸ਼ਾਮ ਸੁੰਦਰ, ਸ਼ਾਂਤਨੂ ਇੱਛਾ ਗੋਤਮ, ਕਾਰਤਿਕ ਗੌਤਮ ਅਤੇ ਪੰਡਿਤ ਹਰਿਓਮ ਸਮੇਤ ਹੋਰ ਪ੍ਰਬੰਧਕਾਂ ਵੱਲੋਂ ਸੰਗਤ ਨੂੰ ਸ਼ੋਭਾ ਯਾਤਰਾ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ।ਸ਼ੋਭਾ ਯਾਤਰਾ ਨੂੰ ਲੈ ਕੇ ਪ੍ਰਬੰਧਕਾਂ ਵੱਲੋਂ ਲੋੜੀਂਦੇ ਪ੍ਰਬੰਧ ਕੀਤੇ ਜਾ ਰਹੇ ਹਨ।

# ਸੀ ਟੀ ਗਰੁੱਪ ਦੇ ਅਬਿਰਲ ਨੇ ਤੈਰਾਕੀ 'ਚ ਜਿੱਤੇ ਤਿੰਨ ਤਮਗੇ

**ਜਲੰਧਰ (ਸ਼ੈਲੀ ਐਲਬਰਟ)**- ਸੀ ਟੀ ਗਰੁੱਪ ਆਫ ਇੰਸਟੀਚਿਊਸ਼ਨਜ਼, ਮਕਸੂਦਾਂ ਕੈਂਪਸ ਦੇ ਬੀ ਸੀ ਏ ਤੀਜੇ ਸਾਲ ਦੇ ਵਿਦਿਆਰਥੀ ਅਬਿਰਲ ਸੁਰੇਸ਼ ਸ਼ਰਮਾ ਨੇ ਆਈ ਕੇ ਜੀ ਪੀ ਟੀ ਯੂ ਇੰਟਰ-ਕਾਲਜ ਤੈਰਾਕੀ ਮੁਕਾਬਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਤਿੰਨ ਤਮਗੇ ਜਿੱਤੇ। ਇਹ ਮੁਕਾਬਲਾ 8 ਸਤੰਬਰ ਨੂੰ ਬਾਬਾ ਬੰਦਾ ਸਿੰਘ ਬਹਾਦਰ ਇੰਜੀਨੀਅਰਿੰਗ ਕਾਲਜ, ਫਤਿਹਗੜ੍ਹ ਸਾਹਿਬ ਵਿਖੇ ਕਰਵਾਇਆ ਗਿਆ। ਅਬਿਰਲ ਨੇ 200 ਮੀਟਰ ਫ੍ਰੀਸਟਾਈਲ ਵਿੱਚ ਚਾਂਦੀ ਦਾ ਤਮਗਾ, ਜਦਕਿ 100 ਮੀਟਰ ਬਟਰਫਲਾਈ ਅਤੇ 50 ਮੀਟਰ ਬਟਰਫਲਾਈ ਮੁਕਾਬਲਿਆਂ ਵਿੱਚ ਕਾਂਸੀ ਦੇ ਤਮਗੇ ਹਾਸਲ ਕੀਤੇ। ਅਬਿਰਲ ਦੀ ਇਸ ਪ੍ਰਾਪਤੀ ਨੇ ਸੀ ਟੀ ਗਰੁੱਪ ਦਾ ਮਾਣ ਵਧਾਇਆ ਹੈ। ਉਸ ਦੀ ਇਹ ਸਫਲਤਾ ਖੇਡਾਂ ਪ੍ਰਤੀ ਉਸ ਦੀ ਮਿਹਨਤ, ਅਨੁਸ਼ਾਸਨ ਅਤੇ ਸਮਰਪਣ ਨੂੰ ਦਰਸਾਉਂਦੀ ਹੈ। ਇਹ ਉਪਲਬਧੀ ਹੋਰਨਾਂ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਵੀ ਉੱਤਮ ਪ੍ਰਦਰਸ਼ਨ ਕਰਨ ਲਈ ਪ੍ਰੇਰਿਤ ਕਰਦੀ ਹੈ। ਸੀ ਟੀ ਗਰੁੱਪ ਆਫ ਇੰਸਟੀਚਿਊਸ਼ਨਜ਼ ਦੇ ਮੈਨੇਜਿੰਗ ਡਾਇਰੈਕਟਰ ਡਾ. ਮਨਬੀਰ ਸਿੰਘ ਨੇ ਅਬਿਰਲ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੱਤੀ ਅਤੇ ਉਸ ਦੇ ਸਮਰਪਣ ਤੇ ਖੇਡ ਭਾਵਨਾ ਦੀ ਸ਼ਲਾਘਾ ਕੀਤੀ। ਇਸੇ ਤਰ੍ਹਾਂ ਸੀ ਟੀ ਗਰੁੱਪ ਆਫ ਇੰਸਟੀਚਿਊਸ਼ਨਜ਼, ਮਕਸੂਦਾਂ ਕੈਂਪਸ ਦੇ ਕੈਂਪਸ ਡਾਇਰੈਕਟਰ ਡਾ. ਅਨੁਰਾਗ ਸ਼ਰਮਾ ਨੇ ਵੀ ਅਬਿਰਲ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਉਸ ਦੇ ਸ਼ਾਨਦਾਰ ਪ੍ਰਦਰਸ਼ਨ ਦੀ ਸਰਾਹਨਾ ਕੀਤੀ।



ਉਨ੍ਹਾਂ ਕਿਹਾ ਕਿ ਅਜਿਹੀਆਂ ਪ੍ਰਾਪਤੀਆਂ ਹੋਰਨਾਂ ਵਿਦਿਆਰਥੀਆਂ ਨੂੰ ਵੀ ਪੜ੍ਹਾਈ ਦੇ ਨਾਲ ਖੇਡਾਂ ਵਿੱਚ ਉੱਤਮਤਾ ਹਾਸਲ ਕਰਨ ਲਈ ਪ੍ਰੇਰਿਤ ਕਰਦੀਆਂ ਹਨ। ਸੀਟੀ ਗਰੁੱਪ ਆਫ ਇੰਸਟੀਚਿਊਸ਼ਨਜ਼, ਮਕਸੂਦਾਂ ਕੈਂਪਸ ਦੇ ਪ੍ਰਬੰਧਨ, ਫੈਕਲਟੀ ਅਤੇ ਸਟਾਫ ਨੇ ਅਬਿਰਲ ਨੂੰ ਦਿਲੋਂ ਵਧਾਈ ਦਿੰਦਿਆਂ ਉਸ ਦੇ ਉਜਵਲ ਭਵਿੱਖ ਅਤੇ ਆਉਣ ਵਾਲੀਆਂ ਪ੍ਰਤੀਯੋਗਤਾਵਾਂ ਵਿੱਚ ਲਗਾਤਾਰ ਸਫਲਤਾ ਦੀ ਕਾਮਨਾ ਕੀਤੀ।

# ਕੋਮਲ ਚੌਧਰੀ ਦੀ ਬੈਡਮਿੰਟਨ ਅੰਡਰ-14 ਸਟੇਟ ਲਈ ਚੋਣ

**ਪੋਜੇਵਾਲ (ਰਾਮ ਲਾਲ)**- ਸਰਕਾਰੀ ਹਾਈ ਸਕੂਲ ਚਾਂਦਪੁਰ ਰੁੜਕੀ ਦੀ ਹੋਣਹਾਰ ਵਿਦਿਆਰਥਣ ਕੋਮਲ ਚੌਧਰੀ ਸਪੁੱਤਰੀ ਚਾਨਣ ਰਾਮ ਨੇ ਬੈਡਮਿੰਟਨ ਖੇਡ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਅੰਡਰ-14 ਸਾਲ ਵਰਗ ਦੀ ਸਟੇਟ ਪੱਧਰੀ ਟੀਮ ਲਈ ਚੋਣ ਹਾਸਲ ਕਰਕੇ ਸਕੂਲ ਅਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ ਹੈ।ਕੋਮਲ ਚੌਧਰੀ ਦੀ ਇਸ ਉਪਲਬਧੀ ਨਾਲ ਸਕੂਲ ਦੇ ਵਿਦਿਆਰਥੀਆਂ ਅਤੇ ਸਟਾਫ ਵਿੱਚ ਖੁਸ਼ੀ ਦੀ ਲਹਿਰ ਹੈ। ਸਕੂਲ ਸਟਾਫ ਵੱਲੋਂ ਕੋਮਲ ਚੌਧਰੀ ਅਤੇ ਉਸ ਦੇ ਪਰਵਾਰ ਨੂੰ



ਇਸ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੱਤੀ ਗਈ ਅਤੇ ਉਸ ਦੇ ਉਜਵਲ ਭਵਿੱਖ ਦੀ ਕਾਮਨਾ ਕੀਤੀ ਗਈ। ਇਸ ਖੁਸ਼ੀ ਦੇ ਮੌਕੇ ਅਸ਼ੋਕ ਨਾਨੋਵਾਲ, ਰਜਿੰਦਰ ਸਿੰਘ ਸੀ ਆਰ ਪੀ ਐੱਫ, ਡਾਕਟਰ ਕੇਵਲ ਚੂਹੜਪੁਰ, ਰਮਨ ਚੌਧਰੀ ਨੰਦ ਲਾਲ, ਹਰ ਅਮਰਿੰਦਰ ਸਿੰਘ ਰਿੰਕੂ ਚਾਂਦਪੁਰੀ, ਸੰਜੀਵ ਮੀਲੂ ਗੜ੍ਹਸ਼ੰਕਰ, ਜਿੰਦੂ ਸਰਪੰਚ ਚਾਂਦਪੁਰ ਰੁੜਕੀ, ਦੀਪਾ ਮੀਲੂ, ਕਮਲਜੀਤ ਰਤਨਪੁਰ, ਅਸ਼ੋਕ ਸਰਪੰਚ ਭੋਲੇਵਾਲ ਅਤੇ ਬਿੱਟੂ ਕਬੱਡੀ ਕੋਚ ਭੋਲੇਵਾਲ ਆਦਿ ਦੇ ਵਧਾਈ ਦਿੱਤੀ।

# ਆਯੂਸ਼ ਤੇ ਅੰਕਿਤਾ ਨੇ ਨੇਤਰ ਦਾਨ ਕਰਨ ਦਾ ਲਿਆ ਪ੍ਰਣ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸਮਾਜ ਸੇਵੀ ਆਯੂਸ਼ ਅਤੇ ਅੰਕਿਤਾ ਜਿਨ੍ਹਾਂ ਨੇ ਆਪਣੇ ਵਿਆਹ ਦੀ ਰਿਸੈਪਸ਼ਨ ਦੇ ਮੌਕੇ ਤੇ ਖੂਨ ਦਾਨ ਕੈਂਪ ਆਯੋਜਨ ਕੀਤਾ ਜਿਸ ਵਿੱਚ ਆਪ ਖੂਨਦਾਨ ਕੀਤਾ ਅਤੇ ਆਪਣੇ ਦੋਸਤਾਂ ਮਿੱਤਰਾਂ ਅਤੇ ਰਿਸ਼ਤੇਦਾਰਾਂ ਨੂੰ ਵੀ ਇਸ ਮਹਾਨ ਸੇਵਾ ਨਾਲ ਜੁੜਨ ਦੀ ਪ੍ਰੇਰਨਾ ਦਿੱਤੀ। ਹੁਣ ਉਨ੍ਹਾਂ ਨੇ ਨੇਤਰਦਾਨ ਐਸੋਸੀਏਸ਼ਨ ਹੁਸ਼ਿਆਰਪੁਰ ਵਿਖੇ ਨੇਤਰਦਾਨ ਕਰਨ ਦਾ ਪ੍ਰਣ ਲਿਆ ਕਿ ਉਹ ਖੂਨਦਾਨ ਸੇਵਾ ਦੇ ਨਾਲ ਨਾਲ ਨੇਤਰਹੀਣ ਲੋਕਾਂ ਦੀ ਜ਼ਿੰਦਗੀ ਨੂੰ ਰੋਸ਼ਨੀ ਪ੍ਰਦਾਨ ਕਰਨ ਲਈ ਆਪਣੀਆਂ ਸੇਵਾਵਾਂ ਦੇਣਗੇ ਅਤੇ ਖੂਨ ਦਾਨ, ਨੇਤਰਦਾਨ ਅਤੇ ਅੰਗ ਦਾਨ ਪ੍ਰਤੀ ਜਾਗਰੂਕਤਾ ਪੈਦਾ ਕਰਨ ਲਈ ਆਪਣੀਆਂ ਸੇਵਾਵਾਂ ਦੇਣਗੇ। ਇਸ ਮਹਾਨ ਸੇਵਾ ਕਾਰਜ ਲਈ ਡਾਕਟਰ ਨੇਹਾ ਪੌਲ ਸੀਨੀਅਰ ਮੈਡੀਕਲ ਅਫ਼ਸਰ ਵੱਲੋਂ ਮੁਬਾਰਕਾਂ ਦਿੱਤੀਆਂ ਗਈਆਂ ਅਤੇ ਨੇਤਰ ਦਾਨ ਸਨਮਾਨਤ ਸਰਟੀਫੀਕੇਟ ਪ੍ਰਦਾਨ ਕੀਤੇ ਗਏ। ਇਸ ਤੇ ਪ੍ਰੋਫੈਸਰ ਬਹਾਦਰ ਸਿੰਘ ਸੁਨੇਤ ਅਤੇ ਬਲਜੀਤ ਸਿੰਘ ਪਨੇਸਰ ਵੱਲੋਂ ਵੀ ਇਸ ਜੋੜੀ ਨੂੰ ਮੁਬਾਰਕਬਾਦ ਦਿੱਤੀ।

# ਮੁੱਖ ਮੰਤਰੀ ਸਿਹਤ ਯੋਜਨਾ ਦਾ ਕਾਰਡ ਹਰ ਯੋਗ ਲਾਭਪਾਤਰੀ ਤੱਕ ਪਹੁੰਚਾਇਆ ਜਾਵੇ : ਸੁਨੀਲ

**ਨਵਾਂਸ਼ਹਿਰ (ਮਨੋਜ ਲਾਡੀ)**- ਪੰਜਾਬ ਸਰਕਾਰ ਮੁੱਖ ਮੰਤਰੀ ਸਿਹਤ ਯੋਜਨਾ ਦੇ ਲਾਭ ਨੂੰ ਯੋਗ ਲਾਭਪਾਤਰੀਆਂ ਤੱਕ ਪਹੁੰਚਾਉਣ ਲਈ ਕਾਰਡ ਵੰਡ ਪ੍ਰਕਿਰਿਆ ਵਿੱਚ ਤੇਜ਼ੀ ਲਿਆਉਣ ਲਈ ਯਤਨਸ਼ੀਲ ਹੈ। ਇਸ ਤਹਿਤ ਜ਼ਿਲ੍ਹੇ ਵਿੱਚ ਮੁੱਖ ਮੰਤਰੀ ਸਿਹਤ ਯੋਜਨਾ ਕਾਰਡਾਂ ਦੀ ਵੰਡ ਲਈ ਵਿਸ਼ੇਸ਼ ਕੈਂਪ ਲਗਾਏ ਜਾਣਗੇ। ਇਸ ਸਬੰਧੀ ਵਧੀਕ ਡਿਪਟੀ ਕਮਿਸ਼ਨਰ (ਜ) ਦਾ ਵਾਧੂ ਚਾਰਜ ਸੰਭਾਲ ਰਹੇ ਸੁਨੀਲ ਨੇ ਮੰਗਲਵਾਰ ਨੂੰ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਦਿਆਂ ਦੱਸਿਆ ਕਿ ਜ਼ਿਲ੍ਹੇ ਵਿੱਚ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ 1,42,790 ਲਾਭਪਾਤਰੀਆਂ ਦੀ ਰਜਿਸਟ੍ਰੇਸ਼ਨ ਮੁਕੰਮਲ ਹੋ ਚੁੱਕੀ ਹੈ। ਹੁਣ ਅਗਲੇ ਕੁਝ ਦਿਨਾਂ ਅੰਦਰ ਜ਼ਿਲ੍ਹੇ ਦੇ ਸ਼ਹਿਰੀ ਤੇ ਪੇਂਡੂ ਖੇਤਰਾਂ ਵਿੱਚ 78 ਵਿਸ਼ੇਸ਼ ਕੈਂਪ ਲਗਾ ਕੇ ਮੁੱਖ ਮੰਤਰੀ ਸਿਹਤ ਯੋਜਨਾ ਦੇ ਕਾਰਡ ਵੰਡਣ ਦਾ ਪ੍ਰੋਗਰਾਮ ਉਲੀਕਿਆ ਜਾ ਰਿਹਾ ਹੈ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਹਦਾਇਤਾਂ ਜਾਰੀ ਕਰਦੇ ਹੋਏ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾ ਕਾਰਡਾਂ ਦੀ ਵੰਡ ਲਈ ਵਿਸ਼ੇਸ਼ ਕੈਂਪਾਂ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਨ ਲਈ ਕੈਂਪਾਂ ਦੀ ਸਮੁੱਚੀ ਪ੍ਰਕਿਰਿਆ ਦੀ ਨੇੜਿਓਂ ਨਿਗਰਾਨੀ ਕੀਤੀ ਜਾਵੇ ਅਤੇ ਨਿਰਧਾਰਤ ਮਿਆਰੀ ਸੰਚਾਲਨ ਪ੍ਰਕਿਰਿਆ ਦੀ ਪਾਲਣਾ ਯਕੀਨੀ ਬਣਾਈ ਜਾਵੇ। ਉਨ੍ਹਾਂ ਨੇ ਕਿਹਾ ਕਿ ਆਸ਼ਾ ਵਰਕਰਾਂ, ਆਸ਼ਾ ਫੈਸਿਲੀਟੇਟਰਾਂ, ਸਿਹਤ ਮਿੱਤਰਾਂ ਅਤੇ ਹੋਰ ਫੀਲਡ ਸਟਾਫ਼ ਨੂੰ



ਲਾਭਪਾਤਰੀਆਂ ਤੱਕ ਜਾਣਕਾਰੀ ਪਹੁੰਚਾਉਣ ਅਤੇ ਕੈਂਪਾਂ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਯਕੀਨੀ ਬਣਾਉਣ ਲਈ ਸਰਗਰਮ ਭੂਮਿਕਾ ਨਿਭਾਉਣ ਦੇ ਨਿਰਦੇਸ਼ ਦਿੱਤੇ ਜਾਣ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਉਨ੍ਹਾਂ ਪਿੰਡਾਂ ਅਤੇ ਵਾਰਡਾਂ ਦੀ ਪਛਾਣ ਕਰ ਲਈ ਗਈ ਹੈ, ਜਿੱਥੇ 400 ਜਾਂ ਇਸ ਤੋਂ ਵੱਧ ਲਾਭਪਾਤਰੀ ਮੁੱਖ ਮੰਤਰੀ ਸਿਹਤ ਯੋਜਨਾ ਕਾਰਡ ਲਈ ਯੋਗ ਹਨ। ਉਨ੍ਹਾਂ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵੱਖ-ਵੱਖ ਵਿਭਾਗਾਂ ਨਾਲ ਆਪਸੀ ਤਾਲਮੇਲ ਨਾਲ ਕੰਮ ਕਰਦਿਆਂ ਇਹ ਯਕੀਨੀ ਬਣਾਇਆ ਜਾ ਰਿਹਾ ਹੈ ਕਿ ਕੋਈ ਵੀ ਯੋਗ ਲਾਭਪਾਤਰੀ ਮੁੱਖ ਮੰਤਰੀ ਸਿਹਤ ਯੋਜਨਾ ਦੇ ਲਾਭ ਤੋਂ ਵਾਂਝਾ ਨਾ ਰਹੇ।

# ਚੰਡੀਗੜ੍ਹ ਰੋਸ ਰੈਲੀ ਲਈ ਟਾਂਡਾ ਤੋਂ ਰਵਾਨਾ ਹੋਏ ਕਾਂਗਰਸੀ ਕਾਰਕੁਨ



**ਅੱਡਾ ਸਰਾਂ (ਜਸਵੀਰ ਕਾਜਲ)**- ਤੁਰ ਬੰਜਾਰਾ ਦੇ ਗੁਲਜ਼ਾਰ ਸਿੰਘ ਦੇ ਪਰਵਾਰ ਨੂੰ ਇਨਸਾਫ਼ ਦਿਵਾਉਣ ਲਈ ਚੰਡੀਗੜ੍ਹ ਵਿਖੇ ਹੋਣ ਵਾਲੇ ਰੋਸ ਪ੍ਰਦਰਸ਼ਨ ਵਿਚ ਸ਼ਾਮਲ ਹੋਣ ਲਈ ਕਾਂਗਰਸੀ ਕਾਰਕੁੰਨਾਂ ਦਾ ਵੱਡਾ ਕਾਫਲਾ ਬਲਾਕ ਕਾਂਗਰਸ ਦਫਤਰ ਟਾਂਡਾ ਤੋਂ ਰਵਾਨਾ ਹੋਇਆ ਹੈ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਕਾਂਗਰਸ ਐਡਵੋਕੇਟ ਦਲਜੀਤ ਸਿੰਘ ਗਿਲਜੀਆਂ ਅਤੇ ਬਲਾਕ ਪ੍ਰਧਾਨ ਅਵਤਾਰ ਸਿੰਘ ਖੋਖਰ ਮੌਜੂਦ ਸਨ।ਗਿਲਜੀਆਂ ਨੇ ਆਖਿਆ ਕਿ ਇਹ ਸੰਘਰਸ਼ ਇਨਸਾਫ਼ ਮਿਲਣ ਤੱਕ ਪੂਰੀ ਤਾਕਤ ਨਾਲ ਜਾਰੀ ਰਹੇਗਾ। ਉਨ੍ਹਾਂ ਆਖਿਆ ਕਿ ਗੁਲਜ਼ਾਰ ਸਿੰਘ ਨੂੰ ਇਨਸਾਫ਼ ਦਿਓ, ਹਰਪਾਲ ਚੀਮਾ ਅਸਤੀਫ਼ਾ ਦਿਓ ਦੇ ਨਾਅਰਿਆਂ ਨਾਲ ਪੰਜਾਬ ਕਾਂਗਰਸ ਇੰਚਾਰਜ ਸਚਿਨ ਪਾਇਲਟ ਦੀ ਅਗਵਾਈ ਵਿਚ ਚੰਡੀਗੜ੍ਹ ਵਿਚ ਰੋਸ ਪ੍ਰਦਰਸ਼ਨ ਵਿਚ ਹਜ਼ਾਰਾਂ ਵਰਕਰ ਭਾਗ ਲੈਣਗੇ। ਉਨ੍ਹਾਂ ਆਖਿਆ ਕਿ ਪਿੰਡ ਤੁਰਬੰਜਾਰਾ ਦੇ ਰਹਿਣ ਵਾਲੇ ਗ਼ਰੀਬ ਮਜ਼ਦੂਰ ਗੁਲਜ਼ਾਰ ਸਿੰਘ ਨੇ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੂੰ ਪਿੰਡ ਵਿੱਚ ਵਿਕ ਰਹੇ 'ਚਿੱਟੇ' ਬਾਰੇ ਜਨਤਕ ਸਵਾਲ ਪੁੱਛਿਆ ਸੀ, ਕਿਉਂਕਿ ਉਨ੍ਹਾਂ ਦਾ ਆਪਣਾ ਪੁੱਤਰ ਵੀ ਨਸ਼ੇ ਦੀ ਲਤ ਦਾ ਸ਼ਿਕਾਰ ਸੀ।

ਜਿਸ ਤੋਂ ਬਾਅਦ ਮੰਤਰੀ ਨੂੰ ਸਵਾਲ ਪੁੱਛਣ ਤੋਂ ਬਾਅਦ ਸਥਾਨਕ ਸੱਤਾਧਾਰੀ ਪਾਰਟੀ ਦੇ ਆਗੂਆਂ ਅਤੇ ਪੰਚਾਇਤ ਵੱਲੋਂ ਗੁਲਜ਼ਾਰ ਸਿੰਘ 'ਤੇ ਮੰਤਰੀ ਤੋਂ ਮਾਫ਼ੀ ਮੰਗਣ ਲਈ ਭਾਰੀ ਦਬਾਅ ਪਾਇਆ ਗਿਆ ਅਤੇ ਉਨ੍ਹਾਂ ਨੂੰ ਜਲੀਲ ਕੀਤਾ ਗਿਆ ਜਿਸ ਕਰਕੇ ਗੁਲਜ਼ਾਰ ਸਿੰਘ ਨੂੰ ਮਰਨ ਲਈ ਮਜ਼ਬੂਰ ਹੋਣਾ ਪਿਆ।ਬਾਅਦ ਵਿਚ ਪੁਲਸ ਪ੍ਰਸ਼ਾਸਨ ਨੇ ਪਰਵਾਰ ਦੀ ਮਰਜ਼ੀ ਤੋਂ ਬਿਨਾਂ, ਭਾਰੀ ਸੁਰੱਖਿਆ ਹੇਠ ਗੁਲਜ਼ਾਰ ਸਿੰਘ ਦਾ ਜਬਰਦਸਤੀ ਅੰਤਿਮ ਸਸਕਾਰ ਕਰ ਦਿੱਤਾ।

# ਪੰਜਾਬ ਸਰਕਾਰ ਖਿਲਾਫ ਧਰਨਾ ਅੱਜ



**ਗੁਰਾਇਆ (ਬਿੰਦਰ ਸੁੰਮਨ)**- ਪੰਜਾਬ ਵਿੱਚ ਹਰ ਦਿਨ ਲੱਗ ਰਹੇ ਲੰਬੇ ਬਿਜਲੀ ਕੱਟਾਂ ਨੇ ਆਮ ਲੋਕਾਂ, ਕਿਸਾਨਾਂ, ਮਜ਼ਦੂਰਾਂ, ਦੁਕਾਨਦਾਰਾਂ ਅਤੇ ਵਿਦਿਆਰਥੀਆਂ ਦਾ ਜੀਵਨ ਬੁਰੀ ਤਰ੍ਹਾਂ ਪ੍ਰਭਾਵਿਤ ਕੀਤਾ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ (ਬਾਦਲ) ਹਲਕਾ ਫਿਲੌਰ ਦੇ ਇੰਚਾਰਜ ਅਤੇ ਸਾਬਕਾ ਵਿਧਾਇਕ ਬਲਦੇਵ ਸਿੰਘ ਖਹਿਰਾ ਨੇ ਪੱਤਰਕਾਰਾ ਨਾਲ ਗੱਲਬਾਤ ਦੌਰਾਨ ਕੀਤਾ। ਉਨ੍ਹਾਂ ਅੱਗੇ ਕਿਹਾ ਕਿ ਇਸ ਗੰਭੀਰ ਮੁੱਦੇ ਦੇ ਰੋਸ ਵਜੋਂ ਸ਼੍ਰੋਮਣੀ ਅਕਾਲੀ ਦਲ ਵੱਲੋਂ ਸਰਕਾਰ ਖਿਲਾਫ਼ ਐਕਸੀਅਨ ਦਫ਼ਤਰ ਗੁਰਾਇਆ ਵਿਖੇ 16 ਸਤੰਬਰ ਦਿਨ ਬੁੱਧਵਾਰ ਨੂੰ ਧਰਨਾ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਸ ਧਰਨੇ ਵਿੱਚ ਵਰਕਰ ਅਤੇ ਆਮ ਲੋਕ ਵੱਡੀ ਗਿਣਤੀ ਵਿੱਚ ਸ਼ਾਮਲ ਹੋਣਗੇ।

# ਖੇਡਾਂ ਵਤਨ ਪੰਜਾਬ ਦੀਆਂ 'ਚ ਲੈਂਡਮਾਰਕ ਸਕੂਲ ਨੇ ਮਾਰੀਆਂ ਮੱਲਾਂ

**ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)**- ਪਿਛਲੇ ਦਿਨੀ ਖੇਡਾਂ ਵਤਨ ਪੰਜਾਬ ਦੀਆਂ ਵਿੱਚ ਦੀ ਲੈਂਡਮਾਰਕ ਸਕੂਲ ਭੋਗਪੁਰ ਦੇ ਵਿਦਿਆਰਥੀਆਂ ਨੇ ਲੜਕੇ ਅੰਡਰ-14 ਫੁੱਟਬਾਲ ਵਿੱਚੋਂ ਦੂਸਰੇ ਸਥਾਨ, ਅੰਡਰ-17 ਵਿੱਚੋਂ ਤੀਸਰਾ ਸਥਾਨ ਅਤੇ ਲੜਕੀਆਂ ਖੋ ਖੋ ਵਿੱਚ ਦੂਸਰੇ ਸਥਾਨ ਤੇ ਆਈਆਂ।ਇਸ ਦੇ ਨਾਲ ਹੀ 70ਵੀਂ ਜੋਨਲ ਗੇਮਸ ਵਿੱਚ ਲੈਂਡਮਾਰਕ ਸਕੂਲ ਦੀਆਂ ਲੜਕੀਆਂ ਨੇ ਬੈਡਮਿੰਟਨ ਵਿੱਚ ਦੂਸਰਾ ਸਥਾਨ, 200 ਮੀਟਰ ਵਾਲੀ ਰੇਸ ਵਿੱਚ ਤੀਸਰਾ ਸਥਾਨ ਅਤੇ ਲੜਕਿਆਂ ਅੰਡਰ-17 ਫੁੱਟਬਾਲ ਵਿੱਚ ਤੀਸਰੇ ਸਥਾਨ, ਕ੍ਰਿਕਟ ਵਿੱਚ ਦੂਸਰੇ ਸਥਾਨ ਤੇ ਆਏ।ਚੇਅਰਮੈਨ ਇੰਜੀਨੀਅਰ ਸੁਖਵਿੰਦਰ ਸਿੰਘ ਨੇ ਪ੍ਰਿੰਸੀਪਲ ਸੋਨਮ ਸ਼ਰਮਾ ਅਤੇ ਪੀ ਟੀ ਟੀਚਰ ਅੰਮ੍ਰਿਤਪਾਲ ਸਿੰਘ ਅਤੇ ਸਮੂਹ ਸਟਾਫ ਦਾ ਧੰਨਵਾਦ ਕੀਤਾ ਅਤੇ ਖਿਡਾਰੀਆਂ ਦੀ ਹੌਸਲਾ ਅਫਜ਼ਾਈ ਕਰਦਿਆਂ ਕਿਹਾ ਕਿ ਜੋ ਵਿਦਿਆਰਥੀ ਸਟੇਟ ਲੈਵਲ ਤੇ ਪੁਜੀਸ਼ਨ ਹਾਸਲ ਕਰਨਗੇ ਉਹਨਾਂ ਨੂੰ ਸਕਾਲਰਸ਼ਿਪ ਦਿੱਤੀ ਜਾਵੇਗੀ।



# ਖੇਡਾਂ ਵਤਨ ਪੰਜਾਬ ਦੀਆਂ ਬਲਾਕ ਮੋਰਿੰਡਾ ਦੇ ਖੇਡ ਮੁਕਾਬਲੇ ਸੰਪੰਨ



**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਬਲਾਕ ਮੋਰਿੰਡਾ ਦੀਆਂ ਖੇਡਾਂ ਵਤਨ ਪੰਜਾਬ ਦੀਆਂ ਟੂਰਨਾਮੈਂਟ ਦੇ ਖੇਡ ਮੁਕਾਬਲੇ ਲੁਠੇੜੀ ਵਿਖੇ ਸੰਪੰਨ ਹੋ ਗਏ। ਜ਼ਿਲ੍ਹਾ ਖੇਡ ਅਫਸਰ ਜਗਜੀਵਨ ਸਿੰਘ ਦੀ ਆਦੇਸ਼ਾਂ ਅਨੁਸਾਰ ਅਤੇ ਕੋਚ ਨਰੇਸ਼ ਰਜੋਰੀਆ ਦੀ ਦੇਖਰੇਖ ਹੇਠ ਹੋਈਆਂ ਇਨ੍ਹਾਂ ਖੇਡਾਂ ਵਿੱਚ ਖਿਡਾਰੀਆਂ ਨੇ ਬੇਹੱਦ ਉਤਸ਼ਾਹ ਨਾਲ ਭਾਗ ਲਿਆ।

ਇਹ ਖੇਡਾਂ ਉਪਮੰਡਲ ਮੈਜਿਸਟਰੇਟ ਚੇਤਨ ਬੰਗੜ, ਤਹਿਸੀਲਦਾਰ ਪੁਨੀਤ ਬੰਸਲ ਦੀ ਰਹਿਨੁਮਾਈ ਹੇਠ ਕਰਵਾਈਆਂ ਜਾ ਰਹੀਆਂ ਹਨ।

ਇਸ ਸੰਬੰਧੀ ਜਾਣਕਾਰੀ ਦਿੰਦਿਆਂ ਮੀਡੀਆ ਕੋਆਰਡੀਨੇਟਰ ਧਰਮਿੰਦਰ ਸਿੰਘ ਭੰਗੂ ਅਤੇ ਰਾਬਿੰਦਰ ਸਿੰਘ ਰੱਬੀ ਨੇ ਦੱਸਿਆ ਕਿ ਖੇਡਾਂ ਵਿਚ ਜੇਤੂ ਖਿਡਾਰੀਆਂ ਨੂੰ ਇਨਾਮਾਂ ਦੀ ਵੰਡ ਹਲਕਾ ਇੰਚਾਰਜ ਜਸਵੀਰ ਸਿੰਘ ਗੜ੍ਹੀ ਨੇ ਕੀਤੀ। ਉਨ੍ਹਾਂ ਇਸ ਮੌਕੇ ਉਨ੍ਹਾਂ ਵਿਦਿਆਰਥੀਆਂ/ਖਿਡਾਰੀਆਂ ਦੇ ਹੁਨਰ ਹੁੰਦੇ ਹੋਏ ਮੁੱਲਾਂਕਣ ਕਰਾਂ ਕੀਤੀਆਂ। ਉਨ੍ਹਾਂ ਵਿਦਿਆਰਥੀਆਂ/ਖਿਡਾਰੀਆਂ ਨੂੰ ਖੇਡਾਂ ਵਿੱਚ ਭਾਗ ਲੈਣ ਅਤੇ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਆ। ਇਸ ਮੌਕੇ ਅਮਨਦੀਪ ਸਿੰਘ ਮਾਂਗਟ ਚੇਅਰਮੈਨ ਮਾਰਕਿਟ ਕਮੇਟੀ ਚਮਕੌਰ ਸਾਹਿਬ, ਐਨ ਪੀ ਰਾਣਾ ਸਾਬਕਾ ਚੇਅਰਮੈਨ ਮਾਰਕਿਟ ਕਮੇਟੀ ਮੋਰਿੰਡਾ, ਸੁਰਿੰਦਰ ਕੁਮਾਰ ਘਈ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।

ਇਨ੍ਹਾਂ ਖੇਡਾਂ ਨੂੰ ਕਰਵਾਉਣ ਵਿੱਚ ਪ੍ਰਿੰਸੀਪਲ ਪਵਨ ਕੁਮਾਰ ਸਲੇਮਪੁਰ, ਕੁਲਵੰਤ ਕੌਰ ਇੰਚਾਰਜ ਲੁਠੇੜੀ, ਸੰਜੀਵ ਕੁਮਾਰ ਬਹਿਡਾਲੀ, ਰਾਜਵੀਰ ਸਿੰਘ ਸਲੇਮਪੁਰ, ਸੁਰਮੁੱਖ ਸਿੰਘ, ਰਵਿੰਦਰ ਸਿੰਘ ਧਨੌਰੀ, ਗੁਰਮੀਤ ਕੌਰ ਸਹੇੜੀ, ਅਮਨਦੀਪ ਸਿੰਘ ਢੰਗਰਾਲੀ, ਸੁਖਜਿੰਦਰ ਸਿੰਘ ਮੋਰਿੰਡਾ, ਤੇਜਵੀਰ ਸਿੰਘ, ਗੁਰ ਇੰਦਰਜੀਤ ਸਿੰਘ ਮਾਨ, ਨਰਿੰਦਰ ਕੌਰ ਸਲੇਮਪੁਰ, ਜਸਵੰਤ ਸਿੰਘ, ਗੁਰਚਰਨ ਸਿੰਘ ਆਦਿ ਨੇ ਵਿਸ਼ੇਸ਼ ਯੋਗਦਾਨ ਪਾਇਆ।

# ਐੱਸ ਆਈ ਆਰ ਦੇ ਇਤਰਾਜ਼ਾਂ ਦੀਆਂ ਸੂਚੀਆਂ ਸਿਆਸੀ ਪਾਰਟੀਆਂ ਨੂੰ ਸੌਂਪੀਆਂ

**ਜਲੰਧਰ (ਇਕਬਾਲ ਸਿੰਘ ਉੱਭੀ, ਸੁਰਿੰਦਰ ਕੁਮਾਰ)**- ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਵਰਜੀਤ ਵਾਲੀਆ ਨੇ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਨਵੀਂ ਦਿੱਲੀ ਅਤੇ ਮੁੱਖ ਚੋਣ ਅਫ਼ਸਰ ਪੰਜਾਬ ਵੱਲੋਂ ਜਾਰੀ ਹਦਾਇਤਾਂ ਅਨੁਸਾਰ ਸਪੈਸ਼ਲ ਇੰਟੈਂਸਿਵ ਰਵੀਜ਼ਨ (ਐਸ ਆਈ ਆਰ)-2026 ਦੇ ਦੂਜੇ ਪੜਾਅ (ਦਾਅਵੇ ਅਤੇ ਇਤਰਾਜ਼ਾਂ ਪ੍ਰਾਪਤੀ) ਦੀ ਆਖਰੀ ਮਿਤੀ 12 ਸਤੰਬਰ, 2026 ਤੱਕ ਪ੍ਰਾਪਤ ਹੋਏ ਫਾਰਮਾਂ ਦੀਆਂ ਸੂਚੀਆਂ ਸੰਬੰਧਤ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ ਵੱਲੋਂ ਰਾਜਨੀਤਿਕ ਪਾਰਟੀਆਂ ਨੂੰ ਸੌਂਪ ਦਿੱਤੀਆਂ ਗਈਆਂ ਹਨ। ਵਾਲੀਆ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਪੈਂਦੇ 9 ਵਿਧਾਨ ਸਭਾ ਹਲਕਿਆਂ 30-ਫਿਲੌਰ, 31-ਨਕੋਦਰ, 32-ਸ਼ਾਹਕੋਟ, 33-ਕਰਤਾਰਪੁਰ, 34-ਜਲੰਧਰ ਪੱਛਮੀ, 35-ਜਲੰਧਰ ਕੇਂਦਰੀ, 36-ਜਲੰਧਰ ਉੱਤਰੀ, 37-ਜਲੰਧਰ ਕੈਂਟ ਅਤੇ 38-ਆਦਮਪੁਰ ਦੇ ਸੰਬੰਧਤ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ ਵਲੋਂ ਰਾਜਨੀਤਿਕ ਪਾਰਟੀਆਂ ਨਾਲ ਹਫ਼ਤਾਵਾਰੀ ਮੀਟਿੰਗਾਂ ਕੀਤੀਆਂ ਗਈਆਂ ਅਤੇ ਮਿਤੀ 13 ਅਗਸਤ 2026 ਤੋਂ 12 ਸਤੰਬਰ 2026 ਤੱਕ ਪ੍ਰਾਪਤ ਹੋਏ ਦਾਅਵਿਆਂ ਤੇ ਇਤਰਾਜ਼ਾਂ ਦੀਆਂ ਸੂਚੀਆਂ ਫਾਰਮ ਨੰਬਰ 9,10,11,11ਏ, 11ਬੀ ਰਾਜਨੀਤਿਕ ਪਾਰਟੀਆਂ ਨਾਲ ਸਾਂਝੀਆਂ ਕੀਤੀਆਂ ਗਈਆਂ। ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਦਾਅਵਿਆਂ ਅਤੇ ਇਤਰਾਜ਼ਾਂ



ਸੰਬੰਧੀ ਪ੍ਰਾਪਤ ਫਾਰਮ ਨੰ. 6, 6ਏ, 7, 8 ਦਾ ਨਿਪਟਾਰਾ ਸੰਬੰਧਤ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ ਵੱਲੋਂ ਚੋਣ ਕਮਿਸ਼ਨ ਵੱਲੋਂ ਜਾਰੀ ਸ਼ਡਿਊਲ ਅਨੁਸਾਰ 8 ਅਕਤੂਬਰ 2026 ਤੱਕ ਕਰ ਦਿੱਤਾ ਜਾਵੇਗਾ ਅਤੇ ਜ਼ਿਲ੍ਹੇ ਵਿੱਚ ਵੋਟਰ ਸੂਚੀ ਦੀ ਅੰਤਿਮ ਪ੍ਰਕਾਸ਼ਨਾ 12 ਅਕਤੂਬਰ 2026 ਨੂੰ ਕੀਤੀ ਜਾਵੇਗੀ। ਜ਼ਿਕਰਯੋਗ ਹੈ ਕਿ ਐਸ.ਆਈ.ਆਰ. ਦੌਰਾਨ 13.8.2026 ਤੋਂ 12.9.2026 ਤੱਕ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ/ਬੀ.ਐਲ.ਓਜ਼ ਵੱਲੋਂ ਆਮ ਜਨਤਾ ਪਾਸੋਂ ਦਾਅਵੇ ਤੇ ਇਤਰਾਜ਼ (ਫਾਰਮ ਨੰ.6. 6ਏ, 7 ਤੇ 8) ਵਿੱਚ ਪ੍ਰਾਪਤ ਕੀਤੇ ਗਏ ਸਨ।

# ਅੱਸੂ ਮਹੀਨੇ ਦੀ ਸੰਗਰਾਂਦ ਦਾ ਦਿਹਾੜਾ ਭਲਕੇ

**ਆਦਮਪੁਰ, (ਪਰਮਜੀਤ ਸਿੰਘ)** ਗੁਰਦੁਆਰਾ ਧੰਨ-ਧੰਨ ਸ਼ਹੀਦ ਬਾਬਾ ਮਤੀ ਜੀ ਡਰੋਲੀ ਕਲਾਂ ਵਿਖੇ ਅੱਸੂ ਮਹੀਨੇ ਦੀ ਸੰਗਰਾਂਦ ਦਾ ਪਵਿੱਤਰ ਦਿਹਾੜਾ 17 ਸਤੰਬਰ ਦਿਨ ਵੀਰਵਾਰ ਨੂੰ ਸਵੇਰੇ 8 ਵਜੇ ਤੋਂ 1:30 ਵਜੇ ਤਕ ਸਮੂਹ ਨਗਰ ਨਿਵਾਸੀ ਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜੋਗਿੰਦਰ ਮਨੋਹਰ ਸਿੰਘ ਦੀ ਅਗਵਾਈ ਹੇਠ ਤੇ ਪ੍ਰਬੰਧਕਾਂ ਸਹਿਯੋਗ ਦੇ ਨਾਲ ਬਹੁਤ ਹੀ ਸ਼ਰਧਾ ਪੂਰਵਕ ਮਨਾਇਆ ਜਾ ਰਿਹਾ ਹੈ। ਇਸ ਮੌਕੇ ਕਥਾ ਵਾਚਕ ਭਾਈ ਗੁਰਦਿੱਤ ਸਿੰਘ ਆਦਮਪੁਰ, ਹਜ਼ੂਰੀ ਰਾਗੀ ਭਾਈ ਗੁਰਜੀਤ ਸਿੰਘ ਗੁਰਦੁਆਰਾ ਸ਼ਹੀਦ ਬਾਬਾ ਮਤੀ ਸਾਹਿਬ ਜੀ ਡਰੋਲੀ ਕਲਾਂ, ਹਜ਼ੂਰੀ ਰਾਗੀ ਭਾਈ ਜੈ ਦੇਵ ਸਿੰਘ ਤਲਵੰਡੀ ਸਾਬੋ, ਢਾਡੀ ਜੱਥਾ ਭਾਈ ਗੁਰਭੇਜ ਸਿੰਘ ਗਾਫਲ ਫਰੀਦਕੋਟ ਵਾਲਿਆ ਵਲੋਂ ਆਈਆਂ ਸੰਗਤ ਨੂੰ ਗੁਰਬਾਣੀ ਕੀਰਤਨ ਰਾਹੀਂ ਨਿਹਾਲ ਕਰਨਗੇ। ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਸਮੂਹ ਸੰਗਤਾਂ ਨੂੰ ਪਰਵਾਰਾ ਸਮੇਤ ਪਹੁੰਚ ਕੇ ਸਮਾਗਮ ਦੀ ਸੋਭਾ ਨੂੰ ਵਧਾਉਣ ਅਤੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦੀ ਅਪੀਲ ਕੀਤੀ। ਸਟੇਜ ਸਕੱਤਰ ਦੀ ਸੇਵਾ ਮਾਸਟਰ ਸੁਰਜੀਤ ਸਿੰਘ ਵੱਲੋਂ ਨਿਭਾਈ ਜਾਵੇਗੀ। ਗੁਰੂ ਕਾ ਅਤੁੱਟ ਲੰਗਰ ਵੀ ਵਰਤਾਇਆ ਜਾਵੇਗਾ।



# ਸ਼ਰਾਰਤੀ ਅਨਸਰਾਂ ਵੱਲੋਂ ਡਾ. ਅੰਬੇਡਕਰ ਦੇ ਬੁੱਤ ਦੀ ਬੇਅਦਬੀ

**ਮਾਹਿਲਪੁਰ (ਸਫ਼ਰੀ)** ਬਲਾਕ ਮਾਹਿਲਪੁਰ ਅਧੀਨ ਪੈਂਦੇ ਪਿੰਡ ਬਾੜੀਆਂ ਕਲਾਂ ਵਿਚ ਲੱਗੇ ਡਾਕਟਰ ਭੀਮ ਰਾਓ ਅੰਬੇਡਕਰ ਦੇ ਬੁੱਤ ਨੂੰ ਰਾਤ ਸਮੇਂ ਕੁਝ ਸ਼ਰਾਰਤੀ ਅਨਸਰਾਂ ਵੱਲੋਂ ਇੱਟਾਂ ਵੱਟੇ ਮਾਰੇ ਗਏ,ਜਿਸ ਨਾਲ ਬਾਬਾ ਸਾਹਿਬ ਦੇ ਬੁੱਤ ਨੂੰ ਕਾਫੀ ਨੁਕਸਾਨ ਪਹੁੰਚਾ। ਮੌਕੇ ਤੇ ਪ੍ਰਾਪਤ ਜਾਣਕਾਰੀ ਅਨੁਸਾਰ ਪਿੰਡ ਬਾੜੀਆਂ ਕਲਾਂ ਦੀ ਸਰਪੰਚ ਬੀਬੀ ਮਨਜੀਤ ਕੌਰ ਨੇ ਦੱਸਿਆ ਬੀਤੀ ਰਾਤ ਕੁਝ ਸ਼ਰਾਰਤੀ ਅਨਸਰਾਂ ਨੇ ਬਾਬਾ ਸਾਹਿਬ ਦੇ ਬੁੱਤ ਨੂੰ ਨੁਕਸਾਨ ਪਹੁੰਚਾਇਆ। ਦਲਿਤ ਜਥੇਬੰਦੀਆਂ ਦੇ ਆਗੂ ਡਾਕਟਰ ਅਜੇ ਮੱਲ ਨੇ ਕਿਹਾ ਕਿ ਅਸੀਂ ਅਣਮਿੱਥੇ ਸਮੇਂ ਲਈ ਧਰਨਾ ਦੇਵਾਂਗੇ ਜਦੋਂ ਤੱਕ ਸ਼ਰਾਰਤੀ ਅਨਸਰਾਂ ਨੂੰ ਫੜਿਆ ਨਹੀਂ ਜਾਂਦਾ। ਜਦੋਂ ਹੁਸ਼ਿਆਰਪੁਰ ਦੇ ਐਸ ਐਸ ਪੀ ਨਾਲ ਇਸ ਸਬੰਧੀ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਅਸੀਂ ਪੂਰੀ ਪੜਤਾਲ ਕਰਨ ਤੋਂ ਬਾਅਦ ਗੱਲਬਾਤ ਕਰਾਂਗੇ। ਲੋਕਾਂ ਦੇ ਇਕੱਠ ਨੇ ਮੌਜੂਦਾ ਸਰਕਾਰ ਅਤੇ ਪੁਲਸ ਪ੍ਰਸ਼ਾਸਨ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕੀਤੀ। ਇਸ ਮੌਕੇ ਪਰਮਿੰਦਰ ਮਾਨਾ ਹਲਕਾ ਇੰਚਾਰਜ ਚੱਬੇਵਾਲ,ਰਮਨ ਲਾਲ ਟੂਟੋ ਮਜਾਰਾ, ਹਰਜਿੰਦਰ ਸਿੰਘ ਸਾਬਕਾ ਸਰਪੰਚ ਚੱਕ ਕਟਾਰੂ, ਕੁਲਵਿੰਦਰ ਸਿੰਘ ਸਾਬਕਾ ਸਰਪੰਚ ਪਰਸੋਤਾ, ਕਿਸ਼ਨ ਭਾਟੀਆ, ਡਾਕਟਰ ਰਮੇਸ਼, ਇੰਜਨੀਅਰ ਸੰਦੀਪ ਸਿੱਧੂ, ਦਵਿੰਦਰ ਸਿੰਘ ਬਾਹੋਵਾਲ, ਸਤਪਾਲ ਸਿੰਘ ਕਾਂਗੜਵਾਲ ਭਗਤਾਂ, ਰਾਮਸਰੂਪ ਬਿਲਾਸਪੁਰ ਬਡੀ ਗਿਣਤੀ ਵਿਚ ਦਲਿਤ ਜਥੇਬੰਦੀਆਂ ਦੇ ਆਗੂ ਹਾਜ਼ਰ ਸਨ।



# ਗੁਰੂ ਨਾਨਕ ਦੇਵ 'ਵਰਸਿਟੀ ਕਾਲਜ ਦੇ ਆਰਟਸ ਵਿਭਾਗ ਦਾ ਨਤੀਜਾ ਰਿਹਾ ਸ਼ਾਨਦਾਰ

**ਨੂਰਮਹਿਲ, ਫਿਲੌਰ (ਬਾਲ ਕ੍ਰਿਸ਼ਨ ਬਾਲੀ, ਨਿਰਮਲ)**- ਜੀ ਐੱਨ ਡੀ ਯੂ ਅੰਮ੍ਰਿਤਸਰ ਵੱਲੋਂ ਐਲਾਨੇ ਗਏ ਬੀ ਏ ਸਮੈਸਟਰ ਚੌਥਾ ਦੇ ਨਤੀਜਿਆਂ ਵਿੱਚ ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਫਿਲੌਰ ਦੇ ਆਰਟਸ ਵਿਭਾਗ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕਾਲਜ ਦਾ ਨਾਂਅ ਰੌਸ਼ਨ ਕੀਤਾ ਹੈ। ਵਿਦਿਆਰਥੀਆਂ ਨੇ ਆਪਣੀ ਲਗਨ, ਅਨੁਸ਼ਾਸਨ ਅਤੇ ਅਣਥੱਕ ਮਿਹਨਤ ਨਾਲ ਵਧੀਆ ਅੰਕ ਪ੍ਰਾਪਤ ਕੀਤੇ। ਇਸ ਮੌਕੇ ਵਿਦਿਆਰਥਣ ਪੂਜਾ ਨੇ 7.75 ਸੀ.ਜੀ.ਪੀ.ਏ. ਨਾਲ



ਪਹਿਲਾ, ਸੀਮਾਂ ਰਾਣੀ ਨੇ 7.61 ਸੀ.ਜੀ.ਪੀ.ਏ. ਨਾਲ ਦੂਜਾ ਅਤੇ ਮਨਪ੍ਰੀਤ ਕੌਰ ਨੇ 7.43 ਸੀ.ਜੀ.ਪੀ.ਏ. ਨਾਲ ਤੀਜਾ ਸਥਾਨ ਹਾਸਲ ਕੀਤਾ। ਇਸ ਮੌਕੇ ਕਾਲਜ ਦੇ ਓ.ਐੱਸ.ਡੀ. ਡਾ. ਰਾਜਵਿੰਦਰ ਕੌਰ ਹੁੰਦਲ ਨੇ ਸ਼ਾਨਦਾਰ ਨਤੀਜਾ ਹਾਸਲ ਕਰਨ ਵਾਲੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦੀ ਇਹ ਪ੍ਰਾਪਤੀ ਉਨ੍ਹਾਂ ਦੀ ਮਿਹਨਤ ਦੀ ਸੁਚੱਜੀ ਰਹਿਨੁਮਾਈ ਦਾ ਨਤੀਜਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਮਿਹਨਤ ਕਰਕੇ ਕਾਮਯਾਬੀ ਦੀਆਂ ਨਵੀਆਂ ਮੰਜ਼ਿਲਾਂ ਹਾਸਲ ਕਰਨ ਲਈ ਪ੍ਰੇਰਿਤ ਕੀਤਾ।

# ਬਾਬਾ ਭਾਈ ਸਾਧੂ ਜੀ ਰੁੜਕਾ ਕਲਾਂ ਵਿਖੇ ਅੱਠੇ ਦਾ ਦਿਹਾੜਾ ਭਲਕੇ

**ਗੁਰਾਇਆ (ਬਿੰਦਰ ਸੁੰਮਨ)**- ਉਦਾਸੀਨ ਅਸਥਾਨ ਬਾਬਾ ਭਾਈ ਸਾਧੂ ਜੀ ਰੁੜਕਾ ਕਲਾਂ ਵਿਖੇ ਅੱਠੇ ਦਾ ਦਿਹਾੜਾ 17 ਸਤੰਬਰ ਦਿਨ ਵੀਰਵਾਰ ਨੂੰ ਬਹੁਤ ਹੀ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ। ਉਦਾਸੀਨ ਅਸਥਾਨ ਬਾਬਾ ਭਾਈ ਸਾਧੂ ਜੀ ਦੀ ਸਥਾਪਨਾ ਦਾ ਪਿੰਡ ਰੁੜਕਾ ਕਲਾ ਦੇ ਮੁੱਢਲੇ ਇਤਿਹਾਸ ਨਾਲ ਡੂੰਘਾ ਸਬੰਧ ਹੈ। ਤਕਰੀਬਨ 400 ਸਾਲ ਪਹਿਲਾ ਪਿੰਡ ਰੁੜਕਾ ਕਲਾ ਨੂੰ ਸਰਹਾਲੀ (ਤਰਨਤਾਰਨ) ਤੋਂ ਆਏ ਭਰਾਵਾ ਨੇ ਵਸਾਇਆ। ਜਿਨ੍ਹਾਂ ਵਿੱਚ ਸਭ ਤੋਂ ਵੱਡੇ ਬਾਬਾ ਬੂਲਾ ਜੀ ਸਨ, ਬਾਬਾ ਬੂਲਾ ਜੀ ਦੇ 7 ਸਪੁੱਤਰ ਸਨ, ਜਿਨ੍ਹਾਂ ਵਿੱਚੋ ਇੱਕ ਬਾਬਾ ਭਾਈ ਸਾਧੂ ਜੀ ਸਨ, ਜੋ ਕਿ ਬਚਪਨ ਤੋਂ ਹੀ ਸਾਧੂ ਸੁਭਾਅ ਦੇ ਮਾਲਕ ਸਨ। ਜਿਨ੍ਹਾਂ ਨੇ ਗੁਰੂ ਨਾਨਕ ਦੇਵ ਜੀ ਦੇ ਵੱਡੇ ਸਪੁੱਤਰ ਬਾਬਾ ਸ੍ਰੀ ਚੰਦ ਜੀ ਦੁਆਰਾ ਅਪਨਾਏ ਉਦਾਸੀਨ ਮੱਤ ਨੂੰ ਗ੍ਰਹਿਣ ਕੀਤਾ ਅਤੇ ਧਰਮ ਪ੍ਰਚਾਰ ਲਈ ਅਸਥਾਨ ਦੀ ਸਥਾਪਨਾ ਕੀਤੀ । ਅੱਜ ਵੀ ਉਨਾਂ ਦੇ ਦਰਸਾਏ ਮਾਰਗਾਂ ਤੇ ਹੀ ਚੱਲਦੇ ਹੋਏ ਇਸ ਅਸਥਾਨ ਵੱਲੋਂ ਧਾਰਮਿਕ ਕਾਰਜਾਂ ਦੇ ਨਾਲ ਨਾਲ ਖੇਡ ਤੇ ਸਮਾਜ ਭਲਾਈ ਸੰਸਥਾ ਵਾਈ ਐਫ ਸੀ ਰੁੜਕਾ ਕਲਾ ਨਾਲ ਮਿਲ ਕੇ ਸਮਾਜ ਭਲਾਈ ਦੇ ਕੰਮ ਵੱਡੇ ਪੱਧਰ ਤੇ ਕੀਤੇ ਜਾ ਰਹੇ ਹਨ। ਇਹ ਅਸਥਾਨ ਮਹੰਤ ਸੇਵਾ ਦਾਸ ਦੀ ਅਗਵਾਈ ਵਿੱਚ ਗੁਰਮੰਗਲ ਦਾਸ ਸੋਨੀ ਤੇ ਰਾਜੀਵ ਰਤਨ ਟੋਨੀ ਵੱਲੋਂ ਸੰਗਤ ਦੇ ਸਹਿਯੋਗ ਨਾਲ ਧਾਰਮਿਕ ਕੰਮਾਂ ਤੇ ਸਮਾਜ ਸੇਵਾ ਲਈ ਨਿਰੰਤਰ ਯਤਨਸ਼ੀਲ ਹੈ। ਮਹੰਤ ਸੇਵਾ ਦਾਸ ਨੇ ਦੱਸਿਆ ਕਿ ਇਸ ਅਸਥਾਨ ਤੇ ਬਾਬਾ ਭਾਈ ਸਾਧੂ ਜੀ ਦੀ ਯਾਦ ਵਿੱਚ ਅੱਠੇ ਦਾ ਪਵਿੱਤਰ ਦਿਹਾੜਾ ਮਨਾਇਆ ਜਾ ਰਿਹਾ ਹੈ। ਇਸ ਦਿਨ ਦੂਰ-ਦਰਾਡੇ ਤੋਂ ਸੰਗਤਾ ਆ ਕੇ ਬਾਬਾ ਜੀ ਦੇ ਦਰਬਾਰ ਵਿੱਚ ਆਪਣੀ ਹਾਜ਼ਰੀ ਭਰਦੀਆ ਹਨ। ਦੁਪਹਿਰ ਦੇ ਸਮੇਂ ਰਾਗੀ ਜਥਿਆਂ ਦੁਆਰਾ ਬਾਬਾ ਜੀ ਦੀ ਮਹਿਮਾ ਦਾ ਗੁਣਗਾਨ ਕੀਤਾ ਜਾਂਦਾ ਹੈ ਅਤੇ ਸਾਰਾ ਦਿਨ ਗੁਰੂ ਦਾ ਅਤੁੱਟ ਲੰਗਰ ਵੀ ਵਰਤਿਆ ਜਾਦਾ ਹੈ।

# ਐੱਲ ਪੀ ਯੂ ਦੇ ਵਿਦਿਆਰਥੀਆਂ ਨੇ ਮਨਾਇਆ ਇੰਜੀਨੀਅਰਸ ਡੇ

**ਜਲੰਧਰ (ਸ਼ੈਲੀ ਐਲਬਰਟ)**- ਐੱਲ ਪੀ ਯੂ ਇੰਜੀਨੀਅਰਸ ਡੇ ਤੇ ਇਸ ਗੱਲ 'ਤੇ ਧਿਆਨ ਦਿੱਤਾ ਜਾ ਰਿਹਾ ਹੈ ਕਿ ਯੂਨੀਵਰਸਿਟੀ ਵਿਦਿਆਰਥੀਆਂ ਨੂੰ ਅਸਲ-ਸੰਸਾਰ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ, ਇੰਡਸਟਰੀ ਦਾ ਅਨੁਭਵ ਪ੍ਰਾਪਤ ਕਰਨ ਅਤੇ ਭਾਰਤ ਦੇ ਤਕਨੀਕੀ ਅਤੇ ਉਦਯੋਗਿਕ ਵਿਕਾਸ ਵਿੱਚ ਯੋਗਦਾਨ ਪਾਉਣ ਵਾਲੇ ਕਰੀਅਰ ਨੂੰ ਅੱਗੇ ਵਧਾਉਣ ਲਈ ਕਿਵੇਂ ਤਿਆਰ ਕਰ ਸਕਦੀਆਂ ਹਨ।



ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐੱਲ ਪੀ ਯੂ) ਵਿਖੇ, ਇਹ ਪਹੁੰਚ ਇੱਕ ਇੰਜੀਨੀਅਰਿੰਗ ਈਕੋਸਿਸਟਮ ਵਿੱਚ ਪ੍ਰਤੀਬਿੰਬਤ ਹੁੰਦੀ ਹੈ ਜੋ ਕਲਾਸਰੂਮ ਸਿੱਖਿਆ ਨੂੰ ਵਿਹਾਰਕ ਪ੍ਰੋਜੈਕਟਾਂ, ਉਦਯੋਗ ਦੇ ਅਨੁਭਵ, ਖੋਜ ਅਤੇ ਕਰੀਅਰ ਦੇ ਮੌਕਿਆਂ ਨਾਲ ਜੋੜਦੀ ਹੈ। ਜਿਵੇਂ ਕਿ ਐੱਲ ਪੀ ਯੂ 25 ਸਾਲ ਮਨਾ ਰਿਹਾ ਹੈ ਅਤੇ ਆਪਣੇ ਸਿਲਵਰ ਜੁਬਲੀ ਸਾਲ ਵਿੱਚ ਪ੍ਰਵੇਸ਼ ਕਰ ਰਿਹਾ ਹੈ, ਅਨੁਭਵੀ ਅਤੇ ਉਦਯੋਗ-ਅਧਾਰਿਤ ਸਿੱਖਿਆ 'ਤੇ ਇਸਦਾ ਧਿਆਨ ਇੰਜੀਨੀਅਰਾਂ ਨੂੰ ਭਵਿੱਖ ਲਈ ਕਿਵੇਂ ਤਿਆਰ ਕੀਤਾ ਜਾਂਦਾ ਹੈ, ਇਸਦਾ ਇੱਕ ਮੁੱਖ ਚਾਲਕ ਹੈ।

ਵਿਦਿਆਰਥੀ ਲਾਈਵ ਅਤੇ ਫੀਲਡ ਪ੍ਰੋਜੈਕਟਾਂ, ਅਨੁਭਵੀ ਸਿਖਲਾਈ ਪ੍ਰਯੋਗਸ਼ਾਲਾਵਾਂ, ਉੱਤਮਤਾ ਕੇਂਦਰਾਂ, ਉਦਯੋਗ ਸਲਾਹਕਾਰ, ਇੰਟਰਨਸ਼ਿਪ, ਸਲਾਹਕਾਰੀ, ਅਤੇ ਨਵੀਨਤਾ-ਅਗਵਾਈ ਵਾਲੀਆਂ ਪਹਿਲਕਦਮੀਆਂ ਰਾਹੀਂ ਹੱਥੀਂ ਅਨੁਭਵ ਪ੍ਰਾਪਤ ਕਰਦੇ ਹਨ।

ਜਿਵੇਂ-ਜਿਵੇਂ ਇੰਜੀਨੀਅਰਿੰਗ ਤੇਜ਼ੀ ਨਾਲ ਏਆਈ-ਏਕੀਕ੍ਰਿਤ ਹੁੰਦੀ ਜਾ ਰਹੀ ਹੈ, ਐੱਲ ਪੀ ਯੂ ਨੇ ਕੋਰ ਇੰਜੀਨੀਅਰਿੰਗ ਸਿੱਖਿਆ ਨੂੰ ਆਰਟੀਫੀਸ਼ੀਅਲ ਇੰਟੈਲੀਜੈਂਸ, ਮਸ਼ੀਨ ਲਰਨਿੰਗ, ਅਤੇ ਡੇਟਾ-ਸੰਚਾਲਿਤ ਪ੍ਰਣਾਲੀਆਂ ਵਰਗੀਆਂ ਉੱਭਰਦੀਆਂ ਤਕਨਾਲੋਜੀਆਂ ਨਾਲ ਜੋੜਿਆ ਹੈ।

# ਲੰਬੜਦਾਰ ਯੂਨੀਅਨ 5 ਅਕਤੂਬਰ ਨੂੰ ਮੁੱਖ ਮੰਤਰੀ ਦੀ ਕੋਠੀ ਦਾ ਕਰਨਗੇ ਘਿਰਾਓ



**ਨਕੋਦਰ (ਮਨਜੀਤ ਮਾਨ)**- ਲੰਬੜਦਾਰ ਯੂਨੀਅਨ ਨਕੋਦਰ ਦੀ ਇੱਕ ਜ਼ਰੂਰੀ ਮੀਟਿੰਗ ਰਘੁਵੀਰ ਸਿੰਘ ਪ੍ਰਧਾਨ ਲੰਬੜਦਾਰ ਯੂਨੀਅਨ ਮਹਿਤਪੁਰ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਹਰਕੰਵਲ ਸਿੰਘ ਮੁੰਧ ਸੀਨੀਅਰ ਮੀਤ ਪ੍ਰਧਾਨ ਪੰਜਾਬ ਨੇ ਪੰਜਾਬ ਸਰਕਾਰ ਵਲੋਂ ਲੰਬੜਦਾਰਾਂ ਦੀਆ ਜਾਇਜ਼ ਮੰਗਾਂ ਨਾ ਮੰਨੇ ਜਾਣ ਕਰਕੇ ਯੂਨੀਅਨ ਵਲੋਂ 5 ਅਕਤੂਬਰ ਨੂੰ ਸੰਗਰੂਰ ਵਿਖੇ ਮੁੱਖ ਮੰਤਰੀ ਭਗਵੰਤ ਮਾਨ ਦੀ ਕੋਠੀ ਦਾ ਘਿਰਾਓ ਕਰਕੇ ਰੋਸ ਰੈਲੀ ਕਰਨ ਬਾਰੇ ਜਾਣਕਾਰੀ ਦਿੱਤੀ । ਲੰਬੜਦਾਰਾਂ ਨੂੰ ਅਪੀਲ ਕੀਤੀ ਸਾਰੇ ਲੰਬੜਦਾਰ ਵੱਡੀ ਗਿਣਤੀ ਵਿੱਚ ਸਾਥੀਆਂ ਸਮੇਤ ਸੰਗਰੂਰ ਵਿਖੇ ਪਹੁੰਚ ਜਾਣ 5 ਅਕਤੂਬਰ ਦੀ ਰੋਸ ਰੈਲੀ ਸਬੰਧੀ ਇੱਕ ਵਿਸ਼ਾਲ ਇਕੱਠ 18 ਸਤੰਬਰ ਦਿਨ ਸ਼ੁੱਕਰਵਾਰ ਨੂੰ ਸਵੇਰੇ 10 ਵਜੇ ਤਹਿਸੀਲ ਕੰਪਲੈਕਸ ਨਕੋਦਰ ਦੇ ਦਫਤਰ ਵਿਖੇ ਹੋਵੇਗੀ ਸਾਰੇ ਲੰਬੜਦਾਰ ਸਾਥੀ ਅਪਣਾ ਫ਼ਰਜ਼ ਸਮਝਦੇ ਹੋਏ ਅਤੇ ਯੂਨੀਅਨ ਨੂੰ ਮਜ਼ਬੂਤ ਕਰਨ ਲਈ ਸਮੇਂ ਸਿਰ ਸ਼ਾਮਲ ਹੋਣ ਦੀ ਕ੍ਰਿਪਾਲਤਾ ਕਰਨ।ਮੀਟਿੰਗ ਵਿਚ ਸੁਰਜੀਤ ਸਿੰਘ ਹੇਅਰ ਤਹਿਸੀਲ ਪ੍ਰਧਾਨ ਨਕੋਦਰ ਰਾਜ ਕੁਮਾਰ ਮਹਿੰਮੀ ਜਨਰਲ ਸਕੱਤਰ ਜਲੰਧਰ ਦਿਹਾਤੀ, ਬਾਪੂ ਲਾਭ ਸਿੰਘ ਸਰਪ੍ਰਸਤ, ਸੁਖਦੇਵ ਸਿੰਘ ਦਰਗਾਬਾਦ, ਗੁਰਬਖਸ਼ ਸਿੰਘ ਜਹਾਂਗੀਰ, ਗੁਰਮਿੰਦਰ ਸਿੰਘ ਕੈਂਥ,ਰਤਨ ਰਾਏ ਨਕੋਦਰ, ਬਨਾਰਸੀ ਲਾਲ ਸਿੱਧਵਾਂ, ਦੇਵ ਗਾਂਧਰਾ, ਬਲਕਾਰ ਭੋਡੀਪੁਰ , ਹਰਭਜਨ ਬੰਗੜ, ਸਰਵਣ ਸਿੰਘ ਬਾਠ, ਹਰਜਿੰਦਰ ਸਿੰਘ ਮੱਲੀਆਂ ਖੁਰਦ ਆਦਿ ਲੰਬੜਦਾਰ ਹਾਜ਼ਰ ਸਨ।

# ਅੰਡਰ-14 ਲੜਕਿਆਂ ਦੇ ਚੋਣ ਟਰਾਇਲ 19 ਨੂੰ

**ਮੋਹਾਲੀ (ਗੁਰਜੀਤ ਬਿੱਲਾ)**- ਜ਼ਿਲ੍ਹਾ ਕ੍ਰਿਕਟ ਐਸੋਸੀਏਸ਼ਨ, ਮੋਹਾਲੀ ਵੱਲੋਂ ਅੰਡਰ-14 ਲੜਕਿਆਂ ਦੇ ਚੋਣ ਟਰਾਇਲ ਸ਼ਨੀਵਾਰ, 19 ਸਤੰਬਰ ਨੂੰ ਡੀ.ਸੀ.ਏ. ਗਰਾਊਂਡ, ਫੇਜ਼-9, ਮੋਹਾਲੀ (ਪੀ ਸੀ ਏ ਸਟੇਡੀਅਮ, ਮੋਹਾਲੀ ਦੇ ਪਿੱਛੇ) ਵਿਖੇ ਕਰਵਾਏ ਜਾਣਗੇ। ਸਾਰੇ ਯੋਗ ਖਿਡਾਰੀਆਂ ਲਈ ਰਿਪੋਰਟਿੰਗ ਦਾ ਸਮਾਂ ਸਵੇਰੇ 9:30 ਵਜੇ ਨਿਰਧਾਰਤ ਕੀਤਾ ਗਿਆ ਹੈ।1 ਸਤੰਬਰ 2012 ਤੋਂ 31 ਅਗਸਤ 2014 ਦਰਮਿਆਨ ਜਨਮੇ ਖਿਡਾਰੀ ਨਿਰਧਾਰਤ ਯੋਗਤਾ ਮਾਪਦੰਡ ਪੂਰੇ ਕਰਨ ਦੀ ਸ਼ਰਤ 'ਤੇ ਚੋਣ ਟਰਾਇਲਾਂ ਵਿੱਚ ਭਾਗ ਲੈ ਸਕਣਗੇ।ਮੋਹਾਲੀ ਵਿਚ ਜਨਮੇ ਬੱਚੇ ਟਰਾਇਲ ਵਿਚ ਭਾਗ ਲੈਣ ਲਈ ਯੋਗ ਹਨ।ਖਿਡਾਰੀ ਦਾ ਟੂਰਨਾਮੈਂਟ ਸਾਲ ਤੋਂ ਪਹਿਲਾਂ ਘੱਟੋ-ਘੱਟ ਇੱਕ ਸਾਲ ਤੋਂ ਮੋਹਾਲੀ ਦੇ ਅਧਿਕਾਰ ਖੇਤਰ ਵਿੱਚ ਸਥਿਤ ਕਿਸੇ ਮਾਨਤਾ ਪ੍ਰਾਪਤ ਸਕੂਲ/ਕਾਲਜ ਵਿੱਚ ਪੜ੍ਹਨਾ ਲਾਜ਼ਮੀ ਹੈ।

# ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਖਾਟੂ ਸ਼ਾਮ ਲਈ ਦੋ ਬੱਸਾਂ ਰਵਾਨਾ

**ਮੁਹਾਲੀ (ਗੁਰਜੀਤ ਬਿੱਲਾ)**- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਮੰਗਲਵਾਰ ਨੂੰ ਵਿਧਾਨ ਸਭਾ ਹਲਕਾ ਮੋਹਾਲੀ ਤੋਂ ਸ਼ਰਧਾਲੂਆਂ ਦੀਆਂ ਦੋ ਬੱਸਾਂ ਨੂੰ ਵਿਧਾਇਕ ਕੁਲਵੰਤ ਸਿੰਘ ਨੇ ਹਰੀ ਝੰਡੀ ਦੇ ਕੇ ਖਾਟੂ ਸ਼ਾਮ ਲਈ ਰਵਾਨਾ ਕੀਤਾ। ਇਹ ਬੱਸਾਂ ਖਾਟੂ ਸ਼ਾਮ, ਬਾਲਾਸਰ, ਹਰਿਦੁਆਰ ਅਤੇ ਵਰਿੰਦਾਵਨ ਵਿਖੇ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਉਣ ਉਪਰੰਤ ਸ਼ਰਧਾਲੂਆਂ ਨੂੰ ਵਾਪਸ ਮੋਹਾਲੀ ਲੈ ਕੇ ਪਰਤਣਗੀਆਂ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਤੀਰਥ ਯਾਤਰਾ ਲਈ ਰਵਾਨਾ ਹੋ ਰਹੇ ਸ਼ਰਧਾਲੂਆਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਸੈਕਟਰ-68 ਅਤੇ ਬਲੌਂਗੀ-ਦਾਊਂ ਪਿੰਡ ਦੀਆਂ ਸੰਗਤਾਂ ਵੱਲੋਂ ਸਾਬਕਾ ਸਰਪੰਚ ਮੱਖਣ ਸਿੰਘ ਬਲੌਂਗੀ ਅਤੇ ਸਰਬਜੀਤ ਕੌਰ ਦੇ ਯਤਨਾਂ ਸਦਕਾ ਇਸ ਯਾਤਰਾ ਲਈ ਰਜਿਸਟ੍ਰੇਸ਼ਨ ਕਰਵਾਈ ਗਈ ਅਤੇ ਸੰਗਤਾਂ ਆਪਣੇ



ਆਸਥਾ ਦੇ ਕੇਂਦਰਾਂ ਦੇ ਦਰਸ਼ਨਾਂ ਲਈ ਰਵਾਨਾ ਹੋਈਆਂ ਹਨ। ਵਿਧਾਇਕ ਨੇ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਰਾਹੀਂ ਪਹਿਲਾਂ ਸ਼ਰਧਾਲੂਆਂ ਨੂੰ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਸ੍ਰੀ ਦਰਬਾਰ ਸਾਹਿਬ, ਸ੍ਰੀ ਦੁਰਗਿਆਨਾ ਮੰਦਰ, ਰਾਮ ਤੀਰਥ ਵਾਲਮੀਕਿ ਮੰਦਰ, ਵਾਹਗਾ ਬਾਰਡਰ ਅਤੇ ਜਲ੍ਹਿਆਂਵਾਲਾ ਬਾਗ ਦੇ ਦਰਸ਼ਨ ਕਰਵਾਏ ਜਾਂਦੇ ਸਨ। ਉਨ੍ਹਾਂ ਦੱਸਿਆ ਕਿ ਹੁਣ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀਆਂ ਹਦਾਇਤਾਂ ਅਨੁਸਾਰ ਇਸ ਯੋਜਨਾ ਦਾ ਦਾਇਰਾ ਵਧਾਉਂਦਿਆਂ ਸ੍ਰੀ ਅੰਮ੍ਰਿਤਸਰ ਸਾਹਿਬ ਤੋਂ ਇਲਾਵਾ ਖਾਟੂ ਸ਼ਾਮ, ਵਰਿੰਦਾਵਨ, ਹਰਿਦੁਆਰ, ਬਾਲਾਸਰ ਆਦਿ ਧਾਰਮਿਕ ਸਥਾਨਾਂ ਲਈ ਵੀ ਬੱਸਾਂ ਭੇਜਣ ਦੀ ਸ਼ੁਰੂਆਤ ਕੀਤੀ ਗਈ ਹੈ। ਇਸ ਮੌਕੇ ਹਲਕਾ ਕੋਆਰਡੀਨੇਟਰ ਫੂਲਰਾਜ ਸਿੰਘ ਤੋਂ ਇਲਾਵਾ ਮੋਹਾਲੀ ਨਗਰ ਨਿਗਮ ਦੇ ਸੀਨੀਅਰ ਡਿਪਟੀ ਮੇਅਰ ਰਜਿੰਦਰ ਪ੍ਰਸਾਦ ਸ਼ਰਮਾ, ਕੌਂਸਲਰ ਗੁਰਜੀਤ ਸਿੰਘ, ਜਸਪਾਲ ਸਿੰਘ ਮਟੌਰ, ਬਲਜੀਤ ਸਿੰਘ ਹੈਪੀ, ਰਜਿੰਦਰ ਸਿੰਘ ਤੇ ਨਿਰਮਲ ਸਿੰਘ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

# ਬੂਥਗੜ੍ਹ 'ਚ ਘਰਾਂ ਅੱਗੇ ਖੜੇ ਗੰਦੇ ਪਾਣੀ ਕਾਰਨ ਲੋਕ ਪਰੇਸ਼ਾਨ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਮੋਰਿੰਡਾ ਨੇੜਲੇ ਪਿੰਡ ਬੂਥਗੜ੍ਹ ਵਿਖੇ ਪਾਣੀ ਦੀ ਨਿਕਾਸੀ ਬੰਦ ਹੋਣ ਦੇ ਚਲਦਿਆਂ ਲੋਕਾਂ ਨੂੰ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪਿੰਡ ਨਿਵਾਸੀ ਚਰਨਜੀਤ ਕੌਰ, ਗੁਰਮੀਤ ਕੌਰ, ਮਨਜੀਤ ਕੌਰ, ਏਕਮਜੋਤ ਸਿੰਘ ਅਤੇ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਸਾਡੇ ਪਿੰਡ ਵਿੱਚ ਹੋਰਨਾ ਘਰਾਂ ਅੱਗੇ ਪਾਣੀ ਨਿਕਾਸੀ ਦੀ ਸਮੱਸਿਆ ਘੱਟ ਹੈ ਪ੍ਰੰਤੂ ਸਾਡੇ ਘਰਾਂ ਅੱਗੇ ਹਰ ਸਮੇਂ ਪਾਣੀ ਖੜਾ ਰਹਿੰਦਾ ਹੈ ਜਿਸ ਦੇ ਚੱਲਦਿਆ ਸਾਨੂੰ ਘਰਾਂ ਚੋਂ ਨਿਕਲਣਾ ਵੀ ਮੁਸ਼ਕਿਲ ਹੋਇਆ ਪਿਆ। ਛੋਟੇ ਬੱਚਿਆਂ ਨੂੰ ਸਕੂਲ ਆਉਣ ਜਾਣ ਵਿੱਚ ਬਹੁਤ ਪਰੇਸ਼ਾਨੀ ਆ ਰਹੀ ਹੈ। ਇਸ ਸਬੰਧੀ ਪਿੰਡ ਦੀ ਗ੍ਰਾਮ ਪੰਚਾਇਤ ਨੂੰ ਕਈ ਵਾਰ ਬੇਨਤੀ ਕੀਤੀ ਗਈ ਹੈ ਪ੍ਰੰਤੂ ਕੋਈ ਵੀ ਸੁਣਵਾਈ ਨਹੀਂ ਹੋਈ। ਉਹਨਾਂ ਕਿਹਾ ਕਿ ਸਾਡੇ ਘਰਾਂ ਅੱਗੇ ਖੜੇ ਗੰਦੇ ਪਾਣੀ ਕਾਰਨ ਕਿਸੇ ਪ੍ਰਕਾਰ ਦੀ ਵੀ ਬਿਮਾਰੀ ਪੈਦਾ ਹੋ ਸਕਦੀ ਹੈ ਜਿਸ ਕਾਰਨ ਸਾਡੇ ਪਰਵਾਰਾਂ ਵਿੱਚ ਸਹਿਮ ਦਾ ਮਾਹੌਲ ਬਣਿਆ ਹੋਇਆ।



ਉਹਨਾਂ ਜ਼ਿਲ੍ਹਾ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਸਾਡੇ ਘਰਾਂ ਅੱਗੇ ਖੜੇ ਗੰਦੇ ਪਾਣੀ ਦੀ ਨਿਕਾਸੀ ਦਾ ਪ੍ਰਬੰਧ ਕੀਤਾ ਜਾਵੇ। ਇਸ ਸਬੰਧੀ ਜਦੋਂ ਪਿੰਡ ਦੀ ਸਰਪੰਚ ਗੁਰਜੀਤ ਕੌਰ ਨਾਲ ਗੱਲਬਾਤ ਕੀਤੀ ਤਾਂ ਉਹਨਾਂ ਕਿਹਾ ਕਿ ਇਹ ਪਾਣੀ ਸ਼ਹਿਰ ਮੋਰਿੰਡਾ ਤੋਂ ਆ ਰਿਹਾ ਹੈ ਜਿਸ ਕਾਰਨ ਪਿੰਡ ਵਾਸੀਆਂ ਨੂੰ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

ਇਸ ਸਬੰਧੀ ਉਹਨਾਂ ਵੱਲੋਂ ਐੱਸ ਡੀ ਐੱਮ ਮੋਰਿੰਡਾ ਨੂੰ ਲਿਖਤੀ ਬੇਨਤੀ ਕੀਤੀ ਗਈ ਹੈ ਅਤੇ ਐੱਸ ਡੀ ਐੱਮ ਵੱਲੋਂ ਉਹਨਾਂ ਨੂੰ ਇੱਕ ਹਫਤੇ ਦਾ ਸਮਾਂ ਦਿੱਤਾ ਗਿਆ ਹੈ। ਇਸ ਤੋਂ ਬਾਅਦ ਪਾਣੀ ਦੀ ਨਿਕਾਸੀ ਦਾ ਮਸਲਾ ਹੱਲ ਹੋਣ ਦੀ ਪੂਰੀ ਸੰਭਾਵਨਾ ਹੈ।

# ਅਧਿਕਾਰੀਆਂ ਵੱਲੋਂ ਸਕੂਲ ਦੀ ਅਚਨਚੇਤ ਵਿਜ਼ਿਟ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਪੀਐਮ ਸ੍ਰੀ ਸ਼ਹੀਦ ਸਿਪਾਹੀ ਪਰਗਨ ਸਿੰਘ ਸਰਕਾਰੀ ਹਾਈ ਸਕੂਲ ਮਟੌਰ, ਬਲਾਕ ਸ੍ਰੀ ਅਨੰਦਪੁਰ ਸਾਹਿਬ, ਜ਼ਿਲ੍ਹਾ ਰੂਪਨਗਰ ਵਿਖੇ ਪੀਐਮ ਸ੍ਰੀ ਅਧਿਕਾਰੀਆਂ ਵੱਲੋਂ ਸਕੂਲ ਦਾ ਅਚਨਚੇਤ ਵਿਜ਼ਿਟ ਕੀਤਾ ਗਿਆ। ਇਸ ਦੌਰਾਨ ਅਧਿਕਾਰੀਆਂ ਵੱਲੋਂ ਸਕੂਲ ਦੀ ਸਮੁੱਚੀ ਕਾਰਗੁਜ਼ਾਰੀ ਅਤੇ ਪੀਐਮ ਸ੍ਰੀ ਸਕੀਮ ਅਧੀਨ ਪ੍ਰਾਪਤ ਗ੍ਰਾਂਟਾਂ ਨਾਲ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜ਼ਾ ਲਿਆ ਗਿਆ। ਵਿਜ਼ਿਟ ਦੌਰਾਨ ਅਧਿਕਾਰੀਆਂ ਵੱਲੋਂ ਸਕੂਲ ਦੇ ਸਾਰੇ ਕਲਾਸ ਰੂਮਾਂ, ਕੰਪਿਊਟਰ ਲੈਬ, ਸਾਇੰਸ ਲੈਬ, ਐੱਸ ਐੱਸ ਟੀ ਲੈਬ,ਐੱਨ ਐੱਸ ਕਿਊ ਐੱਫ ਲੈਬ, ਮਿਡ-ਡੇ ਮੀਲ ਤੇ ਪੀਐਮ ਸ੍ਰੀ ਸਕੀਮ ਅਧੀਨ ਤਿਆਰ ਕੀਤੇ ਗਏ ਖੇਡ ਮੈਦਾਨਾਂ ਨੂੰ ਚੈੱਕ ਕੀਤਾ ਗਿਆ। ਇਸ ਤੋਂ ਇਲਾਵਾ ਪੀਐਮ ਸ੍ਰੀ ਸਕੀਮ ਅਧੀਨ ਪ੍ਰਾਪਤ ਗ੍ਰਾਂਟਾਂ ਨਾਲ ਕਰਵਾਏ ਜਾ ਰਹੇ ਵੱਖ-ਵੱਖ ਵਿਕਾਸ ਕਾਰਜਾਂ ਬਾਰੇ ਵੀ ਜਾਣਕਾਰੀ ਹਾਸਲ ਕੀਤੀ ਗਈ। ਅਧਿਕਾਰੀਆਂ ਵੱਲੋਂ ਸਕੂਲ ਦੀ ਸਮੁੱਚੀ ਕਾਰਗੁਜ਼ਾਰੀ ਅਤੇ ਪੀਐਮ ਸ੍ਰੀ ਸਕੀਮ ਅਧੀਨ ਕੀਤੇ ਜਾ ਰਹੇ ਕਾਰਜਾਂ 'ਤੇ ਤਸੱਲੀ ਪ੍ਰਗਟ ਕੀਤੀ ਗਈ। ਇਸ ਮੌਕੇ ਅਧਿਕਾਰੀਆਂ ਵੱਲੋਂ ਸਕੂਲ ਕੈਂਪਸ ਵਿੱਚ ਪੌਦਾ ਲਗਾ ਕੇ ਵਾਤਾਵਰਣ ਸੰਭਾਲ ਦਾ ਸੰਦੇਸ਼ ਦਿੱਤਾ ਗਿਆ। ਇਸ ਉਪਰੰਤ ਸਕੂਲ ਦੇ ਮੁੱਖ ਅਧਿਆਪਕ ਗੁਰਜਤਿੰਦਰ ਪਾਲ ਸਿੰਘ ਵੱਲੋਂ ਪੀਐਮ ਸ੍ਰੀ ਅਧਿਕਾਰੀਆਂ ਨੂੰ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ ਸਿੱਖਿਆ), ਰੂਪਨਗਰ ਸ੍ਰੀ ਪ੍ਰੇਮ ਕੁਮਾਰ ਮਿੱਤਲ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਸਕੂਲ ਦੇ ਮੁੱਖ ਅਧਿਆਪਕ ਗੁਰਜਤਿੰਦਰ ਪਾਲ ਸਿੰਘ ਸਮੇਤ ਸਮੂਹ ਸਟਾਫ਼ ਇਸ ਮੌਕੇ ਹਾਜ਼ਰ ਸੀ। ਹਾਜ਼ਰ ਅਧਿਆਪਕਾਂ ਵਿੱਚ ਕੁਲਵੰਤ ਸਿੰਘ, ਰੋਹਿਤ, ਜਸਟਾਂਕ, ਤਰਨਜੀਤ ਸਿੰਘ, ਮਨਦੀਪ ਕੌਰ, ਲਖਵਿੰਦਰ ਕੌਰ ਆਦਿ ਅਧਿਆਪਕ ਹਾਜ਼ਰ ਸਨ।



# 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਵਿਕਰਮਜੀਤ ਵਿੱਕੀ ਦੀ ਅਣਅਧਿਕਾਰਤ ਉਸਾਰੀ ਢਾਹੀ

**ਜਲੰਧਰ (ਸ਼ੈਲੀ ਐਲਬਰਟ)**- ਪੰਜਾਬ ਸਰਕਾਰ ਦੀ ਨਸ਼ਾ ਵਿਰੋਧੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਨਸ਼ਿਆਂ ਅਤੇ ਗੈਰ-ਕਾਨੂੰਨੀ ਗਤੀਵਿਧੀਆਂ ਵਿਰੁੱਧ ਕਮਿਸ਼ਨਰੇਟ ਪੁਲਿਸ ਜਲੰਧਰ ਵੱਲੋਂ ਲਗਾਤਾਰ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ। ਇਸੇ ਤਹਿਤ ਨਗਰ ਨਿਗਮ ਜਲੰਧਰ ਅਤੇ ਕਮਿਸ਼ਨਰੇਟ ਪੁਲਿਸ ਜਲੰਧਰ ਵੱਲੋਂ ਸਾਂਝੀ ਕਾਰਵਾਈ ਕਰਦਿਆਂ ਥਾਣਾ ਬਸਤੀ ਬਾਵਾ ਖੇਲ ਦੇ ਇਲਾਕੇ ਵਿੱਚ ਵਿਕਰਮਜੀਤ ਵਿੱਕੀ ਦੀ ਅਣਅਧਿਕਾਰਤ ਉਸਾਰੀ ਨੂੰ ਢਾਹਿਆ ਗਿਆ।ਏ ਸੀ ਪੀ ਵੈਸਟ ਆਤਿਸ਼ ਭਾਟੀਆ ਨੇ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਵਿਕਰਮਜੀਤ ਵਿੱਕੀ ਵਿਰੁੱਧ ਕੁੱਲ 12 ਮੁਕੱਦਮੇ ਦਰਜ ਹਨ, ਜਿਨ੍ਹਾਂ ਵਿੱਚੋਂ ਕਈ ਮੁਕੱਦਮਿਆਂ ਵਿੱਚ ਉਸ ਨੂੰ ਸਜ਼ਾ ਵੀ ਹੋ ਚੁੱਕੀ ਹੈ। ਉਨ੍ਹਾਂ ਨੇ ਦੱਸਿਆ ਕਿ ਉਸ ਵਿਰੁੱਧ ਆਖਰੀ ਮੁਕੱਦਮਾ ਜੁਲਾਈ 2026 ਵਿੱਚ ਦਰਜ ਹੋਇਆ ਸੀ। ਉਕਤ ਮਾਮਲੇ ਵਿੱਚ ਵਿਕਰਮਜੀਤ ਵਿੱਕੀ ਮਾਣਯੋਗ ਅਦਾਲਤ ਤੋਂ ਜ਼ਮਾਨਤ ਪ੍ਰਾਪਤ ਕਰਕੇ ਇਸ ਸਮੇਂ ਜ਼ਮਾਨਤ 'ਤੇ ਬਾਹਰ ਹੈ। ਉਹ ਨਾ ਫਰਾਰ ਹੈ ਅਤੇ ਨਾ ਹੀ ਭਗੌੜਾ ਐਲਾਨਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਅੱਜ ਅਣਅਧਿਕਾਰਤ ਉਸਾਰੀ ਨੂੰ ਢਾਹੁਣ ਦੀ ਕਾਰਵਾਈ ਦੌਰਾਨ ਕਿਸੇ ਵੀ ਤਰ੍ਹਾਂ ਦੀ ਕਾਨੂੰਨ-ਵਿਵਸਥਾ ਦੀ ਸਥਿਤੀ ਜਾਂ ਅਣਸੁਖਾਵੀਂ ਘਟਨਾ ਤੋਂ ਬਚਾਅ ਲਈ ਵਿਕਰਮਜੀਤ ਵਿੱਕੀ ਨੂੰ ਸੁਰੱਖਿਆ ਦੇ ਮੱਦੇਨਜ਼ਰ ਕੁਝ ਸਮੇਂ ਲਈ ਪੁਲਿਸ ਦੀ ਨਿਗਰਾਨੀ ਵਿੱਚ ਰੱਖਿਆ ਗਿਆ ਸੀ। ਉਸ ਦੀ ਸਿਹਤ ਸਬੰਧੀ ਸਥਿਤੀ ਨੂੰ ਵੀ ਧਿਆਨ ਵਿੱਚ ਰੱਖਦਿਆਂ ਲੋੜੀਂਦੇ ਸੁਰੱਖਿਆ ਪ੍ਰਬੰਧ ਕੀਤੇ ਗਏ। ਕਮਿਸ਼ਨਰੇਟ ਪੁਲਿਸ ਜਲੰਧਰ ਵੱਲੋਂ ਆਮ ਲੋਕਾਂ ਨੂੰ ਅਪੀਲ ਕੀਤੀ ਗਈ ਹੈ ਕਿ ਇਸ ਮਾਮਲੇ ਸਬੰਧੀ ਸੋਸ਼ਲ ਮੀਡੀਆ 'ਤੇ ਚੱਲ ਰਹੀਆਂ ਅਪੁਸ਼ਟ ਖ਼ਬਰਾਂ, ਅਫ਼ਵਾਹਾਂ ਜਾਂ ਗਲਤ ਜਾਣਕਾਰੀ 'ਤੇ ਵਿਸ਼ਵਾਸ ਨਾ ਕੀਤਾ ਜਾਵੇ। ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਜਾਂ ਸਪਸ਼ਟੀਕਰਨ ਲਈ ਕੇਵਲ ਕਮਿਸ਼ਨਰੇਟ ਪੁਲਿਸ ਜਲੰਧਰ ਜਾਂ ਸਬੰਧਤ ਸਰਕਾਰੀ ਵਿਭਾਗਾਂ ਦੇ ਅਧਿਕਾਰਤ ਸਰੋਤਾਂ ਤੋਂ ਹੀ ਪੁਸ਼ਟੀ ਕੀਤੀ ਜਾਵੇ।

# 6 ਬਲਾਕਾਂ 'ਚ ਟੈਨਿਸ, ਕ੍ਰਿਕਟ ਮੁਕਾਬਲੇ ਕਰਵਾਏ

**ਜਲੰਧਰ (ਸੁਰਿੰਦਰ ਕੁਮਾਰ)**- ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਹੁਲਾਰਾ ਦੇਣ ਲਈ ਪੰਜਾਬ ਸਰਕਾਰ ਵੱਲੋਂ ਕਰਵਾਈਆਂ ਜਾ ਰਹੀਆਂ 'ਖੇਡਾਂ ਵਤਨ ਪੰਜਾਬ ਦੀਆਂ- 2026' ਤਹਿਤ ਜ਼ਿਲ੍ਹੇ ਦੇ ਵੱਖ-ਵੱਖ ਬਲਾਕਾਂ ਵਿੱਚ ਖੇਡ ਮੁਕਾਬਲੇ ਕਰਵਾਏ ਜਾ ਰਹੇ ਹਨ। ਇਸ ਸੀਜ਼ਨ ਵਿੱਚ ਟੈਨਿਸ ਕ੍ਰਿਕਟ ਨੂੰ ਪਹਿਲੀ ਵਾਰ 'ਖੇਡਾਂ ਵਤਨ ਪੰਜਾਬ ਦੀਆਂ' ਵਿੱਚ ਸ਼ਾਮਲ ਕੀਤਾ ਗਿਆ ਹੈ। ਟੈਨਿਸ ਕ੍ਰਿਕਟ ਮੁਕਾਬਲਿਆਂ ਦਾ ਪਹਿਲਾ ਦਿਨ ਸੀ।ਸੋਮਵਾਰ ਨੂੰ 6 ਬਲਾਕਾਂ ਵਿੱਚ ਟੈਨਿਸ ਕ੍ਰਿਕਟ ਦੇ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿੱਚ ਮਹਿਤਪੁਰ, ਨਕੋਦਰ, ਨੂਰਮਹਿਲ, ਲੋਹੀਆਂ, ਸ਼ਾਹਕੋਟ ਅਤੇ ਜਲੰਧਰ ਪੱਛਮੀ ਬਲਾਕ ਸ਼ਾਮਲ ਹਨ।ਜ਼ਿਲ੍ਹਾ ਖੇਡ ਅਫ਼ਸਰ ਗੁਰਪ੍ਰੀਤ ਸਿੰਘ ਬਾਜਵਾ ਨੇ ਹੋਏ ਖੇਡ ਮੁਕਾਬਲਿਆਂ ਦੇ ਨਤੀਜਿਆਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਬਲਾਕ ਮਹਿਤਪੁਰ ਦੇ ਟੈਨਿਸ ਕ੍ਰਿਕਟ ਮੁਕਾਬਲਿਆਂ ਵਿੱਚ ਕੈਂਬ੍ਰਿਜ ਸਕੂਲ ਦੀ ਟੀਮ ਨੇ ਪਹਿਲਾ ਅਤੇ ਐੱਚ ਪੀ ਸਕੂਲ ਦੀ ਟੀਮ ਨੇ ਦੂਜਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਬਲਾਕ ਲੋਹੀਆਂ ਵਿੱਚ ਫੁਲਵਾਰੀ ਪਿੰਡ ਨੇ ਪਹਿਲਾ ਅਤੇ ਨਵਾਂ ਪਿੰਡ ਦੋਨੇਵਾਲ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਬਲਾਕ ਸ਼ਾਹਕੋਟ ਦੇ ਮੁਕਾਬਲਿਆਂ ਵਿੱਚ ਪਿੰਡ ਮਲਸੀਆਂ ਪਹਿਲੇ ਅਤੇ ਕੋਟਲੀ ਗੁਜਰਾਂ ਦੂਜੇ ਸਥਾਨ 'ਤੇ ਰਿਹਾ। ਸ਼ਾਹਕੋਟ ਬਲਾਕ ਵਿਖੇ ਹੋਏ ਖੇਡ ਮੁਕਾਬਲਿਆਂ ਦੌਰਾਨ 'ਆਪ' ਆਗੂ ਪਰਮਿੰਦਰ ਸਿੰਘ ਪੰਡੋਰੀ ਅਤੇ ਮਹਿਤਪੁਰ ਬਲਾਕ ਦੇ ਮੁਕਾਬਲਿਆਂ ਵਿੱਚ ਪਿੰਡ ਸੰਗੋਵਾਲ ਦੇ ਸਰਪੰਚ ਕੁਲਵੰਤ ਸਿੰਘ ਨੇ ਸ਼ਿਰਕਤ ਕਰਦਿਆਂ ਖਿਡਾਰੀਆਂ ਦੀ ਹੌਸਲਾ ਅਫਜ਼ਾਈ ਕੀਤੀ।

# ਬਿਜਲੀ ਦੇ ਅਣਐਲਾਨੇ ਕੱਟਾਂ ਖ਼ਿਲਾਫ਼ ਸ਼੍ਰੋਮਣੀ ਅਕਾਲੀ ਦਲ ਵੱਲੋਂ ਧਰਨਾ ਅੱਜ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੰਜਾਬ ਅੰਦਰ ਲੱਗ ਰਹੇ ਬੇਹੱਦ ਬਿਜਲੀ ਦੇ ਅਣਐਲਾਨੇ ਕੱਟਾਂ ਕਾਰਨ ਹਰ ਵਰਗ ਦੇ ਲੋਕ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰ ਰਹੇ ਹਨ। ਬਿਜਲੀ ਦੀ ਅਣਨਿਯਮਿਤ ਸਪਲਾਈ ਕਾਰਨ ਜਿੱਥੇ ਉਦਯੋਗ ਅਤੇ ਵਪਾਰ ਨੂੰ ਵੱਡਾ ਨੁਕਸਾਨ ਹੋ ਰਿਹਾ ਹੈ, ਉੱਥੇ ਕਿਸਾਨਾਂ, ਵਿਦਿਆਰਥੀਆਂ ਅਤੇ ਆਮ ਖਪਤਕਾਰਾਂ ਨੂੰ ਵੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਹ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਹਲਕਾ ਹੁਸ਼ਿਆਰਪੁਰ ਦੇ ਇੰਚਾਰਜ ਅਤੇ ਜ਼ਿਲ੍ਹਾ ਪ੍ਰਧਾਨ ਸੰਜੀਵ ਤਲਵਾੜ ਨੇ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਬਿਜਲੀ ਸਪਲਾਈ ਦੇ ਸੁਚੱਜੇ ਪ੍ਰਬੰਧਾਂ ਦੇ ਕੀਤੇ ਜਾ ਰਹੇ ਦਾਅਵਿਆਂ ਦੇ ਬਾਵਜੂਦ ਜ਼ਮੀਨੀ ਹਕੀਕਤ ਇਸ ਦੇ ਬਿਲਕੁਲ ਉਲਟ ਹੈ। ਲੋਕਾਂ ਨੂੰ ਲੰਬੇ-ਲੰਬੇ ਅਣਐਲਾਨੇ ਬਿਜਲੀ ਕੱਟਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਸੰਜੀਵ ਤਲਵਾੜ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਦਿਸ਼ਾ-ਨਿਰਦੇਸ਼ਾਂ ਹੇਠ ਪੰਜਾਬ ਭਰ ਵਿੱਚ ਬਿਜਲੀ ਦੇ ਅਣਐਲਾਨੇ ਕੱਟਾਂ ਅਤੇ ਸਰਕਾਰ ਦੀਆਂ ਨਾਕਾਮੀਆਂ ਖ਼ਿਲਾਫ਼ ਧਰਨੇ ਦਿੱਤੇ ਜਾ ਰਹੇ ਹਨ। ਇਸੇ ਲੜੀ ਤਹਿਤ ਵਿਧਾਨ ਸਭਾ ਹਲਕਾ ਹੁਸ਼ਿਆਰਪੁਰ ਦਾ ਧਰਨਾ 16 ਸਤੰਬਰ ਨੂੰ ਸਵੇਰੇ 10:30 ਵਜੇ ਸਰਕਲ ਦਫ਼ਤਰ, ਪੰਜਾਬ ਰਾਜ ਬਿਜਲੀ ਬੋਰਡ, ਟਾਂਡਾ ਰੋਡ, ਹੁਸ਼ਿਆਰਪੁਰ ਵਿਖੇ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਬਿਜਲੀ ਲੋਕਾਂ ਦੀ ਬੁਨਿਆਦੀ ਲੋੜ ਹੈ ਅਤੇ ਸਰਕਾਰ ਦੀ ਜ਼ਿੰਮੇਵਾਰੀ ਹੈ ਕਿ ਹਰ ਵਰਗ ਨੂੰ ਨਿਰਵਿਘਨ ਅਤੇ ਨਿਯਮਤ ਬਿਜਲੀ ਸਪਲਾਈ ਯਕੀਨੀ ਬਣਾਈ ਜਾਵੇ। ਸੰਜੀਵ ਤਲਵਾੜ ਨੇ ਹਲਕਾ ਹੁਸ਼ਿਆਰਪੁਰ ਦੇ ਸਮੂਹ ਅਕਾਲੀ ਵਰਕਰਾਂ, ਅਹੁਦੇਦਾਰਾਂ, ਕਿਸਾਨਾਂ, ਵਪਾਰੀਆਂ, ਉਦਯੋਗਪਤੀਆਂ ਅਤੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ 16 ਸਤੰਬਰ ਨੂੰ ਸਵੇਰੇ 10:30 ਵਜੇ ਵੱਡੀ ਗਿਣਤੀ ਵਿੱਚ ਪਹੁੰਚ ਕੇ ਇਸ ਧਰਨੇ ਨੂੰ ਸਫਲ ਬਣਾਉਣ ਅਤੇ ਲੋਕਾਂ ਦੀ ਆਵਾਜ਼ ਨੂੰ ਬੁਲੰਦ ਕਰਨ। ਇਸ ਮੌਕੇ ਉਹਨਾਂ ਦੇ ਨਾਲ ਇਕਬਾਲ ਸਿੰਘ ਗੋਪੀ ਉਹ ਪ੍ਰਧਾਨ ਪੰਜਾਬ ਪਾਰਸਲ, ਭੁਪਿੰਦਰ ਸਿੰਘ ਜਿਲਾ ਪ੍ਰਧਾਨ ਬੀਸੀ ਸੈਲ, ਜਸਵਿੰਦਰ ਸਿੰਘ ਜ਼ਿਲਾ ਪ੍ਰਧਾਨ ਟਰਾਂਸਪੋਰਟ ਸੈਲ, ਸਰਦਾਰ ਜਗਤਾਰ ਸਿੰਘ ਸਰਕਲ ਪ੍ਰਧਾਨ ਜਹਾਨ ਖੇਲਾ, ਰਵਿੰਦਰ ਸਿੰਘ ਨਿੱਕਾ ਸਰਕਲ ਪ੍ਰਧਾਨ ਸਦਰ ਵੀ ਹਾਜ਼ਰ ਸਨ।



# ਬਸਪਾ ਅਹੁਦੇਦਾਰਾਂ ਨੇ ਐਡਵੋਕੇਟ ਪਲਵਿੰਦਰ ਮਾਨਾ ਦੀ ਅਗਵਾਈ 'ਚ ਰੈਲੀ 'ਚ ਹਾਜ਼ਰੀ ਲਗਵਾਈ



**ਮਹਿਤਿਆਣਾ (ਜਗਤਾਰ ਸਿੰਘ ਭੁੰਗਰਨੀ)**- ਬਹੁਜਨ ਸਮਾਜ ਪਾਰਟੀ ਵੱਲੋਂ ਸ਼ਹੀਦ ਬਾਬਾ ਜੀਵਨ ਸਿੰਘ ਜੀ ਦੇ 365ਵੇਂ ਜਨਮ ਦਿਨ ਪੰਜਾਬ ਸੰਭਾਲੋ ਮੁਹਿੰਮ ਦੇ ਤਹਿਤ ਕੋਊ ਕਿਸੀ ਕੋ ਰਾਜ ਨਾ ਦੇਹੈ ਜੋ ਲਹਿ ਨਿਜ ਬਲ ਸੇ ਲਹੈ।ਦਾਣਾ ਮੰਡੀ ਜੀਰਾ ਜ਼ਿਲ੍ਹਾ ਫ਼ਿਰੋਜ਼ਪੁਰ ਵਿਖੇ ਬਹੁਜਨ ਸਮਾਜ ਪਾਰਟੀ ਵੱਲੋਂ ਵਿਸ਼ਾਲ ਸਮਾਗਮ ਰੈਲੀ ਮਨਾਈ ਗਈ। ਅਵਤਾਰ ਸਿੰਘ ਕਰੀਮਪੁਰੀ ਪੰਜਾਬ ਪ੍ਰਧਾਨ ਸਾਬਕਾ ਵਿਧਾਇਕ ਅਤੇ ਸਾਬਕਾ ਸਾਂਸਦ ਦੀ ਪ੍ਰਧਾਨਗੀ ਹੇਠ ਕੀਤੀ ਗਈ। ਇਸ ਸਮਾਗਮ ਰੈਲੀ ਵਿੱਚ ਮੁੱਖ ਮਹਿਮਾਨ ਵਜੋਂ ਇੰਜ. ਰਾਜਨੀ ਗੌਤਮ ਕੇਂਦਰੀ ਸੈਕਟਰ ਇੰਚਾਰਜ ਪੰਜਾਬ ਅਤੇ ਵਿਸ਼ੇਸ਼ ਮਹਿਮਾਨ ਐਡ. ਸੁਰੇਸ਼ ਕੁਮਾਰ ਕੇਂਦਰੀ ਇੰਚਾਰਜ ਪੰਜਾਬ ਅਤੇ ਰਣਧੀਰ ਸਿੰਘ ਬੇਨੀਪਾਲ ਕੇਂਦਰੀ ਇੰਚਾਰਜ ਪੰਜਾਬ ਜੀ ਪਹੁੰਚੇ। ਸਮਾਗਮ ਵਿੱਚ ਆਏ ਹੋਏ ਮੁੱਖ ਮਹਿਮਾਨ ਆਗੂ ਸਹਿਬਾਨ ਨੇ ਗੁਰੂ ਸਹਿਬਾਨ ਜੀ ਦੇ ਫਲਸਫੇ ਨੂੰ ਦੁਹਰਾਉਂਦੇ ਹੋਏ ਬਸਪਾ ਨੂੰ ਮਜ਼ਬੂਤ ਕਰਨ ਲਈ ਜ਼ਮੀਨੀ ਪੱਧਰ 'ਤੇ ਕੰਮ ਕਰਨ ਦੇ ਲਈ ਦਿਸ਼ਾ ਨਿਰਦੇਸ਼ ਜਾਰੀ ਕੀਤੇ ਅਤੇ ਪੰਜਾਬ ਸੰਭਾਲੋ ਮੁਹਿੰਮ ਦੀਆਂ ਨੀਤੀਆਂ ਨੂੰ ਪੰਜਾਬ ਦੇ ਪਿੰਡ ਪਿੰਡ ਪਹੁੰਚਾਉਣ ਲਈ ਕਿਹਾ ਅਤੇ ਪੰਜਾਬੀਆਂ ਨੂੰ ਪੰਜਾਬ ਵਿਚ ਬਸਪਾ ਦੀ ਸਰਕਾਰ ਬਣਾਉਣ ਦੀ ਅਪੀਲ ਕੀਤੀ। ਇਸ ਸਮਾਗਮ ਰੈਲੀ ਵਿੱਚ ਵਿਧਾਨ ਸਭਾ ਹਲਕਾ ਚੱਬੇਵਾਲ ਵਿੱਚ ਵੀ ਇੱਕ ਵੱਡਾ ਕਾਫ਼ਲਾ ਐਡਵੋਕੇਟ ਪਲਵਿੰਦਰ ਮਾਨਾ ਹਲਕਾ ਇੰਚਾਰਜ ਦੀ ਅਗਵਾਈ ਵਿੱਚ ਪਹੁੰਚਿਆ। ਐਡਵੋਕੇਟ ਮਾਨਾ ਨੇ ਸਾਰੇ ਹੀ ਹਲਕਾ ਚੱਬੇਵਾਲ ਦੇ ਅਹੁਦੇਦਾਰ ਸਹਿਬਾਨ ਅਤੇ ਵਰਕਰਾਂ ਦਾ ਧੰਨਵਾਦ ਕੀਤਾ ਅਤੇ ਪਾਰਟੀ ਹਾਈ ਕਮਾਂਡ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਕੰਮ ਕਰਨ ਦੇ ਲਈ ਅਪੀਲ ਕੀਤੀ।

# ਪੁਲਸ ਗੱਡੀ ਦੀ ਫੇਟ ਵੱਜਣ ਨਾਲ ਵਿਅਕਤੀ ਜ਼ਖ਼ਮੀ



**ਫਿਲੌਰ (ਨਿਰਮਲ)**- ਫਿਲੌਰ ਵਿਖੇ ਪੁਲਸ ਦੀ ਗੱਡੀ ਦੀ ਫੇਟ ਵੱਜਣ ਨਾਲ ਮੋਟਰਸਾਈਕਲ ਸਵਾਰ ਵਿਅਕਤੀ ਦੇ ਜ਼ਖ਼ਮੀ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਇਸ ਸੰਬੰਧੀ ਮਿਲੀ ਜਾਣਕਾਰੀ ਅਨੁਸਾਰ ਮੋਟਰਸਾਈਕਲ ਸਵਾਰ ਦੀਪਕ ਵਾਸੀ ਗੁਰਾਇਆ ਜੋ ਆਪਣੇ ਮੋਟਰਸਾਈਕਲ 'ਤੇ ਜਾ ਰਿਹਾ ਸੀ ਕਿ ਇੱਕ ਪੁਲਸ ਵਾਲੀ ਗੱਡੀ ਮੋਟਰਸਾਈਕਲ ਵਿੱਚ ਜਾ ਟਕਰਾਈ ਜਿਸ ਨਾਲ ਮੋਟਰਸਾਈਕਲ ਚਾਲਕ ਦੀਪਕ ਜ਼ਖ਼ਮੀ ਹੋ ਗਿਆ।

ਪੁਲਸ ਵਾਲਿਆਂ ਵੱਲੋਂ ਜ਼ਖ਼ਮੀ ਵਿਅਕਤੀ ਨੂੰ ਚੁੱਕਣ ਦੀ ਬਜਾਏ ਆਪਣੀ ਗੱਡੀ ਦਾ ਕੀ ਨੁਕਸਾਨ ਹੋਇਆ ਉਸ ਨੂੰ ਦੇਖ ਕੇ ਪੁਲਸ ਵਾਲੇ ਆਪਣੀ ਗੱਡੀ ਲੈ ਕੇ ਚੱਲਦੇ ਬਣੇ। ਮੌਕੇ 'ਤੇ ਹਾਜ਼ਰ ਲੋਕਾਂ ਨੇ ਜ਼ਖ਼ਮੀ ਨੂੰ ਇਲਾਜ ਲਈ ਸਿਵਲ ਹਸਪਤਾਲ ਫਿਲੌਰ ਵਿਖੇ ਪਹੁੰਚਾਇਆ । ਲੋਕਾਂ ਦਾ ਕਹਿਣਾ ਸੀ ਕਿ ਅਗਰ ਐਕਸੀਡੈਂਟ ਹੋ ਗਿਆ ਸੀ ਤਾਂ ਪੁਲਸ ਵਾਲਿਆਂ ਨੂੰ ਜ਼ਖ਼ਮੀ ਵਿਅਕਤੀ ਨੂੰ ਚੁੱਕਣਾ ਚਾਹੀਦਾ ਸੀ।

# ਦੋ ਮੋਟਰਸਾਈਕਲ ਸਵਾਰ 6 ਲੁਟੇਰਿਆਂ ਨੇ ਦੁਕਾਨਦਾਰ ਉੱਪਰ ਕੀਤਾ ਕਾਤਲਾਨਾ ਹਮਲਾ, ਨਕਦੀ ਲੈ ਕੇ ਫਰਾਰ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ )**- ਬੀਤੇ ਕੱਲ੍ਹ ਲੁਟੇਰਿਆਂ ਨੇ ਬੇਖੌਫ ਹੋ ਕੇ ਦਿਨ ਦਿਹਾੜੇ ਪਿੰਡ ਮਿੱਠੜਾ ਵਿੱਚ ਕਰਿਆਨੇ ਦੀ ਦੁਕਾਨ ਕਰਨ ਵਾਲੇ ਮਾਲਕ 'ਤੇ ਕਾਤਲਾਨਾ ਹਮਲਾ ਕਰਦਿਆਂ ਦੁਕਾਨ ਵਿੱਚੋਂ ਨਕਦੀ ਲੁੱਟਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਦਰਸ਼ਨ ਲਾਲ ਪੁੱਤਰ ਹੰਸ ਰਾਜ ਵਾਸੀ ਮਿੱਠੜਾ ਨੇ ਦੱਸਿਆ ਕਿ ਉਹ ਆਪਣੀ ਦੁਕਾਨ 'ਤੇ ਬੈਠਾ ਸੀ । ਕਰੀਬ 4:00 ਵਜੇ ਦੋ ਮੋਟਰਸਾਈਕਲਾਂ 'ਤੇ ਛੇ ਲੁਟੇਰਿਆਂ ਨੇ ਉਸ ਦੀ ਦੁਕਾਨ ਉੱਪਰ ਧਾਵਾ ਬੋਲ ਦਿੱਤਾ। ਲਟੇਰਿਆਂ ਕੋਲ ਬੇਸਵਾਲ ਤੇ ਤੇਜ਼ ਹਥਿਆਰ ਸਨ। ਉਸ ਨੇ ਦੱਸਿਆ ਕਿ ਲੁਟੇਰਿਆਂ ਨੇ ਆਉਂਦਿਆਂ ਸਾਰ ਹੀ ਮੇਰੇ ਉੱਪਰ ਹਮਲਾ ਬੋਲ ਦਿੱਤਾ ਤੇ ਦੁਕਾਨ ਦੇ ਸ਼ੀਸ਼ੇ ਤੱਕ ਤੋੜ ਦਿੱਤੇ । ਉਸ ਨੇ ਦੱਸਿਆ ਕਿ ਲਟੇਰਿਆ ਨੇ ਉਸ ਉਪਰ ਬੇਸਵਾਲ ਤੇ ਤੇਜ਼ਧਾਰ ਹਥਿਆਰਾਂ ਨਾਲ ਕੁੱਟਮਾਰ ਕੀਤੀ । ਲਟੇਰੇ ਦੁਕਾਨ ਦੇ ਗੱਲੇ ਵਿਚੋਂ ਲਗਭਗ 10,000 ਲੈ ਗਏ ਤੇ ਮੈਨੂੰ ਜ਼ਖ਼ਮੀ ਕਰ ਕੇ ਸੁੱਟ ਗਏ। ਪਿੰਡ ਦੇ ਪੰਚ ਗੁਰਪ੍ਰੀਤ ਕੱਕੜ ਨੇ ਦੱਸਿਆ ਕਿ ਉਨ੍ਹਾਂ ਨੇ ਦੁਕਾਨ 'ਤੇ ਆ ਕੇ ਐਸ . ਐਸ. ਪੀ ਦਿਹਾਤੀ ਹਰਿੰਦਰ ਸਿੰਘ ਵਿਰਕ , ਡੀ. ਐਸ . ਪੀ ਓਂਕਾਰ ਸਿੰਘ ਬਰਾੜ ਨੂੰ ਫੋਨ 'ਤੇ ਦੱਸਿਆ। ਥਾਣਾ ਮੁਖੀ ਬਲਜਿੰਦਰ ਸਿੰਘ ਨੇ ਮੌਕੇ 'ਤੇ ਪਹੁੰਚ ਕੇ ਦੁਕਾਨਦਾਰ ਦੇ ਬਿਆਨ ਕਲਮਬੰਦ ਕੀਤੇ। ਇਸ ਘਟਨਾ ਨਾਲ ਪਿੰਡ ਦੇ ਲੋਕਾਂ ਵਿੱਚ ਸਹਿਮ ਪਾਇਆ ਜਾ ਰਿਹਾ ਹੈ। ਨੂਰਮਹਿਲ ਤੇ ਆਸ-ਪਾਸ ਪਿੰਡਾਂ ਵਿੱਚ ਲਟੇਰੇ ਬੇਖੌਫ ਹੋ ਕੇ ਲੋਕਾਂ ਨੂੰ ਲੁੱਟ ਤੇ ਕੁੱਟ ਰਹੇ ਹਨ ਪਰ ਨੂਰਮਹਿਲ ਦੀ ਪੁਲਸ ਹੱਥ 'ਤੇ ਹੱਥ ਧਰੀ ਬੈਠੀ ਹੈ। ਜਦੋਂ ਇਸ ਸੰਬੰਧੀ ਥਾਣਾ ਮੁਖੀ ਬਲਜਿੰਦਰ ਸਿੰਘ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਸੀ ਸੀ ਟੀਵੀ ਕੈਮਰੇ ਦੇਖੇ ਜਾ ਰਹੇ ਹਨ, ਉਪਰੰਤ ਮੁਕੱਦਮਾ ਦਰਜ ਕੀਤਾ ਜਾਵੇਗਾ।



# ਝੰਡੂਪੁਰ ਵਾਸੀ ਬਾਂਦਰਾਂ ਦੀ ਵਧਦੀ ਗਿਣਤੀ ਤੋਂ ਪ੍ਰੇਸ਼ਾਨ

**ਪੋਜੇਵਾਲ (ਰਾਮ ਲਾਲ)**- ਸਿਵਾਲਿਕ ਦੀਆਂ ਪਹਾੜੀਆਂ ਦੀ ਗੋਦ ਵਿੱਚ ਵਸੇ ਪਿੰਡ ਝੰਡੂਪੁਰ ਦੇ ਵਸਨੀਕ ਪਿਛਲੇ ਕਾਫ਼ੀ ਸਮੇਂ ਤੋਂ ਜੰਗਲੀ ਬਾਂਦਰਾਂ ਦੀ ਵਧਦੀ ਗਿਣਤੀ ਕਾਰਨ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰ ਰਹੇ ਹਨ। ਪਿੰਡ ਵਾਸੀਆਂ ਦਾ ਕਹਿਣਾ ਹੈ ਕਿ ਪਹਿਲਾਂ ਬਾਂਦਰ ਜੰਗਲਾਂ ਤੱਕ ਹੀ ਸੀਮਤ ਰਹਿੰਦੇ ਸਨ, ਪਰ ਕੁਦਰਤੀ ਨਿਵਾਸ ਸਥਾਨਾਂ ਵਿੱਚ ਆ ਰਹੀ ਤਬਦੀਲੀ ਕਾਰਨ ਹੁਣ ਇਹ ਹੌਲੀ-ਹੌਲੀ ਰਿਹਾਇਸ਼ੀ ਇਲਾਕਿਆਂ ਵੱਲ ਵਧ ਰਹੇ ਹਨ।ਪਿੰਡ ਵਿੱਚ ਬਾਂਦਰਾਂ ਦੀ ਗਿਣਤੀ ਪਹਿਲਾਂ ਦੇ ਮੁਕਾਬਲੇ ਕਾਫ਼ੀ ਵਧ ਗਈ ਹੈ। ਇਨ੍ਹਾਂ ਦੀ ਵਧਦੀ ਮੌਜੂਦਗੀ ਕਾਰਨ ਬੱਚਿਆਂ, ਬਜ਼ੁਰਗਾਂ ਅਤੇ ਔਰਤਾਂ ਵਿੱਚ ਡਰ ਦਾ ਮਾਹੌਲ ਬਣਿਆ ਹੋਇਆ ਹੈ। ਪਿੰਡ ਵਾਸੀਆਂ ਅਨੁਸਾਰ ਜਦ ਬੱਚੇ ਸਕੂਲ ਜਾਂ ਕਿਸੇ ਕੰਮ ਲਈ ਘਰ ਤੋਂ ਬਾਹਰ ਜਾਂਦੇ ਹਨ ਤਾਂ ਉਨ੍ਹਾਂ ਨੂੰ ਬਾਂਦਰਾਂ ਦੇ ਹਮਲੇ ਦਾ ਡਰ ਬਣਿਆ ਰਹਿੰਦਾ ਹੈ।ਇਸ ਤੋਂ ਇਲਾਵਾ ਬਾਂਦਰ ਘਰਾਂ ਦੀਆਂ ਪਲਾਸਟਿਕ ਦੀਆਂ ਪਾਣੀ ਵਾਲੀਆਂ ਟੈਂਕੀਆਂ ਨੂੰ ਵੀ ਨੁਕਸਾਨ ਪਹੁੰਚਾ ਰਹੇ ਹਨ। ਪਿੰਡ ਦੀ ਪੰਚਾਇਤ ਅਤੇ ਮੋਹਤਬਰ ਵਿਅਕਤੀਆਂ ਨੇ ਸਰਕਾਰ, ਪ੍ਰਸ਼ਾਸਨ ਅਤੇ ਜੰਗਲਾਤ ਵਿਭਾਗ ਤੋਂ ਮੰਗ ਕੀਤੀ ਹੈ ਕਿ ਪਿੰਡ ਵਿੱਚ ਬਾਂਦਰਾਂ ਦੀ ਵਧ ਰਹੀ ਸਮੱਸਿਆ ਦਾ ਤੁਰੰਤ ਜਾਇਜ਼ਾ ਲਿਆ ਜਾਵੇ ਅਤੇ ਲੋਕਾਂ ਦੀ ਸੁਰੱਖਿਆ ਨੂੰ ਧਿਆਨ ਵਿੱਚ ਰੱਖਦਿਆਂ ਇਸ ਦਾ ਢੁੱਕਵਾਂ ਹੱਲ ਕੀਤਾ ਜਾਵੇ।



# ਪ੍ਰਕਾਸ਼ ਪੁਰਬ ਨੂੰ ਸਮਰਪਤ ਡਰੋਨ ਸ਼ੋਅ ਕਰਵਾਇਆ

**ਦਸੂਹਾ (ਕਰਨੈਲ ਮਾਂਗਟ)**- ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਪੰਜਾਬ ਸਰਕਾਰ ਵੱਲੋਂ ਦਸੂਹਾ ਵਿਖੇ ਸ਼ਾਨਦਾਰ ਡਰੋਨ ਸ਼ੋਅ ਕਰਵਾਇਆ ਗਿਆ ਜਿਸ ਵਿੱਚ 500 ਡਰੋਨਾਂ ਨੇ ਅਸਮਾਨ ਨੂੰ ਰੁਸ਼ਨਾਉਂਦਿਆਂ ਗੁਰੂ ਜੀ ਦੇ ਜੀਵਨ ਅਤੇ ਸਿੱਖਿਆਵਾਂ ਬਾਰੇ ਬਾਕਮਾਲ ਪੇਸ਼ਕਾਰੀ ਕੀਤੀ । ਇਸ ਨਿਵੇਕਲੇ ਏਰੀਅਲ ਸ਼ੋਅ ਰਾਹੀਂ ਤਕਨਾਲੋਜੀ ਅਤੇ ਅਧਿਆਤਮਿਕਤਾ ਦਾ ਸੁਮੇਲ ਭਾਰੀ ਗਿਣਤੀ ਵਿੱਚ ਮੌਜੂਦ ਸੰਗਤ ਨੇ ਬਹੁਤ ਹੀ ਭਾਵਨਾ ਨਾਲ ਦੇਖਿਆ । ਸ਼ੋਅ ਦੌਰਾਨ 500 ਡਰੋਨਾਂ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ ਅਤੇ ਫਲਸਫ਼ੇ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਦਰਸਾਇਆ ਗਿਆ। ਜਿਸ ਵਿੱਚ ਗੁਰੂ ਜੀ ਦੇ ਬਰਾਬਰੀ, ਭਾਈਚਾਰਕ ਸਾਂਝ, ਦਇਆ, ਸਮਾਜਿਕ ਨਿਆਂ ਅਤੇ ਮਨੁੱਖੀ ਸਨਮਾਨ ਦਾ ਸਦੀਵੀ ਸੰਦੇਸ਼ ਦੀ ਪੇਸ਼ਕਾਰੀ ਕੀਤੀ ਗਈ । ਸੰਗਤ ਨੂੰ ਸੰਬੋਧਨ ਕਰਦਿਆਂ ਵਿਧਾਇਕ ਐਡਵੋਕੇਟ ਕਰਮਬੀਰ ਸਿੰਘ ਘੁੰਮਣ ਨੇ ਕਿਹਾ ਕਿ ਇਹ ਸ਼ਾਨਦਾਰ ਡਰੋਨ ਸ਼ੋਅ ਸ੍ਰੀ ਗੁਰੂ ਰਵਿਦਾਸ ਜੀ ਨੂੰ ਢੁਕਵੀਂ ਸ਼ਰਧਾਂਜਲੀ ਹੈ ਅਤੇ ਉਨ੍ਹਾਂ ਦੇ ਸਦੀਵੀ ਸੰਦੇਸ਼ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਦਾ ਨਿਵੇਕਲਾ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਇਹ ਸਿਰਫ਼ ਡਰੋਨ ਸ਼ੋਅ ਨਹੀਂ, ਸਗੋਂ ਨਵੀਂ ਪੀੜ੍ਹੀ ਲਈ ਗੁਰੂ ਜੀ ਦੇ ਬਰਾਬਰੀ ਅਤੇ ਮਨੁੱਖੀ ਸਨਮਾਨ ਦੇ ਸੰਦੇਸ਼ ਦੀ ਪ੍ਰਭਾਵਸ਼ਾਲੀ ਪੇਸ਼ਕਾਰੀ ਹੈ ਜਿਸ ਤੋਂ ਸਾਰਿਆਂ ਨੂੰ ਗੁਰੂ ਜੀ ਵੱਲੋਂ ਦਰਸਾਏ ਮਾਰਗ 'ਤੇ ਚੱਲਣ ਦੀ ਪ੍ਰੇਰਣਾ ਮਿਲਦੀ ਹੈ। ਵਿਧਾਇਕ ਘੁੰਮਣ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਪੂਰੀ ਸ਼ਰਧਾ ਨਾਲ ਮਨਾਉਂਦਿਆਂ ਆਧੁਨਿਕ ਮਾਧਿਅਮਾਂ ਰਾਹੀਂ ਗੁਰੂ ਜੀ ਦੇ ਸਰਬ-ਸਾਂਝੇ ਫਲਸਫ਼ੇ ਨੂੰ ਲੋਕਾਂ ਤੱਕ ਪਹੁੰਚਾਇਆ ਜਾ ਰਿਹਾ ਹੈ। ਸਮਾਗਮ ਦੌਰਾਨ ਸੰਤ ਜਸਪਾਲ ਸਿੰਘ ਉਡਰਾ, ਬਾਬਾ ਸੁਖਵਿੰਦਰ ਸਿੰਘ, ਸੰਤ ਰਾਮ ਗਿਰੀ, ਸੰਤ ਨਰੇਸ਼ ਗਿਰ, ਸੰਤ ਪ੍ਰੇਮ ਦਾਸ, ਸੰਤ ਬਿਸ਼ਨ ਦਾਸ, ਸੰਤ ਸਰਬਜੀਤ ਗਿਰ ਅਤੇ ਸੰਤ ਪਰਮਿੰਦਰ ਸਿੰਘ ਵੀ ਉਚੇਚੇ ਤੌਰ 'ਤੇ ਮੌਜੂਦ ਸਨ। ਡਰੋਨ ਸ਼ੋਅ ਦੌਰਾਨ ਰਾਗੀ ਭਾਈ ਜਸਵੀਰ ਸਿੰਘ ਜੀ ਨੇ ਗੁਰਬਾਣੀ ਦੇ ਸ਼ਬਦ ਅਤੇ ਕੀਰਤਨ ਰਾਹੀਂ ਸੰਗਤ ਨੂੰ ਨਿਹਾਲ ਕੀਤਾ।



# ਸਾਲਾਨਾ ਜੋੜ ਮੇਲਾ 19 ਨੂੰ



**ਅਲਾਵਲਪੁਰ (ਮਦਨ ਬੰਗੜ)**- ਸਥਾਨਕ ਕਸਬਾ ਅਲਾਵਲਪੁਰ ਵਿਖੇ ਸਥਿਤ ਸਮਾਧ ਬਾਬਾ ਮਾੜੂ ਦਾਸ ਝੰਡਾ ਸਾਹਿਬ ਦਰਬਾਰ ਦਾ ਸਾਲਾਨਾ ਜੋੜ ਮੇਲਾ 19 ਸਤੰਬਰ ਦਿਨ ਸ਼ਨੀਵਾਰ ਨੂੰ ਬੜੀ ਸ਼ਰਧਾ ਅਤੇ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ। ਸ੍ਰੀ ਗੁਰੂ ਰਾਮ ਰਾਏ ਜੀ ਦੇ ਤਪੱਸਿਆ ਸਥਾਨ, ਦੇਹਰਾਦੂਨ (ਉੱਤਰਾਖੰਡ) ਦੇ ਮਹੰਤ ਦੇਵੇਂਦਰ ਦਾਸ ਜੀ ਮਹਾਰਾਜ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਕਰਵਾਏ ਜਾ ਰਹੇ ਇਸ ਮੇਲੇ ਦੇ ਪ੍ਰਬੰਧਾਂ ਸਬੰਧੀ ਇੱਕ ਵਿਸ਼ੇਸ਼ ਮੀਟਿੰਗ ਪ੍ਰਿੰਸੀਪਲ ਡੀ ਪੀ ਥਪਲਿਆਲ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੌਰਾਨ ਸਾਲਾਨਾ ਜੋੜ ਮੇਲੇ ਦੇ ਪ੍ਰਬੰਧਾਂ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ ਅਤੇ ਮੇਲੇ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਯੋਜਨਾ ਤਿਆਰ ਕੀਤੀ ਗਈ। ਜਾਣਕਾਰੀ ਦਿੰਦਿਆਂ ਪ੍ਰਿੰਸੀਪਲ ਡੀ ਪੀ ਥਪਲਿਆਲ ਅਤੇ ਹੋਰ ਪ੍ਰਬੰਧਕਾਂ ਨੇ ਦੱਸਿਆ ਕਿ 18 ਸਤੰਬਰ ਨੂੰ ਸਹਿਜ ਪਾਠ ਦੇ ਭੋਗ ਪਾਏ ਜਾਣਗੇ। ਉਨ੍ਹਾਂ ਦੱਸਿਆ ਕਿ 19 ਸਤੰਬਰ ਨੂੰ ਸਵੇਰੇ 9 ਵਜੇ ਬੈਂਡ-ਬਾਜਿਆਂ ਦੀ ਗੂੰਜ ਨਾਲ ਝੰਡਾ ਸਾਹਿਬ ਨੂੰ ਨੀਵਾਂ ਕੀਤਾ ਜਾਵੇਗਾ। ਇਸ ਉਪਰੰਤ ਦੇਹਰਾਦੂਨ ਤੋਂ ਵਿਸ਼ੇਸ਼ ਤੌਰ 'ਤੇ ਪਹੁੰਚ ਰਹੇ ਪੰਡਿਤ ਭਾਨੂ ਦਾਸ ਵੱਲੋਂ ਵਿਧੀ-ਵਿਧਾਨ ਅਨੁਸਾਰ ਪੂਜਾ-ਅਰਚਨਾ ਕੀਤੀ ਜਾਵੇਗੀ ਅਤੇ ਫਿਰ ਝੰਡਾ ਸਾਹਿਬ ਦੁਬਾਰਾ ਚੜ੍ਹਾਇਆ ਜਾਵੇਗਾ।ਇਸ ਮੌਕੇ ਨੀਤਾ ਸ਼ਰਮਾ, ਅਨੀਤਾ ਸ਼ਰਮਾ, ਪ੍ਰਵੇਜ਼, ਕਵਿਤਾ ਸ਼ਰਮਾ, ਮੋਨਿਕਾ ਚੋਢਾ, ਤ੍ਰਿਪਤਾ ਚੋਢਾ, ਬਾਬਾ ਅਮਰਜੀਤ ਅਤੇ ਹੋਰ ਸੇਵਾਦਾਰ ਹਾਜ਼ਰ ਸਨ।

# ਰੇਹੜੀ-ਫੜ੍ਹੀ ਤੇ ਖੋਖਾ ਯੂਨੀਅਨ ਦੀ ਮੀਟਿੰਗ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਗੁਰੂ ਰਵਿਦਾਸ ਚੌਂਕ ਨੇੜੇ ਰੇਹੜੀ-ਫੜੀ ਅਤੇ ਖੋਖਾ ਯੂਨੀਅਨ ਦੀ ਇੱਕ ਅਹਿਮ ਮੀਟਿੰਗ ਚੇਅਰਮੈਨ ਰਵੀ ਹੰਸ ਅਤੇ ਯੂਨੀਅਨ ਦੇ ਪ੍ਰਧਾਨ ਸੁਖਦੇਵ ਸਿੰਘ ਬੀਟੀ ਕੌਂਸਲਰ ਦੀ ਸੰਯੁਕਤ ਅਗਵਾਈ ਹੇਠ ਹੋਈ। ਮੀਟਿੰਗ ਵਿੱਚ ਰੇਹੜੀ-ਫੜੀ ਅਤੇ ਖੋਖਾ ਯੂਨੀਅਨ ਨਾਲ ਸਬੰਧਤ ਵੱਖ-ਵੱਖ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ।

ਇਸ ਮੌਕੇ ਕੌਂਸਲਰ ਇੰਦਰਜੀਤ ਸਿੰਘ ਅਰੋੜਾ, ਪ੍ਰਧਾਨ ਵਪਾਰ ਮੰਡਲ, ਪ੍ਰਿਤਪਾਲ ਸਿੰਘ ਗੰਡਾ ਪ੍ਰਧਾਨ ਵਪਾਰ ਮੰਡਲ ਅਤੇ ਦੀਪਕ ਆਂਗਰਾ ਪ੍ਰਧਾਨ ਵਪਾਰ ਮੰਡਲ 'ਆਪ' ਵੀ ਮੀਟਿੰਗ ਵਿੱਚ ਸ਼ਾਮਲ ਹੋਏ। ਉਨ੍ਹਾਂ ਨੇ ਯੂਨੀਅਨ ਦੇ ਚੇਅਰਮੈਨ ਰਵੀ ਹੰਸ, ਪ੍ਰਧਾਨ ਸੁਖਦੇਵ ਸਿੰਘ ਬੀ ਟੀ ਕੌਂਸਲਰ ਤੇ ਸਮੂਹ ਮੈਂਬਰਾਂ ਨਾਲ ਖੜ੍ਹੇ ਰਹਿਣ ਦੀ ਗੱਲ ਕਹੀ। ਮੀਟਿੰਗ ਦੌਰਾਨ ਚੇਅਰਮੈਨ ਰਵੀ ਹੰਸ ਅਤੇ ਪ੍ਰਧਾਨ ਸੁਖਦੇਵ ਸਿੰਘ ਬੀਟੀ ਨੇ ਯੂਨੀਅਨ ਦੇ ਮੈਂਬਰਾਂ ਨੂੰ ਭਰੋਸਾ ਦਿੱਤਾ ਕਿ ਜੇਕਰ ਕਿਸੇ ਵੀ ਮੈਂਬਰ ਨੂੰ ਕਿਸੇ ਪ੍ਰਕਾਰ ਦੀ ਮੁਸ਼ਕਿਲ ਪੇਸ਼ ਆਉਂਦੀ ਹੈ ਤਾਂ ਉਸ ਦੇ ਹੱਲ ਲਈ ਯਤਨ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਯੂਨੀਅਨ ਦੇ ਮੈਂਬਰਾਂ ਤੋਂ ਕਿਸੇ ਕਿਸਮ ਦੀ ਗੈਰ-ਕਾਨੂੰਨੀ ਵਸੂਲੀ ਜਾਂ ਪੈਸੇ ਦੀ ਮੰਗ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਜੇਕਰ ਕਿਸੇ ਮੈਂਬਰ ਨੂੰ ਡਰਾਉਣ ਜਾਂ ਧਮਕਾਉਣ ਦੀ ਕੋਸ਼ਿਸ਼ ਕੀਤੀ ਜਾਂਦੀ ਹੈ ਤਾਂ ਇਸ ਦਾ ਵਿਰੋਧ ਕੀਤਾ ਜਾਵੇਗਾ।ਇਸ ਮੌਕੇ ਠੇਕੇਦਾਰ ਜਗਜੀਤ ਸਿੰਘ ਜੱਗੀ ਸੀਨੀਅਰ ਆਗੂ 'ਆਪ', ਦਵਿੰਦਰ ਸਿੰਘ ਛਿੰਦੂ ਸੀਨੀਅਰ ਆਗੂ 'ਆਪ', ਸੁਖਵਿੰਦਰ ਸਿੰਘ, ਚਮਨ ਲਾਲ, ਸੋਨੂ, ਪੁਰਸ਼ੋਤਮ, ਮੱਖਣ ਸਿੰਘ, ਭੁਪਿੰਦਰ ਸਿੰਘ, ਸ਼ਿਵ ਪ੍ਰਕਾਸ਼, ਸ਼ਮਸ਼ੇਰ ਸਿੰਘ, ਮਕਸੂਬ, ਰਘਬੀਰ ਪ੍ਰਸ਼ਾਦ, ਦੇਵੀ ਲਾਲ, ਕਰਣ, ਗੌਰਵ, ਰਾਹੁਲ, ਜਗਤਾਰ ਸਿੰਘ, ਹਰੀਸ਼ ਕੁਮਾਰ, ਗੁਰਿੰਦਰ ਸਿੰਘ, ਰਾਜੂ ਸਿੰਘ, ਅਮਰਜੀਤ ਸਿੰਘ, ਸੋਨੂੰ ਸਿੰਘ, ਗੁਰਦੀਪ ਸਿੰਘ, ਰਾਧਾ ਰਾਣੀ, ਜਸਪ੍ਰੀਤ ਕੌਰ, ਲਲਿਤ ਕੁਮਾਰ, ਹਰਭਜਨ ਸਿੰਘ, ਰਾਜੂ ਸਿੰਘ ਬੇਦੀ, ਆਨੰਦ ਸਿੰਘ, ਮਨਜੀਤ ਸਿੰਘ, ਨਿਰਮਲ ਸਿੰਘ, ਅਜੀਤ ਸਿੰਘ, ਸੁਰਿੰਦਰ ਸਿੰਘ, ਦੀਪਕ ਆਰ ਪੀ ਤੇ ਜਸ਼ਨਦੀਪ ਹਾਜ਼ਰ ਸਨ।



# ਡਾ. ਅੰਬੇਡਕਰ ਦੀ ਮੂਰਤੀ ਦੀ ਬੇਅਦਬੀ ਦੇ ਰੋਸ ਵਜੋਂ ਕੱਢਿਆ ਰੋਸ ਮਾਰਚ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਪਿਛਲੇ ਦਿਨੀਂ ਲੁਧਿਆਣਾ ਵਿਖੇ ਭਾਰਤੀ ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੀ ਮੂਰਤੀ ਨਾਲ ਕੀਤੀ ਗਈ ਬੇਅਦਬੀ ਦੀ ਘਟਨਾ ਦੇ ਰੋਸ ਵਜੋਂ ਅੱਜ ਫਗਵਾੜਾ ਦੀਆਂ ਸਮੂਹ ਬਹੁਜਨ ਸਮਾਜ ਨਾਲ ਸਬੰਧਤ ਜਥੇਬੰਦੀਆਂ ਵੱਲੋਂ ਸਾਂਝੇ ਤੌਰ 'ਤੇ ਰੋਸ ਮਾਰਚ ਕੱਢਿਆ ਗਿਆ। ਇਸ ਰੋਸ ਮਾਰਚ ਵਿੱਚ ਅੰਬੇਡਕਰ ਸੈਨਾ ਮੂਲਨਿਵਾਸੀ, ਗੁਰੂ ਰਵਿਦਾਸ ਟਾਈਗਰ ਫੋਰਸ, ਭਗਵਾਨ ਵਾਲਮੀਕਿ ਐਕਸ਼ਨ ਕਮੇਟੀ, ਯੁਵਾ ਵਿਕਾਸ ਮੋਰਚਾ, ਗੁਰੂ ਰਵਿਦਾਸ ਸਭਾ ਅਰਬਨ ਅਸਟੇਟ ਸਮੇਤ ਹੋਰ ਜਥੇਬੰਦੀਆਂ ਦੇ ਆਗੂਆਂ ਅਤੇ ਵਰਕਰਾਂ ਨੇ ਸ਼ਮੂਲੀਅਤ ਕੀਤੀ।

ਰੋਸ ਮਾਰਚ ਡਾ. ਅੰਬੇਡਕਰ ਪਾਰਕ, ਗੁਰੂ ਹਰਗੋਬਿੰਦ ਨਗਰ ਫਗਵਾੜਾ ਤੋਂ ਸ਼ੁਰੂ ਹੋ ਕੇ ਸ਼ਹਿਰ ਦੇ ਵੱਖ-ਵੱਖ ਬਾਜ਼ਾਰਾਂ ਵਿੱਚੋਂ ਹੁੰਦਾ ਹੋਇਆ ਪੇਪਰ ਚੌਂਕ ਜੀ ਟੀ ਰੋਡ ਵਿਖੇ ਪਹੁੰਚਿਆ। ਜਿੱਥੇ ਪ੍ਰਦਰਸ਼ਨਕਾਰੀਆਂ ਵੱਲੋਂ ਸਰਕਾਰ ਖਿਲਾਫ਼ ਨਾਅਰੇਬਾਜ਼ੀ ਕਰਦਿਆਂ ਮੁੱਖ ਮੰਤਰੀ ਭਗਵੰਤ ਮਾਨ ਦਾ ਪੁਤਲਾ ਫੂਕਿਆ ਗਿਆ। ਇਸ ਦੌਰਾਨ ਪ੍ਰਦਰਸ਼ਨਕਾਰੀਆਂ ਦੇ ਹੱਥਾਂ ਵਿੱਚ ਵੱਖ-ਵੱਖ ਤਖ਼ਤੀਆਂ ਸਨ, ਜਿਨ੍ਹਾਂ 'ਤੇ ਸਰਕਾਰ ਖਿਲਾਫ਼ ਨਾਅਰੇ ਲਿਖੇ ਹੋਏ ਸਨ। ਅੰਬੇਡਕਰ ਸੈਨਾ ਮੂਲ ਨਿਵਾਸੀ ਦੇ ਪੰਜਾਬ ਪ੍ਰਧਾਨ ਹਰਭਜਨ ਸੁਮਨ ਅਤੇ ਹੋਰਨਾਂ ਬੁਲਾਰਿਆਂ ਨੇ ਕਿਹਾ ਕਿ ਲੁਧਿਆਣਾ ਵਿਖੇ ਬਾਬਾ ਸਾਹਿਬ ਡਾ. ਅੰਬੇਡਕਰ ਜੀ ਦੀ ਮੂਰਤੀ ਨਾਲ ਹੋਈ ਬੇਅਦਬੀ ਦੀ ਘਟਨਾ ਨੂੰ ਕਈ ਦਿਨ ਬੀਤ ਜਾਣ ਦੇ ਬਾਵਜੂਦ ਜੇਕਰ ਦੋਸ਼ੀ ਪੁਲਿਸ ਦੀ ਗਿਰਫ਼ਤ ਤੋਂ ਬਾਹਰ ਹਨ ।

ਉਨ੍ਹਾਂ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਘਟਨਾ ਦੇ ਜ਼ਿੰਮੇਵਾਰ ਦੋਸ਼ੀਆਂ ਨੂੰ ਜਲਦ ਤੋਂ ਜਲਦ ਗ੍ਰਿਫ਼ਤਾਰ ਕਰਕੇ ਉਨ੍ਹਾਂ ਖਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ। ਹਰਭਜਨ ਸੁਮਨ ਨੇ ਕਿਹਾ ਕਿ ਬਾਬਾ ਸਾਹਿਬ ਡਾ. ਅੰਬੇਡਕਰ ਨੇ ਦੇਸ਼ ਦੇ ਸੰਵਿਧਾਨ ਦੀ ਰਚਨਾ ਵਿੱਚ ਅਹਿਮ ਯੋਗਦਾਨ ਪਾਇਆ ਹੈ ਅਤੇ ਉਨ੍ਹਾਂ ਨਾਲ ਸਬੰਧਤ ਕਿਸੇ ਵੀ ਤਰ੍ਹਾਂ ਦੀ ਬੇਅਦਬੀ ਨੂੰ ਹਲਕੇ ਵਿੱਚ ਨਹੀਂ ਲਿਆ ਜਾਣਾ ਚਾਹੀਦਾ। ਪ੍ਰਦਰਸ਼ਨਕਾਰੀਆਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਪੰਜਾਬ ਸਮੇਤ ਜਿੱਥੇ-ਜਿੱਥੇ ਵੀ ਬਾਬਾ ਸਾਹਿਬ ਡਾ. ਅੰਬੇਡਕਰ ਦੀਆਂ ਮੂਰਤੀਆਂ ਸਥਾਪਿਤ ਹਨ, ਉੱਥੇ ਸੁਰੱਖਿਆ ਦੇ ਪੁਖ਼ਤਾ ਪ੍ਰਬੰਧ ਕੀਤੇ ਜਾਣ। ਉਨ੍ਹਾਂ ਮੰਗ ਕੀਤੀ ਕਿ ਇਨ੍ਹਾਂ ਥਾਵਾਂ 'ਤੇ ਸੀ.ਸੀ.ਟੀ.ਵੀ. ਕੈਮਰੇ ਲਗਾਏ ਜਾਣ, ਲੋੜੀਂਦੀ ਲਾਈਟ ਦਾ ਪ੍ਰਬੰਧ ਕੀਤਾ ਜਾਵੇ ਅਤੇ ਮੂਰਤੀਆਂ ਦੀ ਸੁਰੱਖਿਆ ਲਈ ਹੋਰ ਸਾਰੇ ਜ਼ਰੂਰੀ ਪ੍ਰਬੰਧ ਯਕੀਨੀ ਬਣਾਏ ਜਾਣ। ਇਸ ਮੌਕੇ ਅੰਬੇਡਕਰ ਸੈਨਾ ਮੂਲਨਿਵਾਸੀ ਦੋਆਬਾ ਦੇ ਪ੍ਰਧਾਨ ਬਲਵਿੰਦਰ ਬੋਧ, ਦੇਹਾਤੀ ਪ੍ਰਧਾਨ ਮਨਜੀਤ ਮਾਨ, ਯੁਵਾ ਵਿਕਾਸ ਮੋਰਚਾ ਦੇ ਪ੍ਰਧਾਨ ਅਨੂ ਸਹੋਤਾ, ਵਾਲਮੀਕਿ ਐਕਸ਼ਨ ਕਮੇਟੀ ਦੇ ਪ੍ਰਧਾਨ ਧਰਮਵੀਰ ਸੇਠੀ, ਗੁਰੂ ਰਵਿਦਾਸ ਟਾਈਗਰ ਫੋਰਸ ਦੇ ਚੇਅਰਮੈਨ ਯਸ਼ ਬਰਨਾ, ਗੁਰੂ ਰਵਿਦਾਸ ਸਭਾ ਅਰਬਨ ਅਸਟੇਟ ਤੋਂ ਘਨਸ਼ਿਆਮ, ਅਸ਼ੋਕ ਖੋਥੜਾ, ਪੀਟਰ ਪਲਾਹੀ ਸਮੇਤ ਹੋਰ ਆਗੂ ਅਤੇ ਵਰਕਰ ਹਾਜ਼ਰ ਸਨ।



# ਬਹਿਰਾਮ ਵਿਖੇ ਗੁੱਗਾ ਜ਼ਾਹਰ ਪੀਰ ਨੂੰ ਸਮਰਪਤ ਸਮਾਗਮ ਕਰਾਇਆ

**ਬੰਗਾ (ਅਵਤਾਰ ਕਲੇਰ)**- ਫਗਵਾੜਾ-ਨਵਾਂ ਸ਼ਹਿਰ ਮੁੱਖ ਮਾਰਗ ਨੇੜੇ ਟੋਲ ਪਲਾਜ਼ਾ ਬਹਿਰਾਮ ਵਿਖੇ ਸਯਦ ਬਾਬਾ ਜੌੜੇ ਪੀਰ ਦਰਬਾਰ ਚ' ਗੁੱਗਾ ਜਾਹਿਰ ਪੀਰ ਨੂੰ ਸਮਰਪਤ ਧਾਰਮਿਕ ਸਮਾਗਮ ਮੁੱਖ ਸੇਵਾਦਾਰ ਰਣਵੀਰ ਸਿੰਘ ਧਾਮੀ ਸਪੁੱਤਰ ਸੱਚਖੰਡ ਵਾਸੀ ਹਰਦਿਆਲ ਸਿੰਘ ਧਾਮੀ ਦੀ ਅਗਵਾਈ ਵਿੱਚ ਕਰਵਾਇਆ ਗਿਆ ।ਦਰਬਾਰ ਦੀਆ ਸਾਰੀਆਂ ਰਸਮਾ ਕਰਨ ਉਪਰੰਤ ਧਾਰਮਿਕ ਸਟੇਜ ਸਜਾਈ ਗਈ ਜਿਸ ਵਿੱਚ ਕਸ਼ਮੀਰ ਮਜਾਰੀ ਗੁੱਗਾ ਜਾਹਿਰ ਪੀਰ ਭਜਨ ਮੰਡਲੀ, ਕਰਾਮਤ ਸਾਜਨ ਅਲੀ ਕਵਾਲ ਪਾਰਟੀ ਨੇ ਗੁੱਗਾ ਜ਼ਾਹਰ ਪੀਰ ਦੀ ਮਹਿਮਾ ਸੁਣਾਕੇ ਸੰਗਤਾਂ ਨੂੰ ਨਿਹਾਲ ਕੀਤਾ । ਸੇਵਾਦਾਰ ਧਾਮੀ ਪਰਵਾਰ ਵੱਲੋਂ ਜਿਥੇ ਸਾਰੀ ਸੰਗਤ ਦਾ ਧੰਨਵਾਦ ਕੀਤਾ ਉਥੇ ਸੰਗਤਾਂ ਦੀ ਚੜ੍ਹਦੀ ਕਲਾ, ਤੰਦਰੁਸਤੀ ਲਈ ਸੱਯਦ ਬਾਬਾ ਜੌੜੇ ਪੀਰ ਜੀ ਅੱਗੇ ਅਰਦਾਸ ਵੀ ਕੀਤੀ ਗਈ । ਉਪਰੰਤ ਵਿਸ਼ਾਲ ਭੰਡਾਰਾ ਵਰਤਾਇਆ ਗਿਆ। ਇਸ ਮੌਕੇ ਮੁੱਖ ਸੇਵਾਦਾਰ ਰਣਵੀਰ ਸਿੰਘ ਧਾਮੀ, ਮਨਪ੍ਰੀਤ ਮਨੀ ਵਿਸ਼ਾਲ ਜਿਊਲਰ ਕਰਨ ਸਿੰਘ, ਇੰਦਰਪ੍ਰੀਤ ਸਿੰਘ ਧਾਮੀ ਕੈਨੇਡਾ, ਬੀਬੀ ਸੁਰਿੰਦਰ ਕੌਰ ਧਾਮੀ, ਬੀਬੀ ਰਜਿੰਦਰ ਕੌਰ ਧਾਮੀ,ਬੀਬੀ ਰਜਨੀ, ਬੀਬੀ ਰਾਣੀ, ਜਸਵਿੰਦਰ ਕੌਰ,ਬੀਬੀ ਸੁਰਿੰਦਰ ਕੌਰ,ਬਾਬਾ ਪਾਲੀ ਸ਼ਾਹ, ਬਲਬੀਰ ਸਿੰਘ ਬੀਰੂ , ਸਤਪਾਲ ਭੁੱਟਾ, ਰਾਜਵੀਰ ਸਿੰਘ ਧਾਮੀ, ਸੁਖਪ੍ਰੀਤ ਸਿੰਘ ਸੁੱਖਾ, ਰਿੰਦਰ ਭੁੱਟਾ, ਹਰਜੀਤ ਸਿੰਘ ਮਾਨ, ਰਣਵੀਰ ਸਿੰਘ ਪਾਲ, ਨਛੱਤਰ ਸਿੰਘ ਬਹਿਰਾਮ, ਅਮਨ, ਅਭੀਜੋਤ ਸਿੰਘ ਆਦਿ ਸੰਗਤਾਂ ਹਾਜ਼ਰ ਸਨ।



# ਸਵਰਗ ਧਾਮ ਦਸੂਹਾ ਨੂੰ ਦਿੱਤਾ 11 ਹਜ਼ਾਰ ਦਾ ਗੁਪਤ ਦਾਨ

**ਦਸੂਹਾ (ਕਰਨੈਲ ਮਾਂਗਟ)**- ਸਵਰਗਧਾਮ ਦਸੂਹਾ ਦੇ ਵਿਕਾਸ, ਸੁੰਦਰੀਕਰਨ ਅਤੇ ਲੋਕਾਂ ਲਈ ਹੋਰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਲਈ ਚੱਲ ਰਹੇ ਯਤਨਾਂ ਨੂੰ ਲਗਾਤਾਰ ਸਮਾਜ ਦੇ ਦਾਨੀ ਸੱਜਣਾਂ ਦਾ ਸਹਿਯੋਗ ਮਿਲ ਰਿਹਾ ਹੈ। ਇਸੇ ਲੜੀ ਤਹਿਤ ਦਸੂਹਾ ਦੇ ਇੱਕ ਬਹੁਤ ਹੀ ਸਨਮਾਨਤ ਅਤੇ ਪ੍ਰਸਿੱਧ ਪਰਿਵਾਰ ਨਾਲ ਸਬੰਧਤ ਵਿਅਕਤੀ ਵੱਲੋਂ 11,000 ਰੁਪਏ ਦਾ ਗੁਪਤ ਦਾਨ ਸਵਰਗਧਾਮ ਦਸੂਹਾ ਲਈ ਦਿੱਤਾ ਗਿਆ। ਇਹ ਰਕਮ ਐਡਵੋਕੇਟ ਪੁਨੀਤ ਬੱਸੀ, ਮੈਨੇਜਰ ਸਵਰਗਧਾਮ ਦਸੂਹਾ ਅਤੇ ਓਮਕਾਰ ਨਾਥ ਰਲਹਣ, ਪ੍ਰਧਾਨ ਸਵਰਗਧਾਮ ਦਸੂਹਾ ਵੱਲੋਂ ਪ੍ਰਾਪਤ ਕੀਤੀ ਗਈ। ਗੁਪਤ ਦਾਨ ਦੇਣ ਵਾਲਾ ਪਰਵਾਰ ਦਸੂਹਾ ਵਿੱਚ ਆਪਣੀ ਸਮਾਜਿਕ ਸਾਖ ਅਤੇ ਸੇਵਾ-ਭਾਵਨਾ ਲਈ ਜਾਣਿਆ ਜਾਂਦਾ ਹੈ। ਪਰਵਾਰ ਵੱਲੋਂ ਲੰਗਰ ਹਾਲ ਕਮੇਟੀ ਦਸੂਹਾ ਨਾਲ ਵੀ ਸਰਗਰਮੀ ਨਾਲ ਜੁੜ ਕੇ ਸੇਵਾ ਕਾਰਜਾਂ ਵਿੱਚ ਯੋਗਦਾਨ ਪਾਇਆ ਜਾ ਰਿਹਾ ਹੈ। ਇਸ ਤੋਂ ਇਲਾਵਾ ਪਰਿਵਾਰ ਵੱਖ-ਵੱਖ ਸਮਾਜਿਕ ਅਤੇ ਲੋਕ-ਭਲਾਈ ਦੇ ਕੰਮਾਂ ਵਿੱਚ ਵੀ ਆਪਣੀ ਭੂਮਿਕਾ ਨਿਭਾਉਂਦਾ ਆ ਰਿਹਾ ਹੈ।

ਪੁਨੀਤ ਬੱਸੀ ਦੀ ਅਗਵਾਈ ਵਿੱਚ ਵਿਕਾਸ ਕਾਰਜਾਂ ਨੂੰ ਮਿਲ ਰਹੀ ਗਤੀ ਸਵਰਗਧਾਮ ਦਸੂਹਾ ਦੇ ਮੈਨੇਜਰ ਐਡਵੋਕੇਟ ਪੁਨੀਤ ਬੱਸੀ ਵੱਲੋਂ ਸਵਰਗਧਾਮ ਦੇ ਵਿਕਾਸ ਅਤੇ ਸੁੰਦਰੀਕਰਨ ਲਈ ਲਗਾਤਾਰ ਸਰਗਰਮ ਯਤਨ ਕੀਤੇ ਜਾ ਰਹੇ ਹਨ। ਪੁਨੀਤ ਬੱਸੀ ਨੇ ਦਾਨੀ ਪਰਵਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਗੁਪਤ ਦਾਨ ਦੀ ਭਾਵਨਾ ਨਿਸ਼ਕਾਮ ਸੇਵਾ ਦੀ ਇੱਕ ਉੱਤਮ ਮਿਸਾਲ ਹੈ। ਇਸ ਮੌਕੇ ਅਮਿਤ ਬੱਸੀ, ਸਰਕਾਰੀ ਠੇਕੇਦਾਰ, ਰਿਟਾਇਰਡ ਪ੍ਰਿੰਸੀਪਲ ਸਵਤੰਤਰ ਕੁਮਾਰ ਚੋਪੜਾ, ਪ੍ਰਿੰਸੀਪਲ ਰਾਜੇਸ਼ ਗੁਪਤਾ ਅਤੇ ਸੁਮਿਤ ਚੋਪੜਾ, ਪ੍ਰਧਾਨ ਪਿੰਡੀ ਦਾਸ ਸਕੂਲ ਨੇ ਦਾਨੀ ਪਰਵਾਰ ਦਾ ਧੰਨਵਾਦ ਕੀਤਾ।



# ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਪਹਿਲਾ ਪ੍ਰਕਾਸ਼ ਪੁਰਬ ਸ਼ਰਧਾ ਨਾਲ ਮਨਾਇਆ

**ਪੋਜੇਵਾਲ (ਰਾਮ ਲਾਲ)**- ਨਵ-ਨਿਰਮਿਤ ਗੁਰਦੁਆਰਾ ਸਾਹਿਬ ਪਿੰਡ ਘਮੌਰ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਪੁਰਬ ਭਾਈ ਕਨ੍ਹੱਈਆ ਦਲ, ਗ੍ਰਾਮ ਪੰਚਾਇਤ, ਸਮੂਹ ਪਿੰਡ ਵਾਸੀਆਂ ਅਤੇ ਸੰਗਤ ਦੇ ਸਹਿਯੋਗ ਨਾਲ ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ ਗਿਆ।ਸਮਾਗਮ ਦੀ ਸ਼ੁਰੂਆਤ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਉਣ ਨਾਲ ਹੋਈ। ਇਸ ਉਪਰੰਤ ਕਰਵਾਏ ਗਏ ਧਾਰਮਿਕ ਸਮਾਗਮ ਦੌਰਾਨ ਭਾਈ ਮਹਿਤਾਬ ਸਿੰਘ ਠੇਰੀ ਸਾਹਿਬ ਵਾਲੇ, ਗਿਆਨੀ ਸੋਹਣ ਸਿੰਘ ਸੇਵਕ ਜਗਤਪੁਰ ਵਾਲੇ, ਢਾਡੀ ਮਨਜੋਤ ਸਿੰਘ ਆਜ਼ਾਦ ਸਿੰਬਲ ਮਜਾਰਾ ਵਾਲੇ, ਢਾਡੀ ਜਥਾ ਭਾਈ ਨਰਿੰਦਰ ਸਿੰਘ ਬਾਜ, ਕੀਰਤਨੀ ਜਥਾ ਭਾਈ ਸੁਖਦੇਵ ਸਿੰਘ ਨੰਗਲ ਵਾਲੇ, ਕੀਰਤਨੀ ਜਥਾ ਭਾਈ ਰਾਜਿੰਦਰ ਸਿੰਘ, ਗਿਆਨੀ ਹਰਭਜਨ ਸਿੰਘ ਸੋਤਰਾਂ ਵਾਲੇ, ਢਾਡੀ ਦਿਲੇਰ ਕੌਰ ਖ਼ਾਲਸਾ, ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਜੁਝਾਰ ਸਿੰਘ, ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਅਤੇ ਕਵੀਸ਼ਰ ਜਥਾ ਭਾਈ ਗੁਰਜੰਟ ਸਿੰਘ ਤੇ ਸਾਥੀਆਂ ਨੇ ਹਾਜ਼ਰੀ ਭਰਦਿਆਂ ਗੁਰਮਤਿ ਵਿਚਾਰਾਂ ਅਤੇ ਰਸਭਿੰਨੇ ਕੀਰਤਨ ਰਾਹੀਂ ਸੰਗਤ ਨੂੰ ਨਿਹਾਲ ਕੀਤਾ।ਇਸ ਮੌਕੇ ਜਥੇਦਾਰ ਬਲਬੀਰ ਸਿੰਘ, ਤੇਜਪਾਲ ਸਿੰਘ, ਗੁਰਦਿਆਲ ਸਿੰਘ, ਗੁਰਨਾਮ ਸਿੰਘ, ਜਸਵਿੰਦਰ ਸਿੰਘ ਹੁੰਦਲ, ਜਸਬੀਰ ਸਿੰਘ, ਮਨਜਿੰਦਰ ਸਿੰਘ ਹੁੰਦਲ, ਕੁਲਵਿੰਦਰ ਸਿੰਘ ਅਜੀਮਲ, ਭਾਈ ਕਨ੍ਹੱਈਆ ਦਲ ਜਾਡਲਾ ਨੌਜਵਾਨ ਸਭਾ ਦੇ ਮੈਂਬਰਾਂ ਸਮੇਤ ਵੱਡੀ ਗਿਣਤੀ ਵਿੱਚ ਸੰਗਤ ਹਾਜ਼ਰ ਸੀ।



# ਡਾ. ਅੰਬੇਡਕਰ ਦੇ ਬੁੱਤ ਦੀ ਬੇਅਦਬੀ ਦੀ ਨਿੰਦਾ



**ਖਰੜ (ਹਰਨਾਮ ਸਿੰਘ ਡੱਲਾ)** ਸਥਾਨਕ ਸ੍ਰੀ ਗੁਰੂ ਰਵਿਦਾਸ ਸਭਾ ਰਜਿ: ਖਰੜ ਵੱਲੋਂ ਪੰਜਾਬ ਅਤੇ ਦੇਸ਼ ਦੇ ਵੱਖ-ਵੱਖ ਕੋਨਿਆਂ ਵਿੱਚ ਫਿਰਕੂ ਅਤੇ ਜਾਤੀਵਾਦੀ ਲੋਕਾਂ ਵੱਲੋਂ ਫੈਲਾਈ ਜਾ ਰਹੀ ਜਾਤੀ ਨਫ਼ਰਤ ਅਤੇ ਛੂਆਛਾਤ ਵਰਗੇ ਰੋਗ ਦਾ ਸ਼ਿਕਾਰ ਅਖੌਤੀ ਸਵਰਨਾਂ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ।ਮਦਨ ਲਾਲ ਜਨਾਗਲ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਇਕੱਠੇ ਹੋਏ ਮੈਂਬਰਾਂ ਨੇ ਰਾਜ ਸਭਾ ਵਿੱਚ ਆਪੋਜੀਸ਼ਨ ਦੇ ਆਗੂ ਮਲਿਕ ਅਰਜਨ ਖੜਗੇ ਨੂੰ ਇੱਕ ਮੰਦਰ ਵਿੱਚ ਪ੍ਰਵੇਸ਼ ਕਰਨ ਕਰਕੇ ਛੂਆਛਾਤ ਨੂੰ ਮੰਨਦੇ ਪੁਜਾਰੀਆਂ ਨੇ ਮੰਦਰ ਦਾ ਸ਼ੁਧੀਕਰਨ ਕਰਕੇ ਅਪਮਾਨਤ ਕਰਨ ਦੀ ਘਨੌਰੀ ਸ਼ਾਜਿਸ ਕੀਤੀ ਹੈ। ਸਭਾ ਨੇ ਸੰਵਿਧਾਨ ਨਿਰਮਾਤਾ ਡਾਕਟਰ ਭੀਮ ਰਾਓ ਅੰਬੇਡਕਰ ਦੇ ਲੁਧਿਆਣਾ ਵਿੱਚ ਬੁੱਤ ਤੋੜੇ ਜਾਣ ਦੀ ਘਟਨਾ ਦੀ ਵੀ ਨਿੰਦਾ ਕੀਤੀ। ਇਸ ਸਮੇਂ ਜੰਗ ਸਿੰਘ, ਪ੍ਰਿੰਸੀਪਲ ਹਰਚਰਨ ਸਿੰਘ, ਚਰਨ ਸਿੰਘ ਕੰਗ, ਜਸਪਾਲ ਸਿੰਘ, ਹਰਨੇਕ ਸਿੰਘ ਦੇਵਪੁਰੀ, ਬਲਵਿੰਦਰ ਸਿੰਘ, ਦੀਵਾਨ ਸਿੰਘ, ਹਰਪਾਲ ਸਿੰਘ, ਗਰੀਬ ਸਿੰਘ, ਸਵਰਨ ਸਿੰਘ ਬਡਵਾਲੀ, ਪਾਲ ਸਿੰਘ ਘੇੜਾ ਆਦਿ ਸ਼ਾਮਲ ਹੋਏ।

# ਮਾਤਾ ਭਾਨੀ ਦਾ ਜਨਮ ਦਿਹਾੜਾ ਸ਼ਰਧਾ ਨਾਲ ਮਨਾਇਆ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਸ੍ਰੀ ਅਨੰਦਪੁਰ ਸਾਹਿਬ ਦੇ ਸਥਾਨਕ ਗੁਰਦੁਆਰਾ ਸੀਸਗੰਜ ਸਾਹਿਬ ਵਿਖੇ ਮਾਤਾ ਭਾਨੀ ਜੀ ਦਾ ਜਨਮ ਦਿਹਾੜਾ ਬੜੀ ਸ਼ਰਧਾ, ਸਤਿਕਾਰ ਅਤੇ ਧੂਮਧਾਮ ਨਾਲ ਮਨਾਇਆ ਗਿਆ।ਇਸ ਮੌਕੇ ਗੁਰਦੁਆਰਾ ਸਾਹਿਬ ਵਿਖੇ ਵਿਸ਼ੇਸ਼ ਧਾਰਮਿਕ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਸ਼ਮੂਲੀਅਤ ਕਰਦਿਆਂ ਗੁਰਬਾਣੀ ਕੀਰਤਨ ਦਾ ਸਰਵਣ ਕੀਤਾ ਅਤੇ ਮਾਤਾ ਭਾਨੀ ਜੀ ਦੇ ਜੀਵਨ ਅਤੇ ਉਨ੍ਹਾਂ ਦੀਆਂ ਸੇਵਾਵਾਂ ਨੂੰ ਯਾਦ ਕੀਤਾ। ਸਮਾਗਮ ਦੀਆਂ ਤਿਆਰੀਆਂ ਅਤੇ ਸਮੁੱਚੀ ਸੇਵਾ ਬੀਬੀ ਭਾਨੀ ਸੁਖਮਨੀ ਸਾਹਿਬ ਸੇਵਾ ਸੋਸਾਇਟੀ ਵੱਲੋਂ ਕੀਤੀ ਗਈ। ਸੋਸਾਇਟੀ ਦੀ ਪ੍ਰਧਾਨ ਮਾਤਾ ਰਜਿੰਦਰ ਕੌਰ ਦੀ ਅਗਵਾਈ ਹੇਠ ਮਨਜੀਤ ਕੌਰ ਖਾਲਸਾ, ਜਸਵੀਰ ਕੌਰ, ਮਨਜਿੰਦਰ ਕੌਰ, ਸੁਖਵਿੰਦਰ ਕੌਰ, ਰਣਜੀਤ ਕੌਰ, ਸੁਰਿੰਦਰ ਕੌਰ, ਬਲਵਿੰਦਰ ਕੌਰ, ਨਿਰਮਲ ਕੌਰ, ਬਬਲੀ ਕੌਰ ਅਤੇ ਸੁਖਵਿੰਦਰ ਕੌਰ ਬੱਬੂ ਸਮੇਤ ਸੇਵਾਦਾਰਾਂ ਵੱਲੋਂ ਸਮੁੱਚੇ ਸਮਾਗਮ ਦੀ ਸੇਵਾ ਸ਼ਰਧਾ ਨਾਲ ਨਿਭਾਈ ਗਈ। ਇਸ ਮੌਕੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਜੋਗਿੰਦਰ ਸਿੰਘ ਵੱਲੋਂ ਅਰਦਾਸ ਕੀਤੀ ਗਈ। ਇਸ ਤੋਂ ਇਲਾਵਾ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਐਡੀਸ਼ਨਲ ਮੈਨੇਜਰ ਹਰਦੇਵ ਸਿੰਘ ਵੱਲੋਂ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ ਗਈ। ਸਿੱਖ ਮਿਸ਼ਨਰੀ ਕਾਲਜ ਦੇ ਪ੍ਰਿੰਸੀਪਲ ਭਾਈ ਚਰਨਜੀਤ ਸਿੰਘ ਵੱਲੋਂ ਮਾਤਾ ਭਾਨੀ ਜੀ ਦੇ ਜੀਵਨ ਅਤੇ ਉਨ੍ਹਾਂ ਦੀ ਕੌਮ ਨੂੰ ਮਹਾਨ ਦੇਣ ਸਬੰਧੀ ਵਿਸਥਾਰ ਸਹਿਤ ਜਾਣਕਾਰੀ ਦਿੱਤੀ ਗਈ । ਧਾਰਮਿਕ ਸਮਾਗਮ ਦੌਰਾਨ ਹਰਪ੍ਰੀਤ ਸਿੰਘ ਖਾਲਸਾ ਲੁਧਿਆਣੇ ਵਾਲੇ, ਭਾਈ ਚਾਨਕ ਸਿੰਘ ਅਤੇ ਪਰਮਜੀਤ ਕੌਰ ਦੇ ਰਾਗੀ ਜਥਿਆਂ ਵੱਲੋਂ ਗੁਰਬਾਣੀ ਦੇ ਰਸਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਰਾਗੀ ਜਥਿਆਂ ਵੱਲੋਂ ਵੱਖ-ਵੱਖ ਸ਼ਬਦਾਂ ਦਾ ਗਾਇਨ ਕਰਦਿਆਂ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੁੜਨ ਅਤੇ ਗੁਰਬਾਣੀ ਦੇ ਲੜ ਲੱਗਣ ਦਾ ਸੰਦੇਸ਼ ਦਿੱਤਾ ਗਿਆ। ਕੀਰਤਨ ਦੌਰਾਨ ਗੁਰਦੁਆਰਾ ਸਾਹਿਬ ਦਾ ਸਮੁੱਚਾ ਵਾਤਾਵਰਨ ਅਧਿਆਤਮਿਕ ਰੰਗ ਵਿੱਚ ਰੰਗਿਆ ਗਿਆ। ਸਮਾਗਮ ਵਿੱਚ ਪਹੁੰਚੀਆਂ ਸੰਗਤਾਂ ਵੱਲੋਂ ਮਾਤਾ ਭਾਨੀ ਜੀ ਦੇ ਜਨਮ ਦਿਹਾੜੇ ਮੌਕੇ ਗੁਰੂ ਘਰ ਵਿੱਚ ਨਤਮਸਤਕ ਹੋ ਕੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ।

ਸੰਗਤਾਂ ਨੇ ਗੁਰਬਾਣੀ ਕੀਰਤਨ ਦਾ ਆਨੰਦ ਮਾਣਿਆ ਅਤੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ। ਸਮਾਗਮ ਦੇ ਅੰਤ ਵਿੱਚ ਸੰਗਤਾਂ ਲਈ ਗੁਰੂ ਦਾ ਅਤੁੱਟ ਲੰਗਰ ਵੀ ਵਰਤਾਇਆ ਗਿਆ।



# ਸਾਲਾਨਾ ਮੇਲਾ ਸ਼ਾਨੋ-ਸ਼ੌਕਤ ਨਾਲ ਸਮਾਪਤ

**ਬੰਗਾ (ਅਵਤਾਰ ਕਲੇਰ)** ਦਰਬਾਰ ਹਜ਼ਰਤ ਸਾਈਂ ਗੁਲਾਮ ਮੁਹੰਮਦ ਸ਼ਾਹ ਕਾਦਰੀ ਜੀ ਬੰਗਾ ਵਿਖੇ ਸਾਲਾਨਾ ਮੇਲਾ ਗੱਦੀ ਨਸ਼ੀਨ ਬੀਬੀ ਮਹਿੰਦਰ ਕੌਰ ਅਤੇ ਸਾਈਂ ਉਮਰੇ ਸ਼ਾਹ ਕਾਦਰੀ ਜੀ ਗੱਦੀ ਨਸ਼ੀਨ ਰੌਜ਼ਾ ਸ਼ਰੀਫ਼ ਮੰਢਾਲੀ ਦੀ ਰਹਿਨੁਮਾਈ ਹੇਠ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਵੱਖ ਵੱਖ ਦਰਬਾਰਾਂ ਤੋਂ ਸਾਈਂ ਫੱਕਰ ਸ਼ਾਹ ਕਾਦਰੀ ਦਾਦੂਵਾਲ, ਸਾਈਂ ਜੀਤ ਸ਼ਾਹ ਕਾਦਰੀ ਰੁੜਕਾ ਕਲਾਂ, ਬਾਬਾ ਸੋਢੀ ਸ਼ਾਹ ਲਲਵਾਨ, ਮਨੀ ਸਾਈਂ ਲੁਧਿਆਣਾ, ਬਾਬਾ ਸ਼ੰਭੂ ਰਾਮ ਫਿਲੌਰ, ਸਾਈਂ ਵਰੁਣ ਸੋਬਤੀ ਨਵਾਂ ਸ਼ਹਿਰ, ਬਾਬਾ ਪਿਆਰਾ ਫਗਵਾੜਾ ਆਦਿ ਸੰਤ ਮਹਾਂਪੁਰਸ਼ਾਂ ਨੇ ਸ਼ਿਰਕਤ ਕੀਤੀ। ਡਾ ਸੁਖਵਿੰਦਰ ਕੁਮਾਰ ਸੁੱਖੀ ਵਿਧਾਇਕ ਬੰਗਾ, ਸੋਹਣ ਲਾਲ ਢੰਡਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ,ਆਪ ਆਗੂ ਕੁਲਜੀਤ ਸਿੰਘ ਸਰਹਾਲ, ਬਸਪਾ ਆਗੂ ਪ੍ਰਵੀਨ ਬੰਗਾ ਵਿਸ਼ੇਸ਼ ਤੌਰ ਤੇ ਪਹੁੰਚੇ। ਇਸ ਤਿੰਨ ਦਿਨਾਂ ਮੇਲੇ ਦੌਰਾਨ ਪਹਿਲੇ ਦਿਨ ਸ਼ਾਮ ਨੂੰ ਝੰਡੇ ਦੀ ਰਸਮ ਉਪਰੰਤ ਚਿਰਾਗਾਂ ਦੀ ਰਸਮ ਅਦਾ ਕੀਤੀ ਗਈ। ਰਾਤ ਨੂੰ ਕਵਾਲ ਪਾਰਟੀਆਂ ਨੇ ਹਾਜ਼ਰੀਆਂ ਭਰੀਆਂ। ਮੇਲੇ ਦੇ ਦੂਸਰੇ ਦਿਨ ਅਤੇ ਰਾਤ ਨੂੰ ਨਾਮਵਰ ਕਲਾਕਾਰ ਅਤੇ ਕਵਾਲ ਪਾਰਟੀਆਂ ਨੇ ਸੰਗਤਾਂ ਨੂੰ ਨਿਹਾਲ ਕੀਤਾ। ਤੀਸਰੇ ਦਿਨ ਚਾਦਰ ਦੀ ਰਸਮ ਅਦਾ ਕੀਤੀ ਗਈ। ਸਾਈਂ ਉਮਰੇ ਸ਼ਾਹ ਕਾਦਰੀ ਵਲੋਂ ਪਹੁੰਚੇ ਹੋਏ ਮਹਿਮਾਨਾਂ, ਸੰਤ ਮਹਾਂਪੁਰਸ਼ਾਂ ਅਤੇ ਕਲਾਕਾਰਾਂ ਨੂੰ ਸਨਮਾਨਤ ਕੀਤਾ। ਮੇਲਾ ਸ਼ਾਨੋ ਸ਼ੌਕਤ ਨਾਲ ਸਮਾਪਤ ਹੋਇਆ। ਇਸ ਮੌਕੇ ਹੁਸਨ ਲਾਲ ਨੰਬਰਦਾਰ ਜੱਬੋਵਾਲ, ਮਨੀ ਸੱਲ੍ਹਾਂ, ਸੋਹਣ ਲਾਲ, ਰਵੀ, ਸੋਢੀ ਕਰੀਹਾ, ਸੁਖਵਿੰਦਰ ਰਾਮ, ਮੰਨਾ ਸੱਲ੍ਹਾਂ, ਰਾਜਨ, ਸੁਰਜੀਤ ਮਜਾਰੀ, ਮੁਹੰਮਦ ਆਸ਼ਿਕ ਨੀਲਾ, ਬਲਜੀਤ ਸਿੰਘ ਸਾਬਕਾ ਸਰਪੰਚ ਕੁਲਥਮ, ਸੋਨੂੰ ਜੱਸੋਮਜਾਰਾ, ਡਾ ਸਤਨਾਮ ਪਰਸੋਵਾਲ, ਮਨੀ, ਗੱਗੀ, ਹਨੀ, ਡਾ. ਜਗਦੀਸ਼ ਮੁਹੰਮਦ, ਡਾ. ਮੋਹਣ ਲਾਲ ਬੱਧਣ, ਸੋਨੂੰ ਬਹੂਆ,ਚਰਨਜੀਤ ਰਾਏ, ਗੋਰਾ ਚੱਕ ਪ੍ਰੇਮਾ, ਨੂਰ ਮੁਹੰਮਦ, ਮਲਕੀਤ ਮੰਢਾਲੀ, ਸੋਨੀ ਮੰਢਾਲੀ ਆਦਿ ਤੋਂ ਇਲਾਵਾ ਭਾਰੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ।



# ਰਣਜੀਤ ਰੈਡੀ ਸਾਥੀਆਂ ਸਮੇਤ ਕਾਂਗਰਸ 'ਚ ਸ਼ਾਮਲ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਸਾਬਕਾ ਨਗਰ ਕੌਂਸਲ ਪ੍ਰਧਾਨ ਅਤੇ ਵਾਰਡ ਨੰਬਰ 16 ਤੋਂ ਮੌਜੂਦਾ ਭਾਜਪਾ ਐੱਮ ਸੀ ਰਣਜੀਤ ਸਿੰਘ ਰੈਡੀ ਬੈਨੀਪਾਲ ਨੇ ਭਾਜਪਾ ਨੂੰ ਅਲਵਿਦਾ ਕਹਿ ਕੇ ਮੁੜ ਕਾਂਗਰਸ ਦਾ ਹੱਥ ਫੜ ਲਿਆ।ਕਾਂਗਰਸ ਵਿੱਚ ਸ਼ਾਮਲ ਹੋਣ ਦਾ ਸਮਾਗਮ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੀ ਮੌਜੂਦਗੀ ਵਿੱਚ ਉਨ੍ਹਾਂ ਦੇ ਨਿਵਾਸ ਸਥਾਨ 'ਤੇ ਹੋਇਆ। ਚੰਨੀ ਨੇ ਸਾਰੇ ਨਵੇਂ ਸਾਥੀਆਂ ਦਾ ਸਵਾਗਤ ਕਰਦਿਆਂ ਕਿਹਾ ਕਿ ਕਾਂਗਰਸ ਲੋਕਾਂ ਦੀ ਆਵਾਜ਼ ਬਣ ਕੇ ਹਰ ਵਰਗ ਦੇ ਹੱਕਾਂ ਲਈ ਡਟ ਕੇ ਕੰਮ ਕਰਦੀ ਰਹੇਗੀ। ਕਾਂਗਰਸ ਵਿੱਚ ਸ਼ਾਮਲ ਹੋਣ ਵਾਲਿਆਂ ਵਿੱਚ ਮਨਦੀਪ ਕੌਰ (ਭਾਜਪਾ ਐੱਮ ਸੀ ਉਮੀਦਵਾਰ ਵਾਰਡ ਨੰਬਰ 11), ਹਰਵਿੰਦਰ ਸਿੰਘ (ਭਾਜਪਾ ਕੌਂਸਲਰ ਉਮੀਦਵਾਰ ਵਾਰਡ ਨੰਬਰ 10), ਆਸ਼ਾ ਰਾਣੀ (ਭਾਜਪਾ ਐੱਮ ਸੀ ਉਮੀਦਵਾਰ ਵਾਰਡ ਨੰਬਰ 7), ਹਰਦੀਪ ਸਿੰਘ ਗਾਜ਼ੀਪੁਰ (ਭਾਜਪਾ ਐੱਮ ਸੀ ਉਮੀਦਵਾਰ ਵਾਰਡ ਨੰਬਰ 11 ਜ਼ੀਰਕਪੁਰ), ਆਸ਼ੂ ਮਹਿੰਦਰੂ (ਸਾਬਕਾ ਟਰੱਕ ਯੂਨੀਅਨ ਪ੍ਰਧਾਨ), ਗੁਰਵਿੰਦਰ ਸਿੰਘ, ਗੁਰਪ੍ਰੀਤ ਹੈਪੀ, ਪੂਜਾ, ਹਿਮਾਂਸ਼ੂ ਅਤੇ ਪੂਜਾ ਰਾਣੀ (ਮਹਿਲਾ ਮੰਡਲ ਪ੍ਰਧਾਨ ਬੀਜੇਪੀ) ਸਮੇਤ ਕਈ ਆਗੂ ਤੇ ਵਰਕਰ ਸ਼ਾਮਲ ਹਨ।

ਇਸ ਮੌਕੇ ਡੇਰਾਬੱਸੀ ਤੋਂ ਕਾਂਗਰਸੀ ਆਗੂ ਗੁਰਤੇਜ ਬੈਨੀਪਾਲ ਅਤੇ ਚੰਡੀਗੜ੍ਹ ਕਾਂਗਰਸ ਘੱਟ ਗਿਣਤੀ ਵਿਭਾਗ ਦੇ ਪ੍ਰਧਾਨ ਆਸਿਫ ਚੌਧਰੀ ਵੀ ਮੌਜੂਦ ਰਹੇ।ਗੁਰਤੇਜ ਬੈਨੀਪਾਲ ਨੇ ਕਿਹਾ ਕਿ ਜ਼ਮੀਨੀ ਪੱਧਰ ਦੇ ਆਗੂਆਂ ਦੀ ਕਾਂਗਰਸ ਵਿੱਚ ਵਾਪਸੀ ਇਸ ਗੱਲ ਦਾ ਸੰਕੇਤ ਹੈ ਕਿ ਲੋਕਾਂ ਦਾ ਭਰੋਸਾ ਮੁੜ ਕਾਂਗਰਸ ਵੱਲ ਵਧ ਰਿਹਾ ਹੈ।



# ਬਿਜਲੀ ਕਾਮਿਆਂ ਵੱਲੋਂ ਰੋਸ ਰੈਲੀ

**ਖਰੜ (ਹਰਨਾਮ ਸਿੰਘ ਡੱਲਾ)** ਖਰੜ ਸਬ-ਡਿਵੀਜ਼ਨ ਸਿਟੀ-1 ਦੇ ਬਿਜਲੀ ਕਾਮਿਆਂ ਵੱਲੋਂ ਐਸ ਡੀ ਓ ਸਿਟੀ-1 ਦੇ ਖਿਲਾਫ਼ ਰੋਸ ਰੈਲੀ ਕੀਤੀ ਗਈ।ਇਸ ਮੌਕੇ ਰੋਸ ਰੈਲੀ ਨੂੰ ਸੰਬੋਧਨ ਕਰਦਿਆਂ ਬਲਵਿੰਦਰ ਸਿੰਘ ਰਡਿਆਲਾ, ਸਰਕਲ ਪ੍ਰਧਾਨ ਮੋਹਾਲੀ, ਵਰਿੰਦਰ ਸਿੰਘ ਸੀਨੀਅਰ ਮੀਤ ਪ੍ਰਧਾਨ ਐਮ ਐਸ ਯੂ, ਸੁਖਜਿੰਦਰ ਸਿੰਘ ਸਰਕਲ ਪ੍ਰਧਾਨ ਰੋਪੜ ਅਤੇ ਸ਼ੇਰ ਸਿੰਘ ਪ੍ਰਧਾਨ ਸਿਟੀ-2 ਖਰੜ , ਭੁਪਿੰਦਰ ਸਿੰਘ ਪੈਨਸ਼ਨਰ ਆਗੂ ,ਮਨਦੀਪ ਰੱਤੂ, ਸੁਖਵਿੰਦਰ ਸਿੰਘ ਮੀਤ ਪ੍ਰਧਾਨ ਕੁਰਾਲੀ, ਧਰਮਪਾਲ ਸਰਕਲ ਆਗੂ, ਸੁਰਿੰਦਰ ਸਿੰਘ ਮੋਰਿੰਡਾ ਨੇ ਕਿਹਾ ਕਿ ਬੀਤੇ ਦਿਨੀਂ ਡਿਊਟੀ ਦੌਰਾਨ ਅਮ੍ਰਿਤਪਾਲ ਸਿੰਘ ਜੇ ਈ ਵੱਲੋਂ ਯੋਗਰਾਜ ਸਿੰਘ ਫੋਰਮੈਨ ਨਾਲ ਭੱਦੀ ਸ਼ਬਦਾਵਲੀ ਦੀ ਅਤੇ ਗਾਲੀ ਗਲੋਚ ਕੀਤੀ ਗਈ ਕੀਤੀ ਗਈ। ਇਸ ਸਬੰਧੀ ਐਸ.ਡੀ.ਓ. ਸਿਟੀ-1 ਵੱਲੋਂ ਕੋਈ ਢੁੱਕਵੀਂ ਕਾਰਵਾਈ ਨਾ ਕੀਤੇ ਜਾਣ ਕਾਰਨ ਬਿਜਲੀ ਕਾਮਿਆਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ, ਜਿਸ ਦੇ ਚਲਦਿਆਂ ਸਿਟੀ-1 ਖਰੜ ਵਿਖੇ ਰੋਸ ਰੈਲੀ ਕੀਤੀ ਗਈ। ਜੁਆਇੰਟ ਐਕਸ਼ਨ ਕਮੇਟੀ ਖਰੜ ਵੱਲੋਂ ਮੰਗ ਕੀਤੀ ਗਈ ਕਿ ਮਾਮਲੇ ਵਿੱਚ ਦੋਸ਼ੀ ਜੇ ਈ ਖ਼ਿਲਾਫ਼ ਬਣਦੀ ਵਿਭਾਗੀ ਅਤੇ ਕਾਨੂੰਨੀ ਕਾਰਵਾਈ ਕੀਤੀ ਜਾਵੇ ਅਤੇ ਉਸ ਦੀ ਆਊਟ ਆਫ਼ ਸਰਕਲ ਬਦਲੀ ਕੀਤੀ ਜਾਵੇ।

ਇਸ ਮੌਕੇ ਇਕੱਤਰ ਹੋਏ ਬਿਜਲੀ ਕਾਮਿਆਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਉਕਤ ਮਸਲੇ ਦਾ ਤੁਰੰਤ ਅਤੇ ਯੋਗ ਹੱਲ ਨਾ ਕੀਤਾ ਗਿਆ, ਤਾਂ ਜੁਆਇੰਟ ਐਕਸ਼ਨ ਕਮੇਟੀ ਵੱਲੋਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ, ਜਿਸ ਦੀ ਪੂਰੀ ਜ਼ਿੰਮੇਵਾਰੀ ਸਬੰਧਤ ਅਧਿਕਾਰੀਆਂ ਦੀ ਹੋਵੇਗੀ।

ਇਸ ਰੋਸ ਪ੍ਰਦਰਸ਼ਨ ਵਿੱਚ ਨਰਿੰਦਰ ਸਿੰਘ, ਮਨਜੋਤ ਸਿੰਘ, ਮਨਦੀਪ ਸਿੰਘ, ਚਿੰਟੂ ਚੌਹਾਨ, ਰੰਮੀ ਕੁਮਾਰ, ਮੁਕੇਸ਼ ਕੁਮਾਰ, ਬੀਰਬਲ ਸਿੰਘ, ਰੋਹਿਤ ਸ਼ਰਮਾ,ਓਂਕਾਰ ਨਾਥ,ਅਰਸ਼ਦੀਪ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਬਿਜਲੀ ਕਾਮੇ ਸ਼ਾਮਿਲ ਹੋਏ ।



# ਮਹਿੰਦਰ ਸਿੰਘ ਦੀਵਾਨਾ ਦੀ ਪਹਿਲੀ ਬਰਸੀ ਮਨਾਈ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਹੁਸ਼ਿਆਰਪੁਰ ਦੇ ਸਾਹਿਤੱਕ ਹਲਕਿਆਂ ਵਿੱਚ ਪੰਜਾਬੀ ਦੇ ਨਾਮਾਵਰ ਗ਼ਜ਼ਲਗੋ ਮਹਿੰਦਰ ਸਿੰਘ ਦੀਵਾਨਾ ਦੇ ਸਾਹਿਤਕ ਦੇਣ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ। ਸਾਲ 2025 ਵਿੱਚ ਦੀਵਾਨਾ ਅਕਾਲ ਚਲਾਣਾ ਕਰ ਗਏ ਸਨ, ਉਹਨਾਂ ਦੀ ਪਹਿਲੀ ਬਰਸੀ ਗੁਰਦੁਆਰਾ ਕੱਲਗੀਧਰ ਚਰਨ ਪਾਵਨ ਨੇੜੇ ਰੋਸ਼ਨ ਗਰਾਊਂਡ ਵਿਖੇ ਕਰਵਾਈ ਗਈ। ਜਿਸ ਵਿੱਚ ਟ੍ਰੇਡ ਯੂਨੀਅਨ, ਸਾਹਿਤੱਕ ਬੁੱਧੀਜਿਵੀ ਅਤੇ ਪਰਿਵਾਰ ਦੇ ਸਾਥ ਸਬੰਧੀ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ। ਮਹਿੰਦਰ ਦੀਵਾਨਾ ਨੇ ਸਾਹਿਤੱਕ ਮੁਲਾਜ਼ਮ ਸੰਘਰਸ਼ ਅਤੇ ਪੈਨਸ਼ਨਰ ਵੈਲਫੇਅਰ ਵਾਸਤੇ ਅਹਿਮ ਯੋਗਦਾਨ ਪਾਇਆ ਹੈ। ਅਖੰਡ ਪਾਠ ਉਪਰੰਤ ਕੀਰਤਨ ਪਰਵਾਹ ਚੱਲਣ ਤੋਂ ਬਾਅਦ ਉਹਨਾਂ ਦੀ ਸਾਹਿਤਕ, ਮੁਲਾਜ਼ਮ ਅਤੇ ਪੈਨਸ਼ਨਰ ਵੈਲਫੇਅਰ ਵਿੱਚ ਪਾਏ ਯੋਗਦਾਨ ਦੀ ਚਰਚਾ ਹੋਈ । ਸ਼ਰਧਾਂਜਲੀ ਪ੍ਰੋਗਰਾਮ ਦਾ ਸੰਚਾਲਨ ਰੰਗ ਕਰਮੀ ਫਿਲਮ ਕਲਾਕਾਰ ਅਸ਼ੋਕ ਪੁਰੀ ਨੇ ਕੀਤਾ। ਉਨ੍ਹਾਂ ਦੱਸਿਆ ਕਿ ਪ੍ਰਿੰਸੀਪਲ ਡਾ. ਜਨਮੀਤ ਅਤੇ ਡਾ.ਸ਼ਮਸ਼ੇਰ ਮੋਹੀ, ਮੁਲਾਜ਼ਮ ਸੰਘਰਸ਼ ਦੇ ਕਾਮਰੇਡ ਹਰਕਮਲ ਸਿੰਘ ਅਤੇ ਕੁਲਵਰਨ ਸਿੰਘ ਸੈਣੀ ਅਤੇ ਉਹਨਾਂ ਦੇ ਵਿਦਿਆਰਥੀ ਡਾ. ਜਸਵੰਤ ਸਿੰਘ ਮੰਡਿਆਲ ਵੱਲੋਂ ਦਿੱਤੀਆਂ ਗਈਆਂ ਸ਼ਰਧਾਂਜਲੀ ਦਾ ਡਿਜ਼ੀਟਲ ਮਾਸਟਰ ਸ਼ਰਧਾਂਜਲੀ ਸਰਦਾਰ ਮਹਿੰਦਰ ਸਿੰਘ ਦੀਵਾਨਾ ਦੇ ਨਾਲ, ਸਾਂਝਾ ਪਿਆਰ ਦੀਆਂ ਅਤੇ ਪੰਜਾਬੀ ਲਿਟਰੇਰੀ ਫੋਰਮ ਵੱਲੋਂ ਸਰਦਾਰ ਜਸਪਾਲ ਸੂਸ ਦੇ ਉਪਰਾਲੇ ਨਾਲ ਗਾਇਕ ਪ੍ਰੇਮ ਸਿੰਘ ਸ਼ਰੇਸ਼ਟਾ ਗਾਈ ਗਜ਼ਲ ਇਸ਼ਕ ਦਾ ਮੁੱਕਦਰ ਅਤੇ ਜਸਵੀਰ ਰਾਣਾ ਵੱਲੋਂ ਲਿਖੇ ਸ਼ਬਦ-ਚਿੱਤਰ ਸ਼ਾਇਰਾਂ ਦੀ ਦੁਨੀਆਂ-3 ਜਿਸ ਵਿੱਚ ਮਹਿੰਦਰ ਸਿੰਘ ਦੀਵਾਨਾ ਜੀ ਨੂੰ ਹੱਕ-ਸੱਚ ਦੀ ਗੱਲ ਕਰਨ ਵਾਲਾ ਪਰਪੱਕ ਗ਼ਜ਼ਲਗੋ- ਪੰਨਾ 241-252 ਤੱਕ ਦਰਜ ਕੀਤਾ ਗਿਆ ਹੈ, ਨੂੰ ਲੋਕ ਅਰਪਣ ਕੀਤਾ ਗਿਆ । ਮਹਿੰਦਰ ਸਿੰਘ ਦੀਵਾਨਾ ਦੀ ਪਹਿਲੀ ਬਰਸੀ ਮੌਕੇ ਉਪਰੋਕਤ ਜਾਣਕਾਰੀ ਦੇਣ ਉਪਰੰਤ ਪ੍ਰਿੰਸੀਪਲ ਡਾ. ਜਨਮੀਤ, ਧਰਮਪਾਲ ਸਾਹਿਲ, ਕੁਲਵਰਨ ਸਿੰਘ ਸੈਣੀ ਅਤੇ ਮੋਹਣ ਲਾਲ ਪਹਿਲਵਾਨ ਨੇ ਸ਼ਰਧਾਂਜਲੀ ਅਰਪਿਤ ਕੀਤੀ। ਇਸ ਮੌਕੇ ਤੇ ਡਿਜ਼ੀਟਲ ਮਾਸਟਰ ਸ਼ਰਧਾਂਜਲੀ ਇਸ਼ਕ ਦਾ ਮੁੱਕਦਰ ਅਤੇ ਸ਼ਾਇਰਾਂ ਦੀ ਦੁਨੀਆਂ-3 ਪ੍ਰਿੰਸੀਪਲ ਡਾ. ਜਨਮੀਤ, ਕੁਲਵਰਨ ਸਿੰਘ ਸੈਣੀ, ਡਾ. ਅਸ਼ੋਕ ਪੁਰੀ, ਧਰਮਪਾਲ ਸਾਹਿਲ, ਮੋਹਣ ਲਾਲ ਪਹਿਲਵਾਨ, ਸੁਰਿੰਦਰ ਕੌਰ ਅਤੇ ਦੀਵਾਨਾ ਦੇ ਪੁੱਤਰ ਪ੍ਰੀਤਪਾਲ ਸਿੰਘ, ਗੀਤਪਾਲ ਸਿੰਘ, ਅਮਰਦੀਪ ਨੇ ਲੋਕ ਅਰਪਨ ਕੀਤੇ। ਇਸ ਦੇ ਨਾਲ ਹੀ ਮੁਲਾਜ਼ਮ ਸੰਘਰਸ਼ ਸਾਹਿਤੱਕ ਖੇਤਰ ਅਤੇ ਦੀਵਾਨਾ ਦੇ ਪਰਿਵਾਰ ਵੱਲੋਂ ਉਹਨਾਂ ਦੀ ਪਹਿਲੀ ਬਰਸੀ ਗੁਰੂ ਕੇ ਲੰਗਰ ਦੇ ਨਾਲ ਸਫ਼ਲਤਾ ਪੂਰਵਕ ਸੰਪਨ ਹੋਈ ।



# ਗਣੇਸ਼ ਚਤੁਰਥੀ ਸ਼ਰਧਾ ਨਾਲ ਮਨਾਈ

**ਜਲੰਧਰ (ਰਾਜੇਸ਼ ਥਾਪਾ)** ਸੀ ਬੀ ਐਸ ਈ ਤੋਂ ਮਾਨਤਾ ਪ੍ਰਾਪਤ ਏ ਜੀ ਆਈ ਗਲੋਬਲ ਸਕੂਲ ਵਿੱਚ ਗਣੇਸ਼ ਚਤੁਰਥੀ ਦਾ ਤਿਉਹਾਰ ਬੜੇ ਉਤਸ਼ਾਹ, ਸ਼ਰਧਾ ਅਤੇ ਖੁਸ਼ੀ ਨਾਲ ਮਨਾਇਆ ਗਿਆ।ਇਸ ਮੌਕੇ ਬੱਚਿਆਂ ਨੂੰ ਭਗਵਾਨ ਗਣੇਸ਼ ਬਾਰੇ ਜਾਣਨ ਅਤੇ ਭਾਰਤ ਦੀ ਅਮੀਰ ਸੰਸਕ੍ਰਿਤੀ ਅਤੇ ਰਿਵਾਜਾਂ ਨੂੰ ਸਮਝਣ ਦਾ ਮੌਕਾ ਮਿਲਿਆ। ਬੱਚਿਆਂ ਨੇ ਕਲਾ, ਸੰਗੀਤ ਅਤੇ ਵੱਖ-ਵੱਖ ਰਚਨਾਤਮਕ ਗਤੀਵਿਧੀਆਂ ਵਿੱਚ ਬੜੇ ਉਤਸ਼ਾਹ ਨਾਲ ਹਿੱਸਾ ਲਿਆ।ਸਕੂਲ ਦੇ ਛੋਟੇ ਬੱਚਿਆਂ ਨੇ ਫੁੱਲਾਂ ਦੀਆਂ ਪੰਖੁੜੀਆਂ ਨਾਲ ਗਣੇਸ਼ ਦੀ ਤਸਵੀਰ ਬਣਾਉਣ ਅਤੇ ਪੱਤਿਆਂ ਨਾਲ ਗਣੇਸ਼ ਆਰਟ ਵਰਗੀਆਂ ਸੁੰਦਰ ਗਤੀਵਿਧੀਆਂ ਵਿੱਚ ਭਾਗ ਲਿਆ। ਉਨ੍ਹਾਂ ਨੇ ਫੁੱਲਾਂ ਦੀਆਂ ਪੰਖੁੜੀਆਂ ਅਤੇ ਪੱਤਿਆਂ ਵਰਗੀਆਂ ਕੁਦਰਤੀ ਚੀਜ਼ਾਂ ਨਾਲ ਭਗਵਾਨ ਗਣੇਸ਼ ਦੀਆਂ ਸੁੰਦਰ ਤਸਵੀਰਾਂ ਬਣਾਈਆਂ।ਸਕੂਲ ਦੀ ਡਾਇਰੈਕਟਰ ਸੁਸ਼੍ਰੀ ਹਰਲੀਨ ਮੋਹੰਤੀ ਨੇ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਨਾਲ ਬੱਚਿਆਂ ਦੀ ਸੋਚ ਅਤੇ ਰਚਨਾਤਮਕਤਾ ਵਧਦੀ ਹੈ। ਇਸ ਦੇ ਨਾਲ ਹੀ ਬੱਚਿਆਂ ਨੂੰ ਕੁਦਰਤ ਨਾਲ ਜੁੜਨ ਅਤੇ ਵਾਤਾਵਰਣ ਦਾ ਧਿਆਨ ਰੱਖਦੇ ਹੋਏ ਤਿਉਹਾਰ ਮਨਾਉਣ ਦੀ ਸਿੱਖਿਆ ਵੀ ਮਿਲਦੀ ਹੈ।ਐਲ ਕੇ ਜੀ ਅਤੇ ਯੂ ਕੇ ਜੀ ਦੇ ਬੱਚਿਆਂ ਨੇ ਸੁੰਦਰ ਗਣੇਸ਼ ਵੰਦਨਾ ਪੇਸ਼ ਕੀਤੀ। ਬੱਚਿਆਂ ਦੀ ਮਾਸੂਮਿਅਤ ਅਤੇ ਆਤਮਵਿਸ਼ਵਾਸ ਨੇ ਪੂਰੇ ਮਾਹੌਲ ਨੂੰ ਭਗਤੀ ਅਤੇ ਖੁਸ਼ੀ ਨਾਲ ਭਰ ਦਿੱਤਾ। ਕਲਾਸ 1 ਅਤੇ 2 ਦੇ ਬੱਚਿਆਂ ਨੇ ਕਲੇ ਗਣੇਸ਼ਾ ਮੇਕਿੰਗ ਮੁਕਾਬਲੇ ਵਿੱਚ ਹਿੱਸਾ ਲਿਆ। ਬੱਚਿਆਂ ਨੇ ਮਿੱਟੀ ਨਾਲ ਭਗਵਾਨ ਗਣੇਸ਼ ਦੀਆਂ ਸੁੰਦਰ ਮੂਰਤੀਆਂ ਬਣਾਈਆਂ ਅਤੇ ਇਹ ਵੀ ਸਿੱਖਿਆ ਕਿ ਸਾਨੂੰ ਤਿਉਹਾਰ ਵਾਤਾਵਰਣ ਦਾ ਧਿਆਨ ਰੱਖ ਕੇ ਮਨਾਉਣੇ ਚਾਹੀਦੇ ਹਨ।ਕਲਾਸ 3 ਤੋਂ 5 ਦੇ ਵਿਦਿਆਰਥੀਆਂ ਨੇ ਸ਼ਰਧਾ ਅਤੇ ਵਿਸ਼ਵਾਸ ਨਾਲ ਗਣੇਸ਼ ਵੰਦਨਾ ਪੇਸ਼ ਕੀਤੀ।

ਉਨ੍ਹਾਂ ਦੇ ਆਤਮਵਿਸ਼ਵਾਸ ਅਤੇ ਸੁੰਦਰ ਪ੍ਰਸਤੁਤੀ ਨੇ ਸਾਰਿਆਂ ਦਾ ਮਨ ਮੋਹ ਲਿਆ।ਏ ਜੀ ਆਈ ਗਲੋਬਲ ਸਕੂਲ ਵਿੱਚ ਗਣੇਸ਼ ਚਤੁਰਥੀ ਦਾ ਇਹ ਸਮਾਗਮ ਸੰਸਕ੍ਰਿਤੀ, ਸਿੱਖਿਆ, ਕਲਾ ਅਤੇ ਖੁਸ਼ੀ ਦਾ ਸੁੰਦਰ ਮੇਲ ਰਿਹਾ। ਇਸ ਸਮਾਗਮ ਨੇ ਬੱਚਿਆਂ ਨੂੰ ਭਾਰਤ ਦੀ ਅਮੀਰ ਸੰਸਕ੍ਰਿਤੀ ਅਤੇ ਪਰੰਪਰਾਵਾਂ ਨਾਲ ਜੋੜਨ ਦੇ ਨਾਲ-ਨਾਲ ਉਨ੍ਹਾਂ ਨੂੰ ਇੱਕ ਸੁੰਦਰ ਅਤੇ ਯਾਦਗਾਰ ਅਨੁਭਵ ਵੀ ਦਿੱਤਾ।



## ਮੁਫ਼ਤ ਮੈਡੀਕਲ ਜਾਂਚ ਕੈਂਪ 'ਚ 70 ਵਿਅਕਤੀਆਂ ਦੀ ਜਾਂਚ



**ਗਿੱਦੜਬਾਹਾ (ਜਸਵੰਤ ਸਿੰਘ ਗਿੱਲ)**-ਇੰਟਰਨੈਸ਼ਨਲ ਧਾਨਕ ਸਮਾਜ ਸੇਵਾ ਸੰਗਠਨ ਤੇ ਨਿਊ ਉਡਾਨ ਫਾਊਂਡੇਸ਼ਨ ਵੱਲੋਂ ਪਹਿਲਾ ਮੁਫ਼ਤ ਮੈਡੀਕਲ ਜਾਂਚ ਕੈਂਪ ਵਾਰਡ ਨੰਬਰ 16-17 ਦੇ ਠਾਕੁਰ ਮੁਹੱਲਾ, ਧਾਨਕ ਮੁਹੱਲਾ ਵਿਖੇ ਸ੍ਰੀ ਸੀਤਲਾ ਮਾਤਾ ਮੰਦਿਰ ਦੇ ਨੇੜੇ ਲਗਾਇਆ ਗਿਆ।ਕੈਂਪ ਦੌਰਾਨ ਕਰੀਬ 70 ਵਿਅਕਤੀਆਂ ਦੀ ਮੁਫ਼ਤ ਸਿਹਤ ਜਾਂਚ ਕੀਤੀ ਗਈ।ਇਸ ਮੌਕੇ ਲੋਕਾਂ ਦੀ ਸ਼ੂਗਰ, ਕੋਲੈਸਟਰੋਲ ਤੇ ਯੂਰਿਕ ਐਸਿਡ ਦੀ ਜਾਂਚ ਮੁਫ਼ਤ ਕੀਤੀ ਗਈ।ਸੰਗਠਨ ਦੇ ਪ੍ਰਧਾਨ ਰਾਜਪਾਲ ਇੰਦੌਰਾ ਤੇ ਖ਼ਜ਼ਾਨਚੀ ਵਿੱਕੀ ਕਿਰਾੜ ਨੇ ਦੱਸਿਆ ਕਿ ਸਮਾਜ ਸੇਵਾ ਦੇ ਉਦੇਸ਼ ਨਾਲ ਲਗਾਏ ਗਏ ਇਸ ਕੈਂਪ ਦਾ ਮੁੱਖ ਮਕਸਦ ਲੋਕਾਂ ਨੂੰ ਆਪਣੀ ਸਿਹਤ ਪ੍ਰਤੀ ਜਾਗਰੂਕ ਕਰਨਾ ਤੇ ਲੋੜਵੰਦਾਂ ਨੂੰ ਮੁਫ਼ਤ ਸਿਹਤ ਜਾਂਚ ਦੀ ਸਹੂਲਤ ਮੁਹੱਈਆ ਕਰਵਾਉਣਾ ਸੀ।ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਵੀ ਸੰਗਠਨ ਵੱਲੋਂ ਲੋਕ ਭਲਾਈ ਲਈ ਅਜਿਹੇ ਉਪਰਾਲੇ ਜਾਰੀ ਰੱਖੇ ਜਾਣਗੇ।ਇਸ ਮੌਕੇ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਨਰਿੰਦਰ ਮੁੰਜਾਲ ਬਿੱਟਾ ਅਰੋੜਾ, ਸਮਾਜਸੇਵੀ ਸੰਸਥਾਵਾਂ ਦੇ ਕੋਆਰਡੀਨੇਟਰ ਅਨਮੋਲ ਜੁਨੇਜਾ ਬਬਲੂ, ਜਿੰਦਰ ਕਿਰਾੜ, ਅਮ੍ਰਿਤਪਾਲ ਬਾਂਸਲ, ਵਿਜੇ ਰਾਠੌਰ ਤੇ ਐਡਵੋਕੇਟ ਨਵੀਨ ਕੁਮਾਰ ਆਦਿ ਹਾਜ਼ਰ ਸਨ।

## ਪਟਿਆਲਾ ਚੈਂਬਰ ਆਫ ਇੰਡਸਟਰੀਜ਼ ਦੀ ਗਵਰਨਿੰਗ ਬਾਡੀ ਦੀ ਚੋਣ



**ਸਮਰਾਲਾ (ਸੁਰਜੀਤ ਸਿੰਘ)**-ਪਟਿਆਲਾ ਤੇ ਫਤਹਿਗੜ੍ਹ ਸਾਹਿਬ ਜ਼ਿਲ੍ਹਿਆਂ ਵਿੱਚ ਫੈਕਟਰੀ ਮਾਲਕਾਂ, ਮਾਈਕ੍ਰੋ, ਸਮਾਲ ਐਂਡ ਮੀਡੀਅਮ ਐਂਟਰਪ੍ਰਾਈਜ਼ਿਜ਼ ਤੇ ਉਦਯੋਗਿਕ ਇਕਾਈਆਂ ਦੀ ਪ੍ਰਮੁੱਖ ਨੁਮਾਇੰਦਾ ਸੰਸਥਾ 'ਪਟਿਆਲਾ ਚੈਂਬਰ ਆਫ ਇੰਡਸਟਰੀਜ਼' ਨੇ ਦੋ ਸਾਲ ਦੇ ਕਾਰਜਕਾਲ ਲਈ ਆਪਣੀ ਨਵੀਂ ਗਵਰਨਿੰਗ ਬਾਡੀ ਦੀ ਚੋਣ ਕੀਤੀ ਹੈ। ਦੋਵਾਂ ਜ਼ਿਲ੍ਹਿਆਂ ਦੀਆਂ ਵੱਖ-ਵੱਖ ਉਦਯੋਗਿਕ ਇਕਾਈਆਂ ਦੀ ਨੁਮਾਇੰਦਗੀ ਕਰਨ ਵਾਲੇ ਮੈਂਬਰਾਂ ਨੇ ਸਰਬਸੰਮਤੀ ਨਾਲ ਨਵੇਂ ਅਹੁਦੇਦਾਰਾਂ ਦੀ ਚੋਣ ਕੀਤੀ।ਹਰਵਿੰਦਰ ਸਿੰਘ ਖੁਰਾਣਾ ਨੂੰ ਪ੍ਰਧਾਨ ਚੁਣਿਆ ਗਿਆ ਹੈ, ਜਦਕਿ ਭਾਨੂ ਪ੍ਰਤਾਪ ਸਿੰਗਲਾ ਨੂੰ ਜਨਰਲ ਸਕੱਤਰ ਤੇ ਰਣਜੀਵ ਗੋਇਲ ਨੂੰ ਵਿੱਤ ਸਕੱਤਰ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ।ਹੋਰ ਅਹੁਦੇਦਾਰਾਂ ਵਿੱਚ ਸੁਭਾਸ਼ ਗੁਪਤਾ (ਸੀਨੀਅਰ ਮੀਤ ਪ੍ਰਧਾਨ), ਕਮਲ ਮਹਿੰਦਰ ਸਿੰਘ (ਮੀਤ ਪ੍ਰਧਾਨ), ਆਰ.ਵੀ. ਸਿੰਗਲਾ (ਮੀਤ ਪ੍ਰਧਾਨ), ਮਨਦੀਪ ਰਾਮਪਾਲ (ਸੰਯੁਕਤ ਸਕੱਤਰ), ਵਿਸ਼ਾਲ ਕੱਕੜ (ਸੰਯੁਕਤ ਸਕੱਤਰ) ਤੇ ਗੁਰਮੀਤ ਸਿੰਘ (ਲੋਕ ਸੰਪਰਕ ਅਧਿਕਾਰੀ) ਸ਼ਾਮਲ ਹਨ।ਚੋਣ ਤੋਂ ਬਾਅਦ ਨਵ-ਨਿਯੁਕਤ ਪ੍ਰਧਾਨ ਹਰਵਿੰਦਰ ਸਿੰਘ ਖੁਰਾਣਾ ਨੇ ਨਵੀਂ ਟੀਮ 'ਤੇ ਭਰੋਸਾ ਪ੍ਰਗਟਾਉਣ ਲਈ ਪਟਿਆਲਾ ਤੇ ਫਤਹਿਗੜ੍ਹ ਸਾਹਿਬ ਦੇ ਉਦਯੋਗਪਤੀਆਂ ਦਾ ਧੰਨਵਾਦ ਕੀਤਾ।

## ਹਾਕਮਵਾਲਾ ਦਾ ਕਬੱਡੀ ਟੂਰਨਾਮੈਂਟ ਸਫਲਤਾਪੂਰਵਕ ਸੰਪੰਨ



**ਬੁਢਲਾਡਾ (ਨਿਰੰਜਣ ਬੋਹਾ)**-ਪਿੰਡ ਹਾਕਮਵਾਲਾ ਦੇ ਸ਼੍ਰੋਮਣੀ ਸ਼ਹੀਦ ਬਾਬਾ ਜੀਵਨ ਸਿੰਘ ਵੈੱਲਫ਼ੇਅਰ ਕਲੱਬ ਵੱਲੋਂ ਕਬੱਡੀ ਟੂਰਨਾਮੈਂਟ ਕਰਵਾਇਆ ਗਿਆ, ਜਿਸ ਵਿੱਚ 52 ਕਿੱਲੋ ਭਾਰ ਵਰਗ ਦੀਆਂ ਪੰਜਾਬ ਹਰਿਆਣਾ ਤੋਂ 80 ਟੀਮਾਂ ਨੇ ਹਿੱਸਾ ਲਿਆ ਤੇ ਬਹੁਤ ਹੀ ਰੋਮਾਂਚਿਕ ਮੁਕਾਬਲੇ ਦੇਖਣ ਨੂੰ ਮਿਲੇ।ਇਸ ਟੂਰਨਾਮੈਂਟ ਵਿੱਚ ਮੁੱਖ ਮਹਿਮਾਨ ਵਜੋਂ ਬਲਵਿੰਦਰ ਸਿੰਘ ਪਟਵਾਰੀ ਜ਼ਿਲ੍ਹਾ ਮੀਤ ਪ੍ਰਧਾਨ ਬੀ ਜੇ ਪੀ ਤੇ ਜਨਰਲ ਸਕੱਤਰ ਗਗਨਦੀਪ ਸ਼ਰਮਾ ਤੇ ਉਨ੍ਹਾਂ ਦੀ ਸਮੁੱਚੀ ਟੀਮ ਸ਼ਾਮਲ ਹੋਈ।ਕਲੱਬ ਪ੍ਰਧਾਨ ਜਗਸੀਰ ਸਿੰਘ ਨੇ ਦੱਸਿਆ ਕਿ 52 ਕਿੱਲੋ ਦੇ ਮੁਕਾਬਲਿਆਂ ਵਿੱਚ ਪਹਿਲਾ ਸਥਾਨ ਮੀਨੂ ਹਾਕਮਵਾਲਾ ਟੀਮ ਤੇ ਦੂਜਾ ਸਥਾਨ ਸਨੀ ਹਾਕਮਵਾਲਾ ਟੀਮ ਨੇ ਪ੍ਰਾਪਤ ਕੀਤਾ।ਕਬੱਡੀ ਖਿਡਾਰੀ ਮੀਨੂ ਬੈਸਟ ਜਾਫੀ ਅਤੇ ਸਲੋਡਾ ਬੈਸਟ ਰੇਡਰ ਚੁਣੇ ਗਏ।ਜੇਤੂ ਟੀਮਾਂ ਨੂੰ ਪਹਿਲੇ ਤੇ ਦੂਜੇ ਸਥਾਨ ਲਈ ਕ੍ਰਮਵਾਰ 5100 ਰੁਪਏ ਤੇ 4100 ਰੁਪਏ ਇਨਾਮ ਵਜੋਂ ਦਿੱਤੇ ਗਏ ਅਤੇ ਬੈਸਟ ਖਿਡਾਰੀਆਂ ਨੂੰ ਪੰਜ-ਪੰਜ ਕਿੱਲੋ ਦੇਸੀ ਘਿਓ ਦਿੱਤਾ ਗਿਆ।ਇਨਾਮ ਵੰਡਣ ਦੀ ਰਸਮ ਬਲਵਿੰਦਰ ਸਿੰਘ ਪਟਵਾਰੀ ਤੇ ਸਰਪੰਚ ਸੁੱਖਵਿੰਦਰ ਸਿੰਘ ਤੇ ਸਮੂਹ ਪੰਚਾਇਤ ਵੱਲੋਂ ਅਦਾ ਕੀਤੀ ਗਈ।ਇਸ ਮੌਕੇ ਸਹਿਯੋਗੀ ਸੱਜਣਾ ਦਾ ਸਨਮਾਨ ਕੀਤਾ ਗਿਆ।

## ਕਾਂਝਲਾ 'ਚ ਮੁਫ਼ਤ ਅੱਖਾਂ ਦਾ ਜਾਂਚ ਕੈਂਪ, ਲੋੜਵੰਦਾਂ ਨੂੰ ਐਨਕਾਂ ਤੇ ਦਵਾਈਆਂ ਵੰਡੀਆਂ



**ਧੂਰੀ (ਮਨੋਹਰ ਸਿੰਘ ਸੱਗੂ, ਸੰਹਿਤ ਗਰਗ)**-ਪੰਜਾਬ ਸਰਕਾਰ ਦੀ ਪਹਿਲਕਦਮੀ ਤਹਿਤ ਗੁਰਦੁਆਰਾ ਸ੍ਰੀ ਭਗਤ ਸਾਹਿਬ ਪਿੰਡ ਕਾਂਝਲਾ ਵਿਖੇ ਮੁਫ਼ਤ ਅੱਖਾਂ ਦਾ ਜਾਂਚ ਕੈਂਪ ਲਗਾਇਆ ਗਿਆ।ਕੈਂਪ ਦਾ ਉਦਘਾਟਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓ.ਐੱਸ.ਡੀ. ਸੁਖਵੀਰ ਸਿੰਘ ਨੇ ਕੀਤਾ।ਸ਼ੰਕਰਾ ਆਈ ਹਸਪਤਾਲ ਲੁਧਿਆਣਾ ਦੇ ਸਹਿਯੋਗ ਨਾਲ ਮਾਹਿਰ ਡਾਕਟਰਾਂ ਦੀ ਟੀਮ ਨੇ ਲੋਕਾਂ ਦੀਆਂ ਅੱਖਾਂ ਦੀ ਜਾਂਚ ਕੀਤੀ।ਇਸ ਮੌਕੇ ਸੁਖਵੀਰ ਸਿੰਘ ਨੇ ਕਿਹਾ ਕਿ ਲੋਕਾਂ ਨੂੰ ਘਰਾਂ ਦੇ ਨੇੜੇ ਮਿਆਰੀ ਸਿਹਤ ਸਹੂਲਤਾਂ ਮੁਹੱਈਆ ਕਰਵਾਉਣਾ ਸਰਕਾਰ ਦੀ ਤਰਜੀਹ ਹੈ।ਕੈਂਪ ਦੌਰਾਨ ਲੋੜਵੰਦਾਂ ਨੂੰ ਮੁਫ਼ਤ ਐਨਕਾਂ ਤੇ ਦਵਾਈਆਂ ਦਿੱਤੀਆਂ ਗਈਆਂ।ਅੱਖਾਂ ਦੇ ਆਪ੍ਰੇਸ਼ਨ ਦੀ ਲੋੜ ਵਾਲੇ ਮਰੀਜ਼ਾਂ ਦੇ ਆਪ੍ਰੇਸ਼ਨ ਵੀ ਕਰਵਾਏ ਜਾਣਗੇ।ਬਲਾਕ ਸੰਮਤੀ ਧੂਰੀ ਦੇ ਚੇਅਰਮੈਨ ਰਣਯੋਧ ਸਿੰਘ ਨੇ ਕੈਂਪ ਨੂੰ ਲੋਕਾਂ ਲਈ ਲਾਹੇਵੰਦ ਉਪਰਾਲਾ ਦੱਸਿਆ।ਇਸ ਮੌਕੇ ਏ.ਡੀ.ਸੀ. ਸੁਖਚੈਨ ਸਿੰਘ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾ ਤੇ ਵੱਡੀ ਗਿਣਤੀ ਪਿੰਡ ਵਾਸੀ ਹਾਜ਼ਰ ਸਨ।

## ਸਿਵਲ ਹਸਪਤਾਲ ਵਿਖੇ ਗਰਭਵਤੀ ਔਰਤਾਂ ਲਈ ਬਿਹਤਰ ਸਹੂਲਤਾਂ : ਡਾ. ਗੋਇਲ



**ਨਾਭਾ (ਅਮਨ ਗਰਗ)**-ਪੰਜਾਬ ਸਰਕਾਰ ਦੁਆਰਾ ਸਮੇਂ-ਸਮੇਂ ਸਿਰ ਸਰਕਾਰੀ ਹਸਪਤਾਲਾਂ ਨੂੰ ਹੋਰ ਬਿਹਤਰ ਸਹੂਲਤਾਂ ਦੇਣ ਲਈ ਉਪਰਾਲੇ ਕੀਤੇ ਜਾ ਰਹੇ ਹਨ, ਜਿਸ ਸਬੰਧੀ ਮਰੀਜ਼ਾਂ ਨੂੰ ਆਧੁਨਿਕ ਇਕੁਪਮੈਂਟ ਰਾਹੀਂ ਸਿਹਤ ਸਹੂਲਤਾਂ ਪ੍ਰਦਾਨ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।ਇਸੇ ਲੜੀ ਵਿੱਚ ਸਿਵਲ ਹਸਪਤਾਲ ਨਾਭਾ ਦੇ ਗਾਇਨੀ ਵਿਭਾਗ ਵਿਖੇ ਗਰਭਵਤੀ ਔਰਤਾਂ ਦੀ ਸਹੂਲਤ ਲਈ ਆਧੁਨਿਕ ਇਕੁਪਮੈਂਟ ਉਪਲੱਬਧ ਹੋਏ ਹਨ, ਜਿਸ ਸਬੰਧੀ ਜਾਣਕਾਰੀ ਦਿੰਦੇ ਹੋਏ ਡਾ. ਵੀਨੂੰ ਗੋਇਲ, ਸੀਨੀਅਰ ਮੈਡੀਕਲ ਅਫਸਰ ਸਿਵਲ ਹਸਪਤਾਲ ਨਾਭਾ ਨੇ ਦੱਸਿਆ ਕਿ ਸਿਵਲ ਹਸਪਤਾਲ ਨਾਭਾ ਦੇ ਗਾਇਨੀ ਵਿਭਾਗ ਵਿੱਚ ਨਵਜੰਮੇ ਬੱਚਿਆਂ ਨੂੰ ਬਿਨਾਂ ਸੂਈ ਲਗਾਏ ਪੀਲੀਏ ਦੀ ਜਾਂਚ ਕਰਨ ਲਈ ਟਰਾਂਸਕੁਟੇਨਿਅਸ ਬਿਲਿਰੁਬੀਨੋਮੀਟਰ ਉਪਲੱਬਧ ਹੈ। ਇਸਦੇ ਨਾਲ ਹੀ ਨਵਜੰਮੇ ਬੱਚਿਆਂ ਵਿੱਚ ਸੁਣਨ ਦੀ ਸਮਰਥਾ ਦੀ ਜਾਂਚ ਕਰਨ ਲਈ ਓਟੋਐਕੋਸਟਿਕ ਇਮੀਸ਼ਨ ਵੀ ਉਪਲੱਬਧ ਹੈ, ਜਿਸ ਨਾਲ ਨਵਜੰਮੇ ਬੱਚਿਆਂ ਦੀ ਸ਼ਿਫਟਿੰਗ ਕੀਤੀ ਜਾ ਸਕਦੀ ਹੈ।ਇਸ ਤੋਂ ਇਲਾਵਾ ਐਨ.ਐਸ.ਟੀ ਮਸ਼ੀਨ ਹਸਪਤਾਲ ਦੇ ਗਾਇਨੀ ਵਿਭਾਗ ਵਿੱਚ ਉਪਲੱਬਧ ਹੈ, ਜਿਸ ਰਾਹੀਂ ਗਰਭਵਤੀ ਔਰਤਾਂ ਦੇ ਬੱਚੇ ਦੀ ਦਿਲ ਦੀ ਧੜਕਨ ਨੂੰ ਚੈੱਕ ਕੀਤਾ ਜਾ ਸਕਦਾ ਹੈ।ਇਸ ਮੌਕੇ ਡਾ. ਏਕਤਾ, ਡਾ. ਸੁਲੇਖਾ, ਸ੍ਰੀਮਤੀ ਰੁਪਿੰਦਰ ਕੌਰ ਸਟਾਫ ਨਰਸ, ਸ੍ਰੀਮਤੀ ਰਜਨੀ ਮਿੱਤਲ ਕਾਊਂਸਲਰ ਤੇ ਬਾਕੀ ਸਟਾਫ ਮੌਕੇ 'ਤੇ ਮੌਜੂਦ ਸੀ।

## ਸਵਨਾ ਵੱਲੋਂ ਪਾਰਟੀ ਵਰਕਰਾਂ, ਸਰਪੰਚਾਂ ਤੇ ਪੰਚਾਂ ਨਾਲ ਮੀਟਿੰਗਾਂ



**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਫਾਜ਼ਿਲਕਾ ਦੇ ਵਿਧਾਇਕ ਸ੍ਰ. ਨਰਿੰਦਰਪਾਲ ਸਿੰਘ ਸਵਨਾ ਨੇ ਹਲਕੇ ਦੇ ਪਿੰਡ ਆਲਮਸ਼ਾਹ, ਖਿਓਵਾਲੀ ਢਾਬ, ਝੁਗੇਖਤਾ, ਘੁਰਕਾ ਤੇ ਕਾਂਵਾਂਵਾਲੀ ਵਿਖੇ ਆਮ ਆਦਮੀ ਪਾਰਟੀ ਦੇ ਵਰਕਰਾਂ, ਸਰਪੰਚਾਂ/ਪੰਚਾਂ ਨਾਲ ਵਿਸ਼ੇਸ਼ ਮੀਟਿੰਗ ਕਰਕੇ ਪੰਜਾਬ ਸਰਕਾਰ ਦੇ ਵਿਕਾਸ ਕਾਰਜਾਂ ਬਾਰੇ ਚਰਚਾ ਕੀਤੀ।ਇਸ ਮੌਕੇ ਉਨ੍ਹਾਂ ਦੀ ਧਰਮਪਤਨੀ ਖੁਸ਼ਬੂ ਸਾਵਨਸੁੱਖਾ ਸਵਨਾ ਵੀ ਉਨ੍ਹਾਂ ਨਾਲ ਮੌਜੂਦ ਸਨ।ਵਿਧਾਇਕ ਨਰਿੰਦਰਪਾਲ ਸਿੰਘ ਸਵਨਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਪੰਜਾਬ ਸਰਕਾਰ ਨੇ ਆਪਣੇ 4 ਸਾਲਾਂ ਦੇ ਕਾਰਜਕਾਲ ਵਿੱਚ ਆਪਣੀਆਂ ਸਾਰੀਆਂ ਗਰੰਟੀਆਂ ਪੂਰੀਆਂ ਕੀਤੀਆਂ ਹਨ। ਪੰਜਾਬ ਸਰਕਾਰ ਵੱਲੋਂ 600 ਯੂਨਿਟ ਬਿਜਲੀ ਮੁਫਤ, ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਤਹਿਤ ਐਸ.ਸੀ. ਵਰਗ ਦੀਆਂ ਮਹਿਲਾਵਾਂ ਨੂੰ 1500 ਰੁਪਏ ਤੇ ਬਾਕੀ ਵਰਗਾਂ ਦੀਆਂ ਮਹਿਲਾਵਾਂ ਨੂੰ 1000 ਰੁਪਏ ਪ੍ਰਤੀ ਮਹੀਨਾ, ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ 10 ਲੱਖ ਦਾ ਮੁਫ਼ਤ ਇਲਾਜ, ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ, ਰਾਸ਼ਨ ਸਹੂਲਤ, ਸਰਕਾਰੀ ਨੌਕਰੀਆਂ, ਸੜਕ ਸੁਰੱਖਿਆ ਯੋਜਨਾ, ਸਕੂਲਾਂ ਦਾ ਆਧੁਨਿਕੀਕਰਨ ਤੇ ਇੰਟਰੈਕਟਿਵ ਟੀਵੀ ਪੈਨਲ, ਨਹਿਰਾਂ ਤੇ ਖਾਲਿਆਂ ਦਾ ਸੁਧਾਰ, ਪਿੰਡਾਂ ਦੀਆਂ ਗਲੀਆਂ, ਨਾਲੀਆਂ ਤੇ ਛੱਪੜਾਂ ਦਾ ਸੁਧਾਰ, ਵਾਲੀਵਾਲ ਦੇ ਗਰਾਊਂਡ ਆਦਿ ਅਨੇਕਾਂ ਕੰਮ ਸੰਪੂਰਨ ਕੀਤੇ ਗਏ ਤੇ ਆਉਣ ਵਾਲੇ ਮਹੀਨਿਆਂ ਵਿੱਚ ਰਹਿੰਦੇ ਸਾਰੇ ਵਿਕਾਸ ਦੇ ਕੰਮ ਨੇਪਰੇ ਚਾੜ੍ਹੇ ਜਾਣਗੇ।ਉਨ੍ਹਾਂ ਵਰਕਰਾਂ ਦੀਆਂ ਸਮੱਸਿਆਵਾਂ ਵੀ ਸੁਣੀਆਂ ਤੇ ਸਮੱਸਿਆਵਾਂ ਦੇ ਹੱਲ ਦਾ ਵੀ ਭਰੋਸਾ ਦਿੱਤਾ। ਉਨ੍ਹਾਂ ਕਿਹਾ ਕਿ ਆਉਣ ਵਾਲੀਆਂ ਚੋਣਾਂ ਜਿੱਤਣ ਲਈ ਵਰਕਰ ਪੂਰੀ ਮਿਹਨਤ ਲਗਾ ਦੇਣ ਤੇ ਕੋਈ ਕਸਰ ਨਾ ਛੱਡਣ।ਇਸ ਮੌਕੇ ਵੱਖ-ਵੱਖ ਪਿੰਡਾਂ ਦੇ ਮੌਜੂਦਾ ਸਰਪੰਚ, ਸਾਬਕਾ ਸਰਪੰਚ, ਬਲਾਕ ਸੰਮਤੀ ਮੈਂਬਰ, ਬਲਾਕ ਪ੍ਰਧਾਨ, ਵਰਕਰ ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਚੇਅਰਮੈਨ ਤੇ ਹੋਰ ਆਮ ਆਦਮੀ ਪਾਰਟੀ ਦੇ ਅਹੁਦੇਦਾਰ ਸਨ।

# ਕੈਬਨਿਟ ਮੰਤਰੀ ਸੌਂਦ ਤੇ ਡਾ. ਬਲਜੀਤ ਕੌਰ ਨੇ 'ਮਲੋਟ ਕਰਾਫਟ ਕੋਰੀਡੋਰ' ਪ੍ਰੋਜੈਕਟ ਦਾ ਰੱਖਿਆ ਨੀਂਹ ਪੱਥਰ



**ਸ੍ਰੀ ਮੁਕਤਸਰ ਸਾਹਿਬ/ਮਲੋਟ (ਸ਼ਮਿੰਦਰ ਪਾਲ, ਪੂਜਾ/ਰਜਿੰਦਰ ਜੁਨੇਜਾ)**-ਪੰਜਾਬ ਦੇ ਸੈਰ-ਸਪਾਟਾ ਤੇ ਸੱਭਿਆਚਾਰਕ ਮਾਮਲੇ ਮੰਤਰੀ ਪੰਜਾਬ ਸ. ਤਰੁਣਪ੍ਰੀਤ ਸਿੰਘ ਸੌਂਦ ਤੇ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਦੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਵੱਲੋਂ ਵਿਧਾਨ ਸਭਾ ਹਲਕਾ ਮਲੋਟ ਵਿਖੇ ਸ੍ਰੀ ਗੁਰੂ ਰਵਿਦਾਸ ਨਗਰ 'ਚ 15 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਹੋਣ ਵਾਲੇ 'ਮਲੋਟ ਕਰਾਫਟ ਕੋਰੀਡੋਰ' ਪ੍ਰੋਜੈਕਟ ਦਾ ਨੀਂਹ ਪੱਥਰ ਰੱਖਿਆ।ਇਸ ਮੌਕੇ ਕੈਬਨਿਟ ਮੰਤਰੀ ਸ. ਸੌਂਦ ਜਾਣਕਾਰੀ ਦਿੰਦਿਆਂ ਦੱਸਿਆ ਕਿ 'ਮਲੋਟ ਕਰਾਫਟ ਕੋਰੀਡੋਰ' ਪ੍ਰੋਜੈਕਟ ਅਧੀਨ ਤਿਆਰ ਹੋਣ ਵਾਲੀ ਹੈਰੀਟੇਜ ਸਟਰੀਟ ਨੂੰ ਮੁਕੰਮਲ ਹੋਣ 'ਤੇ ਛੇ ਮਹੀਨਿਆਂ ਦਾ ਸਮਾਂ ਲੱਗੇਗਾ ਤੇ ਇਸ ਵਿੱਚ ਸ੍ਰੀ ਗੁਰੂ ਰਵਿਦਾਸ ਨਗਰ ਦੀਆਂ ਚਾਰ ਗਲੀਆਂ ਨੂੰ ਕਵਰ ਕੀਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਇਸ ਨਗਰ ਵਿੱਚ ਲੋਕ ਪੰਜਾਬੀ ਜੁੱਤੀਆਂ ਬਣਾਉਣ ਦਾ ਕੰਮ ਵੱਡੇ ਪੱਧਰ 'ਤੇ ਕਰਦੇ ਹਨ ਤੇ ਬਹੁਤ ਵੱਡੇ ਕਾਰੀਗਰ ਇਸ ਕੰਮ ਵਿੱਚ ਆਪਣਾ ਹੁਨਰ ਦਿਖਾ ਰਹੇ ਹਨ ਤੇ ਇਸ ਹੈਰੀਟੇਜ ਸਟਰੀਟ ਦੇ ਬਣਨ ਨਾਲ ਉਨ੍ਹਾਂ ਨੂੰ ਹੋਰ ਸੁੰਦਰਤਾ ਤੇ ਸਵੱਛਤਾ ਵਾਲਾ ਮਾਹੌਲ ਮਿਲੇਗਾ ਅਤੇ ਉਨ੍ਹਾਂ ਦੇ ਵਪਾਰ ਵਿੱਚ ਵਾਧਾ ਹੋਵੇਗਾ।ਇਸ ਮੌਕੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਮੁੱਖ ਮੰਤਰੀ ਪੰਜਾਬ ਸ੍ਰ. ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਸਭ ਉਨ੍ਹਾਂ ਦੇ ਯਤਨਾਂ ਸਦਕਾ ਹੀ ਹੋਇਆ ਹੈ, ਜਿਨ੍ਹਾਂ ਨੇ ਇਸ ਪ੍ਰੋਜੈਕਟ ਨੂੰ ਸ਼ੁਰੂ ਕਰਨ ਦੀ ਆਗਿਆ ਦਿੱਤੀ ਸੀ ਤੇ ਇਸ ਸ੍ਰੀ ਗੁਰੂ ਰਵਿਦਾਸ ਨਗਰ ਵਿੱਚ ਚੱਲ ਰਹੇ ਕਾਰੋਬਾਰ ਨੂੰ ਹੋਰ ਪ੍ਰਫੁੱਲਤ ਕਰਨ ਲਈ ਫੰਡ ਜਾਰੀ ਕੀਤੇ ਹਨ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਡੈਵੀ ਗੋਇਲ, ਚੇਅਰਮੈਨ ਸਹਿਕਾਰੀ ਬੈਂਕ ਪੰਜਾਬ ਜਗਦੇਵ ਸਿੰਘ ਬਾਮ, ਜ਼ਿਲ੍ਹਾ ਪ੍ਰਧਾਨ ਜਸ਼ਨ ਬਰਾੜ, ਕਾਰਜਕਾਰੀ ਇੰਜੀਨੀਅਰ ਦਲਜੀਤ ਸਿੰਘ, ਕਾਰਜਕਾਰੀ ਇੰਜੀਨੀਅਰ ਅਮਨਦੀਪ ਸਿੰਘ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਕੁਲਵਿੰਦਰ ਸਿੰਘ, ਨਗਰ ਕੌਂਸਲ ਪ੍ਰਧਾਨ ਮਲੋਟ ਜੋਨੀ ਗਰਗ, ਸ੍ਰੀ ਗੁਰੂ ਰਵਿਦਾਸ ਮੰਦਰ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰਵੀਨ ਕੁਮਾਰ, ਸ਼ਹਿਰੀ ਪ੍ਰਧਾਨ ਸੋਮ ਕਾਲੜਾ ਤੋਂ ਇਲਾਵਾ ਵੱਡੀ ਗਿਣਤੀ 'ਚ ਸ਼ਹਿਰ ਵਾਸੀ ਹਾਜ਼ਰ ਸਨ।

## ਗਾਂਜੇ ਤੇ ਨਜਾਇਜ਼ ਸ਼ਰਾਬ ਸਮੇਤ 3 ਕਾਬੂ

**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸੁਨਾਮ ਪੁਲਸ ਵੱਲੋਂ ਨਸ਼ਿਆਂ ਤੇ ਨਜਾਇਜ਼ ਸ਼ਰਾਬ ਖ਼ਿਲਾਫ਼ ਚਲਾਈ ਜਾ ਰਹੀ ਮੁਹਿੰਮ ਤਹਿਤ ਵੱਖ-ਵੱਖ ਮਾਮਲਿਆਂ ਵਿੱਚ 3 ਮੁਲਜ਼ਮਾਂ ਨੂੰ ਕਾਬੂ ਕਰਕੇ ਨਸ਼ੀਲੇ ਪਦਾਰਥ ਤੇ ਨਾਜਾਇਜ਼ ਸ਼ਰਾਬ ਬਰਾਮਦ ਕੀਤੀ ਗਈ।ਪਹਿਲੇ ਮਾਮਲੇ ਵਿੱਚ ਅਨਾਜ ਮੰਡੀ ਸੁਨਾਮ ਚੌਕੀ ਦੇ ਇੰਚਾਰਜ ਸਹਾਇਕ ਸਬ-ਇੰਸਪੈਕਟਰ ਜਗਦੀਪ ਸਿੰਘ ਦੀ ਅਗਵਾਈ ਹੇਠ ਪੁਲਸ ਪਾਰਟੀ ਵੱਲੋਂ ਸਮੇਤ ਗਸ਼ਤ ਦੌਰਾਨ ਮੁਖ਼ਬਰ ਦੀ ਸੂਚਨਾ 'ਤੇ ਲਖਵਿੰਦਰ ਸਿੰਘ ਪੁੱਤਰ ਦਰਸ਼ਨ ਸਿੰਘ ਤੇ ਮੀਤੋ ਪਤਨੀ ਘੱਗਾ ਸਿੰਘ, ਦੋਵੇਂ ਵਾਸੀ ਗਲੀ ਨੰਬਰ 2, ਸਟੇਡੀਅਮ ਰੋਡ, ਬਾਹਰਲਾ ਵਿਹੜਾ, ਇੰਦਰਾ ਬਸਤੀ ਸੁਨਾਮ ਨੂੰ ਕਾਬੂ ਕੀਤਾ ਗਿਆ।ਪੁਲਸ ਨੇ ਮੁਲਜ਼ਮਾਂ ਦੇ ਕਬਜ਼ੇ ਵਿੱਚੋਂ 410 ਗ੍ਰਾਮ ਗਾਂਜਾ ਬਰਾਮਦ ਕੀਤਾ।ਦੋਵਾਂ ਖ਼ਿਲਾਫ਼ ਐੱਨ.ਡੀ.ਪੀ.ਐੱਸ. ਐਕਟ ਦੀਆਂ ਧਾਰਾਵਾਂ ਕੇਸ ਦਰਜ ਕੀਤਾ ਗਿਆ ਹੈ।ਦੂਜੇ ਮਾਮਲੇ ਵਿੱਚ ਅਨਾਜ ਮੰਡੀ ਚੌਕੀ ਦੇ ਸਹਾਇਕ ਸਬ-ਇੰਸਪੈਕਟਰ ਗੁਰਸ਼ਰਨ ਸਿੰਘ ਦੀ ਅਗਵਾਈ ਹੇਠ ਪੁਲਸ ਪਾਰਟੀ ਵੱਲੋਂ ਜਾਖਲ ਰੋਡ, ਸੁਨਾਮ ਵਿਖੇ ਮੁਸਤੈਦੀ ਦੌਰਾਨ ਜਸਵੀਰ ਸਿੰਘ ਉਰਫ਼ ਜੱਸੀ ਪੁੱਤਰ ਦਲਬੀਰ ਸਿੰਘ, ਵਾਸੀ ਅੰਦਰੇਲਾ ਵਿਹੜਾ, ਇੰਦਰਾ ਬਸਤੀ ਸੁਨਾਮ ਨੂੰ ਕਾਬੂ ਕੀਤਾ ਗਿਆ। ਪੁਲਸ ਨੇ ਉਸ ਦੇ ਕਬਜ਼ੇ ਵਿੱਚੋਂ 24 ਬੋਤਲਾਂ ਨਜਾਇਜ਼ ਸ਼ਰਾਬ ਠੇਕਾ ਦੇਸੀ (ਮਾਰਕਾ ਜਲਵਾ ਪੰਜਾਬ) ਬਰਾਮਦ ਕੀਤੀਆਂ। ਮੁਲਜ਼ਮ ਖ਼ਿਲਾਫ਼ ਆਬਕਾਰੀ ਐਕਟ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ।ਪੁਲਸ ਵੱਲੋਂ ਤਿੰਨਾਂ ਮੁਲਜ਼ਮਾਂ ਨੂੰ ਹਿਰਾਸਤ ਵਿੱਚ ਲੈ ਕੇ ਅਗਲੇਰੀ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ।

## ਮਾਨ ਸਰਕਾਰ ਦੇ ਰਾਜ 'ਚ ਪੰਜਾਬ ਦਾ ਹਰ ਵਰਗ ਦੁਖੀ ਤੇ ਪ੍ਰੇਸ਼ਾਨ : ਗੁਰਮੁੱਖ ਸਿੰਘ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਸੀਨੀਅਰ ਆਗੂ ਤੇ ਵਿਧਾਨ ਸਭਾ ਹਲਕਾ ਮਹਿਲ ਕਲਾਂ ਤੋਂ ਕਾਂਗਰਸ ਦੇ ਸੰਭਾਵੀ ਉਮੀਦਵਾਰ ਐਡਵੋਕੇਟ ਗੁਰਮੁੱਖ ਸਿੰਘ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਦੇ ਕਾਰਜਕਾਲ ਦੌਰਾਨ ਪੰਜਾਬ ਦਾ ਹਰ ਵਰਗ ਆਪਣੇ ਆਪ ਨੂੰ ਦੁਖੀ ਤੇ ਪ੍ਰੇਸ਼ਾਨ ਮਹਿਸੂਸ ਕਰ ਰਿਹਾ ਹੈ।ਉਨ੍ਹਾਂ ਦਾਅਵਾ ਕੀਤਾ ਕਿ ਵਿਧਾਨ ਸਭਾ ਚੋਣਾਂ ਦੌਰਾਨ ਆਮ ਆਦਮੀ ਪਾਰਟੀ ਵੱਲੋਂ ਕੀਤੇ ਗਏ ਵਾਅਦੇ ਪੂਰੇ ਨਾ ਹੋਣ ਕਾਰਨ ਲੋਕਾਂ ਵਿੱਚ ਸਰਕਾਰ ਪ੍ਰਤੀ ਨਿਰਾਸ਼ਾ ਵਧ ਰਹੀ ਹੈ।ਐਡਵੋਕੇਟ ਗੁਰਮੁੱਖ ਸਿੰਘ ਨੇ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਦੀ ਸਮੱਸਿਆ ਗੰਭੀਰ ਚਿੰਤਾ ਦਾ ਵਿਸ਼ਾ ਬਣੀ ਹੋਈ ਹੈ।ਉਨ੍ਹਾਂ ਦਾਅਵਾ ਕੀਤਾ ਕਿ ਨਸ਼ਿਆਂ ਕਾਰਨ ਕਈ ਪਰਵਾਰ ਪ੍ਰਭਾਵਿਤ ਹੋ ਰਹੇ ਹਨ ਤੇ ਨੌਜਵਾਨਾਂ ਦਾ ਭਵਿੱਖ ਖਤਰੇ ਵਿੱਚ ਪੈ ਰਿਹਾ ਹੈ।ਉਨ੍ਹਾਂ ਸਰਕਾਰ ਤੋਂ ਨਸ਼ਿਆਂ ਦੀ ਰੋਕਥਾਮ ਲਈ ਹੋਰ ਪ੍ਰਭਾਵਸ਼ਾਲੀ ਤੇ ਸਖ਼ਤ ਕਦਮ ਚੁੱਕਣ ਦੀ ਮੰਗ ਕੀਤੀ।ਐਡਵੋਕੇਟ ਗੁਰਮੁੱਖ ਸਿੰਘ ਨੇ ਕਾਂਗਰਸ ਹਾਈਕਮਾਂਡ ਵੱਲੋਂ ਪੰਜਾਬ ਮਾਮਲਿਆਂ ਦੇ ਇੰਚਾਰਜ ਦੀ ਕੀਤੀ ਗਈ ਨਿਯੁਕਤੀ ਦਾ ਸਵਾਗਤ ਕਰਦਿਆਂ ਕਿਹਾ ਕਿ ਨਵੀਂ ਅਗਵਾਈ ਹੇਠ ਪੰਜਾਬ ਕਾਂਗਰਸ ਹੋਰ ਮਜ਼ਬੂਤ ਹੋਵੇਗੀ।ਉਨ੍ਹਾਂ ਕਿਹਾ ਕਿ ਪਾਰਟੀ ਦੀ ਜਥੇਬੰਦਕ ਤਿਆਰੀ ਤੇ ਵਰਕਰਾਂ ਦੀ ਮਿਹਨਤ ਨਾਲ ਕਾਂਗਰਸ ਆਉਣ ਵਾਲੇ ਸਮੇਂ ਵਿੱਚ ਲੋਕਾਂ ਦਾ ਭਰੋਸਾ ਜਿੱਤਣ ਲਈ ਪੂਰੀ ਤਰ੍ਹਾਂ ਯਤਨਸ਼ੀਲ ਰਹੇਗੀ।

# ਕਲੇਰ ਨੂੰ ਚੋਣ ਮੈਨੀਫੈਸਟੋ ਕਮੇਟੀ 'ਚ ਸ਼ਾਮਲ ਕੀਤੇ ਜਾਣ 'ਤੇ ਹਲਕੇ ਦੇ ਅਕਾਲੀ ਵਰਕਰਾਂ 'ਚ ਖੁਸ਼ੀ ਦੀ ਲਹਿਰ



**ਜਗਰਾਉਂ (ਅਮਿਤ ਖੰਨਾ, ਨਛੱਤਰ ਸੰਧੂ)**-ਸ਼੍ਰੋਮਣੀ ਅਕਾਲੀ ਦਲ ਵੱਲੋਂ ਹਲਕਾ ਜਗਰਾਉਂ ਤੋਂ ਪਾਰਟੀ ਦੇ ਕੋਰ ਕਮੇਟੀ ਮੈਂਬਰ ਤੇ ਹਲਕਾ ਇੰਚਾਰਜ ਐੱਸ. ਆਰ. ਕਲੇਰ ਸਾਬਕਾ ਵਿਧਾਇਕ ਨੂੰ ਪਾਰਟੀ ਦੀ ਚੋਣ ਮੈਨੀਫੈਸਟੋ ਕਮੇਟੀ ਵਿੱਚ ਸ਼ਾਮਲ ਕੀਤੇ ਜਾਣ 'ਤੇ ਹਲਕਾ ਜਗਰਾਉਂ ਦੇ ਅਕਾਲੀ ਵਰਕਰਾਂ, ਜਥੇਬੰਦੀਆਂ ਤੇ ਅਹੁਦੇਦਾਰਾਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ।ਪਾਰਟੀ ਵੱਲੋਂ ਐੱਸ. ਆਰ. ਕਲੇਰ ਨੂੰ ਦਿੱਤੇ ਇਸ ਮਾਣ-ਸਨਮਾਨ ਨੂੰ ਸਮੁੱਚੇ ਹਲਕਾ ਜਗਰਾਉਂ ਲਈ ਵੱਡੀ ਪ੍ਰਾਪਤੀ ਤੇ ਮਾਣ ਵਾਲੀ ਗੱਲ ਵਜੋਂ ਦੇਖਿਆ ਜਾ ਰਿਹਾ ਹੈ।ਇਸ ਮੌਕੇ ਹਲਕਾ ਜਗਰਾਉਂ ਦੇ ਸਮੂਹ ਅਕਾਲੀ ਆਗੂਆਂ ਤੇ ਵਰਕਰਾਂ ਨੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ੍ਰ. ਸੁਖਬੀਰ ਸਿੰਘ ਬਾਦਲ ਤੇ ਸਮੁੱਚੀ ਹਾਈਕਮਾਂਡ ਦਾ ਧੰਨਵਾਦ ਕੀਤਾ।

ਆਗੂਆਂ ਨੇ ਕਿਹਾ ਕਿ ਕਲੇਰ ਸਾਹਿਬ ਦੇ ਲੰਬੇ ਸਿਆਸੀ ਤਜਰਬੇ ਤੇ ਲੰਮਾ ਸਮਾਂ ਪੀ.ਸੀ.ਐੱਸ. ਅਫ਼ਸਰ ਵਜੋਂ ਸੇਵਾ ਨਿਭਾਉਣ ਦੇ ਤਜਰਬੇ ਦਾ ਲਾਭ ਪਾਰਟੀ ਦੇ ਮੈਨੀਫੈਸਟੋ ਨੂੰ ਤਿਆਰ ਕਰਨ ਵਿੱਚ ਮਿਲੇਗਾ।ਉਨ੍ਹਾਂ ਕਿਹਾ ਕਿ ਕਲੇਰ ਸਾਹਿਬ ਆਪਣੇ ਤਜਰਬੇ ਰਾਹੀਂ ਪੰਜਾਬ ਅਤੇ ਹਲਕਾ ਜਗਰਾਉਂ ਨਾਲ ਸਬੰਧਤ ਲੋਕਾਂ ਦੇ ਅਹਿਮ ਮੁੱਦੇ ਮੈਨੀਫੈਸਟੋ ਵਿੱਚ ਉਭਾਰਨ ਲਈ ਆਪਣੀ ਭੂਮਿਕਾ ਨਿਭਾਉਣਗੇ। ਇਨ੍ਹਾਂ ਵਿੱਚ ਕਿਸਾਨੀ, ਨੌਜਵਾਨਾਂ ਲਈ ਰੁਜ਼ਗਾਰ, ਉਦਯੋਗ, ਸਿੱਖਿਆ, ਸਿਹਤ, ਬਿਜਲੀ, ਪਾਣੀ, ਪਿੰਡਾਂ ਦੇ ਵਿਕਾਸ ਅਤੇ ਹੋਰ ਲੋਕ-ਹਿੱਤ ਦੇ ਮੁੱਦੇ ਪ੍ਰਮੁੱਖ ਰਹਿਣਗੇ।ਆਗੂਆਂ ਨੇ ਕਿਹਾ ਕਿ ਚੋਣ ਮੈਨੀਫੈਸਟੋ ਕਮੇਟੀ ਵਿੱਚ ਹਲਕਾ ਜਗਰਾਉਂ ਦੀ ਨੁਮਾਇੰਦਗੀ ਮਿਲਣਾ ਸਮੁੱਚੀ ਹਲਕਾ ਜਥੇਬੰਦੀ ਲਈ ਮਾਣ ਵਾਲੀ ਗੱਲ ਹੈ।ਇਸ ਮੌਕੇ ਸਾਬਕਾ ਵਿਧਾਇਕ ਭਾਗ ਸਿੰਘ ਮੱਲਾ, ਐੱਸਜੀਪੀਸੀ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਸਾਬਕਾ ਚੇਅਰਮੈਨ ਕਮਲਜੀਤ ਸਿੰਘ ਮੱਲਾ, ਜ਼ਿਲ੍ਹਾ ਪ੍ਰਧਾਨ ਚੰਦ ਸਿੰਘ ਡੱਲਾ, ਸਾਬਕਾ ਚੇਅਰਮੈਨ ਦੀਦਾਰ ਸਿੰਘ ਮਲਕ, ਹਲਕਾ ਯੂਥ ਪ੍ਰਧਾਨ ਜਸਪ੍ਰੀਤ ਸਿੰਘ ਲੱਖਾ, ਐੱਸ ਸੀ ਵਿੰਗ ਹਲਕਾ ਪ੍ਰਧਾਨ ਰੇਸ਼ਮ ਸਿੰਘ ਮਾਣੂੰਕੇ, ਬੀ ਸੀ ਵਿੰਗ ਹਲਕਾ ਪ੍ਰਧਾਨ ਪਰਮਿੰਦਰ ਸਿੰਘ, ਇਸਤਰੀ ਹਲਕਾ ਪ੍ਰਧਾਨ ਬੀਬੀ ਸਤਪਾਲ ਕੌਰ ਗਰੇਵਾਲ, ਤੋਂ ਇਲਾਵਾ ਸਰਕਲ ਪ੍ਰਧਾਨਾਂ, ਹੋਰ ਵਰਕਰਾਂ ਤੇ ਆਗੂਆਂ ਨੇ ਪਾਰਟੀ ਦਾ ਧੰਨਵਾਦ ਕਰਦਿਆਂ ਸ੍ਰੀ ਐੱਸ ਆਰ ਕਲੇਰ ਨੂੰ ਵਧਾਈ ਦਿੱਤੀ।

# ਐੱਸ ਡੀ ਐੱਮ ਦੀ ਨੌਕਰੀ ਛੱਡ ਰਾਜਲਾ ਵਾਰਸ ਪੰਜਾਬ 'ਚ ਹੋਏ ਸ਼ਾਮਲ

**ਸਮਾਣਾ (ਇਕਬਾਲ ਸਿੰਘ ਬੱਲ)**

ਇਲਾਕੇ ਦੀ ਪ੍ਰਸ਼ਾਸਨਕ ਤੇ ਸਿਆਸੀ ਫਿਜ਼ਾ ਵਿੱਚ ਉਸ ਵੇਲੇ ਵੱਡੀ ਹਲਚਲ ਦੇਖਣ ਨੂੰ ਮਿਲੀ, ਜਦੋਂ ਐੱਸ ਡੀ ਐੱਮ ਦੇ ਅਹੁਦੇ 'ਤੇ ਤਾਇਨਾਤ ਰਹੇ ਸ੍ਰ. ਮਨਜੀਤ ਸਿੰਘ ਰਾਜਲਾ ਸਰਕਾਰੀ ਸੇਵਾ ਤੋਂ ਸਮੇਂ ਤੋਂ ਪਹਿਲਾਂ (ਵਲੰਟੀਅਰੀ) ਰਿਟਾਇਰਮੈਂਟ ਲੈ ਕੇ ਪ੍ਰੈੱਸ ਕਾਨਫਰੰਸ ਦੌਰਾਨ 'ਅਕਾਲੀ ਦਲ ਵਾਰਸ ਪੰਜਾਬ' ਵਿੱਚ ਰਸਮੀ ਤੌਰ 'ਤੇ ਸ਼ਾਮਲ ਹੋ ਗਏ ਸਨ।ਇਸ ਤੋਂ ਬਾਅਦ ਹੁਣ ਉਨ੍ਹਾਂ ਨੇ ਸਮਾਣਾ ਹਲਕੇ ਵਿੱਚ ਸਰਗਰਮ ਹੋ ਕੇ ਲੋਕਾਂ ਦੀ ਸੇਵਾ ਕਰਨੀ ਸ਼ੁਰੂ ਕਰ ਦਿੱਤੀ ਹੈ।ਜਾਣਕਾਰੀ ਅਨੁਸਾਰ ਸ੍ਰ. ਮਨਜੀਤ ਸਿੰਘ ਰਾਜਲਾ ਨੇ ਆਪਣੇ ਪ੍ਰਸ਼ਾਸਨਕ ਕਾਰਜਕਾਲ ਦੌਰਾਨ ਵੱਖ-ਵੱਖ ਉੱਚ ਅਹੁਦਿਆਂ 'ਤੇ ਰਹਿੰਦਿਆਂ ਆਪਣੀਆਂ ਜ਼ਿੰਮੇਵਾਰੀਆਂ ਨੂੰ ਬੜੀ ਇਮਾਨਦਾਰੀ, ਨਿਸ਼ਠਾ ਤੇ ਦ੍ਰਿੜ੍ਹਤਾ ਨਾਲ ਨਿਭਾਇਆ ਹੈ।ਸਰਕਾਰੀ ਨੌਕਰੀ ਨੂੰ ਅਲਵਿਦਾ ਕਹਿ ਕੇ ਜਨਤਕ ਸੇਵਾ ਦੇ ਖੇਤਰ ਵਿੱਚ ਆਉਣ ਨਾਲ ਉਹ ਇਲਾਕੇ ਵਿੱਚ ਇੱਕ ਮਜ਼ਬੂਤ ਤੇ ਇਮਾਨਦਾਰ ਨੇਤਾ ਵਜੋਂ ਉੱਭਰ ਰਹੇ ਹਨ।ਦੱਸਣਯੋਗ ਹੈ ਕਿ ਮਨਜੀਤ ਸਿੰਘ ਰਾਜਲਾ ਦੇ ਸਵਰਗੀ ਪਿਤਾ ਜਥੇਦਾਰ ਹਰਦਿਆਲ ਸਿੰਘ ਰਾਜਲਾ ਸਮਾਣਾ ਹਲਕੇ ਤੋਂ ਵਿਧਾਇਕ ਰਹਿ ਚੁੱਕੇ ਹਨ, ਜਿਨ੍ਹਾਂ ਨੇ ਆਪਣੇ ਕਾਰਜਕਾਲ ਦੌਰਾਨ ਸ਼੍ਰੋਮਣੀ ਅਕਾਲੀ ਦਲ ਦੇ ਸਰਗਰਮ ਆਗੂ ਵਜੋਂ ਇਲਾਕੇ ਦੇ ਸਰਬਪੱਖੀ ਵਿਕਾਸ ਲਈ ਇਤਿਹਾਸਕ ਦੇਣ ਦਿੱਤੀ।ਆਪਣੇ ਪਿਤਾ ਦੀ ਇਸੇ ਜਨ-ਸੇਵਾ ਦੀ ਵਿਰਾਸਤ ਤੇ ਆਪਣੇ ਲੰਬੇ ਪ੍ਰਸ਼ਾਸਨਕ ਤਜਰਬੇ ਨੂੰ ਨਾਲ ਲੈ ਕੇ ਹੁਣ ਮਨਜੀਤ ਸਿੰਘ ਰਾਜਲਾ ਵੱਲੋਂ ਸਮਾਣਾ ਹਲਕੇ ਵਿੱਚ ਸ਼ੁਰੂ ਕੀਤੀ ਗਈ ਸਰਗਰਮ ਰਾਜਨੀਤਕ ਤੇ ਸਮਾਜਿਕ ਪਾਰੀ ਨਾਲ ਹਲਕੇ ਦੀ ਸਿਆਸਤ ਵਿੱਚ ਇੱਕ ਨਵਾਂ ਮੋੜ ਆ ਗਿਆ ਹੈ।ਉਹ ਹਲਕੇ ਦੇ ਆਗੂਆਂ ਤੇ ਵਰਕਰਾਂ ਨਾਲ ਲਗਾਤਾਰ ਸੰਪਰਕ ਕਰਕੇ ਪਾਰਟੀ ਦੀ ਮਜ਼ਬੂਤੀ ਲਈ ਦਿਨ-ਰਾਤ ਮਿਹਨਤ ਕਰ ਰਹੇ ਹਨ।

**■ ਸਮਾਣਾ ਹਲਕੇ 'ਚ ਸ਼ੁਰੂ ਕੀਤੀ ਲੋਕ ਸੇਵਾ**



## ਪਲੇਸਮੈਂਟ ਕੈਂਪ ਅੱਜ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਜ਼ਿਲ੍ਹਾ ਰੁਜ਼ਗਾਰ ਤੇ ਕਾਰੋਬਾਰ ਬਿਊਰੋ ਫਾਜ਼ਿਲਕਾ ਦੇ ਪਲੇਸਮੈਂਟ ਅਫਸਰ ਸ੍ਰੀ ਰਾਜ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਐਕਸਿਸ ਬੈਂਕ ਵੱਲੋਂ ਸਹਾਇਕ ਮੈਨੇਜਰ ਦੇ ਅਹੁਦੇ ਲਈ ਪਲੇਸਮੈਂਟ ਕੈਂਪ ਲਾਇਆ ਜਾ ਰਿਹਾ ਹੈ।

ਇਹ ਕੈਂਪ 16 ਸਤੰਬਰ 2026 ਨੂੰ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ, ਕਮਰਾ ਨੰ. 502, ਚੌਥੀ ਮੰਜ਼ਿਲ, ਡੀ.ਸੀ. ਕੰਪਲੈਕਸ, ਫਾਜ਼ਿਲਕਾ ਵਿਖੇ ਸਵੇਰੇ 10 ਵਜੇ ਤੋਂ ਲਗਾਇਆ ਜਾਵੇਗਾ।ਪਲੇਸਮੈਂਟ ਅਫਸਰ ਰਾਜ ਕੁਮਾਰ ਨੇ ਕਿਹਾ ਕਿ ਚਾਹਵਾਨ ਉਮੀਦਵਾਰਾਂ ਨੂੰ ਪਲੇਸਮੈਂਟ ਕੈਂਪ ਵਿੱਚ ਭਾਗ ਲੈਣ ਲਈ ਰਜਿਸਟ੍ਰੇਸ਼ਨ ਫਾਰਮ https://forms.gle/GIZHGEKwaeERsmuvH ਭਰੇ ਜਾਣ।ਵਧੇਰੇ ਜਾਣਕਾਰੀ ਲਈ 89060-22220, 79861-15001 'ਤੇ ਸੰਪਰਕ ਕੀਤਾ ਜਾ ਸਕਦਾ ਹੈ।

## ਪੱਤਰਕਾਰ ਗੁਰਦੇਵ ਮੁੱਲਾਂਪੁਰੀ ਦੀ ਪਤਨੀ ਦੇ ਦਿਹਾਂਤ 'ਤੇ ਦੁੱਖ ਦਾ ਪ੍ਰਗਟਾਵਾ



**ਲੁਧਿਆਣਾ (ਰੈਕਟਰ ਕਥੂਰੀਆ)**-ਪ੍ਰੋ. ਮੋਹਨ ਸਿੰਘ ਮੈਮੋਰੀਅਲ ਫਾਊਂਡੇਸ਼ਨ ਵੱਲੋਂ ਉੱਘੇ ਪੱਤਰਕਾਰ ਗੁਰਦੇਵ ਮੁੱਲਾਪੁਰੀ ਦੀ ਪਤਨੀ ਕਮਲੇਸ਼ ਕੌਰ ਦੇ ਦੇਹਾਂਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।ਬੀਬੀ ਕਮਲੇਸ਼ ਕੌਰ ਪਿਛਲੇ ਕਾਫੀ ਸਮੇਂ ਤੋਂ ਬਿਮਾਰ ਸਨ।ਇਸ ਮੌਕੇ ਫਾਊਂਡੇਸ਼ਨ ਦੇ ਪ੍ਰਧਾਨ ਰਾਜੀਵ ਲਵਲੀ, ਚੇਅਰਮੈਨ ਗੁਰਨਾਮ ਸਿੰਘ ਧਾਲੀਵਾਲ, ਸਰਪ੍ਰਸਤ ਪ੍ਰਗਟ ਸਿੰਘ ਗਰੇਵਾਲ, ਡਾ. ਗੁਰਭਜਨ ਸਿੰਘ ਗਿੱਲ, ਨਿਰਮਲ ਜੌੜਾ, ਚੇਅਰਮੈਨ ਮੇਲਾ ਕਮੇਟੀ ਪ੍ਰਿਥੀਪਾਲ ਸਿੰਘ ਬਟਾਲਾ, ਅਮਰਿੰਦਰ ਸਿੰਘ ਜੱਸੋਵਾਲ, ਕ੍ਰਿਸ਼ਨ ਕੁਮਾਰ ਬਾਵਾ, ਮਲਕੀਅਤ ਸਿੰਘ ਦਾਖਾ ਵੱਲੋਂ ਗੁਰਦੇਵ ਮੁੱਲਾਂਪੁਰੀ ਦੇ ਪਤਨੀ ਦੇ ਦਿਹਾਂਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।ਉਨ੍ਹਾਂ ਕਿਹਾ ਕਿ ਫਾਊਂਡੇਸ਼ਨ ਇਸ ਦੁੱਖ ਦੀ ਘੜੀ ਵਿੱਚ ਪੀੜਤ ਪਰਵਾਰ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜੀ ਹੈ।

# ਅਧਿਆਪਕਾਂ ਵੱਲੋਂ ਗੈਰ-ਵਿੱਦਿਅਕ ਕੰਮਾਂ ਦਾ ਮੁਕੰਮਲ ਬਾਈਕਾਟ



**ਮੋਗਾ (ਇਕਬਾਲ ਸਿੰਘ ਖਹਿਰਾ)**

ਮਾਸਟਰ ਕੇਡਰ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਬਲਜਿੰਦਰ ਧਾਲੀਵਾਲ, ਬੀ ਐੱਡ ਅਧਿਆਪਕ ਫਰੰਟ ਦੇ ਸੂਬਾ ਪ੍ਰਧਾਨ ਪਰਗਟਜੀਤ ਸਿੰਘ ਕਿਸ਼ਨਪੁਰਾ, ਡੀ.ਟੀ.ਐੱਫ. ਦੇ ਸੂਬਾ ਪ੍ਰਧਾਨ ਦਿਗਵਿਜੇ ਪਾਲ ਸ਼ਰਮਾ, ਅਧਿਆਪਕ ਦਲ ਦੇ ਸੂਬਾ ਜਨਰਲ ਸਕੱਤਰ ਹਰਜੰਟ ਸਿੰਘ ਬੌਡੇ, ਗੌਰਮਿੰਟ ਟੀਚਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਜੱਜਪਾਲ ਸਿੰਘ ਬਾਜੇਕੇ, ਐਲੀਮੈਂਟਰੀ ਟੀਚਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸੁਰਿੰਦਰ ਕੁਮਾਰ ਸ਼ਰਮਾ, ਫਿਜ਼ੀਕਲ ਐਜੂਕੇਸ਼ਨ ਐਸੋਸੀਏਸ਼ਨ ਦੇ ਸੂਬਾ ਜਨਰਲ ਸਕੱਤਰ ਇੰਦਰਪਾਲ ਸਿੰਘ, ਸੁਖਪਾਲ ਸਿੰਘ ਜ਼ਿਲ੍ਹਾ ਪ੍ਰਧਾਨ ਡੀਟੀਐੱਫ, ਸ਼ਮਸ਼ੇਰ ਸਿੰਘ ਜ਼ਿਲ੍ਹਾ ਪ੍ਰਧਾਨ ਮਾਸਟਰ ਟਡਰ ਯੂਨੀਅਨ, ਕੁਲਵਿੰਦਰ ਸਿੰਘ ਜ਼ਿਲ੍ਹਾ ਪ੍ਰਧਾਨ ਅਧਿਆਪਕ ਦਲ, ਐੱਸਸੀ/ਬੀਸੀ ਟੀਚਰ ਯੂਨੀਅਨ ਤੋਂ ਵੀਰ ਸਿੰਘ, ਈਟੀਟੀ ਟੀਚਰ ਯੂਨੀਅਨ ਤੋਂ ਮਨਮੀਤ ਰਾਏ ਵੱਲੋਂ ਸਾਂਝੇ ਤੌਰ 'ਤੇ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪੰਜਾਬ ਦੇ ਸਰਕਾਰੀ ਸਕੂਲਾਂ ਦੇ ਅਧਿਆਪਕਾਂ ਨੇ ਆਪਣੇ 'ਤੇ ਥੋਪੇ ਜਾ ਰਹੇ ਗੈਰ-ਵਿੱਦਿਅਕ ਕੰਮਾਂ ਦਾ ਮੁਕੰਮਲ ਬਾਈਕਾਟ ਕਰਨ ਦਾ ਐਲਾਨ ਕੀਤਾ ਹੈ।ਵੱਖ-ਵੱਖ ਅਧਿਆਪਕ ਜਥੇਬੰਦੀਆਂ ਦੇ ਆਗੂਆਂ ਦੀ ਆਨਲਾਈਨ ਮੀਟਿੰਗ ਦੌਰਾਨ ਸਰਬਸੰਮਤੀ ਨਾਲ ਫੈਸਲਾ ਲਿਆ ਗਿਆ ਕਿ 15 ਸਤੰਬਰ ਤੋਂ ਐੱਸ.ਐੱਮ.ਸੀ. ਕਮੇਟੀਆਂ ਦੀਆਂ ਮੀਟਿੰਗਾਂ ਵਿੱਚ ਅਧਿਆਪਕ ਸਰਕਾਰ ਦੀਆਂ ਗੈਰ-ਵਿੱਦਿਅਕ ਸਕੀਮਾ ਦਾ ਪ੍ਰਚਾਰ ਨਹੀਂ ਕਰਨਗੇ।ਇਸ ਦੀ ਬਜਾਏ ਗੈਰ-ਵਿੱਦਿਅਕ ਕੰਮਾਂ ਕਾਰਨ ਅਧਿਆਪਕਾਂ ਤੇ ਕਿਸੇ ਵੀ ਤਰ੍ਹਾਂ ਦਾ ਦਬਾਅ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਅਧਿਆਪਕ ਆਗੂਆਂ ਨੇ ਕਿਹਾ ਕਿ ਸਕੂਲਾਂ ਵਿੱਚ ਅਧਿਆਪਕਾਂ ਤੋਂ ਪੜ੍ਹਾਉਣ ਤੋਂ ਇਲਾਵਾ ਬੇਲੋੜੀਆ ਡਾਕਾ ਤਿਆਰ ਕਰਵਾਉਣ, ਗੂਗਲ ਫਾਰਮ ਭਰਵਾਉਣ, ਵੱਖ ਵੱਖ ਆਨਲਾਈਨ ਪੋਰਟਲਾਂ 'ਤੇ ਅੰਕੜੇ ਦਰਜ ਕਰਵਾਉਣ, ਰਾਸ਼ਨ ਕਾਰਡਾਂ ਦੀ ਤੇ ਸਰਵੇਖਣਾਂ ਲਈ ਸਕੂਲਾਂ ਤੋਂ ਬਾਹਰ ਡਿਊਟੀਆਂ ਲਗਾਉਣ ਵਰਗੇ ਕੰਮ ਕਰਵਾਏ ਜਾ ਰਹੇ ਹਨ।ਇਸ ਕਾਰਨ ਅਧਿਆਪਕਾਂ ਦਾ ਕੀਮਤੀ ਸਮਾਂ ਕਲਾਸ ਰੂਮ ਤੋਂ ਬਾਹਰ ਲੱਗ ਰਿਹਾ ਹੈ ਅਤੇ ਵਿਦਿਆਰਥੀਆ ਦੀ ਪੜ੍ਹਾਈ ਪ੍ਰਭਾਵਿਤ ਹੋ ਰਹੀ ਹੈ।ਉਨ੍ਹਾਂ ਕਿਹਾ ਕਿ ਹੁਣ ਅਧਿਆਪਕ ਸਿਰਫ਼ ਵਿਦਿਆਰਥੀਆਂ ਦੀ ਪੜ੍ਹਾਈ ਤੇ ਵਿੱਦਿਅਕ ਗਤੀਵਿਧੀਆਂ 'ਤੇ ਧਿਆਨ ਕੇਂਦਰਿਤ ਕਰਨਗੇ। ਆਗੂਆਂ ਨੇ ਸਰਕਾਰ ਨੂੰ ਚਿਤਾਵਨੀ ਦਿੱਤੀ ਕਿ ਜੇਕਰ ਮਿੱਡ-ਡੇਅ-ਮੀਲ, ਸਕੂਲੀ ਖੇਡਾਂ ਤੇ ਸਕੂਲਾਂ ਦੀ ਸਫ਼ਾਈ ਲਈ ਫੰਡ ਜਾਰੀ ਕਰਨ ਦੇ ਨਾਲ ਪੁਰਾਣੇ ਬਕਾਏ ਵੀ ਜਲਦ ਜਾਰੀ ਨਾ ਕੀਤੇ ਤਾਂ ਅਧਿਆਪਕ ਸੰਘਰਸ਼ ਲਈ ਮਜਬੂਰ ਹੋਣਗੇ।

# ਉਸਾਰੂ ਸਾਹਿਤ ਸਮੇਂ ਦੀ ਮੁੱਖ ਲੋੜ : ਅਨੋਖ ਸਿੰਘ ਵਿਰਕ

**ਭਵਾਨੀਗੜ੍ਹ (ਰਾਜ ਖੁਰਮੀ)**

ਸਾਹਿਤ ਸਿਰਜਣਾ ਮੰਚ ਭਵਾਨੀਗੜ੍ਹ ਵੱਲੋਂ ਉੱਘੇ ਗਲਪਕਾਰ ਸ੍ਰ. ਅਨੋਖ ਸਿੰਘ ਵਿਰਕ ਦੀ ਪ੍ਰਧਾਨਗੀ ਹੇਠ ਮਹੀਨਾਵਾਰ ਸਾਹਿਤਕ ਸਮਾਗਮ ਕਰਵਾਇਆ ਗਿਆ।ਇਹ ਸਮਾਗਮ ਅਧਿਆਪਕ ਦਿਵਸ ਨੂੰ ਸਮਰਪਤ ਰਿਹਾ, ਜਿਸ ਦੌਰਾਨ ਸਮਾਜ ਵਿੱਚ ਅਧਿਆਪਕ ਦੇ ਦਿਨੋਂ-ਦਿਨ ਘਟ ਰਹੇ ਸਤਿਕਾਰ 'ਤੇ ਚਿੰਤਾ ਪ੍ਰਗਟ ਕਰਦਿਆਂ ਇਸ ਦੇ ਕਾਰਨਾਂ ਤੇ ਅਧਿਆਪਨ ਖੇਤਰ ਵਿੱਚ ਆ ਰਹੀਆਂ ਮੁਸ਼ਕਲਾਂ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ।ਸਮਾਗਮ ਦੌਰਾਨ ਅਧਿਆਪਕ ਦੇ ਸਤਿਕਾਰ ਨੂੰ ਮੁੜ ਬਹਾਲ ਕਰਨ ਤੇ ਅਧਿਆਪਨ ਦੇ ਖੇਤਰ ਨੂੰ ਦਰਪੇਸ਼ ਸਮੱਸਿਆਵਾਂ ਦੇ ਹੱਲ ਲਈ ਵੀ ਵਿਚਾਰ ਸਾਂਝੇ ਕੀਤੇ ਗਏ।ਇਸ ਮੌਕੇ ਗੀਤਕਾਰ ਕਰਨੈਲ ਨਿਗਾਹੀ ਬੀਂਬੜ ਦੇ ਮਾਰਕੀਟ ਵਿੱਚ ਆਉਣ ਵਾਲੇ ਦੂਜੇ ਗੀਤ 'ਸਾਰਾ ਪਿੰਡ' ਦਾ ਪੋਸਟਰ ਵੀ ਰਿਲੀਜ਼ ਕੀਤਾ ਗਿਆ।ਇਸ ਮੌਕੇ ਸੰਬੋਧਨ ਕਰਦਿਆਂ ਸ. ਅਨੋਖ ਸਿੰਘ ਵਿਰਕ ਨੇ ਕਿਹਾ ਕਿ ਅਜੋਕੇ ਸਮਾਜ ਵਿੱਚ ਉਸਾਰੂ ਸਾਹਿਤ ਦੀ ਬੇਹੱਦ ਲੋੜ ਹੈ।ਸਾਹਿਤ ਸਮਾਜ ਨੂੰ ਸਹੀ ਦਿਸ਼ਾ ਦੇਣ ਅਤੇ ਨੌਜਵਾਨ ਪੀੜ੍ਹੀ ਨੂੰ ਚੰਗੇ ਵਿਚਾਰਾਂ ਨਾਲ ਜੋੜਨ ਦਾ ਮਹੱਤਵਪੂਰਨ ਸਾਧਨ ਹੈ ਉਨ੍ਹਾਂ ਨੌਜਵਾਨ ਪੀੜ੍ਹੀ ਨੂੰ ਸਾਫ਼-ਸੁਥਰੇ ਅਤੇ ਉਸਾਰੂ ਗੀਤ ਲਿਖਣ ਲਈ ਪ੍ਰੇਰਿਤ ਕੀਤਾ।ਮੰਚ ਦੇ ਸਰਪ੍ਰਸਤ ਸ. ਚਰਨ ਸਿੰਘ ਚੋਪੜਾ ਨੇ ਅਧਿਆਪਨ ਦੇ ਮਹੱਤਵ ਸਬੰਧੀ ਆਪਣੇ ਵਡਮੁੱਲੇ ਵਿਚਾਰ ਸਾਂਝੇ ਕਰਦਿਆਂ ਸਮਾਗਮ ਵਿੱਚ ਪਹੁੰਚੇ ਸ਼ਾਇਰਾਂ, ਪਾਠਕਾਂ, ਸਰੋਤਿਆਂ ਅਤੇ ਫਨਕਾਰਾਂ ਦਾ ਮੰਚ ਵੱਲੋਂ ਸਵਾਗਤ ਕੀਤਾ।ਸਮਾਗਮ ਵਿੱਚ ਵਿਸ਼ੇਸ਼ ਮਹਿਮਾਨ ਵਜੋਂ ਪਿੰਡ ਬੀਂਬੜ ਦੇ ਸਰਪੰਚ ਗੁਰਪ੍ਰੀਤ ਸਿੰਘ ਅਤੇ ਪ੍ਰਸਿੱਧ ਗੀਤਕਾਰ ਮਲਕੀਤ ਸਿੰਘ ਮੀਤ ਸਕਰੌਦੀ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਅੰਤ ਵਿੱਚ ਮੰਚ ਦੇ ਪ੍ਰਧਾਨ ਕੁਲਵੰਤ ਖਨੌਰੀ ਨੇ ਸਮਾਗਮ ਵਿੱਚ ਪਹੁੰਚੇ ਪਾਠਕਾਂ, ਸਰੋਤਿਆਂ, ਸ਼ਾਇਰਾਂ, ਫਨਕਾਰਾਂ ਤੇ ਸਾਹਿਤਕਾਰਾਂ ਦਾ ਧੰਨਵਾਦ ਕੀਤਾ।ਸਮਾਗਮ ਦੌਰਾਨ ਸਾਹਿਤ, ਅਧਿਆਪਨ ਤੇ ਸਮਾਜਿਕ ਸਰੋਕਾਰਾਂ ਨਾਲ ਜੁੜੇ ਮੁੱਦਿਆਂ 'ਤੇ ਹੋਈ ਚਰਚਾ ਨੂੰ ਹਾਜ਼ਰੀਨ ਵੱਲੋਂ ਭਰਵਾਂ ਹੁੰਗਾਰਾ ਮਿਲਿਆ।

**■ ਮਹੀਨਾਵਾਰ ਸਮਾਗਮ 'ਚ 'ਸਾਰਾ ਪਿੰਡ' ਗੀਤ ਦਾ ਪੋਸਟਰ ਰਿਲੀਜ਼**




## ਭਾਜਪਾ ਨੇ 24 ਤੇ 25 ਦੀ ਰੈਲੀ ਸੰਬੰਧੀ ਜ਼ਿੰਮੇਵਾਰੀਆਂ ਸੌਂਪੀਆਂ

**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**-ਜ਼ਿਲ੍ਹਾ ਭਾਜਪਾ ਫਰੀਦਕੋਟ ਵੱਲੋਂ ਫਰੀਦਕੋਟ ਆਫਿਸਰ ਕਲੱਬ ਵਿਖੇ ਇੱਕ ਵਿਸ਼ੇਸ਼ ਜ਼ਿਲ੍ਹਾ ਪੱਧਰੀ ਮੀਟਿੰਗ ਅਤੇ ਪ੍ਰੈਸ ਵਾਰਤਾ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਨਵੀਂ ਜ਼ਿਲ੍ਹਾ ਕਾਰਜਕਾਰਨੀ ਦੇ ਮੈਂਬਰਾਂ ਦਾ ਨਿੱਘਾ ਸਵਾਗਤ ਕੀਤਾ ਗਿਆ, ਨਵੇਂ ਅਹੁਦੇਦਾਰਾਂ ਨੂੰ ਨਿਯੁਕਤੀ ਪੱਤਰ ਵੰਡੇ ਗਏ ਅਤੇ 50 ਦੇ ਕਰੀਬ ਨਵੇਂ ਵਿਅਕਤੀਆਂ ਨੂੰ ਭਾਜਪਾ ਵਿੱਚ ਸ਼ਾਮਲ ਕਰਵਾਇਆ ਗਿਆ। ਮੀਟਿੰਗ ਦੌਰਾਨ ਜ਼ਿਲ੍ਹਾ ਭਾਜਪਾ ਪ੍ਰਧਾਨ ਸ. ਸੰਦੀਪ ਸਿੰਘ ਸੰਨੀ ਬਰਾੜ ਅਤੇ ਜ਼ਿਲ੍ਹਾ ਪ੍ਰਭਾਰੀ ਸ੍ਰੀ ਸੁਬੋਧ ਵਰਮਾ (ਫਾਜ਼ਿਲਕਾ) ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਸਮਾਗਮ ਦੀ ਮੰਚ ਸੰਚਾਲਨਾ ਜ਼ਿਲ੍ਹਾ ਜਨਰਲ ਸਕੱਤਰ ਸ੍ਰੀ ਸੁਮਿਤ ਸੁਖੀਜਾ ਅਤੇ ਸ੍ਰੀ ਗਗਨ ਸੇਠੀ ਵੱਲੋਂ ਸੁਚੱਜੇ ਢੰਗ ਨਾਲ ਕੀਤੀ ਗਈ। ਪ੍ਰੋਗਰਾਮ ਦੀ ਮੁੱਖ ਖਿੱਚ ਡਿਸੀਪਲਿਨਰੀ ਐਕਸ਼ਨ ਕਮੇਟੀ ਦੇ ਕਨਵੀਨਰ ਡਾ. ਸੰਜੀਵ ਗੋਇਲ ਵੱਲੋਂ ਨਵੀਂ ਕਾਰਜਕਾਰਨੀ ਦੇ ਮੈਂਬਰਾਂ ਦੀ ਉਨ੍ਹਾਂ ਦੇ ਪਿਛੋਕੜ, ਸਮਾਜਿਕ ਸੇਵਾ ਅਤੇ ਸੰਗਠਨ ਵਿੱਚ ਭੂਮਿਕਾ ਸਬੰਧੀ ਕਰਵਾਈ ਗਈ ਪ੍ਰਭਾਵਸ਼ਾਲੀ ਜਾਣ-ਪਛਾਣ ਰਹੀ।ਇਸ ਮੌਕੇ ਭਾਜਪਾ ਆਗੂਆਂ ਨੇ 24 ਅਤੇ 25 ਸਤੰਬਰ ਨੂੰ ਫ਼ਰੀਦਕੋਟ ਜ਼ਿਲ੍ਹੇ ਵਿੱਚ ਕੱਢੀ ਜਾ ਰਹੀ ਨਸ਼ਾ ਮੁਕਤ ਪੰਜਾਬ ਰੈਲੀ ਦੀਆਂ ਤਿਆਰੀਆਂ, ਰੂਪ-ਰੇਖਾ ਅਤੇ ਸਵਾਗਤੀ ਪ੍ਰਬੰਧਾਂ ਤੇ ਵਿਸਥਾਰਪੂਰਵਕ ਚਰਚਾ ਕੀਤੀ। ਰੈਲੀ ਨੂੰ ਸਫਲ ਬਣਾਉਣ ਲਈ ਜ਼ਿਲ੍ਹਾ ਲੀਡਰਸ਼ਿਪ ਅਤੇ ਵਰਕਰਾਂ ਨੂੰ ਵੱਖ-ਵੱਖ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ।ਮੀਟਿੰਗ ਵਿੱਚ ਸਰਕਲ ਪ੍ਰਧਾਨ ਸੰਦੀਪ ਗਰਗ, ਗੋਲਡੀ ਐਡਵੋਕੇਟ, ਅਰੋਗਿਆ ਭਾਰਤੀ ਪੰਜਾਬ ਦੇ ਪ੍ਰਧਾਨ ਡਾ. ਚੰਦਰ ਸ਼ੇਖਰ ਸਮੇਤ ਸੂਬਾ ਲੀਡਰਸ਼ਿਪ ਅਤੇ ਜ਼ਿਲ੍ਹੇ ਭਰ ਦੇ ਅਹੁਦੇਦਾਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਵੱਲੋਂ ਧਰਨੇ ਦਾ ਐਲਾਨ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ, ਪਰਮਜੀਤ ਸਿੰਘ)**-ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਰਜਿ 31 ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੀ ਮੀਟਿੰਗ ਹੋਈ। ਇਸ ਮੀਟਿੰਗ ਸੰਬੰਧੀ ਜਾਣਕਾਰੀ ਦਿੰਦਿਆਂ ਜਥੇਬੰਦੀ ਦੇ ਸੂਬਾ ਪ੍ਰਚਾਰ ਸਕੱਤਰ ਤੇ ਜ਼ਿਲ੍ਹਾ ਪ੍ਰਧਾਨ ਬਲਜੀਤ ਸਿੰਘ ਭੱਟੀ, ਜ਼ਿਲ੍ਹਾ ਜਨਰਲ ਸਕੱਤਰ ਸੁਰਜੀਤ ਸਿੰਘ ਤੱਖੀ, ਜ਼ਿਲ੍ਹਾ ਪ੍ਰੈੱਸ ਸਕੱਤਰ ਬਿਕਰਮਜੀਤ ਸਿੰਘ ਕਪੂਰ ਨੇ ਦੱਸਿਆ ਕਿ ਉਹ ਪਿਛਲੇ ਕਈ ਸਾਲਾਂ ਤੋਂ ਜਲ ਸਪਲਾਈ ਵਿਭਾਗ ਵਿੱਚ ਆਊਟਸੋਰਸ/ ਇੰਨਲਿਸਟਮੈਂਟ ਉੱਪਰ ਬਹੁਤ ਹੀ ਨਿਗੁਣੀਆਂ ਤਨਖਾਹਾਂ ਉੱਪਰ ਆਪਣੀ ਸੇਵਾਵਾਂ ਦੇ ਰਹੇ ਹਨ, ਸਮੇਂ ਸਮੇਂ ਦੀਆਂ ਸਰਕਾਰਾਂ ਵੱਲੋਂ ਇਨ੍ਹਾਂ ਆਊਟਸੋਰਸ/ਇੰਨਲਿਸਟਮੈਂਟ ਨੂੰ ਪੱਕੇ ਕਰਨ ਦੇ ਵਾਅਦੇ ਕੀਤੇ ਜਾਂਦੇ ਗਏ ਸਨ, ਪਰ ਕਿਸੇ ਵੀ ਸਰਕਾਰ ਵੱਲੋਂ ਇਨ੍ਹਾਂ ਮੁਲਾਜ਼ਮਾਂ ਦੀ ਸਾਰ ਨਹੀਂ ਲਈ ਗਈ।ਇਸ ਕਰਕੇ ਮੰਗਾਂ ਨੂੰ ਲੈ ਕੇ ਕਾਰਜਕਾਰੀ ਇੰਜੀਨੀਅਰ ਮੰਡਲ ਨੰ. 2 ਤੇ ਮੰਡਲ ਨੰ. 1 ਸ੍ਰੀ ਮੁਕਤਸਰ ਸਾਹਿਬ ਦੇ ਦਫ਼ਤਰ ਅੱਗੇ 17 ਸਤੰਬਰ ਤੋਂ ਅਣਮਿੱਥੇ ਸਮੇਂ ਲਈ ਧਰਨੇ ਦਾ ਐਲਾਨ ਕੀਤਾ ਗਿਆ।ਇਸ ਮੌਕੇ ਗੁਰਸੇਵਕ ਸਿੰਘ, ਤਰਲੋਕ ਸਿੰਘ, ਗੁਰਦੇਵ ਸਿੰਘ, ਸਾਜਣ ਕੁਮਾਰ, ਸੌਰਵ ਮਿਗਲਾਨੀ, ਜਸਪਾਲ ਸਿੰਘ ਪੱਪੂ ਹਰਜੀਤ ਸਿੰਘ ਆਦਿ ਹਾਜ਼ਰ ਸਨ।

## ਹਿੰਦੀ ਸਾਡੀ ਸਾਂਝੀ ਸੰਸਕ੍ਰਿਤੀ ਤੇ ਏਕਤਾ ਦੀ ਪ੍ਰਤੀਕ : ਡਾ. ਹਿਮਾਂਸ਼ੂ ਦੱਤ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਇਲਾਕੇ ਦੀ ਪ੍ਰਸਿੱਧ ਵਿੱਦਿਅਕ ਸੰਸਥਾ ਬਾਬਾ ਗਾਂਧਾ ਸਿੰਘ ਐਜੂਕੇਸ਼ਨ ਟਰੱਸਟ ਅਧੀਨ ਚੱਲ ਰਹੇ ਬਾਬਾ ਗਾਂਧਾ ਸਿੰਘ ਪਬਲਿਕ ਸਕੂਲ ਮਹਿਲ ਕਲਾਂ ਵਿਖੇ ਹਿੰਦੀ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਵੱਲੋਂ ਹਿੰਦੀ ਭਾਸ਼ਾ ਦੀ ਮਹੱਤਤਾ ਨੂੰ ਦਰਸਾਉਂਦੀਆਂ ਵੱਖ-ਵੱਖ ਗਤੀਵਿਧੀਆਂ ਵਿੱਚ ਭਾਗ ਲਿਆ ਗਿਆ।ਸਮਾਗਮ ਦੌਰਾਨ ਪ੍ਰਿੰਸੀਪਲ ਡਾ. ਹਿਮਾਂਸ਼ੂ ਦੱਤ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਹਿੰਦੀ ਸਿਰਫ਼ ਇੱਕ ਭਾਸ਼ਾ ਨਹੀਂ, ਸਗੋਂ ਦੇਸ਼ ਦੀ ਸਾਂਝੀ ਸੰਸਕ੍ਰਿਤੀ, ਸੰਸਕਾਰਾਂ ਤੇ ਏਕਤਾ ਨਾਲ ਜੁੜੀ ਭਾਸ਼ਾ ਹੈ।ਉਨ੍ਹਾਂ ਹਿੰਦੀ ਦਿਵਸ ਦੀ ਮਹੱਤਤਾ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ 14 ਸਤੰਬਰ 1949 ਨੂੰ ਸੰਵਿਧਾਨ ਸਭਾ ਵੱਲੋਂ ਹਿੰਦੀ ਨੂੰ ਦੇਵਨਾਗਰੀ ਲਿੱਪੀ ਵਿੱਚ ਸੰਘ ਦੀ ਰਾਜਭਾਸ਼ਾ ਵਜੋਂ ਸਵੀਕਾਰ ਕੀਤਾ ਗਿਆ ਸੀ।ਇਸ ਮੌਕੇ ਵਿਦਿਆਰਥੀਆਂ ਵੱਲੋਂ ਹਿੰਦੀ ਕਵਿਤਾ ਉਚਾਰਨ, ਭਾਸ਼ਣ, ਲੇਖ ਤੇ ਦੋਹਾ ਗਾਇਨ ਦੇ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿੱਚ ਬੱਚਿਆਂ ਨੇ ਉਤਸ਼ਾਹ ਨਾਲ ਹਿੱਸਾ ਲੈਂਦਿਆਂ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ।ਸਮਾਗਮ ਦੇ ਅੰਤ ਵਿੱਚ ਪ੍ਰਿੰਸੀਪਲ ਡਾ. ਹਿਮਾਂਸ਼ੂ ਦੱਤ ਨੇ ਵਿਦਿਆਰਥੀਆਂ ਨੂੰ ਹਿੰਦੀ ਦੇ ਨਾਲ ਆਪਣੀ ਮਾਤ ਭਾਸ਼ਾ ਪੰਜਾਬੀ ਨਾਲ ਜੁੜੇ ਰਹਿਣ ਤੇ ਦੇਸ਼ ਦੀਆਂ ਸਾਰੀਆਂ ਭਾਸ਼ਾਵਾਂ ਦਾ ਸਤਿਕਾਰ ਕਰਨ ਲਈ ਪ੍ਰੇਰਿਤ ਕੀਤਾ।ਇਸ ਮੌਕੇ ਮਨਦੀਪ ਸਿੰਘ ਗੰਡੇਵਾਲ ਤੇ ਸਮੂਹ ਸਟਾਫ ਹਾਜ਼ਰ ਸੀ।

## ਖੱਤਰੀ ਸਭਾ ਰਾਮਪੁਰਾ ਫੂਲ ਵੱਲੋਂ ਵਿਸ਼ੇਸ਼ ਖ਼ੂਨਦਾਨ ਕੈਂਪ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਖੱਤਰੀ ਸਭਾ ਰਾਮਪੁਰਾ ਫੂਲ ਵੱਲੋਂ ਸਭਾ ਦੇ ਪ੍ਰਧਾਨ ਪਰਮਦੀਪ ਸਿੰਘ ਬੇਦੀ ਦੀ ਅਗਵਾਈ ਹੇਠ ਸਥਾਨਕ ਬ੍ਰਾਹਮਣ ਸਭਾ ਵਿਖੇ ਵਿਸ਼ੇਸ਼ ਖ਼ੂਨਦਾਨ ਕੈਂਪ ਲਗਾਇਆ ਗਿਆ। ਇਹ ਕੈਂਪ ਸਭਾ ਦੇ ਮੈਂਬਰ ਦੀਪਕ ਗਾਂਧੀ ਦੀ ਬੇਟੀ ਸੇਜੀਆ ਦੇ ਸੱਤਵੇਂ ਜਨਮ ਦਿਨ ਅਤੇ ਰਜਨੀਸ਼ ਕਰਕਰਾ ਤੇ ਸੋਨੀਆ ਕਰਕਰਾ ਦੀ 29ਵੀਂ ਵਿਆਹ ਦੀ ਵਰ੍ਹੇਗੰਢ ਨੂੰ ਸਮਰਪਤ ਸੀ।ਕੈਂਪ ਦਾ ਉਦਘਾਟਨ ਖ਼ੂਨਦਾਨ ਦੇ ਖੇਤਰ ਵਿੱਚ ਸਟੇਟ ਐਵਾਰਡ ਹਾਸਲ ਕਰ ਚੁੱਕੇ ਮੁੱਖ ਮਹਿਮਾਨ ਪਵਨ ਮਹਿਤਾ ਨੇ ਰਿਬਨ ਕੱਟ ਕੇ ਕੀਤਾ। ਕੈਂਪ ਦੌਰਾਨ ਬਲੱਡ ਬੈਂਕ ਬਠਿੰਡਾ ਦੀ ਟੀਮ ਨੇ 15 ਯੂਨਿਟ ਖ਼ੂਨ ਇਕੱਤਰ ਕੀਤਾ, ਜਿਸ ਵਿੱਚ ਸਥਾਨਕ ਸਿਵਲ ਹਸਪਤਾਲ ਨੇ ਪੂਰਨ ਸਹਿਯੋਗ ਦਿੱਤਾ।ਇਸ ਮੌਕੇ ਸਟੇਟ ਐਵਾਰਡੀ ਸੁਰਿੰਦਰ ਗਰਗ ਨੇ 150ਵੀਂ ਵਾਰ ਖ਼ੂਨ ਦਾਨ ਕਰਕੇ ਨਵਾਂ ਕੀਰਤੀਮਾਨ ਸਥਾਪਿਤ ਕੀਤਾ।ਉਨ੍ਹਾਂ ਦੇ ਇਸ ਉਪਰਾਲੇ ਦੀ ਮੌਕੇ 'ਤੇ ਮੌਜੂਦ ਸ਼ਖ਼ਸੀਅਤਾਂ ਵੱਲੋਂ ਸ਼ਲਾਘਾ ਕੀਤੀ ਗਈ।ਕੈਂਪ ਵਿੱਚ ਖ਼ੂਨਦਾਨੀਆਂ ਨੂੰ ਸਭਾ ਵੱਲੋਂ ਯਾਦਗਾਰੀ ਚਿੰਨ੍ਹ ਤੇ ਸਿਹਤ ਵਿਭਾਗ ਵੱਲੋਂ ਮੈਡਲਾਂ ਤੋਂ ਇਲਾਵਾ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਰਾਜ ਕੁਮਾਰ ਗਾਂਧੀ, ਮਨਕੂ ਮੈਹਤਾ, ਸੰਦੀਪ ਵਰਮਾ, ਅਨੀਕੇਤ ਕਰਕਰਾ, ਪੰਕਜ਼ ਆਨੰਦ, ਪ੍ਰੀਤਮ ਆਰਟਿਸਟ, ਦਰਸ਼ਨ ਜਿੰਦਲ, ਗੁਰਪ੍ਰੀਤ ਸਿੰਘ ਸੀਟਾ, ਡਾ. ਜਗਤਾਰ ਮਾਨ, ਡਾ. ਰਜਿੰਦਰ ਸਿੰਘ ਤੇ ਮਨੋਹਰ ਸਿੰਘ ਸਮਾਜ ਸੇਵੀ ਹਾਜ਼ਰ ਸਨ।

## ਬਿਜਲੀ ਕੱਟਾਂ ਤੋਂ ਅੱਕੇ ਕਿਸਾਨਾਂ ਵੱਲੋਂ ਐਕਸੀਅਨ ਦਫ਼ਤਰ ਅੱਗੇ ਮੁਜ਼ਾਹਰਾ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਸੂਬੇ ਵਿੱਚ ਲੱਗ ਰਹੇ ਬਿਜਲੀ ਘੱਟਾਂ ਨੂੰ ਲੈ ਕੇ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਉੱਤੇ ਇਲਾਕੇ ਦੀਆਂ ਵੱਖ-ਵੱਖ ਕਿਸਾਨ ਜਥੇਬੰਦੀਆਂ ਵੱਲੋਂ ਐਕਸੀਅਨ ਪਾਵਰਕਾਮ ਪਾਤੜਾਂ ਦੇ ਦਫਤਰ ਸਾਹਮਣੇ ਵਿਸ਼ਾਲ ਰੋਪ ਭਰਪੂਰ ਮੁਜ਼ਾਰਾ ਕੀਤਾ ਗਿਆ।ਇਸ ਦੌਰਾਨ ਇਕੱਠੇ ਹੋਏ ਵੱਡੀ ਗਿਣਤੀ ਵਿੱਚ ਕਿਸਾਨਾਂ ਨੇ ਪੰਜਾਬ ਸਰਕਾਰ ਦੇ ਦਾਅਵਿਆਂ ਨੂੰ ਨਕਾਰਦਿਆਂ ਜ਼ੋਰਦਾਰ ਨਾਅਰੇਬਾਜ਼ੀ ਕੀਤੀ।ਰੋਸ ਪ੍ਰਦਰਸ਼ਨ ਦੀ ਅਗਵਾਈ ਕਿਸਾਨ ਆਗੂ ਹਰਭਜਨ ਸਿੰਘ ਬੁੱਟਰ, ਕੁਲਵੰਤ ਸਿੰਘ ਮੌਲਵੀਵਾਲਾ ਤੇ ਗੁਰਵਿੰਦਰ ਸਿੰਘ ਦੇਧਨਾ ਨੇ ਪੰਜਾਬ ਸਰਕਾਰ ਤੇ ਪਾਵਰਕਾਮ ਦੇ ਦੋਗਲੇਪਣ ਦੀ ਸਖ਼ਤ ਨਿਖੇਧੀ ਕਰਦਿਆਂ ਕਿਹਾ ਕਿ ਨਾ ਖੇਤਾਂ ਵਾਲੀ ਸਪਲਾਈ ਚੱਲ ਰਹੀ ਹੈ ਤੇ ਨਾ ਹੀ ਘਰਾਂ ਵਾਲੀ, ਜਿਸ ਕਾਰਨ ਆਮ ਲੋਕ ਤੇ ਕਿਸਾਨ ਬੁਰੀ ਤਰ੍ਹਾਂ ਪ੍ਰੇਸ਼ਾਨ ਹਨ।ਕਿਸਾਨ ਆਗੂਆਂ ਨੇ ਮੰਗ ਕੀਤੀ ਕਿ ਅੱਠ ਘੰਟੇ ਨਿਰੰਤਰ ਬਿਜਲੀ ਸਪਲਾਈ ਦਿੱਤੀ ਜਾਵੇ ਤੇ ਪਿੰਡਾਂ ਵਿੱਚੋਂ ਕੱਟੀ ਜਾ ਰਹੀ ਬਿਜਲੀ ਤੁਰੰਤ ਬਹਾਲ ਕੀਤੀ ਜਾਵੇ।ਇਸ ਰੋਸ ਮੁਜ਼ਾਹਰੇ ਵਿੱਚ ਕਿਸਾਨ ਆਗੂ ਸਾਹਿਬ ਸਿੰਘ ਦੁਤਾਲ ਸੁਬੇਗ ਸਿੰਘ ਸੂਤਰਾਣਾ,ਹਰਭਜਨ ਸਿੰਘ ਧੂਹੜ, ਚਰਨਜੀਤ ਕੌਰ ਧੂਹੜੀਆਂ, ਜਗਜੀਤ ਸਿੰਘ, ਰਾਮਚੰਦ ਚੁਨਾਗਰਾ, ਲਾਭ ਸਿੰਘ, ਜਾਨਪਾਲ ਸਿੰਘ, ਮਹਿੰਦਰ ਸਿੰਘ ਖਾਂਗ, ਬਲਜੀਤ ਸਿੰਘ ਦੇਧਨਾ ਤੇ ਸਾਧਾ ਸਿੰਘ ਆਦਿ ਹਾਜ਼ਰ ਸਨ।

## ਆਵਾਜਾਈ 'ਚ ਵਿਘਨ ਪਾਉਣ ਵਾਲੀਆਂ ਟਰਾਲੀਆਂ ਦੇ ਕੀਤੇ ਚਲਾਨ



**ਖੰਨਾ (ਸੁਖਵਿੰਦਰ ਸਿੰਘ ਭਾਦਲਾ)**-ਟ੍ਰੈਫਿਕ ਪੁਲਸ ਖੰਨਾ ਨੇ ਆਵਾਜਾਈ ਨਿਯਮ ਤੋੜਨ ਵਾਲੇ ਵਹੀਕਲ ਚਾਲਕਾਂ ਖਿਲਾਫ ਮੁਹਿੰਮ ਵਿੱਢ ਦਿੱਤੀ ਹੈ। ਪਿਛਲੇ ਕਈ ਦਿਨਾਂ ਤੋਂ ਆਵਾਜਾਈ ਵਿੱਚ ਵਿਘਨ ਪਾਉਣ ਵਾਲੇ ਤੇ ਖੇਤੀਬਾੜੀ ਲਈ ਵਰਤੇ ਜਾਣ ਵਾਲੇ ਟਰੈਕਟਰ ਟਰਾਲੀਆਂ ਨੂੰ ਵਪਾਰਕ ਵਰਤੋਂ ਕੀਤੇ ਜਾਣ 'ਤੇ ਉਨ੍ਹਾਂ ਦੇ ਭਾਰੀ ਚਲਾਨ ਕੀਤੇ ਹਨ। ਮੈਂ ਆਮ ਤੌਰ 'ਤੇ ਵੇਖਿਆ ਗਿਆ ਹੈ ਕਿ ਇਹ ਟਰੈਕਟਰ ਟਰਾਲੀ ਚਾਲਕਾਂ ਪਾਸ ਨਾ ਤਾਂ ਕੋਈ ਡਰਾਈਵਿੰਗ ਲਾਇਸੈਂਸ ਹੁੰਦਾ ਹੈ ਤੇ ਨਾ ਹੀ ਇੰਸ਼ੋਰੈਂਸ ਹੁੰਦੀ। ਜੇਕਰ ਸੜਕ ਤੇ ਚਲਦੇ ਸਮੇਂ ਇਨ੍ਹਾਂ ਨਾਲ ਕੋਈ ਹਾਦਸਾ ਵਾਪਰ ਜਾਵੇ ਤਾਂ ਉਸ ਦੀ ਕੌਣ ਭਰ ਪਾਈ ਕਰੇਗਾ ? ਇਹ ਟਰੈਕਟਰ ਟਰਾਲੀਆਂ ਜ਼ਰੂਰਤ ਤੋਂ ਜ਼ਿਆਦਾ ਲੰਮੀਆਂ ਤੇ ਚੌੜੀਆਂ ਬਣੀਆਂ ਹੋਈਆਂ ਹਨ, ਜਿਨ੍ਹਾਂ ਉੱਪਰ ਬੜੀ ਉੱਚੀ ਤੇ ਚੌੜੀ ਤਰ੍ਹਾਂ ਭਾਰ ਲੱਦਿਆ ਹੁੰਦਾ ਹੈ, ਜਿਸ ਨਾਲ ਆਵਾਜਾਈ ਵਿੱਚ ਵਿਘਨ ਤਾਂ ਪੈਂਦਾ ਹੀ ਹੈ, ਸਗੋਂ ਸੜਕ ਹਾਦਸੇ ਹੋਣ ਦਾ ਵੀ ਹਰ ਸਮੇਂ ਡਰ ਬਣਿਆ ਰਹਿੰਦਾ ਹੈ। ਇਨ੍ਹਾਂ ਗੱਲਾਂ ਨੂੰ ਦੇਖਦੇ ਹੋਏ ਹੀ ਪਿਛਲੇ ਦਿਨੀ ਏਐਸਆਈ ਮਨਪ੍ਰੀਤ ਸਿੰਘ ਨੇ ਵੀ ਸਮਰਾਲਾ ਚੌਂਕ ਵਿੱਚ ਟਰਾਲੀ ਦਾ ਚਲਾਨ ਕੀਤਾ ਸੀ ਤੇ ਅੱਜ ਟ੍ਰੈਫਿਕ ਇੰਚਾਰਜ ਕੁਲਜੀਤ ਸਿੰਘ ਨੇ ਆਪਣੀ ਟੀਮ ਨਾਲ ਡਾਕਟਰ ਭੀਮ ਰਾਓ ਅੰਬੇਦਕਰ ਚੌਂਕ ਵਿੱਚ ਓਵਰ ਹਾਈਟ ਟਰਾਲੀ ਦਾ ਚਲਾਨ ਕੀਤਾ ਤੇ ਚਾਲਕਾਂ ਨੂੰ ਤਾਕੀਦ ਕੀਤੀ ਕਿ ਉਹ ਟ੍ਰੈਫਿਕ ਨਿਯਮਾਂ ਦਾ ਪਾਲਣ ਕਰਨ। ਇਸ ਸਮੇਂ ਟ੍ਰੈਫਿਕ ਪੁਲਸ ਦੇ ਏਐੱਸਆਈ ਲਖਵੀਰ ਸਿੰਘ ਰਾਓ ਤੇ ਏਐੱਸਆਈ ਸਤਵਿੰਦਰ ਸਿੰਘ ਹਾਜ਼ਰ ਸਨ।

## ਗੁਰੂ ਕਾਸ਼ੀ ਕੈਂਪਸ ਵਿਖੇ 'ਨਸ਼ਾ ਮੁਕਤ ਪੰਜਾਬ : ਸਾਡਾ ਸੁਪਨਾ' ਵਿਸ਼ੇ 'ਤੇ ਲੈਕਚਰ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਤਲਵੰਡੀ ਸਾਬੋ ਵਿਖੇ ਗੁਰੂ ਕਾਸ਼ੀ ਭਾਸ਼ਾਵਾਂ ਵਿਭਾਗ ਤੇ ਗੁਰੂ ਕਾਸ਼ੀ ਸੋਸ਼ਲ ਸਾਇੰਸਜ਼ ਵਿਭਾਗ ਦੇ ਸਾਂਝੇ ਸਹਿਯੋਗ ਨਾਲ ਗੁਰੂ ਕਾਸ਼ੀ ਕੈਂਪਸ ਸਾਹਿਤ ਸਭਾ ਵੱਲੋਂ 'ਨਸ਼ਾ ਮੁਕਤ ਸਮਾਜ : ਸਾਡਾ ਸੁਪਨਾ' ਵਿਸ਼ੇ 'ਤੇ ਵਿਸ਼ੇਸ਼ ਲੈਕਚਰ ਕਰਵਾਇਆ ਗਿਆ।ਇਸ ਮੌਕੇ ਸ੍ਰੀ ਹੁਸਨਦੀਪ ਸਿੰਘ ਯੂਥ ਕੋਆਰਡੀਨੇਟਰ, ਮੇਰਾ ਭਾਰਤ ਕੇਂਦਰ ਬਠਿੰਡਾ, ਯੂਥ ਮਨਿਸਟਰੀ ਐਂਡ ਸਪੋਰਟਸ ਭਾਰਤ ਸਰਕਾਰ ਨੇ ਵਿਦਿਆਰਥੀਆਂ ਨਾਲ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੇ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਸਬੰਧੀ ਆਪਣੇ ਵਿਚਾਰ ਸਾਂਝੇ ਕੀਤੇ।ਸ੍ਰੀ ਹੁਸਨਦੀਪ ਸਿੰਘ ਨੇ ਦੱਸਿਆ ਕਿ ਨਸ਼ਾ ਸਿਰਫ਼ ਵਿਅਕਤੀ ਦੀ ਸਿਹਤ ਨੂੰ ਹੀ ਪ੍ਰਭਾਵਿਤ ਨਹੀਂ ਕਰਦਾ, ਸਗੋਂ ਇਸ ਦਾ ਪ੍ਰਭਾਵ ਪਰਵਾਰ ਤੇ ਸਮੁੱਚੇ ਸਮਾਜ 'ਤੇ ਪੈਂਦਾ ਹੈ।ਉਨ੍ਹਾਂ ਵਿਦਿਆਰਥੀਆਂ ਨੂੰ ਨਸ਼ਿਆਂ ਵਿਰੁੱਧ ਜਾਗਰੂਕਤਾ ਫੈਲਾਉਣ ਤੇ ਸਮਾਜ ਵਿੱਚ ਉਸਾਰੂ ਭੂਮਿਕਾ ਨਿਭਾਉਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਗੁਰੂ ਕਾਸ਼ੀ ਸੋਸ਼ਲ ਸਾਇੰਸਜ਼ ਵਿਭਾਗ ਦੇ ਮੁਖੀ ਡਾ. ਅਮਨਦੀਪ ਸਿੰਘ ਨੇ ਆਏ ਹੋਏ ਮਹਿਮਾਨਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਨਸ਼ਿਆਂ ਵਰਗੀ ਸਮਾਜਿਕ ਸਮੱਸਿਆ ਨਾਲ ਨਜਿੱਠਣ ਲਈ ਨੌਜਵਾਨਾਂ ਵਿੱਚ ਜਾਗਰੂਕਤਾ ਪੈਦਾ ਕਰਨਾ ਸਮੇਂ ਦੀ ਅਹਿਮ ਲੋੜ ਹੈ।ਭਾਸ਼ਾਵਾਂ ਵਿਭਾਗ ਦੇ ਮੁਖੀ ਡਾ. ਸੰਦੀਪ ਰਾਣਾ ਨੇ ਮਹਿਮਾਨਾਂ, ਅਧਿਆਪਕਾਂ, ਵਿਦਿਆਰਥੀਆਂ ਤੇ ਕੈਂਪਸ ਸਾਹਿਤ ਸਭਾ ਦਾ ਉਚੇਚੇ ਤੌਰ ਤੇ ਧੰਨਵਾਦ ਕੀਤਾ।ਇਸ ਦੌਰਾਨ ਕੈਂਪਸ ਡਾਇਰੈਕਟਰ ਪ੍ਰੋਫੈਸਰ ਅਮਨਦੀਪ ਸਿੰਘ ਨੇ ਇਸ ਉਪਰਾਲੇ ਦੀ ਵਿਸ਼ੇਸ਼ ਤੌਰ 'ਤੇ ਸ਼ਲਾਘਾ ਕਰਦਿਆਂ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਸਿਹਤਮੰਦ, ਸਿਰਜਣਾਤਮਕ ਤੇ ਜ਼ਿੰਮੇਵਾਰ ਸਮਾਜ ਦੀ ਉਸਾਰੀ ਵਿੱਚ ਆਪਣਾ ਯੋਗਦਾਨ ਪਾਉਣ ਦਾ ਸੱਦਾ ਦਿੱਤਾ।

## ਅਧਿਆਪਕਾਂ ਵੱਲੋਂ ਗੈਰ-ਵਿੱਦਿਅਕ ਕੰਮਾਂ ਦਾ ਬਾਈਕਾਟ ਕਰਨ ਦਾ ਅਹਿਦ

*** ਜ਼ਿਲ੍ਹਾ ਸਿੱਖਿਆ ਅਫਸਰਾਂ ਰਾਹੀਂ ਮੁੱਖ ਮੰਤਰੀ ਨੂੰ ਭੇਜਿਆ ਮੰਗ ਪੱਤਰ**



ਧਾਰੀਵਾਲ, (ਮਨਦੀਪ ਵਿੱਕੀ)-ਸਮੂਹ ਅਧਿਆਪਕ ਜਥੇਬੰਦੀਆਂ ਪੰਜਾਬ ਦੇ ਦਿੱਤੇ ਪ੍ਰੋਗਰਾਮ ਦੇ ਅਨੁਸਾਰ ਜ਼ਿਲ੍ਹਾ ਗੁਰਦਾਸਪੁਰ ਦੀਆਂ ਸਮੂਹ ਅਧਿਆਪਕ ਜਥੇਬੰਦੀਆਂ ਵੱਲੋਂ ਗੈਰ ਵਿੱਦਿਅਕ ਕੰਮਾਂ ਕਰਕੇ ਸਕੂਲਾਂ ਦੇ ਵਿਦਿਆਰਥੀਆਂ ਦੀ ਪੜ੍ਹਾਈ ਪ੍ਰਭਾਵਿਤ ਹੋਣ ਕਾਰਨ ਸਖ਼ਤ ਫੈਸਲਾ ਲੈਂਦਿਆਂ ਸਾਰੇ ਹੀ ਗੈਰ ਵਿੱਦਿਅਕ ਕੰਮਾਂ ਦਾ ਅਗਲੇ ਹਫ਼ਤੇ ਤੋਂ ਬਾਈਕਾਟ ਕਰਨ ਦਾ ਫੈਸਲਾ ਲਿਆ।ਇਸ ਸੰਬੰਧੀ ਅਧਿਆਪਕ ਆਗੂਆਂ ਗੁਰਿੰਦਰ ਸਿੱਧੂ, ਕੁਲਦੀਪ ਪੁਰੋਵਾਲ, ਸੋਮ ਸਿੰਘ, ਹਰਜਿੰਦਰ ਸਿੰਘ ਵਡਾਲਾ ਬਾਂਗਰ, ਪਲਵਿੰਦਰ ਸਿੰਘ, ਰਾਜ ਸੁਖਵਿੰਦਰ ਸਿੰਘ, ਹਰਪ੍ਰੀਤ ਸਿੰਘ, ਦਲਜੀਤ ਸਿੰਘ ਖਾਲਸਾ ਦੀ ਅਗਵਾਈ ਵਿੱਚ ਮੁੱਖ ਮੰਤਰੀ ਨੂੰ ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਰਾਜੇਸ਼ ਸ਼ਰਮਾ ਅਤੇ ਜ਼ਿਲ੍ਹਾ ਸਿੱਖਿਆ ਅਫਸਰ ਐਲੀਮੈਂਟਰੀ ਦੀ ਸੁਪਰਡੈਂਟ ਅਮਨਦੀਪ ਕੌਰ ਰਾਹੀਂ ਮੰਗ ਪੱਤਰ ਸੌਂਪਿਆ।ਅਧਿਆਪਕ ਆਗੂਆਂ ਦੱਸਿਆ ਕਿ ਪੰਜਾਬ ਦੇ ਸਿੱਖਿਆ ਵਿਭਾਗ ਦੇ ਅਧਿਆਪਕਾਂ ਨੂੰ ਬੂਥ ਲੈਵਲ ਅਫਸਰ, ਐੱਸ ਡੀ ਐੱਮ ਅਤੇ ਹੋਰ ਦਫ਼ਤਰਾਂ ਵਿੱਚ, ਮਰਦਮਸ਼ੁਮਾਰੀ, ਡਰੱਗ ਅਤੇ ਆਰਥਿਕ ਸਰਵੇ, ਰਾਸ਼ਨ ਕਾਰਡ, ਪਰਾਲੀ ਸਾੜਨ ਤੋਂ ਰੋਕਣ, ਐੱਸ ਆਈ ਆਰ ਦੇ ਕੰਮਾਂ ਤੋਂ ਇਲਾਵਾ ਕਈ ਕੰਮ ਕਰਨ ਲਈ ਦਿੱਤੇ ਗਏ ਹਨ ਜਿਸ ਨਾਲ ਗ਼ਰੀਬ ਵਿਦਿਆਰਥੀਆਂ ਦੀ ਪੜ੍ਹਾਈ ਪ੍ਰਭਾਵਿਤ ਹੋ ਰਹੀ ਹੈ।ਇਸ ਤੋਂ ਇਲਾਵਾ ਸੈਂਕੜੇ ਅਧਿਆਪਕਾਂ ਨੂੰ ਸਕੂਲਾਂ ਵਿੱਚੋਂ ਪ੍ਰੋਜੈਕਟਾਂ ਦੇ ਨਾਮ 'ਤੇ ਬਾਹਰ ਰੱਖਿਆ ਗਿਆ ਹੈ।ਆਗੂਆਂ ਦੱਸਿਆ ਕਿ ਹਜ਼ਾਰਾਂ ਅਸਾਮੀਆਂ ਪਹਿਲਾਂ ਹੀ ਖਾਲੀ ਹਨ ਅਤੇ ਗੈਰ ਵਿੱਦਿਅਕ ਡਿਊਟੀਆਂ ਨਾਲ ਸਕੂਲ ਅਧਿਆਪਕਾਂ ਤੋਂ ਵਿਰਵੇ ਹੋ ਰਹੇ ਹਨ।ਆਗੂਆਂ ਨੇ ਕਿਹਾ ਕਿ ਮਿਡ ਡੇਅ ਮੀਲ ਦਾ ਫੰਡ ਪਿਛਲੇ ਚਾਰ ਮਹੀਨਿਆਂ ਤੋਂ ਸਕੂਲਾਂ ਨੂੰ ਨਹੀਂ ਦਿੱਤਾ ਗਿਆ।ਹਜ਼ਾਰਾਂ ਸਕੂਲਾਂ ਵਿੱਚ ਸਫ਼ਾਈ ਕਰਮਚਾਰੀ ਨਹੀਂ ਦਿੱਤੇ ਗਏ ਹਨ।ਮਰਦਮਸ਼ੁਮਾਰੀ ਅਤੇ ਡਰੱਗ ਸਰਵੇ ਦੀ ਡਿਊਟੀ ਦਾ ਮਿਹਨਤਾਨਾ ਨੂੰ ਹਾਲੇ ਤੱਕ ਵੀ ਅਧਿਆਪਕਾਂ ਦੇ ਖਾਤੇ ਵਿੱਚ ਨਹੀਂ ਭੇਜਿਆ ਗਿਆ। ਆਗੂਆਂ ਨੇ ਮੁੱਖ ਮੰਤਰੀ, ਸਿੱਖਿਆ ਮੰਤਰੀ ਤੋਂ ਮੰਗ ਕੀਤੀ ਕਿ ਅਧਿਆਪਕਾਂ ਦੀਆਂ ਗੈਰ ਵਿੱਦਿਅਕ ਡਿਊਟੀਆਂ ਤੁਰੰਤ ਵਾਪਿਸ ਲਈਆਂ ਜਾਣ ਨਹੀਂ ਤਾਂ ਆਉਣ ਵਾਲੇ ਹਫ਼ਤੇ ਵਿੱਚ ਗੈਰ ਵਿੱਦਿਅਕ ਕੰਮਾਂ ਦਾ ਬਾਈਕਾਟ ਕੀਤਾ ਜਾਵੇਗਾ।ਇਸ ਮੌਕੇ ਰਮਨ ਕੁਮਾਰ, ਕਪਿਲ ਸ਼ਰਮਾ, ਜਗਦੀਸ਼ ਸ਼ਰਮਾ, ਸੁਰਜੀਤ ਮਸੀਹ, ਜਤਿੰਦਰ ਕੁਮਾਰ, ਸੰਜੀਵ ਕੁਮਾਰ, ਨਵੀਨ ਸ਼ਰਮਾ, ਹਰਮੀਤ ਸਿੰਘ, ਅਨਿਲ ਕੁਮਾਰ, ਰਵੀ ਕੁਮਾਰ, ਜੋਤ ਪ੍ਰਕਾਸ਼ ਸਿੰਘ, ਬਲਕਾਰ ਸਿੰਘ, ਰਾਜਿੰਦਰ ਕੁਮਾਰ ਆਦਿ ਹਾਜ਼ਰ ਸਨ।

## 9.5 ਕਿੱਲੋ ਹੈਰੋਇਨ, ਅਫੀਮ ਤੇ ਪਿਸਤੌਲ ਸਮੇਤ ਅੱਠ ਕਾਬੂ



**ਅੰਮ੍ਰਿਤਸਰ/ਛੇਹਰਟਾ/ਖਾਸਾ, (ਜਸਬੀਰ ਸਿੰਘ ਪੱਟੀ/ਕੰਵਲਜੀਤ ਸਿੰਘ ਮਨੋਜ ਕੁਮਾਰ/ਸ਼ਸ਼ਪਾਲ ਸਿੰਘ) :** ਅੰਮ੍ਰਿਤਸਰ ਕਮਿਸ਼ਨਰੇਟ ਪੁਲਸ ਨੇ ਅੱਠ ਵਿਅਕਤੀਆਂ ਨੂੰ 9.549 ਕਿਲੋ ਹੈਰੋਇਨ, 5.459 ਕਿਲੋ ਅਫੀਮ ਤੇ ਗੈਰ-ਕਾਨੂੰਨੀ .30 ਬੋਰ ਦੇ ਪਿਸਤੌਲ ਸਮੇਤ ਗ੍ਰਿਫਤਾਰ ਕਰਕੇ ਨਸ਼ੀਲੇ ਪਦਾਰਥ ਤੇ ਗੈਰ-ਕਾਨੂੰਨੀ ਹਥਿਆਰ ਤਸਕਰੀ ਕਰਨ ਵਾਲੇ ਤਿੰਨ ਵੱਡੇ ਨੈੱਟਵਰਕਾਂ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਦਿੰਦੇ ਹੋਏ ਡਾਇਰੈਕਟਰ ਜਨਰਲ ਆਫ ਪੁਲਸ (ਡੀ.ਜੀ.ਪੀ.) ਪੰਜਾਬ ਗੌਰਵ ਯਾਦਵ ਨੇ ਦੱਸਿਆ ਗ੍ਰਿਫਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਰਜਿੰਦਰ ਸਿੰਘ (27) ਵਾਸੀ ਇੰਦਰਾ ਕਾਲੋਨੀ, ਅੰਮ੍ਰਿਤਸਰ; ਵਿਨੈ (26) ਵਾਸੀ ਗਵਾਲ ਮੰਡੀ, ਅੰਮ੍ਰਿਤਸਰ; ਪ੍ਰਦੀਪ ਸਿੰਘ (37) ਵਾਸੀ ਪਿੰਡ ਵਰਨਾਲੀ ਹਰਸ਼ਾ ਛੀਨਾ, ਅੰਮ੍ਰਿਤਸਰ; ਕਰਨ ਸਿੰਘ ਉਰਫ਼ ਕਰਨ (24), ਨਵਨੀਤ ਉਰਫ਼ ਕੀੜਾ (18) ਤੇ ਜਸ਼ਨਦੀਪ ਸਿੰਘ ਉਰਫ਼ ਧੁੰਨੀ (19) ਤਿੰਨੋਂ ਵਾਸੀ ਪਿੰਡ ਅਟਾਰੀ, ਅੰਮ੍ਰਿਤਸਰ; ਬਲਜਿੰਦਰ ਸਿੰਘ (37) ਵਾਸੀ ਬਾਬਾ ਬੁੱਢਾ ਸਿੰਘ ਕਾਲੋਨੀ, ਅੰਮ੍ਰਿਤਸਰ ਅਤੇ ਅੰਮ੍ਰਿਤ ਪਾਲ ਸਿੰਘ ਉਰਫ਼ ਅੰਮ੍ਰਿਤ (25) ਵਾਸੀ ਪਿੰਡ ਬੋਪਾਰਾਏ ਬਾਜ਼ ਸਿੰਘ, ਅੰਮ੍ਰਿਤਸਰ ਦਿਹਾਤੀ ਵਜੋਂ ਹੋਈ ਹੈ। ਡੀ.ਜੀ.ਪੀ. ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਉਕਤ ਮੁਲਜ਼ਮ ਕਥਿਤ ਤੌਰ 'ਤੇ ਵਿਦੇਸ਼ੀ ਤਸਕਰਾਂ ਨਾਲ ਜੁੜੇ ਹੋਏ ਸਨ ਅਤੇ ਉਹ ਡਰੋਨ ਰਾਹੀਂ ਭੇਜੀਆਂ ਗਈਆਂ ਹੈਰੋਇਨ, ਅਫੀਮ ਤੇ ਨਾਜਾਇਜ਼ ਹਥਿਆਰਾਂ ਦੀਆਂ ਖੇਪਾਂ ਪ੍ਰਾਪਤ ਕਰਨ ਅਤੇ ਅੱਗੇ ਸਪਲਾਈ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਪੁਲਿਸ ਨੇ ਮੁਲਜ਼ਮਾਂ ਤੇ ਸਪਲਾਈ ਨੈੱਟਵਰਕ ਵਿਚ ਸ਼ਾਮਲ ਹੋਰ ਸਾਥੀਆਂ ਦਾ ਪਤਾ ਲਗਾਉਣ ਲਈ ਵੀ ਜਾਂਚ ਸ਼ੁਰੂ ਕੀਤੀ ਹੈ। ਪਹਿਲੇ ਅਪਰੇਸ਼ਨ ਦੇ ਵੇਰਵੇ ਸਾਂਝੇ ਕਰਦਿਆਂ ਕਮਿਸ਼ਨਰ ਆਫ ਪੁਲਸ (ਸੀ.ਪੀ.) ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਪੁਲਸ ਨੇ ਵਿਸ਼ੇਸ਼ ਸੂਚਨਾ ਦੇ ਆਧਾਰ 'ਤੇ ਕਾਰਵਾਈ ਕਰਦਿਆਂ ਰਜਿੰਦਰ ਸਿੰਘ ਨੂੰ ਇਕ .30 ਬੋਰ ਦੇ ਪਿਸਤੌਲ ਸਮੇਤ ਗ੍ਰਿਫਤਾਰ ਕੀਤਾ। ਉਨ੍ਹਾਂ ਦੱਸਿਆ ਕਿ ਪੁੱਛਗਿੱਛ ਦੇ ਆਧਾਰ 'ਤੇ ਉਸਦੇ ਸਾਥੀ ਵਿਨੈ ਨੂੰ 4.2 ਕਿਲੋ ਅਫੀਮ ਸਮੇਤ ਗ੍ਰਿਫ਼ਤਾਰ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਵਿਨੈ ਵੱਲੋਂ ਦਿੱਤੀ ਗਈ ਜਾਣਕਾਰੀ ਦੇ ਆਧਾਰ 'ਤੇ ਪ੍ਰਦੀਪ ਸਿੰਘ ਨੂੰ 1.2 ਕਿਲੋ ਹੋਰ ਅਫੀਮ ਸਮੇਤ ਗ੍ਰਿਫ਼ਤਾਰ ਕੀਤਾ ਗਿਆ। ਦੂਜੇ ਆਪਰੇਸ਼ਨ ਬਾਰੇ ਜਾਣਕਾਰੀ ਦਿੰਦਿਆਂ ਸੀ.ਪੀ. ਨੇ ਕਿਹਾ ਕਿ ਗੁਪਤ ਸੂਚਨਾ ਦੇ ਆਧਾਰ 'ਤੇ ਪੁਲਸ ਨੇ ਕਰਨ ਉਰਫ਼ ਕਰਨ ਨੂੰ 7 ਕਿਲੋ ਹੈਰੋਇਨ ਸਮੇਤ ਗ੍ਰਿਫਤਾਰ ਕੀਤਾ। ਉਨ੍ਹਾਂ ਦੱਸਿਆ ਕਿ ਅਗਲੇਰੀ ਜਾਂਚ ਦੌਰਾਨ ਉਸਦੇ ਸਾਥੀਆਂ ਨਵਨੀਤ ਸਿੰਘ ਉਰਫ਼ ਕੀੜਾ ਤੇ ਜਸ਼ਨਦੀਪ ਸਿੰਘ ਉਰਫ਼ ਧੁੰਨੀ ਨੂੰ ਵੀ ਗ੍ਰਿਫ਼ਤਾਰ ਕਰ ਲਿਆ ਗਿਆ। ਤੀਜੇ ਆਪਰੇਸ਼ਨ ਬਾਰੇ ਜਾਣਕਾਰੀ ਦਿੰਦਿਆਂ ਸੀ.ਪੀ. ਨੇ ਦੱਸਿਆ ਕਿ ਪੁਲਸ ਨੇ ਖ਼ਾਸ ਸੂਚਨਾ ਦੇ ਆਧਾਰ 'ਤੇ ਬਲਜਿੰਦਰ ਸਿੰਘ ਤੇ ਅੰਮ੍ਰਿਤਪਾਲ ਸਿੰਘ ਉਰਫ਼ ਅੰਮ੍ਰਿਤ ਨੂੰ ਗ੍ਰਿਫ਼ਤਾਰ ਕੀਤਾ ਅਤੇ ਉਨ੍ਹਾਂ ਕੋਲੋਂ 2.5 ਕਿਲੋ ਹੈਰੋਇਨ ਤੇ ਇਕ ਮੋਟਰਸਾਈਕਲ ਬਰਾਮਦ ਕੀਤਾ। ਉਨ੍ਹਾਂ ਦੱਸਿਆ ਕਿ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ। ਇਸ ਸਬੰਧੀ ਤਿੰਨ ਮਾਮਲੇ ਵੱਖ-ਵੱਖ ਥਾਣਿਆਂ ਥਾਣਾ ਕੈਂਟ, ਏ-ਡਵੀਜ਼ਨ ਤੇ ਥਾਣਾ ਛੇਹਰਟਾ ਵਿਚ ਦਰਜ ਕੀਤੇ ਗਏ ਹਨ।

## ਲੇਖਕ ਸਭਾਵਾਂ ਵੱਲੋਂ ਡਾ: ਸੁਖਦੇਵ ਸਿਰਸਾ ਨੂੰ ਜਿਤਾਉਣ ਦੀ ਅਪੀਲ



ਚੇਤਨਪੁਰਾ (ਸੁਖਵੰਤ ਚੇਤਨਪੁਰੀ)-20 ਸਤੰਬਰ ਨੂੰ ਹੋਣ ਜਾ ਰਹੀਆਂ ਯੂਨੀਵਰਸਿਟੀ ਸੈਨੇਟ ਦੀਆਂ ਚੋਣਾਂ ਵਿੱਚ ਉਮੀਦਵਾਰ ਡਾ: ਸੁਖਦੇਵ ਸਿੰਘ ਸਿਰਸਾ ਦੇ ਹੱਕ ਵਿੱਚ ਅੰਮ੍ਰਿਤਸਰ ਦੀਆਂ ਵੱਖ-ਵੱਖ ਸਾਹਿਤਕ ਸਭਾਵਾਂ, ਜਥੇਬੰਦੀਆਂ ਦੇ ਆਗੂਆਂ, ਲੇਖਕਾਂ ਅਤੇ ਚਿੰਤਕਾਂ ਨੇ ਸਾਂਝੀ ਅਪੀਲ ਕੀਤੀ ਹੈ।ਉਨ੍ਹਾਂ ਕਿਹਾ ਕਿ ਵਿੱਦਿਆ, ਲੋਕ ਪੱਖੀ ਅਕਾਦਮਿਕ ਮਾਹੌਲ ਅਤੇ ਯੂਨੀਵਰਸਿਟੀ ਦੀ ਖੁਦਮੁਖ਼ਤਿਆਰੀ ਦੀ ਰਾਖੀ ਲਈ ਡਾ. ਸਿਰਸਾ ਵਰਗੇ ਬੁੱਧੀਜੀਵੀ ਅਤੇ ਤਜਰਬੇਕਾਰ ਵਿਦਵਾਨ ਨੂੰ ਸੈਨੇਟ ਵਿੱਚ ਵੱਡੇ ਬਹੁਮਤ ਨਾਲ ਜਿਤਾਉਣਾ ਬੇਹੱਦ ਜ਼ਰੂਰੀ ਹੈ।ਇਸ ਸਬੰਧੀ ਅਪੀਲ ਕਰਦਿਆਂ ਵਿਰਸਾ ਵਿਹਾਰ ਸੁਸਾਇਟੀ ਅੰਮ੍ਰਿਤਸਰ ਦੇ ਪ੍ਰਧਾਨ ਅਤੇ ਸ਼੍ਰੋਮਣੀ ਨਾਟਕਕਾਰ ਕੇਵਲ ਧਾਲੀਵਾਲ, ਡਾ: ਧਰਮ ਸਿੰਘ, ਪ੍ਰਗਤੀਸ਼ੀਲ ਲੇਖਕ ਸੰਘ ਇਕਾਈ ਅੰਮ੍ਰਿਤਸਰ ਦੇ ਪ੍ਰਧਾਨ ਭੁਪਿੰਦਰ ਸਿੰਘ ਸੰਧੂ, ਜਨਰਲ ਸਕੱਤਰ ਧਰਵਿੰਦਰ ਸਿੰਘ ਔਲਖ, ਫੋਕਲੋਰ ਰਿਸਰਚ ਅਕੈਡਮੀ ਅੰਮ੍ਰਿਤਸਰ ਦੇ ਪ੍ਰਧਾਨ ਰਮੇਸ਼ ਯਾਦਵ, ਕਮਲ ਗਿੱਲ, ਦਿਲਬਾਗ ਸਿੰਘ ਸਰਕਾਰੀਆ, ਹਰੀਸ਼ ਸਾਬਰੀ, ਡਾ: ਹੀਰਾ ਸਿੰਘ, ਡਾ: ਊਧਮ ਸਿੰਘ ਸ਼ਾਹੀ, ਪ੍ਰਗਤੀਸ਼ੀਲ ਲੇਖਕ ਸੰਘ ਇਕਾਈ ਮਜੀਠਾ ਦੇ ਸਰਪ੍ਰਸਤ ਨਿਰੰਜਨ ਸਿੰਘ ਗਿੱਲ, ਪ੍ਰਧਾਨ ਸੁਬੇਗ ਸਿੰਘ ਕੁਲਾਰ, ਜਨਰਲ ਸਕੱਤਰ ਨਿਰਮਲ ਕੌਰ ਕੋਟਲਾ, ਨਵਜੋਤ ਕੌਰ ਭੁੱਲਰ, ਪੰਜਾਬੀ ਸਾਹਿਤ ਸਭਾ ਚੋਗਾਵਾਂ ਦੇ ਸਰਪ੍ਰਸਤ ਮੁਖਤਾਰ ਗਿੱਲ, ਸੁਖਵੰਤ ਚੇਤਨਪੁਰੀ, ਸ਼ੁੱਭਪ੍ਰੀਤ ਸਿੰਘ ਔਲਖ, ਮਹਾਂਬੀਰ ਸਿੰਘ ਗਿੱਲ, ਸਤਨਾਮ ਜੱਸੜ, ਨਿਸ਼ਾਨ ਸਿੰਘ ਛੀਨਾ, ਡਾ: ਕੰਵਲ ਸਿੰਘ ਰੰਧਾਵਾ, ਲਾਡੀ ਧੁੰਦਲ, ਗੁਰਜਿੰਦਰ ਸਿੰਘ ਬਘਿਆੜੀ, ਜਗਰੂਪ ਸਿੰਘ ਐਮਾ, ਪ੍ਰਗਟ ਸਿੰਘ ਔਲਖ, ਕੁਲਦੀਪ ਸਿੰਘ ਦਰਾਜਕੇ, ਕੁਲਵੰਤ ਸਿੰਘ ਆਨੰਦ, ਕੁਲਵੰਤ ਸਿੰਘ ਕੰਤ, ਰਾਜ ਕੁਮਾਰ ਰਾਜ ਆਦਿ ਨੇ ਕਿਹਾ ਕਿ ਡਾ: ਸੁਖਦੇਵ ਸਿੰਘ ਸਿਰਸਾ ਨੇ ਲੰਮੇ ਸਮੇਂ ਤੋਂ ਵਿੱਦਿਅਕ, ਸਾਹਿਤਕ ਅਤੇ ਸਮਾਜਿਕ ਖੇਤਰ ਵਿੱਚ ਸਰਗਰਮ ਭੂਮਿਕਾ ਨਿਭਾਈ ਹੈ।ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਦੀ ਸੈਨੇਟ ਵਿੱਦਿਅਕ ਅਤੇ ਅਕਾਦਮਿਕ ਮਸਲਿਆਂ ਨਾਲ ਸਿੱਧੇ ਤੌਰ ਤੇ ਜੁੜੀ ਮਹੱਤਵਪੂਰਨ ਸੰਸਥਾ ਹੈ।ਇਸ ਲਈ ਸੈਨੇਟ ਵਿੱਚ ਅਜਿਹੇ ਨੁਮਾਇੰਦਿਆਂ ਦੀ ਲੋੜ ਹੈ ਜੋ ਵਿਦਿਆਰਥੀਆਂ, ਅਧਿਆਪਕਾਂ ਅਤੇ ਵਿੱਦਿਅਕ ਸੰਸਥਾਵਾਂ ਦੇ ਹਿੱਤਾਂ ਦੀ ਮਜ਼ਬੂਤੀ ਨਾਲ ਆਵਾਜ਼ ਉਠਾ ਸਕਣ। ਉਨ੍ਹਾਂ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਡਾ: ਸੁਖਦੇਵ ਸਿੰਘ ਸਿਰਸਾ ਦੇ ਹੱਕ ਵਿੱਚ ਆਪਣੀ ਕੀਮਤੀ ਵੋਟ ਪਾ ਕੇ ਉਨ੍ਹਾਂ ਨੂੰ ਵੱਡੇ ਬਹੁਮਤ ਨਾਲ ਜਿਤਾਉਣ।

## ਬਾਬਾ ਸ਼੍ਰੀ ਚੰਦ ਜੀ ਦਾ ਜਨਮ ਦਿਹਾੜਾ ਅੱਜ ਮਨਾਇਆ ਜਾਵੇਗਾ: ਬਾਬਾ ਬੇਦੀ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ) ਬਾਬਾ ਸ਼੍ਰੀ ਚੰਦ ਜੀ ਚੈਰੀਟੇਬਲ ਟਰੱਸਟ ਡੇਰਾ ਬਾਬਾ ਨਾਨਕ ਵੱਲੋਂ ਹਰ ਸਾਲ ਦੀ ਤਰ੍ਹਾਂ 16 ਸਤੰਬਰ ਨੂੰ ਪਹਿਲੀ ਪਾਤਸ਼ਾਹੀ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਵੱਡੇ ਸਪੁੱਤਰ ਬਾਬਾ ਸ਼੍ਰੀ ਚੰਦ ਜੀ ਦਾ 532ਵਾਂ ਜਨਮ ਦਿਹਾੜਾ ਕਸਬਾ ਡੇਰਾ ਬਾਬਾ ਨਾਨਕ ਦੇ ਦਸ ਡੋਗਰਾ ਮਾਰਗ ਸਥਿਤ ਗੁਰਦੁਆਰਾ ਬਾਬਾ ਸ਼੍ਰੀ ਚੰਦ ਜੀ ਵਿਖੇ ਬੜੀ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ ਜਾਵੇਗਾ।ਇਸ ਸੰਬੰਧੀ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਗੁਰਦੁਆਰਾ ਬਾਬਾ ਸ਼੍ਰੀ ਚੰਦ ਜੀ ਵਿਖੇ ਉੱਘੇ ਸਮਾਜ ਸੇਵੀ ਤੇ ਗੁਰਦੁਆਰਾ ਬਾਬਾ ਸ਼੍ਰੀ ਚੰਦ ਚੈਰੀਟੇਬਲ ਟਰੱਸਟ ਡੇਰਾ ਬਾਬਾ ਨਾਨਕ ਦੇ ਚੇਅਰਮੈਨ ਐੱਨ. ਆਰ. ਆਈ. ਬਾਬਾ ਰਜਿੰਦਰ ਸਿੰਘ ਬੇਦੀ ਨੇ ਦੱਸਿਆ ਕਿ ਇਸ ਸਬੰਧੀ 14 ਸਤੰਬਰ ਦਿਨ ਸੋਮਵਾਰ ਨੂੰ ਸਵੇਰੇ 11 ਵਜੇ ਗੁਰਦੁਆਰਾ ਬਾਬਾ ਸ਼੍ਰੀ ਚੰਦ ਜੀ ਵਿਖੇ ਸ਼੍ਰੀ ਅਖੰਡ ਪਾਠ ਸਾਹਿਬ ਅਰੰਭ ਗਏ, ਜਿਨ੍ਹਾਂ ਦੇ ਭੋਗ 16 ਸਤੰਬਰ ਦਿਨ ਬੁੱਧਵਾਰ ਨੂੰ ਸਵੇਰੇ 10 ਵਜੇ ਪਾਏ ਜਾਣਗੇ।ਉਪਰੰਤ 11 ਵਜੇ ਤੋਂ ਦੁਪਹਿਰ 1 ਵਜੇ ਤੱਕ ਧਾਰਮਿਕ ਸਜਾਏ ਜਾਣਗੇ ਅਤੇ ਕਥਾ ਕੀਰਤਨ ਦੇ ਪ੍ਰਵਾਹ ਚਲਾਏ ਜਾਣਗੇ।ਉਨ੍ਹਾਂ ਕਿਹਾ ਕਿ ਟਰੱਸਟ ਵੱਲੋਂ ਇਸ ਮੌਕੇ ਵਿਸ਼ੇਸ਼ ਤੌਰ ਤੇ ਸਨਮਾਨ ਯੋਗ ਸ਼ਖ਼ਸੀਅਤਾਂ ਨੂੰ ਸਨਮਾਨਿਤ ਵੀ ਕੀਤਾ ਜਾਵੇਗਾ ਅਤੇ ਸੰਗਤਾਂ ਲਈ ਗੁਰੂ ਕਾ ਅਟੁੱਟ ਲੰਗਰ ਵੀ ਵਰਤਾਇਆ ਜਾਵੇਗਾ।ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ 16 ਸਤੰਬਰ ਦਿਨ ਬੁੱਧਵਾਰ ਨੂੰ ਬਾਬਾ ਸ਼੍ਰੀ ਚੰਦ ਜੀ ਦੇ ਜਨਮ ਦਿਹਾੜੇ ਮੌਕੇ ਵੱਡੀ ਗਿਣਤੀ ਵਿਚ ਗੁਰਦੁਆਰਾ ਬਾਬਾ ਸ਼੍ਰੀ ਚੰਦ ਜੀ ਵਿਖੇ ਪਹੁੰਚ ਕੇ ਹਾਜ਼ਰੀ ਭਰਨ ਅਤੇ ਗੁਰੂ ਘਰ ਦੀਆ ਖ਼ੁਸ਼ੀਆਂ ਪ੍ਰਾਪਤ ਕਰਨ ।ਇਸ ਮੌਕੇ ਮਾਤਾ ਆਤਮਜੀਤ ਕੌਰ ਬੇਦੀ, ਸੁੱਚਾ ਸਿੰਘ ਸੈਕਟਰੀ ਸ਼ਿਕਾਰ, ਸਾਬਕਾ ਵਾਈਸ ਚੇਅਰਮੈਨ ਨਿਰਮਲ ਸਿੰਘ ਹਰੂਵਾਲ, ਗੁਰਦੀਪ ਸਿੰਘ ਬਿੱਟਾ ਚੰਦੂ ਨੰਗਲ, ਵਿਕਰਮਜੀਤ, ਪਰਮਜੀਤ ਸਿੰਘ ਸਾਬੀ, ਹੈੱਡ ਗ੍ਰੰਥੀ ਬਾਬਾ ਭੁਪਿੰਦਰ ਸਿੰਘ ਅਤੇ ਮਨਮੋਹਨ ਸਿੰਘ ਆਦਿ ਹਾਜ਼ਰ ਸਨ ।

## ਗੁਰਦਾਸਪੁਰ ਸ਼ਹਿਰ ਤੇ ਨੇੜਲੇ ਪਿੰਡਾਂ 'ਚ ਆਏ ਭਾਰੀ ਤੂਫਾਨ ਨੇ ਜੰਗਲਾਤ ਤੇ ਬਿਜਲੀ ਮਹਿਕਮੇ ਦਾ ਕੀਤਾ ਭਾਰੀ ਨੁਕਸਾਨ



ਗੁਰਦਾਸਪੁਰ, (ਜਨਕ ਮਹਾਜਨ)-ਬੀਤੀ ਰਾਤ ਤੇਜ਼ ਮੀਂਹ ਹਨੇਰੀ ਦੇ ਕਾਰਨ ਗੁਰਦਾਸਪੁਰ ਸ਼ਹਿਰ ਅਤੇ ਆਸ-ਪਾਸ ਦੇ ਵੱਖ-ਵੱਖ ਪਿੰਡਾਂ ਵਿੱਚ ਲੋਕਾਂ ਦਾ ਭਾਰੀ ਨੁਕਸਾਨ ਹੋਇਆ ਹੈ। ਇਸ ਤੇਜ਼ ਤੂਫਾਨ ਨੇ ਵੱਡੇ-ਵੱਡੇ ਸਫੈਦਿਆਂ ਦੇ ਰੁੱਖਾਂ ਨੂੰ ਜੜ੍ਹੋਂ ਪੁੱਟ ਕੇ ਰੱਖ ਦਿੱਤਾ ਹੈ ਅਤੇ ਬਿਜਲੀ ਦੇ ਟਰਾਂਸਫਾਰਮਰ ਵੀ ਖੰਭਿਆਂ ਤੋਂ ਟੁੱਟ ਚੁੱਕੇ ਹਨ ਜਿਸ ਨਾਲ ਇਲਾਕੇ ਦੀ ਬਿਜਲੀ ਵੀ ਗੁੱਲ ਹੋ ਚੁੱਕੀ ਹੈ। ਇਸ ਸਬੰਧੀ ਗੱਲਬਾਤ ਕਰਦੇ ਹੋਏ ਇਲਾਕਾ ਵਾਸੀਆਂ ਨੇ ਦੱਸਿਆ ਕਿ ਬੀਤੀ ਰਾਤ ਅਚਾਨਕ ਬਹੁਤ ਤੇਜ਼ ਤੂਫਾਨ ਆਇਆ ਜਿਸ ਨੇ ਚਾਰਦਾਂ ਦੀਆਂ ਛੱਤਾਂ ਤੋਂ ਇਲਾਵਾ ਸੜਕ ਕੰਢੇ ਲੱਗੇ ਵੱਡੇ-ਵੱਡੇ ਸਫੈਦੇ ਦੇ ਰੁੱਖ ਜੜ੍ਹੋਂ ਪੁੱਟ ਕੇ ਰੱਖ ਦਿੱਤੇ। ਉਨ੍ਹਾਂ ਨੇ ਦੱਸਿਆ ਕਿ ਇਸ ਤੂਫਾਨ ਦੇ ਨਾਲ ਜੰਗਲਾਤ ਵਿਭਾਗ ਅਤੇ ਬਿਜਲੀ ਮਹਿਕਮੇ ਦਾ ਵੱਡਾ ਨੁਕਸਾਨ ਹੋਇਆ ਹੈ। ਪਿੰਡਾਂ ਵਾਸੀਆਂ ਨੇ ਆਪਣੇ ਪੱਧਰ 'ਤੇ ਆਵਾਜਾਈ ਨੂੰ ਬਹਾਲ ਕਰਨ ਦੇ ਲਈ ਸੜਕਾਂ ਵਿਚਕਾਰ ਪਏ ਰੁੱਖਾਂ ਨੂੰ ਚੁੱਕਿਆ ਅਤੇ ਕੁਝ ਵੱਡੇ-ਵੱਡੇ ਰੁੱਖ ਅਜੇ ਵੀ ਰਸਤਿਆਂ ਦੇ ਵਿਚਕਾਰ ਪਏ ਹੋਏ ਹਨ ਜਿਨ੍ਹਾਂ ਕਾਰਨ ਆਵਾਜਾਈ ਪੂਰੀ ਤਰ੍ਹਾਂ ਠੱਪ ਹੋ ਚੁੱਕੀ ਹੈ। ਇਨ੍ਹਾਂ ਰਸਤਿਆਂ ਵਿੱਚ ਪੰਡੋਰੀ ਰੋਡ, ਬਹਿਰਾਮਪੁਰ ਰੋਡ ਤੋਂ ਇਲਾਵਾ ਹੋਰ ਕਈ ਰੋਡ ਹਨ, ਜਿਨ੍ਹਾਂ ਦੀ ਆਵਾਜਾਈ ਠੱਪ ਹੋ ਚੁੱਕੀ ਹੈ ਅਤੇ ਲੋਕ ਗਾਹੇ-ਬਗਾਹੇ ਪਿੰਡਾਂ ਵਿੱਚੋਂ ਦੀ ਹੋ ਕੇ ਸ਼ਹਿਰ ਗੁਰਦਾਸਪੁਰ ਨੂੰ ਪਹੁੰਚ ਰਹੇ ਸਨ । ਲੋਕਾਂ ਦਾ ਕਹਿਣਾ ਹੈ ਕਿ ਜੰਗਲਾਤ ਵਿਭਾਗ ਵੱਲੋਂ ਸੁੱਕ ਚੁੱਕੇ ਰੁੱਖਾਂ ਨੂੰ ਸਮੇਂ ਸਿਰ ਨਹੀਂ ਕੱਟਿਆ ਜਾਂਦਾ ਜਿਸ ਕਾਰਨ ਥੋੜੀ ਜਿਹੀ ਹਨੇਰੀ ਆਉਣ 'ਤੇ ਇਹ ਰੁੱਖ ਹੇਠਾਂ ਡਿੱਗ ਪੈਂਦੇ ਹਨ। ਇਸੇ ਤਰ੍ਹਾਂ ਗੁਰਦਾਸਪੁਰ ਸ਼ਹਿਰ ਅੰਦਰ ਬੀ.ਐੱਸ.ਐੱਫ ਰੋਡ, ਫਿਸ਼ ਪਾਰਕ ਤੋਂ ਇਲਾਵਾ ਸਰਕਾਰੀ ਹਰ ਦਫਤਰ ਦੇ ਰੁੱਖ ਕਾਫੀ ਟੁੱਟ ਚੁੱਕੇ ਹਨ। ਲੋਕਾਂ ਨੇ ਪੰਜਾਬ ਸਰਕਾਰ ਪਾਸੋਂ ਮੰਗ ਕੀਤੀ ਕਿ ਗੁਰਦਾਸਪੁਰ ਦੀਆਂ ਮੁੱਖ ਸੜਕਾਂ 'ਤੇ ਸ਼ਹਿਰਾਂ ਅੰਦਰ ਡਿੱਗੇ ਪਏ ਰੁੱਖਾਂ ਨੂੰ ਜਲਦ ਤੋਂ ਜਲਦ ਚੁਕਵਾਉਣ ਤੋਂ ਇਲਾਵਾ ਬਿਜਲੀ ਦੇ ਖੰਭਿਆਂ ਨੂੰ ਮੁੜ ਖੜਾ ਕਰਕੇ ਬਿਜਲੀ ਨੂੰ ਬਹਾਲ ਕੀਤਾ ਜਾਵੇ।

## ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵਿਆਹ ਪੁਰਬ 'ਤੇ ਸਾਫ-ਸਫਾਈ ਦਾ ਖਾਸ ਧਿਆਨ ਰੱਖਣ ਦੀ ਅਪੀਲ



ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)-ਸ੍ਰੀ ਗੁਰੂ ਨਾਨਕ ਦੇਵ ਜੀ ਤੇ ਮਾਤਾ ਸੁਲੱਖਣੀ ਜੀ ਦਾ ਵਿਆਹ ਪੁਰਬ 18 ਸਤੰਬਰ ਨੂੰ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ।ਇਸ ਪਵਿੱਤਰ ਦਿਹਾੜੇ ਤੇ ਬਟਾਲਾ ਸ਼ਹਿਰ ਅਤੇ ਵੱਖ-ਵੱਖ ਪਿੰਡਾਂ ਕਸਬਿਆਂ ਅਤੇ ਮੁੱਖ ਮਾਰਗਾਂ ਤੇ ਸੰਗਤਾਂ ਵੱਲੋਂ ਲੰਗਰ ਲਗਾਏ ਜਾ ਰਹੇ ਹਨ।ਉੱਥੇ ਵੇਖਣ ਵਿੱਚ ਆਉਂਦਾ ਹੈ ਕਿ ਲੰਗਰ ਛਕਾਉਣ ਲਈ ਵੱਡੀ ਪੱਧਰ 'ਤੇ ਡਿਸਪੋਜ਼ਲ ਥਾਲੀਆਂ ਤੇ ਪਲਾਸਟਿਕ ਗਲਾਸਾਂ ਦੀ ਵਰਤੋਂ ਕੀਤੀ ਜਾਂਦੀ ਹੈ।ਇਸ ਸੰਬੰਧੀ ਵੱਖ-ਵੱਖ ਸਖਸ਼ੀਅਤਾਂ ਗੁਰਦੁਆਰਾ ਕਮੇਟੀ ਮਾਨ ਸੈਂਡਵਾਲ ਦੇ ਪ੍ਰਧਾਨ ਸੁਖਜਿੰਦਰ ਸਿੰਘ, ਗੁਰਸ਼ੇਰ ਸਿੰਘ ਮਾਨ ਆਸਟ੍ਰੇਲੀਆ, ਹਰਿੰਦਰਜੀਤ ਸਿੰਘ ਫੁੱਟਬਾਲ ਕੋਚ ਕਾਲਾ ਅਫਗਾਨਾ ਤੇ ਮਾਸਟਰ ਸਤਬੀਰ ਸਿੰਘ ਮਾਨ ਨੇ ਮੀਡੀਆ ਨਾਲ ਆਪਣੇ ਵਿਚਾਰ ਸਾਂਝੇ ਕੀਤੇ ਹਨ।ਉਨ੍ਹਾਂ ਕਿਹਾ ਕਿ ਪਵਿੱਤਰ ਵਿਆਹ ਪੁਰਬ ਮੌਕੇ ਸੰਗਤਾਂ ਵੱਲੋਂ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਲੰਗਰ ਲਗਾਏ ਜਾਂਦੇ ਹਨ।ਕੁਝ ਥਾਵਾਂ 'ਤੇ ਡਸਟਬਿਨ ਰੱਖੇ ਜਾਂਦੇ ਨੇ ਪਰ ਬਹੁਤੀਆਂ ਥਾਵਾਂ ਤੇ ਇਹ ਡਿਸਪੋਜ਼ਲ ਅਤੇ ਲੰਗਰਾਂ ਦੀ ਰਹਿੰਦ ਖੂੰਹਦ ਇੱਧਰ ਉਧਰ ਖਿੱਲਰੇ ਪਏ ਹੁੰਦੇ ਨੇ ਜੋ ਵੇਖਣ ਨੂੰ ਕੂੜੇ ਦੇ ਢੇਰ ਹੀ ਲੱਗਦੇ ਹਨ।ਇਸ ਤੋਂ ਇਲਾਵਾ ਰੇਹੜੀਆਂ ਸਟਾਲਾਂ ਤੇ ਖਾਣ ਪੀਣ ਦਾ ਸਾਮਾਨ ਵੇਚਣ ਵਾਲੇ ਵੀ ਆਪਣੇ ਵੱਲੋਂ ਵਰਤਿਆ ਜਾਂਦਾ ਡਿਸਪੋਜ਼ੇਬਲ ਸਾਮਾਨ ਇੱਧਰ ਉਧਰ ਸੁੱਟ ਦਿੰਦੇ ਹਨ ਜਿਸ ਕਾਰਨ ਕੂੜੇ ਦੇ ਵੱਡੇ ਢੇਰ ਲੱਗ ਜਾਂਦੇ ਨੇ ਜੋ ਜੋੜ ਮੇਲੇ ਵਿੱਚ ਪਹੁੰਚੇ ਸ਼ਰਧਾਲੂਆਂ ਲਈ ਵੀ ਮੁਸ਼ਕਿਲਾਂ ਖੜੀਆਂ ਕਰਦੇ ਹਨ।ਉਨ੍ਹਾਂ ਲੰਗਰ ਲਗਾਉਣ ਵਾਲੀਆਂ ਜਥੇਬੰਦੀਆਂ ਤੇ ਸੇਵਾਦਾਰਾਂ ਨੂੰ ਬੇਨਤੀ ਕਰਦਿਆਂ ਕਿਹਾ ਹੈ ਕਿ ਜਿੱਥੇ ਆਪਾਂ ਲੰਗਰਾਂ ਵਿੱਚ ਇੰਨੀ ਸੇਵਾ ਕਰਦੇ ਹਾਂ ਉਥੇ ਹੀ ਇਸ ਡਿਸਪੋਜ਼ਲ ਦੀ ਰਹਿੰਦ ਖੂੰਦ ਨੂੰ ਕੂੜੇਦਾਨ ਵਿੱਚ ਹੀ ਪਾਇਆ ਜਾਵੇ।

## ਰਾਜ ਪੱਧਰੀ ਮੁਕਾਬਲੇ ਤੋਂ ਪਹਿਲਾਂ ਸੋਲਰ ਵਾਹਨ ਦੀਆਂ ਬੈਟਰੀਆਂ ਚੋਰੀ



ਪਠਾਨਕੋਟ, (ਦਵਿੰਦਰ ਸਿੰਘ)-ਵਿਦਿਆਰਥੀਆਂ ਦੀ ਮਿਹਨਤ ਨਾਲ ਤਿਆਰ ਕੀਤੇ ਸੋਲਰ ਵਾਹਨ ਨੂੰ ਚੋਰਾਂ ਨੇ ਨਿਸ਼ਾਨਾ ਬਣਾ ਦਿੱਤਾ। ਐੱਸ. ਓ. ਆਈ. ਸਕੂਲ ਲਮੀਨੀ ਦੇ ਵਿਦਿਆਰਥੀਆਂ ਵੱਲੋਂ ਬਿਜ਼ਨਸ ਬਲਾਸਟਰ ਪ੍ਰੋਜੈਕਟ ਤਹਿਤ ਤਿਆਰ ਕੀਤੇ ਗਏ ਇਸ ਵਾਹਨ ਵਿੱਚੋਂ ਅਣਪਛਾਤੇ ਵਿਅਕਤੀ ਐਕਸਾਈਡ ਕੰਪਨੀ ਦੀਆਂ ਬੈਟਰੀਆਂ ਕੱਢ ਕੇ ਲੈ ਗਏ। ਇਸ ਤੋਂ ਇਲਾਵਾ ਵਾਹਨ ਨੂੰ ਵੀ ਤੋੜ-ਫੋੜ ਕਰਕੇ ਨੁਕਸਾਨ ਪਹੁੰਚਾਇਆ ਗਿਆ।ਵੋਕੇਸ਼ਨਲ ਅਧਿਆਪਕ ਲਲਿਤ ਮੋਹਨ ਨੇ ਦੱਸਿਆ ਕਿ ਵਿਦਿਆਰਥੀਆਂ ਨੇ ਕਰੀਬ 50 ਹਜ਼ਾਰ ਰੁਪਏ ਖਰਚ ਕਰਕੇ ਸੌਰ ਊਰਜਾ ਪ੍ਰਣਾਲੀ ਨਾਲ ਚੱਲਣ ਵਾਲਾ ਵਾਹਨ ਤਿਆਰ ਕੀਤਾ ਸੀ। ਇਸ ਪ੍ਰੋਜੈਕਟ ਦੀ ਚੋਣ ਚੰਡੀਗੜ੍ਹ ਵਿੱਚ ਹੋਣ ਵਾਲੀ ਰਾਜ ਪੱਧਰੀ ਪ੍ਰਦਰਸ਼ਨੀ ਲਈ ਹੋਈ ਸੀ।14 ਸਤੰਬਰ ਨੂੰ ਵਾਹਨ ਨੂੰ ਅੰਤਿਮ ਰੂਪ ਦੇਣ ਤੋਂ ਬਾਅਦ ਇਸਨੂੰ ਸੈਣੀ ਮੁਹੱਲਾ ਸਥਿਤ ਉਨ੍ਹਾਂ ਦੇ ਘਰ ਦੇ ਬਾਹਰ ਖੜ੍ਹਾ ਕੀਤਾ ਗਿਆ ਸੀ।ਉਨ੍ਹਾਂ ਦੱਸਿਆ ਕਿ ਰਾਤ ਕਰੀਬ 11 ਵਜੇ ਤੋਂ ਬਾਅਦ ਅਣਪਛਾਤੇ ਵਿਅਕਤੀਆਂ ਨੇ ਵਾਹਨ ਵਿੱਚੋਂ ਬੈਟਰੀਆਂ ਕੱਢ ਲਈਆਂ ਅਤੇ ਇਸ ਦੇ ਚੈਸੀ ਸਮੇਤ ਹੋਰ ਹਿੱਸਿਆਂ ਨੂੰ ਵੀ ਨੁਕਸਾਨ ਪਹੁੰਚਾਇਆ।ਅਗਲੇ ਦਿਨ ਘਟਨਾ ਦਾ ਪਤਾ ਲੱਗਣ 'ਤੇ ਉਨ੍ਹਾਂ ਨੇ ਥਾਣਾ ਡਿਵੀਜ਼ਨ ਨੰਬਰ-2 ਵਿੱਚ ਸ਼ਿਕਾਇਤ ਦਰਜ ਕਰਵਾਈ।ਲਲਿਤ ਮੋਹਨ ਨੇ ਕਿਹਾ ਕਿ ਵਿਦਿਆਰਥੀਆਂ ਨੇ ਇਸ ਮਾਡਲ ਨੂੰ ਤਿਆਰ ਕਰਨ ਵਿੱਚ ਕਾਫ਼ੀ ਮਿਹਨਤ ਕੀਤੀ ਸੀ ਅਤੇ ਰਾਜ ਪੱਧਰ 'ਤੇ ਚੋਣ ਹੋਣ ਕਾਰਨ ਉਨ੍ਹਾਂ ਵਿੱਚ ਕਾਫ਼ੀ ਉਤਸ਼ਾਹ ਸੀ, ਪਰ ਚੋਰੀ ਦੀ ਇਸ ਘਟਨਾ ਨਾਲ ਉਹ ਨਿਰਾਸ਼ ਹੋ ਗਏ ਹਨ। ਪੁਲਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## ਅਮਰਜੀਤ ਕੌਰ ਨਮਿਤ ਅੰਤਿਮ ਅਰਦਾਸ ਅੱਜ



ਵੇਰਕਾ (ਰਾਣਾ)-ਅਮਰਜੀਤ ਕੌਰ ਗਿੱਲ ਜੋ ਬੀਤੇ ਦਿਨ ਆਪਣੀ ਸੰਸਾਰਿਕ ਯਾਤਰਾ ਨੂੰ ਪੂਰੀ ਕਰਦੇ ਹੋਏ ਸਮੂਹ ਗਿੱਲ ਪਰਿਵਾਰ ਨੂੰ ਸਦੀਵੀ ਵਿਛੋੜਾ ਦਿੰਦੇ ਹੋਏ ਅਕਾਲ ਪੁਰਖ ਦੇ ਚਰਨਾਂ ਵਿੱਚ ਜਾ ਬਿਰਾਜੇ ਸਨ, ਦੀ ਆਤਮਿਕ ਸ਼ਾਂਤੀ ਨਮਿਤ ਸਮੂਹ ਗਿੱਲ ਪਵਿਾਰ ਵੱਲੋਂ ਰਖਾਏ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਅੱਜ 16 ਸਤੰਬਰ ਦਿਨ ਬੁੱਧਵਾਰ ਨੂੰ ਉਨ੍ਹਾਂ ਦੇ ਗ੍ਰਹਿ ਪਿੰਡ ਆਸਲ ਤਹਿਸੀਲ ਪੱਟੀ, ਜ਼ਿਲਾ ਤਰਨਤਾਰਨ ਵਿਖੇ ਪੈਣਗੇ ਅਤੇ ਅੰਤਿਮ ਅਰਦਾਸ 12:00 ਵਜੇ ਤੋਂ 2:00 ਵਜੇ ਦੁਪਹਿਰ ਨੂੰ ਹੋਵੇਗੀ।ਉਪਰੰਤ ਰਾਗੀ ਸਿੰਘਾਂ ਵੱਲੋਂ ਵੈਰਾਗਮਈ ਕੀਰਤਨ ਕੀਤਾ ਜਾਵੇਗਾ।ਇਸ ਮੌਕੇ ਅਮਰਜੀਤ ਕੌਰ ਗਿੱਲ ਨੂੰ ਵੱਖ-ਵੱਖ ਸਮਾਜਿਕ, ਰਾਜਨੀਤਕ, ਧਾਰਮਿਕ ਅਤੇ ਮੁਲਾਜ਼ਮ ਸੰਗਠਨਾਂ ਦੇ ਆਗੂਆਂ ਵੱਲੋਂ ਉਨ੍ਹਾਂ ਨੂੰ ਸ਼ਰਧਾ ਦੇ ਸੁਮਨ ਵੀ ਭੇਟ ਕਰਨਗੇ।

## ਐੱਸ ਆਈ ਆਰ ਨੂੰ ਲੈ ਕੇ ਕਰਵਾਇਆ ਜਾਗਰੂਕਤਾ ਸਮਾਗਮ



ਪਠਾਨਕੋਟ, (ਦਵਿੰਦਰ ਸਿੰਘ)-ਏ ਐਂਡ ਐਮ ਗਰੁੱਪ ਆਫ ਇੰਸਟੀਚਿਊਟ ਪਠਾਨਕੋਟ ਵੱਲੋਂ ਵਿਦਿਆਰਥੀਆਂ ਅਤੇ ਸਟਾਫ਼ ਮੈਂਬਰਾਂ ਨੂੰ ਵੋਟਰ ਸੂਚੀ ਦੇ ਵਿਸ਼ੇਸ਼ ਗਹਿਰੇ ਪੁਨਰਨਿਰੀਖਣ ਸਬੰਧੀ ਜਾਗਰੂਕ ਕਰਨ ਦੇ ਉਦੇਸ਼ ਨਾਲ ਵਿਸ਼ੇਸ਼ ਜਾਗਰੂਕਤਾ ਸਮਾਗਮ ਜਿਲ੍ਹਾ ਚੋਣ ਅਧਿਕਾਰੀ ਕਮ ਡਿਪਟੀ ਕਮਿਸ਼ਨਰ ਡਾਕਟਰ ਪੱਲਵੀ ਦੇ ਦਿਸ਼ਾ ਨਿਰਦੇਸ਼ਾਂ ਅਤੇ ਜਿਲ੍ਹਾ ਨੋਡਲ ਅਧਿਕਾਰੀ-ਕਮ-ਜ਼ਿਲ੍ਹਾ ਭੂਮੀ ਰੱਖਿਆ ਅਧਿਕਾਰੀ ਗੁਰਪ੍ਰੀਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਕਰਵਾਇਆ ਗਿਆ। ਸਮਾਗਮ ਦੌਰਾਨ ਵਿਦਿਆਰਥੀਆਂ ਨੂੰ ਵੋਟਰ ਸੂਚੀ ਦੀ ਵਿਸ਼ੇਸ਼ ਗਹਿਰੇ ਪੁਨਰੀਖਣ ਪ੍ਰਕਿਰਿਆ, ਵੋਟਰ ਵੇਰਵਿਆਂ ਦੀ ਜਾਂਚ ਅਤੇ ਆਪਣੇ ਵੇਰਵੇ ਸਹੀ ਤੇ ਅੱਪਡੇਟ ਰੱਖਣ ਦੀ ਮਹੱਤਤਾ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।ਇਸ ਮੌਕੇ ਸਹਾਇਕ ਜ਼ਿਲ੍ਹਾ ਨੋਡਲ ਅਫ਼ਸਰ, ਸਵੀਪ, ਹੈੱਡਮਾਸਟਰ ਰਵਿਕਾਂਤ ਨੇ ਵਿਦਿਆਰਥੀਆਂ ਨੂੰ ਵੋਟਰ ਸੂਚੀ ਦੇ ਵਿਸ਼ੇਸ਼ ਗਹਿਰੇ ਪੁਨਰਨਿਰੀਖਣ ਅਤੇ ਵੋਟਰ ਜਾਗਰੂਕਤਾ ਸਬੰਧੀ ਮਹੱਤਵਪੂਰਨ ਜਾਣਕਾਰੀ ਦਿੱਤੀ।ਉਨ੍ਹਾਂ ਕਿਹਾ ਕਿ ਲੋਕਤੰਤਰ ਨੂੰ ਮਜ਼ਬੂਤ ਬਣਾਉਣ ਵਿੱਚ ਨੌਜਵਾਨਾਂ ਦੀ ਭੂਮਿਕਾ ਬਹੁਤ ਅਹਿਮ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਆਪਣੇ ਪਰਿਵਾਰਕ ਮੈਂਬਰਾਂ ਅਤੇ ਸਮਾਜ ਦੇ ਹੋਰਨਾਂ ਲੋਕਾਂ ਨੂੰ ਵੀ ਵੋਟਰ ਸੂਚੀ ਵਿੱਚ ਆਪਣੇ ਵੇਰਵਿਆਂ ਦੀ ਜਾਂਚ ਕਰਨ ਲਈ ਜਾਗਰੂਕ ਕਰਨ ਦੀ ਅਪੀਲ ਕੀਤੀ।ਸਮਾਗਮ ਦੌਰਾਨ ਜ਼ਿਲ੍ਹਾ ਸਵੀਪ ਟੀਮ ਮੈਂਬਰ ਹਰਸਿਮਰਨਜੀਤ ਸਿੰਘ, ਵਿਵੇਕ ਡੋਗਰਾ ਅਤੇ ਅਮਿਤ ਡੋਗਰਾ ਨੇ ਵੀ ਅਹਿਮ ਭੂਮਿਕਾ ਨਿਭਾਈ।ਉਨ੍ਹਾਂ ਵੱਲੋਂ ਵਿਦਿਆਰਥੀਆਂ ਤੱਕ ਵੋਟਰ ਸੂਚੀ ਦੇ ਵਿਸ਼ੇਸ਼ ਗਹਿਰੇ ਪੁਨਰਨਿਰੀਖਣ ਸਬੰਧੀ ਜ਼ਰੂਰੀ ਜਾਣਕਾਰੀ ਪਹੁੰਚਾਉਣ ਵਿੱਚ ਸਹਿਯੋਗ ਦਿੱਤਾ ਗਿਆ।ਸੰਸਥਾ ਦੇ ਚੇਅਰਮੈਨ ਅਕਸ਼ੈ ਮਹਾਜਨ, ਸਕੱਤਰ ਸੋਨੂੰ ਮਹਾਜਨ, ਉਪ ਪ੍ਰਧਾਨ ਨਮਨ ਮਹਾਜਨ, ਡਾਇਰੈਕਟਰ ਡਾ. ਸੰਦੀਪ ਸ਼ਰਮਾ ਅਤੇ ਡਾਇਰੈਕਟਰ ਰਾਜਪਾਲ ਸਿੰਘ ਨੇ ਜਾਗਰੂਕਤਾ ਸਮਾਗਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਵਿਦਿਆਰਥੀਆਂ ਨੂੰ ਆਪਣੇ ਲੋਕਤੰਤਰਿਕ ਅਧਿਕਾਰਾਂ ਅਤੇ ਫ਼ਰਜ਼ਾਂ ਪ੍ਰਤੀ ਜਾਗਰੂਕ ਹੋਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਹਰੇਕ ਯੋਗ ਨਾਗਰਿਕ ਨੂੰ ਵੋਟਰ ਸੂਚੀ ਵਿੱਚ ਦਰਜ ਆਪਣੇ ਵੇਰਵਿਆਂ ਦੀ ਜਾਂਚ ਕਰਕੇ ਲੋੜ ਅਨੁਸਾਰ ਸੋਧ ਕਰਵਾਉਣੀ ਚਾਹੀਦੀ ਹੈ।

## ਵਿਦਿਆਰਥੀਆਂ ਨੂੰ ਆਫ਼ਤ ਪ੍ਰਬੰਧਨ, ਮੁੱਢਲੀ ਸਹਾਇਤਾ ਤੇ ਬਚਾਅ ਤਕਨੀਕਾਂ ਸਬੰਧੀ ਦਿੱਤੀ ਜ਼ਰੂਰੀ ਸਿਖਲਾਈ




ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਸੱਤਵੀਂ ਵਾਹਿਨੀ ਰਾਸ਼ਟਰੀ ਆਫ਼ਤ ਮੋਚਨ ਬਲ, ਬਠਿੰਡਾ (ਐੱਨ.ਡੀ.ਆਰ.ਐੱਫ.) ਦੀ ਟੀਮ ਵੱਲੋਂ ਸਰਕਾਰੀ ਹਾਈ ਸਕੂਲ ਭਲਾ ਪਿੰਡ ਵਿਖੇ ਸਕੂਲ ਸੁਰੱਖਿਆ ਪ੍ਰੋਗਰਾਮ ਕਰਵਾਇਆ ਗਿਆ। ਪ੍ਰੋਗਰਾਮ ਦੀ ਅਗਵਾਈ ਸਹਾਇਕ ਸਬ-ਇੰਸਪੈਕਟਰ ਰਾਮ ਪ੍ਰਕਾਸ਼ ਨੇ ਕੀਤੀ। ਇਸ ਮੌਕੇ ਵਿਦਿਆਰਥੀਆਂ ਅਤੇ ਸਕੂਲ ਸਟਾਫ਼ ਨੂੰ ਆਫ਼ਤ ਪ੍ਰਬੰਧਨ, ਮੁੱਢਲੀ ਸਹਾਇਤਾ ਅਤੇ ਬਚਾਅ ਤਕਨੀਕਾਂ ਸਬੰਧੀ ਵਿਹਾਰਕ ਸਿਖਲਾਈ ਦਿੱਤੀ ਗਈ। ਐੱਨ.ਡੀ.ਆਰ.ਐੱਫ. ਦੀ ਟੀਮ ਨੇ ਖੂਨ ਵਹਿਣ ਤੋਂ ਰੋਕਣ, ਪੱਟੀਆਂ ਬੰਨ੍ਹਣ, ਹੱਡੀ ਨੂੰ ਸਥਿਰ ਕਰਨ, ਦਿਲ ਦੀ ਧੜਕਣ ਬੰਦ ਹੋਣ ਦੀ ਸਥਿਤੀ ਵਿੱਚ ਮੁੱਢਲੀ ਜੀਵਨ ਰੱਖਿਆ ਸਹਾਇਤਾ ਅਤੇ ਜ਼ਖ਼ਮੀਆਂ ਨੂੰ ਸੁਰੱਖਿਅਤ ਢੰਗ ਨਾਲ ਇੱਕ ਥਾਂ ਤੋਂ ਦੂਜੀ ਥਾਂ ਲਿਜਾਣ ਬਾਰੇ ਜਾਣਕਾਰੀ ਦਿੱਤੀ। ਘਰੇਲੂ ਸਮੱਗਰੀ ਨਾਲ ਅਸਥਾਈ ਸਟ੍ਰੈਚਰ ਅਤੇ ਤੈਰਨ ਵਾਲੇ ਸਹਾਇਕ ਉਪਕਰਨ ਤਿਆਰ ਕਰਨ ਦਾ ਪ੍ਰਦਰਸ਼ਨ ਵੀ ਕੀਤਾ ਗਿਆ। ਇਸ ਤੋਂ ਇਲਾਵਾ ਅੱਗ ਲੱਗਣ ਦੀ ਸਥਿਤੀ ਵਿੱਚ ਸੁਰੱਖਿਆ ਉਪਾਅ, ਅੱਗ ਬੁਝਾਊ ਯੰਤਰ ਦੀ ਵਰਤੋਂ, ਭੂਚਾਲ ਸਮੇਂ ਹੇਠਾਂ ਬੈਠੋ, ਢੱਕੋ ਅਤੇ ਫੜ ਕੇ ਰੱਖੋ ਤਕਨੀਕ ਅਤੇ ਸੁਰੱਖਿਅਤ ਨਿਕਾਸ ਬਾਰੇ ਅਭਿਆਸ ਕਰਵਾਇਆ ਗਿਆ। ਵਿਦਿਆਰਥੀਆਂ ਨੂੰ ਲੂ, ਆਕਾਸ਼ੀ ਬਿਜਲੀ, ਬਿਜਲੀ ਦੇ ਝਟਕੇ, ਹਨੇਰੀ-ਤੂਫ਼ਾਨ ਅਤੇ ਸੱਪ ਦੇ ਡੰਗ ਵਰਗੀਆਂ ਐਮਰਜੈਂਸੀ ਸਥਿਤੀਆਂ ਵਿੱਚ ਸਾਵਧਾਨੀਆਂ ਬਾਰੇ ਵੀ ਜਾਣਕਾਰੀ ਦਿੱਤੀ ਗਈ। ਸਕੂਲ ਦੀ ਪ੍ਰਿੰਸੀਪਲ ਨੇ ਐੱਨ. ਡੀ. ਆਰ. ਐੱਫ. ਟੀਮ ਵੱਲੋਂ ਕਰਵਾਏ ਗਏ ਇਸ ਜਾਗਰੂਕਤਾ ਅਤੇ ਸਿਖਲਾਈ ਪ੍ਰੋਗਰਾਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਪ੍ਰੋਗਰਾਮ ਵਿਦਿਆਰਥੀਆਂ ਅਤੇ ਸਟਾਫ਼ ਨੂੰ ਆਫ਼ਤ ਸਮੇਂ ਸੁਰੱਖਿਅਤ ਅਤੇ ਤੁਰੰਤ ਕਾਰਵਾਈ ਕਰਨ ਲਈ ਤਿਆਰ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।

## ਸਤਲੁਜ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਦਾ ਖੇਡਾਂ 'ਚ ਸ਼ਾਨਦਾਰ ਪ੍ਰਦਰਸ਼ਨ



**ਪੱਟੀ (ਬਲਦੇਵ ਸਿੰਘ ਸੰਧੂ ਕਿਰਤੋਵਾਲ)**-ਸਤਲੁਜ ਪਬਲਿਕ ਸੀਨੀ ਸੈਕੰ ਸਕੂਲ ਠੱਕਰਪੁਰਾ ਦੇ ਵਿਦਿਆਰਥੀਆਂ ਨੇਂ ਵੀ ਜ਼ੋਨਲ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਮੱਲਾਂ ਮਾਰੀਆਂ । ਲੜਕਿਆਂ ਦੀ ਅੰਡਰ-14 ਸ਼ਾਰਟ ਪੁੱਟ ਖੇਡ ਵਿੱਚ ਰਾਜਬੀਰ ਸਿੰਘ ਨੇ ਪਹਿਲਾ ਸਥਾਨ ਹਾਸਿਲ ਕੀਤਾ ।ਗੁਰਵਰਿਆਮ ਸਿੰਘ ਨੇ 200 ਮੀਟਰ ਰੇਸ ਵਿੱਚੋਂ ਗੋਲ੍ਡ ਮੈਡਲ ਅਤੇ 100 ਮੀਟਰ ਰੇਸ ਵਿੱਚ ਦੂਸਰਾ ਸਥਾਨ ਹਾਸਿਲ ਕਰਦਿਆਂ ਜਿੱਤ ਨੂੰ ਬਰਕਰਾਰ ਰੱਖਦਿਆਂ ਹੋਇਆਂ ਲੜਕਿਆਂ ਦੀ ਅੰਡਰ 17 ਟੀਮ ਵਿੱਚੋਂ ਨਵਰੂਪ ਸਿੰਘ ਨੇ ਹਾਈ ਜੰਪ (ਉੱਚੀ ਛਾਲ) ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ ਅਤੇ 300 ਮੀਟਰ ਰੇਸ ਵਿੱਚੋਂ ਤੀਸਰਾ ਸਥਾਨ, ਜੋਬਨਪ੍ਰੀਤ ਸਿੰਘ ਨੇ 400 ਮੀਟਰ ਰਿਲੇਅ ਵਿੱਚੋਂ ਗੋਲ੍ਡ ਮੈਡਲ ਅਤੇ 100 ਮੀਟਰ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ। ਇਸਦੇ ਨਾਲ ਹੀ ਅਰਮਾਨਪ੍ਰੀਤ ਸਿੰਘ ਨੇ 200 ਮੀਟਰ ਅਤੇ 100 ਮੀਟਰ ਰੇਸ ਵਿੱਚੋਂ ਤੀਸਰਾ ਸਥਾਨ ਹਾਸਲ ਕੀਤਾ ।ਉੱਚੀ ਛਾਲ ਖੇਡ ਮੁਕਾਬਲਿਆਂ ਵਿੱਚ ਗੁਰਲਾਲ ਸਿੰਘ ਨੇ ਪਹਿਲਾ, ਏਕਮਪ੍ਰੀਤ ਸਿੰਘ ਨੇ 200 ਮੀਟਰ ਰੇਸ ਵਿੱਚੋਂ ਤੀਸਰਾ ਤੇ ਸਰਤਾਜ ਸਿੰਘ ਨੇ ਹੈਬਰ ਥਰੋ ਵਿੱਚ ਤੀਸਰਾ ਸਥਾਨ ਹਾਸਲ ਕੀਤਾ ।ਇਸ ਮੌਕੇ ਸਕੂਲ ਮੈਨਜਮੈਂਟ ਕਮੇਟੀ ਦੇ ਡਾਇਰੈਕਟਰ ਹਰਬੀਰ ਸਿੰਘ, ਹਰਨੂਰ ਸਿੰਘ ਗਿੱਲ, ਮੈਡਮ ਪਰਮਿੰਦਰ ਕੌਰ ਪ੍ਰਿੰਸੀਪਲ ਰਾਜਬੀਰ ਕੌਰ ਵਾਇਸ ਪ੍ਰਿੰਸੀਪਲ ਮੈਡਮ ਦਲਬੀਰ ਕੌਰ ਸਕੂਲ ਦੇ ਡੀ. ਪੀ. ਏ ਬਖਸ਼ੀਸ਼ ਸਿੰਘ ਨੇ ਬੱਚਿਆਂ ਦੀ ਹੌਸਲਾ ਅਫਜਾਈ ਕਰਦਿਆਂ ਉਨ੍ਹਾਂ ਨੂੰ ਜਿੰਦਗੀ ਵਿੱਚ ਉੱਚੇ ਮੁਕਾਮ ਹਾਸਿਲ ਕਰਨ ਲਈ ਪ੍ਰੇਰਿਤ ਕੀਤਾ।

## ਐੱਸ ਡੀ ਐੱਮ ਦਫ਼ਤਰ ਮਜੀਠਾ 'ਚ ਸਾਫ-ਸਫਾਈ ਦਾ ਅਤਿਅੰਤ ਮੰਦਾ ਹਾਲ; ਅਧਿਕਾਰੀ ਬੇਖ਼ਬਰ



ਵੇਰਕਾ (ਰਾਣਾ)-ਦਫਤਰ ਉਪ ਮੰਡਲ ਮੈਜਿਸਟ੍ਰੇਟ ਮਜੀਠਾ ਵਿੱਚ ਸਾਫ-ਸਫਾਈ ਦਾ ਹਾਲ ਅਤਿਅੰਤ ਮੰਦਾ ਹੈ ਜਿਸ ਕਾਰਨ ਇਸ ਦਫ਼ਤਰ ਵਿੱਚ ਕੰਮ ਕਰਵਾਉਣ ਲਈ ਆਉਣ ਵਾਲੇ ਲੋਕਾਂ ਨੂੰ ਥਾਂ-ਥਾਂ ਫੈਲੀ ਗੰਦਗੀ ਕਰਕੇ ਭਾਰੀ ਮੁਸ਼ਕਲ ਦਾ ਸਾਹਮਣਾ ਵੀ ਕਰਨਾ ਪੈਂਦਾ ਹੈ।ਦਫ਼ਤਰ ਵਿੱਚ ਲੱਗੇ ਅਥਾਹ ਕੂੜੇ ਦੇ ਢੇਰ ਭਾਵੇਂ ਪ੍ਰਸ਼ਾਸਨਿਕ ਅਧਿਕਾਰੀ ਅਤੇ ਦਰਜਾ-ਬ-ਦਰਜਾ ਕਰਮਚਾਰੀਆਂ ਦਾ ਸ਼ਰੇਆਮ ਮੂੰਹ ਚਿੜਾ ਰਹੇ ਹਨ।ਪ੍ਰੰਤੂ ਉਹ ਭਲੀਭਾਂਤ ਵੇਖਦੇ ਹੋਏ ਵੀ ਅਣਜਾਣ ਹਨ। ਐੱਸ. ਡੀ. ਐੱਮ. ਦਫਤਰ ਮਜੀਠਾ 'ਚ ਫੈਲੀ ਗੰਦਗੀ ਭਾਵੇਂ ਲੋਕਾਂ ਨੂੰ ਤਾਂ ਦਿਖਾਈ ਦਿੰਦੀ ਹੈ ਪ੍ਰੰਤੂ ਇੱਥੇ ਅਧਿਕਾਰੀ/ਕਰਮਚਾਰੀਆਂ ਨੂੰ ਦਿਖਾਈ ਨਾ ਦੇਣਾ ਵੀ ਆਪਣੇ-ਆਪ ਵਿੱਚ ਇੱਕ ਗੁੰਝਲਦਾਰ ਮਾਮਲਾ ਬਣਿਆ ਹੋਇਆ ਹੈ।ਜਦੋਂਕਿ ਦਫ਼ਤਰ ਕੰਮ ਕਰਵਾਉਣ ਆਏ ਲੋਕਾਂ ਦਾ ਸਾਹ ਲੈਣਾ ਵੀ ਔਖਾ ਹੈ।ਮੱਖੀਆਂ ਤੇ ਮੱਛਰਾਂ ਦੇ ਫੈਲਣ ਦਾ ਪ੍ਰਮੁੱਖ ਅੱਡਾ ਬਣਿਆ ਹੈ।ਉਪਰੋਕਤ ਦਫ਼ਤਰ 'ਚ ਫੈਲੀ ਗੰਦਗੀ ਭਿਆਨਕ ਬਿਮਾਰੀਆਂ ਨੂੰ ਸੱਦਾ ਦੇ ਰਹੀ ਹੈ।ਇਥੋਂ ਤੱਕ ਕਿ ਖੜੇ ਗੰਦੇ ਪਾਣੀ ਅਤੇ ਟੁੱਟੇ ਹੋਏ ਬਾਥਰੂਮ, ਕੂੜੇ ਦੇ ਢੇਰ ਦਫਤਰ ਦੇ ਮੁੱਖ ਅਧਿਕਾਰੀ ਅਤੇ ਕਰਮਚਾਰੀਆਂ ਦੀ ਘੋਰ ਲਾਪਰਵਾਹੀ/ਅਣਗਹਿਲੀ ਦੀ ਅਸਲ ਤਸਵੀਰ ਸ਼ਰੇਆਮ ਪੇਸ਼ ਕਰ ਰਹੇ ਹਨ।ਆਪਣੇ ਕੰਮਾਂ ਲਈ ਆਉਣ ਵਾਲੇ ਲੋਕਾਂ ਨੂੰ ਸਾਫ-ਸੁਥਰੇ ਪੀਣ ਵਾਲੇ ਪਾਣੀ ਅਤੇ ਬਾਥਰੂਮ ਜਾਣ ਦੀ ਵੀ ਭਾਰੀ ਦਿੱਕਤ ਪੇਸ਼ ਆਉਂਦੀ ਹੈ।ਹੈਰਾਨੀਜਨਕ ਤੱਥ ਹਨ ਕਿ ਡੇਢ-ਦੋ ਦਹਾਕੇ ਪਹਿਲਾਂ ਹੀ ਲੱਖਾਂ ਰੁਪਏ ਦੀ ਲਾਗਤ ਨਾਲ ਬਣੀ ਐੱਸ. ਡੀ. ਐੱਮ. ਦਫਤਰ ਮਜੀਠਾ ਦੀ ਉਕਤ ਬਿਲਡਿੰਗ ਹੁਣ ਖਸਤਾ ਹਾਲਤ ਹੋ ਗਈ ਹੈ। ਆਖਿਰਕਾਰ ਇਸ ਸਭ ਲਈ ਕਸੂਰਵਾਰ ਕੌਣ ਹੈ।ਲੋਕਾਂ ਦੀ ਸੁਵਿਧਾ ਵਾਸਤੇ ਬਣੀਆ ਸਰਕਾਰੀ ਇਮਾਰਤਾਂ ਦੀ ਸਾਂਭ-ਸੰਭਾਲ ਦਾ ਜ਼ਿੰਮਾ ਕਿਸਦਾ ਹੈ।ਇਸ ਦੌਰਾਨ ਸਮਾਜਿਕ ਨਿਆਂ, ਸਸ਼ਕਤੀਕਰਨ ਵੈੱਲਫੇਅਰ ਐਸੋਸੀਏਸ਼ਨ ਅੰਮ੍ਰਿਤਸਰ ਦੇ ਜ਼ਿਲਾ ਪ੍ਰਧਾਨ ਸਤਿੰਦਰ ਸਿੰਘ ਸਰਕਾਰੀਆ ਅਤੇ ਜ਼ਿਲਾ ਜਨਰਲ ਸਕੱਤਰ ਕੁਲਜੀਤ ਸਿੰਘ ਵੇਰਕਾ ਨੇ ਉਪ ਮੰਡਲ ਮੈਜਿਸਟ੍ਰੇਟ ਮਜੀਠਾ ਵਿੱਚ ਫੈਲੀ ਗੰਦਗੀ ਦੀ ਸਖ਼ਤ ਸ਼ਬਦਾਂ 'ਚ ਨਿੰਦਾ ਕਰਦੇ ਹੋਏ ਉਕਤ ਮਾਮਲੇ ਵਿੱਚ ਲਾਪ੍ਰਵਾਹੀ ਵਰਤਣ ਵਾਲੇ ਅਧਿਕਾਰੀਆਂ ਖਿਲਾਫ ਮੁੱਖ ਮੰਤਰੀ ਪੰਜਾਬ ਸਰਕਾਰ, ਮੁੱਖ ਸਕੱਤਰ ਪੰਜਾਬ ਸਰਕਾਰ ਅਤੇ ਜ਼ਿਲਾ ਮੈਜਿਸਟ੍ਰੇਟ ਅੰਮ੍ਰਿਤਸਰ ਪਾਸੋਂ ਅਨੁਸ਼ਾਸਨੀ ਅਤੇ ਪ੍ਰਸ਼ਾਸਨਿਕ ਕਾਰਵਾਈ ਕਰਨ ਦੀ ਮੰਗ ਕੀਤੀ ਹੈ।ਇਸ ਬਾਬਤ ਐੱਸ. ਡੀ. ਐੱਮ. ਰਜਨੀਸ਼ ਅਰੋੜਾ ਨਾਲ ਫੋਨ 'ਤੇ ਵਾਰ-ਵਾਰ ਸੰਪਰਕ ਕੀਤਾ ਗਿਆ, ਪ੍ਰੰਤੂ ਗੱਲ ਨਹੀਂ ਹੋ ਸਕੀ।

## 600 ਕਰੋੜ ਦੇ ਪ੍ਰਾਜੈਕਟ ਨੂੰ ਕਬਾੜ 'ਚ ਬਦਲਣ ਦੀ ਬਜਾਏ ਮਾਨ ਸਰਕਾਰ ਜਵਾਬਦੇਹੀ ਤੈਅ ਕਰੇ : ਤਰੁਣ ਚੁੱਘ



**ਛੇਹਰਟਾ, (ਮਨੋਜ ਕੁਮਾਰ) :** ਭਾਰਤੀ ਜਨਤਾ ਪਾਰਟੀ ਦੇ ਰਾਸ਼ਟਰੀ ਹੈੱਡਕੁਆਰਟਰ ਇੰਚਾਰਜ਼ ਤੇ ਸੰਸਦ ਮੈਂਬਰ ਤਰੁਣ ਚੁੱਘ ਨੇ ਅੰਮ੍ਰਿਤਸਰ ਦੇ ਬੱਸ ਰੈਪਿਡ ਟਰਾਂਜ਼ਿਟ ਸਿਸਟਮ (ਬੀਆਰਟੀਐੱਸ) ਤੇ ਇਸ ਦੇ ਲਈ ਬਣਾਏ ਗਏ ਕੋਰੀਡੋਰ ਨੂੰ ਖ਼ਤਮ ਕਰਨ ਦੇ ਪੰਜਾਬ ਸਰਕਾਰ ਦੇ ਫ਼ੈਸਲੇ ਦੀ ਸਖ਼ਤ ਨਿੰਦਾ ਕੀਤੀ ਹੈ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ (ਆਪ) ਦੀ ਪੰਜਾਬ ਸਰਕਾਰ ਨੇ ਇਕ ਵਾਰ ਫਿਰ ਆਪਣਾ ਲੋਕ ਤੇ ਵਿਕਾਸ ਵਿਰੋਧੀ ਚਿਹਰਾ ਉਜਾਗਰ ਕਰ ਦਿੱਤਾ ਹੈ। ਜਨਤਕ ਆਵਾਜਾਈ ਪ੍ਰਣਾਲੀ, ਜਿਸ ਦੀ ਲਾਗਤ ਕਰੀਬ 600 ਕਰੋੜ ਰੁਪਏ ਸੀ, ਨੂੰ ਸੁਧਾਰਨ ਤੇ ਸੁਰਜੀਤ ਕਰਨ ਦੀ ਬਜਾਏ ਪੂਰੇ ਸਿਸਟਮ ਨੂੰ ਖ਼ਤਮ ਕਰਨਾ ਪੰਜਾਬ ਦੇ ਲੋਕਾਂ ਤੇ ਸਰਕਾਰੀ ਖ਼ਜ਼ਾਨੇ ਦੋਵਾਂ ਨਾਲ ਬੇਇਨਸਾਫ਼ੀ ਹੈ। ਤਰੁਣ ਚੁੱਘ ਨੇ ਕਿਹਾ ਕਿ ਬੀਆਰਟੀਐੱਸ ਸਿਰਫ਼ ਬੱਸ ਸੇਵਾ ਨਹੀਂ ਸੀ, ਸਗੋਂ ਅੰਮ੍ਰਿਤਸਰ ਵਰਗੇ ਇਤਿਹਾਸਕ ਤੇ ਧਾਰਮਿਕ ਸ਼ਹਿਰ ਲਈ ਸਸਤੀ, ਵਿਵਸਥਿਤ ਤੇ ਵੱਡੇ ਪੱਧਰ 'ਤੇ ਜਨਤਕ ਆਵਾਜਾਈ ਪ੍ਰਣਾਲੀ ਬਣਾਉਣ ਦਾ ਯਤਨ ਸੀ। ਅੱਜ ਉਸੇ ਪ੍ਰਣਾਲੀ ਨੂੰ ਖ਼ਤਮ ਕਰਨ ਦਾ ਫ਼ੈਸਲਾ ਸਵਾਲ ਖੜ੍ਹੇ ਕਰਦਾ ਹੈ ਕਿ ਪਿਛਲੇ ਸਾਢੇ ਚਾਰ ਸਾਲਾਂ ਵਿਚ ਭਗਵੰਤ ਮਾਨ ਸਰਕਾਰ ਨੇ ਵਿਵਸਥਾ ਨੂੰ ਸੁਧਾਰਨ ਲਈ ਕੀ ਠੋਸ ਯਤਨ ਕੀਤੇ। ਵੇਰਕਾ ਵਿੱਚ ਕਰੀਬ 92 ਬੱਸਾਂ ਦਾ ਲੰਬੇ ਸਮੇਂ ਤਕ ਖੜ੍ਹਾ ਰਹਿਣਾ, ਬੀਆਰਟੀਐੱਸ ਸਟੇਸ਼ਨਾਂ ਦੇ ਉਪਕਰਨਾਂ ਨੂੰ ਹਟਾਉਣਾ ਤੇ ਹੁਣ 31 ਕਿਲੋਮੀਟਰ ਲੰਮੇ ਕੋਰੀਡੋਰ ਨੂੰ ਨਸ਼ਟ ਕਰਨਾ ਸਰਕਾਰ ਦੀ ਪ੍ਰਸ਼ਾਸਨਿਕ ਅਣਗਹਿਲੀ ਦਾ ਸਬੂਤ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਸਰਕਾਰ ਕੋਲ ਬੀਆਰਟੀਐੱਸ ਚਲਾਉਣ ਵਿਚ ਆਪਣੀ ਅਸਫ਼ਲਤਾ ਦਾ ਕੋਈ ਜਵਾਬ ਨਹੀਂ ਹੈ, ਇਸ ਲਈ ਉਹ ਹੁਣ ਆਪਣੀ ਅਸਫਲਤਾ ਦਾ ਠੀਕਰਾ ਪੂਰੇ ਪ੍ਰੋਜੈਕਟ 'ਤੇ ਭੰਨ ਕੇ ਉਸ ਨਾਲ ਜੁੜੇ ਬੁਨਿਆਦੀ ਢਾਂਚੇ ਨੂੰ ਤਬਾਹ ਕਰ ਰਹੀ ਹੈ। ਸਰਕਾਰ ਨੂੰ ਦੱਸਣਾ ਚਾਹੀਦਾ ਹੈ ਕਿ ਜੇਕਰ ਵਿਵਸਥਾ ਵਿੱਚ ਕਮੀਆਂ ਸਨ ਤਾਂ ਉਨ੍ਹਾਂ ਨੂੰ ਦੂਰ ਕਿਉਂ ਨਹੀਂ ਕੀਤਾ ਗਿਆ। ਤਰੁਣ ਚੁੱਘ ਨੇ ਪੰਜਾਬ ਸਰਕਾਰ ਕੋਲੋਂ ਮੰਗ ਕੀਤੀ ਕਿ ਅੰਮ੍ਰਿਤਸਰ ਦੇ ਲੋਕਾਂ ਦੇ ਹਿੱਤ ਵਿਚ ਬੀਆਰਟੀਐੱਸ ਬੁਨਿਆਦੀ ਢਾਂਚੇ ਨੂੰ ਜਲਦਬਾਜ਼ੀ ਵਿਚ ਤਬਾਹ ਕਰਨ ਦੀ ਬਜਾਏ ਪੂਰੇ ਪ੍ਰੋਜੈਕਟ ਦਾ ਸੁਤੰਤਰ ਆਡਿਟ ਕਰਵਾਇਆ ਜਾਵੇ ਅਤੇ ਸਾਲਾਂ ਤੋਂ ਖੜ੍ਹੀਆਂ ਬੱਸਾਂ ਤੇ ਉਪਲੱਬਧ ਢਾਂਚੇ ਦੀ ਉਪਯੋਗਤਾ ਦਾ ਮੁਲਾਂਕਣ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਜਵਾਬ ਦੇਣਾ ਚਾਹੀਦਾ ਹੈ ਕਿ ਜਨਤਾ ਦਾ ਕਰੀਬ 600 ਕਰੋੜ ਰੁਪਏ ਖ਼ਰਚ ਕਰਨ ਤੋਂ ਬਾਅਦ ਇਸ ਪ੍ਰਣਾਲੀ ਨੂੰ ਕਬਾੜ ਵਿਚ ਬਦਲਣ ਲਈ ਆਖ਼ਿਰੀ ਕੌਣ ਜ਼ਿੰਮੇਵਾਰ ਹੈ।

## ਡੇਅਰੀ ਵਿਕਾਸ ਵਿਭਾਗ ਨੇ ਦੁੱਧ ਖਪਤਕਾਰ ਜਾਗਰੂਕਤਾ ਕੈਂਪ ਲਗਾਇਆ



ਬਟਾਲਾ/ਕਾਦੀਆਂ (ਡਾ. ਮਲਵਿੰਦਰ ਸਿੰਘ)-ਪਸ਼ੂ ਪਾਲਣ, ਮੱਛੀ ਪਾਲਣ ਅਤੇ ਡੇਅਰੀ ਵਿਕਾਸ ਵਿਭਾਗ ਦੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦੇ ਦਿਸ਼ਾ-ਨਿਰਦੇਸ਼ਾਂ ਅਤੇ ਡਾਇਰੈਕਟਰ ਡੇਅਰੀ ਵਿਕਾਸ ਵਿਭਾਗ ਵਰਿਆਮ ਸਿੰਘ ਅਤੇ ਡਿਪਟੀ ਡਾਇਰੈਕਟਰ ਡੇਅਰੀ, ਗੁਰਦਾਸਪੁਰ ਗੁਰਚਰਨ ਸਿੰਘ ਦੀ ਯੋਗ ਅਗਵਾਈ ਹੇਠ ਜ਼ਿਲ੍ਹਾ ਗੁਰਦਾਸਪੁਰ ਦੇ ਕਾਦੀਆਂ ਵਿਖੇ ਦੁੱਧ ਖਪਤਕਾਰ ਜਾਗਰੂਕਤਾ ਕੈਂਪ ਲਗਾਇਆ ਗਿਆ।ਵਾਰਡ ਨੰਬਰ 8, ਕਾਦੀਆਂ ਵਿਖੇ ਲਗਾਏ ਗਏ ਇਸ ਕੈਂਪ ਦਾ ਮੁੱਖ ਉਦੇਸ਼ ਘਰਾਂ ਵਿੱਚ ਵਰਤੇ ਜਾਂਦੇ ਦੁੱਧ ਦੀ ਗੁਣਵੱਤਾ ਸਬੰਧੀ ਖਪਤਕਾਰਾਂ ਨੂੰ ਜਾਗਰੂਕ ਕਰਨਾ ਅਤੇ ਉਨ੍ਹਾਂ ਨੂੰ ਮਿਆਰੀ ਦੁੱਧ ਦੀ ਵਰਤੋਂ ਲਈ ਪ੍ਰੇਰਿਤ ਕਰਨਾ ਸੀ।ਇਸ ਮੌਕੇ ਵਿਭਾਗ ਵੱਲੋਂ ਲੋਕਾਂ ਲਈ ਮੁਫ਼ਤ ਦੁੱਧ ਪਰਖ ਕੈਂਪ ਵੀ ਲਗਾਇਆ ਗਿਆ, ਜਿਸ ਦੌਰਾਨ ਕੁੱਲ 22 ਦੁੱਧ ਦੇ ਸੈਂਪਲ ਲਏ ਗਏ।ਦੁੱਧ ਦੇ ਸੈਂਪਲਾਂ ਦੀ ਜਾਂਚ ਦੌਰਾਨ 14 ਸੈਂਪਲਾਂ ਵਿੱਚ ਪਾਣੀ ਦੀ ਮਾਤਰਾ ਵੱਧ ਪਾਈ ਗਈ, ਜਦਕਿ 8 ਸੈਂਪਲ ਮਿਆਰਾਂ ਅਨੁਸਾਰ ਪਾਏ ਗਏ।ਜਾਂਚ ਕੀਤੇ ਗਏ ਕਿਸੇ ਵੀ ਸੈਂਪਲ ਵਿੱਚ ਕੋਈ ਹਾਨੀਕਾਰਕ ਪਦਾਰਥ ਨਹੀਂ ਪਾਇਆ ਗਿਆ।ਸਾਰੇ ਸੈਂਪਲਾਂ ਦੀ ਜਾਂਚ ਡੇਅਰੀ ਇੰਸਪੈਕਟਰ ਬਰਜਿੰਦਰ ਸਿੰਘ ਅਤੇ ਡੇਅਰੀ ਇੰਸਪੈਕਟਰ ਮਿਸ ਅਨੂੰ ਵੱਲੋਂ ਕੀਤੀ ਗਈ।

ਇਸ ਮੌਕੇ ਵਿਭਾਗੀ ਟੀਮ ਵੱਲੋਂ ਕਲੋਨੀ ਨਿਵਾਸੀਆਂ ਨੂੰ ਦੁੱਧ ਦੀ ਗੁਣਵੱਤਾ ਪ੍ਰਤੀ ਸੁਚੇਤ ਰਹਿਣ ਅਤੇ ਚੰਗੀ ਕੁਆਲਟੀ ਵਾਲਾ ਦੁੱਧ ਹੀ ਵਰਤਣ ਲਈ ਪ੍ਰੇਰਿਤ ਕੀਤਾ ਗਿਆ। ਵਿਭਾਗੀ ਅਧਿਕਾਰੀਆਂ ਨੇ ਕਿਹਾ ਕਿ ਅਜਿਹੇ ਜਾਗਰੂਕਤਾ ਕੈਂਪਾਂ ਦਾ ਮੁੱਖ ਮਕਸਦ ਲੋਕਾਂ ਨੂੰ ਸਿਹਤਮੰਦ ਅਤੇ ਮਿਆਰੀ ਦੁੱਧ ਦੀ ਵਰਤੋਂ ਸਬੰਧੀ ਜਾਣਕਾਰੀ ਦੇਣਾ ਹੈ।

## ਪੰਜਾਬ ਸਰਕਾਰ ਨੇ ਪੰਜਾਬ ਵਾਸੀਆਂ ਨਾਲ ਕੀਤੇ ਸਾਰੇ ਵਾਅਦੇ ਪੂਰੇ ਕੀਤੇ: ਕੁਲਦੀਪ ਪਾਠਕ



**ਢਿਲਵਾਂ (ਪਲਵਿੰਦਰ ਸਿੰਘ ਜੈ ਰਾਮ ਪੁਰ)**-ਪੰਜਾਬ ਦੀ ਸੂਬਾ ਸਰਕਾਰ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਵੱਲੋਂ ਭਾਰਤ ਦੇ ਇਤਿਹਾਸ ਵਿੱਚ ਪਹਿਲੀ ਵਾਰ ਪੰਜਾਬ ਦੇ ਹਰ ਪਰਿਵਾਰ ਲਈ ਮੁਫਤ ਅਤੇ ਕੈਸ਼ਲੈੱਸ ਇਲਾਜ ਕਰਵਾਉਣ ਲਈ 10 ਲੱਖ ਤੱਕ ਦਾ ਇਲਾਜ, ਸਭ ਤੋਂ ਵਧੀਆ ਸਰਕਾਰੀ ਅਤੇ ਨਿਜੀ ਹਸਪਤਾਲਾਂ ਵਿਖੇ ਪੇਂਡੂ ਲਿੰਕ ਸੜਕਾਂ ਦਾ ਮੁੜ ਨਿਰਮਾਣ, ਪੰਜਾਬ ਦੇ 90% ਸਭ ਲੋਕਾਂ ਦੇ ਘਰਾਂ ਦਾ ਬਿੱਲ ਜ਼ੀਰੋ, ਪੰਜਾਬ ਦੀਆਂ ਔਰਤਾਂ ਲਈ ਹਰ ਮਹੀਨੇ 1000 ਰੁਪਏ ਅਤੇ ਅਨੁਸੂਚਿਤ ਜਾਤੀ ਭਾਈਚਾਰੇ ਦੀਆਂ ਔਰਤਾਂ ਲਈ 1500 ਮਹੀਨਾ, ਔਰਤਾਂ ਨੂੰ ਮੁਫ਼ਤ ਬੱਸ ਸਫ਼ਰ, ਅਨੇਕਾਂ ਸਰਕਾਰੀ ਨੌਕਰੀਆਂ, ਮੁਫਤ ਤੀਰਥ ਯਾਤਰਾ ਆਦਿ ਅਨੇਕਾਂ ਲੋਕ ਹਿੱਤ ਸਕੀਮਾਂ ਨੂੰ ਅਮਲੀ ਜਾਮਾ ਪਹਿਨਾਉਣ ਵਾਲੀ ਸਰਕਾਰ ਹੈ ਜਿਸਨੇ ਜੋ ਕਿਹਾ ਉਹ ਕਰ ਵਿਖਾਇਆ।

ਉਪਰੋਕਤ ਸੱਚਾਈ ਦਾ ਪ੍ਰਗਟਾਵਾ ਸੂਬਾ ਸੰਯੁਕਤ ਸਕੱਤਰ ਆਮ ਆਦਮੀ ਪਾਰਟੀ ਦੇ ਬੁੱਧੀਜੀਵੀ ਵਿੰਗ ਅਤੇ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਢਿਲਵਾਂ ਕੁਲਦੀਪ ਪਾਠਕ ਨੇ ਅੱਜ ਪੱਤਰਕਾਰਾਂ ਨਾਲ ਵਿਸ਼ੇਸ਼ ਮਿਲਣੀ ਦੌਰਾਨ ਕੀਤਾ।ਉਨ੍ਹਾਂ ਕਿਹਾ ਕਿ ਮਹਿਲਾਵਾਂ ਦੀ ਆਰਥਿਕ ਸਥਿਤੀ ਨੂੰ ਮਜ਼ਬੂਤ ਕਰਨ ਲਈ ਇਹ ਸਰਕਾਰ ਦਾ ਬਹੁਤ ਹੀ ਸ਼ਲਾਘਾਯੋਗ ਕਦਮ ਹੈ।ਕੁਲਦੀਪ ਪਾਠਕ ਨੇ ਕਿਹਾ ਆਮ ਆਦਮੀ ਪਾਰਟੀ ਪ੍ਰਤੀ ਪੰਜਾਬ ਵਾਸੀਆਂ ਦਾ ਪਿਆਰ ਵੇਖ ਕੇ ਵਿਰੋਧੀ ਪਾਰਟੀਆਂ ਕੂੜ ਪ੍ਰਚਾਰ ਕਰਨ 'ਤੇ ਲੱਗੀਆਂ ਹੋਈਆਂ ਹਨ ਪਰ ਪੰਜਾਬ ਦੇ ਵੋਟਰ ਇਨ੍ਹਾਂ ਨੂੰ ਮੂੰਹ ਨਹੀਂ ਲਗਾਉਣਗੇ ਸਗੋਂ ਆਮ ਆਦਮੀ ਪਾਰਟੀ ਨੂੰ ਵੋਟਾਂ ਪਾਉਣਗੇ।

## ਭਾਜਪਾ ਜ਼ਿਲ੍ਹਾ ਯੁਵਾ ਮੋਰਚਾ ਦੀ ਨਵੀਂ ਟੀਮ ਦਾ ਗਠਨ



ਬਟਾਲਾ (ਤਰਲੋਕ ਬੱਗਾ)-ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਹਰਸਿਮਰਨ ਸਿੰਘ ਵਾਲੀਆ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਯੁਵਾ ਮੋਰਚਾ ਬਟਾਲਾ ਦੀ ਨਵੀਂ ਟੀਮ ਦਾ ਗਠਨ ਕੀਤਾ ਗਿਆ। ਇਸ ਮੌਕੇ ਜ਼ਿਲ੍ਹਾ ਯੁਵਾ ਮੋਰਚਾ ਦੇ ਪ੍ਰਧਾਨ ਅਰੁਣ ਕੁਮਾਰ ਵੱਲੋਂ ਨਵੀਂ ਟੀਮ ਦੀ ਸੂਚੀ ਜ਼ਿਲ੍ਹਾ ਪ੍ਰਧਾਨ ਹਰਸਿਮਰਨ ਸਿੰਘ ਵਾਲੀਆ ਨੂੰ ਸੌਂਪੀ ਗਈ ਅਤੇ ਪਾਰਟੀ ਦੇ ਸੀਨੀਅਰ ਆਗੂਆਂ ਦੀ ਹਾਜ਼ਰੀ ਵਿੱਚ ਟੀਮ ਦਾ ਐਲਾਨ ਕੀਤਾ ਗਿਆ।ਨਵੀਂ ਟੀਮ ਵਿੱਚ ਹਰਜੀਤ ਸਿੰਘ, ਮਹਿਕਪ੍ਰੀਤ ਸਿੰਘ, ਗੁਰਦੀਪ ਸਿੰਘ, ਦਵਿੰਦਰ ਕੁਮਾਰ, ਗਗਨਦੀਪ ਸਿੰਘ, ਸੰਨੀ ਕੁਮਾਰ ਅਤੇ ਰਾਘਵ ਸ਼ਰਮਾ ਨੂੰ ਉਪ ਪ੍ਰਧਾਨ ਬਣਾਇਆ ਗਿਆ।ਇਸੇ ਤਰ੍ਹਾਂ ਯੁਵਰਾਜ ਸਿੰਘ, ਵਿਸ਼ਾਲ ਸ਼ਰਮਾ ਅਤੇ ਕਰਨ ਸਲਹੋਤਰਾ ਨੂੰ ਜਨਰਲ ਸਕੱਤਰ, ਜਦਕਿ ਸੁਮਿਤ ਲੂਫਾ, ਅਮਿਤ ਕੁਮਾਰ, ਅਜੈ ਕੁਮਾਰ, ਅਮਰਜੀਤ ਸਿੰਘ ਅਤੇ ਰੋਹਿਨ ਜਬਾਲੀਆ ਨੂੰ ਸਕੱਤਰ ਦੀ ਜ਼ਿੰਮੇਵਾਰੀ ਸੌਂਪੀ ਗਈ।ਜਸਬੀਰ ਸਿੰਘ ਨੂੰ ਖ਼ਜ਼ਾਨਚੀ, ਅਭੀ ਬਾਵਾ ਨੂੰ ਦਫ਼ਤਰ ਸਕੱਤਰ, ਜਤਿਨ ਮਹਾਜਨ ਨੂੰ ਸੋਸ਼ਲ ਮੀਡੀਆ ਇੰਚਾਰਜ, ਮਨਿੰਦਰ ਸਿੰਘ ਨੂੰ ਕਮਲ ਸੁਨੇਹਾ, ਸਾਗਰ ਧਵਨ ਨੂੰ ਮਨ ਕੀ ਬਾਤ ਇੰਚਾਰਜ ਅਤੇ ਜਸਵਿੰਦਰ ਸਿੰਘ ਨੂੰ ਸੂਚਨਾ ਤਕਨਾਲੋਜੀ ਇੰਚਾਰਜ ਨਿਯੁਕਤ ਕੀਤਾ ਗਿਆ।ਇਸ ਤੋਂ ਇਲਾਵਾ ਅਜੈ ਕੁਮਾਰ, ਅਨਮੋਲ ਜਬਾਲੀਆ, ਨਮਨ ਕੁਮਾਰ ਕਾਲੀਆ, ਸਾਹਿਲ ਕੁਮਾਰ, ਨਰਿੰਦਰ ਕੁਮਾਰ, ਮਾਧਵ ਜੋੜ੍ਹ, ਪਰਸਨਜੀਤ, ਅਸ਼ਵਨੀ, ਸੁਮਿਤ ਕੁਮਾਰ, ਗੋਪਾਲ ਸਿੰਘ ਅਤੇ ਜਤਿਨ ਜਬਾਲੀਆ ਨੂੰ ਮੈਂਬਰ ਵਜੋਂ ਟੀਮ ਵਿੱਚ ਸ਼ਾਮਲ ਕੀਤਾ ਗਿਆ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਹਰਸਿਮਰਨ ਸਿੰਘ ਵਾਲੀਆ ਨੇ ਨਵੀਂ ਟੀਮ ਨੂੰ ਵਧਾਈ ਦਿੰਦਿਆਂ ਕਿਹਾ ਕਿ ਯੁਵਾ ਮੋਰਚਾ ਪਾਰਟੀ ਦੀਆਂ ਗਤੀਵਿਧੀਆਂ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਏਗਾ। ਉਨ੍ਹਾਂ ਨਵ-ਨਿਯੁਕਤ ਅਹੁਦੇਦਾਰਾਂ ਨੂੰ ਪਾਰਟੀ ਦੀਆਂ ਨੀਤੀਆਂ ਅਤੇ ਵਿਚਾਰਧਾਰਾ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਸਰਗਰਮੀ ਨਾਲ ਕੰਮ ਕਰਨ ਦੀ ਅਪੀਲ ਕੀਤੀ।ਇਸ ਮੌਕੇ ਪਾਰਟੀ ਦੇ ਆਗੂ ਅਤੇ ਵਰਕਰ ਵੀ ਹਾਜ਼ਰ ਸਨ।

## ਖੇਡਾਂ ਵਤਨ ਪੰਜਾਬ ਦੀਆਂ-2026 ਸੀਜ਼ਨ-4 ਅਧੀਨ ਬਲਾਕ ਪੱਧਰੀ ਟੈਨਿਸ ਬਾਲ ਕ੍ਰਿਕਟ ਮੁਕਾਬਲੇ 18 ਤੋਂ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਸਰਕਾਰ ਅਤੇ ਖੇਡ ਵਿਭਾਗ ਪੰਜਾਬ ਵੱਲੋਂ ਨੌਜਵਾਨਾਂ ਵਿੱਚ ਖੇਡ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ, ਖੇਡ ਪ੍ਰਤਿਭਾ ਨੂੰ ਨਿਖਾਰਨ ਅਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਦੇ ਉਦੇਸ਼ ਨਾਲ ਖੇਡਾਂ ਵਤਨ ਪੰਜਾਬ ਦੀਆਂ-2026 ਸੀਜ਼ਨ-4 ਅਧੀਨ ਬਲਾਕ, ਜ਼ਿਲ੍ਹਾ ਅਤੇ ਰਾਜ ਪੱਧਰੀ ਖੇਡਾਂ ਕਰਵਾਈਆਂ ਜਾ ਰਹੀਆਂ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਵਧੀਕ ਡਿਪਟੀ ਕਮਿਸ਼ਨਰ ਪੱਲਵੀ ਮਿਸ਼ਰਾ, ਆਈ.ਏ.ਐੱਸ. ਨੇ ਦੱਸਿਆ ਕਿ ਜ਼ਿਲ੍ਹਾ ਅੰਮ੍ਰਿਤਸਰ ਵਿੱਚ ਅੰਡਰ-14 ਅਤੇ ਇਸ ਤੋਂ ਉੱਪਰ ਉਮਰ ਵਰਗ ਦੇ ਲੜਕੇ ਅਤੇ ਲੜਕੀਆਂ ਲਈ ਬਲਾਕ ਪੱਧਰੀ ਟੈਨਿਸ ਬਾਲ ਕ੍ਰਿਕਟ ਮੁਕਾਬਲੇ 18 ਤੋਂ 20 ਸਤੰਬਰ 2026 ਤੱਕ ਕਰਵਾਏ ਜਾਣਗੇ। ਉਨ੍ਹਾਂ ਦੱਸਿਆ ਕਿ ਇਹ ਮੁਕਾਬਲੇ ਬਲਾਕ ਚੋਗਾਵਾਂ ਵਿਖੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰਸੂਲਪੁਰਾ, ਬਲਾਕ ਅਟਾਰੀ ਵਿਖੇ ਸਰਕਾਰੀ ਸ੍ਰੀ ਗੁਰੂ ਅਰਜਨ ਦੇਵ ਸੀਨੀਅਰ ਸੈਕੰਡਰੀ ਸਕੂਲ, ਬਲਾਕ ਵੇਰਕਾ ਵਿਖੇ ਸਰਕਾਰੀ ਵਾਲਮੀਕਿ ਵਿਦਿਆਲਿਆ, ਬਲਾਕ ਅਜਨਾਲਾ ਵਿਖੇ ਸਰਕਾਰੀ ਕਾਲਜ ਅਜਨਾਲਾ, ਬਲਾਕ ਮਿਉਂਸਪਲ ਕਾਰਪੋਰੇਸ਼ਨ ਵਿਖੇ ਖਾਲਸਾ ਕਾਲਜ ਅੰਮ੍ਰਿਤਸਰ, ਬਲਾਕ ਰਈਆ ਵਿਖੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਖਲਚੀਆਂ, ਬਲਾਕ ਮਜੀਠਾ ਵਿਖੇ ਸਰਕਾਰੀ ਭੰਗਾ ਕਲਾਂ ਅਤੇ ਬਲਾਕ ਜੰਡਿਆਲਾ ਗੁਰੂ ਵਿਖੇ ਸਰਕਾਰੀ ਖੇਡ ਸਟੇਡੀਅਮ ਵਿਖੇ ਕਰਵਾਏ ਜਾਣਗੇ। ਇਸੇ ਤਰ੍ਹਾਂ ਬਲਾਕ ਹਰਸ਼ਾ ਛੀਨਾ ਵਿਖੇ ਸਰਕਾਰੀ ਜਗਦੇਵ ਕਲਾਂ ਵਿਖੇ ਵੀ ਮੁਕਾਬਲੇ ਕਰਵਾਏ ਜਾਣਗੇ। ਉਨ੍ਹਾਂ ਦੱਸਿਆ ਕਿ ਇਨ੍ਹਾਂ ਖੇਡਾਂ ਵਿੱਚ ਭਾਗ ਲੈਣ ਲਈ ਖਿਡਾਰੀ ਸਪੋਰਟਸ.ਪੁਨਜਓਬ.ਗੋਵ.ਇਨ 'ਤੇ ਆਨਲਾਈਨ ਰਜਿਸਟ੍ਰੇਸ਼ਨ ਕਰ ਸਕਦੇ ਹਨ ਅਤੇ ਕਿਊ.ਆਰ. ਕੋਡ ਸਕੈਨ ਕਰਕੇ ਵੀ ਆਪਣੀ ਭਾਗੀਦਾਰੀ ਦਰਜ ਕਰਵਾ ਸਕਦੇ ਹਨ। ਵਧੇਰੇ ਜਾਣਕਾਰੀ ਲਈ ਜ਼ਿਲ੍ਹਾ ਖੇਡ ਅਫ਼ਸਰ, ਅੰਮ੍ਰਿਤਸਰ ਦੇ ਦਫ਼ਤਰ ਨਾਲ ਸੰਪਰਕ ਕੀਤਾ ਜਾ ਸਕਦਾ ਹੈ। ਏਡੀਸੀ ਨੇ ਜ਼ਿਲ੍ਹੇ ਦੇ ਵੱਧ ਤੋਂ ਵੱਧ ਨੌਜਵਾਨਾਂ ਅਤੇ ਖਿਡਾਰੀਆਂ ਨੂੰ ਇਨ੍ਹਾਂ ਖੇਡਾਂ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਅਤੇ ਸਮੇਂ ਸਿਰ ਰਜਿਸਟ੍ਰੇਸ਼ਨ ਕਰਵਾਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਅਜਿਹੀਆਂ ਖੇਡਾਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਅਤੇ ਤੰਦਰੁਸਤ ਤੇ ਖੇਡਮਈ ਸਮਾਜ ਦੀ ਸਿਰਜਣਾ ਲਈ ਅਹਿਮ ਕਦਮ ਸਾਬਤ ਹੋਣਗੀਆਂ।

## ਗੁ. ਸਤਿਕਰਤਾਰੀਆਂ ਸਾਹਿਬ ਤੋਂ ਸੰਗਤਾਂ ਦਾ ਵੱਡਾ ਜਥਾ ਗੁ. ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਵਾਸਤੇ ਰਵਾਨਾ



**ਧਾਰੀਵਾਲ, (ਮਨਦੀਪ ਵਿੱਕੀ)**-ਜਗਤ ਗੁਰੂ ਪਹਿਲੇ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਤੇ ਜਗਤ ਮਾਤਾ ਸੁਲੱਖਣੀ ਜੀ ਦਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ 18 ਸਤੰਬਰ ਦਿਨ ਸ਼ੁੱਕਰਵਾਰ ਨੂੰ ਇਤਿਹਾਸਕ ਗੁਰਦੁਆਰਾ ਸ੍ਰੀ ਕੰਧ ਸਾਹਿਬ, ਗੁਰਦੁਆਰਾ ਡੇਹਰਾ ਸਾਹਿਬ ਅਤੇ ਗੁਰਦੁਆਰਾ ਸਤਿਕਰਤਾਰੀਆਂ ਸਾਹਿਬ ਵਿਖੇ ਮਨਾਏ ਜਾ ਰਹੇ 539ਵੇਂ ਵਿਆਹ ਪੁਰਬ ਦੇ ਸਬੰਧ ਵਿੱਚ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਵੱਡੇ ਸਪੁੱਤਰ ਬਾਬਾ ਗੁਰਦਿੱਤਾ ਜੀ ਦੇ ਵਿਆਹ ਅਸਥਾਨ ਇਤਿਹਾਸਕ ਗੁਰਦੁਆਰਾ ਸਤਿਕਰਤਾਰੀਆਂ ਸਾਹਿਬ ਤੋਂ ਬੱਸਾਂ, ਟਰੱਕਾਂ, ਕਾਰਾਂ, ਜੀਪਾਂ ਆਦਿ ਵਹੀਕਲਾ ਰਾਹੀਂ ਅਰਦਾਸ ਕਰਕੇ ਅਕਾਸ਼ ਗੁੰਜਾਊ ਬੋਲੇ ਸੋ ਨਿਹਾਲ ਸਤਿ ਸ੍ਰੀ ਆਕਾਲ ਦੇ ਜੈਕਾਰਿਆਂ ਨਾਲ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਰਹਿਨੁਮਾਈ ਹੇਠ ਜਥੇਦਾਰ ਸੁਰਜੀਤ ਸਿੰਘ ਤੁਗਲਵਾਲ ਐਗਜ਼ੈਕਿਟਵ ਮੈਂਬਰ ਸ਼੍ਰੋਮਣੀ ਕਮੇਟੀ, ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਜਥੇਦਾਰ ਗੁਰਨਾਮ ਸਿੰਘ ਜੱਸਲ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਤੋਂ ਮਹਾਨ ਨਗਰ ਕੀਰਤਨ ਲਿਆਉਣ ਲਈ ਸੰਗਤਾਂ ਦਾ ਵੱਡਾ ਜਥਾ ਰਵਾਨਾ ਕੀਤਾ।ਇਸ ਮੌਕੇ ਜਥੇਦਾਰ ਸੁਰਜੀਤ ਸਿੰਘ ਤੁਗਲਵਾਲ, ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਜਥੇਦਾਰ ਗੁਰਨਾਮ ਸਿੰਘ ਜੱਸਲ ਮੈਂਬਰ ਸ਼੍ਰੋਮਣੀ ਕਮੇਟੀ ਨੇ ਸਮੂਹ ਸੰਗਤਾਂ ਨੂੰ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਤੇ ਮਾਤਾ ਸੁਲੱਖਣੀ ਜੀ ਦੇ 539ਵੇਂ ਵਿਆਹ ਪੁਰਬ ਦੀ ਵਧਾਈ ਦਿੰਦਿਆਂ ਕਿਹਾ ਅਸੀ ਵੱਡੇ ਭਾਗਾਂ ਵਾਲੇ ਹਾਂ ਸਾਨੂੰ ਆਪਣੇ ਗੁਰੂ ਸਾਹਿਬ ਜੀ ਦੇ ਵਿਆਹ ਪੁਰਬ ਮਨਾਉਣ ਦਾ ਹਰ ਸਾਲ ਸੁਭਾਗ ਪ੍ਰਾਪਤ ਹੁੰਦਾ ਹੈ।

ਜਥੇਦਾਰ ਗੋਰਾ ਨੇ ਦੱਸਿਆ ਕਿ ਗੁਰਦੁਆਰਾ ਸ਼੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਤੋਂ ਅੱਜ 16 ਸਤੰਬਰ ਦਿਨ ਬੁੱਧਵਾਰ ਸਵੇਰੇ 9 ਵਜੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛੱਤਰ ਛਾਇਆ ਹੇਠ ਤੇ ਪੰਜਾ ਪਿਆਰਿਆਂ ਦੀ ਅਗਵਾਈ ਵਿੱਚ ਮਹਾਨ ਨਗਰ ਕੀਰਤਨ ਆਰੰਭ ਹੋ ਕੇ ਰਾਤ ਨੂੰ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਬਾਬਾ ਬਕਾਲਾ ਸਾਹਿਬ ਵਿਖੇ ਵਿਖੇ ਪਹੁੰਚੇਗਾ।ਉਪਰੰਤ ਅਗਲੇ ਦਿਨ 17 ਸਤੰਬਰ ਦਿਨ ਵੀਰਵਾਰ ਨੂੰ ਸਵੇਰੇ 7 ਵਜੇ ਮਹਾਨ ਨਗਰ ਕੀਰਤਨ ਬਟਾਲਾ ਸ਼ਹਿਰ ਵਾਸਤੇ ਰਵਾਨਾ ਹੋਵੇਗਾ।ਨਗਰ ਕੀਰਤਨ ਦਾ ਬਟਾਲਾ ਵਿਖੇ ਪਹੁੰਚਣ ਤੇ ਸੰਗਤਾਂ ਵੱਲੋਂ ਭਰਵਾਂ ਸਵਾਗਤ ਕੀਤਾ ਜਾਵੇਗਾ।

## ਮਾਝਾ ਖੇਤਰ ਦੇ ਪ੍ਰਵਾਸੀ ਭਾਰਤੀਆਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਐੱਨ ਆਰ ਆਈ ਮਿਲਣੀ 23 ਨੂੰ

**ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਪੰਜਾਬ ਸਰਕਾਰ ਵੱਲੋਂ ਮਾਝਾ ਖੇਤਰ ਨਾਲ ਸਬੰਧਿਤ ਪ੍ਰਵਾਸੀ ਭਾਰਤੀਆਂ ਦੀਆਂ ਸਮੱਸਿਆਵਾਂ ਅਤੇ ਸ਼ਿਕਾਇਤਾਂ ਦੇ ਹੱਲ ਲਈ 23 ਸਤੰਬਰ 2026 ਨੂੰ ਸਵੇਰੇ 10:00 ਵਜੇ ਹੋਟਲ ਲੀ-ਮੈਰੀਡਨ, ਅੰਮ੍ਰਿਤਸਰ ਵਿਖੇ ਐੱਨ.ਆਰ.ਆਈ. ਮਿਲਣੀ ਕਰਵਾਈ ਜਾ ਰਹੀ ਹੈ। ਇਸ ਮਿਲਣੀ ਵਿੱਚ ਸੂਬੇ ਦੇ ਪ੍ਰਵਾਸੀ ਭਾਰਤੀ ਮਾਮਲਿਆਂ ਬਾਰੇ ਮੰਤਰੀ ਡਾ. ਰਵਜੋਤ ਸਿੰਘ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਣਗੇ। ਇਸ ਐੱਨ.ਆਰ.ਆਈ. ਮਿਲਣੀ ਵਿੱਚ ਮਾਝਾ ਖੇਤਰ ਦੇ ਜ਼ਿਲ੍ਹਿਆਂ ਅੰਮ੍ਰਿਤਸਰ, ਗੁਰਦਾਸਪੁਰ, ਪਠਾਨਕੋਟ ਅਤੇ ਤਰਨਤਾਰਨ ਨਾਲ ਸਬੰਧਿਤ ਪ੍ਰਵਾਸੀ ਭਾਰਤੀ ਸ਼ਮੂਲੀਅਤ ਕਰਨਗੇ। ਮਿਲਣੀ ਦੌਰਾਨ ਪ੍ਰਵਾਸੀ ਭਾਰਤੀਆਂ ਵੱਲੋਂ ਆਪਣੇ ਮਸਲੇ ਅਤੇ ਸ਼ਿਕਾਇਤਾਂ ਸਬੰਧਤ ਅਧਿਕਾਰੀਆਂ ਦੇ ਧਿਆਨ ਵਿੱਚ ਲਿਆਂਦੀਆਂ ਜਾਣਗੀਆਂ ਅਤੇ ਉਨ੍ਹਾਂ ਦੇ ਹੱਲ ਲਈ ਮੌਕੇ 'ਤੇ ਹੀ ਲੋੜੀਂਦੀ ਕਾਰਵਾਈ ਕੀਤੀ ਜਾਵੇਗੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਐੱਨ.ਆਰ.ਆਈ. ਮਿਲਣੀ ਵਿੱਚ ਪ੍ਰਵਾਸੀ ਭਾਰਤੀ ਮਾਮਲਿਆਂ ਬਾਰੇ ਮੰਤਰੀ ਡਾ. ਰਵਜੋਤ ਸਿੰਘ ਤੋਂ ਇਲਾਵਾ ਪ੍ਰਵਾਸੀ ਭਾਰਤੀ ਮਾਮਲੇ ਵਿਭਾਗ ਦੇ ਸੀਨੀਅਰ ਅਧਿਕਾਰੀ ਅਤੇ ਮਾਝਾ ਖੇਤਰ ਦੇ ਚਾਰੇ ਜ਼ਿਲ੍ਹਿਆਂ ਦੇ ਪ੍ਰਸ਼ਾਸਨਿਕ ਅਧਿਕਾਰੀ ਵੀ ਸ਼ਾਮਿਲ ਹੋਣਗੇ। ਉਨ੍ਹਾਂ ਦੱਸਿਆ ਕਿ ਕੈਪੰਜਾਬ ਸਰਕਾਰ ਵੱਲੋਂ ਪ੍ਰਵਾਸੀ ਭਾਰਤੀਆਂ ਦੀਆਂ ਸ਼ਿਕਾਇਤਾਂ ਅਤੇ ਸਮੱਸਿਆਵਾਂ ਨੂੰ ਸੁਣਦਿਆਂ ਉਨ੍ਹਾਂ ਦੇ ਹੱਲ ਲਈ ਲੋੜੀਂਦੇ ਕਦਮ ਚੁੱਕੇ ਜਾਣਗੇ। ਡਿਪਟੀ ਕਮਿਸ਼ਨਰ ਨੇ ਮਾਝਾ ਖੇਤਰ ਨਾਲ ਸਬੰਧਿਤ ਸਮੂਹ ਪ੍ਰਵਾਸੀ ਭਾਰਤੀਆਂ ਨੂੰ ਅਪੀਲ ਕੀਤੀ ਕਿ ਉਹ 23 ਸਤੰਬਰ ਨੂੰ ਸਵੇਰੇ 10:00 ਵਜੇ ਹੋਟਲ ਲੀ-ਮੈਰੀਡਨ, ਅੰਮ੍ਰਿਤਸਰ ਵਿਖੇ ਹੋਣ ਵਾਲੀ ਐੱਨ.ਆਰ.ਆਈ. ਮਿਲਣੀ ਵਿੱਚ ਸ਼ਾਮਿਲ ਹੋ ਕੇ ਆਪਣੀਆਂ ਸਮੱਸਿਆਵਾਂ ਅਤੇ ਸ਼ਿਕਾਇਤਾਂ ਸਬੰਧਤ ਅਧਿਕਾਰੀਆਂ ਦੇ ਸਾਹਮਣੇ ਰੱਖਣ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਪ੍ਰਵਾਸੀ ਭਾਰਤੀਆਂ ਨਾਲ ਸਬੰਧਿਤ ਮਾਮਲਿਆਂ ਦੇ ਤੁਰੰਤ ਅਤੇ ਪ੍ਰਭਾਵਸ਼ਾਲੀ ਹੱਲ ਲਈ ਵਚਨਬੱਧ ਹੈ।

# ਸਾਂਝੇ ਮਜ਼ਦੂਰ ਮੋਰਚੇ ਵੱਲੋਂ ਤੂਰ ਵਣਜਾਰਾ ਖੁਦਕੁਸ਼ੀ ਮਾਮਲੇ 'ਚ ਵਿੱਤ ਮੰਤਰੀ 'ਤੇ ਕੇਸ ਦਰਜ ਕਰਨ ਦੀ ਮੰਗ

ਚੰਡੀਗੜ੍ਹ (ਗਿਆਨ ਸੈਦਪੁਰੀ)- ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਨੇ ਸੰਗਰੂਰ ਦੇ ਪਿੰਡ ਤੂਰਵਣਜਾਰਾ ਵਿਖੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੂੰ ਨਸ਼ੇ ਦੀ ਵਧ ਰਹੀ ਸਮੱਸਿਆ ਬਾਬਤ ਸਵਾਲ ਕਰਨ ਵਾਲੇ ਮਜ਼ਦੂਰ ਗੁਲਜ਼ਾਰ ਸਿੰਘ ਨੂੰ ਵਿੱਤ ਮੰਤਰੀ ਦੇ ਇਸ਼ਾਰੇ 'ਤੇ ਆਪ ਪਾਰਟੀ ਦੇ ਸਰਪੰਚ ਤੇ ਪੁਲਸ ਵੱਲੋਂ ਤੰਗ ਪ੍ਰੇਸ਼ਾਨ ਕਰਕੇ ਖੁਦਕੁਸ਼ੀ ਕਰਨ ਲਈ ਮਜਬੂਰ ਕਰਨ ਦੇ ਮਾਮਲੇ 'ਚ ਮ੍ਰਿਤਕ ਦੇ ਬਿਆਨਾਂ ਦੇ ਆਧਾਰ ਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਤੇ ਮੁਕੱਦਮਾ ਦਰਜ ਕਰਨ ਅਤੇ ਪੀੜਤ ਪਰਵਾਰ ਨੂੰ ਢੁਕਵਾਂ ਮੁਆਵਜ਼ਾ ਤੇ ਨੌਕਰੀ ਦੇਣ ਤੋਂ ਇਲਾਵਾ ਐਸ ਸੀ ਐਸ ਟੀ ਐਕਟ ਤਹਿਤ ਮਿਲਦੀਆਂ ਸਾਰੀਆਂ ਸਹੂਲਤਾਂ ਤੁਰੰਤ ਦੇਣ ਦੀ ਮੰਗ ਕੀਤੀ ਹੈ।



ਸਾਂਝੇ ਮਜ਼ਦੂਰ ਮੋਰਚੇ ਦੇ ਆਗੂਆਂ ਲਛਮਣ ਸਿੰਘ ਸੇਵੇਵਾਲਾ, ਗੋਬਿੰਦ ਸਿੰਘ ਛਾਜਲੀ, ਦੇਵੀ ਕੁਮਾਰੀ ਸਰਹਾਲੀ ਕਲਾਂ, ਦਰਸ਼ਨ ਨਾਹਰ, ਕੁਲਵੰਤ ਸਿੰਘ ਸੇਲਵਰਾ, ਮੁਕੇਸ਼ ਮਲੌਦ, ਤਰਸੇਮ ਪੀਟਰ ਤੇ ਚਮਕੌਰ ਸਿੰਘ ਖੇੜੀ ਨੇ ਜ਼ਾਰੀ ਕੀਤੇ ਬਿਆਨ ਰਾਹੀਂ ਆਖਿਆ ਕਿ ਆਪ ਸਰਕਾਰ 'ਤੇ ਪੁਲਸ ਨੇ ਮ੍ਰਿਤਕ ਗੁਲਜ਼ਾਰ ਸਿੰਘ ਦੀਆਂ ਅੰਤਿਮ ਰਸਮਾਂ ਵੀ ਨਹੀਂ ਕਰਨ ਦਿੱਤੀਆਂ ਅਤੇ ਲਾਸ਼ ਦੀ ਬੇਅਬਦੀ ਕਰਕੇ ਘੋਰ ਅਪਰਾਧ ਕੀਤਾ ਹੈ ਜਿਸ ਬਾਰੇ ਵੀ ਦੋਸ਼ੀ ਪੁਲਸ ਅਧਿਕਾਰੀਆਂ ਖਿਲਾਫ ਕਾਰਵਾਈ ਕੀਤੀ ਜਾਵੇ।

ਉਹਨਾਂ ਦੱਸਿਆ ਕਿ ਮੰਗਲਵਾਰ ਨੂੰ ਮਜ਼ਦੂਰ ਜਥੇਬੰਦੀਆਂ ਦੇ ਆਗੂਆਂ ਦੇ ਇੱਕ ਵਫ਼ਦ ਵੱਲੋਂ ਮ੍ਰਿਤਕ ਗੁਲਜ਼ਾਰ ਸਿੰਘ ਦੀ ਧਰਮਪਤਨੀ ਅਤੇ ਬੱਚਿਆਂ ਨੂੰ ਮਿਲ ਕੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ।

ਮਜ਼ਦੂਰ ਆਗੂਆਂ ਨੇ ਹਾਕਮ ਜਮਾਤੀ ਪਾਰਟੀਆਂ ਦੇ ਲੀਡਰਾਂ ਵੱਲੋਂ ਤੂਰਵਣਜਾਰਾ ਮਾਮਲੇ ਵਿੱਚ ਮਜ਼ਦੂਰ ਆਗੂਆਂ ਅਤੇ ਐਕਸ਼ਨ ਕਮੇਟੀ 'ਤੇ ਬੇਬੁਨਿਆਦ ਦੋਸ਼ ਲਾ ਕੇ ਮਜ਼ਦੂਰ ਹਿਤਾਂ ਲਈ ਸੰਘਰਸ਼ਸ਼ੀਲ ਜਥੇਬੰਦੀਆਂ 'ਤੇ ਚਿੱਕੜ ਉਛਾਲੀ ਕਰਨ ਦੀ ਸਖ਼ਤ ਨਿਖੇਧੀ ਕੀਤੀ ਹੈ। ਉਹਨਾਂ ਅਜਿਹੀ ਬਿਆਨਬਾਜ਼ੀ ਨੂੰ ਲੋਕ ਵਿਰੋਧੀ ਸਿਆਸਤਦਾਨਾਂ ਦੀ ਮਜ਼ਦੂਰ ਜਥੇਬੰਦੀਆਂ ਪ੍ਰਤੀ ਨਫ਼ਰਤ ਦਾ ਸਿੱਟਾ ਕਰਾਰ ਦਿੱਤਾ। ਉਹਨਾਂ ਆਖਿਆ ਕਿ ਕਮੇਟੀ 'ਚ ਸ਼ਾਮਲ ਮਜ਼ਦੂਰ ਆਗੂਆਂ ਤੋਂ ਇਲਾਵਾ ਇੱਕ ਅਧਿਆਪਕ ਆਗੂ ਦਾ ਲੋਕ ਹਿਤਾਂ ਲਈ ਜੂਝਣ ਦਾ ਸ਼ਾਨਾਮੱਤਾ ਇਤਿਹਾਸ ਹੈ, ਜੋ ਕਿਸੇ ਸਿਆਸੀ ਲੀਡਰ ਦੇ ਬਿਆਨਾਂ ਨਾਲ ਦਾਗਦਾਰ ਨਹੀਂ ਕੀਤਾ ਜਾ ਸਕਦਾ।

ਮਜ਼ਦੂਰ ਆਗੂਆਂ ਨੇ ਆਖਿਆ ਕਿ ਕਮੇਟੀ ਨੂੰ ਸਿਆਸੀ ਲੀਡਰਾਂ ਵੱਲੋਂ ਜਾਣਬੁੱਝ ਕੇ ਬਦਨਾਮ ਕਰਨ ਵਾਲਿਆਂ ਦੀਆਂ ਸਰਕਾਰਾਂ ਦੇ ਰਾਜਾਂ ਦੌਰਾਨ ਵੀ ਦਲਿਤ ਭਾਈਚਾਰੇ ਦੇ ਲੋਕਾਂ ਤੇ ਅੰਨਾਂ ਕਹਿਰ ਢਾਹੁਣ ਦੀਆਂ ਦਿਲ ਦਹਿਲਾ ਦੇਣ ਵਾਲੀਆਂ ਘਟਨਾਵਾਂ ਵਾਪਰਦੀਆਂ ਰਹੀਆਂ ਹਨ। ਉਹਨਾਂ ਪੰਜਾਬ ਦੇ ਸਮੂਹ ਇਨਸਾਫ਼ ਪਸੰਦ ਲੋਕਾਂ ਨੂੰ ਸੱਦਾ ਦਿੱਤਾ ਕਿ ਮੌਕਾਪ੍ਰਸਤ ਸਿਆਸੀ ਪਾਰਟੀਆਂ ਦੇ ਨਾਪਾਕ ਮਨਸੂਬਿਆਂ ਤੋਂ ਸੁਚੇਤ ਰਹਿਣ ਅਤੇ ਗੁਲਜ਼ਾਰ ਸਿੰਘ ਦੇ ਪੀੜਤ ਪਰਵਾਰ ਨੂੰ ਇਨਸਾਫ ਦਿਵਾਉਣ ਲਈ ਅੱਗੇ ਆਉਣ।

# ਮੇਹਰ ਚੰਦ ਪੋਲੀਟੈਕਨਿਕ ਕਾਲਜ 'ਚ ਕੁਇਜ਼ ਮੁਕਾਬਲਾ

ਜਲੰਧਰ (ਸ਼ੈਲੀ ਐਲਬਰਟ)- ਮੇਹਰ ਚੰਦ ਪੋਲੀਟੈਕਨਿਕ ਕਾਲਜ, ਜਲੰਧਰ ਦੇ ਦਯਾਨੰਦ ਚੇਤਨਾ ਮੰਚ ਵੱਲੋਂ 11 ਸਤੰਬਰ ਨੂੰ ਸਵਾਮੀ ਵਿਵੇਕਾਨੰਦ ਦੇ ਇਤਿਹਾਸਕ ਸ਼ਿਕਾਗੋ ਭਾਸ਼ਣ (1893) ਦੀ ਯਾਦ ਵਿੱਚ ਇੱਕ ਲਿਖਤੀ ਕੁਇਜ਼



ਮੁਕਾਬਲੇ ਦਾ ਆਯੋਜਨ ਕੀਤਾ ਗਿਆ। ਇਸ ਮੁਕਾਬਲੇ ਵਿੱਚ ਵਿਦਿਆਰਥੀਆਂ ਨੇ ਵਿਸ਼ਵਵਿਆਪੀ ਸਦਭਾਵਨਾ, ਸਹਿਣਸ਼ੀਲਤਾ ਅਤੇ ਭਾਈਚਾਰੇ ਬਾਰੇ ਸਵਾਮੀ ਵਿਵੇਕਾਨੰਦ ਦੇ ਵਿਚਾਰਾਂ ਸੰਬੰਧੀ ਸ਼ਾਨਦਾਰ ਗਿਆਨ ਦਾ ਪ੍ਰਦਰਸ਼ਨ ਕੀਤਾ। ਮੁਕਾਬਲੇ ਵਿੱਚ ਪਹਿਲਾ ਸਥਾਨ ਪ੍ਰਿਅੰਸ਼ੀ (ਸੀ.ਐਸ.ਈ.) ਅਤੇ ਰਵਿੰਦਰ ਸਿੰਘ (ਸਿਵਲ ਇੰਜੀਨੀਅਰਿੰਗ) ਨੇ ਪ੍ਰਾਪਤ ਕੀਤਾ, ਜਦਕਿ ਦੂਜਾ ਸਥਾਨ ਅਨਮੋਲ ਅਤੇ ਪੀਯੂਸ਼ (ਦੋਵੇਂ ਇਲੈਕਟ੍ਰੀਕਲ ਇੰਜੀਨੀਅਰਿੰਗ) ਨੇ ਹਾਸਲ ਕੀਤਾ। ਤੀਜਾ ਸਥਾਨ ਗਰਵਿਤ ਰਾਏ (ਆਟੋਮੋਬਾਈਲ ਇੰਜੀਨੀਅਰਿੰਗ) ਅਤੇ ਸੀਮਾ ਸ਼ਰਮਾ (ਸੀ.ਐਸ.ਈ.) ਨੂੰ ਮਿਲਿਆ। ਅਨਾਮਿਕਾ ਸ਼ਾਮ, ਅਰਸ਼ਿਤ ਸ਼ਰਮਾ, ਰੀਆ ਅਤੇ ਸਾਨਵੀ ਨੂੰ ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ ਲਈ ਵਿਸ਼ੇਸ਼ ਪ੍ਰਸ਼ੰਸਾ ਪ੍ਰਦਾਨ ਕੀਤੀ ਗਈ। ਇਸ ਮੌਕੇ ਦਯਾਨੰਦ ਚੇਤਨਾ ਮੰਚ ਦੇ ਪ੍ਰਧਾਨ ਪ੍ਰਭੂ ਦਿਆਲ ਨੇ ਕਿਹਾ ਕਿ ਮੁਕਾਬਲੇ ਵਿੱਚ ਵਿਦਿਆਰਥੀਆਂ ਦਾ ਭਾਰੀ ਉਤਸ਼ਾਹ ਇਹ ਦਰਸਾਉਂਦਾ ਹੈ ਕਿ ਨੌਜਵਾਨ ਪੀੜ੍ਹੀ ਸਵਾਮੀ ਵਿਵੇਕਾਨੰਦ ਦੇ ਵਿਸ਼ਵਵਿਆਪੀ ਭਾਈਚਾਰੇ ਦੇ ਸਦੀਵੀ ਮੁੱਲਾਂ ਨੂੰ ਅਪਣਾਉਣ ਲਈ ਪੂਰੀ ਤਰ੍ਹਾਂ ਤਿਆਰ ਹੈ। ਕਾਲਜ ਦੇ ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਸਾਰੇ ਭਾਗੀਦਾਰਾਂ ਨੂੰ ਹਾਰਦਿਕ ਵਧਾਈ ਦਿੰਦਿਆਂ ਵਿਦਿਆਰਥੀਆਂ ਨੂੰ ਜੀਵਨ ਵਿੱਚ ਉੱਤਮਤਾ ਪ੍ਰਾਪਤ ਕਰਨ ਲਈ ਸਹਿਣਸ਼ੀਲਤਾ ਅਤੇ ਸਦਭਾਵਨਾ ਦੀਆਂ ਇਨ੍ਹਾਂ ਮਹਾਨ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਦਾ ਸੰਦੇਸ਼ ਦਿੱਤਾ। ਇਸ ਮੌਕੇ ਵਿਦਿਆਰਥੀਆਂ ਨੂੰ ਸਨਮਾਨਤ ਕਰਨ ਲਈ ਪ੍ਰੋ. ਮਦਾਨ (ਕੰਪਿਊਟਰ ਵਿਭਾਗ ਮੁਖੀ), ਗਰੋਵਰ ਸ਼ਰਮਾ (ਆਟੋਮੋਬਾਈਲ ਵਿਭਾਗ ਮੁਖੀ), ਅੰਕੁਸ਼ ਸ਼ਰਮਾ (ਐਪਲਾਈਡ ਸਾਇੰਸ ਵਿਭਾਗ ਮੁਖੀ) ਅਤੇ ਸ੍ਰੀਮਤੀ ਅੰਜੂ (ਲੈਕਚਰਾਰ) ਵੀ ਹਾਜ਼ਰ ਸਨ।

# ਹਿੰਦੀ ਦਿਵਸ ਮਨਾਇਆ



ਆਦਮਪੁਰ (ਪਰਮਜੀਤ ਸਿੰਘ)- ਰੇਨਬੋ ਪਬਲਿਕ ਸਕੂਲ ਤੇ ਰੇਨਬੋ ਸਟਾਰਜ਼ ਵਿੱਚ ਪ੍ਰਬੰਧਕ ਅਨਿਲ ਕੁਮਾਰ ਸ਼ਰਮਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਹਿੰਦੀ ਦਿਵਸ ਦੇ ਸਬੰਧ ਵਿੱਚ ਵੱਖ-ਵੱਖ ਮੁਕਾਬਲੇ ਕਰਵਾਏ ਗਏ ਜਿਸ ਦੀ ਪ੍ਰਧਾਨਗੀ ਮੈਨੇਜਰ ਜੋਧ ਸਿੰਘ ਡੋਗਰਾ ਤੇ ਪ੍ਰਿੰਸੀਪਲ ਸ੍ਰੀਮਤੀ ਸੰਧਿਆ ਮਹਿਤਾ ਦੁਆਰਾ ਕੀਤੀ ਗਈ। ਇਸ ਮੁਕਾਬਲੇ ਦੌਰਾਨ ਜਮਾਤ ਨਰਸਰੀ ਤੋਂ ਦਸਵੀਂ ਤੱਕ ਦੇ ਵਿਦਿਆਰਥੀਆਂ ਨੇ ਲੇਖ ਮੁਕਾਬਲਾ, ਜਮਾਤ ਚੌਥੀ ਤੇ ਛੇਵੀਂ ਦੇ ਵਿਦਿਆਰਥੀਆਂ ਨੇ ਪੜ੍ਹਨ ਮੁਕਾਬਲਾ, ਜਮਾਤ ਪਹਿਲੀ, ਦੂਜੀ, ਤੀਜੀ ਅਤੇ ਰੇਨਬੋ ਸਟਾਰਜ਼ ਦੇ ਵਿਦਿਆਰਥੀਆਂ ਨੇ ਕਵਿਤਾ ਉਚਾਰਨ ਤੇ ਸੁੰਦਰ ਲਿਖਾਈ ਮੁਕਾਬਲਿਆਂ ਵਿੱਚ ਭਾਗ ਲਿਆ। ਇਹਨਾਂ ਮੁਕਾਬਲਿਆਂ ਵਿੱਚ ਪਹਿਲਾ, ਦੂਜਾ ਤੇ ਤੀਸਰਾ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਪ੍ਰਮਾਣ ਪੱਤਰ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਮੈਨੇਜਰ ਤੇ ਪ੍ਰਿੰਸੀਪਲ ਨੇ ਆਪਣੇ ਸ਼ੁਭ ਵਿਚਾਰਾਂ ਦੁਆਰਾ ਹਿੰਦੀ ਭਾਸ਼ਾ ਦੇ ਮਹੱਤਵ ਦੇ ਬਾਰੇ ਦੱਸਦੇ ਹੋਏ ਭਾਸ਼ਾ ਦੇ ਸ਼ੁੱਧ ਲੇਖਣ ਤੇ ਉਚਾਰਣ ਦੇ ਲਈ ਪ੍ਰੇਰਿਤ ਕੀਤਾ ਤੇ ਭਵਿੱਖ ਵਿੱਚ ਹੋਣ ਵਾਲੇ ਅਜਿਹੇ ਮੁਕਾਬਲਿਆਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ।

# ਐੱਸ ਡੀ ਕਾਲਜ 'ਚ ਵਿਸ਼ੇਸ਼ ਵੋਟਰ ਰਜਿਸਟ੍ਰੇਸ਼ਨ ਕੈਂਪ

ਸੁਲਤਾਨਪੁਰ ਲੋਧੀ (ਹਨੀ)- ਐਸ.ਡੀ. ਕਾਲਜ ਫਾਰ ਵੂਮੈਨ, ਸੁਲਤਾਨਪੁਰ ਲੋਧੀ ਕਪੂਰਥਲਾ ਵਿਖੇ ਪ੍ਰਿੰਸੀਪਲ ਡਾ. ਵੰਦਨਾ ਸ਼ੁਕਲਾ ਦੀ ਅਗਵਾਈ ਵਿੱਚ ਦੋ-ਰੋਜ਼ਾ ਵਿਸ਼ੇਸ਼ ਵੋਟਰ ਰਜਿਸਟ੍ਰੇਸ਼ਨ ਕੈਂਪ ਲਗਾਇਆ ਗਿਆ।ਇਹ ਕੈਂਪ ਸਵੀਪ ਵਿਭਾਗ ਦੁਆਰਾ



ਐਨ.ਐਸ.ਐਸ. ਵਿਭਾਗ ਦੇ ਸਹਿਯੋਗ ਨਾਲ ਯੋਗ ਵਿਦਿਆਰਥੀਆਂ ਨੂੰ ਵੋਟਰ ਵਜੋਂ ਰਜਿਸਟਰ ਕਰਨ ਲਈ ਪ੍ਰੇਰਿਤ ਕਰਨ ਅਤੇ ਲੋਕਤੰਤਰੀ ਪ੍ਰਕਿਰਿਆ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਲਈ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਆਯੋਜਿਤ ਕੀਤਾ ਗਿਆ ।ਇਸ ਦੌਰਾਨ ਵਿਦਿਆਰਥੀਆਂ ਨੂੰ ਵੋਟਰ ਰਜਿਸਟ੍ਰੇਸ਼ਨ ਪ੍ਰਕਿਰਿਆ ਅਤੇ ਵੋਟਰ ਸੂਚੀ ਵਿੱਚ ਆਪਣੇ ਨਾਮ ਸ਼ਾਮਲ ਕਰਨ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ ਗਈ।ਯੋਗ ਵਿਦਿਆਰਥੀਆਂ ਦੁਆਰਾ ਸਵੀਪ ਇੰਚਾਰਜ ਮੈਡਮ ਸੁਨੀਤਾ ਕਲੇਰ, ਸਲਵਿੰਦਰਜੀਤ ਕੌਰ, ਸੋਨਮਪ੍ਰੀਤ ਕੌਰ, ਰਵਨੀਤ ਕੌਰ, ਕਰੀਨਾ ਸ਼ਰਮਾ, ਏਕਤਾ ਅਤੇ ਐੱਨ ਐੱਸ ਐੱਸ ਵਲੰਟੀਅਰਜ਼ ਦੀ ਸਹਾਇਤਾ ਨਾਲ ਫਾਰਮ ਭਰੇ ਗਏ।182 ਫ਼ੀਸਦੀ ਯੋਗ ਵਿਦਿਆਰਥੀਆਂ ਨੇ ਦੋ ਦਿਨਾਂ ਕੈਂਪ ਦੌਰਾਨ ਆਪਣੀ ਵੋਟਰ ਰਜਿਸਟ੍ਰੇਸ਼ਨ ਸਫਲਤਾ ਪੂਰਵਕ ਪੂਰੀ ਕੀਤੀ। ਵੋਟਰ ਰਜਿਸਟ੍ਰੇਸ਼ਨ ਲਈ ਪਹਿਲਾਂ ਹੀ ਅਰਜ਼ੀ ਦੇਣ ਵਾਲੇ ਵਿਦਿਆਰਥੀਆਂ ਨੂੰ ਉਨ੍ਹਾਂ ਦੀਆਂ ਅਰਜ਼ੀਆਂ ਸੰਬੰਧੀ ਹੋਰ ਤਸਦੀਕ ਅਤੇ ਅਪਡੇਟਸ ਲਈ ਆਪਣੇ ਸਬੰਧਤ ਬੂਥ ਪੱਧਰ ਦੇ ਅਧਿਕਾਰੀਆਂ ਨਾਲ ਤਾਲਮੇਲ ਕਰਨ ਲਈ ਵੀ ਮਾਰਗਦਰਸ਼ਨ ਕੀਤਾ ਗਿਆ। ਕੈਂਪ ਨੌਜਵਾਨ ਵਿਦਿਆਰਥੀਆਂ ਵਿੱਚ ਉਨ੍ਹਾਂ ਦੇ ਵੋਟ ਪਾਉਣ ਦੇ ਅਧਿਕਾਰ, ਚੋਣ ਭਾਗੀਦਾਰੀ ਅਤੇ ਲੋਕਤੰਤਰੀ ਜ਼ਿੰਮੇਵਾਰੀਆਂ ਬਾਰੇ ਜਾਗਰੂਕਤਾ ਪੈਦਾ ਕਰਨ ਵਿੱਚ ਇੱਕ ਪ੍ਰਭਾਵਸ਼ਾਲੀ ਪਹਿਲਕਦਮੀ ਸਾਬਤ ਹੋਇਆ। ਇਸਨੇ ਵਿਦਿਆਰਥੀਆਂ ਨੂੰ ਜ਼ਿੰਮੇਵਾਰ ਨਾਗਰਿਕ ਬਣਨ ਅਤੇ ਚੋਣ ਪ੍ਰਕਿਰਿਆ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਲਈ ਵੀ ਪ੍ਰੇਰਿਤ ਕੀਤਾ।

# ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ 'ਚ ਸਵੱਛਤਾ ਪਖਵਾੜਾ ਮਨਾਇਆ



ਕਪੂਰਥਲਾ (ਹਨੀ)- ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ 'ਚ ਡਾਇਰੈਕਟਰ ਇੰਜ. ਹਰਨਿਆਮਤ ਕੌਰ ਦੀ ਅਗਵਾਈ ਵਿੱਚ ਸੀ. ਬੀ.ਐਸ. ਈ ਗਤੀਵਿਧੀ ਤਹਿਤ ਸਵੱਛਤਾ ਪਖਵਾੜਾ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਸਫ਼ਾਈ ਦੀ ਮਹੱਤਤਾ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਵੱਖ-ਵੱਖ ਗਤੀਵਿਧੀਆਂ ਵਿੱਚ ਭਾਗ ਲਿਆ। ਸਕੂਲ ਦੇ ਵਿਦਿਆਰਥੀਆਂ ਨੇ ਸਵੱਛਤਾ ਸੰਕਲਪ ਲਿਆ। ਕੇ.ਜੀ ਵਿੰਗ ਦੇ ਵਿਦਿਆਰਥੀਆਂ ਦਰਮਿਆਨ ਹੈਂਡ ਵਾਸ਼ ਐਕਟੀਵਿਟੀ ਕਰਵਾਈ ਗਈ। ਪ੍ਰਾਇਮਰੀ ਅਤੇ ਸੀਨੀਅਰ ਵਿੰਗ ਦੇ ਵਿਦਿਆਰਥੀਆਂ ਨੂੰ ਸਫਾਈ, ਕੂੜੇ ਦੀ ਸਹੀ ਸੰਭਾਲ, ਗਿੱਲੇ ਤੇ ਸੁੱਕੇ ਕੂੜੇ ਨੂੰ ਵੱਖ ਵੱਖ ਕਰਨ ਅਤੇ ਸਵੱਛਤਾ ਦੀਆਂ ਚੰਗੀਆਂ ਆਦਤਾਂ ਅਪਣਾਉਣ ਲਈ ਪ੍ਰੇਰਿਤ ਕੀਤਾ ਗਿਆ। ਸਕੂਲ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ ਨੇ ਵਿਦਿਆਰਥੀਆਂ ਨੂੰ ਸੰਬੋਧਨ ਹੁੰਦਿਆਂ ਕਿਹਾ ਕਿ ਸਵੱਛਤਾ ਸਿਰਫ ਇੱਕ ਮੁਹਿੰਮ ਨਹੀਂ ਸਗੋਂ ਸਾਡੀ ਰੋਜ਼ਾਨਾ ਜ਼ਿੰਦਗੀ ਦਾ ਅਹਿਮ ਹਿੱਸਾ ਹੋਣੀ ਚਾਹੀਦੀ ਹੈ। ਉਹਨਾਂ ਵਿਦਿਆਰਥੀਆਂ ਨੂੰ ਆਪਣੇ ਘਰ, ਸਕੂਲ ਅਤੇ ਆਲੇ ਦੁਆਲੇ ਦੇ ਵਾਤਾਵਰਣ ਨੂੰ ਸਾਫ ਰੱਖਣ ਲਈ ਪ੍ਰੇਰਿਤ ਕੀਤਾ।

# ਗੁਰੂ ਨਾਨਕ ਦੇਵ 'ਵਰਸਿਟੀ ਕਾਲਜ ਦੇ ਵਿਦਿਆਰਥੀ ਨੀਰਜ ਨੇ 'ਵਰਸਿਟੀ 'ਚ ਹਾਸਲ ਕੀਤਾ ਦੂਜਾ ਸਥਾਨ

## ਓ ਐੱਸ ਡੀ ਪ੍ਰੋ. (ਡਾ.) ਨਵਜੋਤ ਕੌਰ ਨੇ ਵਿਦਿਆਰਥੀ ਨੂੰ ਦਿੱਤੀ ਮੁਬਾਰਕਬਾਦ

ਜਲੰਧਰ (ਨ ਜ਼ ਸ)- ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਲਾਡੋਵਾਲੀ ਰੋਡ ਦੇ ਵਿਦਿਆਰਥੀਆਂ ਵੱਲੋਂ ਅਕਾਦਮਿਕ ਖੇਤਰ ਵਿੱਚ ਲਗਾਤਾਰ ਨਵੀਆਂ ਮੰਜ਼ਿਲਾਂ ਸਰ ਕਰਨ ਦਾ ਸਿਲਸਿਲਾ ਜਾਰੀ ਹੈ। ਇਸੇ ਕੜੀ ਤਹਿਤ ਕਾਲਜ ਦੇ ਬੀ ਕਾਮ (ਫਾਈਨੈਂਸ਼ੀਅਲ ਸਰਵਿਸਿਜ਼) ਦੇ ਵਿਦਿਆਰਥੀ ਨੀਰਜ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੀ ਛੇਵੇਂ ਸਮੈਸਟਰ ਦੀ ਪ੍ਰੀਖਿਆ ਵਿੱਚ 8.46 ਐੱਸ ਜੀ ਪੀ ਏ ਦੇ ਸ਼ਾਨਦਾਰ ਅੰਕ ਪ੍ਰਾਪਤ ਕਰਦਿਆਂ ਯੂਨੀਵਰਸਿਟੀ ਵਿੱਚ ਦੂਜਾ ਸਥਾਨ ਹਾਸਲ ਕਰਕੇ ਕਾਲਜ ਦਾ ਨਾਮ ਰੌਸ਼ਨ ਕੀਤਾ ਹੈ। ਨੀਰਜ ਦੀ ਇਹ ਪ੍ਰਾਪਤੀ ਉਸ ਦੀ ਮਿਹਨਤ, ਲਗਨ ਅਤੇ ਅਕਾਦਮਿਕ ਪ੍ਰਤੀਬੱਧਤਾ ਦਾ ਪ੍ਰਤੀਕ ਹੈ। ਇਸ ਸ਼ਾਨਦਾਰ ਨਤੀਜੇ ਨੇ ਨਾ ਸਿਰਫ਼ ਵਿਦਿਆਰਥੀ ਦੇ ਪਰਿਵਾਰ ਅਤੇ ਅਧਿਆਪਕਾਂ ਨੂੰ ਮਾਣ ਮਹਿਸੂਸ ਕਰਵਾਇਆ ਹੈ, ਸਗੋਂ ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਜਲੰਧਰ ਦੀ ਅਕਾਦਮਿਕ ਪਛਾਣ ਨੂੰ ਵੀ ਹੋਰ ਮਜ਼ਬੂਤ ਕੀਤਾ ਹੈ। ਕਾਲਜ ਦੀ ਓ ਐੱਸ ਡੀ ਪ੍ਰੋ. (ਡਾ.) ਨਵਜੋਤ ਕੌਰ ਨੇ ਨੀਰਜ ਦੀ ਇਸ ਉਪਲਬਧੀ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਉਸ ਨੂੰ ਦਿਲੀ ਮੁਬਾਰਕਬਾਦ ਦਿੱਤੀ। ਉਨ੍ਹਾਂ ਕਿਹਾ ਕਿ



ਵਿਦਿਆਰਥੀਆਂ ਦੀਆਂ ਅਜਿਹੀਆਂ ਪ੍ਰਾਪਤੀਆਂ ਉਨ੍ਹਾਂ ਦੀ ਨਿੱਜੀ ਮਿਹਨਤ ਦਾ ਨਤੀਜਾ ਹੋਣ ਦੇ ਨਾਲ-ਨਾਲ ਸੰਸਥਾ ਦੇ ਸਮੁੱਚੇ ਅਕਾਦਮਿਕ ਮਾਹੌਲ ਅਤੇ ਅਧਿਆਪਕਾਂ ਦੀ ਸਮਰਪਿਤ ਭੂਮਿਕਾ ਦਾ ਵੀ ਪ੍ਰਤੀਬਿੰਬ ਹੁੰਦੀਆਂ ਹਨ। ਉਨ੍ਹਾਂ ਨੀਰਜ ਨੂੰ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਮਿਹਨਤ ਅਤੇ ਲਗਨ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ। ਡਾ. ਨਵਜੋਤ ਕੌਰ ਨੇ ਵਿਦਿਆਰਥੀ ਦੀ ਇਸ ਕਾਮਯਾਬੀ ਲਈ ਵਿਭਾਗ ਮੁਖੀ ਡਾ. ਸੋਨੀਆ ਕੁੰਦਰਾ ਦੇ ਯਤਨਾਂ ਅਤੇ ਵਿਦਿਆਰਥੀਆਂ ਨੂੰ ਦਿੱਤੀ ਜਾ ਰਹੀ ਯੋਗ ਅਗਵਾਈ ਦੀ ਵੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ, ਜਲੰਧਰ ਵਿਦਿਆਰਥੀਆਂ ਨੂੰ ਕੇਵਲ ਡਿਗਰੀ ਪ੍ਰਦਾਨ ਕਰਨ ਤੱਕ ਸੀਮਤ ਨਹੀਂ, ਸਗੋਂ ਉਨ੍ਹਾਂ ਦੀ ਪ੍ਰਤਿਭਾ ਨੂੰ ਪਛਾਣ ਕੇ ਉਸ ਨੂੰ ਨਿਖਾਰਨ ਅਤੇ ਉਨ੍ਹਾਂ ਨੂੰ ਮੁਕਾਬਲੇ ਦੀ ਦੁਨੀਆ ਲਈ ਤਿਆਰ ਕਰਨ ਵੱਲ ਵੀ ਵਿਸ਼ੇਸ਼ ਧਿਆਨ ਦੇ ਰਿਹਾ ਹੈ। ਨੀਰਜ ਦੀ ਯੂਨੀਵਰਸਿਟੀ ਪੱਧਰ ਦੀ ਪ੍ਰਾਪਤੀ ਇਸੇ ਅਕਾਦਮਿਕ ਦ੍ਰਿਸ਼ਟੀ ਅਤੇ ਮਿਹਨਤੀ ਸੱਭਿਆਚਾਰ ਦੀ ਇੱਕ ਹੋਰ ਮਿਸਾਲ ਹੈ। ਇਸ ਮੌਕੇ ਕਾਲਜ ਦੇ ਸਮੂਹ ਅਧਿਆਪਕਾਂ ਅਤੇ ਪ੍ਰਸ਼ਾਸਨ ਵੱਲੋਂ ਵੀ ਨੀਰਜ ਨੂੰ ਮੁਬਾਰਕਬਾਦ ਦਿੱਤੀ ਗਈ ਅਤੇ ਉਸ ਦੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਪ੍ਰਗਟ ਕੀਤੀਆਂ ਗਈਆਂ। ਕਾਲਜ ਪ੍ਰਸ਼ਾਸਨ ਨੇ ਆਸ ਪ੍ਰਗਟਾਈ ਕਿ ਨੀਰਜ ਦੀ ਇਹ ਪ੍ਰਾਪਤੀ ਹੋਰਨਾਂ ਵਿਦਿਆਰਥੀਆਂ ਲਈ ਵੀ ਪ੍ਰੇਰਨਾ ਦਾ ਸਰੋਤ ਬਣੇਗੀ ਅਤੇ ਉਹ ਆਪਣੇ ਅਕਾਦਮਿਕ ਸਫ਼ਰ ਵਿੱਚ ਹੋਰ ਉੱਚੀਆਂ ਮੰਜ਼ਿਲਾਂ ਹਾਸਲ ਕਰਨ ਲਈ ਪ੍ਰੇਰਿਤ ਹੋਣਗੇ।

# ਦਰਿਆ ਤੇ ਬਿਸਤ ਦੁਆਬ ਨਹਿਰ 'ਚ ਨਹਾਉਣ ਦੀ ਮਨਾਹੀ

ਨਵਾਂਸ਼ਹਿਰ (ਮਨੋਜ ਲਾਡੀ)- ਜ਼ਿਲ੍ਹਾ ਮੈਜਿਸਟ੍ਰੇਟ ਗੁਲਪ੍ਰੀਤ ਸਿੰਘ ਔਲਖ ਨੇ ਜ਼ਿਲ੍ਹੇ ਦੀ ਹਦੂਦ ਅੰਦਰ ਪੈਂਦੇ ਦਰਿਆ ਸਤਲੁਜ ਅਤੇ ਬਿਸਤ ਦੁਆਬ ਨਹਿਰ 'ਚ ਨਹਾਉਣ 'ਤੇ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ। ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਤਹਿਤ ਇਨ੍ਹਾਂ ਦੋਵਾਂ ਥਾਂਵਾਂ 'ਤੇ ਨਹਾਉਣ 'ਤੇ ਪਾਬੰਦੀ ਲਗਾਈ ਹੈ। ਜਾਰੀ ਹੁਕਮਾਂ ਅਨੁਸਾਰ ਅਕਸਰ ਨਹਾਉਣ ਵਾਲਿਆਂ ਦੇ ਡੂੰਘੇ ਪਾਣੀ 'ਚ ਜਾਣ ਨਾਲ ਪਾਣੀ ਦੇ ਤੇਜ਼ ਵਹਾਅ ਕਾਰਨ ਡੁੱਬਣ ਨਾਲ ਅਣਸੁਖਾਵੀਆਂ ਘਟਨਾਵਾਂ ਵਾਪਰ ਜਾਂਦੀਆਂ ਹਨ ਜਿਸ ਦੇ ਮੱਦੇਨਜ਼ਰ ਇਨ੍ਹਾਂ ਥਾਵਾਂ 'ਤੇ ਨਹਾਉਣ 'ਤੇ ਪਾਬੰਦੀ ਲਾਈ ਗਈ ਹੈ। ਜ਼ਿਲ੍ਹਾ ਮੈਜਿਸਟ੍ਰੇਟ ਅਨੁਸਾਰ ਅਜਿਹੀਆਂ ਮੰਦਭਾਗੀਆਂ ਘਟਨਾਵਾਂ ਵਾਪਰਨ ਨੂੰ ਰੋਕਣ ਲਈ ਦੋਵਾਂ ਥਾਵਾਂ 'ਤੇ ਨਹਾਉਣ 'ਤੇ ਰੋਕ ਲਾਈ ਜਾਣੀ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਜੇਕਰ ਕੋਈ ਵਿਅਕਤੀ ਮੌਕੇ 'ਤੇ ਨਹਾਉਂਦਾ ਫੜਿਆ ਜਾਂਦਾ ਹੈ ਤਾਂ ਉਸ ਖ਼ਿਲਾਫ਼ ਪੁਲਿਸ ਵੱਲੋਂ ਨਿਯਮਾਂ ਅਨੁਸਾਰ ਕੇਸ ਦਰਜ ਕੀਤਾ ਜਾ ਸਕਦਾ ਹੈ। ਇਹ ਹੁਕਮ 13 ਨਵੰਬਰ 2026 ਤੱਕ ਲਾਗੂ ਰਹਿਣਗੇ।

# ਨਿਊ ਕੈਲਾਸ਼ ਨਗਰ 'ਚ ਐਕਟਿਵਾ ਚੋਰੀ

ਜਲੰਧਰ (ਰਾਜੇਸ਼ ਥਾਪਾ)- ਨਿਊ ਕੈਲਾਸ਼ ਨਗਰ ਵਿਖੇ ਦਿਨ ਦਿਹਾੜੇ ਇੱਕ ਬੈਂਕ ਮੁਲਾਜ਼ਮ ਦੇ ਘਰ ਦੇ ਮੂਹਰਿਓਂ ਚਿੱਟੇ ਰੰਗ ਦਾ ਐਕਟਿਵਾ ਸਕੂਟਰ ਚੋਰੀ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਚੋਰੀ ਕੀਤਾ ਗਿਆ ਐਕਟਿਵਾ ਸਕੂਟਰ ਹਰਵਿੰਦਰ ਸਿੰਘ ਵੀਰ ਦਾ ਦੱਸਿਆ ਜਾ ਰਿਹਾ ਹੈ। ਜਾਣਕਾਰੀ ਅਨੁਸਾਰ, ਦੋ ਨੌਜਵਾਨ ਪੂਰੀ ਤਰ੍ਹਾਂ ਬੇਖ਼ੌਫ ਹੋ ਕੇ ਇਲਾਕੇ ਵਿੱਚ ਪਹੁੰਚੇ ਅਤੇ ਘਰ ਦੇ ਬਾਹਰ ਖੜ੍ਹਾ ਐਕਟਿਵਾ ਸਕੂਟਰ ਚੋਰੀ ਕਰਕੇ ਫਰਾਰ ਹੋ ਗਏ। ਚੋਰਾਂ ਵੱਲੋਂ ਕੀਤੀ ਗਈ ਇਹ ਵਾਰਦਾਤ ਨੇੜੇ ਲੱਗੇ ਸੀ ਸੀ ਟੀ ਵੀ ਕੈਮਰਿਆਂ ਵਿੱਚ ਕੈਦ ਹੋ ਗਈ, ਜਿਸ ਵਿੱਚ ਦੋਵੇਂ ਨੌਜਵਾਨਾਂ ਦੀਆਂ ਤਸਵੀਰਾਂ ਵੀ ਸਾਹਮਣੇ ਆਈਆਂ ਹਨ। ਸਕੂਟਰ ਚੋਰੀ ਹੋਣ ਦੀ ਜਾਣਕਾਰੀ ਮਿਲਦੇ ਹੀ ਪਰਵਾਰ ਵੱਲੋਂ ਤੁਰੰਤ ਪੁਲਸ ਨੂੰ ਸੂਚਿਤ ਕੀਤਾ ਗਿਆ। ਪੁਲਸ ਵੱਲੋਂ ਮਾਮਲੇ ਦੀ ਜਾਂਚ ਸ਼ੁਰੂ ਕਰਦਿਆਂ ਸੀ ਸੀ ਟੀ ਵੀ ਫੁਟੇਜ ਦੇ ਆਧਾਰ 'ਤੇ ਚੋਰਾਂ ਦੀ ਪਛਾਣ ਅਤੇ ਉਨ੍ਹਾਂ ਨੂੰ ਕਾਬੂ ਕਰਨ ਲਈ ਢੁਕਵੀਂ ਕਾਰਵਾਈ ਆਰੰਭ ਕਰ ਦਿੱਤੀ ਗਈ ਹੈ। ਇਲਾਕਾ ਨਿਵਾਸੀਆਂ ਨੇ ਪੁਲਸ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਦਿਨ ਦਿਹਾੜੇ ਹੋਈ ਇਸ ਚੋਰੀ ਦੀ ਵਾਰਦਾਤ ਨੂੰ ਗੰਭੀਰਤਾ ਨਾਲ ਲੈਂਦਿਆਂ ਦੋਸ਼ੀਆਂ ਨੂੰ ਜਲਦ ਤੋਂ ਜਲਦ ਕਾਬੂ ਕੀਤਾ ਜਾਵੇ ਅਤੇ ਚੋਰੀ ਕੀਤਾ ਸਕੂਟਰ ਬਰਾਮਦ ਕੀਤਾ ਜਾਵੇ।



'ਹਮਾਰੇ ਰਾਮ' ਨਾਟਕ 'ਚ ਰਾਵਣ ਦੀ ਭੂਮਿਕਾ ਨਿਭਾਉਣ ਵਾਲੇ ਕਲਾਕਾਰ ਆਸ਼ੂਤੋਸ਼ ਰਾਣਾ, ਸੈਰ ਸਪਾਟਾ ਅਤੇ ਸੰਸਕ੍ਰਿਤੀ ਸਲਾਹਕਾਰ ਦੀਪਕ ਬਾਲੀ ਤੇ ਭਗਵਾਨ ਸ਼ਿਵ ਦੀ ਭੂਮਿਕਾ ਨਿਭਾਉਣ ਵਾਲੇ ਤਰੁਣ ਖੰਨਾ ਸ੍ਰੀ ਹਰਿਮੰਦਰ ਸਾਹਿਬ 'ਚ ਨਤਮਸਤਕ ਹੋਏ।

# ਵਿਗੜ ਰਹੇ ਹਾਲਾਤ ਤੋਂ ਐੱਸ ਐੱਸ ਪੀ ਨੂੰ ਕਰਵਾਇਆ ਜਾਣੂ

ਕਪੂਰਥਲਾ (ਮਨਜੀਤ ਮਾਨ)- ਉੱਘੇ ਸਮਾਜ ਤੇ ਨੌਜੁਆਨ ਆਗੂ ਅਨਿਲ ਸ਼ੇਰਗਿੱਲ (ਨੀਲੂ) ਅਤੇ ਵਿਸ਼ਾਲ ਸਿੰਘ (ਸ਼ੈਲੀ) ਮੁਹੱਲਾ ਮਹਿਤਾਬ ਗੜ੍ਹ ਦੇ ਵਿਗੜ ਰਹੇ ਹਾਲਾਤ ਬਾਰੇ ਜਾਣੂ ਕਰਵਾਇਆ।



ਉਕਤ ਆਗੂਆਂ ਨੇ ਕਿਹਾ ਕਿ ਕਪੂਰਥਲਾ ਦੇ ਹਾਲਾਤ ਦਿਨੋ ਦਿਨ ਤੇਜ਼ੀ ਨਾਲ ਵਿਗੜ ਰਹੇ ਹਨ। ਨਸ਼ੇ ਦੇ ਕਾਰੋਬਾਰ ਨੂੰ ਨੱਥ ਪਾਉਣ ਲਈ ਐੱਸ ਐੱਸ ਪੀ ਨੂੰ ਮੁਹੱਲਾ ਨਿਵਾਸੀਆਂ ਦੇ ਕਰਵਾਏ ਗਏ ਹਸਤਾਖਰਾਂ ਦੇ ਨਾਲ ਨਾਲ ਇਕ ਅਰਜ਼ੀ ਵੀ ਦਿੱਤੀ ਗਈ ਜਿਸ ਵਿੱਚ ਮੁਹੱਲੇ ਦੇ ਲੋਕਾਂ ਵਲੋਂ ਲਿਖਿਆ ਗਿਆ ਕਿ ਜਿਹੜੇ ਵੀ ਲੋਕ ਨਸ਼ਾ ਵੇਚਦੇ ਹਨ, ਉਹਨਾਂ 'ਤੇ ਪੁਲਸ ਬਣਦੀ ਕਾਰਵਾਈ ਕਰੇ ਤੇ ਆਮ ਲੋਕਾਂ ਨੂੰ ਉਨ੍ਹਾਂ ਤਸਕਰਾਂ ਤੋਂ ਰਾਹਤ ਦਿਵਾਈ ਜਾਵੇ। ਐੱਸ ਐੱਸ ਪੀ ਨੇ ਵਿਸ਼ਵਾਸ ਦਿਵਾਉਂਦੇ ਹੋਏ ਕਿਹਾ ਕਿ ਜੇਕਰ ਮੁਹੱਲਾ ਨਿਵਾਸੀ ਵੀ ਪੁਲਸ ਨਾਲ ਮਿਲ ਕੇ ਕੰਮ ਕਰਨ ਤਾਂ ਅਸੀਂ ਨਸ਼ਾ ਦਿਨਾਂ ਵਿੱਚ ਖਤਮ ਕਰ ਦਿਆਗੇ ਤੇ ਨਸ਼ੇ ਦੇ ਸੌਦਾਗਰਾਂ ਦੀ ਚੈਨ ਤੋੜ ਕੇ ਹੀ ਰਹਾਂਗੇ।

# ਲਾਇਲਪੁਰ ਖ਼ਾਲਸਾ ਕਾਲਜ ਦੇ ਵਿਦਿਆਰਥੀਆਂ ਨੇ 'ਵਰਸਿਟੀ ਪ੍ਰੀਖਿਆਵਾਂ 'ਚ ਮਾਰੀਆਂ ਮੱਲਾਂ

ਜਲੰਧਰ (ਸ਼ੈਲੀ ਐਲਬਰਟ)- ਲਾਇਲਪੁਰ ਖ਼ਾਲਸਾ ਕਾਲਜ ਜਲੰਧਰ ਦਾ ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਐਲਾਨੇ ਐਮ ਏ (ਮਿਊਜ਼ਿਕ ਵੋਕਲ) ਚੌਥਾ ਸਮੈਸਟਰ ਦਾ ਨਤੀਜਾ ਸ਼ਾਨਦਾਰ ਰਿਹਾ। ਵਿਦਿਆਰਥਣ ਰਵਲੀਨ ਕੌਰ ਨੇ 10 ਐਸ ਜੀ ਪੀ ਏ ਵਿਚੋਂ 9.70 ਸੀ ਜੀ ਪੀ ਏ ਪ੍ਰਾਪਤ ਕਰਕੇ ਯੂਨੀਵਰਸਿਟੀ ਮੈਰਿਟ ਵਿਚੋਂ ਪਹਿਲਾ ਸਥਾਨ, ਅਮਰਜੀਤ ਸਿੰਘ ਨੇ 9.57 ਸੀ ਜੀ ਪੀ ਏ ਪ੍ਰਾਪਤ ਕਰਕੇ ਤੀਜਾ ਸਥਾਨ, ਗੁਰਬਖ਼ਸ਼ ਕੌਰ



ਨੇ 9.27 ਸੀ ਜੀ ਪੀ ਏ ਅੰਕ ਪ੍ਰਾਪਤ ਕਰਕੇ ਛੇਵਾਂ ਸਥਾਨ, ਨੇਹਾ ਅਤੇ ਸ਼ਾਲੂ ਨੇ 9.21 ਸੀ ਜੀ ਪੀ ਏ ਪ੍ਰਾਪਤ ਕਰਕੇ ਸਾਂਝੇ ਰੂਪ ਵਿਚ ਸੱਤਵਾਂ ਸਥਾਨ ਅਤੇ ਪਰਮੀਤ ਸਿੰਘ ਨੇ 9.12 ਸੀ ਜੀ ਪੀ ਏ ਪ੍ਰਾਪਤ ਕਰਕੇ ਨੌਂਵਾਂ ਸਥਾਨ ਹਾਸਲ ਕੀਤਾ। ਇਸ ਮੌਕੇ ਸਰਦਾਰਨੀ ਬਲਬੀਰ ਕੌਰ ਪ੍ਰਧਾਨ ਗਵਰਨਿੰਗ ਕੌਂਸਲ ਨੇ ਵਿਸ਼ੇਸ਼ ਤੌਰ ਤੇ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ। ਪ੍ਰਿੰਸੀਪਲ ਡਾ. ਰਛਪਾਲ ਸਿੰਘ ਸੰਧੂ ਨੇ ਵਿਦਿਆਰਥੀਆਂ ਨੂੰ ਭਵਿੱਖ ਵਿਚ ਹੋਰ ਮਿਹਨਤ ਅਤੇ ਲਗਨ ਨਾਲ ਪੜ੍ਹਾਈ ਕਰਨ ਲਈ ਪ੍ਰੇਰਿਆ। ਉਨ੍ਹਾਂ ਇਹ ਵੀ ਕਿਹਾ ਕਿ ਕਾਲਜ ਇਨ੍ਹਾਂ ਵਿਦਿਆਰਥੀਆਂ ਨੂੰ ਹਰ ਤਰ੍ਹਾਂ ਦੀ ਸਹਾਇਤਾ ਪ੍ਰਦਾਨ ਕਰੇਗਾ ਅਤੇ ਆਉਣ ਵਾਲਿਆਂ ਨਤੀਜਿਆਂ ਵਿਚੋਂ ਵੀ ਜਿਹੜੇ ਵਿਦਿਆਰਥੀ ਯੂਨੀਵਰਸਿਟੀ ਵਿਚੋਂ ਵਿਸ਼ੇਸ਼ ਸਥਾਨ ਜਾਂ ਮੈਰਿਟ ਵਿਚ ਆਉਣਗੇ, ਉਨ੍ਹਾਂ ਨੂੰ ਵੀ ਵਿਸ਼ੇਸ਼ ਸਹੂਲਤਾਂ ਦਿੱਤੀਆਂ ਜਾਣਗੀਆਂ। ਇਸ ਮੌਕੇ ਪ੍ਰੋ. ਸੁਖਦੇਵ ਸਿੰਘ ਮੁਖੀ ਸੰਗੀਤ ਵਿਭਾਗ ਅਤੇ ਪ੍ਰੋ. ਕਿਰਨ ਅਮਰ ਵੀ ਹਾਜ਼ਰ ਸਨ।

# ਸਾਬਕਾ ਸੈਨਿਕਾਂ ਤੇ ਸ਼ਹੀਦਾਂ ਦੇ ਪਰਵਾਰਾਂ ਦੇ ਮਸਲੇ ਪਹਿਲ ਦੇ ਆਧਾਰ 'ਤੇ ਹੱਲ ਕੀਤੇ ਜਾਣਗੇ : ਡਿਪਟੀ ਕਮਿਸ਼ਨਰ

ਕਪੂਰਥਲਾ (ਮਨਜੀਤ ਮਾਨ)- ਡਿਪਟੀ ਕਮਿਸ਼ਨਰ ਅਕਾਸ਼ ਬਾਂਸਲ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਜ਼ਿਲ੍ਹਾ ਸੈਨਿਕ ਬੋਰਡ ਦੀ ਤਿਮਾਹੀ ਮੀਟਿੰਗ ਦੀ ਪ੍ਰਧਾਨਗੀ ਕੀਤੀ ਅਤੇ ਸਾਬਕਾ ਸੈਨਿਕਾਂ, ਸ਼ਹੀਦਾਂ ਦੇ ਪਰਿਵਾਰਾਂ ਅਤੇ ਉਨ੍ਹਾਂ ਦੇ ਆਸ਼ਰਿਤਾਂ ਨਾਲ ਸਬੰਧਤ ਵੱਖ-ਵੱਖ ਮੁੱਦਿਆਂ ਦਾ ਜਾਇਜ਼ਾ ਲਿਆ। ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਸਾਬਕਾ ਸੈਨਿਕਾਂ, ਸ਼ਹੀਦਾਂ ਦੇ ਪਰਵਾਰਾਂ ਅਤੇ ਉਨ੍ਹਾਂ ਦੇ ਆਸ਼ਰਿਤਾਂ ਦੀ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਭਰੋਸਾ ਦਿਵਾਇਆ ਕਿ ਉਨ੍ਹਾਂ ਦੀਆਂ ਜਾਇਜ਼ ਸ਼ਿਕਾਇਤਾਂ ਨੂੰ ਪਹਿਲ ਦੇ ਆਧਾਰ 'ਤੇ ਲਿਆ ਜਾਵੇਗਾ ਅਤੇ ਸਬੰਧਤ ਵਿਭਾਗਾਂ ਦੇ ਤਾਲਮੇਲ ਨਾਲ ਬਿਨਾਂ ਕਿਸੇ ਬੇਲੋੜੀ ਦੇਰੀ ਦੇ, ਸੰਵੇਦਨਸ਼ੀਲ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਹੱਲ ਕੀਤਾ ਜਾਵੇਗਾ।ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਜ਼ਿਲ੍ਹਾ ਸੈਨਿਕ ਬੋਰਡ ਨਾਲ ਲਗਾਤਾਰ ਤਾਲਮੇਲ ਬਣਾਏ ਰੱਖਣ ਅਤੇ ਸਾਬਕਾ ਸੈਨਿਕਾਂ ਤੇ ਉਨ੍ਹਾਂ ਦੇ ਪਰਿਵਾਰਾਂ ਨਾਲ ਸਬੰਧਤ ਮੁੱਦਿਆਂ ਦਾ ਸਮੇਂ ਸਿਰ ਨਿਪਟਾਰਾ ਕਰਨ ਦੇ ਨਿਰਦੇਸ਼ ਦਿੱਤੇ। ਮੀਟਿੰਗ ਦੌਰਾਨ ਫਲੈਗ ਡੇ ਫੰਡ ਦੀ ਉਗਰਾਹੀ, ਸ਼ਿਕਾਇਤਾਂ ਦੇ ਨਿਪਟਾਰੇ, ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਪਰਵਾਰਾਂ ਨੂੰ ਆ ਰਹੀਆਂ ਮੁਸ਼ਕਲਾਂ, ਭੁਲੱਥ ਵਿਖੇ ਈ ਸੀ ਐਚ ਐਸ ਪੋਲੀਕਲੀਨਿਕ ਨੂੰ ਦੁਬਾਰਾ ਖੋਲ੍ਹਣ ਅਤੇ ਵੈਟਰਨ ਸਹਾਇਤਾ ਕੇਂਦਰ ਦੀ ਮੁੜ ਸਥਾਪਨਾ ਸਮੇਤ ਹੋਰ ਮੁੱਦਿਆਂ 'ਤੇ ਵਿਸਥਾਰਪੂਰਵਕ ਚਰਚਾ ਕੀਤੀ ਗਈ। ਡਿਪਟੀ ਕਮਿਸ਼ਨਰ ਨੇ ਸਬੰਧਤ ਵਿਭਾਗਾਂ ਨੂੰ ਇਨ੍ਹਾਂ ਮਸਲਿਆਂ 'ਤੇ ਤਾਲਮੇਲ ਵਾਲੀ ਕਾਰਵਾਈ ਕਰਦਿਆਂ ਜਲਦ ਨਿਪਟਾਰਾ ਯਕੀਨੀ ਬਣਾਉਣ ਅਤੇ



ਪ੍ਰਗਤੀ ਬਾਰੇ ਜ਼ਿਲ੍ਹਾ ਸੈਨਿਕ ਬੋਰਡ ਨੂੰ ਜਾਣੂ ਕਰਵਾਉਂਦੇ ਰਹਿਣ ਦੇ ਨਿਰਦੇਸ਼ ਦਿੱਤੇ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਸਾਬਕਾ ਸੈਨਿਕਾਂ ਨੂੰ ਵਿੱਤੀ ਸਹਾਇਤਾ ਦੇ ਚੈੱਕ ਵੀ ਵੰਡੇ। ਸਕੱਤਰ, ਜ਼ਿਲ੍ਹਾ ਸੈਨਿਕ ਬੋਰਡ-ਕਮ-ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫਸਰ, ਲੈਫਟੀਨੈਂਟ ਕਰਨਲ ਰੋਹਿਤ ਸ਼ਰਮਾ (ਰਿਟਾ.) ਨੇ ਦਫ਼ਤਰ ਦੇ ਕੰਮਕਾਜ ਅਤੇ ਕਾਰਗੁਜ਼ਾਰੀ ਬਾਰੇ ਵਿਸਥਾਰਪੂਰਵਕ ਰਿਪੋਰਟ ਪੇਸ਼ ਕੀਤੀ। ਮੀਟਿੰਗ ਵਿੱਚ ਜ਼ਿਲ੍ਹਾ ਸੈਨਿਕ ਬੋਰਡ ਦੇ ਮੈਂਬਰਾਂ ਅਤੇ ਵੱਖ-ਵੱਖ ਸਰਕਾਰੀ ਵਿਭਾਗਾਂ ਦੇ ਮੁਖੀਆਂ ਨੇ ਸ਼ਿਰਕਤ ਕੀਤੀ।

# 'ਖੇਡਾਂ ਵਤਨ ਪੰਜਾਬ ਦੀਆਂ-2026' ਦੇ ਆਖਰੀ ਦਿਨ ਵੱਖ-ਵੱਖ ਖੇਡ ਮੁਕਾਬਲੇ ਕਰਵਾਏ

ਨਵਾਂਸ਼ਹਿਰ (ਮਨੋਜ ਲਾਡੀ)- ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਅਤੇ ਉਨ੍ਹਾਂ ਦੀ ਪ੍ਰਤਿਭਾ ਨੂੰ ਨਿਖਾਰਨ ਦੇ ਉਦੇਸ਼ ਨਾਲ ਕਰਵਾਈਆਂ ਜਾ ਰਹੀਆਂ 'ਖੇਡਾਂ ਵਤਨ ਪੰਜਾਬ ਦੀਆਂ-2026' ਤਹਿਤ ਬੰਗਾ ਬਲਾਕ ਦੀਆਂ ਬਲਾਕ ਪੱਧਰੀ ਖੇਡਾਂ ਦੇ ਆਖਰੀ ਦਿਨ ਵੱਖ-ਵੱਖ ਖੇਡ ਮੁਕਾਬਲੇ ਕਰਵਾਏ ਗਏ। ਇਸ ਦੌਰਾਨ ਖਿਡਾਰੀਆਂ ਨੇ ਪੂਰੇ ਉਤਸ਼ਾਹ ਅਤੇ ਖੇਡ ਭਾਵਨਾ ਨਾਲ ਭਾਗ ਲੈਂਦਿਆਂ ਆਪਣੀ ਖੇਡ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ।

ਨਵਾਂਸ਼ਹਿਰ ਵਿਖੇ ਟੈਨਿਸ ਬਾਲ ਕ੍ਰਿਕਟ ਦੇ ਸੈਮੀਫਾਈਨਲ ਅਤੇ ਫਾਈਨਲ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿੱਚ ਹਲਕਾ ਇੰਚਾਰਜ ਜਸਪ੍ਰੀਤ ਸਿੰਘ ਰੋਬੀ ਕੰਗ, ਜ਼ਿਲ੍ਹਾ ਪਲਾਨਿੰਗ ਬੋਰਡ ਦੇ ਚੇਅਰਮੈਨ ਸੰਜੀਵ ਚੇਚੀ ਅਤੇ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਸਤਨਾਮ ਸਿੰਘ ਜਲਵਾਹਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਉਨ੍ਹਾਂ ਨੇ ਖਿਡਾਰੀਆਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਉਨ੍ਹਾਂ ਨੂੰ ਖੇਡਾਂ ਵਿੱਚ ਹੋਰ ਮਿਹਨਤ ਕਰਨ ਅਤੇ ਆਪਣੀ ਪ੍ਰਤਿਭਾ ਨੂੰ ਨਿਖਾਰਨ ਲਈ ਪ੍ਰੇਰਿਤ ਕੀਤਾ।

ਇਸੇ ਤਰ੍ਹਾਂ ਬੰਗਾ ਬਲਾਕ ਵਿਖੇ ਜਲ ਸਰੋਤ ਪ੍ਰਬੰਧਨ ਅਤੇ ਵਿਕਾਸ ਨਿਗਮ, ਪੰਜਾਬ ਦੇ ਵਾਈਸ ਚੇਅਰਮੈਨ ਕੁਲਜੀਤ ਸਿੰਘ ਸਰਹਾਲ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਖਿਡਾਰੀਆਂ ਨੂੰ ਸਨਮਾਨਤ ਕੀਤਾ।

ਇਸ ਮੌਕੇ ਸੰਬੋਧਨ ਕਰਦਿਆਂ ਕੁਲਜੀਤ ਸਿੰਘ ਸਰਹਾਲ ਨੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਵਿੱਚ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਅਜਿਹੇ ਖੇਡ ਮੁਕਾਬਲੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਦੇ ਨਾਲ-ਨਾਲ ਉਨ੍ਹਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਵੀ ਪ੍ਰੇਰਿਤ ਕਰਦੇ ਹਨ।

ਉਨ੍ਹਾਂ ਨੇ ਖਿਡਾਰੀਆਂ ਨੂੰ ਖੇਡ ਭਾਵਨਾ ਨਾਲ ਖੇਡਣ ਅਤੇ ਆਪਣੇ ਮਾਪਿਆਂ, ਅਧਿਆਪਕਾਂ ਅਤੇ ਜ਼ਿਲ੍ਹੇ ਦਾ ਨਾਮ ਰੌਸ਼ਨ ਕਰਨ ਲਈ ਪ੍ਰੇਰਿਤ ਕੀਤਾ।ਇਸ ਤੋਂ ਇਲਾਵਾ ਭਾਈ ਸੰਗਤ ਸਿੰਘ ਕਾਲਜ ਵਿਖੇ ਕਾਲਜ ਦੀ ਪ੍ਰਿੰਸੀਪਲ ਇੰਦੂ ਰੱਤੀ ਨੇ ਖਿਡਾਰੀਆਂ ਨਾਲ ਸ਼ਿਰਕਤ ਕਰਦਿਆਂ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਕੀਤੀ। ਉਨ੍ਹਾਂ ਨੇ ਖੇਡ ਮੁਕਾਬਲਿਆਂ ਦੇ ਸਫਲ ਅਤੇ ਸੁਚਾਰੂ ਆਯੋਜਨ ਲਈ ਪ੍ਰਬੰਧਕਾਂ, ਕੋਚਾਂ, ਰੈਫਰੀ ਸਾਹਿਬਾਨ ਅਤੇ ਸਮੂਹ ਸਹਿਯੋਗੀਆਂ ਦਾ ਧੰਨਵਾਦ ਕੀਤਾ।ਜ਼ਿਲ੍ਹਾ ਖੇਡ ਅਫ਼ਸਰ ਵੰਦਨਾ ਚੌਹਾਨ ਨੇ ਕਿਹਾ ਕਿ ਇਨ੍ਹਾਂ ਖੇਡ ਮੁਕਾਬਲਿਆਂ ਦਾ ਮੁੱਖ ਉਦੇਸ਼ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨਾ, ਉਨ੍ਹਾਂ ਵਿੱਚ ਖੇਡ ਭਾਵਨਾ ਪੈਦਾ ਕਰਨਾ ਅਤੇ ਸਿਹਤਮੰਦ ਸਮਾਜ ਦੀ ਸਿਰਜਣਾ ਕਰਨਾ ਹੈ।

# ਬਲਜਿੰਦਰ ਮਾਨ ਦਾ ਬਾਲ ਕਹਾਣੀ ਸੰਗ੍ਰਹਿ 'ਬੱਚਤ' ਲੋਕ ਅਰਪਣ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)- ਜ਼ਿਲ੍ਹਾ ਭਾਸ਼ਾ ਦਫ਼ਤਰ ਹੁਸ਼ਿਆਰਪੁਰ ਵੱਲੋਂ ਸ਼੍ਰੋਮਣੀ ਸਾਹਿਤਕਾਰ ਬਲਜਿੰਦਰ ਮਾਨ ਦਾ ਬਾਲ ਕਹਾਣੀ ਸੰਗ੍ਰਹਿ 'ਬੱਚਤ' ਲੋਕ ਅਰਪਣ ਕਰਨ ਸੰਬੰਧੀ ਸਮਾਗਮ ਰਚਾਇਆ ਗਿਆ ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਪ੍ਰਸਿੱਧ ਐਕਟਰ ਤੇ ਡਾਇਰੈਕਟਰ ਅਸ਼ੋਕ ਪੁਰੀ, ਰਿੰਕੀ ਜ਼ਿਲ੍ਹਾ ਸੂਚਨਾ ਅਧਿਕਾਰੀ ਤੇ ਬੀ ਐੱਮ ਅੰਗਰੇਜ਼ੀ ਯੋਧਾ ਮਲ ਪਾਲ ਨੇ ਸ਼ਿਰਕਤ ਕੀਤੀ। ਆਏ ਹੋਏ ਸਾਹਿਤਕਾਰਾਂ ਅਤੇ ਸਾਹਿਤ ਪ੍ਰੇਮੀਆਂ ਲਈ ਜੀ ਆਇਆਂ ਸ਼ਬਦ ਖੋਜ ਅਫ਼ਸਰ ਡਾ. ਜਸਵੰਤ ਰਾਏ ਨੇ ਆਖੇ। ਬਾਲ ਕਹਾਣੀ ਸੰਗ੍ਰਹਿ ਬਾਰੇ ਸੰਖੇਪ ਵਿਚਾਰ ਸਾਂਝੇ ਕਰਦਿਆਂ ਅਸ਼ੋਕ ਪੁਰੀ ਅਤੇ ਡਾ. ਜਸਵੰਤ ਰਾਏ ਨੇ ਸਾਂਝੇ ਰੂਪ ਵਿੱਚ ਆਖਿਆ ਬਲਜਿੰਦਰ ਮਾਨ ਪਿਛਲੇ ਸਾਢੇ ਚਾਰ ਦਹਾਕੇ ਤੋਂ ਸਾਹਿਤਕ ਅਤੇ ਸਭਿਆਚਾਰਕ ਗਤੀਵਿਧੀਆਂ ਨਾਲ ਜੁੜੀ ਹੋਈ ਸ਼ਖ਼ਸੀਅਤ ਹੈ। ਤੇਤੀ ਸਾਲ ਤੋਂ ਆਪਣੇ ਨਿੱਜੀ ਯਤਨਾਂ ਨਾਲ ਬਾਲ ਰਸਾਲਾ 'ਨਿੱਕੀਆਂ ਕਰੂੰਬਲਾਂ' ਲਗਾਤਾਰ ਪ੍ਰਕਾਸ਼ਿਤ ਕਰਦਾ ਆ ਰਿਹਾ ਹੈ। ਪੰਜਾਬ ਦੇ ਬਾਲ ਲੇਖਕਾਂ ਨੂੰ ਉਤਸ਼ਾਹਿਤ ਕਰਨ ਲਈ ਵੀ ਉਹ ਹੰਭਲੇ ਮਾਰਦਾ ਰਹਿੰਦਾ ਹੈ ਤਾਂ ਕਿ ਬੱਚਿਆਂ ਲਈ ਬਾਲ ਸਾਹਿਤ ਦੀ ਸਿਰਜਣਾ ਹੁੰਦੀ ਰਹੇ। 'ਬੱਚਤ' ਬਾਲ ਕਹਾਣੀ ਸੰਗ੍ਰਹਿ ਵਿੱਚ ਬਾਲ ਮਾਨਸਿਕਤਾ ਨੂੰ ਬਿਆਨ ਕਰਦੀਆਂ ਬਾਲ ਕਹਾਣੀਆਂ ਦਰਜ ਹਨ। ਬਾਲ ਮਨੋਵਿਗਿਆਨ ਨੂੰ ਸੇਧਤ ਇਨ੍ਹਾਂ ਬਾਲ ਕਹਾਣੀਆਂ ਵਿੱਚ ਨੈਤਿਕਤਾ, ਵੱਡਿਆਂ ਦਾ ਸਤਿਕਾਰ, ਸਵੈ ਅਨੁਸ਼ਾਸਨ ਅਤੇ ਕੁਦਰਤ ਤੋਂ ਦੂਰ ਹੋਏ ਬਿਮਾਰੀਆਂ ਤੇ ਦੁਸ਼ਵਾਰੀਆਂ ਦੇ ਸ਼ਿਕਾਰ ਮਨੁਖ ਦੀ ਗਾਥਾ ਬੱਚਿਆਂ ਨੂੰ ਬਚਪਨ ਤੋਂ ਹੀ ਕੁਦਰਤ ਨਾਲ ਮੁਹੱਬਤ ਦੇ



ਰਿਸ਼ਤੇ ਨੂੰ ਗੰਢਣ ਵਿੱਚ ਸਹਾਇਕ ਹਨ। ਛੋਟੇ ਵਾਕ, ਸਧਾਰਨ ਸ਼ਬਦਾਵਲੀ ਅਤੇ ਦਿਲਚਸਪ ਬਿਰਤਾਂਤ ਨੇ ਸੋਨੇ ਤੇ ਸੁਹਾਗੇ ਵਾਲਾ ਕਾਰਜ ਕੀਤਾ ਹੈ। ਆਕਰਸ਼ਿਤ ਫੋਟੋਕਾਰੀ ਅਤੇ ਵਧੀਆ ਸਫ਼ਿਆਂ ਤੇ ਉਕਰੇ ਲਫ਼ਜ਼ ਪੁਸਤਕ ਬੱਚਿਆਂ ਨੂੰ ਆਪਣੇ ਨਾਲ ਜੋੜਨ ਵਿੱਚ ਸਹਾਈ ਹੋਣਗੇ। ਇਸ ਮੌਕੇ ਹਾਜ਼ਰ ਰਿੰਕੀ, ਯੋਧਾ ਮਲ ਪਾਲ ਨੇ ਵੀ ਬਲਜਿੰਦਰ ਮਾਨ ਨੂੰ ਇਸ ਸਾਹਿਤਕ ਕਾਰਜ ਲਈ ਵਧਾਈ ਦਿੱਤੀ। ਪੁਸਤਕ ਦਾ ਪ੍ਰਕਾਸ਼ਨ ਸਪਤਰਿਸ਼ੀ ਪਬਲੀਕੇਸ਼ਨ ਚੰਡੀਗੜ੍ਹ ਦੁਆਰਾ ਕੀਤਾ ਗਿਆ। ਇਸ ਮੌਕੇ ਭਾਸ਼ਾ ਵਿਭਾਗ ਦੇ ਕਰਮਚਾਰੀ ਰਾਹੁਲ ਸੀਨੀਅਰ ਸਹਾਇਕ ਅਤੇ ਲਾਲ ਸਿੰਘ ਕਲਰਕ ਵੀ ਹਾਜ਼ਰ ਸਨ।

# ਸਾਲਾਨਾ ਛਿੰਝ ਮੇਲਾ ਕਰਵਾਇਆ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)- ਪਿੰਡ ਬਿਹਾਲਾ ਵਿਖੇ ਦਰਬਾਰ ਬਾਬਾ ਗੁੱਗਾ ਜਾਹਰ ਪੀਰ ਦੇ ਅਸਥਾਨ ਤੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਐਨ ਆਰ ਆਈ ਵੀਰਾਂ ਅਤੇ ਇਲਾਕੇ ਦੇ ਸਹਿਯੋਗ ਨਾਲ ਧੰਨ ਧੰਨ ਬਾਬਾ ਗੁੱਗਾ ਜਾਹਰ ਪੀਰ ਪ੍ਰਬੰਧਕ ਕਮੇਟੀ ਬਿਹਾਲਾ ਜ਼ਿਲ੍ਹਾ ਹੁਸ਼ਿਆਰਪੁਰ ਵੱਲੋਂ ਬਾਬਾ ਗੁੱਗਾ ਜਾਹਰ ਪੀਰ ਜੀ ਦੀ ਯਾਦ ਵਿੱਚ 19ਵਾਂ ਸ਼ਾਨਦਾਰ ਛਿੰਝ ਮੇਲਾ ਮਾਲ ਡੰਗਰ ਅਤੇ ਨਗਰ ਦੀ ਸੁੱਖ ਸ਼ਾਂਤੀ ਲਈ ਕਰਵਾਇਆ ਗਿਆ। ਇਸ ਮੌਕੇ ਕਮੇਟੀ ਪ੍ਰਧਾਨ ਚਿਰੰਜੀ ਲਾਲ ਬਿਹਾਲਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ 12 ਸਤੰਬਰ ਰਾਤ ਨੂੰ ਬਾਬਾ ਗੁੱਗਾ ਜਾਹਰ ਪੀਰ ਜੀ ਦੀ ਯਾਦ ਵਿੱਚ ਧਾਰਮਿਕ ਸਮਾਗਮ ਕਰਵਾਇਆ ਗਿਆ ਜਿਸ ਵਿੱਚ ਪੰਜਾਬ ਦੇ ਨਾਮਵਰ ਕਲਾਕਾਰ ਸੰਨੀ ਸਹਿਗਲ ਐਂਡ ਪਾਰਟੀ ਨੌਨੀਤਪੁਰ ਮਾਹਿਲਪੁਰ, ਬੂਟਾ ਮੁਹੰਮਦ ਐਂਡ ਪਾਰਟੀ ਫਗਵਾੜਾ ਵਾਲੇ ਬਾਬਾ ਗੁੱਗਾ ਜਾਹਰ ਪੀਰ ਜੀ ਦੇ ਗੁਣਗਾਨ ਕੀਤੇ । ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਬਾਬਾ ਗੁੱਗਾ ਜਾਹਰ ਪੀਰ ਜੀ ਦੀ ਯਾਦ ਵਿੱਚ ਸਲਾਨਾ 19ਵਾਂ ਸ਼ਾਨਦਾਰ ਛਿੰਝ ਮੇਲਾ ਧੂਮਧਾਮ ਨਾਲ ਕਰਵਾਇਆ ਗਿਆ ਜਿਸ ਵਿੱਚ ਪੰਜਾਬ ਦੇ ਨਾਮਵਰ ਪਹਿਲਵਾਨਾਂ ਨੇ ਹਿੱਸਾ ਲਿਆ। ਉਨ੍ਹਾਂ ਦੱਸਿਆ ਕਿ ਪੱਟਕੇ ਦੀ ਕੁਸ਼ਤੀ ਨਦੀਮ ਡੋਡਾ ਜੰਮੂ ਕਸ਼ਮੀਰ ਅਤੇ ਸੋਨੂੰ ਰੀਆਵਾਲ ਵਿਚਕਾਰ



ਕਰਵਾਈ ਗਈ ਜਿਸ ਵਿੱਚ ਨਦੀਮ ਡੋਡਾ ਜੰਮੂ ਕਸ਼ਮੀਰ ਪਹਿਲਵਾਨ ਜੇਤੂ ਰਿਹਾ।

ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਸਾਲਾਨਾ 19ਵੇਂ ਸ਼ਾਨਦਾਰ ਛਿੰਝ ਮੇਲੇ ਮੌਕੇ ਮੁੱਖ ਮਹਿਮਾਨ ਡਾਕਟਰ ਇਸ਼ਾਕ ਕੁਮਾਰ ਹਲਕਾ ਵਿਧਾਇਕ ਚੱਬੇਵਾਲ ਜੇਤੂ ਅਤੇ ਉਪ ਜੇਤੂ ਪਹਿਲਵਾਨਾਂ ਨੂੰ ਨਗਦ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਪੱਟਕੇ ਦੀ ਕੁਸ਼ਤੀ ਸਪਲੈਂਡਰ ਮੋਟਰਸਾਈਕਲ ਦੀ ਸੇਵਾ ਅਜੇ ਗਰੀਸ ਅਤੇ ਸਨਮ ਕਨੇਡਾ ਵੱਲੋਂ ਕੀਤੀ।

ਇਸ ਮੌਕੇ ਸਲਾਨਾ ਛਿੰਝ ਮੇਲੇ ਦੌਰਾਨ ਪ੍ਰਕਾਸ਼ ਰਾਮ, ਹਰਮਿੰਦਰ ਸਿੰਘ ਨੰਬਰਦਾਰ, ਪ੍ਰਧਾਨ ਚੁਰੰਜੀ ਲਾਲ ਬਿਹਾਲਾ,ਰਘਵੀਰ ਸਿੰਘ, ਬਾਬਾ ਰਣਵੀਰ ਸਿੰਘ ਰਾਣਾ ਬਿਹਾਲਾ, ਮਾਸਟਰ ਬਲਵਿੰਦਰ ਸਿੰਘ, ਮਹਿੰਦਰ ਸਿੰਘ ਮੱਲ, ਗੁਰਦਿਆਲ ਚੰਦ ਪੰਚ,ਨਵਦੀਪ ਕੌਰ ਸਰਪੰਚ,ਗੁਰਪ੍ਰੀਤ ਸਿੰਘ,ਮਨੋਹਰ ਲਾਲ, ਸਤਨਾਮ ਸਾਈਂ ਜੀ, ਰਾਮ ਲਾਲ ਪੰਚ, ਤਰਸੇਮ ਲਾਲ, ਐੱਨ ਆਰ ਆਈ ਅਜਮੇਰ ਸਿੰਘ ਕੈਨੇਡਾ, ਐੱਨ ਆਰ ਆਈ ਪਰਮਜੀਤ ਸਿੰਘ ਪੰਮਾ, ਐੱਨ ਆਰ ਆਈ ਰਾਜਵਿੰਦਰਸਿੰਘ, ਐੱਨ ਆਰ ਆਈ ਪਵਨਦੀਪ ਸਿੰਘ ਮਾਵੀ, ਐੱਨ ਆਰ ਆਈ ਸਨਮਦੀਪ ਕੈਨੇਡਾ, ਐੱਨ ਆਰ ਆਈ ਅਜੇ ਗ੍ਰੀਸ, ਐੱਨ ਆਰ ਆਈ ਗੁਰਪਾਲ ਸਿੰਘ ਪਾਲਾ, ਐੱਨ ਆਰ ਆਈ ਨਿਰਮਲ ਸਿੰਘ ਸੋਢੀ ਕੈਨੇਡਾ, ਹਰਵਿੰਦਰ ਸਿੰਘ, ਯੁਗਵਿੰਦਰ ਸਿੰਘ ਯੂ ਐੱਸ ਏ ਤਰਸੇਮ ਲਾਲ ਆਦਿ ਹਾਜ਼ਰ ਸਨ।

# ਤ੍ਰੈਮਾਸਿਕ ਮੈਗਜ਼ੀਨ 'ਪੁਆਧਨਾਮਾ' ਲੋਕ-ਅਰਪਣ

ਚੰਡੀਗੜ੍ਹ (ਸੁਰਜੀਤ ਸੁਮਨ)- ਪੁਆਧੀ ਪੰਜਾਬੀ ਸੱਥ ਮੁਹਾਲੀ ਵੱਲੋਂ ਪੰਜਾਬ ਕਲਾ ਭਵਨ ਚੰਡੀਗੜ੍ਹ ਵਿਖੇ 'ਪੁਆਧਨਾਮਾ' ਦਾ ਪਲੇਠਾ-ਅੰਕ ਲੋਕ ਅਰਪਣ ਕੀਤਾ ਗਿਆ। ਪ੍ਰਧਾਨਗੀ ਮੰਡਲ ਵਿੱਚ ਮੁੱਖ-ਮਹਿਮਾਨ ਸੇਵਾ-ਮੁਕਤ, ਆਈ.ਏ.ਐਸ ਜੀ.ਕੇ. ਸਿੰਘ, ਉੱਘੇ ਵਿਦਵਾਨ ਪ੍ਰੋ. ਬ੍ਰਹਮਜਗਦੀਸ਼ ਸਿੰਘ, ਡਾ. ਬਲਬੀਰ ਸਿੰਘ ਢੋਲ, ਸੇਵਾ-ਮੁਕਤ ਪੀ.ਸੀ.ਐਸ, ਮੈਗਜ਼ੀਨ ਦੇ ਸੰਚਾਲਕ ਡਾ. ਗੁਰਮੀਤ ਸਿੰਘ, ਸਾਬਕਾ ਮੁਖੀ, ਪੰਜਾਬੀ ਵਿਭਾਗ, ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ, ਸੰਪਾਦਕ ਸ਼੍ਰੋਮਣੀ ਸਾਹਿਤਕਾਰ ਮਨਮੋਹਨ ਸਿੰਘ ਦਾਊਂ ਅਤੇ ਉੱਘੇ ਸਮਾਜ ਸੇਵੀ ਪਰਵਿੰਦਰ ਸਿੰਘ ਬੈਦਵਾਨ ਸ਼ਾਮਲ ਹੋਏ, ਜਿਨ੍ਹਾਂ ਵੱਲੋਂ 'ਪੁਆਧਨਾਮਾ' ਲੋਕ ਅਰਪਣ ਕੀਤਾ ਗਿਆ। ਡਾ. ਜਸਪਾਲ ਸਿੰਘ ਜੱਸੀ ਨੇ ਸਮਾਗਮ ਦਾ ਆਰੰਭ ਕਰਦਿਆਂ 'ਪੁਆਧਨਾਮਾ' ਦੀ ਪ੍ਰਕਾਸ਼ਨਾ ਬਾਰੇ ਜਾਣਕਾਰੀ ਦਿੱਤੀ ਅਤੇ ਸੁਆਗਤੀ ਸ਼ਬਦ ਆਖੇ। ਮਨਮੋਹਨ ਸਿੰਘ ਦਾਊਂ ਨੇ ਆਪਣੀ ਸੰਪਾਦਨਾ ਅਤੇ ਪੁਆਧ ਖੇਤਰ ਦੀ ਸਾਹਿਤਕ, ਸਭਿਆਚਾਰਕ ਅਤੇ ਇਤਿਹਾਸਕ ਮਹੱਤਤਾ 'ਤੇ ਚਾਨਣਾ ਪਾਇਆ। ਡਾ. ਗੁਰਮੀਤ ਸਿੰਘ ਨੇ ਪੁਆਧ ਖੇਤਰ ਦੀ ਵਿਲੱਖਣਤਾ ਦੇ ਨੁਕਤੇ ਉਠਾਂਦਿਆਂ 'ਪੁਆਧਨਾਮਾ' ਦੇ ਮਿਆਰੀ



ਸੰਪਾਦਨਾ ਦੀ ਤਾਰੀਫ਼ ਕੀਤੀ ਅਤੇ ਦਾਊਂ ਜੀ ਦੀ ਕਾਰਜ-ਸ਼ੈਲੀ ਨੂੰ ਰਾਹ ਦਸੇਰਾ ਦੱਸਿਆ। ਜੀ ਕੇ ਸਿੰਘ ਨੇ ਮਾਂ-ਬੋਲੀ ਦੀ ਮਹੱਤਤਾ ਬਾਰੇ ਚਰਚਾ ਕਰਦਿਆਂ ਬੌਧਿਕ-ਗਿਆਨ ਦੀ ਪ੍ਰਾਪਤੀ 'ਤੇ ਜ਼ੋਰ ਦਿੱਤਾ ਅਤੇ 'ਪੁਆਧਨਾਮਾ' ਨੂੰ ਨਵੀਂ ਪੁਲਾਂਘ ਦੱਸਿਆ। ਡਾ. ਬਲਬੀਰ ਸਿੰਘ ਢੋਲ ਨੇ ਪੁਆਧੀ ਸੱਥ ਵੱਲੋਂ ਇਹ ਮੈਗਜ਼ੀਨ ਸ਼ੁਰੂ ਕਰਨਾ ਗੌਰਵਮਈ ਆਖਿਆ । ਪਰਵਿੰਦਰ ਸਿੰਘ ਬੈਦਵਾਨ ਨੇ ਸਮਾਗਮ ਦੀ ਭਰਪੂਰ ਸ਼ਾਲਾਘਾ ਕੀਤੀ। ਪ੍ਰਧਾਨਗੀ ਭਾਸ਼ਣ ਨਾਲ ਪ੍ਰੋ. ਬ੍ਰਹਮਜਗਦੀਸ਼ ਸਿੰਘ ਨੇ ਸਮਾਗਮ ਸਰੋਤਿਆਂ ਨੂੰ ਪ੍ਰਭਾਵਤ ਕੀਤਾ ਅਤੇ ਮੁੱਲਵਾਨ ਵਿਚਾਰ ਪੇਸ਼ ਕਰਦਿਆਂ ਦਾਊਂ ਨੂੰ ਵਧਾਈ ਦਿੱਤੀ। ਇਸ ਮੌਕੇ ਪੁਆਧੀ-ਗੀਤਕਾਰ ਭੁਪਿੰਦਰ ਸਿੰਘ ਮਟੌਰਵਾਲਾ ਨੇ ਆਪਣੀ ਗਾਇਕੀ ਦੇ ਜੌਹਰ ਵਿਖਾਏ। ਧੰਨਵਾਦੀ ਸ਼ਬਦ ਪ੍ਰੋ. ਸੁਖਵਿੰਦਰ ਸਿੰਘ ਨੇ ਭਾਵਕ-ਢੰਗ ਨਾਲ ਪੇਸ਼ ਕੀਤੇ। ਇਸ ਸਮਾਗਮ 'ਚ ਐਡਵੋਕੇਟ ਸਤਵੰਤ ਸਿੰਘ ਰੰਗੀ, ਹਰਬੰਸ ਸੋਢੀ, ਡਾ. ਸਿਮਰਜੀਤ ਕੌਰ, ਪ੍ਰੋ.ਰਵਿੰਦਰ ਸਿੰਘ, ਦਲਜੀਤ ਕੌਰ ਦਾਊਂ (ਸਹਾਇਕ ਸੰਪਾਦਕ 'ਪੁਆਧਨਾਮਾ'), ਸਤਵਿੰਦਰ ਸਿੰਘ ਮੜੌਲਵੀ, ਕਰਮਜੀਤ ਸਿੰਘ ਸਕਰੁੱਲਾਪੁਰੀ, ਡਾ. ਬਲਵਾਨ ਔਜਲਾ, ਮਲਕੀਅਤ ਔਜਲਾ, ਗੁਰਮੀਤ ਸਿੰਗਲ, ਜਗਦੀਪ ਸਿੰਘ ਬੈਦਵਾਨ, ਗੁਰਪ੍ਰੀਤ ਸਿੰਘ ਨਿਆਮੀਆ, ਡਾ. ਮੁਖਤਿਆਰ ਸਿੰਘ, ਗਿਆਨੀ ਧਰਮ ਸਿੰਘ, ਜੈਲਦਾਰ ਹਸਮੁਖ, ਡਾ. ਜਗਜੀਤ ਸਿੰਘ, ਨਕਸ਼ਦੀਪ ਪੰਜਕੋਹਾ, ਸੁਖਵਿੰਦਰ ਸਿੰਘ ਸੈਣੀ ਅਤੇ ਦਰਸ਼ਨ ਸਿੰਘ ਸ਼ਾਹਬਾਦ ਨੇ ਹਾਜ਼ਰੀ ਭਰੀ।

# ਚਚਰਾੜੀ ਤੇ ਚੱਕ ਦੇਸ ਰਾਜ ਪਿੰਡ ਦੀਆਂ ਸੜਕਾਂ ਦਾ ਉਦਘਾਟਨ

ਫਿਲੌਰ, ਗੁਰਾਇਆ (ਨਿਰਮਲ, ਬਿੰਦਰ ਸੁਮਨ)- ਹਲਕਾ ਫਿਲੌਰ ਦੇ ਪਿੰਡਾਂ ਵਿੱਚ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਅਤੇ ਲੋਕਾਂ ਨੂੰ ਬਿਹਤਰ ਆਵਾਜਾਈ ਦੀ ਸਹੂਲਤ ਦੇਣ ਵੱਲ ਇੱਕ ਹੋਰ ਮਹੱਤਵਪੂਰਨ ਕਦਮ ਚੁੱਕਦਿਆਂ ਹਲਕਾ ਇੰਚਾਰਜ ਫਿਲੌਰ ਹਰਜੋਤ ਕੌਰ ਲੋਹਟੀਆ ਤੇ ਪ੍ਰਦੀਪ ਕੁਮਾਰ ਦੁੱਗਲ ਜ਼ਿਲ੍ਹਾ ਪ੍ਰਧਾਨ ਤੇ ਮਾਰਕੀਟ ਕਮੇਟੀ ਚੇਅਰਮੈਨ ਗੁਰਾਇਆ ਵੱਲੋਂ ਵੱਖ-ਵੱਖ ਪਿੰਡਾਂ ਦੀਆਂ ਅਹਿਮ ਸੜਕਾਂ ਦੇ ਮੁਰੰਮਤ ਅਤੇ ਨਵੀਂ ਉਸਾਰੀ ਦੇ ਕੰਮਾਂ ਦਾ ਰਿਬਨ ਕੱਟ ਕੇ ਸ਼ੁਭ ਆਰੰਭ ਕੀਤਾ ਗਿਆ।

ਇਸ ਮੌਕੇ ਸਭ ਤੋਂ ਪਹਿਲਾਂ ਪਿੰਡ ਚਚਰਾੜੀ ਤੋਂ ਗੁਰਦੁਆਰਾ ਟਿੱਬੀ ਸਾਹਿਬ ਤੱਕ ਸੜਕ ਦੀ ਰਿਪੇਅਰ ਦੇ ਕੰਮ ਦੀ ਸ਼ੁਰੂਆਤ ਕੀਤੀ ਗਈ। ਇਸ ਸੜਕ ਦੀ ਲੰਬਾਈ 1.19 ਕਿਲੋਮੀਟਰ ਹੈ, ਜਿਸ ਉੱਪਰ ਕਰੀਬ 35.74 ਲੱਖ ਰੁਪਏ ਖਰਚ ਕੀਤੇ ਜਾਣਗੇ। ਸੜਕ ਦੀ ਮੁਰੰਮਤ ਹੋਣ ਨਾਲ ਇਲਾਕੇ ਦੇ ਲੋਕਾਂ ਨੂੰ ਆਵਾਜਾਈ ਵਿੱਚ ਵੱਡੀ ਸਹੂਲਤ ਮਿਲੇਗੀ ਅਤੇ ਗੁਰਦੁਆਰਾ ਸਾਹਿਬ ਵਿਖੇ ਆਉਣ-ਜਾਣ ਵਾਲੀ ਸੰਗਤ ਲਈ ਵੀ ਰਾਹ ਸੁਖਾਲਾ ਹੋਵੇਗਾ। ਇਸ ਤੋਂ ਇਲਾਵਾ ਪਿੰਡ ਚੱਕ ਦੇਸ ਰਾਜ ਤੋਂ ਕੁਟੀਆ ਬਾਬਾ ਧਿਆਨ ਦਾਸ ਤੱਕ ਨਵੀਂ ਪਹੁੰਚ ਸੜਕ ਦੀ ਉਸਾਰੀ ਦਾ ਵੀ ਸ਼ੁਭ ਆਰੰਭ ਕੀਤਾ ਗਿਆ।ਇਸ ਸੜਕ ਦੀ ਲੰਬਾਈ 0.35 ਕਿਲੋਮੀਟਰ ਹੈ ਅਤੇ ਇਸ ਉੱਪਰ ਕਰੀਬ 13.00 ਲੱਖ ਰੁਪਏ ਖਰਚ ਕੀਤੇ ਜਾਣਗੇ।

ਇਸੇ ਤਰ੍ਹਾਂ ਪਿੰਡ ਚੱਕ ਦੇਸ ਰਾਜ ਦੀ ਫਿਰਨੀ ਵਾਲੀ



ਪਹੁੰਚ ਸੜਕ ਦੀ ਨਵੀਂ ਉਸਾਰੀ ਦਾ ਵੀ ਰਿਬਨ ਕੱਟ ਕੇ ਸ਼ੁਭ ਆਰੰਭ ਕੀਤਾ ਗਿਆ। ਇਸ ਸੜਕ ਦੀ ਲੰਬਾਈ 0.50 ਕਿਲੋਮੀਟਰ ਹੈ ਅਤੇ ਇਸ ਉੱਪਰ ਲਗਭਗ 18.50 ਲੱਖ ਰੁਪਏ ਖਰਚ ਕੀਤੇ ਜਾਣਗੇ। ਪਿੰਡ ਚੱਕ ਦੇਸ ਰਾਜ ਵਿੱਚ ਬਣਨ ਜਾ ਰਹੀ ਇਸ ਸੜਕ ਦੀ ਸਭ ਤੋਂ ਵੱਡੀ ਵਿਸ਼ੇਸ਼ਤਾ ਇਹ ਹੈ ਕਿ ਇਹ ਆਵਾਜਾਈ ਦੀ ਸਮੱਸਿਆ ਨੂੰ ਕਾਫੀ ਹੱਦ ਤੱਕ ਘਟਾਉਣ ਵਿੱਚ ਸਹਾਈ ਹੋਵੇਗੀ। ਪਿੰਡ ਦੀ ਪਹਿਲਾਂ ਬਣੀ ਸੜਕ ਪਿੰਡ ਦੇ ਵਿਚਕਾਰੋਂ ਲੰਘਦੀ ਹੈ ਅਤੇ ਸੰਘਣੀ ਆਬਾਦੀ ਕਾਰਨ ਇੱਥੋਂ ਆਵਾਜਾਈ ਨੂੰ ਲੰਘਣ ਵਿੱਚ ਅਕਸਰ ਮੁਸ਼ਕਲ ਦਾ ਸਾਹਮਣਾ ਕਰਨਾ ਪੈਂਦਾ ਹੈ। ਨਵੀਂ ਪਹੁੰਚ ਸੜਕ ਬਣਨ ਨਾਲ ਵਾਹਨਾਂ ਦੀ ਆਵਾਜਾਈ ਲਈ ਇੱਕ ਬਿਹਤਰ ਵਿਕਲਪ ਮਿਲੇਗਾ ਅਤੇ ਪਿੰਡ ਵਾਸੀਆਂ ਨੂੰ ਰੋਜ਼ਾਨਾ ਦੀ ਆਵਾਜਾਈ ਵਿੱਚ ਵੱਡੀ ਰਾਹਤ ਮਿਲੇਗੀ।

ਇਸ ਮੌਕੇ ਸੀਨੀਅਰ ਆਗੂ ਸਰਦਾਰ ਤਰਲੋਕ ਸਿੰਘ ਵਿਰਕ, ਚੇਅਰਮੈਨ ਮਾਰਕਿਟ ਕਮੇਟੀ ਫਿਲੌਰ ਰੋਸ਼ਨ ਲਾਲ ਰੋਸ਼ੀ, ਹਰਮੇਸ਼ ਲਾਲ ਚੌਹਾਨ ਪ੍ਰਧਾਨ ਨਗਰ ਕੌਂਸਲ ਗੁਰਾਇਆ, ਸੰਗਠਨ ਇੰਚਾਰਜ ਵਰਿੰਦਰ ਸੈਣੀ, ਬਲਾਕ ਪ੍ਰਧਾਨ ਹਰਦੀਪ ਗੋਹਾਵਰ, ਲੇਖਰਾਜ ਅਨੀਹਰ, ਚੇਅਰਮੈਨ ਗੌਰਵ ਬਾਵਾ ਬੈਰਾਗੀ ਵੈਲਫੇਅਰ ਬੋਰਡ ਤੇ ਮੀਡੀਆ ਵਾਇਸ ਕੋਆਰਡੀਨੇਟਰ ਹਲਕਾ ਫਿਲੌਰ ਸਾਬਕਾ ਬਲਾਕ ਪ੍ਰਧਾਨ ਪਰਮਜੀਤ ਸਿੰਘ ਚਚਰਾੜੀ, ਬਹਾਦਰ ਕੈਲੇ, ਰਾਜਵੀਰ ਸੋਢੀ ਹਰਕਮਲ ਸਿੰਘ ਸਰਪੰਚ, ਇੰਜੀਨੀਅਰ ਗੁਰਮੇਲ ਸਿੰਘ ਸ਼ੈਣੀ ਪੰਜਾਬ ਮੰਡੀ ਬੋਰਡ, ਇੰਜੀਨੀਅਰ ਅਵਤਾਰ ਸਿੰਘ ਉਪ ਮੰਡਲ ਅਫ਼ਸਰ, ਠੇਕੇਦਾਰ ਪਵਨ ਕੁਮਾਰ ਪਿੰਕਾ,ਤੇ ਚਚਰਾੜੀ ਅਤੇ ਚੱਕ ਦੇਸ ਰਾਜ ਦੇ ਪੰਚਾਇਤ ਮੈਂਬਰ ਤੇ ਪਿੰਡ ਵਾਸੀ ਵੱਡੀ ਗਿਣਤੀ ਵਿਚ ਹਾਜ਼ਰ ਸਨ।

# ਪੁਲਸ ਨੇ ਨਸ਼ਿਆਂ ਖਿਲਾਫ ਸ਼ਿਕੰਜਾ ਕੱਸਿਆ

ਚੰਡੀਗੜ੍ਹ (ਸੁਰਜੀਤ ਸੁਮਨ)- 'ਸਾਡਾ ਟੀਚਾ ਸ਼ਹਿਰ ਨੂੰ ਅਪਰਾਧੀਆਂ ਤੇ ਨਸ਼ਿਆਂ ਤੋਂ ਨਿਜਾਤ ਦਿਵਾਉਣਾ ਹੈ।ਪੁਲਸ ਟੀਮਾਂ ਵੱਲੋਂ ਅਕਸਰ ਗਲਤ ਅਨਸਰਾਂ ਵਿਰੁੱਧ ਛਾਪੇਮਾਰੀ ਕਰਕੇ ਯੋਗ ਕਾਰਵਾਈ ਕੀਤੀ ਜਾਂਦੀ ਹੈ, ਤਾਂ ਜੋ ਆਮ ਨਾਗਰਿਕ ਨੂੰ ਇਨਸਾਫ ਮਿਲੇ ਤੇ ਅਮਨ-ਚੈਨ ਨਾਲ਼ ਰਹਿ ਸਕੇ।' ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਖਰੜ ਸਿਟੀ ਥਾਣਾ ਇੰਚਾਰਜ ਅਮਰਿੰਦਰ ਸਿੰਘ ਸਿੱਧੂ ਨੇ ਕੀਤਾ।



ਉਨ੍ਹਾਂ ਕਿਹਾ ਕਿ ਪੁਲਿਸ ਵੱਲੋਂ ਗਲਤ ਅਨਸਰਾਂ ਵਿਰੁੱਧ ਅਕਸਰ ਛਾਪੇਮਾਰੀ ਕਰਕੇ ਕਾਰਵਾਈ ਅਮਲ ਵਿੱਚ ਲਿਆਂਦੀ ਜਾਂਦੀ ਹੈ। ਉਨ੍ਹਾਂ ਨਸ਼ੇ ਦੇ ਸੌਦਾਗਰਾਂ ਅਤੇ ਲੁੱਟਾਂ-ਖੋਹਾਂ ਕਰਨ ਵਾਲੇ ਲੋਕਾਂ ਨੂੰ ਤਾੜਨਾ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਗਲਤ ਕੰਮ ਛੱਡ ਕੇ ਅਪਰਾਧ ਜਗਤ ਵਿੱਚ ਵਿਚਰਨ ਦੀ ਬਜਾਏ ਆਮ ਨਾਗਰਿਕ ਵਾਂਗ ਜੀਵਨ ਬਸਰ ਕਰਨਾ ਚਾਹੀਦਾ ਹੈ। ਥਾਣਾ ਚੌਕੀ ਸਨੀ ਐਨਕਲੇਵ ਦੇ ਇਨਚਾਰਾਜ ਹਰਦੀਪ ਸਿੰਘ ਨੇ ਦੱਸਿਆ ਕਿ ਪਿਛਲੇ ਸਮੇਂ ਦੇਰ ਰਾਤ ਤੱਕ ਖੁੱਲ੍ਹੀਆਂ ਰਹਿੰਦੀਆਂ ਦੁਕਾਨਾਂ ਕਾਰਨ ਕੁਝ ਲੋਕਾਂ ਵੱਲੋਂ ਅਕਸਰ ਉੱਥੇ ਹੁੱਲੜਬਾਜ਼ੀ ਕੀਤੀ ਜਾਂਦੀ ਰਹੀ ਹੈ, ਜਿਸ ਕਾਰਨ ਆਮ ਲੋਕਾਂ ਨੂੰ ਇਸ ਦਾ ਭਾਰੀ ਖਮਿਆਜ਼ਾ ਭੁਗਤਣਾ ਪੈਂਦਾ ਹੈ। ਉਨ੍ਹਾਂ ਕਿਹਾ ਅਜਿਹੇ ਦੁਕਾਨਦਾਰਾਂ ਨੂੰ ਨਿਰਧਾਰਤ ਸਮਾਂ-ਸੀਮਾ ਅਨੁਸਾਰ ਆਪਣੇ ਕਾਰੋਬਾਰ ਚਲਾਉਣ ਦੀ ਕੋਈ ਮਨਾਹੀ ਨਹੀਂ ਹੈ, ਪਰੰਤੂ ਦੇਰ ਰਾਤ ਤੱਕ ਫਾਸਟ ਫੂਡ ਤੇ ਹੋਰ ਦੁਕਾਨਾਂ ਦੇ ਖੁੱਲ੍ਹਣ ਨਾਲ ਉੱਥੇ ਅਪਰਾਧ ਦੇ ਫੈਲਣ ਦਾ ਖਦਸ਼ਾ ਬਣਿਆ ਰਹਿੰਦਾ ਹੈ ਜੋ ਉਚਿਤ ਨਹੀਂ। ਉਸ ਨੂੰ ਰੋਕਣਾ ਸਾਡਾ ਸਾਰਿਆਂ ਦਾ ਫਰਜ਼ ਬਣਦਾ ਹੈ।